17-NOV-PAGE-1.qxd 11/16/2022 10:44 PM Page 1

ਵੀਰਵਾਰ, 17 ਨਵੰਬਰ, 2022
2 ਮੱਘਰ { ਨਾਨਕਸ਼ਾਹੀ 554 / ਬਿਕਰਮੀ 2079 }
ਜਿਲਦ/VOL. : 71
ਅੰਕ/NO. : 167

# ਨਵਾਂ ਜ਼ਮਾਨਾ

DAILY NAWAN ZAMANA • THURSDAY, 17 NOVEMBER, 2022 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

# ਇੱਕ ਅਰਬ ਤੋਂ ਵੱਧ ਅੱਲ੍ਹੜਾਂ ਦੇ ਬੋਲੇ ਹੋਣ ਦਾ ਖ਼ਤਰਾ

**ਵਾਸ਼ਿੰਗਟਨ** : ਬੀ ਜੇ ਐੱਮ ਗਲੋਬਲ ਹੈੱਲਥ ਜਰਨਲ 'ਚ ਪ੍ਰਕਾਸ਼ਤ ਅਧਿਅਨ ਅਨੁਸਾਰ ਹੈੱਡਫੋਨ ਅਤੇ ਈਅਰਬਡਸ ਦੀ ਵਰਤੋਂ ਕਾਰਨ ਇੱਕ ਅਰਬ ਤੋਂ ਵੱਧ ਅੱਲ੍ਹੜਾਂ ਅਤੇ ਨੌਜਵਾਨਾਂ ਦੀ ਸੁਣਨ ਸ਼ਕਤੀ ਖਤਮ ਹੋਣ ਜਾਂ ਕਮਜ਼ੋਰ ਹੋਣ ਦਾ ਖਤਰਾ ਹੈ। ]

ਅਧਿਐਨਕਰਤਾਵਾਂ ਦੀ ਕੌਮਾਂਤਰੀ ਟੀਮ ਨੇ ਕਿਹਾ ਹੈ ਕਿ ਦੁਨੀਆ-ਭਰ ਦੀਆਂ ਸਰਕਾਰਾਂ ਨੂੰ ਕੰਨਾਂ ਦੀ ਸੁਰੱਖਿਆ ਦੀਆਂ ਨੀਤੀਆਂ ਨੂੰ ਫੌਰੀ ਤਰਜੀਹ ਦੇਣ ਦੀ ਲੋੜ ਹੈ। ਇਸ ਟੀਮ ਵਿਚ ਅਮਰੀਕਾ ਦੀ ਸਾਊਥ ਕੈਰੋਲਾਈਨਾ ਮੈਡੀਕਲ ਯੂਨੀਵਰਸਿਟੀ ਤੇ ਹੋਰ ਕੌਮਾਂਤਰੀ ਅਧਿਐਨਕਰਤਾ ਸ਼ਾਮਲ ਸਨ।

ਅਧਿਐਨਕਰਤਾਵਾਂ ਨੇ ਕਿਹਾ ਕਿ ਵਿਸ਼ਵ ਸਿਹਤ ਜਥੇਬੰਦੀ ਦਾ ਅਨੁਮਾਨ ਹੈ ਕਿ ਦੁਨੀਆ-ਭਰ ਵਿਚ ਇਸ ਵੇਲੇ 43 ਕਰੋੜ ਤੋਂ ਵੱਧ ਲੋਕਾਂ ਨੂੰ ਸੁਣਨਾ ਔਖਾ ਹੋਇਆ ਪਿਆ ਹੈ। ਉਨ੍ਹਾ ਕਿਹਾ ਕਿ ਨਿਯਮਾਂ ਦੀ ਢਿੱਲੀ ਪਾਲਣਾ, ਸਮਾਰਟਫੋਨ, ਹੈੱਡਫੋਨ ਤੇ ਈਅਰਬਡ ਵਰਗੇ ਉਪਕਰਨਾਂ (ਪੀ ਐੱਲ ਡੀ) ਦੀ ਵਰਤੋਂ ਅਤੇ ਉਨ੍ਹਾਂ ਥਾਂਵਾਂ 'ਤੇ ਜਾਣ ਕਾਰਨ ਨੌਜਵਾਨ ਖਾਸ ਤੌਰ 'ਤੇ ਪ੍ਰਭਾਵਤ ਹੋ ਰਹੇ ਹਨ, ਜਿੱਥੇ ਤੇਜ਼ ਆਵਾਜ਼ ਵਿਚ ਸੰਗੀਤ ਵਜਾਇਆ ਜਾਂਦਾ ਹੈ।

**ਹੈੱਡਫੋਨ ਤੇ ਈਅਰਬਡਸ ਦਾ ਮਾਰੂ ਅਸਰ**



ਅਧਿਐਨ ਤੋਂ ਪਤਾ ਚੱਲਿਆ ਹੈ ਕਿ ਪੀ ਐੱਲ ਡੀ ਦੀ ਵਰਤੋਂ ਕਰਨ ਵਾਲੇ ਅਕਸਰ 105 ਡੈਸੀਬਲ ਦੀ ਬਹੁਤ ਤੇਜ਼ ਆਵਾਜ਼ ਸੁਣਦੇ ਹਨ, ਜਦਕਿ ਮਨੋਰੰਜਨ ਸਥਾਨਾਂ 'ਤੇ ਔਸਤ ਆਵਾਜ਼ 104 ਤੋਂ 112 ਡੈਸੀਬਲ ਤੱਕ ਹੁੰਦੀ ਹੈ। ਇਹ ਬਾਲਗਾਂ ਲਈ 80 ਡੈਸੀਬਲ ਤੇ ਬੱਚਿਆਂ ਲਈ 75 ਡੈਸੀਬਲ ਦੀ ਪ੍ਰਵਾਨਤ ਆਵਾਜ਼ ਪੱਧਰ ਤੋਂ ਬਹੁਤ ਵੱਧ ਹੈ। ਇਹ ਅਧਿਐਨ 12 ਤੋਂ 35 ਸਾਲ ਦੇ 19046 ਲੋਕਾਂ 'ਤੇ ਕੀਤਾ ਗਿਆ।

ਅਧਿਐਨ ਵਿਚ ਕਿਹਾ ਗਿਆ ਹੈ ਕਿ ਬੋਲੇ ਹੋਣ ਤੋਂ ਬਚਣ ਲਈ ਵਾਲਯੂਮ ਘੱਟ ਕਰਕੇ ਤੇ ਲਿਮਟ ਵਿਚ ਚੀਜ਼ਾਂ ਨੂੰ ਸੁਣਨਾ ਸਹੀ ਹੋਵੇਗਾ। ਹੈੱਡਫੋਨ ਯੂਜ਼ਰਜ਼ ਨੂੰ ਸੈਟਿੰਗਜ਼ ਦਾ ਇਸਤੇਮਾਲ ਕਰਨਾ ਚਾਹੀਦਾ ਹੈ ਤੇ ਸਾਊਂਡ ਲੇਵਲ 'ਤੇ ਨਜ਼ਰ ਰੱਖਣੀ ਚਾਹੀਦੀ ਹੈ।

ਇਸ ਦੇ ਨਾਲ ਹੀ ਸ਼ੋਰ-ਸ਼ਰਾਬੇ ਵਾਲੀ ਥਾਂ ਈਅਰਪਲੱਗ ਲਾਉਣਾ ਚਾਹੀਦਾ ਹੈ, ਤਾਂ ਕਿ ਸੁਣਨ ਸ਼ਕਤੀ ਨੂੰ ਨੁਕਸਾਨ ਨਾ ਪੁੱਜੇ।

# ਡਿਜੀਟਲ ਪਰਿਵਰਤਨ ਕੁਝ ਲੋਕਾਂ ਤੱਕ ਸੀਮਤ ਨਾ ਰਹੇ : ਮੋਦੀ



**ਬਾਲੀ** : ਜੀ-20 ਸਿਖਰ ਸੰਮੇਲਨ ਬੁੱਧਵਾਰ ਇਥੇ ਸਮਾਪਤ ਹੋ ਗਿਆ ਤੇ ਇੰਡੋਨੇਸ਼ੀਆ ਨੇ ਅਗਲੇ ਸਾਲ ਲਈ ਇਸ ਗਰੁੱਪ ਦੀ ਪ੍ਰਧਾਨਗੀ ਭਾਰਤ ਨੂੰ ਸੌਂਪ ਦਿੱਤੀ।

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਜੀ-20 ਸਿਖਰ ਸੰਮੇਲਨ 'ਚ ਕਿਹਾ ਕਿ 'ਡਿਜੀਟਲ ਪਰਿਵਰਤਨ' ਨੂੰ ਕੁਝ ਲੋਕਾਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ ਅਤੇ ਇਸ ਤੋਂ ਵੱਧ ਤੋਂ ਵੱਧ ਲਾਭ ਤਾਂ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ, ਜਦੋਂ ਇਸ ਦੀ ਪਹੁੰਚ ਸਾਰਿਆਂ ਤੱਕ ਹੋਵੇ। ਮੋਦੀ ਨੇ ਕਿਹਾ ਕਿ ਪਿਛਲੇ ਕੁਝ ਸਾਲਾਂ ਦੇ ਭਾਰਤ ਦੇ ਤਜਰਬੇ ਨੇ ਦਿਖਾਇਆ ਹੈ ਕਿ ਜੇ ਡਿਜੀਟਲ ਬੁਨਿਆਦੀ ਢਾਂਚੇ ਨੂੰ ਵਿਆਪਕ ਤੌਰ 'ਤੇ ਪਹੁੰਚਯੋਗ ਬਣਾਇਆ ਜਾਂਦਾ ਹੈ ਤਾਂ ਇਹ ਸਮਾਜਕ-ਆਰਥਕ ਤਬਦੀਲੀ ਲਿਆ ਸਕਦਾ ਹੈ।

## 'ਲਾਲ ਫੀਤਾਸ਼ਾਹੀ ਦਾ ਟੈਗ ਲਹਿ ਗਿਆ'

**ਬੇਂਗਲੂਰੂ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਕਿਹਾ ਕਿ ਭਾਰਤ ਗਰੀਬੀ ਵਿਰੁੱਧ ਜੰਗ 'ਚ ਤਕਨੀਕ ਨੂੰ ਹਥਿਆਰ ਵਜੋਂ ਵਰਤ ਰਿਹਾ ਹੈ। ਬੇਂਗਲੂਰੂ ਟੈੱਕ ਸਮਿਟ ਲਈ ਵਰਚੁਅਲ ਉਦਘਾਟਨੀ ਭਾਸ਼ਣ 'ਚ ਉਨ੍ਹਾ ਕਿਹਾ ਕਿ ਭਾਰਤ ਹੁਣ ਲਾਲ ਫੀਤਾਸ਼ਾਹੀ ਲਈ ਨਹੀਂ, ਸਗੋਂ ਨਿਵੇਸ਼ਕਾਂ ਲਈ ਲਾਲ ਕਾਰਪੇਟ ਵਿਛਾਉਣ ਵਾਲੇ ਵਜੋਂ ਜਾਣਿਆ ਜਾਂਦਾ ਹੈ।

## ਟਰੰਪ ਨੇ ਫਿਰ ਝੰਡੀ ਗੱਡ'ਤੀ



**ਵਾਸ਼ਿੰਗਟਨ** : ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਲਾਨ ਕੀਤਾ ਹੈ ਕਿ ਉਹ ਤੀਜੀ ਵਾਰ ਵ੍ਹਾਈਟ ਹਾਊਸ ਦੀ ਦੌੜ ਵਿਚ ਸ਼ਾਮਲ ਹੋਣਗੇ। ਉਨ੍ਹਾ ਮੱਧਕਾਲੀ ਚੋਣਾਂ 'ਚ ਰਿਪਬਲਿਕਨ ਪਾਰਟੀ ਦੇ ਮਾੜੇ ਪ੍ਰਦਰਸ਼ਨ ਅਤੇ ਮਾਰ-ਏ-ਲਾਗੋ ਕਲੱਬ ਸਮੇਤ ਮਾਮਲਿਆਂ 'ਚ ਆਪਣੇ ਵਿਰੁੱਧ ਚੱਲ ਰਹੀ ਕਾਨੂੰਨੀ ਜਾਂਚ ਦੇ ਬਾਵਜੂਦ ਇਹ ਐਲਾਨ ਕੀਤਾ। ਦੂਜੇ ਪਾਸੇ ਸਭ ਦੀਆਂ ਨਜ਼ਰਾਂ ਇਸ ਗੱਲ 'ਤੇ ਟਿਕੀਆਂ ਹੋਈਆਂ ਹਨ ਕਿ ਕੀ ਰਿਪਬਲਿਕਨ ਪਾਰਟੀ 2020 ਦੀਆਂ ਰਾਸ਼ਟਰਪਤੀ ਚੋਣਾਂ 'ਚ ਆਪਣੀ ਹਾਰ ਮੰਨਣ ਤੋਂ ਇਨਕਾਰ ਕਰਨ ਵਾਲੇ ਟਰੰਪ ਨੂੰ ਆਪਣਾ ਉਮੀਦਵਾਰ ਮੰਨੇਗੀ ਜਾਂ ਨਹੀਂ।

## ਬਲੂਟਿੱਕ ਸਬਸਕ੍ਰਿਪਸ਼ਨ ਸੇਵਾ 29 ਤੋਂ ਫਿਰ ਸ਼ੁਰੂ

**ਨਿਊਯਾਰਕ** : ਅਰਬਪਤੀ ਕਾਰੋਬਾਰੀ ਐਲੋਨ ਮਸਕ ਨੇ ਕਿਹਾ ਹੈ ਕਿ ਟਵਿੱਟਰ ਦੀ 8 ਡਾਲਰ ਵਾਲੀ ਬਲੂਟਿੱਕ ਸਬਸਕ੍ਰਿਪਸ਼ਨ ਸੇਵਾ 29 ਨਵੰਬਰ ਨੂੰ ਮੁੜ ਸ਼ੁਰੂ ਹੋਵੇਗੀ। ਮਾਈਕ੍ਰੋਬਲਾਗਿੰਗ ਪਲੇਟਫਾਰਮ ਨੇ ਫਰਜ਼ੀ ਖਾਤਿਆਂ ਦੀ ਸ਼ਿਕਾਇਤ ਮਿਲਣ ਤੋਂ ਬਾਅਦ ਇਸ ਨੂੰ ਅਸਥਾਈ ਤੌਰ 'ਤੇ ਬਲਾਕ ਕਰ ਦਿੱਤਾ ਸੀ।

## ਅਰਸ਼ ਨਮਿਤ ਅੰਤਮ ਅਰਦਾਸ ਅੱਜ



**ਚੰਡੀਗੜ੍ਹ** : ਚੰਡੀਗੜ੍ਹ ਤੋਂ ਪੰਜਾਬੀ ਟ੍ਰਿਬਿਊਨ ਦੇ ਸੀਨੀਅਰ ਪੱਤਰਕਾਰ ਦਵਿੰਦਰ ਪਾਲ ਦੇ ਛੋਟੇ ਬੇਟੇ ਅਰਸ਼ ਸਰਮਾ (25), ਜਿਨ੍ਹਾ ਦੀ ਸੜਕ ਹਾਦਸੇ 'ਚ ਮੌਤ ਹੋ ਗਈ ਸੀ, ਨਮਿਤ ਪਾਠ ਦਾ ਭੋਗ ਤੇ ਅੰਤਮ ਅਰਦਾਸ 17 ਨਵੰਬਰ ਨੂੰ ਦੁਪਹਿਰ 12 ਤੋਂ 1 ਵਜੇ ਤੱਕ ਗੁਰਦੁਆਰਾ ਸਾਹਿਬ ਸੈਕਟਰ-34, ਚੰਡੀਗੜ੍ਹ ਵਿਖੇ ਹੋਵੇਗੀ।



## ਵਿਸ਼ੇਸ਼ ਸਪਲੀਮੈਂਟ



**ਮੁੱਲਾਂਪੁਰ ਦਾਖਾ** ਤੋਂ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ਼ਤਿਹਾਰ ਤੇ ਹੋਰ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਗੁਰਮੇਲ ਮੈਲਡੇ** ਨਾਲ ਮੋਬਾਇਲ 95010-03307 'ਤੇ ਸੰਪਰਕ ਕਰੋ।



ਧੰਨ-ਧੰਨ ਬਾਬਾ ਸ਼ਾਮ ਸਿੰਘ ਜੀ ਨਾਰਲਾ ਦੇ ਸਾਲਾਨਾ 332ਵੇਂ ਜੋੜ ਮੇਲੇ ਨੂੰ ਸਮਰਪਿਤ 25 ਨਵੰਬਰ ਨੂੰ **ਭਿੱਖੀਵਿੰਡ** ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ। ਇਸ ਵਿੱਚ ਇਸ਼ਤਿਹਾਰ ਤੇ ਹੋਰ ਛਪਣਯੋਗ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਲਖਵਿੰਦਰ ਸਿੰਘ ਗੋਲਣ** ਨਾਲ 98147-70122 'ਤੇ ਸੰਪਰਕ ਕੀਤਾ ਜਾ ਸਕਦਾ ਹੈ।

-ਜਨਰਲ ਮੈਨੇਜਰ


# ਭਾਜਪਾ ਦੇ ਗੁੰਡਿਆਂ ਨੇ ਸਾਡਾ ਉਮੀਦਵਾਰ ਚੁੱਕਿਆ : ਸਿਸੋਦੀਆ

**ਅਹਿਮਦਾਬਾਦ** : ਗੁਜਰਾਤ ਦੀ ਸੂਰਤ ਪੂਰਬੀ ਵਿਧਾਨ ਸਭਾ ਸੀਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕੰਚਨ ਜਰੀਵਾਲਾ ਨੇ ਬੁੱਧਵਾਰ ਆਪਣਾ ਨਾਮਜ਼ਦਗੀ ਪੱਤਰ ਵਾਪਸ ਲੈ ਲਿਆ, ਜਿਸ ਤੋਂ ਬਾਅਦ 'ਆਪ' ਨੇ ਦੋਸ਼ ਲਾਇਆ ਕਿ ਭਾਜਪਾ ਨੇ ਉਸ ਨੂੰ ਅਗਵਾ ਕਰਕੇ ਨਾਮਜ਼ਦਗੀ ਵਾਪਸ ਲੈਣ ਲਈ ਦਬਾਅ ਪਾਇਆ। ਭਾਜਪਾ ਨੇ ਇਸ ਦੋਸ਼ ਦਾ ਖੰਡਨ ਕੀਤਾ ਹੈ। ਉਧਰ, ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨੇ ਦਿੱਲੀ 'ਚ ਪ੍ਰੈੱਸ ਕਾਨਫਰੰਸ 'ਚ ਦੱਸਿਆ ਕਿ ਜਰੀਵਾਲਾ ਅਤੇ ਉਨ੍ਹਾ ਦੇ ਪਰਵਾਰਕ ਮੈਂਬਰ ਮੰਗਲਵਾਰ ਤੋਂ ਲਾਪਤਾ ਹਨ। 'ਆਪ' ਦੀ ਸੂਬਾ ਇਕਾਈ ਦੇ ਪ੍ਰਧਾਨ ਗੋਪਾਲ ਇਟਾਲੀਆ ਨੇ ਦਾਅਵਾ ਕੀਤਾ ਕਿ ਜਰੀਵਾਲਾ ਸੱਤਾਧਾਰੀ ਪਾਰਟੀ ਦੇ ਦਬਾਅ ਹੇਠ ਆਪਣੀ ਉਮੀਦਵਾਰੀ ਵਾਪਸ ਲੈਣ ਲਈ ਭਾਰੀ ਪੁਲਸ ਸੁਰੱਖਿਆ ਵਿਚਕਾਰ ਰਿਟਰਨਿੰਗ ਅਫਸਰ ਦੇ ਦਫਤਰ ਪੁੱਜਾ ਅਤੇ ਉਸ ਨੂੰ 'ਭਾਜਪਾ ਦੇ ਗੁੰਡਿਆਂ' ਨੇ ਘੇਰ ਰੱਖਿਆ ਸੀ। ਜਦੋਂ ਮੀਡੀਆ ਨੇ ਜਰੀਵਾਲਾ ਤੋਂ ਪੁੱਛ-ਪੜਤਾਲ ਕੀਤੀ ਤਾਂ ਆਸ-ਪਾਸ ਦੇ ਲੋਕ ਉਸ ਨੂੰ ਤੁਰੰਤ ਲੈ ਗਏ।

# ਪੋਲੈਂਡ 'ਚ ਡਿੱਗੀ ਮਿਜ਼ਾਈਲ ਕੀਹਨੇ ਦਾਗੀ ?

**ਵਾਰਸਾ** : ਪੋਲੈਂਡ ਦਾ ਕਹਿਣਾ ਹੈ ਕਿ ਰੂਸ ਦੀ ਬਣੀ ਮਿਜ਼ਾਈਲ ਦੇਸ਼ ਦੇ ਪੂਰਬੀ ਹਿੱਸੇ 'ਚ ਡਿੱਗਣ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਗਈ। ਇਸ ਦੇ ਨਾਲ ਹੀ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਨੇ ਕਿਹਾ ਕਿ ਰੂਸ ਵੱਲੋਂ ਮਿਜ਼ਾਈਲ ਦਾਗਣ ਦੀ ਸੰਭਾਵਨਾ ਘੱਟ ਹੈ, ਪਰ ਉਹ ਪੋਲੈਂਡ ਦੀ ਜਾਂਚ 'ਚ ਸਹਿਯੋਗ ਕਰਨਗੇ। ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੈਂਸਕੀ ਨੇ ਇਸ ਹਮਲੇ ਨੂੰ ਯੁੱਧ ਨੂੰ ਭੜਕਾਉਣ ਵਾਲਾ ਕਦਮ ਕਰਾਰ ਦਿੱਤਾ ਹੈ। ਉਧਰ, ਰੂਸ ਨੇ ਅਜਿਹੀ ਕਿਸੇ ਕਾਰਵਾਈ ਤੋਂ ਇਨਕਾਰ ਕੀਤਾ ਹੈ। ਇਸ ਦੌਰਾਨ ਅਮਰੀਕਾ ਨੇ ਕਿਹਾ ਕਿ ਸ਼ੁਰੂਆਤੀ ਜਾਂਚ ਮੁਤਾਬਕ ਪੋਲੈਂਡ 'ਚ ਡਿੱਗੀ ਮਿਜ਼ਾਈਲ ਨੂੰ ਯੂਕਰੇਨ ਦੀ ਫੌਜ ਨੇ ਰੂਸ ਵੱਲੋਂ ਦਾਗੀ ਗਈ ਮਿਜ਼ਾਈਲ ਦੇ ਜਵਾਬ 'ਚ ਛੱਡਿਆ ਸੀ।

# ਗੁਜਰਾਤ ਚੋਣਾਂ 'ਚ ਹਾਰ ਦੇਖ ਭਾਜਪਾ ਕਰ ਰਹੀ ਘਟੀਆ ਰਾਜਨੀਤੀ : ਮੀਤ ਹੇਅਰ



**ਚੰਡੀਗੜ੍ਹ, (ਗੁਰਜੀਤ ਬਿੱਲਾ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਕੇਂਦਰੀ ਮੰਤਰੀ ਅਮਿਤ ਸ਼ਾਹ ਦੇ ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਬਾਰੇ ਦਿੱਤੇ ਬੇਬੁਨਿਆਦ ਬਿਆਨ ਦੀ ਨਿਖੇਧੀ ਕਰਦਿਆਂ ਕਿਹਾ ਕਿ ਇਹ ਭਾਜਪਾ ਵੱਲੋਂ ਪੰਜਾਬ ਦੇ ਅਕਸ ਨੂੰ ਖਰਾਬ ਕਰਕੇ ਗੁਜਰਾਤ ਚੋਣਾਂ 'ਚ ਸਿਆਸੀ ਲਾਹਾ ਲੈਣ ਲਈ ਕੀਤੀ ਜਾ ਰਹੀ ਘਟੀਆ ਅਤੇ ਵਿਅਰਥ ਕੋਸ਼ਿਸ਼ ਹੈ।

ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੀਤ ਹੇਅਰ ਨੇ ਕਿਹਾ ਕਿ ਭਾਜਪਾ ਗੁਜਰਾਤ ਵਿੱਚ 'ਆਪ' ਦੀ ਵਧ ਰਹੀ ਲੋਕਪ੍ਰਿਅਤਾ ਤੋਂ ਬੇਚੈਨ ਹੈ ਅਤੇ ਉਹ ਗੁਜਰਾਤ ਚੋਣਾਂ ਵਿੱਚ ਸਾਹਮਣੇ ਦਿਖ ਰਹੀ ਹਾਰ ਤੋਂ ਬਚਣ ਲਈ ਸਸਤੇ ਅਤੇ ਕੋਝੇ ਹੱਥਕੰਡੇ ਅਪਣਾ ਰਹੀ ਹੈ। ਉਨ੍ਹਾ ਅੰਕੜੇ ਪੇਸ਼ ਕਰਦਿਆਂ ਕਿਹਾ ਕਿ ਹਰਿਆਣਾ ਅਤੇ ਉੱਤਰ ਪ੍ਰਦੇਸ਼ ਸਮੇਤ ਭਾਜਪਾ ਦੇ ਸ਼ਾਸਤ ਰਾਜਾਂ ਦੇ ਮੁਕਾਬਲੇ ਪੰਜਾਬ ਵਿੱਚ ਅਪਰਾਧ ਦੀ ਦਰ ਕਿਤੇ ਘੱਟ ਹੈ।

ਕੇਂਦਰੀ ਮੰਤਰੀ ਦੇ ਬਿਆਨ ਨੂੰ ਨਕਾਰਦਿਆਂ ਕੈਬਿਨਟ ਮੰਤਰੀ ਨੇ ਕਿਹਾ ਕਿ ਸਰਹੱਦੀ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬਾ

• ਬਾਕੀ ਸਫ਼ਾ 2 'ਤੇ

# ਕਠੂਆ ਕਾਂਡ ਦਾ ਮੁਲਜ਼ਮ ਨਬਾਲਗ ਨਹੀਂ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਬੁੱਧਵਾਰ ਕਿਹਾ ਕਿ ਕਠੂਆ 'ਚ ਅੱਠ ਸਾਲਾ ਬੱਚੀ ਨਾਲ ਸਮੂਹਕ ਬਲਾਤਕਾਰ ਅਤੇ ਹੱਤਿਆ ਦੇ ਸਨਸਨੀਖੇਜ ਮਾਮਲੇ 'ਚ ਇਕ ਮੁਲਜ਼ਮ ਨਾਬਾਲਗ ਨਹੀਂ ਹੈ ਅਤੇ ਹੁਣ ਉਸ 'ਤੇ ਨਵੇਂ ਸਿਰੇ ਤੋਂ ਮੁਕੱਦਮਾ ਚਲਾਇਆ ਜਾ ਸਕਦਾ ਹੈ।

ਉਸ ਨੇ ਇਹ ਵੀ ਕਿਹਾ ਕਿ ਉਸੇ ਮੁੱਦੇ 'ਤੇ ਕਾਨੂੰਨੀ ਸਬੂਤ ਦੀ ਅਣਹੋਂਦ ਵਿਚ ਦੋਸ਼ੀ ਦੀ ਉਮਰ ਬਾਰੇ ਡਾਕਟਰੀ ਰਾਇ ਨੂੰ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। ਜਸਟਿਸ ਅਜੈ ਰਸਤੋਗੀ ਅਤੇ ਜਸਟਿਸ ਜੇ ਬੀ ਪਾਰਦੀਵਾਲਾ ਦੀ ਬੈਂਚ ਨੇ ਕਠੂਆ ਦੇ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਅਤੇ ਹਾਈ ਕੋਰਟ ਦੇ ਹੁਕਮਾਂ ਨੂੰ ਰੱਦ ਕਰ ਦਿੱਤਾ, ਜਿਨ੍ਹਾਂ 'ਚ ਕਿਹਾ ਗਿਆ ਸੀ ਕਿ ਸ਼ੁਭਮ ਸਾਂਗਰਾ ਨਾਬਾਲਗ ਸੀ ਅਤੇ ਇਸ ਲਈ ਵੱਖਰੇ ਤੌਰ 'ਤੇ ਮੁਕੱਦਮਾ ਚਲਾਇਆ ਜਾਵੇਗਾ।

# 'ਭਾਜਪਾ ਸਰਕਾਰ ਅਜ਼ਾਦੀ ਘੁਲਾਟੀਆਂ ਦੀਆਂ ਕੁਰਬਾਨੀਆਂ ਨੂੰ ਛੁਟਿਆ ਰਹੀ'

**ਸਕੂਲਾਂ 'ਚ ਸਰਾਭਾ ਦੇ ਵਿਚਾਰ ਤੇ ਗਦਰ ਪਾਰਟੀ ਦਾ ਰੋਲ ਪੜ੍ਹਾਉਣ ਦੀ ਮੰਗ**

**ਲੁਧਿਆਣਾ (ਐੱਮ ਐੱਸ ਭਾਟੀਆ/ ਰੈਕਟਰ ਕਥੂਰੀਆ)**-ਹੁਣ ਸਮਾਂ ਆ ਗਿਆ ਹੈ ਕਿ ਕੇਂਦਰ ਵਿਚ ਆਰ ਐੱਸ ਐੱਸ ਦੀ ਸਰਪ੍ਰਸਤੀ ਅਧੀਨ ਭਾਜਪਾ ਦੀ ਅਗਵਾਈ ਹੇਠ ਚੱਲ ਰਹੀਆਂ ਫਿਰਕੂ ਅਤੇ ਰੂੜ੍ਹੀਵਾਦੀ ਤਾਕਤਾਂ ਵਿਰੁੱਧ ਸੰਘਰਸ਼ ਨੂੰ ਹੋਰ ਮਜ਼ਬੂਤ ਕੀਤਾ ਜਾਵੇ। ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਲੁਧਿਆਣਾ ਇਕਾਈ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਬੁੱਧਵਾਰ ਆਯੋਜਿਤ ਸਮਾਗਮ ਵਿੱਚ ਸਿੱਖਿਆ ਸ਼ਾਸਤਰੀ ਅਤੇ ਸਰਕਾਰੀ ਸਕੂਲ ਅਧਿਆਪਕ ਯੂਨੀਅਨ ਪੰਜਾਬ ਦੇ ਸਾਬਕਾ ਜਨਰਲ ਸਕੱਤਰ ਚਰਨ ਸਿੰਘ ਸਰਾਭਾ ਨੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਨੇ ਆਪਣੇ-ਆਪ ਨੂੰ ਇੱਕ ਬਹੁਤ ਹੀ ਕੋਮਲ ਉਮਰ ਵਿੱਚ ਦੇਸ਼ ਲਈ ਕੁਰਬਾਨ ਕਰ ਦਿੱਤਾ। ਉਹਨਾ ਬ੍ਰਿਟਿਸ਼ ਸਾਮਰਾਜਵਾਦ ਵਿਰੁੱਧ ਨਿਰੰਤਰ ਲੜਾਈ ਲੜੀ ਅਤੇ ਉਨ੍ਹਾਂ ਦੇ ਅੱਤਿਆਚਾਰਾਂ ਜਾਂ ਹੁਕਮਾਂ ਅੱਗੇ ਝੁਕੇ ਨਹੀਂ। ਉਨ੍ਹਾ ਦਾ ਉਦੇਸ਼ ਬ੍ਰਿਟਿਸ਼ ਸਾਮਰਾਜੀ ਸ਼ਕਤੀ ਨੂੰ ਭਾਰਤ ਵਿੱਚੋਂ ਪੁੱਟ ਕੇ ਸੁੱਟਣਾ ਅਤੇ ਇੱਕ ਅਜਿਹੇ ਭਾਰਤ ਦਾ ਨਿਰਮਾਣ ਕਰਨਾ ਸੀ, ਜੋ ਧਰਮ-ਨਿਰਪੱਖ, ਲੋਕਤੰਤਰੀ ਅਤੇ ਨਿਆਂ ਅਤੇ ਬਰਾਬਰੀ 'ਤੇ ਅਧਾਰਤ ਸਮਾਜ ਹੋਵੇ। ਉਨ੍ਹਾ ਸਾਰੀਆਂ ਧਾਰਮਕ ਮਾਨਤਾਵਾਂ ਦੀ ਆਜ਼ਾਦੀ ਦਾ ਪ੍ਰਚਾਰ ਕੀਤਾ ਤੇ ਜਾਤ, ਧਰਮ, ਲਿੰਗ ਅਤੇ ਵਿੱਤੀ ਸਥਿਤੀ ਦੇ ਅਧਾਰ 'ਤੇ ਵਿਤਕਰੇ ਨੂੰ ਖਤਮ ਕਰਨ ਦਾ ਸੰਕਲਪ ਲਿਆ। ਇਹ ਮੰਦਭਾਗਾ ਹੈ ਕਿ ਆਜ਼ਾਦੀ ਦੇ 75 ਸਾਲਾਂ ਬਾਅਦ ਵੀ ਉਨ੍ਹਾਂ ਦੇ ਸੁਪਨੇ ਪੂਰੇ ਨਹੀਂ ਹੋਏ। ਮੌਜੂਦਾ ਸਰਕਾਰ ਦੇ ਸੱਤਾ ਵਿਚ ਆਉਣ ਤੋਂ ਬਾਅਦ ਧਰਮ, ਜਾਤ ਅਤੇ ਲਿੰਗ ਦੇ ਨਾਂਅ 'ਤੇ ਵਿਤਕਰਾ ਜਾਰੀ ਹੈ।



ਸੀ ਪੀ ਆਈ ਦੀ ਕੌਮੀ ਕਾਰਜਕਾਰਨੀ ਦੇ ਮੈਂਬਰ ਗੁਲਜ਼ਾਰ ਸਿੰਘ ਗੋਰੀਆ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਵਿਚਾਰ ਪ੍ਰਗਟ ਕਰਨ ਦੀ ਅਜ਼ਾਦੀ ਖਤਮ ਕੀਤੀ ਜਾ ਰਹੀ ਹੈ। ਜੋ ਵੱਖਰੇ ਵਿਚਾਰ ਰੱਖਦਾ ਹੈ, ਉਸ ਨੂੰ ਗੱਦਾਰ ਕਿਹਾ ਜਾ ਰਿਹਾ ਹੈ। ਇਥੋਂ ਤੱਕ ਕਿ ਕਤਲ ਵੀ ਕੀਤਾ ਜਾ ਰਿਹਾ ਹੈ। ਭੀੜਾਂ ਵੱਲੋਂ ਇਕੱਠੇ ਹੋ ਕੇ ਕੁੱਟਮਾਰ ਤੇ ਕਤਲ ਦੀਆਂ ਘਟਨਾਵਾਂ ਇਸ ਦੀ ਸਪੱਸ਼ਟ ਉਦਾਹਰਣ ਹਨ। ਮੌਬ ਲਿੰਚਿੰਗ, ਬਲਾਤਕਾਰੀਆਂ ਦੀ ਰਿਹਾਈ ਅਤੇ ਬਿਲਕਿਸ ਬਾਨੋ ਕੇਸ ਵਿੱਚ ਕਾਤਲਾਂ 'ਤੇ ਪ੍ਰਧਾਨ ਮੰਤਰੀ ਵੱਲੋਂ ਚੁਪੀ ਅਜਿਹੇ ਘਿਨਾਉਣੇ ਅਪਰਾਧਾਂ ਨੂੰ ਸਮਰਥਨ ਦੇਣ ਦੇ ਬਰਾਬਰ ਹੈ। ਰਾਜਾਂ ਦੇ ਅਧਿਕਾਰਾਂ 'ਤੇ ਰੋਕ ਲਗਾਈ ਜਾ ਰਹੀ ਹੈ। ਜੰਮੂ-ਕਸ਼ਮੀਰ ਵਿੱਚ ਧਾਰਾ 370 ਨੂੰ ਰੱਦ ਕਰਨਾ ਅਤੇ ਇਸ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਤਬਦੀਲ ਕਰਨਾ ਇੱਕ ਸਪੱਸ਼ਟ ਉਦਾਹਰਣ ਹੈ। ਉਹ ਵੋਟਾਂ ਹਾਸਲ ਕਰਨ ਲਈ ਜਿੰਗੋਇਜ਼ਮ ਬਣਾਉਣ ਲਈ ਨਿਕਲੇ ਹਨ। ਇਸ ਦਾ ਮੁਕਾਬਲਾ ਇਕਜੁੱਟ ਹੋ ਕੇ ਕਰਨਾ ਹੋਵੇਗਾ। ਜਮਹੂਰੀ ਅਧਿਕਾਰ ਸਭਾ ਦੇ ਸੂਬਾਈ ਪ੍ਰਧਾਨ ਪ੍ਰੋ. ਜਗਮੋਹਨ ਸਿੰਘ ਨੇ ਕਿਹਾ ਕਿ ਆਰ ਐੱਸ ਐੱਸ ਨੇ ਆਜ਼ਾਦੀ ਦੇ ਸੰਘਰਸ਼ ਵਿਚ ਹਿੱਸਾ ਨਹੀਂ ਪਾਇਆ, ਬਲਕਿ ਅੰਗਰੇਜ਼ਾਂ ਨਾਲ ਰਲ ਕੇ ਇਨਕਲਾਬੀਆਂ ਅਤੇ ਅਜ਼ਾਦੀ ਲਹਿਰ ਦੇ ਖਿਲਾਫ ਲੱਗੇ ਰਹੇ। ਜ਼ਿਲ੍ਹਾ ਸਕੱਤਰ ਡੀ ਪੀ ਮੌੜ ਨੇ ਕਿਹਾ ਕਿ ਆਰਥਕ ਸੰਕਟ ਗੰਭੀਰ ਪੱਧਰ 'ਤੇ ਡੂੰਘਾ ਹੋਇਆ ਹੈ। ਜੀ ਡੀ ਪੀ ਲਗਾਤਾਰ ਘਟ ਰਹੀ ਹੈ। ਨੋਟਬੰਦੀ ਅਤੇ ਜੀ ਐੱਸ ਟੀ ਦੇ ਲਾਗੂ ਹੋਣ ਤੋਂ ਬਾਅਦ ਕਾਰੋਬਾਰ ਪ੍ਰਭਾਵਤ ਹੋਏ ਹਨ ਤੇ ਬੇਰੁਜ਼ਗਾਰੀ ਵਧੀ ਹੈ, ਜਿਸ ਨਾਲ ਲੋਕਾਂ ਦੀ ਖਰੀਦ ਸ਼ਕਤੀ ਘਟ ਗਈ ਹੈ। ਐੱਮ ਐੱਸ ਭਾਟੀਆ ਸਿਟੀ ਸਕੱਤਰ ਸੀ ਪੀ ਆਈ ਲੁਧਿਆਣਾ ਨੇ

• ਬਾਕੀ ਸਫ਼ਾ 2 'ਤੇ

# ਬੇਬੀ ਪਾਊਡਰ ਦੀ ਨਵੇਂ ਸਿਰਿਓਂ ਜਾਂਚ ਦੇ ਹੁਕਮ

**ਮੁੰਬਈ** : ਬੰਬੇ ਹਾਈ ਕੋਰਟ ਨੇ ਜੌਨਸਨ ਐਂਡ ਜੌਨਸਨ ਦੇ ਬੇਬੀ ਪਾਊਡਰ ਦੇ ਨਮੂਨਿਆਂ ਦੀ ਤਾਜ਼ਾ ਜਾਂਚ ਦੇ ਹੁਕਮ ਦਿੱਤੇ ਹਨ। ਇਸ ਨਾਲ ਅਦਾਲਤ ਨੇ ਕੰਪਨੀ ਨੂੰ ਬੇਬੀ ਪਾਊਡਰ ਬਣਾਉਣ ਦੀ ਇਜਾਜ਼ਤ ਦੇ ਦਿੱਤੀ, ਪਰ ਇਸ ਨੂੰ ਵੇਚਣ ਦੀ ਇਜਾਜ਼ਤ ਨਹੀਂ ਦਿੱਤੀ।

ਕੰਪਨੀ ਨੇ ਰਾਜ ਸਰਕਾਰ ਦੇ ਦੋ ਹੁਕਮਾਂ ਨੂੰ ਚੁਣੌਤੀ ਦਿੰਦੇ ਹੋਏ ਪਟੀਸ਼ਨ ਦਾਇਰ ਕੀਤੀ ਸੀ। ਇਨ੍ਹਾਂ ਵਿੱਚੋਂ 15 ਸਤੰਬਰ ਦੇ ਹੁਕਮ 'ਚ ਲਾਇਸੈਂਸ ਰੱਦ ਕਰਨ ਲਈ ਕਿਹਾ ਗਿਆ ਸੀ ਅਤੇ 20 ਸਤੰਬਰ ਦੇ ਹੁਕਮ 'ਚ ਕੰਪਨੀ ਨੂੰ ਬੇਬੀ ਪਾਊਡਰ ਦੇ ਉਤਪਾਦਨ ਅਤੇ ਵਿਕਰੀ ਨੂੰ ਤੁਰੰਤ ਬੰਦ ਕਰਨ ਲਈ ਕਿਹਾ ਗਿਆ ਸੀ।

# ਸੜਕ ਹਾਦਸੇ ਘਟਾਉਣ ਲਈ ਤਕਨਾਲੋਜੀ ਦੀ ਵਰਤੋਂ 'ਤੇ ਜ਼ੋਰ

**ਚੰਡੀਗੜ੍ਹ** : ਪੰਜਾਬ ਸਰਕਾਰ ਵੱਲੋਂ ਸੜਕ ਹਾਦਸਿਆਂ ਅਤੇ ਮੌਤ ਦਰ ਨੂੰ ਘਟਾਉਣ ਸਣੇ ਨਵੀਨਤਮ ਤਕਨਾਲੋਜੀ ਦੀ ਮਦਦ ਨਾਲ ਸੂਬੇ 'ਚ ਟ੍ਰੈਫਿਕ ਨਿਯਮਾਂ 'ਚ ਸੁਧਾਰ ਲਿਆਉਣ ਲਈ 'ਟ੍ਰੈਫਿਕ ਪ੍ਰਬੰਧਨ ਅਤੇ ਮੋਟਰ ਵਾਹਨ (ਸੋਧ) ਐਕਟ, 2019 ਦੇ ਲਾਗੂਕਰਨ' ਵਿਸ਼ੇ 'ਤੇ ਦੋ ਰੋਜ਼ਾ ਵਰਕਸਾਪ 'ਚ ਪੰਜਾਬ ਭਰ ਤੋਂ ਪੁੱਜੇ ਟ੍ਰੈਫਿਕ ਪੁਲਸ ਅਤੇ ਹੋਰਨਾਂ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਸਕੱਤਰ ਟਰਾਂਸਪੋਰਟ ਵਿਕਾਸ ਗਰਗ ਨੇ ਟ੍ਰੈਫਿਕ ਪ੍ਰਬੰਧਨ 'ਚ ਨਵੀਂ ਤਕਨਾਲੋਜੀ ਜਿਵੇਂ ਸਪੀਡ ਕੈਮਰੇ, ਇੰਟਰਸੈਪਟਰ ਅਤੇ ਸੀ ਸੀ ਟੀ ਵੀ ਸਿਸਟਮ, ਵੱਡੇ ਸ਼ਹਿਰਾਂ 'ਚ ਟ੍ਰੈਫਿਕ ਦਾ ਪ੍ਰਵਾਹ ਨਿਰਵਿਘਨ ਚਲਣਾ ਯਕੀਨੀ ਬਣਾਉਣ ਲਈ ਟ੍ਰੈਫਿਕ ਲਾਈਟਾਂ ਦੀ ਸਿੰਕਿੰਗ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾ ਕਿਹਾ ਕਿ ਮਾਨ ਸਰਕਾਰ ਇਸ ਦਿਸ਼ਾ 'ਚ ਨਿਰੰਤਰ ਯਤਨਸ਼ੀਲ ਹੈ ਅਤੇ ਮੋਟਰ ਵਾਹਨ (ਸੋਧ) ਐਕਟ, 2019 ਦੀਆਂ ਵਿਵਸਥਾਵਾਂ ਨੂੰ ਲਾਗੂ ਕਰਨਾ ਯਕੀਨੀ ਬਣਾ ਰਹੀ ਹੈ।

ਲੀਡ ਏਜੰਸੀ ਆਨ ਰੋਡ ਸੇਫਟੀ ਪੰਜਾਬ ਦੇ ਡਾਇਰੈਕਟਰ ਜਨਰਲ ਆਰ ਵੈਂਕਟਰਤਨਮ ਨੇ ਮੋਟਰ ਵਾਹਨ (ਸੋਧ) ਐਕਟ, 2019 ਦੀਆਂ ਨਵੀਆਂ ਵਿਵਸਥਾਵਾਂ ਅਤੇ ਇਸ ਦੇ ਲਾਗੂ ਕਰਨ ਖਾਸ ਕਰਕੇ ਫ਼ੀਸ/ਜੁਰਮਾਨੇ ਅਤੇ ਡਰਾਈਵਰਾਂ ਦੇ ਵਿਹਾਰ ਅਤੇ ਇਨ੍ਹਾਂ ਦੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ।

ਉਨ੍ਹਾ ਕਿਹਾ ਕਿ ਸਖਤ ਨਿਯਮਾਂ ਨਾਲ ਸਪੱਸ਼ਟ ਤੌਰ 'ਤੇ ਸੜਕੀ ਹਾਦਸਿਆਂ 'ਚ ਕਮੀ ਆਉਂਦੀ ਹੈ, ਕਿਉਂ ਜੋ ਲੋਕਾਂ ਨੂੰ ਡਰ ਬਣਿਆ ਰਹਿੰਦਾ ਹੈ ਕਿ ਟ੍ਰੈਫਿਕ ਮੁਲਾਜ਼ਮਾਂ ਦੀ ਗ਼ੈਰ-ਮੌਜੂਦਗੀ 'ਚ ਵੀ ਤਕਨਾਲੋਜੀ ਦੀ ਮਦਦ ਨਾਲ ਨਿਯਮਾਂ ਦਾ ਲਾਗੂ ਕਰਨ ਯਕੀਨੀ ਬਣਾਇਆ ਜਾ ਰਿਹਾ ਹੈ।

ਸਟੇਟ ਟਰਾਂਸਪੋਰਟ ਕਮਿਸ਼ਨਰ ਵਿਮਲ ਸੇਤੀਆ ਨੇ ਸੜਕ ਦੁਰਘਟਨਾਵਾਂ ਨੂੰ ਘਟਾਉਣ ਦੇ ਉਪਾਵਾਂ, ਏ ਡੀ ਜੀ ਪੀ (ਟ੍ਰੈਫਿਕ) ਏ ਐੱਸ ਰਾਏ ਨੇ ਰਾਜ 'ਚ ਟ੍ਰੈਫਿਕ ਪ੍ਰਬੰਧਨ ਦੀ ਸਥਿਤੀ ਅਤੇ ਸਮੱਸਿਆਵਾਂ, ਟ੍ਰੈਫਿਕ ਸਲਾਹਕਾਰ ਡਾ. ਨਵਦੀਪ ਅਸੀਜਾ ਨੇ ਮੋਟਰ ਵਾਹਨ (ਸੋਧ) ਐਕਟ, 2019 'ਚ ਖ਼ਾਸ ਤੌਰ 'ਤੇ ਸੜਕ ਸੁਰੱਖਿਆ ਅਤੇ ਇਸ ਦੇ ਲਾਗੂ ਕਰਨ ਨਾਲ ਸੰਬੰਧਤ ਸੋਧਾਂ ਬਾਰੇ ਸੰਖੇਪ ਜਾਣਕਾਰੀ ਦਿੱਤੀ, ਜਦਕਿ ਸੀ ਐੱਸ ਸੀ ਐੱਲ ਚੰਡੀਗੜ੍ਹ ਦੇ ਨੁਮਾਇੰਦੇ ਅਸ਼ੀਸ਼ ਸ਼ਰਮਾ ਨੇ ਚੰਡੀਗੜ੍ਹ 'ਚ ਇੰਟੈਲੀਜੈਂਟ ਟ੍ਰੈਫਿਕ ਮੈਨੇਜਮੈਂਟ ਅਤੇ ਸੀ ਸੀ ਟੀ ਵੀ ਚਲਾਨਿੰਗ ਸਿਸਟਮ ਬਾਰੇ ਜਾਣਕਾਰੀ ਸਾਂਝੀ ਕੀਤੀ।

# ਬਾਬਾ ਨਾਨਕ ਨੇ ਜਾਬਰਾਂ ਖਿਲਾਫ ਅਵਾਜ਼ ਬੁਲੰਦ ਕੀਤੀ : ਬੰਤ ਬਰਾੜ



**ਬਹਿਰਾਮ, (ਅਵਤਾਰ ਕਲੇਰ)**-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 553ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਬੁੱਧਵਾਰ ਵਿਸ਼ਾਲ ਸੈਮੀਨਾਰ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂ ਸ਼ਹਿਰ ਵਿਖੇ ਕਰਵਾਇਆ ਗਿਆ। ਸੈਮੀਨਾਰ ਦੀ ਪ੍ਰਧਾਨਗੀ ਜਗਤਾਰ ਸਿੰਘ ਨੇ ਕੀਤੀ। ਸੈਮੀਨਾਰ ਵਿੱਚ ਬੰਤ ਸਿੰਘ ਬਰਾੜ ਸੂਬਾ ਸਕੱਤਰ ਸੀ ਪੀ ਆਈ ਨੇ ਮੁੱਖ ਵਕਤਾ ਵਜੋਂ ਪਹੁੰਚ ਕੇ ਗੁਰੂ ਨਾਨਕ ਬਾਣੀ 'ਤੇ ਹਾਜ਼ਰ ਸਾਥੀਆਂ ਨੂੰ ਵਿਸ਼ੇਸ਼ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਸੁਤੰਤਰ ਕੁਮਾਰ, ਤਹਿਸੀਲ ਸਕੱਤਰ ਮੁਕੰਦ ਲਾਲ, ਕਿਸਾਨ ਆਗੂ ਜਸਵਿੰਦਰ ਸਿੰਘ ਭੰਗਲ, ਕੁਲਦੀਪ ਸਿੰਘ ਦੌੜਕਾ ਆਗੂ ਸੀ ਟੀ ਯੂ, ਸਤਨਾਮ ਸਿੰਘ ਗੁਲਾਟੀ, ਸੋਹਣ ਸਿੰਘ ਸਲੇਮਪੁਰੀ ਤੇ ਜੋਗਿੰਦਰ ਚਣਕੋਈ ਨੇ ਵੀ ਵਿਚਾਰ ਪ੍ਰਗਟ ਕੀਤੇ।

ਬੰਤ ਸਿੰਘ ਬਰਾੜ ਨੇ ਕਿਹਾ ਕਿ ਬਾਬਾ ਨਾਨਕ ਇਕ ਫਿਲਾਸਫਰ, ਅਰਥ ਸ਼ਾਸਤਰੀ ਸਨ। ਉਸ ਸਮੇਂ ਬਾਣੀ ਅਨੁਸਾਰ 'ਸਰਮੁ ਧਰਮ ਦੁਇ ਛਪਿ ਖਲੋਏ ਕੂੜ ਫਿਰੇ ਪਰਧਾਨ ਵੇ ਲਾਲੋ' ਅਨੁਸਾਰ ਲਾਲੋਆਂ ਦੀ ਲੁੱਟ, ਉਨ੍ਹਾਂ ਦਾ ਸ਼ੋਸ਼ਣ ਤੇ ਵਿਤਕਰਾ ਹਰ ਥਾਂ ਹੋ ਰਿਹਾ ਸੀ। ਉਸ ਸਮੇਂ ਬਾਬਾ ਨਾਨਕ ਦੇਵ ਜੀ ਨੇ ਕਿਹਾ ਕਿ ਮੈਂ 'ਨੀਚਾ ਅੰਦਰ ਨੀਚ ਜਾਤਿ ਨੀਚੀ ਹੂ ਅਤਿ ਨੀਚੁ' ਦੇ ਨਾਲ ਖੜ੍ਹਾ ਹਾਂ। ਬਾਬਾ ਨਾਨਕ ਨੇ ਦੱਬੇ-ਕੁਚਲੇ ਲੋਕਾਂ ਉੱਤੇ ਤਕੜਿਆਂ, ਮਲਕ ਭਾਗੋਆਂ, ਜਾਬਰਾਂ ਦੇ ਜਬਰ ਤੇ ਸਮਾਜ ਵਿਚ ਫੈਲੀਆਂ ਕੁਰੀਤੀਆਂ ਖਿਲਾਫ ਆਵਾਜ਼ ਬੁਲੰਦ ਕੀਤੀ। ਜ਼ੁਲਮ ਕਰਨ ਵਾਲੇ ਰਾਜਿਆਂ ਨੂੰ ਸੀਂਹ ਤੇ ਮੁਕੱਦਮਾਂ ਨੂੰ ਕੁੱਤੇ ਕਹਿ ਕੇ ਲੋਕਾਂ ਨੂੰ ਸਿਆਸੀ ਸੂਝ ਦਾ ਗਿਆਨ ਦਿੱਤਾ। ਅੱਜ ਰਾਜਾਸ਼ਾਹੀ ਸਰਮਾਏਦਾਰੀ ਸਿਸਟਮ ਵਿੱਚ ਤਬਦੀਲ ਹੋ ਗਈ ਹੈ। ਲੋਕਤੰਤਰ ਦੇ ਨਾਂਅ 'ਤੇ ਦੇਸ਼ ਉੱਤੇ ਕੁਝ ਕਾਰਪੋਰੇਟ ਘਰਾਣਿਆਂ ਦਾ ਅਦਿੱਖ ਕਬਜ਼ਾ ਹੈ। ਧਰਮਾਂ ਤੇ ਜਾਤਾਂ ਦੇ ਨਾਂਅ 'ਤੇ ਲੋਕਾਂ ਨੂੰ ਆਪਸ ਵਿੱਚ ਲੜਾਇਆ ਜਾ ਰਿਹਾ ਹੈ, ਵਿੱਦਿਆ ਦੇ ਕੇਂਦਰ ਯੂਨੀਵਰਸਿਟੀਆਂ ਵਿੱਚ ਜੋਤਿਸ਼ ਦੀ ਸਿੱਖਿਆ ਦੇ ਕੇ ਵਿਗਿਆਨਕ ਵਿਚਾਰਧਾਰਾ ਨੂੰ ਖਤਮ ਕਰਕੇ ਅੰਧ-ਵਿਸ਼ਵਾਸ ਲੋਕ ਮਨਾਂ ਵਿੱਚ ਭਰਿਆ ਜਾ ਰਿਹਾ ਹੈ। ਕਾਰਪੋਰੇਟ ਘਰਾਣਿਆਂ ਦੇ ਮੁਨਾਫੇ ਦੀ ਹਵਸ ਪੂਰੀ ਕਰਨ ਲਈ ਨਿੱਜੀਕਰਨ, ਵਪਾਰੀਕਰਨ ਅਤੇ ਵਿਸ਼ਵੀਕਰਨ ਦੇ ਨਾਂਅ 'ਤੇ ਪਬਲਿਕ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਕੋਲ ਕੌਡੀਆਂ ਦੇ ਭਾਅ ਵੇਚਿਆ ਜਾ ਰਿਹਾ ਹੈ। ਵਿਸ਼ਵ ਬੈਂਕ ਤੋਂ ਕਰਜ਼ਾ ਲੈ ਕੇ ਦੇਸ਼ ਨੂੰ ਗੁਲਾਮੀ ਵੱਲ ਧਕਿਆ ਜਾ ਰਿਹਾ ਹੈ। ਕਿਸਾਨਾਂ ਤੇ ਮਜ਼ਦੂਰਾਂ ਨੂੰ ਰਾਹਤ ਦੇਣ ਵਾਲੇ ਕਾਨੂੰਨਾਂ ਨੂੰ ਖਤਮ ਕਰਕੇ ਕਿਸਾਨ-ਮਜ਼ਦੂਰ ਵਿਰੋਧੀ

• ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਮਾਮੂਲੀ ਗੱਲਾਂ ਦਾ ਜਦੋਂ ਵਿਵਾਦ ਵਧ ਜਾਏ,
ਬਾਤ ਦਾ ਬਣਿਆ ਬਤੰਗੜ ਹੀ ਕਹੀਦਾ ਈ।
ਹਰ ਕੋਈ ਕਹੀ ਜਾਂਦਾ, ਜੋ ਕੁਝ ਮੂੰਹ ਆਵੇ,
ਆਖਿਆ ਹੋਰਾਂ ਦਾ ਕਦੀ ਨਹੀਂ ਸਹੀਦਾ ਈ।
ਸਾਥੋਂ ਪਹਿਲਾਂ ਵੀ ਪਹਿਲ ਕੋਈ ਕਰੇਗਾ ਤਾਂ,
ਭਾਜੀ ਮੋੜਨ ਲਈ ਪਿੱਛੇ ਨਹੀਂ ਰਹੀਦਾ ਈ।
ਕੱਢ ਗਿਆ ਗਾਲ੍ਹ ਜੇ ਭੜਕ ਕੇ ਕੋਈ ਭੈੜਾ,
ਝਟ-ਪਟ ਕੱਢੀਦੀ, ਚੁੱਪ ਨਹੀਂ ਬਹੀਦਾ ਈ।
ਕਰੀਦਾ ਜ਼ਿਕਰ ਹੈ ਮਹਿਫਲਾਂ ਵਿੱਚ ਬਹਿ ਕੇ,
ਗਾਲ੍ਹੋ-ਗਾਲ੍ਹੀ ਵਿੱਚ ਵਿਕਟਾਂ ਉਖਾੜੀਆਂ ਦਾ।
ਲੀਹੋਂ ਉੱਖੜ ਗਏ ਆਖਰ ਵਿੱਚ ਰੋਣਗੇ ਈ,
ਆਇਆ ਚੇਤਾ ਜਦ ਹਰਕਤਾਂ ਮਾੜੀਆਂ ਦਾ।

-ਤੀਸ ਮਾਰ ਖਾਂ

# ਭਗਤ ਸਿੰਘ, ਸਰਾਭਾ ਤੇ ਹੋਰ ਸ਼ਹੀਦਾਂ ਨੂੰ ਦਿੱਤਾ ਜਾਵੇ ਭਾਰਤ ਰਤਨ : ਮਾਨ

**ਸਰਾਭਾ/ਜਗਰਾਉਂ (ਨਛੱਤਰ ਸੰਧੂ)**-ਮੁੱਖ ਮੰਤਰੀ ਭਗਵੰਤ ਮਾਨ ਨੇ ਸੁਤੰਤਰਤਾ ਅੰਦੋਲਨ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸ਼ਹੀਦ ਭਗਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਹੋਰ ਮਹਾਨ ਸ਼ਹੀਦਾਂ ਨੂੰ ਭਾਰਤ ਰਤਨ ਐਵਾਰਡ ਦੇਣ ਦੀ ਮੰਗ ਕੀਤੀ। ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਵਸ ਮੌਕੇ ਸ਼ਹੀਦ ਦੇ ਜੱਦੀ ਪਿੰਡ ਵਿਖੇ ਕਰਵਾਏ ਸੂਬਾ ਪੱਧਰੀ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਰਾਜਗੁਰੂ, ਸ਼ਹੀਦ ਸੁਖਦੇਵ, ਲਾਲਾ ਲਾਜਪਤ ਰਾਏ ਤੇ ਹੋਰਨਾਂ ਨੂੰ ਭਾਰਤ ਰਤਨ ਐਵਾਰਡ ਦੇਣ ਨਾਲ ਇਸ ਐਵਾਰਡ ਦੀ ਸ਼ੋਭਾ ਹੋਰ ਵਧੇਗੀ। ਉਨ੍ਹਾ ਕਿਹਾ ਕਿ ਇਹ ਮਹਾਨ ਸ਼ਹੀਦ ਇਸ ਐਵਾਰਡ ਦੇ ਅਸਲ ਹੱਕਦਾਰ ਹਨ, ਕਿਉਂਕਿ ਉਨ੍ਹਾਂ ਦੇਸ਼ ਨੂੰ ਵਿਦੇਸ਼ੀ ਗੁਲਾਮੀ ਦੀਆਂ ਜੰਜ਼ੀਰਾਂ ਤੋਂ ਮੁਕਤ ਕਰਵਾਉਣ ਲਈ ਆਪਣੇ ਜੀਵਨ ਦਾ ਬਲੀਦਾਨ ਦਿੱਤਾ। ਉਨ੍ਹਾ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਇਨ੍ਹਾਂ ਮਹਾਨ ਸ਼ਹੀਦਾਂ ਨੂੰ ਇਹ ਐਵਾਰਡ ਦਿੱਤਾ ਜਾਵੇ। ਭਗਵੰਤ ਮਾਨ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਕੌਮੀ ਸ਼ਹੀਦ ਦਾ ਦਰਜਾ ਦੇਣ ਦੀ ਮੰਗ ਕਰਦਿਆਂ ਆਖਿਆ ਕਿ ਸੂਬਾ ਸਰਕਾਰ ਇਸ ਮਸਲੇ ਨੂੰ ਕੇਂਦਰ ਸਰਕਾਰ ਕੋਲ ਚੁੱਕੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਅਣਥੱਕ ਕੋਸ਼ਿਸ਼ਾਂ ਨਾਲ ਮੋਹਾਲੀ ਹਵਾਈ ਅੱਡੇ ਦਾ ਨਾਂਅ ਸ਼ਹੀਦ ਭਗਤ ਸਿੰਘ ਦੇ ਨਾਂਅ ਉਤੇ ਰੱਖਿਆ ਗਿਆ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਨੇ ਇਸ ਸੰਬੰਧੀ ਪਹਿਲਾਂ ਹੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਹੈ। ਉਹਨਾ ਕਿਹਾ ਕਿ ਹਵਾਈ ਅੱਡਿਆਂ, ਯੂਨੀਵਰਸਿਟੀਆਂ ਤੇ ਹੋਰ ਸੰਸਥਾਵਾਂ ਦੇ ਨਾਂਅ ਸ਼ਹੀਦਾਂ ਦੇ ਨਾਂਅ ਉਤੇ ਰੱਖਣਾ ਸ਼ਹੀਦਾਂ ਦੀ ਵਿਰਾਸਤ ਨੂੰ ਲੰਮੇ ਸਮੇਂ ਤੱਕ ਕਾਇਮ ਰੱਖਣ ਲਈ ਕਾਫ਼ੀ ਅਹਿਮ ਹੈ।

ਉਹਨਾ ਕਿਹਾ ਕਿ ਸੂਬਾ ਸਰਕਾਰ ਹਲਵਾਰਾ ਹਵਾਈ ਅੱਡੇ ਦੇ ਸਿਵਲ ਏਅਰ ਟਰਮੀਨਲ ਦਾ ਨਿਰਮਾਣ ਕਾਰਜ ਜਲਦੀ ਪੂਰਾ ਕਰੇਗੀ। ਤਕਰੀਬਨ 161 ਏਕੜ ਰਕਬੇ ਵਿੱਚ ਕਰੀਬ 50 ਕਰੋੜ ਰੁਪਏ ਦੀ ਲਾਗਤ ਨਾਲ ਇਸ ਕਾਰਜ ਨੂੰ ਮੁਕੰਮਲ ਕੀਤਾ ਜਾਵੇਗਾ। ਇਸ ਪ੍ਰਾਜੈਕਟ ਨਾਲ ਪੰਜਾਬ ਦੀ ਏਅਰ ਕੁਨੈਕਟੀਵਿਟੀ ਹੋਰ ਮਜ਼ਬੂਤ ਹੋਵੇਗੀ ਅਤੇ ਇਸ ਨਾਲ ਸਮਾਂ ਤੇ ਪੈਸਾ ਬਚੇਗਾ ਤੇ ਯਾਤਰੀਆਂ ਦੀ ਖੱਜਲ-ਖੁਆਰੀ ਖ਼ਤਮ ਹੋਵੇਗੀ। ਉਨ੍ਹਾ ਉਮੀਦ ਪ੍ਰਗਟਾਈ ਕਿ ਇਸ ਸਿਵਲ ਏਅਰ ਟਰਮੀਨਲ ਨਾਲ ਸੂਬੇ ਖ਼ਾਸ ਕਰ ਕੇ ਲੁਧਿਆਣਾ ਜ਼ਿਲ੍ਹੇ ਦੀ ਆਰਥਕ ਤਰੱਕੀ ਨੂੰ ਵੱਡਾ ਹੁਲਾਰਾ ਮਿਲੇਗਾ। ਇਸ ਨਾਲ ਜਿੱਥੇ ਤਰੱਕੀ ਦੇ ਨਵੇਂ ਰਾਹ ਖੁੱਲ੍ਹਣਗੇ, ਉਥੇ ਸੂਬੇ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਉਹਨਾ ਪਿੰਡ ਸਰਾਭਾ ਵਿਖੇ ਸਥਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂੰ 'ਸਕੂਲ ਆਫ ਐਮੀਨੈਂਸ' ਵਜੋਂ ਵਿਕਸਤ ਕਰਨ ਦਾ ਐਲਾਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ, ਤਾਂ ਕਿ ਨੌਜਵਾਨਾਂ ਦੀ ਬੇਮਿਸਾਲ ਊਰਜਾ ਨੂੰ ਸਾਕਾਰਤਮਕ ਪਾਸੇ ਲਾਇਆ ਜਾ ਸਕੇ। ਉਨ੍ਹਾ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਇਸ ਦਿਸ਼ਾ ਵਿਚ ਸਾਰਥਕ ਉਪਰਾਲਾ ਹੈ ਅਤੇ ਇਹ ਖੇਡਾਂ ਵੀਰਵਾਰ ਨੂੰ ਲੁਧਿਆਣਾ ਵਿਖੇ ਖ਼ਤਮ ਹੋ ਰਹੀਆਂ ਹਨ।

ਲੁਧਿਆਣਾ ਦੇ ਗੁਰੂ ਨਾਨਕ ਸਟੇਡੀਅਮ ਵਿਖੇ ਇਨ੍ਹਾਂ ਖੇਡਾਂ ਦੇ ਸਮਾਪਤੀ ਸਮਾਰੋਹ ਵਿਚ ਲੋਕਾਂ ਨੂੰ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਸੱਦਾ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਦੇ ਖੇਤਰ ਵਿੱਚ ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਹੀ ਇਹ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੱਦੀ ਘਰ ਜਾ ਕੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

# ਦਰਜਾ ਚਾਰ ਕਰਮਚਾਰੀਆਂ ਵੱਲੋਂ ਜ਼ਿਲ੍ਹਾ ਸਦਰ ਮੁਕਾਮਾਂ 'ਤੇ 24 ਘੰਟਿਆਂ ਦੀ ਭੁੱਖ ਹੜਤਾਲ ਸ਼ੁਰੂ



**ਪਟਿਆਲਾ** (ਪੱਤਰ ਪ੍ਰੇਰਕ) ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਵੱਲੋਂ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਵਿਚਲੇ ਚੌਥਾ ਦਰਜਾ ਕ੍ਰਮਚਾਰੀਆਂ, ਕੰਟਰੈਕਟ, ਡੇਲੀਵੇਜਿਜ਼, ਆਊਟ ਸੋਰਸ ਸਮੇਤ ਪਾਰਟ ਟਾਇਮ ਕਰਮੀਆਂ ਦੀਆਂ ਚਿਰਾਂ ਤੋਂ ਲਮਕਾ ਅਵਸਥਾ ਵਿੱਚ ਚੱਲ ਰਹੀਆਂ ਮੰਗਾਂ ਵੱਲ 'ਆਪ' ਸਰਕਾਰ ਦਾ ਧਿਆਨ ਦਿਵਾਉਣ ਲਈ ਤੇ 2004 ਤੋਂ ਬੰਦ ਪਈ ਪੁਰਾਣੀ ਪ੍ਰਚੱਲਿਤ ਪੈਨਸ਼ਨ ਦੀ ਮੁੜ ਤੋਂ ਬਹਾਲੀ ਦਾ ਨੋਟੀਫਿਕੇਸ਼ਨ ਜਾਰੀ ਕਰਾਉਣ ਲਈ ਜ਼ਿਲ੍ਹਾ ਸਦਰ ਮੁਕਾਮਾਂ 'ਤੇ 16 ਅਤੇ 17 ਲਈ 24 ਘੰਟਿਆਂ ਦੀਆਂ ਭੁੱਖ ਹੜਤਾਲਾਂ ਰੈਲੀਆਂ ਕਰਕੇ ਅਰੰਭ ਦਿੱਤੀਆਂ। ਚੌਥਾ ਦਰਜਾ ਮੁਲਾਜ਼ਮਾਂ ਦੇ ਸੂਬਾ ਚੇਅਰਮੈਨ ਸੁਖਦੇਵ ਸਿੰਘ ਸੁਰਤਾਪੁਰੀ, ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸੂਬਾ ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾ ਤੇ ਜਨਰਲ ਸਕੱਤਰ ਬਲਜਿੰਦਰ ਸਿੰਘ ਨੇ ਭੁੱਖ ਹੜਤਾਲੀ ਕੈਂਪਾਂ ਅੱਗੇ ਵੱਖ-ਵੱਖ ਰੈਲੀਆਂ ਨੂੰ ਸੰਬੋਧਨ ਕੀਤਾ।

ਆਗੂਆਂ ਨੇ ਕਿਹਾ ਕਿ ਪਿਛਲੀਆਂ ਸਰਕਾਰ ਸਮੇਤ 'ਆਪ' ਵੀ ਢੰਗ ਟਪਾਊ ਬਿਆਨਬਾਜ਼ੀਆਂ ਕਰਕੇ ਮੁਲਾਜ਼ਮਾਂ, ਪੈਨਸ਼ਨਰਾਂ, ਕੱਚੇ ਮੁਲਾਜ਼ਮਾਂ ਸਮੇਤ 2004 ਦੀ ਪੈਨਸ਼ਨ ਬਹਾਲੀ ਵਰਗੀਆਂ ਅਹਿਮ ਮੰਗਾਂ ਲਮਕਾ ਰਹੀ ਹੈ ਤੇ ਮੁੱਖ ਮੰਤਰੀ ਆਪ ਮੰਗਾਂ ਨੂੰ ਨਹੀਂ ਸੁਣ ਰਹੇ। ਇਸ ਤਰ੍ਹਾਂ ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਤੇ ਠੇਕੇਦਾਰੀ ਪ੍ਰਥਾ ਦੀ ਜਕੜ ਲਗਾਤਾਰ ਜਾਰੀ ਹੈ। ਦਿਹਾੜੀਦਾਰ, ਕੰਟਰੈਕਟ ਅਤੇ ਆਊਟਸੋਰਸ ਕਰਮੀਆਂ ਦੀ ਲੁੱਟ ਖਸੁੱਟ ਵੀ ਬਾਦਸਤੂਰ ਜਾਰੀ ਹੈ। ਘੱਟੋ ਘੱਟ ਉਜਰਤਾਂ ਸਮੇਤ ਕਿਰਤ ਕਾਨੂੰਨਾਂ ਅਨੁਸਾਰ ਬਣਦੀਆਂ ਸਹੂਲਤਾਂ ਵੀ ਨਹੀਂ ਦਿੱਤੀਆਂ ਜਾ ਰਹੀਆਂ। ਇਹ ਲੁੱਟ-ਖਸੁੱਟ ਕਿਰਤ ਵਿਭਾਗ ਤੇ ਅਫਸਰਸ਼ਾਹੀ ਦੀ ਮਿਲੀ ਭੁਗਤ ਨਾ ਸਾਲਾਂ ਤੋਂ ਜਾਰੀ ਹੈ। ਇਨ੍ਹਾਂ ਆਗੂਆਂ ਨੇ ਕਿਹਾ ਘੱਟੋ ਘੱਟ ਉਜਰਤਾਂ 26000/ ਰੁਪਏ ਕੀਤੇ ਜਾਣਯੋਗ ਹਨ, ਇਸ ਵਿੱਚ ਸਫ਼ਾਈ ਕਾਮਿਆਂ ਤੇ ਸਿਵਰਮੈਨਾਂ ਤੇ ਵੀ ਲਾਗੂ ਕੀਤੀਆਂ ਜਾਣਯੋਗ ਹਨ। ਇਨ੍ਹਾਂ ਆਗੂਆਂ ਐਲਾਨ ਕੀਤਾ ਕਿ ਮਰਹੂਮ ਮੁਲਜ਼ਜਮਾਂ ਦੇ ਪ੍ਰਮੁੱਖ ਸਾਥੀ ਸੱਜਣ ਸਿੰਘ ਦੇ ਪੁੱਤਰ ਅਜੀਤ ਪ੍ਰੈਸ ਫੋਟੋਗ੍ਰਾਫਰ ਵਰਿੰਦਰਜੀਤ ਸਿੰਘ ਤੇ ਮੁਹਾਲੀ ਪੁਲਿਸ ਦੇ ਸਬ ਇੰਸਪੈਕਟਰ ਵੱਲੋਂ ਕੀਤੇ ਹਮਲੇ ਦੀ ਨਿੰਦਾ ਕਰਦੇ ਹੋਏ ਮੁਅੱਤਲ ਕਰਨ ਦੀ ਮੰਗ ਕੀਤੀ ਤੇ ਮਿਤੀ 17 ਨੂੰ ਭੁੱਖ ਹੜਤਾਲਾਂ ਦੀ ਸਮਾਪਤੀ ਮੌਕੇ ਵੱਡੀਆਂ ਰੈਲੀਆਂ ਕਰਕੇ ਇਸ ਗੁੰਡਾਗਰਦੀ ਸਮੇਤ ਚੌਥਾ ਦਰਜਾ ਮੁਲਾਜ਼ਮਾਂ ਤੇ ਕੱਚੇ ਮੁਲਾਜਮਾਂ ਦੀਆਂ ਮੰਗਾਂ ਤੇ ਸੇਵਾਵਾਂ ਰੈਗੂਲਰ ਕਰਾਉਣ ਦਾ 30 ਸੂਤਰੀ ਮੈਮੋਰੰਡਮ ਮੁੱਖ ਮੰਤਰੀ ਤੇ ਵਿੱਤ ਮੰਤਰੀ ਦੇ ਨਾਵਾਂ 'ਤੇ ਡਿਪਟੀ ਕਮਿਸ਼ਨਰ ਨੂੰ ਦਿੱਤੇ ਜਾਣਗੇ।

ਡਿਪਟੀ ਕਮਿਸ਼ਨਰ ਦਫਤਰ ਪਟਿਆਲਾ ਵਿਖੇ ਗਿਆਰਾਂ ਮੈਂਬਰੀ ਜੱਥਾ ਭੁੱਖ ਹੜਤਾਲ ਤੇ ਬੈਠਾ। ਇਸ ਮੌਕੇ ਦਰਸ਼ਨ ਸਿੰਘ ਲੁਬਾਣਾ, ਬਲਜਿੰਦਰ ਸਿੰਘ, ਦੀਪ ਚੰਦ ਹੰਸ, ਗੁਰਦਰਸ਼ਨ ਸਿੰਘ, ਮਾਧੋ ਲਾਲ ਰਾਹੀ, ਜਗਮੋਹਨ ਨੋਲੱਖਾ, ਰਾਮ ਲਾਲ ਰਾਮਾ, ਪ੍ਰਿਤਮ ਚੰਦ ਠਾਕੁਰ, ਨਾਰਗ ਸਿੰਘ, ਸੂਰਜ ਯਾਦਵ, ਰਤਨ ਸਿੰਘ, ਰਾਮ ਕਿਸ਼ਨ, ਬੰਸੀ ਲਾਲ, ਕਰਨੈਲ ਚੰਦ, ਨਿਸ਼ਾ ਰਾਣੀ, ਹਰਬੰਸ ਸਿੰਘ, ਬਲਬੀਰ ਸਿੰਘ, ਸਵਰਨ ਬੰਗਾ, ਉਂਕਾਰ ਸਿੰਘ ਦਮਨ, ਕੁਲਵਿੰਦਰ ਸਿੰਘ, ਵੈਦ ਪ੍ਰਕਾਸ਼, ਅਮਰ ਨਾਥ ਨਰੜੂ, ਪ੍ਰਕਾਸ਼ ਸਿੰਘ ਲੁਬਾਣਾ, ਸੁਭਾਸ਼, ਸਤਨਾਮ ਸਿੰਘ, ਰਾਮ ਦਾਸ, ਅਮਰੀਕ ਸਿੰਘ, ਹਰਵਿੰਦਰ ਸਿੰਘ, ਮੱਖਣ ਸਿੰਘ, ਸਨੀਲ ਦੱਤ, ਅਜੇ ਸਿੱਪਾ, ਸੁਭਾਸ਼, ਹਰਨੇਕ ਸਿੰਘ ਤੇ ਕਾਕਾ ਸਿੰਘ ਨੇ ਸੰਬੋਧਨ ਕੀਤਾ।

# ਗਾਇਕ ਤੇ ਪੱਤਰਕਾਰ ਗੁਰਬਾਜ ਗਿੱਲ ਨੂੰ ਸਦਮਾ, ਪਿਤਾ ਦੀ ਮੌਤ

**ਛਾਜਲੀ** (**ਜਸਵੀਰ ਲਾਡੀ**)-ਗੁਰਬਾਜ ਗਿੱਲ ਨੂੰ ਉਸ ਸਮੇਂ ਭਾਰੀ ਸਦਮਾ ਪੁੱਜਿਆ, ਜਦੋਂ ਉਨ੍ਹਾਂ ਦੇ ਪਿਤਾ ਸਾਧੂ ਸਿੰਘ ਗਿੱਲ (65) ਦਾ ਦਿਲ ਦਾ ਦੌਰਾ ਪੈਣ ਕਾਰਨ ਦਿਹਾਂਤ ਹੋ ਗਿਆ। ਉਨ੍ਹਾਂ ਦੀ ਇਸ ਬੇਵਕਤੀ ਮੌਤ 'ਤੇ ਉੱਘੇ ਗਾਇਕ ਪੰਮੀ ਬਾਈ, ਸਹਾਇਤਾ ਐਨਜੀਓ ਇੰਡੀਆ ਦੇ ਪ੍ਰਧਾਨ ਡਾ: ਰਾਜਿੰਦਰ ਸਿੰਘ ਰਾਜੀ ਆਈ ਸਰਜਨ ਲੁਧਿਆਣਾ, ਪੰਜਾਬ ਪੁਲਸ ਦੇ ਸੇਵਾ ਮੁਕਤ ਐਸਪੀ ਮਨਜੀਤ ਸਿੰਘ ਬਰਾੜ, ਬਰਜਿੰਦਰਪਾਲ ਸਿੰਘ ਸੇਵਾ ਮੁਕਤ ਐਸਪੀ ਪੰਜਾਬ ਪੁਲਸ, ਉੱਘੇ ਗਾਇਕ ਬਿੱਟੂ ਖੰਨੇਵਾਲਾ, ਗਾਇਕ ਸਤਨਾਮ ਪੰਜਾਬੀ ਪਟਿਆਲਾ, ਪੰਜਾਬੀ ਟ੍ਰਿਬਿਊਨ ਦੇ ਸੀਨੀਅਰ ਪੱਤਰਕਾਰ ਤੇ ਸਮਾਜ ਸੇਵਕ ਰਣਜੀਤ ਸਿੰਘ ਸ਼ੀਤਲ, ਜਸਵੀਰ ਲਾਡੀ ਪ੍ਰਧਾਨ ਸਹੀਦ ਭਗਤ ਸਿੰਘ ਮੀਡੀਆ ਸੈਂਟਰ ਛਾਜਲੀ, ਸਮਾਜ ਸੇਵਕ ਅਵਿਨਾਸ਼ ਰਾਣਾ, ਪੱਤਰਕਾਰ ਗੁਰਮੇਲ ਸਿੰਘ ਸੰਗਤਪੁਰਾ, ਪੱਤਰਕਾਰ ਗੁਰਵਿੰਦਰ ਗੰਢੂਆਂ, ਐਫਸੀਆਈ ਦੇ ਸਾਬਕਾ ਮੈਨੇਜਰ ਜਸਵਿੰਦਰ ਸਿੰਘ ਸੁਨਾਮੀ, ਮੰਚ ਸੰਚਾਲਕ ਯਾਦਵਿੰਦਰ ਸਿੰਘ ਸਿੱਧੂ, ਫ਼ਿਲਮ ਅਦਾਕਾਰ ਭੁਪਿੰਦਰ ਸਿੰਘ ਬਰਨਾਲਾ, ਜੱਸੀ ਲੌਂਗੋਵਾਲੀਆ, ਮੰਚ ਸੰਚਾਲਕ ਕੁਲਵੰਤ ਉੱਪਲੀ, ਪੱਤਰਕਾਰ ਪ੍ਰਵੀਨ ਕੁਮਾਰ ਦਿੜ੍ਹਬਾ, ਇੰਸਪੈਕਟਰ ਗੁਰਚਰਨ ਸਿੰਘ ਗੰਢੂਆਂ, ਫ਼ਿਲਮ ਅਦਾਕਾਰ ਜਗਤਾਰ ਸਿੰਘ ਬੈਨੀਪਾਲ, ਡਾ. ਜਰਨੈਲ ਸਿੰਘ ਜਵੰਧਾ, ਗਾਇਕ ਰਣਜੀਤ ਸੁਨਾਮ, ਗਾਇਕ ਯੋਗਰਾਜ ਸੰਧੂ, ਐਡਵੋਕੇਟ ਮਨਪ੍ਰੀਤ ਸਿੰਘ ਨਮੋਲ ਤੋਂ ਇਲਾਵਾ ਸਮਾਜਿਕ, ਧਾਰਮਿਕ ਅਤੇ ਰਾਜਨੀਤਕ ਆਗੂਆਂ ਨੇ ਡੂੰਘਾ ਦੁੱਖ ਜ਼ਾਹਰ ਕੀਤਾ ਮਰਹੂਮ ਸਾਧੂ ਸਿੰਘ ਨੇ ਵਾਟਰ ਵਰਕਸ ਮਹਿਕਮੇ ਵਿੱਚ ਆਪਣੀਆਂ ਸੇਵਾਵਾਂ ਇਮਾਨਦਾਰੀ ਨਾਲ ਨਿਭਾਈਆਂ, ਜੋ ਚਾਰ ਸਾਲ ਪਹਿਲਾਂ ਸੇਵਾਮੁਕਤ ਹੋ ਗਏ ਸਨ।

# ਮੰਨੀਆਂ ਮੰਗਾਂ ਦਾ ਨੋਟੀਫਿਕੇਸ਼ਨ ਜਾਰੀ ਨਾ ਕਰਨ ਵਿਰੁੱਧ ਐੱਸ ਕੇ ਐੱਮ ਨੇ ਪੰਜਾਬ ਭਰ 'ਚ ਦਿੱਤੇ ਧਰਨੇ

**ਸਮਰਾਲਾ**, (**ਸੁਰਜੀਤ ਸਿੰਘ**) ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਵੱਲੋਂ ਸਰਕਾਰ ਦੀ ਵਾਅਦਾਖਿਲਾਫ਼ੀ ਅਤੇ ਸਰਕਾਰ ਨਾਲ ਮੀਟਿੰਗਾਂ ਹੋਈਆਂ ਨੂੰ ਮਹੀਨੇ ਬੀਤ ਜਾਣ ਤੋਂ ਬਾਅਦ ਵੀ ਨੋਟੀਫਿਕੇਸ਼ਨ ਜਾਰੀ ਨਾ ਕਰਨ ਦੇ ਰੋਸ ਵਜੋਂ ਕਿਸਾਨਾਂ ਵੱਲੋਂ ਸੜਕਾਂ ਉੱਪਰ ਉਤਰਿਆ ਗਿਆ।



ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਵੱਲੋਂ ਸਹੀਦ ਕਿਸਾਨਾਂ ਦੇ ਪਰਵਾਰਕ ਮੈਂਬਰਾਂ ਨੂੰ ਮੁਆਵਜ਼ਾ ਅਤੇ ਸਰਕਾਰੀ ਨੌਕਰੀ, ਜੁਮਲਾ ਮਾਲਕਾਨ ਜ਼ਮੀਨ ਦੇ ਮਾਲਕ ਕਿਸਾਨਾਂ ਨੂੰ ਉਨ੍ਹਾਂ ਦਾ ਮਾਲਕੀ ਹੱਕ ਦਿਵਾਉਣ ਲਈ, ਗੁਲਾਬੀ ਸੁੰਡੀ ਨਾਲ ਨੁਕਸਾਨੇ ਨਰਮੇ, ਚਾਈਨਾ ਵਾਇਰਸ ਨਾਲ ਨੁਕਸਾਨੇ ਤੇ ਬਰਸਾਤ ਨਾਲ ਨੁਕਸਾਨੇ ਝੋਨੇ ਦਾ ਮੁਆਵਜ਼ਾ, ਕਿਸਾਨਾਂ ਉੱਪਰ ਪਰਾਲੀ ਦੇ ਕੀਤੇ ਪਰਚੇ ਤੇ ਫਰਦ ਵਿੱਚ ਰੈਡ ਐਂਟਰੀਆਂ ਰੱਦ ਕਰਾਉਣ, ਗੁਰੂ ਕਾਂਸ਼ੀ ਯੂਨੀਵਰਸਿਟੀ ਦੇ ਹਜ਼ਾਰਾਂ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੇ ਦੋਸ਼ੀ ਵੀ.ਸੀ ਉੱਪਰ ਕਾਰਵਾਈ ਕਰਾਉਣ ਲਈ, 5 ਨਵੰਬਰ ਨੂੰ ਖੰਡ ਮਿੱਲਾਂ ਚਾਲੂ ਕਰਨ ਦਾ ਵਾਅਦਾ ਕਰਕੇ ਮੁੱਕਰਨ ਦੇ ਰੋਸ ਅਤੇ ਖੰਡ ਮਿੱਲਾਂ ਨੂੰ ਤੁਰੰਤ ਚਾਲੂ ਕਰਨ ਦੀ ਮੰਗ ਨੂੰ ਲੈ ਕੇ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਤਾਇਨਾਤ ਜ਼ਮੀਨਾਂ ਦਾ ਮੁਆਵਜ਼ਾ ਵੰਡਣ ਵਿਚ ਘਪਲੇਬਾਜ਼ੀ ਕਰਨ ਵਾਲੇ ਦੋਸ਼ੀ ਐਸ.ਡੀ.ਐਮ ਉੱਪਰ ਕਾਰਵਾਈ ਕਰਾਉਣ ਆਦਿ ਮੰਗਾਂ ਨੂੰ ਲੈ ਕੇ ਧਰੇੜੀ ਜੱਟਾਂ ਟੋਲ ਪਲਾਜ਼ਾ ਰਾਜਪੁਰਾ ਪਟਿਆਲਾ ਰੋਡ, ਟਹਿਣਾ ਟੀ ਪੁਆਇੰਟ ਫਰੀਦਕੋਟ, ਭੰਡਾਰੀ ਪੁਲ ਅੰਮ੍ਰਿਤਸਰ ਸਾਹਿਬ, ਤਿੰਨ ਕੋਨੀਆਂ ਪੁਲ ਮਾਨਸਾ, ਮੁਕੇਰੀਆਂ ਤੇ ਬੀਬੀਆਂ ਭੈਣਾਂ ਵੱਲੋਂ ਤਲਵੰਡੀ ਸਾਬੋ ਵਿਖੇ ਸੁੱਤੀ ਪਈ ਸਰਕਾਰ ਨੂੰ ਜਗਾਉਣ ਤੇ ਸਰਕਾਰ ਦੇ ਕੰਨਾਂ ਤੱਕ ਆਵਾਜ਼ ਪੁਚਾਉਣ ਲਈ ਮਜਬੂਰੀ ਵੱਸ ਸੜਕਾਂ ਉੱਤੇ ਉਤਰਨਾ ਪਿਆ।

ਕਿਸਾਨ ਆਗੂਆਂ ਨੇ ਕਿਹਾ ਕਿ ਡੀ.ਸੀ ਦਫਤਰ ਫ਼ਰੀਦਕੋਟ ਪੰਜ ਮਹੀਨੇ ਤੋਂ ਉੱਪਰ, ਮਾਨਸਾ ਡੇਢ ਮਹੀਨੇ ਤੋਂ ਉੱਪਰ, ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਕਰੀਬ 3 ਮਹੀਨੇ ਤੋਂ ਉੱਪਰ ਅਤੇ ਸ਼੍ਰੀ ਅੰਮ੍ਰਿਤਸਰ ਸਾਹਿਬ 8 ਮਹੀਨੇ ਤੋਂ ਵੱਧ ਦਾ ਸਮਾਂ ਹੋ ਗਿਆ ਹੈ। ਸ਼ਾਂਤਮਈ ਧਰਨੇ ਚੱਲਦਿਆਂ ਨੂੰ ਪ੍ਰੰਤੂ ਸਰਕਾਰ ਦੇ ਕੰਨਾਂ ਤੱਕ ਅਵਾਜ਼ ਨਹੀਂ ਪਹੁੰਚੀ, ਜਿਸ ਕਾਰਨ ਸੜਕਾਂ ਉੱਪਰ ਆ ਕੇ ਸੰਘਰਸ਼ ਕਰਨਾ ਉਨ੍ਹਾਂ ਦੀ ਮਜਬੂਰੀ ਬਣ ਗਈ ਹੈ ਤੇ ਜੇਕਰ ਸਰਕਾਰ ਕਿਸਾਨਾਂ, ਮਜ਼ਦੂਰਾਂ ਅਤੇ ਪੰਜਾਬ ਵਾਸੀਆਂ ਪ੍ਰਤੀ ਸੁਹਿਰਦ ਹੁੰਦੀ ਅਤੇ ਮੀਟਿੰਗ ਵਿੱਚ ਮੰਨੀਆਂ ਮੰਗਾਂ ਅਤੇ ਸ਼ਾਂਤਮਈ ਧਰਨਾ ਦੇ ਰਹੇ ਕਿਸਾਨਾਂ ਦੀਆਂ ਮੰਗਾਂ ਨੂੰ ਮੰਨਣ ਉਪਰੰਤ ਉਸ ਦਾ ਨੋਟੀਫਿਕੇਸ਼ਨ ਜਾਰੀ ਕਰਦੀ ਤਾਂ ਉਨ੍ਹਾਂ ਨੂੰ ਸੜਕਾਂ ਉੱਪਰ ਆਉਣ ਦੀ ਜ਼ਰੂਰਤ ਹੀ ਨਹੀਂ ਪੈਣੀ ਸੀ।

ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਕਹਿਣੀ ਅਤੇ ਕਰਨੀ ਵਿਚ ਅੰਤਰ ਦਾ ਅੰਦਾਜ਼ਾ ਪੰਜਾਬ ਵਾਸੀ ਇਸ ਗੱਲ ਤੋਂ ਹੀ ਲਗਾ ਸਕਦੇ ਹਨ ਕਿ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਨਾਲ 2 ਅਗਸਤ ਅਤੇ 6 ਅਕਤੂਬਰ ਨੂੰ ਹੋਈਆਂ ਮੀਟਿੰਗਾਂ ਨੂੰ ਮਹੀਨਿਆਂ ਤੋਂ ਉੱਪਰ ਦਾ ਸਮਾਂ ਬੀਤ ਚੁੱਕਾ ਹੈ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕਿਸਾਨਾਂ ਦੀਆ ਮੰਨੀਆਂ ਗਈਆਂ ਮੰਗਾਂ ਦੇ ਸੰਬੰਧ ਵਿੱਚ ਅੱਜ ਤੱਕ ਕੋਈ ਵੀ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ ਹੈ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ 'ਚ ਮਨਾਇਆ ਬਾਲ ਦਿਵਸ



**ਤਰਨਤਾਰਨ** (**ਪ੍ਰਿਤਪਾਲ ਸਿੰਘ**)—ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ ਵਿਖੇ ਬਾਲ-ਦਿਵਸ ਨੂੰ ਮੁੱਖ ਰੱਖਦਿਆਂ ਵਿਦਿਆਰਥੀਆਂ ਦੇ ਮਨੋਰੰਜਨ ਅਤੇ ਸਰਬਪੱਖੀ ਵਿਕਾਸ ਲਈ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਪਹਿਲੀ ਤੋਂ ਚੌਥੀ ਜਮਾਤ ਦੇ ਹਰੇਕ ਵਿਦਿਆਰਥੀ ਨੇ ਹਿੱਸਾ ਲਿਆ। ਇਸ ਮੌਕੇ ਵਿਦਿਆਰਥੀਆਂ ਦੀ ਖੁਸ਼ੀ ਵੇਖਿਆਂ ਹੀ ਬਣਦੀ ਸੀ। ਇਸ ਦਿਨ ਵਿਦਿਆਰਥੀਆਂ ਦੀ ਉਤਸੁਕਤਾ ਨੂੰ ਹੋਰ ਵਧਾਉਣ ਲਈ ਬਾਲ ਦਿਵਸ ਮਨਾਉਣ ਦਾ ਇਤਿਹਾਸ ਦੱਸਦਿਆਂ ਜਵਾਹਰ ਲਾਲ ਨਹਿਰੂ ਦੇ ਜੀਵਨ 'ਤੇ ਰੌਸ਼ਨੀ ਪਾਈ ਗਈ। ਇਸ ਮੌਕੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਸੈਮੀਫਾਈਨਲ ਖੇਡ ਮੁਕਾਬਲੇ ਕਰਵਾਏ ਗਏ ਅਤੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਖੇਡ ਮੁਕਾਬਲਿਆਂ ਦੇ ਅੰਤ ਵਿੱਚ ਸਭ ਵਿਦਿਆਰਥੀਆਂ ਵਿੱਚ ਬਿਸਕਿਟ ਵੰਡੇ ਗਏ। ਸੰਸਥਾ ਦੇ ਡਾਇਰੈਕਟਰ ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸੂਕਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਸਭ ਵਿਦਿਆਰਥੀਆਂ ਨੂੰ 'ਬਾਲ-ਦਿਵਸ' ਦੀ ਵਧਾਈ ਦਿੱਤੀ ਅਤੇ 'ਬਾਲ-ਦਿਵਸ' ਦੇ ਇਤਿਹਾਸ ਤੋਂ ਜਾਣੂ ਕਰਵਾਇਆ।

# ਸਿਹਤ ਵਿਭਾਗ ਮਨਾ ਰਿਹਾ ਨਵਜੰਮੇ ਬੱਚਿਆਂ ਦੀ ਸੰਭਾਲ ਸੰਬੰਧੀ ਹਫਤਾ

**ਸ੍ਰੀ ਮੁਕਤਸਰ ਸਾਹਿਬ**, (**ਸ਼ਮਿੰਦਰਪਾਲ, ਪੂਜਾ**) ਸਿਹਤ ਵਿਭਾਗ ਪੰਜਾਬ ਤੇ ਸਿਵਲ ਸਰਜਨ ਡਾ. ਰੰਜੂ ਸਿੰਗਲਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਅਤੇ ਸੀ.ਐਚ.ਸੀ ਚੱਕ ਸ਼ੇਰੇ ਵਾਲਾ ਦੇ ਐਸ.ਐਮ.ਓ ਡਾ. ਜਤਿੰਦਰ ਪਾਲ ਸਿੰਘ ਦੀ ਅਗਵਾਈ ਹੇਠ ਬਲਾਕ ਵਿਖੇ 15 ਤੋਂ 21 ਨਵੰਬਰ ਤੱਕ 'ਕੌਮੀ ਨਵਜਾਤ ਹਫਤਾ' ਮਨਾਇਆ ਜਾ ਰਿਹਾ ਹੈ।

ਬੀ.ਈ.ਈ ਮਨਬੀਰ ਸਿੰਘ ਨੇ ਦੱਸਿਆ ਕਿ ਇਹ ਹਫ਼ਤਾ ਨਵਜੰਮੇ ਬੱਚਿਆਂ ਦੀ ਸਾਂਭ ਸੰਭਾਲ ਅਤੇ ਬਿਮਾਰੀਆਂ ਤੋਂ ਬਚਾਅ ਦੇ ਪ੍ਰਤੀ ਜਾਗਰੂਕਤਾ ਹਿਤ ਮਨਾਇਆ ਜਾ ਰਿਹਾ ਹੈ ਤਾਂ ਜੁ ਨਵਜੰਮੇ ਬੱਚਿਆਂ ਦੀ ਮੌਤ ਦਰ ਉੱਤੇ ਕਾਬੂ ਪਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਹਫ਼ਤੇ ਤਹਿਤ ਸਿਹਤ ਕਾਮਿਆਂ ਵੱਲੋਂ ਨਵਜੰਮੇ ਬੱਚਿਆਂ ਦੀ ਸਿਹਤ ਦੀ ਜਾਂਚ ਕੀਤੀ ਜਾਵੇਗੀ ਅਤੇ ਉੱਥੇ ਮਾਂਵਾਂ ਤੇ ਸਮੁੱਚੇ ਪਰਵਾਰ ਨੂੰ ਬੱਚੇ ਦੀ ਸਾਂਭ-ਸੰਭਾਲ ਬਾਰੇ ਜਾਗਰੂਕ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਘਰਾਂ ਵਿੱਚ ਨਵਜੰਮੇ ਬੱਚਿਆਂ ਦੀ ਦੇਖਭਾਲ (ਐਚ.ਬੀ.ਐਨ.ਸੀ) ਤੇ ਘਰਾਂ ਵਿੱਚ ਛੋਟੇ ਬੱਚਿਆਂ ਦੀ ਦੇਖਭਾਲ (ਐਚ.ਬੀ.ਵਾਈ.ਸੀ) ਸੰਬੰਧੀ ਚਲਾਏ ਜਾ ਰਹੇ ਪ੍ਰੋਗਰਾਮ ਤਹਿਤ ਪਿੰਡ ਵਿਚ ਮੌਜੂਦ ਆਸ਼ਾ ਵਰਕਰਾਂ ਵੱਲੋਂ ਡੇਢ ਸਾਲ ਤੱਕ ਦੇ ਬੱਚੇ ਦੀ ਸਿਹਤ ਜਾਂਚ ਕੀਤੀ ਜਾਂਦੀ ਹੈ। ਇਸ ਮੌਕੇ ਫੀਲਡ ਸਟਾਫ ਸੀ.ਐਚ.ਓ, ਮਲਟੀ ਪਰਪਜ਼ ਹੈਲਥ ਸੁਪਰਵਾਈਜ਼ਰ (ਮੇਲ ਤੇ ਫੀਮੇਲ), ਮਲਟੀਪਰਪਜ਼ ਹੈਲਥ ਵਰਕਰ (ਮੇਲ ਤੇ ਫੀਮੇਲ), ਆਸ਼ਾ ਵਰਕਰ ਅਤੇ ਪਿੰਡ ਵਾਸੀ ਮੌਜੂਦ ਸਨ।

# ਸ਼ਹੀਦ ਕਰਤਾਰ ਸਿੰਘ ਸਰਾਭਾ ਸਮੇਤ ਸੱਤ ਸ਼ਹੀਦ ਸਾਥੀਆਂ ਦਾ ਸਾਂਝਾ ਪੋਸਟਰ ਲੋਕ ਅਰਪਣ

**ਸਮਰਾਲਾ**, (**ਸੁਰਜੀਤ ਸਿੰਘ**) ਪੰਜਾਬੀ ਲੋਕ ਵਿਰਾਸਤ ਅਕਾਦਮੀ ਦੇ ਚੇਅਰਮੈਨ ਪ੍ਰੋ ਗੁਰਭਜਨ ਸਿੰਘ ਗਿੱਲ, ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੇ ਮੀਤ ਪ੍ਰਧਾਨ ਤ੍ਰੈਲੋਚਨ ਲੋਚੀ ਤੇ ਪੰਜਾਬੀ ਕਵੀ ਸਤੀਸ਼ ਗੁਲਾਟੀ (ਚੇਤਨਾ ਪ੍ਰਕਾਸ਼ਨ) ਨੇ 16 ਨਵੰਬਰ 1915 ਨੂੰ ਗਦਰ ਪਾਰਟੀ ਦੇ ਇਨਕਲਾਬੀ ਸ਼ਹੀਦਾਂ ਕਰਤਾਰ ਸਿੰਘ ਸਰਾਭਾ ਅਤੇ ਉਨ੍ਹਾਂ ਦੇ ਛੇ ਸਾਥੀਆਂ ਦਾ ਸਾਂਝਾ ਪੋਸਟਰ ਪੰਜਾਬੀ ਭਵਨ ਲੁਧਿਆਣਾ ਵਿਖੇ ਲੋਕ ਅਰਪਣ ਕੀਤਾ। ਇਨ੍ਹਾਂ ਸੱਤ ਸੂਰਮਿਆਂ ਨੂੰ ਲਾਹੌਰ ਸੈਂਟਰਲ ਜੇਲ੍ਹ ਲਾਹੌਰ ਵਿਚ ਇਕੱਠਿਆਂ 16 ਨਵੰਬਰ ਇੱਕੋ ਵੇਲੇ ਲਾਹੌਰ ਸੈਂਟਰਲ ਜੇਲ੍ਹ ਵਿੱਚ ਫਾਂਸੀ ਚੜ੍ਹਾਇਆ ਗਿਆ ਸੀ। ਵਰਨਣਯੋਗ ਹੈ ਕਿ ਪਿਛਲੇ ਕਈ ਸਾਲਾਂ ਤੋਂ ਪੰਜਾਬ ਸਰਕਾਰ ਨੂੰ ਚੇਤਾ ਕਰਾਉਣ ਦੇ ਬਾਵਜੂਦ ਦੇਸ ਵੰਡ ਮਗਰੋਂ ਕਦੇ ਵੀ ਇਨ੍ਹਾਂ ਸੱਤਾਂ ਸੂਰਮਿਆਂ ਦਾ ਇਕੱਠਿਆਂ ਸ਼ਹਾਦਤ ਦਿਹਾੜਾ ਨਹੀਂ ਮਨਾਇਆ ਗਿਆ।

ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਵੱਲੋਂ ਪਿਛਲੇ ਸਾਲ ਵੀ 16 ਨਵੰਬਰ ਦੇ ਸੱਤ ਸ਼ਹੀਦਾਂ ਦਾ ਸਾਂਝਾ ਕੈਲੰਡਰ ਛਾਪ ਕੇ ਵੰਡਿਆ ਗਿਆ ਸੀ।

ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੇ ਮੀਤ ਪ੍ਰਧਾਨ ਤ੍ਰੈਲੋਚਨ ਲੋਚੀ ਨੇ ਕਿਹਾ ਕਿ ਸਾਨੂੰ ਕੋਸ਼ਿਸ਼ ਕਰਨੀ ਚਾਹੀਦੀ ਹੈ ਤਾਂ ਜੁ 16 ਨਵੰਬਰ ਦੇ ਸਸ਼ੀਦਾਂ ਦੀ ਸਾਂਝੀ ਜੀਵਨੀ ਵੀ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਿਲੇਬਸ ਦਾ ਹਿੱਸਾ ਬਣੇ।

ਸਤੀਸ਼ ਗੁਲਾਟੀ ਨੇ ਕਿਹਾ ਕਿ ਉਹ ਚੇਤਨਾ ਪ੍ਰਕਾਸ਼ਨ ਵੱਲੋਂ ਇਨ੍ਹਾਂ ਸੱਤ ਸ਼ਹੀਦਾਂ ਬਾਰੇ ਸਾਂਝੀ ਪੁਸਤਕ ਅਗਲੇ ਸਾਲ ਤੀਕ ਤਿਆਰ ਕਰਾਈ ਜਾਵੇਗੀ। ਸੱਤ ਸ਼ਹੀਦਾਂ ਦਾ ਸਾਂਝਾ ਪੋਸਟਰ ਵੀ ਛਾਪ ਕੇ ਉਹ ਦੇਸ ਬਦੇਸ਼ ਵਿੱਚ ਪੁਚਾਉਣਗੇ। ਇਸ ਮੌਕੇ ਪੰਜਾਬੀ ਕਹਾਣੀਕਾਰ ਸੁਰਿੰਦਰਦੀਪ ਤੇ ਸੁਮਿਤ ਗੁਲਾਟੀ ਤੋਂ ਇਲਾਵਾ ਕੁਝ ਹੋਰ ਸ਼ੁਭਚਿੰਤਕ ਵੀ ਹਾਜ਼ਰ ਸਨ।

# ਬੁੱਢਾ ਦਲ ਪਬਲਿਕ ਸਕੂਲ 'ਚੋਂ ਸਿੱਖਿਅਤ ਵਿਦਿਆਰਥੀ ਉੱਚ ਅਹੁਦਿਆਂ 'ਤੇ ਪਹੁੰਚੇ : ਜੌੜਾਮਾਜਰਾ



**ਸਮਾਣਾ** (**ਇਕਬਾਲ ਸਿੰਘ ਬੱਲ**) ਬੁੱਢਾ ਦਲ ਪਬਲਿਕ ਸਕੂਲ ਵਿੱਚ ਸਕੂਲ ਦੇ ਮੁੱਖ ਸਰਪ੍ਰਸਤ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੀ ਸਰਪ੍ਰਸਤੀ ਹੇਠ ਸਾਲਾਨਾ ਇਨਾਮ ਵੰਡ ਸਮਾਰੋਹ ਨੂੰ ਬਹੁਰੰਗੀ ਸ਼ੈਲੀ ਤੇ ਨਿਵੇਕਲੇ ਢੰਗ ਨਾਲ ਮਨਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਚੇਤਨ ਸਿੰਘ ਜੌੜਾਮਾਜਰਾ ਸਿਹਤ ਮੰਤਰੀ ਅਤੇ ਵਿਸ਼ੇਸ਼ ਮਹਿਮਾਨ ਵਜੋਂ ਸ੍ਰੀਮਤੀ ਮਨਪ੍ਰੀਤ ਕੌਰ ਭੈਣ ਮੁੱਖ ਮੰਤਰੀ ਨੇ ਸ਼ਿਰਕਤ ਕੀਤੀ। ਇਸ ਮੌਕੇ ਸਕੂਲ ਪ੍ਰਧਾਨ ਸ੍ਰੀਮਤੀ ਸੁਖਵਿੰਦਰਜੀਤ ਕੌਰ, ਸਕੂਲ ਡਾਇਰੈਕਟਰ ਆਫ਼ ਐਜੂਕੇਸ਼ਨ ਤੇ ਸਲਾਹਕਾਰ ਐਡਵੋਕੇਟ ਕਰਨ ਰਾਜਬੀਰ ਸਿੰਘ, ਸ੍ਰੀਮਤੀ ਅਮਨਦੀਪ ਕੌਰ ਇੰਚਾਰਜ ਜੂਨੀਅਰ ਵਿੰਗ ਪਟਿਆਲਾ ਤੇ ਹੋਰ ਸਨਮਾਨਯੋਗ ਸ਼ਖ਼ਸੀਅਤਾਂ ਦੇ ਪੁੱਜਣ 'ਤੇ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਨਰਿੰਦਰ ਕੌਰ ਤੇ ਸਟਾਫ਼ ਵੱਲੋਂ ਸਭ ਦਾ ਨਿੱਘਾ ਸਵਾਗਤ ਕੀਤਾ ਗਿਆ। ਚੇਤਨ ਸਿੰਘ ਜੌੜਾਮਾਜਰਾ ਨੇ ਸੰਬੋਧਨ ਕਰਦਿਆ ਕਿਹਾ ਕਿ ਬੱਚੇ ਦੇਸ਼ ਦਾ ਭਵਿੱਖ ਹੁੰਦੇ ਹਨ, ਇਨ੍ਹਾਂ ਬੱਚਿਆਂ ਨੇ ਹੀ ਦੇਸ਼ ਦੀ ਵਾਂਗਡੋਰ ਸੰਭਾਲਣੀ ਹੈ। ਬੁੱਢਾ ਦਲ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਹਰ ਮੁਕਾਬਲੇ ਵਿੱਚ ਚੰਗੀਆਂ ਮੱਲਾਂ ਮਾਰੀਆਂ ਹਨ। ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਜੀ ਦੀ ਸੁਚੱਜੀ ਅਗਵਾਈ ਹੇਠ ਸਕੂਲ ਸਟਾਫ਼ ਦੀ ਚੰਗੀ ਮਿਹਨਤ ਤੇ ਵਿਦਿਆਰਥੀਆਂ ਦੀ ਲਗਨ ਸਕੂਲ ਦਾ ਨਾਂਅ ਚਮਕਾ ਰਹੇ ਹਨ। ਏਹੀ ਬੱਚੇ ਪੜ੍ਹ-ਲਿਖ ਕੇ ਚੰਗੇ ਅਹੁਦਿਆਂ ਤੇ ਸੇਵਾ ਨਿਭਾਅ ਰਹੇ ਹਨ ।ਸਮਾਰੋਹ ਦੀ ਸ਼ੁਰੂਆਤ ਸਕੂਲੀ ਬੱਚਿਆਂ ਨੇ ਮਿੱਠੀ ਧੁੰਨ ਅਤੇ ਸੁਰੀਲੀ ਆਵਾਜ਼ ਵਿੱਚ ਸ਼ਬਦ ਗਾਇਨ ਕਰਕੇ ਕੀਤੀ। ਬੱਚਿਆਂ ਦੀਆਂ ਵੱਖ-ਵੱਖ ਟੋਲੀਆਂ ਨੇ ਵੱਖਰੀਆਂ-ਵੱਖਰੀਆਂ ਪੇਸਕਾਰੀਆਂ ਕਰਕੇ ਖ਼ੂਬ ਰੰਗ ਬਣਿਆ। ਜਿਵੇਂ ਗਣੇਸ਼ ਵੰਦਨਾ, ਤਾਇਕਵਾਂਡੋ ਮਾਰਸ਼ਲ ਕਰਤੱਵ, ਤਾਰੇ ਜ਼ਮੀਨ ਪਰ, ਗਿੱਧਾ, ਜਾਗੋ, ਭੰਗੜਾ ਆਦਿ। ਇਕ ਮੌਕੇ ਜਸਵਿੰਦਰ ਸਿੰਘ ਜੱਸੀ ਅਮਰੀਕਾ, ਬਾਬਾ ਵਿਸ਼ਵਪ੍ਰਤਾਪ ਸਿੰਘ, ਬਾਬਾ ਸੁਖਦੇਵ ਸਿੰਘ ਸੁਖਾ, ਬਾਬਾ ਲਛਮਣ ਸਿੰਘ, ਬਾਬਾ ਗੁਰਮੁੱਖ ਸਿੰਘ ਤੇ ਸ੍ਰੀ ਅਜੇ ਗਰਗ ਆਦਿ ਹਾਜ਼ਰ ਸਨ।

# ਦੰਦਾਂ ਦੀਆਂ ਬਿਮਾਰੀਆਂ ਦੀ ਰੋਕਥਾਮ ਸੰਬੰਧੀ ਪੰਦਰਵਾੜੇ ਦੀ ਸ਼ੁਰੂਆਤ

**ਨਾਭਾ** (**ਵਰਿੰਦਰ ਵਰਮਾ**) ਸਿਵਲ ਸਰਜਨ ਪਟਿਆਲਾ ਡਾ. ਵਰਿੰਦਰ ਕੁਮਾਰ ਤੇ ਡੀ.ਡੀ.ਐਚ.ਓ ਡਾ. ਸਤਬੀਰ ਕੌਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਸੰਸਾਰ ਸਿਵਲ ਹਸਪਤਾਲ ਵਿਖੇ ਦੰਦਾਂ ਦੀਆਂ ਬਿਮਾਰੀਆਂ ਦੀ ਰੋਕਥਾਮ ਸੰਬੰਧੀ ਜਾਗਰੂਕਤਾ ਪੰਦਰਵਾੜਾ ਮਨਾਇਆ ਗਿਆ। ਇਸ ਮੌਕੇ ਐਸ.ਐਮ.ਓ ਡਾ. ਸੰਜੇ ਗੋਇਲ ਵੱਲੋਂ ਦੰਦਾਂ ਦੀ ਸੰਭਾਲ ਲਈ 34ਵੇਂ ਕੈਂਪ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਡਾ. ਸੰਜੇ ਗੋਇਲ ਨੇ ਦੱਸਿਆ ਕਿ 14 ਤੋਂ 29 ਨਵੰਬਰ ਤੱਕ ਚੱਲਣ ਵਾਲੇ ਦੰਦਾਂ ਦੇ ਸਿਹਤ ਪੰਦਰਵਾੜੇ ਦੌਰਾਨ ਦੰਦਾਂ ਨਾਲ ਜੁੜੀਆਂ ਸਿਹਤ ਸਮੱਸਿਆਵਾਂ ਦਾ ਇਲਾਜ ਕੀਤਾ ਜਾਵੇਗਾ ਤੇ ਨਾਲ ਹੀ ਬਜ਼ੁਰਗਾਂ ਦੇ ਦੰਦਾਂ ਦੇ ਸੈੱਟ ਮੁਫ਼ਤ ਲਾਏ ਜਾਣਗੇ। ਉਨ੍ਹਾਂ ਕਿਹਾ ਕਿ ਇਲਾਕੇ ਦੇ ਪਿੰਡਾਂ, ਸਲੱਮ ਏਰੀਆ, ਝੁੱਗੀਆਂ ਝੌਂਪੜੀਆਂ ਆਦਿ ਥਾਂਵਾਂ 'ਤੇ ਜਾ ਕੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਮੁਫ਼ਤ ਸੇਵਾਵਾਂ ਲਈ ਇਸ ਦੰਦਾਂ ਦੇ ਪੰਦਰਵਾੜੇ ਦਾ ਵੱਧ ਤੋਂ ਵੱਧ ਲਾਭ ਲਿਆ ਜਾਏ। ਡੈਂਟਲ ਮੈਡੀਕਲ ਅਫ਼ਸਰ ਡਾ. ਜਪਨੀਤ ਕੌਰ ਨੇ ਦੱਸਿਆ ਕਿ ਸਿਹਤਮੰਦ ਦੰਦ ਸਿਹਤਮੰਦ ਸਰੀਰ ਦਾ ਆਧਾਰ ਹਨ। ਇਸ ਲਈ ਦੰਦਾਂ ਦੀ ਸਾਭ ਸੰਭਾਲ ਬਹੁਤ ਜ਼ਰੂਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਪੰਦਰਵਾੜੇ ਨੂੰ ਸਫ਼ਲ ਕਰਨ ਵਿੱਚ ਸਿਹਤ ਵਿਭਾਗ ਦਾ ਸਹਿਯੋਗ ਦੇਣ ਅਤੇ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ।

# ਪਿੰਡ ਭੱਦਲਵੱਡ 'ਚ ਕਿਸਾਨ ਮੋਹਨਦੀਪ ਸਿੰਘ ਨੇ 18 ਏਕੜ 'ਚ ਕੀਤਾ ਪਰਾਲੀ ਦਾ ਪ੍ਰਬੰਧਨ

**ਮਹਿਲ ਕਲਾਂ**, (**ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ**) ਡਿਪਟੀ ਕਮਿਸ਼ਨਰ ਬਰਨਾਲਾ ਡਾ. ਹਰੀਸ਼ ਨਈਅਰ ਦੀ ਅਗਵਾਈ ਹੇਠ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਦੀ ਸੁਚੱਜੀ ਸੰਭਾਲ ਲਈ ਕਿਸਾਨਾਂ ਨੂੰ ਪ੍ਰੇਰਤ ਕਰ ਰਿਹਾ ਹੈ। ਇਸੇ ਲੜੀ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਡਾ. ਵਰਿੰਦਰ ਕੁਮਾਰ ਤੇ ਟੀਮ ਵੱਲੋਂ ਮਹਿਲ ਕਲਾਂ ਬਲਾਕ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ ਹੈ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਕਿਸਾਨ ਮੋਹਨਦੀਪ ਸਿੰਘ ਪਿੰਡ ਭੱਦਲਵੱਡ ਨੇ ਆਪਣੇ 18 ਏਕੜ ਵਿੱਚੋਂ 9 ਏਕੜ ਵਿੱਚ ਪਰਾਲੀ ਦੀਆਂ ਗੱਠਾਂ ਬਣਵਾਈਆਂ ਤੇ 9 ਏਕੜ ਵਿੱਚ ਪਰਾਲੀ ਦੀ ਤੂੜੀ ਬਣਵਾ ਕੇ ਜ਼ੀਰੋ ਟਰਿੱਲ ਨਾਲ ਕਣਕ ਦੀ ਬਿਜਾਈ ਕਰ ਰਿਹਾ ਹੈ।

ਕਿਸਾਨ ਮੋਹਨਦੀਪ ਸਿੰਘ ਭੱਦਲਵੱਡ ਨੇ ਦੱਸਿਆ ਕਿ ਉਸ ਦਾ ਕੋਈ ਵੀ ਖਰਚਾ ਨਹੀਂ ਹੋਇਆ ਤੇ ਪਰਾਲੀ ਦੀਆਂ ਗੱਠਾਂ ਤੇ ਪਰਾਲੀ ਦੀ ਤੂੜੀ ਮੁਫ਼ਤ ਵਿੱਚ ਬਣਾ ਕੇ ਉਸ ਦੇ ਖੇਤ ਖਾਲੀ ਕੀਤੇ ਗਏ ਹਨ। ਇਸ ਤਰਾਂ ਹੀ ਕਿਸਾਨ ਗੁਰਪ੍ਰੀਤ ਸਿੰਘ ਭੱਦਲਵੱਡ ਨੇ ਵੀ ਆਪਣੇ 15 ਏਕੜ ਵਿੱਚ ਪਰਾਲੀ ਦੀਆਂ ਗੱਠਾਂ ਬਣਵਾ ਕੇ ਜ਼ੀਰੋ ਟਰਿੱਲ ਡਰਿੱਲ ਨਾਲ ਕਣਕ ਦੀ ਬਿਜਾਈ ਕੀਤੀ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹਾ ਤੋਂ ਨਾਇਬ ਸੈਣੀ ਬੇਲਰ ਮਾਲਕ ਤਕਰੀਬਨ ਇੱਕ ਮਹੀਨੇ ਤੋਂ ਬਰਨਾਲਾ ਦੇ ਵੱਖ ਵੱਖ ਪਿੰਡਾਂ ਮਾਂਗੇਵਾਲ, ਹਮੀਦੀ, ਠੁੱਲੀਵਾਲ, ਹਮੀਦੀ, ਮਨਾਲ, ਭੱਦਲਵੱਡ ਤੇ ਹੋਰ ਪਿੰਡਾਂ ਵਿੱਚ ਪਰਾਲੀ ਦੀਆਂ ਗੱਠਾਂ ਮੁਫ਼ਤ ਬਣਾ ਰਹੇ ਹਨ ਤੇ ਹੁਣ ਤੱਕ 25000 ਮੀਟਰਕ ਟਨ ਪਰਾਲੀ ਪੰਜਗਰਾਈ ਬਾਇਓਮਾਸ ਪਲਾਂਟ ਨੂੰ ਦੇ ਚੁੱਕੇ ਹਨ। ਖੇਤੀਬਾੜੀ ਵਿਭਾਗ ਵੱਲੋਂ ਸਕੂਲਾਂ ਵਿਚ ਵਿੱਢੀ ਜਾਗਰੂਕਤਾ ਮੁਹਿੰਮ ਬਦੌਲਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀ ਲਵਪ੍ਰੀਤ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਮਹਿਲ ਕਲਾਂ (ਜਮਾਤ ਗਿਆਰਵੀਂ) ਨੇ ਮਿਸਾਲ ਕਾਇਮ ਕੀਤੀ ਹੈ। ਉਸ ਨੇ ਜਾਗਰੂਕਤਾ ਸੈਮੀਨਾਰ ਤੋਂ ਪ੍ਰੇਰਿਤ ਹੋ ਕੇ ਆਪਣੇ ਪਿਤਾ ਨੂੰ ਆਪਣੇ ਸਾਢੇ ਚਾਰ ਏਕੜ ਖੇਤ ਵਿੱਚ ਪਰਾਲੀ ਨੂੰ ਅੱਗ ਲਾਉਣ ਤੋਂ ਰੋਕਿਆ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਵਰਿੰਦਰ ਕੁਮਾਰ ਨੇ ਵਿਦਿਆਰਥੀ ਲਵਪ੍ਰੀਤ ਸਿੰਘ ਨੂੰ ਸਨਮਾਨਤ ਕੀਤਾ ਅਤੇ ਹੋਰਨਾਂ ਬੱਚਿਆਂ ਨੂੰ ਵੀ ਪ੍ਰੇਰਨਾ ਲੈਣ ਦੀ ਅਪੀਲ ਕੀਤੀ।

# ਭਾਸ਼ਾ ਵਿਭਾਗ ਦੇ ਰਾਜ ਪੱਧਰੀ ਮੁਕਾਬਲਿਆਂ 'ਚ ਵਿਦਿਆਰਥਣਾਂ ਨੇ ਜ਼ਿਲ੍ਹੇ ਦਾ ਨਾਂਅ ਕੀਤਾ ਰੌਸ਼ਨ

**ਬਰਨਾਲਾ**, (**ਰਜਿੰਦਰ ਬਰਾੜ/ਰਕੇਸ਼ ਨੀਟਾ**)-ਭਾਸ਼ਾ ਵਿਭਾਗ ਪੰਜਾਬ ਵੱਲੋਂ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਦੇ ਕਰਾਏ ਰਾਜ ਪੱਧਰੀ ਸਿਰਜਣਾਤਮਕ ਅਤੇ ਕਵਿਤਾ ਗਾਇਨ ਮੁਕਾਬਲਿਆਂ ਵਿੱਚੋਂ ਜ਼ਿਲ੍ਹੇ ਦੇ ਸਕੂਲਾਂ ਦੀਆਂ ਵਿਦਿਆਰਥਣਾਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹੇ ਦਾ ਨਾਂਅ ਰੌਸ਼ਨ ਕੀਤਾ ਗਿਆ ਹੈ।



ਸੁਖਵਿੰਦਰ ਸਿੰਘ ਗੁਰਮ ਜ਼ਿਲ੍ਹਾ ਭਾਸ਼ਾ ਅਫ਼ਸਰ ਅਤੇ ਬਿੰਦਰ ਸਿੰਘ ਖੁੱਡੀ ਕਲਾਂ ਖੋਜ ਅਫ਼ਸਰ ਨੇ ਦੱਸਿਆ ਕਿ ਭਾਸ਼ਾਵਾਂ ਬਾਰੇ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਦੀ ਰਹਿਨੁਮਾਈ ਅਤੇ ਵਿਭਾਗ ਦੇ ਪ੍ਰਮੁੱਖ ਸਕੱਤਰ ਜਸਪ੍ਰੀਤ ਤਲਵਾੜ ਦੀ ਅਗਵਾਈ ਹੇਠ ਵਿਭਾਗ ਦੇ ਸੰਯੁਕਤ ਡਾਇਰੈਕਟਰ ਡਾ. ਵੀਰਪਾਲ ਕੌਰ ਦੀਆਂ ਹਦਾਇਤਾਂ ਅਨੁਸਾਰ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਦੀਆਂ ਸਿਰਜਣਾਤਮਕ ਰੁਚੀਆਂ ਦੀ ਪ੍ਰਫੁੱਲਤਾ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਉਪਰਾਲਿਆਂ ਤਹਿਤ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਦੇ ਵੱਖ-ਵੱਖ ਸਾਹਿਤਕ ਸਿਰਜਣ ਅਤੇ ਕਵਿਤਾ ਗਾਇਨ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਉਪਰੰਤ ਰਾਜ ਪੱਧਰੀ ਮੁਕਾਬਲੇ ਸਰਕਾਰੀ ਕਾਲਜ (ਲੜਕੀਆਂ) ਲੁਧਿਆਣਾ ਵਿਖੇ ਕਰਾਏ ਗਏ। ਇਨ੍ਹਾਂ ਮੁਕਾਬਲਿਆਂ 'ਚ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚੋਂ ਪਹਿਲੇ ਤੇ ਦੂਜੇ ਸਥਾਨ 'ਤੇ ਰਹਿਣ ਵਾਲੇ ਸਮੂਹ ਜ਼ਿਲ੍ਹਿਆਂ ਦੇ ਵਿਦਿਆਰਥੀਆਂ ਵੱਲੋਂ ਭਾਗ ਲਿਆ ਗਿਆ। ਰਾਜ ਪੱਧਰੀ ਕਵਿਤਾ ਸਿਰਜਣ ਮੁਕਾਬਲੇ ਵਿੱਚੋਂ ਸਰਕਾਰੀ ਹਾਈ ਸਕੂਲ ਨੰਗਲ ਦੀ ਵਿਦਿਆਰਥਣ ਜਸਪ੍ਰੀਤ ਕੌਰ ਵੱਲੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਗਿਆ, ਜਦਕਿ ਕਵਿਤਾ ਗਾਇਨ ਮੁਕਾਬਲੇ ਵਿੱਚੋਂ ਸਰਕਾਰੀ ਹਾਈ ਸਕੂਲ ਸਹਿਜੜਾ ਦੀ ਵਿਦਿਆਰਥਣ ਚਰਨਕੰਵਲ ਕੌਰ ਵੱਲੋਂ ਤੀਜਾ ਸਥਾਨ ਪ੍ਰਾਪਤ ਕੀਤਾ ਗਿਆ।

# ਬੱਚਿਆਂ ਨੂੰ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਦਾ ਦੌਰਾ ਕਰਾਇਆ

**ਬਾਘਾ ਪੁਰਾਣਾ** (**ਮਨੀ ਸਿੰਗਲਾ**) ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੂੰ ਚਿਲਡਰਨ ਡੇਅ ਦੇ ਮੌਕੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਿਖੇ ਲਿਜਾਇਆ ਗਿਆ। ਸਕੂਲ ਦੇ ਚੇਅਰਮੈਨ ਸ੍ਰੀ ਤਰਸੇਮ ਲਾਲ ਗਰਗ ਨੇ ਦੱਸਿਆ ਕਿ ਇਹੋ ਜਿਹੇ ਵਿਦਿਆਰਥੀ ਟੂਰ ਬੱਚਿਆਂ ਨੂੰ ਥਿਊਰੀ ਦੇ ਨਾਲ-ਨਾਲ ਪ੍ਰੈਕਟੀਕਲ ਸਿਖਾਉਂਦੇ ਹਨ। ਸਕੂਲ ਮੈਨੇਜਰ ਮੈਡਮ ਜੀਨਸ ਗਰਗ ਨੇ ਬੱਚਿਆਂ ਨੂੰ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਾਇੰਸ ਤੋਂ ਬਿਨਾਂ ਮਨੁੱਖ ਹੋਂਦ ਅਸੰਭਵ ਜਾਪਦੀ ਹੈ। ਇਸ ਲਈ ਸਾਇੰਸ ਦੀ ਜਾਣਕਾਰੀ ਰੱਖਣਾ ਬਹੁਤ ਜ਼ਰੂਰੀ ਹੈ।



ਸਕੂਲ ਪ੍ਰਿੰਸੀਪਲ ਨੇ ਬੱਚਿਆਂ ਨੂੰ ਚਿਲਡਰਨ ਦੇ ਦੀ ਮਹੱਤਤਾ ਬਾਰੇ ਦੱਸਿਆ। ਸਾਇੰਸ ਸਿਟੀ ਬਾਰੇ ਉਨ੍ਹਾਂ ਕਿਹਾ ਕਿ ਇਸ ਦੀ ਸਭ ਤੋਂ ਵੱਡੀ ਖਾਸੀਅਤ ਇਹ ਹੈ ਕਿ ਇਹ ਵਿਗਿਆਨ ਤੇ ਪ੍ਰਕਿਰਤੀ ਦੀ ਜਾਣਕਾਰੀ ਦਿੰਦੀ ਹੈ। ਫਿਜ਼ਿਕਸ ਕੈਮਿਸਟਰੀ ਬਾਇਓਲੋਜੀ ਤੇ ਗਣਿਤ ਵਿਸ਼ਿਆਂ ਦੀ ਜਾਣਕਾਰੀ ਬੱਚੇ ਖੇਡ-ਖੇਡ ਵਿੱਚ ਬੜੀ ਆਸਾਨੀ ਨਾਲ ਸਿੱਖਦੇ ਹਨ ਅਤੇ ਸਮਝਦੇ ਹਨ।

# ਐੱਸ ਆਰ ਐੱਸ ਵਿੱਦਿਆਪੀਠ 'ਚ ਹਿੰਦੀ ਸਮਾਗਮ

**ਸਮਾਣਾ** (**ਗੁਰਪਿਆਰ ਸਿੰਘ ਬੱਲ**)-ਐੱਸ ਆਰ ਐੱਸ ਵਿੱਦਿਆਪੀਠ ਵਿੱਚ 16 ਨਵੰਬਰ ਨੂੰ ਹਿੰਦੀ ਸਮਾਗਮ ਬਹੁਤ ਹੀ ਚਾਅ ਤੇ ਉਤਸ਼ਾਹ ਨਾਲ਼ ਮਨਾਇਆ ਗਿਆ। ਇਸ ਵਿੱਚ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਨੌਂਵੀਂ ਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਸ਼ਿਵ ਜੀ ਦੀ ਅਰਾਧਨਾ ਕਰਕੇ ਪ੍ਰੋਗਰਾਮ ਦਾ ਆਗਾਜ਼ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸਕੂਲ ਦੇ ਮੁੱਖ ਅਧਿਆਪਕਾ ਮੁੱਖ ਮਹਿਮਾਨ ਦੇ ਤੌਰ 'ਤੇ ਮੌਜੂਦ ਸਨ। ਬੱਚਿਆਂ ਦੁਆਰਾ ਸਵਾਗਤਮ ਗੀਤ ਗਾ ਕੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਗਿਆ। ਤੀਜੀ ਜਮਾਤ ਦੇ ਵਿਦਿਆਰਥੀਆਂ ਨੇ ਹਿੰਦੀ ਭਾਸ਼ਾ 'ਤੇ ਕਵਿਤਾ ਗਾਈ। ਸੱਤਵੀਂ ਜਮਾਤ ਦੇ ਵਿਦਿਆਰਥੀਆਂ ਨੇ ਕਬੀਰ ਜੀ ਦੇ ਦੋਹੇ ਬੋਲ ਕੇ ਸਭ ਨੂੰ ਖ਼ੁਸ਼ ਕਰ ਦਿੱਤਾ। ਚੌਥੀ ਜਮਾਤ ਦੇ ਵਿਦਿਆਰਥੀਆਂ ਨੇ ਬਹੁਤ ਹੀ ਸ਼ਾਨਦਾਰ ਵਿਗਿਆਪਨ ਪੇਸ਼ ਕੀਤਾ। ਅੱਠਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ 'ਬੇਟੀ ਪੜਾਉ ਤੇ ਬੇਟੀ ਬਚਾਓ' ਵਿਸ਼ੇ ਉੱਤੇ ਨਾਟਕ ਪੇਸ਼ ਕੀਤਾ ਗਿਆ। ਪ੍ਰੋਗਰਾਮ ਦਾ ਅੰਤ ਰਾਸ਼ਟਰੀ ਗੀਤ ਗਾ ਕੇ ਕੀਤਾ ਗਿਆ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕਾ ਮਿਸ ਮਿਲੀ ਬੋਸ ਤੇ ਚੇਅਰਮੈਨ ਅਮਿਤ ਸਿੰਗਲਾ ਨੇ ਵਿਦਿਆਰਥੀਆਂ ਦੀ ਕਲਾ ਦੀ ਬਹੁਤ ਪ੍ਰਸੰਸਾ ਕੀਤੀ ਅਤੇ ਭਵਿੱਖ ਵਿੱਚ ਵੀ ਉਨ੍ਹਾਂ ਨੂੰ ਅਜਿਹੇ ਪ੍ਰੋਗਰਾਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਬਾਲ ਦਿਵਸ 'ਤੇ ਲੱਗੀਆਂ ਰੌਣਕਾਂ

**ਤਰਨਤਾਰਨ** (**ਪ੍ਰਿਤਪਾਲ ਸਿੰਘ**)-ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ, ਮਹਾਨ ਆਜ਼ਾਦੀ ਘੁਲਾਟੀਏ ਪੰਡਿਤ ਜਵਾਹਰ ਲਾਲ ਨਹਿਰੂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਚੀਫ ਖਾਲਸਾ ਦੀਵਾਨ ਦੀ ਸਰਪ੍ਰਸਤੀ ਹੇਠ ਚੱਲ ਰਹੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਤਰਨਤਾਰਨ ਵਿਖੇ ਬਾਲ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਵਿੱਚ 14 ਨਵੰਬਰ ਨੂੰ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ। ਇਸ ਦਿਨ ਦਸਵੀਂ ਜਮਾਤ ਦੀ ਅਮਾਨਤਜੋਤ ਕੌਰ ਨੇ ਇੱਕ ਗੀਤ ਗਾਇਆ। ਨੌਂਵੀਂ ਜਮਾਤ ਦੀ ਨਵਜੋਤ ਕੌਰ ਨੇ ਇਸ ਮੌਕੇ ਚਾਚਾ ਨਹਿਰੂ ਦੇ ਜੀਵਨ ਬਾਰੇ ਇੱਕ ਭਾਸ਼ਣ ਦਿੱਤਾ। ਸਕੂਲ ਦੀ ਸੰਗੀਤ ਅਧਿਆਪਕਾ ਮਨਪ੍ਰੀਤ ਕੌਰ ਨੇ ਵੀ ਗੀਤ ਗਾਇਆ। ਇਸ ਮੌਕੇ ਪ੍ਰਧਾਨ ਲੋਕਲ ਕਮੇਟੀ ਅਤੇ ਮੈਂਬਰ ਇੰਚਾਰਜ ਹਰਜੀਤ ਸਿੰਘ ਅਤੇ ਮੀਤ ਪ੍ਰਧਾਨ ਲੋਕਲ ਕਮੇਟੀ ਅਤੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ ਨੇ ਬੱਚਿਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਪ੍ਰਸ਼ੰਸਾ ਕੀਤੀ। ਬੱਚਿਆਂ ਨੂੰ ਦੇਸ਼ ਦਾ ਭਵਿੱਖ ਦੱਸਦਿਆਂ ਉਨ੍ਹਾਂ ਨੂੰ ਜੀਵਨ ਵਿੱਚ ਟੀਚੇ ਨਿਰਧਾਰਤ ਕਰਨ ਅਤੇ ਉਨ੍ਹਾਂ ਨੂੰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਦੀ ਪ੍ਰਿੰਸੀਪਲ ਰਣਜੀਤ ਭਾਟੀਆ ਨੇ ਬੱਚਿਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਇਸ ਦਿਨ 4 ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਨ ਲਈ ਕਿਹਾ।



# ਹਰਜੀਤ ਸਿੰਘ ਸੱਗੂ ਪ੍ਰਧਾਨ ਤੇ ਰਘਵੀਰ ਸਿੰਘ ਰਾਮਗੜ੍ਹੀਆ ਸਕੱਤਰ ਬਣੇ

**ਮਾਨਸਾ** (**ਆਤਮਾ ਸਿੰਘ ਪਮਾਰ**) -ਬਾਬਾ ਵਿਸ਼ਵਕਰਮਾ ਮੰਦਰ ਕਮੇਟੀ ਰਾਮਗੜ੍ਹੀਆ ਸਭਾ ਦੀ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿਚ ਸਭਾ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਮੀਟਿੰਗ ਵਿੱਚ ਸਰਬਸਮਤੀ ਨਾਲ ਹਰਜੀਤ ਸਿੰਘ ਸੱਗੂ ਨੂੰ ਪ੍ਰਧਾਨ ਅਤੇ ਰਘਵੀਰ ਸਿੰਘ ਰਾਮਗੜ੍ਹੀਆ ਨੂੰ ਸਕੱਤਰ ਚੁਣਿਆ ਗਿਆ। ਇਸ ਤੋਂ ਇਲਾਵਾ ਗੁਰਜੀਤ ਸਿੰਘ ਠੇਕੇਦਾਰ ਤੇ ਇਦਰਜੀਤ ਸਿੰਘ ਮੁਨਸ਼ੀ ਨੂੰ ਸੀਨੀਅਰ ਮੀਤ, ਪ੍ਰਧਾਨ ਹਰਵਿੰਦਰ ਸਿੰਘ ਟੀ.ਟੀ ਨੂੰ, ਖ਼ਜ਼ਾਨਚੀ ਜਸਵਿੰਦਰ ਸਿੰਘ ਕਾਕਾ ਪ੍ਰੈਸ ਸਕੱਤਰ ਤੇ ਅਵਤਾਰ ਸਿੰਘ ਤਾਰੀ ਦਫਤਰ ਸਕੱਤਰ ਲ਼ਾਏ ਗਏ। ਇਸ ਤੋਂ ਇਲਾਵਾ ਜਰਨੈਲ ਸਿੰਘ ਠੇਕੇਦਾਰ ਤੇ ਹਰਜੀਤ ਸਿੰਘ ਕਨਕਵਾਲੀਆ ਨੂੰ ਸਰਪ੍ਰਸਤ ਨਿਯੁਕਤ ਕੀਤਾ ਗਿਆ। ਇੰਦਰਜੀਤ ਸਿੰਘ ਮੁਨਸ਼ੀ ਤੇ ਗੁਰਜੀਤ ਸਿੰਘ ਠੇਕੇਦਾਰ ਨੂੰ ਸੀਨੀਅਰ ਮੀਤ ਪ੍ਰਧਾਨ ਦੀ ਜ਼ਿੰਮੇਵਾਰੀ ਦਿੱਤੀ ਗਈ। ਇਸ ਦੇ ਨਾਲ ਹੀ 31 ਮੈਂਬਰੀ ਕਮੇਟੀ ਦੀ ਚੋਣ ਵੀ ਕੀਤੀ ਗਈ।

## ...ਸਫ਼ਾ 1 ਦੇ ਬਾਕੀ

### ਭਾਜਪਾ ਸਰਕਾਰ ਅਜ਼ਾਦੀ...

ਸੁਚੇਤ ਕਰਦਿਆਂ ਕਿਹਾ ਕਿ ਪੂਰੀ ਤਰ੍ਹਾਂ ਗੈਰ-ਵਿਗਿਆਨਕ ਵਿਚਾਰਾਂ ਨੂੰ ਫੈਲਾ ਕੇ ਸਮਾਜ ਨੂੰ ਪਛੜੀ ਸਥਿਤੀ ਵਿੱਚ ਧੱਕਣ ਦੀ ਸਾਜ਼ਿਸ਼ ਰਚੀ ਜਾ ਰਹੀ ਹੈ ਅਤੇ 'ਗਊ ਮੂਤਰਾ' ਵਰਗੀ ਗੁੰਝਲਦਾਰਤਾ ਦਾ ਪ੍ਰਚਾਰ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਅਜਿਹੀਆਂ ਤਾਕਤਾਂ ਦਾ ਡਟ ਕੇ ਮੁਕਾਬਲਾ ਕਰਨ ਦੀ ਲੋੜ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮੇਸ਼ ਰਤਨ, ਡਾ: ਗੁਲਜ਼ਾਰ ਸਿੰਘ ਪੰਧੇਰ, ਸ਼ਾਇਰ ਭਗਵਾਨ ਢਿੱਲੋਂ, ਤਰਲੋਚਨ ਝਾਂਡੇ, ਅਮਰਜੀਤ ਸ਼ੇਰਪੁਰੀ, ਸਰਵਜੀਤ ਵਿਰਦੀ, ਭਗਵਾਨ ਸਿੰਘ ਸੋਮਲ ਖੇੜੀ, ਨਿਰੰਜਨ ਸਿੰਘ ਦੋਰਾਹਾ, ਗੁਰਮੇਲ ਸਿੰਘ ਮੈਲਡੇ, ਡਾ. ਵਿਨੋਦ, ਗੁਰਨਾਮ ਸਿੱਧੂ ਅਤੇ ਗੁਰਮੇਲ ਸਿੰਘ ਮੇਹਲੀ ਵੀ ਸ਼ਾਮਲ ਸਨ। ਇਹ ਮੰਗ ਕੀਤੀ ਗਈ ਕਿ ਸਕੂਲਾਂ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਵਿਚਾਰਾਂ ਅਤੇ ਗਦਰ ਪਾਰਟੀ ਦੀ ਭੂਮਿਕਾ ਬਾਬਤ ਪੜ੍ਹਾਇਆ ਜਾਏ। ਇਸ ਤੋਂ ਪਹਿਲਾਂ ਆਗੂਆਂ ਨੇ ਸ਼ਹੀਦ ਕਰਤਾਰ ਸਿੰਘ ਦੇ ਬੁੱਤ 'ਤੇ ਹਾਰ ਪਾ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ।

### ਬਾਬਾ ਨਾਨਕ ਨੇ ...

ਕਾਨੂੰਨ ਪਾਸ ਕੀਤੇ ਗਏ ਹਨ। ਲੋਕਾਂ ਦੇ ਦਿੱਤੇ ਟੈਕਸ ਹਜ਼ਮ ਕਰਕੇ ਨੀਰਵ ਮੋਦੀ, ਵਿਜੇ ਮਾਲਿਆ, ਮੇਹੁਲ ਚੋਕਸੀ ਵਰਗੇ ਲੋਕ ਵਿਦੇਸ਼ਾਂ ਵਿਚ ਜਾ ਵਸੇ ਹਨ। ਅਡਾਨੀਆਂ, ਅੰਬਾਨੀਆਂ ਦੇ ਦਸ ਲੱਖ ਕਰੋੜ ਦੇ ਕਰਜ਼ੇ ਵੱਟੇ-ਖਾਤੇ ਪਾ ਕੇ ਉਨ੍ਹਾਂ ਪ੍ਰਤੀ ਵਫਾਦਾਰੀ ਨਿਭਾਈ ਜਾ ਰਹੀ ਹੈ। ਨੌਜਵਾਨੀ ਬੇਰੁਜ਼ਗਾਰੀ ਦੀ ਮਾਰੀ ਵਿਦੇਸ਼ ਨੂੰ ਜਾ ਰਹੀ ਹੈ। ਕੁਦਰਤੀ ਵਸੀਲਿਆਂ ਦੀ ਤਬਾਹੀ ਕੀਤੀ ਜਾ ਰਹੀ ਹੈ।

ਅੱਜ ਹਰ ਪਾਸੇ ਕੂੜ ਪ੍ਰਧਾਨ ਹੈ, ਜਿਸ ਹੇਠ ਸੱਚ ਨਾਂਅ ਦਾ ਚੰਦਰਮਾ ਦਿਖਾਈ ਨਹੀਂ ਦੇ ਰਿਹਾ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਗਿਆਨ ਦਿੱਤਾ ਸੀ ਕਿ ਇਹ ਕੂੜ ਦੀ ਪਾਲ (ਕੰਧ) ਕਿਸ ਤਰ੍ਹਾਂ ਟੁੱਟ ਸਕਦੀ ਹੈ। ਸਰਮਾਏਦਾਰੀ ਸਰਕਾਰ ਰਾਹੀਂ ਕਿਰਤ ਦੀ ਧਿਰ ਖੱਬੇ-ਪੱਖੀਆਂ ਨੂੰ ਨਾਸਤਿਕ ਤੇ ਕਦੇ ਕਾਮਰੇਡ ਬਨਾਮ ਸਿੱਖ ਆਦਿ ਦੇ ਨਾਂਅ 'ਤੇ ਲੋਕਾਂ ਵਿੱਚ ਬਦਨਾਮ ਕਰ ਰਹੀ ਹੈ, ਜਦ ਕਿ ਇਹੀ ਧਿਰ ਬਾਬੇ ਨਾਨਕ ਦੇ ਫਲਸਫੇ ਕਿਰਤ, ਕੁਦਰਤ ਤੇ ਗਿਆਨ ਦੀ ਰਾਖੀ ਲਈ 90 ਫੀਸਦੀ ਲਾਲੋਆਂ ਦੀ ਅਗਵਾਈ ਕਰਦੀ ਹੈ। ਕਿਸਾਨੀ ਅੰਦੋਲਨ ਨੇ ਸੰਸਾਰ ਪੱਧਰੀ ਸੁਨੇਹਾ ਦਿੱਤਾ ਹੈ ਕਿ ਹੱਕਾਂ ਲਈ ਲੜਨ ਵਾਲੇ ਲੋਕਾਂ ਦੀ ਹਮੇਸ਼ਾ ਜਿੱਤ ਹੁੰਦੀ ਹੈ। ਉਹਨਾ ਕਿਹਾ ਕਿ ਸੀ ਪੀ ਆਈ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਪ੍ਰਤੀ ਕਿਰਤ ਦੀ ਧਿਰ ਨੂੰ ਜਾਗਰੂਕ ਕਰਨ ਲਈ ਉਨ੍ਹਾ ਦੇ 553ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਆਰ ਐੱਮ ਪੀ ਆਈ ਦੇ ਸਹਿਯੋਗ ਨਾਲ ਯਤਨ ਕੀਤਾ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਦਲਜੀਤ ਸਿੰਘ ਸੁੱਜੋਂ, ਦਰਸ਼ਨ ਰਾਮ ਨੰਗਲਾ, ਰਾਜ ਕੁਮਾਰ ਸੁੱਜੋਂ, ਭਜਨ ਸਿੰਘ ਸੁੱਜੋਂ, ਬਲਜਿੰਦਰ ਸਿੰਘ, ਮਾਸਟਰ ਜਗਦੀਸ਼, ਮਹਿੰਗਾ ਸਿੰਘ, ਗੁਰਬਖਸ਼ ਕੌਰ ਰਾਹੋਂ, ਰਾਜ ਵੀਰ, ਗੁਰਮੇਲ ਚੰਦ, ਜਸਵਿੰਦਰ ਲਾਲ, ਗੁਰਮੇਲ ਲਾਲ, ਜਰਨੈਲ ਸਿੰਘ, ਬਲਵੀਰ ਸਿੰਘ ਮਹਿਤਪੁਰ, ਸ਼ਿਵਰਾਜ ਗਦਰ ਪਾਰਟੀ ਤੇ ਮਹਿੰਦਰ ਸਿੰਘ ਆਦਿ ਭਾਰੀ ਗਿਣਤੀ ਵਿਚ ਪਤਵੰਤੇ ਹਾਜ਼ਰ ਸਨ।

### ਗੁਜਰਾਤ ਚੋਣਾਂ 'ਚ ਹਾਰ...

ਸਰਕਾਰ ਮਾਫੀਆ ਤੇ ਗੈਂਗਸਟਰ ਕਲਚਰ ਦੇ ਖਾਤਮੇ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ, ਜਿਨ੍ਹਾਂ ਨੂੰ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨੇ ਆਪਣੇ ਸ਼ਾਸਨ ਦੌਰਾਨ ਪੁਸ਼ਤਪਨਾਹੀ ਦਿੱਤੀ। ਇਸ ਮੁਹਿੰਮ ਤਹਿਤ ਸੂਬੇ 'ਚ 'ਆਪ' ਦੀ ਸਰਕਾਰ ਬਣਨ ਤੋਂ ਬਾਅਦ ਹੁਣ ਤੱਕ 402 ਗੈਂਗਸਟਰਾਂ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ 363 ਹਥਿਆਰ ਬਰਾਮਦ ਕੀਤੇ ਗਏ ਹਨ।

ਉਨ੍ਹਾ ਕਿਹਾ ਕਿ ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਅਤੇ ਰਾਜਸਥਾਨ ਦੇਸ਼ ਵਿੱਚ ਸਭ ਤੋਂ ਵੱਧ ਬੰਦੂਕ ਹਿੰਸਾ ਦੇ ਕੇਸਾਂ ਵਾਲੇ ਤਿੰਨ ਰਾਜਾਂ ਵਿੱਚ ਹਨ। 2018 ਤੋਂ 2021 ਤੱਕ ਉੱਤਰ ਪ੍ਰਦੇਸ਼ ਵਿੱਚ ਇਸ ਸੰਬੰਧ 'ਚ 134958, ਮੱਧ ਪ੍ਰਦੇਸ਼ ਵਿੱਚ 57653 ਅਤੇ ਰਾਜਸਥਾਨ ਵਿੱਚ 27193 ਮਾਮਲੇ ਦਰਜ ਕੀਤੇ ਗਏ, ਜਦੋਂ ਕਿ ਪੰਜਾਬ ਵਿੱਚ ਬੰਦੂਕ ਹਿੰਸਾ ਦੇ ਸਿਰਫ 1820 ਮਾਮਲੇ ਸਾਹਮਣੇ ਆਏ ਹਨ, ਜਦੋਂ ਕਿ ਹਰਿਆਣਾ ਵਿੱਚ ਇਸ ਸਮੇਂ ਦੌਰਾਨ ਬੰਦੂਕ ਹਿੰਸਾ ਦੇ 8759 ਮਾਮਲੇ ਸਾਹਮਣੇ ਆਏ ਹਨ। ਇੱਥੋਂ ਤੱਕ ਕਿ ਭਾਜਪਾ ਸ਼ਾਸਤ ਰਾਜਾਂ ਵਿੱਚ ਔਰਤਾਂ ਪ੍ਰਤੀ ਅਪਰਾਧ ਦੇ ਮਾਮਲੇ ਵੀ ਵਧੇਰੇ ਹਨ। ਵਿਰੋਧੀ ਧਿਰ 'ਤੇ ਹਮਲਾ ਬੋਲਦਿਆਂ ਮੀਤ ਹੇਅਰ ਨੇ ਕਿਹਾ ਕਿ ਜਦੋਂ 2012 'ਚ ਅਕਾਲੀ ਦਲ ਤੇ ਭਾਜਪਾ ਦੀ ਸਰਕਾਰ ਬਣੀ ਤਾਂ ਇਕ ਸਾਲ 'ਚ 855 ਤੋਂ ਵੱਧ ਕਤਲ ਹੋਏ। ਭਾਜਪਾ ਦੇ ਲੋਕ 'ਆਪ' ਨੂੰ ਬਦਨਾਮ ਕਰਕੇ ਗੁਜਰਾਤ ਦੇ ਲੋਕਾਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।

# ਖ਼ਾਲਸਾ ਕਾਲਜ ਵੱਲੋਂ ਓਵਰਆਲ ਟਰਾਫ਼ੀ 'ਤੇ ਕਬਜ਼ਾ

## ਕਲਾ ਮੰਚ ਉਹ ਪਲੇਟਫਾਰਮ ਹੈ ਜੋ ਵਿਦਿਆਰਥੀਆਂ ਦਾ ਹੁਨਰ ਤਰਾਸ਼ਦੈ : ਛੀਨਾ

**ਅੰਮ੍ਰਿਤਸਰ** (**ਜਸਬੀਰ ਸਿੰਘ ਪੱਟੀ**)-ਵਿੱਦਿਅਕ ਅਦਾਰਿਆਂ 'ਚ ਕਲਾ ਮੰਚ ਇਕ ਅਜਿਹਾ ਮਹੱਤਵਪੂਰਨ ਸਥਾਨ ਹੈ, ਜੋ ਬੱਚਿਆਂ 'ਚ ਲੁਕੀ ਹੋਈ ਕਾਬਲੀਅਤ ਨੂੰ ਉਜਾਗਰ ਕਰਦਾ ਹੈ ਅਤੇ ਉਨ੍ਹਾਂ ਦੇ ਹੁਨਰ ਨੂੰ ਚਾਰ ਚੰਦ ਲਗਾਉਂਦਾ ਹੈ। ਇਸ ਲਈ ਸੰਸਥਾਵਾਂ 'ਚ ਸਮੇਂ ਸਮੇਂ 'ਤੇ ਵਿਦਿਆਰਥੀਆਂ ਦੀ ਕਲਾ ਦੀ ਪਰਖ ਲਈ ਅਜਿਹੀਆਂ ਪ੍ਰਤੀਯੋਗਤਾਵਾਂ ਅਤਿ ਲੋੜੀਂਦੀਆਂ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਇੱਥੇ ਖ਼ਾਲਸਾ ਕਾਲਜ ਫ਼ਾਰ ਵੂਮੈਨ ਵਿਖੇ 14 ਨਵੰਬਰ ਤੋਂ ਸ਼ੁਰੂ ਹੋਏ 2 ਰੋਜ਼ਾ 7ਵੇਂ ਖ਼ਾਲਸਾ ਕਾਲਜਜ਼ ਯੂਥ ਫੈਸਟੀਵਲ-2022 'ਚ ਉਚੇਚੇ ਤੌਰ 'ਤੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਨ ਅਤੇ ਓਵਰ ਆਲ ਟਰਾਫ਼ੀ 'ਤੇ ਕਬਜ਼ਾ ਕਰਨ ਵਾਲੇ ਖ਼ਾਲਸਾ ਕਾਲਜ ਨੂੰ ਟਰਾਫ਼ੀ ਭੇਟ ਕਰਨ ਲਈ ਪੁੱਜੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਕੀਤਾ।

ਖ਼ਾਲਸਾ ਕਾਲਜ ਫ਼ਾਰ ਵੂਮੈਨ ਫ਼ਸਟ ਰਨਰਅੱਪ ਅਤੇ ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਸੈਕਿੰਡ ਰਨਰਅੱਪ ਰਿਹਾ। ਖ਼ਾਲਸਾ ਕਾਲਜ ਮੈਨੇਜਮੈਂਟ ਅਧੀਨ ਚਲ ਰਹੇ 13 ਕਾਲਜਾਂ ਤੋਂ ਸੈਂਕੜੇ ਵਿਦਿਆਰਥੀਆਂ ਨੇ ਫੈਸਟੀਵਲ 'ਚ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਛੀਨਾ ਨੇ ਕੌਂਸਲ ਦੇ ਜੁਆਇੰਟ ਸਕੱਤਰ ਸੰਤੋਖ ਸਿੰਘ ਸੇਠੀ ਨਾਲ ਮਿਲ ਕੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਅਤੇ ਵਿਦਿਆਰਥੀਆਂ ਨੂੰ ਜਿੱਥੇ ਅਜਿਹੇ ਪ੍ਰੋਗਰਾਮਾਂ ਦਾ ਹਿੱਸਾ ਬਣਨ ਲਈ ਉਤਸ਼ਾਹਿਤ ਕੀਤਾ, ਉਥੇ ਉਨ੍ਹਾਂ ਨੂੰ ਵਿੱਦਿਅਕ ਖੇਤਰ 'ਚ ਸ਼ਲਾਘਾਯੋਗ ਉਪਲਬੱਧੀਆਂ ਹਾਸਲ ਕਰਨ ਲਈ ਹੱਲ੍ਹਾਸ਼ੇਰੀ ਦਿੱਤੀ। ਉਕਤ ਫੈਸਟੀਵਲ ਜੋ ਅੱਜ ਆਪਣੀਆਂ ਮਿੱਠੀਆਂ ਯਾਦਾਂ ਦੀ ਖ਼ੁਸ਼ਬੂ ਬਿਖੇਰਦਾ ਹੋਇਆ ਸੰਪੰਨ ਹੋ ਗਿਆ, ਦਾ ਕੌਂਸਲ ਦੇ ਮੈਂਬਰ ਸਰਬਜੀਤ ਸਿੰਘ ਹੁਸ਼ਿਆਰ ਨਗਰ ਦੁਆਰਾ ਸ਼ਮ੍ਹਾ ਰੌਸ਼ਨ ਕਰਕੇ ਆਗਾਜ਼ ਕੀਤਾ।



2 ਰੋਜ਼ਾ ਫੈਸਟੀਵਲ ਦੌਰਾਨ ਵਿਦਿਆਰਥੀਆਂ ਨੇ ਸ਼ਬਦ ਗਾਇਨ, ਭਜਨ, ਕਵੀਸ਼ਰੀ, ਗੀਤ-ਗਜ਼ਲ, ਫੋਕ ਸੋਗ, ਫੈਂਸੀ ਡਰੈੱਸ (ਪੰਜਾਬੀ ਪਹਿਰਾਵਾ), ਮਮਿਕਰੀ, ਮੋਨੋ ਐਕਟਿੰਗ, ਸਕਿੱਟ, ਰੰਗੋਲੀ, ਮਹਿੰਦੀ, ਫੁਲਕਾਰੀ, ਡਿਬੇਟ, ਕੁਇਜ਼, ਪੇਟਿੰਗ, ਪੋਸਟਰ ਮੇਕਿੰਗ, ਕਾਰਟੂਨਿੰਗ, ਕਲਾਜ, ਕਲੇਅ ਮਾਡਲਿੰਗ ਅਤੇ ਸਕਿੱਟ ਦੀ ਪੇਸ਼ਕਾਰੀ ਦਿੱਤੀ ਅਤੇ ਅਖ਼ੀਰਲੇ ਦਿਨ ਭੰਗੜਾ, ਗਿੱਧਾ, ਰਿਜ਼ਨਲ ਡਾਂਸ, ਕੁਇੱਜ਼ ਫਾਈਨਲ ਅਤੇ ਐਕਸ਼ਨ ਸਾਂਗ ਆਦਿ 'ਚ ਵਿਦਿਆਰਥੀਆਂ ਆਪਣੇ ਕਲਾ ਦਾ ਮੁਜ਼ਾਹਰਾ ਕੀਤਾ। ਪ੍ਰੋਗਰਾਮ ਦੌਰਾਨ ਜੱਜ ਸਾਹਿਬਾਨ ਦੀ ਭੂਮਿਕਾ ਰਮੇਸ਼ ਭਗਤ, ਡਾ. ਰਾਜੇਸ਼ ਸ਼ਰਮਾ, ਸਤਿੰਦਰ ਪੁਖਰਾਜ, ਮਿਸ ਮਨਦੀਪ ਘਈ, ਮਿਸ ਅਮਨ ਬੱਲ, ਗੁਰਿੰਦਰ ਸਿੰਘ, ਡਾ. ਪਰਮਜੀਤ ਕੌਰ (ਮਾਝਾ ਕਾਲਜ ਤਰਨ ਤਾਰਨ), ਡਾ. ਬਲਜੀਤ ਸਿੰਘ, ਡਾ. ਪਰਮਜੀਤ ਕੌਰ (ਬੀ. ਬੀ. ਕੇ. ਡੀ. ਏ. ਵੀ. ਕਾਲਜ ਅੰਮ੍ਰਿਤਸਰ), ਕੁਲਦੀਪ ਸਿੰਘ, ਮੋਨਿਕਾ ਸਲਾਰੀਆ, ਹਰੀਸ਼ ਵਰਮਾ, ਡਾ. ਰਿੰਪੀ ਅਗਰਵਾਲ, ਡਾ. ਹਰਿੰਦਰ ਕੌਰ ਸੋਹਲ, ਮਿਸ ਲਤਿਕਾ ਅਰੋੜਾ, ਮਿਸ ਕਵਲੀਨ ਭਿੰਡਰ, ਰਾਜਬੀਰ ਸਿੰਘ, ਐੱਨ. ਐੱਸ. ਕੋਮਲ ਅਤੇ ਅਮਰਿੰਦਰਜੀਤ ਸਿੰਘ ਵੱਲੋਂ ਨਿਭਾਈ ਗਈ।

ਕਾਲਜ ਪ੍ਰਿੰ. ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਮੁਕਾਬਲੇ ਬਹੁਤ ਹੀ ਦਿਲਚਸਪ ਸਨ ਕਿਉਂਕਿ ਸਮੂਹ ਖ਼ਾਲਸਾ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਆਪਣਾ ਸੰਪੂਰਨ ਹੁਨਰ ਦਾ ਮੁਜ਼ਾਹਰਾ ਕੀਤਾ ਹੈ, ਇਸ ਲਈ ਇਹ ਮੁਕਾਬਲਾ ਇਕ ਤਰ੍ਹਾਂ ਨਾਲ ਚੈਂਪੀਅਨਸ ਦਾ ਮੁਕਾਬਲਾ ਬਣ ਕੇ ਰਹਿ ਗਿਆ ਹੈ। ਉਨ੍ਹਾਂ ਮੈਨੇਜਮੈਂਟ ਦੁਆਰਾ ਹਰੇਕ ਸਾਲ ਉਲੀਕੇ ਗਏ 'ਯੂਥ ਫੈਸਟੀਵਲ' ਸਬੰਧੀ ਧੰਨਵਾਦ ਕੀਤਾ। ਇਸ ਮੌਕੇ ਖ਼ਾਲਸਾ ਕਾਲਜ ਪ੍ਰਿੰ. ਡਾ. ਮਹਿਲ ਸਿੰਘ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਪ੍ਰਿੰ. ਡਾ. ਹਰਪ੍ਰੀਤ ਕੌਰ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਪ੍ਰਿੰ: ਡਾ. ਸੁਰਿੰਦਰਪਾਲ ਕੌਰ ਢਿੱਲੋਂ, ਖ਼ਾਲਸਾ ਕਾਲਜ ਆਫ਼ ਲਾਅ ਪ੍ਰਿੰ. ਡਾ. ਜਸਪਾਲ ਸਿੰਘ, ਡਾਇਰੈਕਟਰ ਡਾ. ਮੰਜੂ ਬਾਲਾ, ਪ੍ਰਿੰ. ਡਾ. ਆਰ. ਕੇ. ਧਵਨ, ਪ੍ਰਿੰ. ਨਾਨਕ ਸਿੰਘ, ਪ੍ਰਿੰ. ਗੁਰਦੇਵ ਸਿੰਘ, ਪ੍ਰਿੰ. ਡਾ. ਕੰਵਲਜੀਤ ਸਿੰਘ, ਪ੍ਰਿੰ. ਕਮਲਜੀਤ ਕੌਰ ਤੋਂ ਇਲਾਵਾ ਕਾਲਜਾਂ ਦਾ ਸਟਾਫ਼ ਤੇ ਵਿਦਿਆਰਥੀ ਮੌਜੂਦ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**
ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਆਰ ਐਮ ਪੀ ਆਈ ਨੇ ਮਨਾਇਆ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਯੁੱਧ ਸਾਥੀਆਂ ਦਾ ਸ਼ਹੀਦੀ ਦਿਹਾੜਾ

**ਜਲੰਧਰ, (ਨਵਾਂ ਜ਼ਮਾਨਾ ਸਰਵਿਸ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਪੰਜਾਬ ਰਾਜ ਕਮੇਟੀ ਵੱਲੋਂ ਸੁਤੰਤਰਤਾ ਸੰਗਰਾਮ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਨ੍ਹਾਂ ਦੇ ਛੇ ਯੁੱਧ ਸਾਥੀਆਂ ਦੇ ਸ਼ਹੀਦੀ ਦਿਵਸ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਪ੍ਰਭਾਵਸ਼ਾਲੀ ਸੂਬਾਈ ਕਨਵੈਨਸ਼ਨ ਕਰਕੇ ਮਨਾਇਆ ਗਿਆ। ਆਰਐਸਐਸ ਦੀਆਂ ਹਿਦਾਇਤਾਂ ਅਨੁਸਾਰ ਰਾਜ-ਭਾਗ ਚਲਾ ਰਹੀ ਕੇਂਦਰ ਦੀ ਕਾਰਪੋਰੇਟ ਪੱਖੀ, ਫਿਰਕੂ-ਫਾਸਿਸਟ ਸਰਕਾਰ ਵੱਲੋਂ ਦੇਸ਼ ਦੇ ਫੈਡਰਲ ਢਾਂਚੇ 'ਤੇ ਕੀਤੇ ਜਾ ਰਹੇ ਮਾਰੂ ਹੱਲਿਆਂ ਅਤੇ ਪੰਜਾਬ ਨਾਲ ਕੀਤੇ ਜਾ ਰਹੇ ਧੱਕੇ ਅਤੇ ਪੱਖਪਾਤ ਖਿਲਾਫ਼ ਜਮਹੂਰੀ ਲੀਹਾਂ 'ਤੇ ਬੱਝਵੇਂ ਲੋਕ ਸੰਘਰਸ਼ਾਂ ਦੀ ਨਿੱਗਰ ਵਿਉਂਤਬੰਦੀ ਲਈ ਸੱਦੀ ਗਈ ਇਸ ਕਨਵੈਨਸ਼ਨ ਦੇ ਮੁੱਖ ਬੁਲਾਰੇ ਉੱਘੇ ਬੁੱਧੀਜੀਵੀ ਪ੍ਰੋ. ਚਮਨ ਲਾਲ ਸਨ। ਵਿਦਵਾਨ ਬੁਲਾਰੇ ਨੇ ਕਿਹਾ ਕਿ ਏਜੰਸੀਆਂ ਦੇ ਸ਼ਿਸ਼ਕਾਰੇ ਦੇਸ਼ ਵਿਰੋਧੀ ਤੱਤ ਪੰਜਾਬ ਦੇ ਅਮਨ-ਚੈਨ ਨੂੰ ਲਾਂਬੂ ਲਾਉਣ 'ਚ ਕੋਈ ਕਸਰ ਬਾਕੀ ਨਹੀਂ ਛੱਡ ਰਹੇ ਇਸ ਲਈ ਸਮੂਹ ਪੰਜਾਬੀਆਂ ਨੂੰ ਹਰ ਰੰਗ ਦੇ ਫਿਰਕੂਆਂ ਨੂੰ ਦੁਰਕਾਰਦੇ ਹੋਏ ਪੰਜਾਬ ਨੂੰ ਨਵੇਂ ਸਿਰਿਓਂ ਬਲਦੀ ਦੇ ਬੂਥੇ ਦੇਣ ਦੀਆਂ ਹਰ ਕਿਸਮ ਦੀਆਂ ਸਾਜ਼ਿਸ਼ਾਂ ਫੇਲ੍ਹ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ। ਕਨਵੈਨਸ਼ਨ ਨੂੰ ਸੰਬੋਧਨ ਕਰਨ ਲਈ ਉਚੇਚੇ ਪੁੱਜੇ ਪਾਰਟੀ ਦੇ ਕੌਮੀ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਮੋਦੀ-ਸ਼ਾਹ ਸਰਕਾਰ ਲੋਕਾਈ ਨੂੰ ਅਸਲੋਂ ਕੰਗਾਲ ਕਰਨ ਵਾਲੀਆਂ, ਦੇਸ਼ ਵਿਰੋਧੀ ਨਵ ਉਦਾਰਵਾਦੀ ਨੀਤੀਆਂ ਲਾਗੂ ਕਰਨ ਦੇ ਰਾਹ ਵਿੱਚ ਪੈਦਾ ਹੋਣ ਵਾਲੇ ਅੜਿੱਕੇ ਦੂਰ ਕਰਨ ਲਈ ਹੀ ਫੈਡਰਲਿਜ਼ਮ ਨੂੰ ਢਾਹ ਲਾ ਰਹੀ ਹੈ। ਉਨ੍ਹਾਂ ਕਿਹਾ ਸੰਸਾਰ ਸਾਮਰਾਜੀਏ ਵੀ ਇਹੋ ਚਾਹੁੰਦੇ ਹਨ ਕਿ ਨਵੇਂ ਆਜ਼ਾਦ ਹੋਏ ਵਿਕਾਸਸ਼ੀਲ ਦੇਸ਼ਾਂ ਦੀ ਸੱਤਾ ਸੀਮਤ ਹੱਥਾਂ 'ਚ ਕੇਂਦ੍ਰਿਤ ਰਹੇ ਤਾਂ ਕਿ ਉਹ ਮਨ ਮਰਜ਼ੀ ਨਾਲ ਇਨ੍ਹਾਂ ਦੇਸ਼ਾਂ ਦੇ ਕੁਦਰਤੀ ਖਜ਼ਾਨਿਆਂ ਤੇ ਕਿਰਤ ਸ਼ਕਤੀ ਦੀ ਮਨਚਾਹੀ ਲੁੱਟ ਕਰ ਸਕਣ। ਪਾਰਟੀ ਦੀ ਕੇਂਦਰੀ ਸਟੈਂਡਿੰਗ ਕਮੇਟੀ ਦੇ ਮੈਂਬਰ ਸਾਥੀ ਹਰਕੰਵਲ ਸਿੰਘ ਨੇ ਮੁੱਖ ਮਤਾ ਪੇਸ਼ ਕਰਦਿਆਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਹਰਿਆਣੇ ਨੂੰ





ਪਾਣੀ ਦੇਣ ਦਾ ਗੁੰਮਰਾਹਕੁੰਨ, ਪੱਖਪਾਤੀ ਅਤੇ ਭੜਕਾਊ ਬਿਆਨ ਅਤੇ ਚੰਡੀਗੜ੍ਹ ਵਿਖੇ ਵਿਧਾਨ ਸਭਾ ਦੀ ਉਸਾਰੀ ਲਈ ਹਰਿਆਣਾ ਨੂੰ ਥਾਂ ਤੇ ਪੈਸੇ ਦੇਣ ਦਾ ਇੱਕ ਪਾਸੜ ਐਲਾਨ ਪੰਜਾਬ ਦੇ ਅਧਿਕਾਰਾਂ ਨੂੰ ਹੋਰ ਖੋਰਾ ਲਾਉਣ ਅਤੇ ਪੰਜਾਬੀਆਂ ਦੀਆਂ ਮੁਸ਼ਕਿਲਾਂ ਵਧਾਉਣ ਦੀ ਡੂੰਘੀ ਸਾਜ਼ਿਸ਼ਾਂ ਦੇ ਸਪੱਸ਼ਟ ਸੰਕੇਤ ਹਨ। ਰਾਜ ਕਮੇਟੀ ਦੇ ਪ੍ਰਧਾਨ ਸਾਥੀ ਰਤਨ ਸਿੰਘ ਰੰਧਾਵਾ ਨੇ ਕਿਹਾ ਕਿ ਕੇਂਦਰੀ ਸਰਕਾਰ ਵੱਲੋਂ ਪੰਜਾਬ ਨਾਲ ਕੀਤੇ ਜਾ ਰਹੇ ਧੱਕਿਆਂ ਖਿਲਾਫ਼ ਡਟਵਾਂ ਸਟੈਂਡ ਲੈਣ ਦੀ ਥਾਂ ਆਪ ਸਰਕਾਰ ਕੇਂਦਰ ਮੂਹਰੇ ਗੋਡੇ ਟੇਕਣ ਜਾਂ ਸੌਦੇਬਾਜ਼ੀ ਕਰਨ ਦੀ ਪਹੁੰਚ ਤਿਆਗ ਕੇ ਸੂਬੇ ਦੇ ਚਿਰਾਂ ਤੋਂ ਲਮਕਦੇ ਆ ਰਹੇ ਮੁੱਦਿਆਂ ਦੇ ਠੋਸ ਹੱਲ ਲਈ ਫੌਰੀ ਸਰਵ ਪਾਰਟੀ ਮੀਟਿੰਗ ਸੱਦੇ। ਸੂਬਾਈ ਖਜ਼ਾਨਚੀ ਪ੍ਰੋ. ਜੈਪਾਲ ਸਿੰਘ ਨੇ ਕਿਹਾ ਕਿ ਹਰ ਸੂਬੇ ਵਿੱਚ ਐਨਆਈਏ ਦੇ ਦਫਤਰ ਖੋਲ੍ਹਣ ਅਤੇ ਜਿਲ੍ਹਾ ਪੱਧਰੀ ਥਾਣੇ ਸਥਾਪਤ ਕਰਨ, ਸਾਰੇ ਸੂਬਾਈ ਪੁਲਸ ਬਲਾਂ ਲਈ ਇੱਕੋ ਜਿਹੀ ਵਰਦੀ ਲਾਗੂ ਕਰਨ ਆਦਿ ਦੇ ਐਲਾਨ ਅਤੇ ਬੀਐਸਐਫ ਦੀ ਦਖ਼ਲ ਅੰਦਾਜ਼ੀ ਦਾ ਘੇਰਾ ਸਰਹੱਦ ਤੋਂ 50 ਕਿਲੋ ਮੀਟਰ ਤੱਕ ਵਧਾਉਣ ਤੇ ਭਾਖੜਾ-ਬਿਆਸ ਪ੍ਰਬੰਧਕੀ ਬੋਰਡ ਚੋਂ ਪੰਜਾਬ ਨੂੰ ਬੇਦਖ਼ਲ ਕਰਨ ਆਦਿ ਦੇ ਫੈਸਲੇ ਕੇਂਦਰ ਦੀ ਫੈਡਰਲਿਜ਼ਮ ਵਿਰੋਧੀ, ਤਾਨਾਸ਼ਾਹ ਪ੍ਰਵਿਰਤੀ ਅਤੇ ਪੰਜਾਬ ਦੋਖੀ ਪਹੁੰਚ ਦੇ ਮੂੰਹੋਂ ਬੋਲਦੇ ਸਬੂਤ ਹਨ। ਸਰਵ ਸੰਮਤੀ ਨਾਲ ਪਾਸ ਕੀਤੇ ਮਤੇ ਰਾਹੀਂ ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨ, ਦਰਿਆਈ ਪਾਣੀਆਂ ਦੀ ਆਮ ਸਹਿਮਤੀ ਨਾਲ ਨਿਆਈਂ ਵੰਡ ਕਰਨ, ਪੰਜਾਬੀ ਬੋਲੀ ਨੂੰ ਪੰਜਾਬ ਅਤੇ ਚੰਡੀਗੜ੍ਹ ਵਿੱਚ ਹਰ ਖੇਤਰ ਵਿੱਚ ਪੂਰੀ ਤਰ੍ਹਾਂ ਨਾਲ ਲਾਗੂ ਕਰਨ ਅਤੇ ਗੁਆਂਢੀ ਸੂਬਿਆਂ ਅੰਦਰ ਸਨਮਾਨ ਯੋਗ ਥਾਂ ਦੇਣ ਅਤੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿੱਚ ਸ਼ਾਮਲ ਕਰਵਾਉਣ ਲਈ ਸਾਰੇ ਪੰਜਾਬੀਆਂ ਦਾ ਸਰਵ ਸਾਂਝਾ ਘੋਲ ਵਿੱਢਣ ਦਾ ਫੈਸਲਾ ਕਰਦਿਆਂ ਸਮੂਹ ਪੰਜਾਬ ਹਿਤੈਸ਼ੀਆਂ ਨੂੰ ਉਕਤ ਘੋਲ ਵਿਚ ਵੱਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ। ਇੱਕ ਵੱਖਰੇ ਮਤੇ ਰਾਹੀਂ 6 ਦਸੰਬਰ ਨੂੰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਦਾ ਪ੍ਰੀ ਨਿਰਵਾਣ ਦਿਵਸ ਧਰਮ ਨਿਰਪੱਖਤਾ ਅਤੇ ਮਨੁੱਖੀ ਤੇ ਸੰਵਿਧਾਨਕ ਅਧਿਕਾਰਾਂ ਦੀ ਰਾਖੀ ਲਈ ਅਤੇ ਸਮਾਜਿਕ ਨਿਆਂ ਦੀ ਪ੍ਰਾਪਤੀ ਲਈ ਜਿਲ੍ਹਾ ਪੱਧਰ 'ਤੇ ਵਿਸ਼ਾਲ ਇਕੱਠ ਕਰਕੇ 'ਪ੍ਰਣ ਦਿਵਸ' ਮਨਾਏ ਜਾਣ ਦਾ ਫ਼ੈਸਲਾ ਕੀਤਾ ਗਿਆ।

# ਜੀ ਟੀ ਯੂ ਦੇ ਯਤਨਾਂ ਸਦਕਾ ਪ੍ਰਾਇਮਰੀ ਅਧਿਆਪਕਾਂ ਦੀਆਂ ਤਰੱਕੀਆਂ ਨੂੰ ਪਿਆ ਬੂਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪਿੱਛਲੇ ਕਈ ਮਹੀਨਿਆਂ ਤੋਂ ਪ੍ਰਾਇਮਰੀ ਕੇਡਰ ਦੀਆਂ ਈ ਟੀ ਟੀ ਤੋਂ ਐੱਚ ਟੀ ਅਤੇ ਐੱਚ ਟੀ ਤੋਂ ਸੀ ਐੱਚ ਟੀ ਦੀਆਂ ਰਹਿੰਦੀਆਂ ਤਰੱਕੀਆਂ ਜੀ ਟੀ ਯੂ ਦੇ ਯਤਨਾਂ ਸਦਕਾ ਹੋਣ ਨਾਲ ਪ੍ਰਾਇਮਰੀ ਅਧਿਆਪਕਾਂ ਨੂੰ ਰਾਹਤ ਮਿਲੀ। ਇਸ ਗੱਲ ਦਾ ਪ੍ਰਗਟਾਵਾ ਕਰਦੇ ਹੋਏ ਜੀ ਟੀ ਯੂ ਦੇ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਦੱਸਿਆ ਕਿ ਉਹਨਾਂ ਦੀ ਯੂਨੀਅਨ ਅਧਿਆਪਕਾਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾਂ ਤੱਤਪਰ ਰਹਿੰਦੀ ਹੈ ਅਤੇ ਪ੍ਰਾਇਮਰੀ ਕੇਡਰ ਦੀਆਂ ਰਹਿੰਦੀਆਂ ਤਰੱਕੀਆਂ ਲਈ ਵੀ ਜ਼ਿਲ੍ਹਾ ਪੱਧਰ 'ਤੇ ਬਹੁਤ ਯਤਨਸ਼ੀਲ ਸੀ ਤੇ ਇਹ ਪ੍ਰਮੋਸ਼ਨ ਵਿੱਚ ਈ ਟੀ ਟੀ ਤੋਂ ਐੱਚ ਟੀ 35 ਅਤੇ ਐੱਚ ਟੀ ਤੋਂ ਸੀ ਐੱਚ ਟੀ 16 ਹੋਣ ਨਾਲ ਪ੍ਰਾਇਮਰੀ ਅਧਿਆਪਕਾਂ ਵਿੱਚ ਖੁਸ਼ੀ ਦੀ ਲਹਿਰ ਹੈ । ਉਹਨਾਂ ਨੇ ਇਹਨਾਂ ਪ੍ਰਮੋਸ਼ਨਾਂ ਨੂੰ ਸਫਲਤਾਪੂਰਵਕ ਨੇਪਰੇ ਚਾੜਨ ਲਈ ਜ਼ਿਲ੍ਹਾ ਸਿੱਖਿਆ ਅਫ਼ਸਰ (ਐ ਸਿ ) ਸੰਜੀਵ ਗੌਤਮ ਅਤੇ ਉਨਾਂ ਦੇ ਦਫ਼ਤਰੀ ਅਮਲੇ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਲੈਕਚਰਾਰ ਅਮਰ ਸਿੰਘ, ਪ੍ਰਿਤਪਾਲ ਸਿੰਘ ਚੌਟਾਲਾ, ਵਿਕਾਸ ਸ਼ਰਮਾ, ਹਰਵਿੰਦਰ ਸਿੰਘ, ਅਰਵਿੰਦਰ ਸਿੰਘ ਮਾਹਿਲਪੁਰ,ਪ੍ਰਿੰਸੀਪਲ ਹਰਜੀਤ ਸਿੰਘ ,ਹੈੱਡਮਾਸਟਰ ਸੰਦੀਪ ਸਿੰਘ ,ਬਲਜੀਤ ਕੌਸ਼ਲ,ਨਰੇਸ਼ ਕੁਮਾਰ ਗੜ੍ਹਸ਼ੰਕਰ, ਸੁਨੀਲ ਕੁਮਾਰ ਸ਼ਰਮਾ,ਸੰਜੀਵ ਧੂਤ,ਗੁਰਨਾਮ ਸਿੰਘ,ਸਚਿਨ ਕੁਮਾਰ,ਸ਼ਾਮ ਸੁੰਦਰ ਕਪੂਰ, ਨਰਿੰਦਰ ਅਜਨੋਹਾ,ਕੇਸ਼ਵ ਦਾਸ ਖੇਪੜ,ਸਤਵਿੰਦਰ ਮਾਹਿਲਪੁਰ, ਰਾਜ ਕੁਮਾਰ, ਸੰਦੀਪ ਸ਼ਰਮਾ ਬਾਗਪੁਰ, ਰਣਵੀਰ ਸਿੰਘ ,ਅਨੁਪਮ ਰਤਨ, ਸਰਬਜੀਤ ਟਾਂਡਾ, ਨਰਿੰਦਰ ਮੰਗਲ, ਰਾਜੇਸ਼ ਅਰੋੜਾ,ਮਨਜੀਤ ਸਿੰਘ ਮੁਕੇਰੀਆਂ, ਪ੍ਰਿੰਸੀਪਲ ਬਲਵੀਰ ਸਿੰਘ, ਸ਼ਸ਼ੀਕਾਂਤ ਤਲਵਾੜਾ, ਕਮਲਦੀਪ ਸਿੰਘ ਭੂੰਗਾ, ਲੈਕਚਰਾਰ ਸੰਜੀਵ ਕੁਮਾਰ,ਬਲਜੀਤ ਕੌਸ਼ਲ, ਪਵਨ ਗੋਇਲ, ਅਸ਼ੋਕ ਕੁਮਾਰ ਬੁਲੋਵਾਲ, ਮਨੋਜ ਰਤਨ, ਜਸਵਿੰਦਰ ਬੁਲੋਵਾਲ, ਜਰਨੈਲ ਸਿੰਘ , ਮਨਵੀਰ ਸਿੰਘ , ਅਮਨਦੀਪ ਸਿੰਘ , ਲੈਕਚਰਾਰ ਹਰਜੀਤ ਸਿੰਘ , ਲੈਕਚਰਾਰ ਸਵਰਨ ਸਿੰਘ ,ਜਸਵੰਤ ਮੁਕੇਰੀਆਂ, ਪਰਸਰਾਮ, ਨਰੇਸ਼ ਕੁਮਾਰ ਮੇਧਾ ,ਅਮਰਜੀਤ ਹਾਜੀਪੁਰ,ਵਿਕਾਸ ਅਰੋੜਾ, ਗੁਰਵਿੰਦਰ ਸਿੰਘ, ਗੁਰਵਿੰਦਰ ਜੱਜ ਤੇ ਸੁਰਿੰਦਰ ਕੁਮਾਰ ਕਮਾਹੀ ਦੇਵੀ, ਧਰੁਵ ਰਾਜ, ਨਰੇਸ਼ ਕੁਮਾਰ ਆਦਿ ਸ਼ਾਮਲ ਹੋਏ ।

## ਕੁਸ਼ੱਲਿਆ ਦੇਵੀ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ)**- ਪਿਛਲੇ ਦਿਨੀਂ ਪ੍ਰਸਿੱਧ ਸੰਗੀਤਕਾਰ ਬੀ.ਆਰ. ਡਿਮਾਣਾ ਦੇ ਸਤਿਕਾਰਯੋਗ ਮਾਤਾ ਕੁਸ਼ੱਲਿਆ ਦੇਵੀ ਸੁਰਗਵਾਸ ਹੋ ਗਏ। ਵੱਖ ਵੱਖ ਸੰਸਥਾਵਾਂ ਅਤੇ ਕਲਾ ਨਾਲ ਜੁੜੀਆਂ ਹਸਤੀਆਂ ਵਲੋਂ ਦੁੱਖ ਦਾ ਇਜ਼ਹਾਰ ਕੀਤਾ ਗਿਆ। ਜਾਗ੍ਰਤੀ ਕਲਾ ਕੇਂਦਰ ਰਜਿ.ਔੜ ਅਤੇ ਇੰਟਰਨੈਸ਼ਨਲ ਬੇਗਮਪੁਰਾ ਸੰਗੀਤ ਸੰਸਥਾ ਵੱਲੋਂ ਵੀ ਉਨ੍ਹਾਂ ਨਾਲ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਪ੍ਰਸਿੱਧ ਮਿਸ਼ਨਰੀ ਗਾਇਕ ਰਾਜ ਦਦਰਾਲ, ਮਾਸਟਰ ਮੱਖਣ ਬਖਲੌਰ ਜਗਦੀਸ਼ ਜਾਡਲਾ ,ਐਮ. ਐਸ. ਗਰਚਾ ,ਐੱਸ. ਐੱਸ. ਆਜਾਦ, ਸਰਬਜੀਤ ਮੱਟੂ ,ਗੀਤਕਾਰ ਸੰਦੀਪ ਗਰਚਾ ਵੱਲੋਂ ਉਨ੍ਹਾਂ ਨਾਲ ਦੁੱਖ ਸਾਂਝਾ ਕੀਤਾ ਗਿਆ ਅਤੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਗਈ ਕਿ ਮਾਤਾ ਜੀ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਣ ਅਤੇ ਪਿੱਛੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਇਸ ਮੌਕੇ ਪ੍ਰਸਿੱਧ ਪ੍ਰਮੋਟਰ ਬਿਲ ਬਸਰਾ, ਗੀਤਕਾਰ ਅਮਰਜੀਤ ਬੇਗਮਪੁਰੀ ਕਨੇਡਾ,ਅੰਤਰਰਾਸ਼ਟਰੀ ਗਾਇਕ ਰੂਪ ਲਾਲ ਧੀਰ ਗੀਤਕਾਰ ਸ਼ਸ਼ੀ ਮਾਹੀ ਮਿੱਠਾ ਪੁਰੀ ਕਨੇਡਾ ,ਗਾਇਕ ਰਵੀ ਪਰਵਾਗਾ ਕਨੇਡਾ, ਵਿੱਕੀ ਮੋਰਾਂਵਾਲੀਆ ਵੱਲੋਂ ਕੈਨੇਡਾ ਤੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ।

## ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ ਤਿੰਨ ਕਾਬੂ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)** ਸਥਾਨਕ ਪੁਲਸ ਵੱਲੋਂ ਡੀ.ਐਸ.ਪੀ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਚਲਾਈ ਜਾ ਰਹੀ ਮੁਹਿੰਮ ਤਹਿਤ ਤਿੰਨ ਵੱਖ-ਵੱਖ ਮਾਮਲਿਆਂ ਵਿੱਚ 10 ਗ੍ਰਾਮ ਹੈਰੋਇਨ ਅਤੇ 1720 ਨਸ਼ੀਲੀਆਂ ਗੋਲੀਆਂ ਸਮੇਤ ਤਿੰਨ ਨੌਜਵਾਨਾਂ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਸੁਲਤਾਨਪੁਰ ਲੋਧੀ ਦੇ ਮੁੱਖੀ ਸਬ ਇੰਸਪੈਕਟਰ ਜਸਪਾਲ ਸਿੰਘ ਨੇ ਦੱਸਿਆ ਕਿ ਪਹਿਲੇ ਮਾਮਲੇ ਵਿੱਚ ਹੌਲਦਾਰ ਬਖਸ਼ੀਸ਼ ਸਿੰਘ ਸਮੇਤ ਪੁਲਸ ਪਾਰਟੀ ਅਮਰਜੀਤ ਪੁਰ ਨੇੜੇ ਮੌਜੂਦ ਸੀ ਤਾਂ ਇੱਕ ਨੌਜਵਾਨ ਦੀ ਸ਼ਸ਼ਕ ਦੇ ਬਿਨਾਹ 'ਤੇ ਤਲਾਸੀ ਲਈ ਤਾਂ ਉਸ ਕੋਲੋਂ 10 ਗ੍ਰਾਮ ਹੈਰੋਇਨ ਅਤੇ 500 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਉਸ ਨੇ ਆਪਣਾ ਨਾਂਅ ਅਮਰਪ੍ਰੀਤ ਸਿੰਘ ਪੁੱਤਰ ਲਖਵੀਰ ਸਿੰਘ ਵਾਸੀ ਲਾਟੀਆਂ ਵਾਲ ਦੱਸਿਆ। ਦੂਸਰੇ ਮਾਮਲੇ ਵਿੱਚ ਏ.ਐਸ.ਆਈ ਪਿੰਦਰ ਸਿੰਘ ਸਮੇਤ ਪੁਲਸ ਪਾਰਟੀ ਲਾਟੀਆਂ ਵਾਲ ਦੇ ਸ਼ਮਸ਼ਾਨ ਘਾਟ ਕੋਲ ਦੌਰਾਨੇ ਗਸ਼ਤ ਮੌਜੂਦ ਸਨ ਤਾਂ ਇੱਕ ਨੌਜਵਾਨ ਕੋਲੋਂ ਤਲਾਸ਼ੀ ਦੌਰਾਨ 600 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਉਸ ਨੇ ਆਪਣੀ ਪਹਿਚਾਣ ਅਵਤਾਰ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਲਾਟੀਆਂ ਵਾਲ ਥਾਣਾ ਸੁਲਤਾਨਪੁਰ ਲੋਧੀ ਵਜੋਂ ਦੱਸੀ। ਤੀਸਰੇ ਮਾਮਲੇ ਵਿੱਚ ਏ.ਐਸ.ਆਈ ਬਲਬੀਰ ਸਿੰਘ ਸਮੇਤ ਪੁਲਸ ਪਾਰਟੀ ਭੁਲਾਣਾ ਟੀ ਪੁਆਇੰਟ 'ਤੇ ਮੌਜੂਦ ਸਨ ਤਾਂ ਇੱਕ ਨੌਜਵਾਨ ਪਾਸੋਂ 620 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਉਸ ਨੇ ਆਪਣੀ ਪਹਿਚਾਣ ਸੰਦੀਪ ਸਿੰਘ ਉਰਫ ਰਾਣਾ ਪੁੱਤਰ ਪੂਰਨ ਸਿੰਘ ਵਾਸੀ ਲਾਟੀਆਂ ਵਾਲ ਦੱਸਿਆ।

## ਰੰਧਾਵਾ ਦਾ ਮਨਾਇਆ ਜਨਮ ਦਿਨ

**ਨੂਰਮਹਿਲ ( ਬਾਲੀ )** ਦੋਆਬਾ ਪ੍ਰੈੱਸ ਕਲੱਬ ਨੂਰਮਹਿਲ ਵਾਇਸ ਚੇਅਰਮੈਨ ਗੁਰਪ੍ਰੀਤ ਸਿੰਘ ਰੰਧਾਵਾ ਦਾ ਜਨਮ ਦਿਨ ਪੱਤਰਕਾਰ ਭਾਈਚਾਰੇ ਵਲੋ ਉਨ੍ਹਾਂ ਦੇ ਜੱਦੀ ਪਿੰਡ ਤਲਵਣ ਵਿਖੇ ਉਨ੍ਹਾਂ ਦੇ ਗ੍ਰਹਿ ਵਿਖੇ ਮਨਾਇਆ । ਪੱਤਰਕਾਰ ਭਾਈਚਾਰੇ ਅਤੇ ਉਨਾਂ ਦੇ ਪਰਵਾਰ ਵਲੋ ਕੇਕ ਕੱਟਣ ਦੀ ਰਸਮ ਅਦਾ ਕੀਤੀ ਗਈ । ਉਪਰੰਤ ਮੁਬਾਰਕਾਂ ਦਿੱਤੀਆਂ। ਇਸ ਸਮੇਂ ਗੁਪਾਲ ਸ਼ਰਮਾ, ਜਸਵੀਰ ਸਿੰਘ, ਨਰਿੰਦਰ ਭੰਡਾਲ, ਅਵਤਾਰ ਚੰਦ, ਪੀ ਆਰ ਓ ਸੋਨੀਆ ਭੋਗਲ, ਕਨੂੰਨੀ ਸਲਾਹਕਾਰ ਗੀਤਕਾ , ਮਨਦੀਪ ਸ਼ਰਮਾ, ਸੋਨੂੰ ਬਹਾਦਰਪੁਰੀ , ਤਜਿੰਦਰ ਸਿੰਘ ,ਰਜੀਵ ਜੋਸ਼ੀ, ਮਲਕੀਤ ਸਿੰਘ ਅਤੇ ਹੋਰ ਮੈਂਬਰ ਹਾਜਰ ਸਨ ।

## ਸਮੂਹ ਮੈਥ ਲੈਕਚਰਾਰਾਂ ਦਾ ਦੋ ਦਿਨਾ ਸੈਮੀਨਾਰ ਲਗਾਇਆ

**ਫਗਵਾੜਾ (ਕਮਲ ਰਾਏ)** ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਪ੍ਰਾਪਤ ਹਦਾਇਤਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ) ਸ: ਹਰਭਗਵੰਤ ਸਿੰਘ ਅਤੇ ਡਿਪਟੀ ਡੀ ਈ ਓ (ਸੈ.ਸਿ) ਬਿਕਰਮਜੀਤ ਸਿੰਘ ਸਟੇਟ ਅਵਾਰਡੀ ਜੀ ਦੀ ਰਹਿਨੁਮਾਈ ਹੇਠ ਸ.ਹ.ਸ. ਧਾਲੀਵਾਲ ਦੋਨਾ ਕਪੂਰਥਲਾ ਵਿਖੇ ਜ਼ਿਲ੍ਹੇ ਦੇ ਸਮੂਹ ਮੈਥ ਲੈਕਚਰਾਰ ਦਾ ਦੋ ਦਿਨਾ ਸੈਮੀਨਾਰ ਲਗਾਇਆ ਗਿਆ। ਜਿਸ ਵਿੱਚ ਮੈਥ ਵਿਸ਼ੇ ਨੂੰ ਸਰਲ ਅਤੇ ਰੌਚਿਕ ਬਣਾਉਣ ਲਈ ਐਕਟੀਵਿਟੀਜ ਰਾਹੀਂ ਵਿਦਿਆਰਥੀਆਂ ਨੂੰ ਮੈਥ ਵਿਸ਼ੇ ਨੂੰ ਪੜ੍ਹਾਉਣ ਦੀ ਟ੍ਰੇਨਿੰਗ ਦਿੱਤੀ ਗਈ। ਸ.ਹ.ਸ. ਧਾਲੀਵਾਲ ਦੋਨਾ ਦੇ ਮੁੱਖ ਅਧਿਆਪਕ ਵਰਿੰਦਰ ਪਾਲ ਸਿੰਘ ਨੇ ਮੈਥ ਲੈਕਚਰਾਰ ਵੱਲੋਂ ਕੀਤੀ ਜਾ ਰਹੀ ਮਿਹਨਤ ਦੀ ਪ੍ਰਸ਼ੰਸਾ ਕੀਤੀ।

ਅਸ਼ਵਨੀ ਕੁਮਾਰ ਮੈਨੀ ਨੇ ਦੱਸਿਆ ਕਿ ਮੈਥ ਵਿਸ਼ਾ ਵਿਦਿਆਰਥੀਆਂ ਦੇ ਪੱਧਰ 'ਤੇ ਜਾ ਕੇ ਪੜ੍ਹਾਉਣਾ ਚਾਹੀਦਾ ਹੈ ਅਤੇ ਟ੍ਰੇਨਿੰਗ ਦੌਰਾਨ ਪ੍ਰਾਪਤ ਤਜਰਬੇ ਵਿਦਿਆਰਥੀਆਂ ਤੱਕ ਪਹੁਚਾਉਣਾ ਸਾਡੀ ਸਭ ਦੀ ਨੈਤਿਕ ਜ਼ਿੰਮੇਵਾਰੀ ਬਣਦੀ ਹੈ। ਸਤੀਸ਼ ਕੁਮਾਰ, ਨਿਰਮਲ ਸਿੰਘ ਤੇ ਨਰਿੰਦਰ ਸਿੰਘ ਨੇ ਬਤੌਰ ਰਿਸੋਰਸ ਪਰਸਨ ਦੀ ਡਿਊਟੀ ਬਾਖੂਬੀ ਨਿਭਾਈ । ਸੈਮੀਨਾਰ ਵਿਚ ਭਾਗ ਲੈ ਰਹੇ ਅਧਿਆਪਕਾਂ ਨੇ ਆਪ ਐਕਟੀਵਿਟੀਜ ਤਿਆਰ ਕੀਤੀਆਂ ਤਾਂ ਜੋ ਵਿਦਿਆਰਥੀਆਂ ਨੂੰ ਔਖੇ ਟੌਪਿਕ ਸਮਝਾਉਣ ਵਿਚ ਕੋਈ ਮੁਸ਼ਕਿਲ ਨਾ ਆਵੇ। ਸੈਮੀਨਾਰ ਵਿੱਚ ਮੈਥ ਲੈਕਚਰਾਰ ਪੰਕਜ ਕੁਮਾਰ, ਅਮਰੀਕ ਸਿੰਘ, ਇੰਦਰਜੀਤ ਸਿੰਘ, ਮਨਜੀਤ ਕੌਰ, ਦਵਿੰਦਰ ਕੌਰ, ਰੀਟਾ, ਨਵਤੇਜ ਕੌਰ, ਮੋਨਿਕਾ, ਮਨਜਿੰਦਰ ਕੌਰ, ਪੂਨਮ ਸ਼ਰਮਾ, ਦਵਿੰਦਰ ਕੌਰ ਕੰਵਲਜੀਤ ਕੌਰ,ਸੀਮਾ ਸਹੋਤਾ, ਵੰਦਨਾ, ਪਮਨਦੀਪ ਅਤੇ ਮਨਜੀਤ ਕੌਰ ਆਦਿ ਨੇ ਭਾਗ ਲਿਆ।

## ਪੁਲਸ ਨੇ ਬਰਾਮਦ ਕੀਤਾ ਨਸ਼ੀਲਾ ਪਦਾਰਥ ਤੇ ਅਸਲਾ

**ਦਸੂਹਾ (ਲਵਜੀਤ ਸਿੰਘ)**-ਸਥਾਨਕ ਪੁਲਸ ਨੇ ਛਾਪੇਮਾਰੀ ਕਰਕੇ ਕਸਬਾ ਮਹੂੱਲਾ ਦੇ ਸੰਦੀਪ ਸਿੰਘ, ਉਸਦੀ ਪਤਨੀ ਅਤੇ ਗੁਰਦੀਪ ਸਿੰਘ ਉਰਫ ਲੱਡੂ ਪੁੱਤਰ ਜਸਵੰਤ ਸਿੰਘ ਵਾਸੀ ਪਿੰਡ ਮਾਖਾ, ਤਹਿਸੀਲ ਮੁਕੇਰੀਆਂ ਨੂੰ ਕਾਬੂ ਕਰਕੇ 53 ਕਿਲੋ ਚੂਰਾ ਪੋਸਤ, ਨਸ਼ੀਲਾ ਪਦਾਰਥ, ਇੱਕ ਰਾਈਫਲ ਅਤੇ ਡਰੱਗ ਮਨੀ ਬਰਾਮਦ ਕੀਤੀ। ਗੁਰਦੀਪ ਸਿੰਘ ਲੱਡੂ ਨੂੰ ਮੌਕੇ ਤੇ ਗ੍ਰਿਫਤਾਰ ਕੀਤਾ ਅਤੇ ਉਸ ਖਿਲਾਫ ਪਰਚਾ ਅਧੀਨ ਧਾਰਾ 22/61/85 ਐਨ.ਡੀ.ਪੀ.ਐਸ ਐਕਟ ਦਰਜ ਕੀਤਾ। ਬਾਕੀ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਹੈ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਧਿਆਣਾ ਨੇ ਅਥਲੈਟਿਕਸ ਚੈਂਪੀਅਨਸ਼ਿਪ 'ਚ ਜਿੱਤੇ 14 ਮੈਡਲ

**ਆਦਮਪੁਰ ( ਪਰਮਜੀਤ ਸਿੰਘ)**-ਪਧਿਆਣਾ ਸਕੂਲ ਨੇ ਸੈਸ਼ਨ 22-23 ਦੌਰਾਨ ਖੇਡਾਂ ਦੇ ਖੇਤਰ ਵਿੱਚ ਜਲੰਧਰ ਜ਼ਿਲ੍ਹੇ ਵਿੱਚੋਂ ਵੱਖ ਵੱਖ ਖੇਡਾਂ ਨਾਮਣਾ ਖੱਟਿਆ ਹੈ। ਜ਼ਿਲ੍ਹਾ ਸਕੂਲ ਐਥਲੈਟਿਕ ਮੀਟ ਵਿੱਚ 5 ਗੋਲਡ, 5 ਸਿਲਵਰ ਅਤੇ 4 ਬਰਾਊਨਸ ਮੈਡਲ ਅਤੇ ਕੁੱਲ 14 ਮੈਡਲ ਪ੍ਰਾਪਤ ਕੀਤੇ। ਇਸ ਦੇ ਨਾਲ ਫੁੱਟਬਾਲ 14 ਵਿੱਚ ਜ਼ਿਲ੍ਹੇ ਵਿੱਚੋਂ ਉੱਪ ਜੇਤੂ ਰਹੀ, ਯੋਗਾ ਵਿੱਚੋਂ 14 ਟੀਮ ਉੱਪ ਜੇਤੂ ਰਹੀ, ਖੇਡਾਂ ਵਤਨ ਪੰਜਾਬ ਦੀਆਂ(ਫੁੱਟਬਾਲ) ਵਿੱਚੋਂ ਬਲਾਕ ਆਦਮਪੁਰ ਵਿੱਚੋਂ ਜੇਤੂ ਰਹੀ, ਜੋਨ ਨੰ:-8 ਆਦਮਪੁਰ ਵਿੱਚੋਂ ਵੀ ਜੇਤੂ ਰਹੀ। ਸਕੂਲ ਦੇ ਡੀ ਡੀ ਓ ਪ੍ਰਿੰਸੀਪਲ ਹਰਜਿੰਦਰ ਸਿੰਘ ਅਤੇ ਸਕੂਲ ਇੰਚਾਰਜ ਸਰਵਜੀਤ ਅਤੇ ਸਮੂਹ ਸਟਾਫ ਵੱਲੋਂ ਲੈਕਚਰਾਰ ਬਲਜੀਤ ਸਿੰਘ ਢਿੱਲੋਂ ਅਤੇ ਜਸਵਿੰਦਰ ਸਿੰਘ ਨੂੰ ਇਸ ਜਿੱਤ ਲਈ ਮੁਬਾਰਕਬਾਦ ਦਿੱਤੀ। ਪਧਿਆਣਾ ਸਕੂਲ ਦੇ ਚਾਰ ਖਿਡਾਰੀ ਪੰਜਾਬ ਸਕੂਲ ਖੇਡਾਂ ਵਿੱਚ ਹਿੱਸਾ ਲੈਣਗੇ। ਮੁਬਾਰਕਬਾਦ ਦੇਣ ਲਈ ਗੁਰਨਾਮ ਸਿੰਘ, ਲਖਵਿੰਦਰ ਰਾਮ, ਸੁਰਿੰਦਰ ਕੁਮਾਰ ,ਸੰਤੋਖ ਕੁਮਾਰ, ਮਨਮੋਹਨ ਸਿੰਘ,ਹਰਦੀਪ ਕੁਮਾਰ, ਮੈਡਮ ਕਿਰਨ, ਮੈਡਮ ਆਸ਼ੀਮਾ, ਮੈਡਮ ਅਮਨਦੀਪ, ਮੈਡਮ ਪ੍ਰੀਤੀ, ਮੈਡਮ ਪੂਜਾ, ਮੈਡਮ ਸ਼ਕਤੀ ਅਤੇ ਸਮੂਹ ਨਗਰ ਨਿਵਾਸੀ ਸ਼ਾਮਲ ਸਨ।



# ਲਾਰਡ ਕ੍ਰਿਸ਼ਨਾ ਕਾਲਜ 'ਚ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮ



**ਸੁਲਤਾਨਪੁਰ ਲੋਧੀ, ( ਹਨੀ )** ਲਾਰਡ ਕ੍ਰਿਸ਼ਨਾ ਕਾਲਜ ਆਫ ਐਜੂਕੇਸ਼ਨ ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠਾਂ ਦੇ ਭੋਗ ਉਪਰੰਤ ਵਿਦਿਆਰਥੀਆਂ ਵਲੋਂ ਕੀਰਤਨ ਰਾਹੀਂ ਸੰਗਤ ਨੂੰ ਗੁਰੂ ਚਰਨਾਂ ਨਾਲ ਜੋੜਿਆ । ਸਟਾਫ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਧਾਰਮਿਕ ਸਮਾਗਮ ਵਿਚ ਬੜੇ ਉਤਸ਼ਾਹ ਤੇ ਨਿਮਰਤਾ ਨਾਲ ਹਾਜਰੀਆਂ ਭਰੀਆਂ । ਪ੍ਰਿੰਸੀਪਲ ਰੂਬੀ ਭਗਤ ਨੇ ਸਮੂਹ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਵਲੋਂ ਦਿਖਾਏ ਸੱਚ ਤੇ ਨੇਕੀ ਦੇ ਰਸਤੇ 'ਤੇ ਚੱਲਣ ਦਾ ਸੁਨੇਹਾ ਦਿੱਤਾ ।

ਇਸ ਮੌਕੇ ਪ੍ਰੋ. ਸੁੰਮੀ ਧੀਰ, ਪ੍ਰੋ.ਰਮਾ, ਪ੍ਰੋ.ਕੁਲਦੀਪ ਕੌਰ, ਪ੍ਰੋ.ਸਾਹਿਲ, ਪ੍ਰੋ.ਚਰਨਜੀਤ ਕੌਰ, ਪ੍ਰੋ.ਵੀਨਸ, ਪ੍ਰੋ.ਨੀਰੂ ਬਾਲਾ, ਮੈਡਮ ਰੀਟਾ ਰਾਣੀ ਆਦਿ ਸਟਾਫ਼ ਮੈਂਬਰ ਹਾਜਰ ਸਨ।

# ਖਾਲਿਸਤਾਨੀ ਗੁਰਪਤਵੰਤ ਪੰਨੂ ਨੂੰ ਕੇਂਦਰ ਸਰਕਾਰ ਵਿਦੇਸ਼ ਤੋਂ ਗ੍ਰਿਫ਼ਤਾਰ ਕਰਕੇ ਭਾਰਤ ਲਿਆਵੇ : ਮਿੱਕੀ ਪੰਡਿਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਦਹਿਸ਼ਤਗਰਦ ਖਾਲਿਸਤਾਨੀ ਗੁਰਪਤਵੰਤ ਸਿੰਘ ਪੰਨੂ ਦੀਆਂ ਪੰਜਾਬ ਵਿੱਚ ਵੱਧ ਰਹੀਆਂ ਸਰਗਰਮੀਆਂ ਅਤੇ ਧਾਰਮਿਕ ਸਥਾਨਾਂ 'ਤੇ ਖਾਲਿਸਤਾਨੀ ਜ਼ਿੰਦਾਬਾਦ ਦੇ ਨਾਅਰੇ ਲਿਖਣ ਤੋਂ ਇਲਾਵਾ ਹੁਣ ਰਾਧਾ ਸੁਆਮੀ ਸਤਿਸੰਗ ਘਰ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੂੰ ਦਿੱਤੀਆਂ ਗਈਆਂ ਧਮਕੀਆਂ ਦੇ ਰੋਸ ਵਜੋਂ ਸ਼ਿਵ ਸੈਨਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਸ਼ਿਵਮ ਵੈਦ ਦੀ ਅਗਵਾਈ ਵਿਚ ਇਕ ਹੰਗਾਮੀ ਮੀਟਿੰਗ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਸ਼ਿਵ ਸੈਨਾ ਪੰਜਾਬ ਦੇ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਦੋਆਬਾ ਪ੍ਰਧਾਨ ਰਾਹੁਲ ਖੰਨਾ, ਅਖਿਲ ਵਾਲਮੀਕਿ ਧਰਮ ਸਮਾਜ ਪੰਜਾਬ ਦੇ ਚੇਅਰਮੈਨ ਗਗਨ ਭੱਟੀ ਅਤੇ ਜ਼ਿਲ੍ਹਾ ਚੇਅਰਮੈਨ ਵਿਕਾਸ ਜਸਰਾ ਸ਼ਾਮਿਲ ਹੋਏ। ਮਿੱਕੀ ਪੰਡਿਤ ਨੇ ਕਿਹਾ ਕਿ ਦਹਿਸ਼ਤਗਰਦ ਖਾਲਿਸਤਾਨੀ ਗੁਰਪਤਵੰਤ ਸਿੰਘ ਪੰਨੂ ਪੰਜਾਬ ਦੇ ਨੌਜਵਾਨਾਂ ਨੂੰ ਗੁਮਰਾਹ ਕਰਕੇ ਪੰਜਾਬ ਵਿਚ ਅੱਤਵਾਦੀ ਗਤੀਵਿਧੀਆਂ ਵਧਾ ਰਿਹਾ ਹੈ ਅਤੇ ਬੀਤੇ ਦਿਨੀਂ ਤਲਵੰਡੀ ਭਾਈ ਦੇ ਰਾਧਾ ਸੁਆਮੀ ਸਤਿਸੰਗ ਘਰ ਬਿਆਸ ਦੀਆਂ ਕੰਧਾਂ ਤੇ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰੇ ਲਿਖ ਕੇ ਲੋਕਾਂ ਦੇ ਮਨਾਂ ਵਿਚ ਦਹਿਸ਼ਤ ਦਾ ਮਾਹੌਲ ਪੈਦਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਡੇਰਾ ਬਿਆਸ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਫੇਰੀ ਤੋਂ ਚਿੜ ਕੇ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੂੰ ਇਸਦੇ ਨਤੀਜੇ ਭੁਗਤਣ ਦੀ ਚੇਤਾਵਨੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਖਾਲਿਸਤਾਨੀ ਅੱਤਵਾਦੀ ਪੰਜਾਬ ਵਿੱਚ ਆਏ ਦਿਨ ਹਿੰਦੂਆਂ ਦੇ ਧਾਰਮਿਕ ਸਥਾਨਾਂ 'ਤੇ ਹਮਲੇ ਕਰਕੇ ਹਿੰਦੂਆਂ ਦੇ ਧਾਰਮਿਕ ਸਥਾਨਾਂ ਦੀ ਬੇਅਦਬੀ ਕਰ ਰਹੇ ਹਨ ਤੇ ਕਦੇ ਹਿੰਦੂ ਨੇਤਾਵਾਂ 'ਤੇ ਜਾਨਲੇਵਾ ਹਮਲੇ ਕਰਕੇ ਉਨ੍ਹਾਂ ਤੇ ਗੋਲੀਆਂ ਦੀ ਬੌਛਾੜਾਂ ਵੀ ਕਰ ਰਹੇ ਹਨ, ਜਿਸਨੂੰ ਸ਼ਿਵ ਸੈਨਾ ਪੰਜਾਬ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਹਿੰਸਾ ਤੇ ਹਿੰਸਕ ਵਾਰਦਾਤਾਂ ਕਰਨ ਵਾਲੇ ਕਿਸੇ ਵੀ ਵਿਅਕਤੀ ਜਾਂ ਜਥੇਬੰਦੀ ਨੂੰ ਸਹਿਣ ਨਹੀਂ ਕੀਤਾ ਜਾ ਸਕਦਾ ਕਿਉਂਕਿ ਪੰਜਾਬ ਦੇ ਲੋਕਾਂ ਨੇ ਪਹਿਲਾਂ ਹੀ ਕਾਲੇ ਦਿਨਾਂ ਦਾ ਸੰਤਾਪ ਭੋਗਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਦਿਲਾਂ ਦੇ ਜਖਮ ਅਜੇ ਭਰੇ ਨਹੀਂ ਕਿ ਪੰਜਾਬ ਵਿੱਚ ਪ੍ਰਸ਼ਾਸਨ ਦੇ ਸਾਹਮਣੇ ਅੱਤਵਾਦੀ ਦਹਿਸ਼ਤ ਫੈਲਾਈ ਜਾ ਰਹੇ ਹਨ ਅਤੇ ਪੰਜਾਬ ਸਰਕਾਰ ਕੁੰਭਕਰਨੀ ਨੀਂਦੇ ਸੁੱਤੀ ਪਈ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਵਿਦੇਸ਼ 'ਚ ਬੈਠੇ ਅੱਤਵਾਦੀ ਗੁਰਪਤਵੰਤ ਪੰਨੂ ਨੂੰ ਜਲਦ ਗ੍ਰਿਫ਼ਤਾਰ ਕਰਕੇ ਭਾਰਤ ਲਿਆਂਦਾ ਜਾਵੇ ਅਤੇ ਸਖਤ ਤੋਂ ਸਖਤ ਸਜਾ ਦਿੱਤੀ ਜਾਵੇ। ਅਜਿਹਾ ਨਾ ਹੋਣ ਤੇ ਸ਼ਿਵ ਸੈਨਾ ਪੰਜਾਬ ਸੰਘਰਸ਼ ਦਾ ਬਿਗੁਲ ਵਜਾ ਕੇ ਰੋਡ ਜਾਮ ਤੇ ਪੁਤਲੇ ਫੂਕ ਪ੍ਰਦਰਸ਼ਨ ਕਰੇਗੀ। ਇਸ ਮੌਕੇ 'ਤੇ ਜਿੰਦਰ ਬਨਿਆਲ, ਵਿਵੇਕ ਵਿਜਨ, ਟੋਨੀ ਗਿੱਲ ਰੜਾ, ਸੁਧਾਂਸ਼ ਮਲੋਤਰਾ, ਹਰਜੀਤ ਸਿੰਘ, ਗਗਨ ਪਰੋਜ, ਗਿੰਧਾ ਪਰੋਜ, ਜੋਵਨ, ਸਾਬੀ ਅਤੇ ਹੋਰ ਸ਼ਿਵ ਸੈਨਾ ਵਰਕਰ ਹਾਜਰ ਸਨ।



## ਐੱਸ ਡੀ ਐੱਮ, ਹਾਜੀਪੁਰ ਤੇ ਬਲੱਗਣ ਚੌਕ ਬਣੇ ਲੋਕਾਂ ਲਈ ਭਾਰੀ ਮੁਸੀਬਤ

**ਦਸੂਹਾ, (ਲਵਜੀਤ ਸਿੰਘ)**-ਦਸੂਹਾ ਦਾ ਹਾਜ਼ੀਪੁਰ ਚੌਕ ਅਤੇ ਬਲੱਗਣ ਚੌਕ ਆਵਾਜਾਈ ਦੇ ਲਿਹਾਜ਼ ਨਾਲ ਮਹੱਤਵਪੂਰਨ ਹਨ। ਬਲੱਗਣ ਚੌਕ 'ਤੇ ਇੱਕ ਫਲਾਈ ਓਵਰ ਉਸਾਰਿਆ ਗਿਆ ਹੈ। ਪਰ ਇਸ ਨਾਲ ਆਵਾਜਾਈ ਦੀ ਸਮੱਸਿਆ ਦਾ ਹੱਲ ਨਹੀ ਨਿਕਲਿਆ ਹੈ। ਸਗੋਂ ਇਸ ਫਲਾਈ ਓਵਰ ਦੇ ਨਾਲ ਲੋਕਾਂ ਦੀ ਸਮੱਸਿਆ ਹੋਰ ਵੀ ਵੱਧ ਗਈ ਹੈ। ਸਵੇਰੇ ਅਤੇ ਸ਼ਾਮ ਨੂੰ ਗੱਡੀਆ ਦੀ ਟਰੈਫਕ ਬਹੁਤ ਜਿਆਦਾ ਹੋਣ ਦੇ ਕਾਰਨ ਅਤੇ ਟਰੈਫਿਕ ਮੁਲਾਜ਼ਮਾਂ ਦੀ ਗੈਰ ਮੌਜੂਦਗੀ ਦੇ ਕਾਰਨ ਟਰੈਫਿਕ ਦੀ ਸਮੱਸਿਆ ਬਹੁਤ ਵੱਧ ਗਈ ਹੈ।

ਭਾਵੇਂ ਪੁਲਸ ਅਤੇ ਪ੍ਰਸ਼ਾਸ਼ਨ ਨੇ ਭਾਰੀ ਗੱਡੀਆਂ ਅਤੇ ਟਰੱਕ, ਬੱਸਾਂਅਤੇ ਟਰੈਕਟਰ ਟਰਾਲੀਆਂ ਦੀ ਆਵਾਜਾਈ ਨੂੰ ਇੱਕ ਖਾਸ ਸਮੇਂ ਲਈ ਬਲੱਗਣ ਚੌਕ ਨਾ ਲੰਘਣ ਦਾ ਹੁਕਮ ਕੀਤਾ ਹੈ। ਪਰ ਕੋਈ ਵੀ ਇਸ ਲਿਖਤ ਹੁਕਮ ਦੀ ਪ੍ਰਵਾਹ ਨਹੀਂ ਕਰਦਾ, ਜਿਸ ਨਾਲ ਜਾਮ ਲੱਗ ਜਾਦਾ ਹੈ। ਪਰ ਪ੍ਰਸ਼ਾਸਨ ਦੀ ਕੁੰਭਕਰਨੀ ਨੀਂਦ ਕਾਰਨ ਆਮ ਲੋਕਾਂ ਨੂੰ ਇਸਦਾ ਨਤੀਜਾ ਭੁਗਤਣਾ ਪੈ ਰਿਹਾ ਹੈ। ਇਸ ਤੋਂ ਇਲਾਵਾ ਐਸ.ਡੀ.ਐਮ. ਚੌਕ ਦਸੂਹਾ 'ਤੇ ਲਾਲ ਬੱਤੀਆਂ ਦਾ ਪ੍ਰਬੰਧ ਨਾ ਹੋਣ ਕਰਕੇ ਸੜਕ ਹਾਦਸਾ ਹੋਣ ਦਾ ਖਦਸ਼ਾ ਬਣਿਆ ਹੋਇਆ ਹੈ।

# ਜ਼ਿਲ੍ਹਾ ਪੁਲਸ ਵੱਲੋਂ ਡੀ ਆਈ ਜੀ ਰੂਪਨਗਰ ਦੀ ਅਗਵਾਈ ਹੇਠ ਚਲਾਇਆ ਸਰਚ ਅਪ੍ਰੇਸ਼ਨ



**ਐਸ.ਏ.ਐਸ. ਨਗਰ (ਗੁਰਜੀਤ ਬਿੱਲਾ)**-ਡਾ: ਸੰਦੀਪ ਕੁਮਾਰ ਗਰਗ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਿਸ, ਜਿਲਾ ਐਸ.ਏ.ਐਸ.ਨਗਰ ਵੱਲੋਂ ਪ੍ਰੈਸ ਨੋਟ ਰਾਹੀਂ ਦੱਸਿਆ ਗਿਆ ਹੈ ਕਿ ਡੀ.ਜੀ.ਪੀ., ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਭੈੜੇ /ਸ਼ਰਾਰਤੀ ਅਨਸਰਾਂ ਵਿਰੁੱਧ ਕਾਰਵਾਈ ਕਰਨ ਲਈ ਈਸ਼ਵਰ ਸਿੰਘ, ਆਈ.ਪੀ.ਐਸ, ਏ.ਡੀ.ਜੀ.ਪੀ., ਐਚ.ਆਰ.ਡੀ. ਅਤੇ ਵੈਲਵੇਅਰ, ਪੰਜਾਬ, ਗੁਰਪ੍ਰੀਤ ਸਿੰਘ ਭੁੱਲਰ, ਆਈ.ਪੀ.ਐਸ, ਡੀ.ਆਈ.ਜੀ. ਰੂਪਨਗਰ ਰੇਂਜ,ਰੂਪਨਗਰ ਅਤੇ ਜਿਲ੍ਹਾ ਐਸ.ਏ.ਐਸ.ਨਗਰ ਦੇ ਗਜ਼ਟਿਡ ਪੁਲਸ ਅਫਸਰਾਂ ਦੀ ਨਿਗਰਾਨੀ ਵਿੱਚ ਵੱਖ-ਵੱਖ ਥਾਵਾਂ 'ਤੇ ਕਾਰਡਨ ਅਤੇ ਸਰਚ-ਅਪਰੇਸ਼ਨ ਚਲਾਇਆ ਗਿਆ, ਸਰਚ ਅਪਰੇਸ਼ਨ ਦੌਰਾਨ ਜੀ.ਪੀ.ਬੀ, ਨਗੋਲੀਆ ਸੋਸਾਇਟੀ ਖਰੜ, ਟੀ.ਡੀ.ਆਈ. ਕਲੋਨੀ ਸੈਕਟਰ 117 ਖਰੜ, ਪਿੰਡ ਸੋਹਾਣਾ, ਬੈਸਟੈਕ ਮਾਲ ਫੇਸ-11 ਮੋਹਾਲੀ, ਜੀਰਕਪੁਰ ਅਤੇ ਡੇਰਾਬਸੀ ਇਲਾਕੇ ਵਿੱਚ ਸੋਸਾਇਟੀਆਂ, ਮਾਲਜ਼ ਅਤੇ ਕਲੋਨੀਆਂ ਆਦਿ ਦੀ ਸਰਚ ਕੀਤੀ ਗਈ। ਐਸ.ਐਸ.ਪੀ. ਡਾ. ਸੰਦੀਪ ਗਰਗ ਨੇ ਦੱਸਿਆ ਕਿ ਸਰਚ ਅਪਰੇਸ਼ਨ ਦੌਰਾਨ ਵੱਖ-ਵੱਖ ਕਲੋਨੀਆਂ ਦੀ ਚੈਕਿੰਗ ਕੀਤੀ ਗਈ ਅਤੇ ਚੈਕਿੰਗ ਦੌਰਾਨ ਫੇਸ-11 ਮੋਹਾਲੀ ਵਿਖੇ ਬੈਸਟੈਕ ਮਾਲ ਦੀ ਐਂਟੀਸਾਬੋਤਾਜ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਕਈ ਪੀ.ਜੀ./ਫਲੈਟਾਂ ਦੇ ਮਾਲਕਾਂ ਵੱਲੋਂ ਕਿਰਾਏਦਾਰਾਂ ਬਾਰੇ ਸਬੰਧਤ ਥਾਣਿਆਂ ਵਿੱਚ ਸੂਚਨਾ ਨਹੀਂ ਦਿੱਤੀ ਗਈ ਸੀ, ਜਿਸ ਕਰਕੇ 5 ਪੀ.ਜੀ. ਮਾਲਕਾਂ ਵਿਰੁੱਧ ਅ/ਧ 188 ਹਿੰ:ਦੰ: ਤਹਿਤ ਮੁਕੱਦਮੇ ਦਰਜ ਕੀਤੇ ਗਏ, 71 ਸ਼ੱਕੀ ਵਿਅਕਤੀਆਂ ਨੂੰ ਰਾਉਂਡ-ਅੱਪ ਕੀਤਾ ਗਿਆ, 16 ਵਹੀਕਲ ਮੋਟਰ-ਵਹੀਕਲ ਐਕਟ ਤਹਿਤ ਬੰਦ ਕੀਤੇ ਗਏ, 01 ਮੁਕੱਦਮਾ ਐਨ.ਡੀ.ਪੀ.ਐਸ.ਐਕਟ ਤਹਿਤ ਦਰਜ ਕੀਤਾ ਗਿਆ, 02 ਕਲੰਦਰੇ 110 ਸੀ.ਆਰ.ਪੀ.ਸੀ. ਤਹਿਤ ਦਿੱਤੇ ਗਏ। ਐਸ.ਐਸ.ਪੀ. ਨੇ ਦੱਸਿਆ ਕਿ ਇਹ ਸਰਚ ਅਪਰੇਸ਼ਨ ਆਮ ਪਬਲਿਕ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਚਲਾਇਆ ਗਿਆ ਹੈ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਗਈ ਕਿ ਘਰਾਂ ਵਿੱਚ ਰੱਖੇ ਗਏ ਨੌਕਰਾਂ ਅਤੇ ਕਿਰਾਏਦਾਰਾਂ ਬਾਰੇ ਸਬੰਧਤ ਥਾਣਾ ਵਿੱਚ ਸੂਚਨਾ ਦੇ ਕੇ ਸਾਰਿਆ ਦੀ ਵੈਰੀਫਿਕੇਸਨ ਕਰਵਾਈ ਜਾਵੇ। ਇਸ ਤੋਂ ਇਲਾਵਾ ਜੇਕਰ ਕਿਸੇ ਕਲੋਨੀ/ਸੋਸਾਇਟੀ ਵਿੱਚ ਕੋਈ ਸ਼ੱਕ ਵਿਅਕਤੀ ਰਹਿਣ ਲਈ ਆਇਆ ਹੋਵੇ ਜਾਂ ਰਹਿ ਰਿਹਾ ਹੋਵੇ ਤਾਂ ਉਸ ਬਾਰੇ ਇਤਲਾਹ ਪੰਜਾਬ ਪੁਲਿਸ ਦੇ ਹੈਲਪ ਲਾਈਨ ਨੰਬਰ 112, 181 ਪਰ ਜਾਂ ਉਨ੍ਹਾਂ ਦੇ ਨਿੱਜੀ ਵੱਟਸਐਪ ਨੰਬਰ 80541-00112 'ਤੇ ਸੂਚਨਾ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਦਾ ਨਾਂਅ ਤੇ ਪਤਾ ਗੁਪਤ ਰੱਖਿਆ ਜਾਵੇਗਾ।

# ਬੇਗਮਪੁਰਾ ਟਾਈਗਰ ਫੋਰਸ ਦਾ ਵਫਦ ਤਾਰਾ ਚੰਦ 'ਤੇ ਪਰਚਾ ਦਰਜ ਕਰਵਾਉਣ ਲਈ ਐੱਸ ਪੀ ਨੂੰ ਮਿਲਿਆ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਬੇਗਮਪੁਰਾ ਟਾਇਗਰ ਫੋਰਸ ਰਜਿ.ਦਾ ਵਫਦ ਪੰਜਾਬ ਪ੍ਰਧਾਨ ਵੀਰਪਾਲ ਠਰੋਲੀ ਐੱਸਪੀ ਹੈੱਡਕੁਆਰਟਰ ਮਨਜੀਤ ਕੌਰ ਨੂੰ ਮਿਲਿਆ ਅਤੇ ਫੋਰਸ ਦੇ ਫੇਸਬੁੱਕ ਪੇਜ 'ਤੇ ਅਣਅਧਿਕਾਰਿਤ ਤੌਰ 'ਤੇ ਧਰਨੇ ਨੂੰ ਲਾਈਵ ਕਰਨ ਵਾਲੇ ਸ਼ਰਾਰਤੀ ਅਨਸਰ ਖਿਲਾਫ ਕਾਰਵਾਈ ਕਰਨ ਲਈ ਮੰਗ ਪੱਤਰ ਦਿੱਤਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਵੀਰਪਾਲ ਠਰੋਲੀ ਨੇ ਦੱਸਿਆ ਕਿ ਸਿਵਲ ਹਸਪਤਾਲ ਹੁਸ਼ਿਆਰਪੁਰ ਵਿੱਚ ਪੱਤਰਕਾਰ ਤੇ ਡਾਕਟਰੀ ਸਟਾਫ ਵਿਵਾਦ ਨੂੰ ਤਾਰਾ ਚੰਦ ਪੁੱਤਰ ਨਿਰੰਜਣ ਦਾਸ ਮੱਲਮਜਾਰਾ ਜ਼ਿਲ੍ਹਾ ਹੁਸ਼ਿਆਰਪੁਰ ਨੇ ਅਣਅਧਿਕਾਰਿਤ ਤੌਰ 'ਤੇ ਲਾਈਵ ਕਰਕੇ ਤੂਲ ਦੇਣ ਅਤੇ ਸਮਾਜ ਵਿੱਚ ਭੜਕਾਹਟ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਉਕਤ ਵਿਅਕਤੀ ਖਿਲਾਫ ਪਹਿਲਾਂ ਵੀ ਬੇਗਮਪੁਰਾ ਟਾਈਗਰ ਫੋਰਸ ਦੀ ਵੈਬਸਾਈਟ ਅਤੇ ਫੇਸਬੁੱਕ ਪੇਜ ਦਾ ਅਣਅਧਿਕਾਰਿਤ ਤੌਰ 'ਤੇ ਸੰਚਾਲਨ ਕਰਨ ਦੇ ਖਿਲਾਫ ਹੁਸ਼ਿਆਰਪੁਰ ਪੁਲਸ ਨੂੰ ਦਰਖਾਸਤ ਦਿੱਤੀ ਜਾ ਚੁੱਕੀ ਹੈ। ਜਿਸ ਦੀ ਰੰਜਸ਼ਿਨ ਉਕਤ ਵਿਅਕਤੀ ਨੇ ਇਸ ਵਿਵਾਦ ਨੂੰ ਸਮਾਜ ਵਿੱਚ ਗਲਤ ਮੰਸ਼ਾ ਨਾਲ ਪ੍ਰਸਾਰਿਤ ਕਰਨ ਦੀ ਕੋਸ਼ਿਸ਼ ਕੀਤੀ ਹੈ। ਇਸ ਲਈ ਉਕਤ ਤਾਰਾ ਚੰਦ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਉਨਾਂ ਜ਼ਿਲ੍ਹਾ ਪੁਲਸ ਪਾਸੋਂ ਮੰਗ ਕੀਤੀ। ਇਸ ਮੌਕੇ ਸ਼ੁਸਾਤ ਮੰਮਣ ਆਦਿ ਹਾਜਰ ਸਨ।

# ਜ਼ੀਰਕਪੁਰ - ਘੱਗਰ ਦਰਿਆ ਦਰਮਿਆਨ ਟ੍ਰੈਫਿਕ ਨੂੰ ਸਰਵਿਸ ਲਾਈਨ 'ਤੇ ਕੀਤਾ ਜਾਵੇਗਾ ਤਬਦੀਲ : ਤਲਵਾੜ



**ਐਸ.ਏ.ਐਸ. ਨਗਰ (ਗੁਰਜੀਤ ਬਿੱਲਾ)**—ਚੰਡੀਗੜ੍ਹ-ਜ਼ੀਰਕਪੁਰ ਫਲਾਈਓਵਰ ਦੀ ਉਸਾਰੀ ਕਾਰਨ ਰੋਜ਼ਾਨਾ ਲੱਗਦੇ ਟ੍ਰੈਫਿਕ ਜਾਮ ਦੀ ਸਮੱਸਿਆ ਨੂੰ ਹੱਲ ਕਰਨ ਲਈ ਡਿਪਟੀ ਕਮਿਸ਼ਨਰ ਅਮਿਤ ਤਲਵਾੜ ਦੀ ਪ੍ਰਧਾਨਗੀ ਹੇਠ ਐਸ.ਡੀ.ਐਮ. ਡੇਰਾਬੱਸੀ, ਐਨ.ਐਚ.ਏ.ਆਈ ਦੇ ਅਧਿਕਾਰੀਆਂ, ਪੀ.ਡਬਲਿਊ.ਡੀ. ਦੇ ਅਧਿਕਾਰੀਆਂ, ਕਾਰਜ ਸਾਧਕ ਅਫਸਰ, ਜ਼ੀਰਕਪੁਰ ਅਤੇ ਹੋਰ ਵਿਭਾਗਾਂ ਨਾਲ ਮੰਗਲਵਾਰ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇੱਕ ਵਿਸ਼ੇਸ ਮੀਟਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਵੱਲੋਂ ਪੀ.ਡਬਲਿਊ.ਡੀ. ਵਿਭਾਗ ਜਿਨ੍ਹਾਂ ਵਲੋਂ ਚੰਡੀਗੜ੍ਹ ਜੀਰਕਪੁਰ ਫਲਾਈਓਵਰ ਬਣਾਇਆ ਜਾ ਰਿਹਾ ਹੈ, ਨੂੰ ਹਦਾਇਤ ਕੀਤੀ ਕਿ 30 ਨਵੰਬਰ 2022 ਤੱਕ ਕੰਮ ਨੂੰ ਮੁਕੰਮਲ ਕਰਨ। ਜਿਸ ਦੇ ਜਵਾਬ ਵਜੋਂ ਪੀ.ਡਬਲਿਊ.ਡੀ ਦੇ ਅਧਿਕਾਰੀਆਂ ਵੱਲੋਂ ਭਰੋਸਾ ਦਿੱਤਾ ਗਿਆ ਕਿ ਬਹੁਤ ਜਲਦ ਉਹ ਫਲਾਈਓਵਰ ਮਿੱਥੇ ਸਮੇਂ ਵਿੱਚ ਚਾਲੂ ਕਰ ਦੇਣਗੇ ਤਾਂ ਜੋ ਲੋਕਾਂ ਨੂੰ ਕੋਈ ਮੁਸ਼ਕਿਲ ਨਾ ਆਵੇ। ਇਸ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ੀਰਕਪੁਰ ਤੋਂ ਘੱਗਰ ਦਰਿਆ ਦੇ ਵਿਚਾਲੇ ਟ੍ਰੈਫਿਕ ਦੀ ਸਮੱਸਿਆ ਨੂੰ ਹੱਲ ਕਰਨ ਲਈ ਨੈਸ਼ਨਲ ਹਾਈਵੇਅ ਅਥਾਰਟੀ ਦੇ ਅਧਿਕਾਰੀਆਂ ਨੂੰ ਟ੍ਰੈਫਿਕ ਹਾਈਵੇਅ ਦੇ ਨਾਲ ਲੱਗਦੀ ਸਰਵਿਸ ਲੇਨ ਤੇ ਤਬਦੀਲ ਕਰਨ ਦੀ ਹਦਾਇਤ ਕੀਤੀ ਤਾਂ ਜੋ ਇਸ ਹਾਈਵੇਅ ਉਪਰ ਬਣ ਰਹੇ ਵਹੀਕੂਲਰ ਅੰਡਰ ਬ੍ਰਿਜ (ਵੀ.ਯੂ.ਬੀ) ਦੀ ਉਸਾਰੀ ਕਾਰਨ ਲੋਕਾਂ ਨੂੰ ਆਵਾਜਾਈ ਦੀ ਸਮੱਸਿਆਂ ਪੇਸ਼ ਨਾ ਆਵੇ। ਇਸ ਦੌਰਾਨ ਐਨ.ਐਚ.ਏ.ਆਈ. ਵੱਲੋਂ ਇਹ ਵੀ ਦੱਸਿਆ ਗਿਆ ਕਿ ਸਰਵਿਸ ਰੋਡ ਦੀ ਮੁਰੰਮਤ ਦੌਰਾਨ ਸੜਕ ਦੇ ਹੇਠਾਂ ਗੈਰ ਕਾਨੂੰਨੀ ਸੀਵਰੇਜ਼ ਕੁਨੈਕਸ਼ਨ ਨਿਕਲ ਰਹੇ ਹਨ ਜਿਨ੍ਹਾਂ ਵਿਚੋਂ ਪਾਣੀ ਦੇ ਰਿਸਾਵ ਕਾਰਨ ਕੰਮ ਕਰਨ ਵਿੱਚ ਦਿੱਕਤ ਆ ਰਹੀ ਹੈ। ਇਸ ਉਪਰੰਤ ਡਿਪਟੀ ਕਮਿਸ਼ਨਰ ਵੱਲੋਂ ਐਨ.ਐਚ.ਏ.ਆਈ. ਨੂੰ ਸਰਵਿਸ ਰੋਡ ਹੇਠਾਂ ਬਣੇ ਗੈਰ ਕਾਨੂੰਨੀ ਸੀਵਰੇਜ਼ ਕੁਨੈਕਸ਼ਨਾਂ ਦਾ ਸਰਵੇ ਕਰਨ ਦੀ ਹਦਾਇਤ ਕੀਤੀ ਅਤੇ ਕਾਰਜਸਾਧਕ ਅਫਸਰ ਐਮ.ਸੀ. ਜ਼ੀਰਕਪੁਰ ਨੂੰ ਹਫਤੇ ਦੇ ਅੰਦਰ ਅੰਦਰ ਇਸ ਸਬੰਧੀ ਗੈਰ ਕਾਨੂੰਨੀ ਕੁਨੈਕਸ਼ਨ ਬੰਦ ਕਰਕੇ ਦੋਸ਼ੀਆਂ ਖਿਲਾਫ ਕਾਰਵਾਈ ਕਰਨ ਦੀ ਹਦਾਇਤ ਕੀਤੀ। ਇਸ ਦੇ ਨਾਲ ਜਿਨ੍ਹਾਂ ਵਪਾਰਕ ਅਦਾਰਿਆਂ ਵੱਲੋਂ ਗੈਰਕਾਨੂੰਨੀ ਸੀਵਰੇਜ਼ ਕੁਨੈਕਸ਼ਨ ਲਏ ਗਏ ਹਨ ਉਨ੍ਹਾ ਵਿਰੁੱਧ ਵੀ ਕਾਰਵਾਈ ਕਰਨ ਦੀ ਹਦਾਇਤ ਕੀਤੀ। ਡਿਪਟੀ ਕਮਿਸ਼ਨਰ ਵਲੋਂ ਐਨ.ਐਚ.ਏ.ਆਈ ਨੂੰ ਇਸ ਰੋਡ ਉਪਰ ਪੈਦਲ ਚਲ ਰਹੇ ਲੋਕਾਂ ਦੀ ਸਹੂਲਤ ਲਈ ਲਿਫਟ ਦੀ ਸਹੂਲਤ ਵਾਲੇ ਦੋ ਫੁਟ ਓਵਰ ਬ੍ਰਿਜ ਬਨਾਉਣ ਦੀ ਹਦਾਇਤ ਵੀ ਕੀਤੀ। ਇਸ ਦੇ ਨਾਲ ਹੀ ਢੁੱਕਵੀਂ ਜਗ੍ਹਾਂ ਦੀ ਸ਼ਨਾਖਤ ਕਰਕੇ ਦੋ ਬੱਸ ਕਿਊ ਸੈਲਟਰ ਬਣਾਉਣ ਦੀ ਤਜਵੀਜ਼ ਵੀ ਐਨ.ਐਚ.ਏ.ਆਈ ਦੇ ਅਧਿਕਾਰੀਆਂ ਸਾਹਮਣੇ ਰੱਖੀ। ਐਨ.ਐਚ.ਏ.ਆਈ ਦੇ ਅਧਿਕਾਰੀਆਂ ਵੱਲੋਂ ਡਿਪਟੀ ਕਮਿਸ਼ਨਰ ਵੱਲੋਂ ਰੱਖੀਆਂ ਇਨ੍ਹਾਂ ਤਜ਼ਵੀਜ਼ਾ ਨੂੰ ਮੰਨਦਿਆਂ ਜਲਦ ਹੀ ਇਸ ਉਪਰ ਕੰਮ ਕਰਨ ਦਾ ਭਰੋਸਾ ਦਿੱਤਾ।

ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਇਹ ਹਦਾਇਤ ਵੀ ਕੀਤੀ ਗਈ ਕਿ ਲਹਿਲੀ ਤੋਂ ਬਨੂੰੜ ਵਾਲੀ ਸੜਕ ਅਤੇ ਰਾਮਗੜ ਤੋਂ ਮਾਜਰੀ ਤੱਕ ਜਾਣ ਵਾਲੀ ਸੜਕ ਦੀ ਲੋੜੀਂਦੀ ਮੁਰੰਮਤ ਕੀਤੀ ਜਾਵੇ ਤਾਂ ਜੋ ਟ੍ਰੈਫਿਕ ਸਬੰਧੀ ਲੋਕਾਂ ਨੂੰ ਆਵਾਜਾਈ ਵਿੱਚ ਕੋਈ ਦਿੱਕਤ ਪੇਸ਼ ਨਾ ਆਵੇ।

## ਸਰਕਾਰ ਅਜ਼ਾਦ ਪੱਤਰਕਾਰੀ ਨੂੰ ਬਰਦਾਸ਼ਤ ਨਹੀਂ ਕਰਦੀ-ਬਿੰਦਰਾ



**ਰੋਪੜ (ਬਿੰਦਰਾ)**-ਨੈਸ਼ਨਲ ਪ੍ਰੈਸ ਡੇ 'ਤੇ ਰੂਪਨਗਰ ਪ੍ਰੈਸ ਕਲੱਬ ਵਿਖੇ ਪੱਤਰਕਾਰਾਂ ਦੀ ਇਕੱਤਰਤਾ ਬਹਾਦਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਰਾਜਿੰਦਰ ਸੈਣੀ ਨੇ ਇਸ ਦਿਨ ਦੀ ਮਹੱਤਤਾ ਬਾਰੇ ਦੱਸਿਆ ਅਤੇ ਆਖਿਆ ਕਿ ਪ੍ਰੈਸ ਨੂੰ ਲੋਕਤੰਤਰ ਦਾ ਚੌਥਾ ਥੰਮ ਕਿਹਾ ਜਾਂਦਾ ਹੈ। ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਨੇਕ ਨੀਤੀ ਨਾਲ ਸਵੱਛ ਪੱਤਰਕਾਰੀ ਦੇ ਪਿੜ ਨੂੰ ਹੋਰ ਮੋਕਲਾ ਕਰੀਏ, ਕਿਉਂਕਿ ਇਸ ਸਮੇਂ ਆਜਾਦ ਪੱਤਰਕਾਰੀ ਬਹੁਤ ਔਖੀ ਹੈ। ਗੁਰਚਰਨ ਸਿੰਘ ਬਿੰਦਰਾ ਨੇ ਕਿਹਾ ਕਿ ਪੱਤਰਕਾਰਾਂ ਉਤੇ ਕਈ ਪਾਸਿਆਂ ਤੋਂ ਦਬਾਓ ਪੈ ਰਿਹਾ ਹੈ ਸਰਕਾਰ ਆਜ਼ਾਦ ਪੱਤਰਕਾਰੀ ਨੂੰ ਬਰਦਾਸ਼ਤ ਨਹੀਂ ਕਰਦੀ ਅਤੇ ਕਈ ਪ੍ਰਕਾਰ ਦੀਆਂ ਬੰਦਸ਼ਾਂ ਲਗਾਈਆਂ ਜਾ ਰਹੀਆਂ ਹਨ। ਸੱਚ ਲਿਖਣ 'ਤੇ ਕਈ ਪੱਤਰਕਾਰਾਂ ਵਿਰੁੱਧ ਕੇਸ ਬਣਾਏ ਗਏ ਹਨ। ਉਹਨਾਂ ਨੇ ਪਤੱਰਕਾਰਾਂ ਨੂੰ ਆਪਣੀ ਏਕਤਾ ਮਜਬੂਤ ਕਰਨ ਲਈ ਕਿਹਾ।

ਬਹਾਦਰਜੀਤ ਸਿੰਘ ਨੇ ਕਲੱਬ ਮੈਂਬਰਾਂ ਨੂੰ ਵਧਾਈ ਦਿੱਤੀ । ਉਹਨਾਂ ਕਿਹਾ ਕਿ ਪ੍ਰੈਸ ਕਮਿਸ਼ਨ ਨੂੰ ਮੀਡੀਆ ਕਮਿਸ਼ਨ ਦਾ ਨਾਂਅ ਦਿੱਤਾ ਜਾਵੇ ਤਾਂ ਜੋ ਉਹ ਹਰ ਪ੍ਰਕਾਰ ਦੇ ਮੀਡੀਆ ਵਿੱਚ ਕਿਸੇ ਕਿਸਮ ਦੀ ਗਲਤ ਖਬਰ 'ਤੇ ਕਾਰਵਾਈ ਕਰ ਸਕੇ। ਉਹਨਾਂ ਪ੍ਰੈਸ ਕਮਿਸ਼ਨ ਨੂੰ ਵਧੇਰੇ ਅਧਿਕਾਰ ਦੇਣ ਦੀ ਵੀ ਮੰਗ ਕੀਤੀ। ਸੰਦੀਪ ਵਸ਼ਿਸ਼ਟ, ਸੁਰਜੀਤ ਸਿੰਘ ਗਾਂਧੀ, ਹਰੀਸ਼ ਕਾਲੜਾ, ਅਰੁਣ ਸ਼ਰਮਾ, ਸਤੀਸ਼ ਜਗੋਤਾ,ਅਮਰ ਸ਼ਰਮਾ , ਸਰਵਜੀਤ ਸਿੰਘ ਕੋਟਲਾ ਨਿਹੰਗ, ਜਸਬੀਰ ਸਿੰਘ ਬਾਵਾ ਨੇ ਵੀ ਵਿਚਾਰ ਪ੍ਰਗਟ ਕੀਤੇ। ਕਮਲ ਭਾਰਜ , ਸਰਵਜੀਤ ਸਿੰਘ ਕਾਕਾ , ਕੁਲਵੰਤ ਸਿੰਘ, ਅਰੁਣ ਲਾਂਬਾ, ਪਸਰੀਚਾ,ਚੱਕਲ ਅਤੇ ਦੂਜੇ ਮੈਂਬਰ ਵੀ ਹਾਜਰ ਸਨ।

## ਮਹਾਰਾਜਾ ਰਣਜੀਤ ਸਿੰਘ ਪੁਲਿਸ ਪਬਲਿਕ ਸਕੂਲ ਵਿਖੇ ਸਲਾਨਾ ਸਮਾਗਮ



**ਫਿਲੌਰ (ਬੀ ਐਸ ਕੈਨੈਡੀ)**—ਮਹਾਰਾਜਾ ਰਣਜੀਤ ਸਿੰਘ ਪੁਲਸ ਪਬਲਿਕ ਸਕੂਲ, ਫਿਲੌਰ ਵਿਖੇ ਬਾਲ ਦਿਵਸ ਮੌਕੇ ਸਾਲਾਨਾ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਮਿਸ ਅਨੀਤਾ ਪੁੰਜ ਆਈ. ਪੀ. ਐਸ. , ਏ.ਡੀ.ਜੀ. ਪੀ. ਕਮ ਡਾਇਰੈਕਟਰ, ਪੰਜਾਬ ਪੁਲਿਸ ਅਕੈਡਮੀ , ਫਿਲੌਰ ਨੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਇੰਦਰਬੀਰ ਸਿੰਘ ਆਈ. ਪੀ. ਐਸ. , ਡੀ. ਆਈ. ਜੀ. ਕਮ ਜੁਆਇੰਟ ਡਾਇਰੈਕਟਰ, ਰੁਪਿੰਦਰ ਸਿੰਘ ਪੀ. ਪੀ. ਐਸ. ਡਿਪਟੀ ਡਾਇਰੈਕਟਰ, ਗੁਰਤਜਿੰਦਰ ਸਿੰਘ ਔਲਖ ਪੀ. ਪੀ. ਐਸ ਡਿਪਟੀ ਡਾਇਰੈਕਟ ਤੇ ਪ੍ਰਿਤੀਪਾਲ ਸਿੰਘ ਪੀ. ਪੀ. ਐਸ ਤੇ ਸਕੂਲ ਮੈਨੇਜਰ ਵੀ ਸ਼ਾਮਿਲ ਹੋਏ। ਸਕੂਲੀ ਵਿਦਿਆਰਥੀਆਂ ਤੇ ਸਟਾਫ ਨੇ ਸਾਂਝੇ ਤੌਰ 'ਤੇ ਮੁੱਖ ਮਹਿਮਾਨ ਨੂੰ ਗੁਲਦਸਤੇ ਭੇਂਟ ਕੀਤੇ । ਇਸ ਤੋਂ ਬਾਅਦ ਹਾਜਰ ਪਤਵੰਤਿਆਂ ਵੱਲੋਂ ਸ਼ਮ੍ਹਾ ਜਲਾ ਕੇ ਪ੍ਰੋਗਰਾਮ ਦਾ ਆਰੰਭ ਕੀਤਾ ਗਿਆ। ਜਿੱਥੇ ਨੰਨੇ - ਮੁੰਨੇ ਬੱਚਿਆਂ ਨੇ ਆਪਣੇ ਡਾਂਸ ਨਾਲ ਦਰਸ਼ਕਾਂ ਨੂੰ ਮੰਤਰ ਮੁਗਧ ਕੀਤਾ ਉਥੇ ਹੋਰ ਕਈ ਸੰਸਕ੍ਰਿਤਕ ਪ੍ਰੋਗਰਾਮ ਵੀ ਦਰਸ਼ਕਾਂ ਦੀ ਖਿੱਚ ਦਾ ਕੇਂਦਰ ਬਣੇ । ਇਸ ਮੌਕੇ ਵਿਦਿਆਰਥੀਆਂ ਦੁਆਰਾ ਬਣਾਈਆਂ ਭਿੰਨ - ਭਿੰਨ ਕਲ ਕ੍ਰਿਤੀਆਂ ਦੀ ਪ੍ਰਦਰਸ਼ਨੀ ਦੀ ਵੀ ਸ਼ਲਾਘਾ ਕੀਤੀ ਗਈ ।

ਸਕੂਲ ਦੀ ਪ੍ਰਿੰਸੀਪਲ ਡਾ. ਅੰਮ੍ਰਿਤਾ ਕੁਮਾਰ ਦੁਆਰਾ ਸਕੂਲ ਦੀਆਂ ਭਿੰਨ ਭਿੰਨ ਗਤੀਵਿਧੀਆਂ ਤੇ ਪ੍ਰਾਪਤੀਆਂ ਦੀ ਰਿਪੋਰਟ ਪੇਸ਼ ਕੀਤੀ ਗਈ ਤੇ ਮੇਧਾਵੀ ਵਿਦਿਆਰਥੀਆਂ ਨੂੰ ਪੁਰਸਕਾਰ ਵੰਡੇ ਗਏ। ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਦੀ ਪ੍ਰੇਰਨਾ ਦਿੱਤੀ ਅਤੇ ਜ਼ਿੰਦਗੀ ਵਿੱਚ ਸਫਲਤਾ ਪ੍ਰਾਪਤ ਕਰਨ ਲਈ ਉਤਸ਼ਾਹਿਤ ਕੀਤਾ।

**Fullerton India Credit Company Limited**

ਕਾਰਪੋਰੇਟ ਦਫਤਰ : ਸੁਪਰੀਮ ਬਿਜ਼ਨਸ ਪਾਰਕ, ਮੰਜ਼ਲ 6, ਬੀ ਵਿੰਗ, ਪੋਵਾਈ, ਮੁੰਬਈ 400076

**ਅਚੱਲ ਜਾਇਦਾਦਾਂ ਦੀ ਵਿਕਰੀ ਵਾਸਤੇ ਵਿਕਰੀ ਨੋਟਿਸ**

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੱਟਸ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਤਹਿਤ ਅਚੱਲ ਜਾਇਦਾਦਾਂ ਦੀ ਵਿਕਰੀ ਵਾਸਤੇ 30 ਦਿਨਾਂ ਦਾ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜ਼ਡ ਹੇਠਾਂ ਦਰਸਾਈਆਂ ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਦੇ ਅਧਿਕਾਰਤ ਅਫਸਰ ਵੱਲੋਂ ਭੌਤਿਕ ਕਬਜ਼ਾ ਪ੍ਰਾਪਤ ਕੀਤਾ ਜਾ ਚੁੱਕਾ ਹੈ, ਕਰਜ਼ਦਾਰਾਂ ਅਤੇ ਗਰੰਟਰਾਂ ਸੁਖਚੈਨ ਸਿੰਘ ਅਤੇ ਗੁਰਵਿੰਦਰ ਕੌਰ ਵੱਲ 9.7.2021 ਨੂੰ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ: ਸਕਿਉਰਡ ਕ੍ਰੈਡਿਟਰ ਦੀ ਬਕਾਇਆ ਖੜ੍ਹੀ ਰਕਮ ਰੁਪਏ 47,67,077/-(ਸੰਤਾਲੀ ਲੱਖ ਸਤਾਹਠ ਹਜ਼ਾਰ ਸਤੱਤਰ ਰੁਪਏ ਕੇਵਲ) ਅਤੇ ਇਸ ਉੱਪਰ ਵਸੂਲੀ ਦੀ ਮਿਤੀ ਤੱਕ ਭਵਿੱਖੀ ਵਿਆਜ ਅਤੇ ਹੋਰ ਖਰਚੇ ਵਸੂਲਣ ਲਈ 'ਜਿਵੇਂ ਹੈ ਜਿੱਥੇ ਹੈ' 'ਜੋ ਵੀ ਹੈ ਜਿਵੇਂ ਹੈ' ਅਤੇ 'ਉੱਥੇ ਜੋ ਵੀ ਹੈ' ਦੇ ਆਧਾਰ 'ਤੇ 06.12.2022 ਨੂੰ ਸਵੇਰੇ 11.00 ਵਜੇ ਤੋਂ ਦੁਪਹਿਰ 1.00 ਵਜੇ ਤੱਕ (ਹਰੇਕ 5 ਮਿੰਟ ਦੇ ਅਸੀਮਤ ਵਾਧਿਆਂ ਨਾਲ) ਵਿਕਰੀ ਕਰ ਦਿੱਤੀ ਜਾਵੇਗੀ। ਰਾਖਵੀਂ ਕੀਮਤ ਰੁਪਏ 38,54,740/-(ਰੁਪਏ ਅਠੱਤੀ ਲੱਖ ਚੁਰੰਜਾ ਹਜ਼ਾਰ ਸੱਤ ਸੌ ਚਾਲੀ ਕੇਵਲ) ਅਤੇ ਬਿਆਨਾ ਰਕਮ ਡਿਪਾਜ਼ਟ (ਈ ਐੱਮ ਡੀ) ਰੁ: 3,85,474/ (ਰੁਪਏ ਤਿੰਨ ਲੱਖ ਪੰਚਾਸੀ ਹਜ਼ਾਰ ਚਾਰ ਸੌ ਚੌਹੱਤਰ ਕੇਵਲ) ਹੋਵੇਗੀ। ਈ ਐੱਮ ਡੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ 05.12.2022 ਹੈ।

**ਅਚੱਲ ਜਾਇਦਾਦ ਦਾ ਵੇਰਵਾ** : ਅਚੱਲ ਜਾਇਦਾਦ ਮਕਾਨ ਨੰ: ਡੀ-77, ਖਸਰਾ ਨੰ: 2107, ਖੱਤਾ ਨੰ: 1389/1897, ਜਮ੍ਹਾਂਬੰਦੀ ਸਾਲ 2010-2011, ਵਾਕਿਆ ਗਿੱਲ ਨੰ: 1, ਹਦਬਸਤ ਨੰ: 263, ਅਬਾਦੀ ਰਿੰਗ ਰੋਡ ਸਿਟੀ ਗਿੱਲ ਰੇਲਵੇ ਸਟੇਸ਼ਨ ਲੁਧਿਆਣਾ, ਪੰਜਾਬ-141116

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ:/ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ, ਜੋ ਕਿ **www.fullertonindia.com** ਹੈ 'ਤੇ ਮੁਹੱਈਆ ਲਿੰਕ ਦਾ ਹਵਾਲਾ ਲਿਆ ਜਾਵੇ।

ਸਥਾਨ : ਲੁਧਿਆਣਾ — ਸਹੀ/-ਅਧਿਕਾਰਤ ਅਫਸਰ
ਮਿਤੀ : 17.11.2022 — ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮ.

**Fullerton India Credit Company Limited**

ਕਾਰਪੋਰੇਟ ਦਫਤਰ : ਸੁਪਰੀਮ ਬਿਜ਼ਨਸ ਪਾਰਕ, ਮੰਜ਼ਲ 5 ਅਤੇ 6, ਬੀ ਵਿੰਗ, ਪੋਵਾਈ, ਮੁੰਬਈ 400076

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**
**(ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 (1) ਤਹਿਤ)**

ਜਦੋਂ ਕਿ ਨਿਮਨਹਸਤਾਖਰੀ ਨੇ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ, ਜਿਸ ਦਾ ਰਜਿਸਟਰਡ ਦਫਤਰ ਮੇਘ ਟਾਵਰਜ਼, ਤੀਜੀ ਮੰਜ਼ਲ, ਪੁਰਾਣਾ ਨੰ. 307, ਨਵਾਂ ਨੰਬਰ 165, ਪੂਨਾਮਾਲੀ ਹਾਈ ਰੋਡ, ਮਦੁਰਾਵੋਇਲ, ਚੇਨਈ, ਤਾਮਿਲਨਾਡੂ-600095 ਅਤੇ ਕਾਰਪੋਰੇਟ ਦਫਤਰ ਮੰਜ਼ਲ 5 ਅਤੇ 6, ਬੀ ਵਿੰਗ, ਸੁਪਰੀਮ ਆਈ ਟੀ ਪਾਰਕ, ਸੁਮਰੀਮ ਸਿਟੀ ਲੇਕ ਕੈਸਲ ਦੇ ਪਿੱਛੇ, ਪੋਵਾਈ, ਮੁੰਬਈ 400076 ਹੈ, ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐਸੱਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 (2002 ਦਾ 54), ਤਹਿਤ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਕਰਜ਼ਦਾਰਾਂ 1. ਮਤਸਿਆ ਹੈਲਥ ਕੇਅਰ ਪ੍ਰਾਈਵੇਟ ਲਿਮ. (2) ਮਨੂ ਸ਼ਰਮਾ (3) ਉਮਾ ਪੰਨਾ ਨੂੰ ਕਰਜਾ ਖਾਤਾ ਨੰ. # 191201310179895 ਅਤੇ 191201310179875 ਤਹਿਤ ਡਿਮਾਂਡ ਨੋਟਿਸ 'ਚ ਦਰਸਾਈ ਰਕਮ ਰੁਪਏ 3,79,75,317 (ਰੁਪਏ ਤਿੰਨ ਕਰੋੜ, ਉਨਾਸੀ ਲੱਖ, ਪਚੱਤਰ ਹਜ਼ਾਰ ਤਿੰਨ ਸੌ ਸਤਾਰਾਂ ਕੇਵਲ) ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਕੀਤੇ ਜਾਣ ਲਈ ਡਿਮਾਂਡ ਨੋਟਿਸ 29-8-2022 ਨੂੰ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਮੋੜਨ 'ਚ ਨਾਕਾਮ ਰਹੇ ਹਨ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 15 ਨਵੰਬਰ 2022 ਨੂੰ ਕਬਜ਼ਾ ਲੈ ਲਿਆ ਹੈ। ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਇਸ ਜਾਇਦਾਦ ਸੰਬੰਧੀ ਕੋਈ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ ਨੂੰ ਰੁਪਏ 3,79,75,317 (ਰੁਪਏ ਤਿੰਨ ਕਰੋੜ, ਉਨਾਸੀ ਲੱਖ, ਪਚੱਤਰ ਹਜ਼ਾਰ ਤਿੰਨ ਸੌ ਸਤਾਰਾਂ ਕੇਵਲ) ਅਤੇ ਇਸ ਉਪਰ ਵਿਆਜ ਦੀ ਅਦਾਇਗੀਯੋਗ ਹੋਵੇਗੀ।

ਕਰਜ਼ਦਾਰਾਂ ਦਾ ਧਿਆਨ ਉਪਲੱਬਧ ਸਮੇਂ ਅੰਦਰ ਸਕਿਉਰਡ ਐਸੱਟਸ ਦੇ ਪੁਨਰ-ਗ੍ਰਹਿਣ ਲਈ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਅਚੱਲ ਜਾਇਦਾਦ ਦਾ ਵੇਰਵਾ : 1. ਵਪਾਰਕ ਬਿਲਡਿੰਗ ਨੰ. ਬੀ 004/012224 ਖਾਤਾ ਨੰ. 821/848, ਜਿਸ ਦਾ ਖਸਰਾ ਨੰ. 17//23/1 (3-7), 23/ ਜ਼ੈੱਡ (1-1), 24 (6-11), 34//4/1 (3-6), 4/2 (0-27) ਕੁੱਲ ਜ਼ਮੀਨ ਦੀ ਪੈਮਾਇਸ਼ ਦਾ ਰਕਬਾ 14 ਕਨਾਲ 07 ਮਰਲਾ, ਇਸ ਦਾ 91/2583 ਹਿੱਸਾ ਜਿਵੇਂ 00 ਕਨਾਲ 10 ਮਰਲਾ 01 ਸਰਸਾਹੀ, ਜੋ ਪਿੰਡ ਭਭਾਤ ਜ਼ੀਰਕਪੁਰ ਹੱਦਬਸਤ ਨੰ. 234, ਤਹਿਸੀਲ ਡੇਰਾਬੱਸੀ ਅਤੇ ਜ਼ਿਲ੍ਹਾ ਐੱਸ ਏ ਐੱਸ ਨਗਰ (ਮੁਹਾਲੀ)-160071 ਨਾਲ ਸੰਬੰਧਤ ਸਭ ਕੁਝ ਵਿਖੇ ਸਥਿਤ ਹੈ। 2. ਮਕਾਨ ਨੰ. 1535, ਸੈਕਟਰ-15 ਪੰਚਕੂਲਾ 134111 ਨਾਲ ਸੰਬੰਧਤ ਸਭ ਕੁਝ।

ਸਥਾਨ : ਚੰਡੀਗੜ੍ਹ — ਸਹੀ/-ਅਧਿਕਾਰਤ ਅਫਸਰ
ਮਿਤੀ : 17.11.2022 — ਫੁਲਰਟੋਨ ਇੰਡੀਆ ਕ੍ਰੈਡਿਟ ਕੰਪਨੀ ਲਿਮਟਿਡ

ਨਵਾਂ ਜ਼ਮਾਨਾ
ਵੀਰਵਾਰ, 17 ਨਵੰਬਰ 2022

# ਚੀਫ਼ ਜਸਟਿਸ ਵੱਲੋਂ ਗੁਲਾਮ ਮਾਨਸਿਕਤਾ ਬਦਲਣ ਦਾ ਸੱਦਾ

ਸੁਪਰੀਮ ਕੋਰਟ ਦੇ ਨਵੇਂ ਚੀਫ਼ ਜਸਟਿਸ ਡੀ ਵਾਈ ਚੰਦਰਚੂੜ ਨੇ ਨਿਆਂਪਾਲਿਕਾ ਅੰਦਰ ਗੁਲਾਮਦਾਰੀ ਸਮੇਂ ਦੀਆਂ ਪਰੰਪਰਾਵਾਂ ਉੱਤੇ ਚੋਟ ਕਰਦਿਆਂ ਇਨ੍ਹਾਂ ਨੂੰ ਬਦਲਣ ਦਾ ਸੱਦਾ ਦਿੱਤਾ ਹੈ।

ਸਪਰੀਮ ਕੋਰਟ ਬਾਰ ਐਸੋਸੀਏਸ਼ਨ ਵੱਲੋਂ ਉਨ੍ਹਾ ਦੇ ਸਨਮਾਨ ਲਈ ਕੀਤੇ ਗਏ ਇੱਕ ਸਮਾਰੋਹ ਨੂੰ ਸੰਬੋਧਨ ਕਰਦਿਆਂ ਉਨ੍ਹਾ ਕਿਹਾ ਕਿ ਉਨ੍ਹਾ ਨੂੰ ਲਗਦਾ ਹੈ ਕਿ ਅਸੀਂ ਆਪਣੀ ਨਿਆਂ ਪ੍ਰਣਾਲੀ ਵਿੱਚ ਗੁਲਾਮਦਾਰੀ ਸਭਿਆਚਾਰ ਨੂੰ ਉਤਸ਼ਾਹਤ ਕੀਤਾ ਹੈ। ਉਨ੍ਹਾ ਕਿਹਾ ਕਿ ਅਸੀਂ ਆਪਣੀਆਂ ਜ਼ਿਲ੍ਹਾ ਅਦਾਲਤਾਂ ਨੂੰ ਅਧੀਨ ਜਾਂ ਨਿਚਲੀਆਂ ਅਦਾਲਤਾਂ ਕਹਿੰਦੇ ਹਾਂ। ਇਸ ਤਰ੍ਹਾਂ ਜ਼ਿਲ੍ਹਾ ਜੱਜਾਂ ਨੂੰ ਮਾਤਹਿਤ ਜੱਜ ਕਿਹਾ ਜਾਦਾ ਹੈ, ਜੋ ਗਲਤ ਹੈ।

ਡੀ ਵਾਈ ਚੰਦਰਚੂੜ ਨੇ ਕਿਹਾ ਕਿ ਕਈ ਥਾਵਾਂ ਵਿੱਚ ਪਰੰਪਰਾ ਹੈ ਕਿ ਜਦੋਂ ਹਾਈਕੋਰਟ ਦੇ ਜੱਜ ਲੰਚ ਜਾਂ ਡਿਨਰ ਕਰ ਰਹੇ ਹੁੰਦੇ ਹਨ ਤਾਂ ਜ਼ਿਲ੍ਹਾ ਜੱਜ ਖੜ੍ਹੇ ਰਹਿੰਦੇ ਹਨ। ਕਈ ਵਾਰ ਜ਼ਿਲ੍ਹਾ ਜੱਜ ਹਾਈਕੋਰਟਾਂ ਦੇ ਜੱਜਾਂ ਨੂੰ ਖਾਣਾ ਵੀ ਪਰੋਸਦੇ ਹਨ। ਉਨ੍ਹਾ ਕਿਹਾ ਕਿ ਕਈ ਵਾਰ ਜ਼ਿਲ੍ਹਾ ਜੱਜਾਂ ਨੂੰ ਜਦੋਂ ਮੀਟਿੰਗ ਲਈ ਬੁਲਾਇਆ ਜਾਂਦਾ ਹੈ ਤਾਂ ਉਹ ਹਾਈਕੋਰਟ ਦੇ ਜੱਜਾਂ ਸਾਹਮਣੇ ਬੈਠਣ ਦੀ ਹਿੰਮਤ ਨਹੀਂ ਕਰਦੇ। ਅਜਿਹੀਆਂ ਮਿਸਾਲਾਂ ਵੀ ਹਨ ਜਦੋਂ ਚੀਫ਼ ਜਸਟਿਸ ਸਫ਼ਰ ਦੌਰਾਨ ਕਿਸੇ ਜ਼ਿਲ੍ਹੇ ਵਿੱਚੋਂ ਲੰਘਦੇ ਹਨ ਤਾਂ ਉਸ ਜ਼ਿਲ੍ਹੇ ਦੇ ਸਭ ਜੱਜ ਜ਼ਿਲ੍ਹੇ ਦੀ ਹੱਦ ਉੱਤੇ ਪੰਗਤੀ ਬਣਾ ਕੇ ਖੜ੍ਹੇ ਹੁੰਦੇ ਹਨ।

ਚੀਫ਼ ਜਸਟਿਸ ਨੇ ਕਿਹਾ ਕਿ ਇਹ ਮਿਸਾਲਾਂ ਸਾਡੀ ਗੁਲਾਮ ਮਾਨਸਿਕਤਾ ਦਾ ਪ੍ਰਗਟਾਵਾ ਹਨ। ਸਾਨੂੰ ਇਨ੍ਹਾਂ ਨੂੰ ਬਦਲਣਾ ਪਵੇਗਾ। ਸਾਨੂੰ ਇੱਕ ਆਧੁਨਿਕ ਨਿਆਂਪਾਲਿਕਾ ਵੱਲ ਵਧਣਾ ਤੇ ਇੱਕਸਮਾਨ ਨਿਆਂਪਾਲਿਕਾ ਵੱਲ ਜਾਣਾ ਹੋਵੇਗਾ।

ਚੀਫ਼ ਜਸਟਿਸ ਨੇ ਆਪਣੀਆਂ ਉਦਾਹਰਨਾਂ ਦਿੰਦਿਆਂ ਕਿਹਾ ਕਿ ਉਹ ਜ਼ਿਲ੍ਹਾ ਜੱਜਾਂ ਨੂੰ ਅਧੀਨ ਜਾਂ ਨਿਚਲੇ ਜੱਜ ਨਹੀਂ ਕਹਿੰਦੇ, ਕਿਉਂਕਿ ਉਹ ਅਧੀਨ ਜਾਂ ਗੁਲਾਮ ਨਹੀਂ ਹਨ। ਉਹ ਉਨ੍ਹਾਂ ਨੂੰ ਹਮੇਸ਼ਾਂ ਜ਼ਿਲ੍ਹਾ ਜੱਜ ਕਹਿੰਦੇ ਹਨ। ਉਨ੍ਹਾ ਕਿਹਾ ਕਿ ਉਹ ਜਦੋਂ ਵੀ ਜ਼ਿਲ੍ਹਾ ਅਦਾਲਤਾਂ ਦਾ ਦੌਰਾ ਕਰਦੇ ਹਨ ਤਾਂ ਕਹਿ ਦਿੰਦੇ ਹਨ ਕਿ ਜਿੰਨਾ ਚਿਰ ਜ਼ਿਲ੍ਹਾ ਜੱਜ ਉਨ੍ਹਾ ਨਾਲ ਟੇਬਲ ਸਾਂਝਾ ਨਹੀਂ ਕਰਦੇ, ਉਹ ਖਾਣਾ ਨਹੀਂ ਖਾਣਗੇ।

ਇਸ ਮੌਕੇ ਉਨ੍ਹਾਂ ਸੁਪਰੀਮ ਕੋਰਟ ਵਿੱਚ ਪ੍ਰੈਕਟਿਸ ਕਰ ਰਹੇ ਵਕੀਲਾਂ ਦੀ ਜੱਜਾਂ ਵਜੋਂ ਨਿਯੁਕਤੀ ਦੇ ਸੰਬੰਧ ਵਿੱਚ ਕਿਹਾ ਕਿ ਉਨ੍ਹਾ ਦੇ ਦਿਮਾਗ਼ ਵਿੱਚ ਵਕੀਲਾਂ ਦੀ ਇੱਕ ਸੂਚੀ ਹੈ, ਉਨ੍ਹਾ ਨੂੰ ਉਮੀਦ ਹੈ ਕਿ ਉਨ੍ਹਾ ਦੇ ਬਾਕੀ ਸਾਥੀ ਜੱਜਾਂ ਦੇ ਦਿਮਾਗ਼ ਵਿੱਚ ਵੀ ਅਜਿਹੀਆਂ ਸੂਚੀਆਂ ਹੋਣਗੀਆਂ। ਉਨ੍ਹਾ ਕਿਹਾ ਕਿ ਸੁਪਰੀਮ ਕੋਰਟ ਵਿੱਚ ਕੇਸਾਂ ਦੀ ਲਿਸਟਿੰਗ ਇੱਕ ਵਾਸਤਵਿਕ ਸਮੱਸਿਆ ਹੈ। ਉਨ੍ਹਾ ਇਸ ਦੀ ਪ੍ਰਕਿਰਿਆ ਨੂੰ ਸਕਾਰਾਤਮਕ ਤੇ ਪਾਰਦਰਸ਼ੀ ਬਣਾਉਣ ਲਈ ਸਾਬਕਾ ਚੀਫ਼ ਜਸਟਿਸ ਯੂ ਯੂ ਲਲਿਤ ਦੇ ਯੋਗਦਾਨ ਨੂੰ ਸਲਾਹਿਆ। ਉਨ੍ਹਾ ਬਾਰ ਕੌਂਸਲ ਨੂੰ ਭਰੋਸਾ ਦਿੱਤਾ ਕਿ ਉਹ ਲਿਸਟਿੰਗ ਨੂੰ ਹੋਰ ਪਾਰਦਰਸ਼ੀ ਤੇ ਉਦੇਸ਼ਪੂਰਨ ਬਣਾਉਣ ਲਈ ਲੋੜੀਂਦੇ ਪ੍ਰਬੰਧ ਕਰਨਗੇ। ਉਨ੍ਹਾ ਕਿਹਾ ਕਿ ਉਹ ਲਿਸਟਿੰਗ ਵਿੱਚ ਮਨੁੱਖੀ ਵਿਵੇਕ ਦੇ ਤੱਤ ਨੂੰ ਖ਼ਤਮ ਕਰਕੇ ਇਸ ਨੂੰ ਤਕਨੀਕ ਨਾਲ ਜੋੜਨਾ ਚਾਹੁੰਦੇ ਹਨ।

## ਪਾਠਕ-ਸੱਥ

### ਅਲਾਮਤਾਂ 'ਤੇ ਕਾਬੂ ਕਿਵੇਂ ਪਾਈਏ?

ਅੱਜ ਤੱਕ ਕਈ ਕੀਮਤੀ ਜਾਨਾਂ ਆਵਾਰਾ ਪਸ਼ੂਆਂ, ਚਾਈਨਾ ਡੋਰ ਅਤੇ ਨਸ਼ਾ ਕਰਕੇ ਵਾਹਨ ਚਲਾਉਣ ਨਾਲ ਜਾ ਚੁੱਕੀਆਂ ਹਨ। ਥੋੜ੍ਹੇ ਦਿਨ ਪਹਿਲਾਂ ਚਾਈਨਾ ਡੋਰ ਨਾਲ ਹੋਈ ਬੱਚੇ ਦੀ ਮੌਤ ਨਾਲ ਹਿਰਦੇ ਵਲੂੰਧਰੇ ਗਏ, ਭਾਵੇਂ ਇਹ ਖਬਰ ਤਾਂ ਇਲੈਕਟਰੋਨਿਕ ਅਤੇ ਪ੍ਰਿੰਟ ਮੀਡੀਆਂ ਰਾਹੀਂ ਸਾਡੇ ਤੱਕ ਪਹੁੰਚੀ , ਪਰੰਤੂ ਇਸ ਤਰ੍ਹਾਂ ਦੀਆਂ ਕਿੰਨੀਆਂ ਹਰ ਰੋਜ਼ ਘਟਨਾਵਾਂ ਵਾਪਰਦੀਆਂ ਨੇ, ਜੋ ਕਿ ਸਾਡੇ ਤੱਕ ਨਹੀਂ ਪਹੁੰਚਦੀਆਂ। ਚਾਈਨਾ ਡੋਰ ਨਾਲ ਅਵਾਰਾ ਪਸ਼ੂਆਂ ਅਤੇ ਪੰਛੀਆਂ ਦੀਆਂ ਕਿੰਨੀਆਂ ਮੌਤਾਂ ਹੋ ਚੁੱਕੀਆਂ ਹਨ, ਇਸ ਦਾ ਅੰਦਾਜ਼ਾ ਲਗਾਉਣਾ ਬਹੁਤ ਮੁਸ਼ਕਲ ਹੈ। ਜੇਕਰ ਸਰਕਾਰ ਇਨ੍ਹਾਂ ਤਿੰਨਾਂ 'ਤੇ ਪੂਰਨ ਰੂਪ ਵਿੱਚ ਕਾਬੂ ਪਾ ਲੈਂਦੀ ਹੈ, ਤਾਂ ਇਹ ਸ਼ਾਇਦ ਸਾਡੇ ਸਮਾਜ਼ ਦੀ ਸੱਭ ਤੋਂ ਵੱਡੀ ਪ੍ਰਾਪਤੀ ਹੋਵੇ। ਇਸ ਕੰਮ ਲਈ ਸਾਨੂੰ ਸਾਰਿਆਂ ਨੂੰ ਸਰਕਾਰ ਦਾ ਸਾਥ ਦੇਣਾ ਹੋਵੇਗਾ, ਤਾਂ ਹੀ ਇਸ ਦੇ ਸਾਨੂੰ ਸਾਰਥਕ ਨਤੀਜੇ ਮਿਲਣਗੇ।

-ਕੰਵਰਦੀਪ ਸਿੰਘ ਭੱਲਾ (ਪਿੱਪਲਾਂਵਾਲਾ), 99881-94776

### ਵਧਦੀ ਆਬਾਦੀ ਦੀ ਸਮੱਸਿਆ

ਦੁਨੀਆ ਦੀ ਆਬਾਦੀ ਅੱਠ ਅਰਬ ਤੋਂ ਪਾਰ ਹੋਣ ਦੇ ਨਾਲ ਬੇਰੁਜ਼ਗਾਰੀ, ਭੋਜਨ, ਸਿਹਤ ਸਹੂਲਤਾਂ, ਸਿੱਖਿਆ ਅਤੇ ਰਹਿਣ ਲਈ ਜ਼ਮੀਨ ਦੀ ਉਪਲਬਧਤਾ ਹੋਣੀ ਸੰਸਾਰ ਅੱਗੇ ਵੱਡੀਆਂ ਸਮੱਸਿਆਵਾਂ ਦੇ ਰੂਪ ਵਿੱਚ ਪ੍ਰਗਟ ਹੋ ਗਈਆਂ ਹਨ। ਭਾਰਤ ਚੀਨ ਨੂੰ ਅਬਾਦੀ ਵਿੱਚ ਪਛਾੜ ਰਿਹਾ ਹੈ, ਪਰ ਪਿਛਲੇ ਸਮੇਂ ਦੌਰਾਨ ਪੇਸ ਕੀਤੇ ਅੰਕੜੇ ਭਾਰਤ ਦੀ ਸਥਿਤੀ ਨੂੰ ਉਜਾਗਰ ਕਰਦੇ ਹੋਏ ਦਰਸਾਉਂਦੇ ਹਨ ਕਿ ਦੇਸ ਵਿੱਚ ਵਧ ਰਹੀ ਮਹਿੰਗਾਈ, ਆਰਥਿਕਤਾ ਵਿੱਚ ਆ ਰਿਹਾ ਨਿਘਾਰ ਅਤੇ ਘਟ ਰਹੀਆਂ ਨੌਕਰੀਆਂ ਵਿਚਕਾਰ ਭਾਰਤ ਵਧ ਰਹੀ ਆਬਾਦੀ ਨੂੰ ਕਿਵੇਂ ਕੰਟਰੋਲ ਕਰੇਗਾ, ਇਹ ਚਿੰਤਨ ਕਰਨ ਵਾਲਾ ਵਿਸ਼ਾ ਹੈ। ਸਮੇਂ-ਸਮੇਂ 'ਤੇ ਬਣਾਈਆਂ ਗਈਆਂ ਪਰਵਾਰ ਨਿਯੋਜਨ ਅਤੇ ਅਬਾਦੀ ਦੇ ਕੰਟਰੋਲ ਲਈ ਚਲਾਈਆਂ ਗਈਆਂ ਯੋਜਨਾਵਾਂ ਕੋਈ ਜ਼ਿਆਦਾ ਕਾਰਗਰ ਸਾਬਿਤ ਨਹੀਂ ਹੋਈਆਂ ਅਤੇ ਉਹ ਅਬਾਦੀ ਨੂੰ ਰੋਕਣ ਵਿੱਚ ਨਾਕਾਮ ਰਹੀਆਂ ਹਨ। ਭਾਰਤ ਦੇ ਅਗਲੇ ਸਾਲ ਤੱਕ ਆਬਾਦੀ ਪੱਖੋਂ ਵਿਸ਼ਵ ਵਿੱਚ ਪਹਿਲੇ ਨੰਬਰ 'ਤੇ ਆਉਣ ਦੇ ਆਸਾਰ ਹਨ, ਪਰ ਉਸ ਆਬਾਦੀ ਦੇ ਰਹਿਣ ਲਈ ਲੋੜੀਂਦੀਆਂ ਸਹੂਲਤਾਂ ਵੀ ਮੁਹੱਈਆ ਕਰਵਾਉਣੀਆਂ ਜ਼ਰੂਰੀ ਹਨ। ਵਧ ਰਹੀ ਆਬਾਦੀ ਪੂਰੇ ਵਿਸਵ ਲਈ ਇੱਕ ਚੁਣੌਤੀ ਬਣ ਚੁੱਕੀ ਹੈ, ਜਿਸ ਨੂੰ ਰੋਕਣ ਲਈ ਅੰਤਰਰਾਸਟਰੀ ਪੱਧਰ 'ਤੇ ਵਿਚਾਰ-ਵਟਾਂਦਰਾ ਕਰਨਾ ਸਮੇਂ ਦੀ ਮੁੱਖ ਲੋੜ ਹੈ।

-ਰਜਵਿੰਦਰ ਪਾਲ ਸ਼ਰਮਾ, 70873-67969

### ਜੀਨਾ ਇਸੀ ਕਾ ਨਾਮ ਹੈ

ਕਰਜ਼ਾ ਨਾ ਮੋੜ ਸਕਣ ਕਾਰਨ ਪੇਸ਼ੀ 'ਤੇ ਆਇਆ ਬੇਵੱਸ ਗਰੀਬ ਬਜ਼ੁਰਗ ਜਦੋਂ ਫੁੱਟ-ਫੁੱਟ ਕੇ ਰੋਣ ਲੱਗਾ ਤਾਂ ਜ਼ਿਲ੍ਹਾ ਜੱਜ ਦੀਆਂ ਅੱਖਾਂ ਵੀ ਨਮ ਹੋ ਗਈਆਂ ਤੇ ਉਸ ਨੇ ਤੁਰੰਤ ਆਪਣੀ ਜੇਬ ਵਿਚੋ ਬਜ਼ੁਰਗ ਦਾ ਕਰਜ਼ ਅਦਾ ਕਰਕੇ ਉਸ ਨੂੰ ਚਿੰਤਾ ਮੁਕਤ ਕਰ ਦਿੱਤਾ। ਦਰਅਸਲ ਅਠਾਰਾਂ ਸਾਲ ਪਹਿਲਾਂ ਬਿਹਾਰ ਦੇ ਇਸ ਬਜ਼ੁਰਗ ਨੇ ਆਪਣੀ ਧੀ ਦੇ ਵਿਆਹ ਲਈ ਥੋੜ੍ਹਾ ਜਿਹਾ ਕਰਜ਼ਾ ਲਿਆ ਸੀ, ਪਰ ਆਰਥਿਕ ਹਾਲਾਤ ਮਾੜੇ ਹੋਣ ਕਾਰਨ ਕਰਜ਼ ਮੋੜ ਨਾ ਸਕਿਆ ਤੇ ਕਰਜ਼ ਵਧ ਕੇ ਛੱਤੀ ਹਜ਼ਾਰ ਰੁਪਏ ਦੇ ਕਰੀਬ ਹੋ ਗਿਆ, ਭਾਵੇ ਕਰਜ਼ ਜ਼ਿਆਦਾ ਨਹੀਂ ਸੀ, ਪਰ ਉਸ ਬਜ਼ੁਰਗ ਗਰੀਬ ਲਈ ਤਾਂ ਇਹ ਪਹਾੜ ਵਾਂਗ ਸੀ। ਕਰਜ਼ ਰਿਕਵਰੀ ਦੇ ਕੇਸ ਦੌਰਾਨ ਪੇਸ਼ੀ ਤੇ ਜੱਜ ਸਾਹਮਣੇ ਬਜ਼ੁਰਗ ਨੇ ਅੱਠ ਹਜ਼ਾਰ ਰੁਪਏ ਰੱਖ ਫੁੱਟ-ਫੁੱਟ ਰੋਂਦਿਆਂ ਆਖਿਆ ਕਿ ਮੇਰੇ ਕੋਲ ਤਾਂ ਸਿਰਫ ਐਨੇ ਹੀ ਹਨ ਉਹ ਵੀ ਮੈਂ ਦਾਨ ਤੋ ਜਮ੍ਹਾਂ ਕੀਤੇ ਹਨ, ਜ਼ਿਲ੍ਹਾ ਜੱਜ ਦਾ ਦਿਲ ਪਸੀਜਿਆ ਗਿਆ ਤੇ ਉਸ ਨੇ ਬਾਕੀ ਰਕਮ ਆਪਣੀ ਜੇਬ ਵਿੱਚੋਂ ਤਾਰ ਦਿੱਤੀ। ਸੱਚਮੁੱਚ ਬੰਦਾ ਬੰਦੇ ਦਾ ਦਾਰੂ ਹੁੰਦਾ। ਜੀਨਾ ਇਸੀ ਕਾ ਨਾਮ ਹੈ।

-ਨੀਲ ਕਮਲ ਰਾਣਾ ਦਿੜ੍ਹਬਾ, 98151-71874

# ਹਾਸ਼ੀਏ 'ਤੇ ਪਹੁੰਚੇ ਲੋਕਾਂ ਲਈ ਸਿੱਖਿਆ ਕਿਹੋ ਜਿਹੀ



ਗੁਰਮੀਤ ਸਿੰਘ ਪਲਾਹੀ

ਵਿੱਤੀ ਵਰ੍ਹੇ 2021-22 ਵਿੱਚ ਦੇਸ਼ 'ਚ ਸਿੱਖਿਆ ਦਾ ਬਜਟ ਲਗਭਗ 93,224 ਕਰੋੜ ਹੈ, ਜੋ ਦੇਸ਼ ਦੇ ਕੁੱਲ ਬਜਟ ਦਾ ਲਗਭਗ ਪੌਣੇ ਤਿੰਨ ਫ਼ੀਸਦੀ ਹੈ। ਇਸ ਬਜਟ ਵਿੱਚ ਉੱਚ ਸਿੱਖਿਆ ਲਈ 38,350 ਕਰੋੜ ਰੱਖੇ ਗਏ ਹਨ, ਜੋ ਕਿ ਸਿੱਖਿਅ ਬਜਟ ਦਾ ਲਗਭਗ ਇਕਤਾਲੀ ਫੀਸਦੀ ਹੈ, ਜਦਕਿ ਵਿੱਤੀ ਵਰ੍ਹੇ 2020-21 ਦਾ ਸਿੱਖਿਆ ਬਜਟ 99,311 ਕਰੋੜ ਸੀ ਅਤੇ ਉਸ ਵਿੱਚ ਉੱਚ ਸਿੱਖਿਆ ਲਈ 39,466 ਕਰੋੜ ਸਨ।

ਦੋ ਵਿੱਤੀ ਵਰ੍ਹਿਆਂ ਦੇ ਬਜਟ ਦੀ ਜੇਕਰ ਤੁਲਨਾ ਕੀਤੀ ਜਾਵੇ ਤਾਂ ਸਿੱਖਿਆ ਬਜਟ ਵਿੱਚ ਲਗਭਗ ਸਾਢੇ ਛੇ ਫੀਸਦੀ ਭਾਵ 6,087 ਕਰੋੜ ਰੁਪਏ ਅਤੇ ਉੱਚ ਸਿੱਖਿਆ ਉਤੇ ਪੌਣੇ ਤਿੰਨ ਫੀਸਦੀ ਭਾਵ 1,115 ਕਰੋੜ ਰੁਪਏ ਦੀ ਕਮੀ ਕੀਤੀ ਗਈ ਹੈ। ਇਹ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ।

ਸਿੱਖਿਆ, ਭਾਰਤੀ ਸੰਵਿਧਾਨ ਵਿੱਚ ਸਮਵਰਤੀ ਸੂਚੀ ਵਿੱਚ ਹੈ। ਕੇਂਦਰ ਸਰਕਾਰ ਸੂਬਾ ਸਰਕਾਰਾਂ ਉਤੇ ਇਸ ਦਾ ਬੋਝ ਸੁੱਟਦੀ ਹੈ ਅਤੇ ਸੂਬਾ ਸਰਕਾਰਾਂ ਕੇਂਦਰ ਦੇ ਸਿੱਖਿਆ ਬਜਟ ਵੱਲ ਝਾਕਦੀਆਂ ਹਨ। ਸਿੱਖਿਆ ਦੇ ਖ਼ਰਚ ਦਾ ਫੁਟਬਾਲ ਮੈਚ ਕੇਂਦਰ ਅਤੇ ਸੂਬਿਆਂ ਵਿਚਕਾਰ ਲਗਾਤਾਰ ਚਲਦਾ ਹੈ ਅਤੇ ਕੇਂਦਰੀ ਬਜਟ ਸਿੱਖਿਆ ਪ੍ਰਤੀ ਅਣਦੇਖੀ ਕਰਦਾ ਦਿਸਦਾ ਹੈ, ਜਦਕਿ ਸੂਬੇ ਵੀ ਸਿੱਖਿਆ ਸਹੂਲਤਾਂ ਦੇਣ ਤੋਂ ਮੁੱਖ ਮੋੜੀ ਬੈਠੇ ਹਨ। ਉਦਾਹਰਨ, ਸਾਲ 2021-22 ਦੇ ਬਜਟ ਪ੍ਰਾਵਾਧਾਨ ਵਿੱਚ ਪਿਛਲੇ ਸਾਲ ਨਾਲੋਂ ਛੇ ਫੀਸਦੀ ਦੀ ਕਟੌਤੀ ਕਰਨਾ ਹੈ ਅਤੇ ਸਿੱਖਿਆ ਦਾ ਬਜਟ ਇਸ ਸਾਲ ਦੀ ਜੀ ਡੀ ਪੀ ਦਾ ਪੌਣੇ ਤਿੰਨ ਫ਼ੀਸਦੀ ਹੈ, ਜਦਕਿ ਸਿੱਖਿਆ ਬਾਰੇ ਸਰਕਾਰ ਵਲੋਂ ਸਥਾਪਤ ਬਹੁਚਰਚਿਤ ਕੋਠਾਰੀ ਕਮਿਸ਼ਨ ਨੇ 1966 ਵਿੱਚ ਇਹ ਸੁਝਾਅ ਦਿੱਤਾ ਸੀ ਕਿ ਜੀ ਡੀ ਪੀ (ਕੁਲ ਘਰੇਲੂ ਉਤਪਾਦ) ਦਾ ਛੇ ਫੀਸਦੀ ਸਿੱਖਿਆ ਉੱਤੇ ਖ਼ਰਚ ਕਰਨਾ ਚਾਹੀਦਾ ਹੈ।

ਆਜ਼ਾਦੀ ਦੇ 75 ਵਰ੍ਹੇ ਬੀਤ ਗਏ ਹਨ। ਸਿੱਖਿਆ ਨੀਤੀ 'ਚ ਬਦਲ ਹੁੰਦਾ ਰਿਹਾ ਹੈ। ਘੱਟ ਗਿਣਤੀਆਂ, ਐੱਸ.ਸੀ.ਐੱਸ.ਟੀ ਵਰਗ ਅਤੇ ਖ਼ਾਸ ਕਰਕੇ ਲੜਕੀਆਂ ਦੀ ਸਿੱਖਿਆ ਲਈ ਸਿੱਖਿਆ ਨੀਤੀਆਂ 'ਚ ਫੇਰ-ਬਦਲ ਕੀਤੇ ਗਏ ਸਨ, ਪਰ ਪ੍ਰਾਪਤੀਆਂ ਅੱਧੀਆਂ-ਅਧੂਰੀਆਂ ਹਨ। ਨਵੇਂ ਆਰਥਕ ਉਦਾਰਵਾਦ ਅਤੇ ਸਿਆਸੀ ਅਰਥ ਸ਼ਾਸਤਰ ਦੀ ਇੱਛਾ-ਸ਼ਕਤੀ ਦੀ ਘਾਟ ਦੇ ਬਾਅਦ ਸਭ ਤੋਂ ਵੱਧ ਸੰਕਟ ਦੇਸ਼ ਵਿੱਚ ਹਾਸ਼ੀਏ 'ਤੇ ਪਹੁੰਚੇ ਲੋਕਾਂ ਦੀ ਸਿੱਖਿਆ ਉਤੇ ਹੀ ਪਿਆ ਹੈ।

ਸਾਲ 2002 'ਚ ਸੰਵਿਧਾਨ ਦੀ ਧਾਰਾ 21-ਏ ਅਨੁਸਾਰ, ਐਕਟ-2002 ਪਾਸ ਕੀਤਾ ਗਿਆ, ਜੋ 86ਵੀਂ ਸੰਵਿਧਾਨਿਕ ਸੋਧ ਸੀ ਜਿਸ ਅਨੁਸਾਰ 6 ਸਾਲ ਤੋਂ 14 ਸਾਲ ਤੱਕ ਸਭ ਬੱਚਿਆਂ ਲਈ ਲਾਜ਼ਮੀ ਸਿੱਖਿਆ (ਨਾਗਰਿਕਾਂ ਨੂੰ ਮਿਲੇ ਮੁਢਲੇ ਅਧਿਕਾਰਾਂ ਅਧੀਨ) ਕੀਤੀ ਗਈ। ਇਸੇ ਤਰ੍ਹਾਂ ਇੱਕ ਕਨੂੰਨ 2009 ਵਿੱਚ ਪਾਸ ਕੀਤਾ ਗਿਆ, ਜਿਸ ਅਨੁਸਾਰ ਹਰ ਵਰਗ ਦੇ ਬਿਨਾਂ ਜਾਤ ਦੇ ਭਿੰਨ-ਭੇਦ ਦੇ ਚੰਗੇਰੀ ਸਿੱਖਿਆ ਬੱਚਿਆਂ ਨੂੰ ਦੇਣ ਦਾ ਪ੍ਰਾਵਧਾਨ ਕੀਤਾ ਗਿਆ, ਪਰ ਇਹਨਾ ਐਕਟਾਂ ਵਿੱਚ ਕਿਧਰੇ ਵੀ ਗਰੀਬ, ਅਮੀਰ ਲਈ ਇਕੋ ਜਿਹੀ ਸਿੱਖਿਆ ਦਾ ਪ੍ਰਬੰਧ ਨਹੀਂ ਕੀਤਾ ਗਿਆ। ਸਥਿਤੀ ਇਹ ਹੈ ਕਿ ਇੱਕ ਪਾਸੇ ਤਿੰਨ ਤਾਰਾ, ਪੰਜ ਤਾਰਾ ਹੋਟਲਾਂ ਵਰਗੇ ਪਬਲਿਕ ਸਕੂਲ ਹਨ ਅਤੇ ਦੂਜੇ ਪਾਸੇ ਪਿੰਡਾਂ, ਬਸਤੀਆਂ 'ਚ ਬਿਨਾਂ ਬੁਨਿਆਦੀ ਸਹੂਲਤਾਂ ਵਾਲੇ ਸਕੂਲ ਹਨ, ਜਿਥੇ ਨਾ ਬਿਜਲੀ ਹੈ, ਨਾ ਪਾਣੀ ਹੈ। ਅਧਿਆਪਕਾਂ ਦੀ ਸਥਿਤੀ ਇਹਨਾਂ ਸਕੂਲਾਂ ਵਿੱਚ ਇਹ ਹੈ ਕਿ ਇੱਕ ਕਮਰੇ ਦੇ ਸਕੂਲ ਵਿੱਚ ਪੰਜ ਕਲਾਸਾਂ ਹਨ ਅਤੇ ਪੜ੍ਹਾਉਣ ਲਈ ਪਹਿਲੀ ਤੋਂ ਪੰਜਵੀਂ ਕਲਾਸ ਤੱਕ ਇਕੋ ਟੀਚਰ ਹੈ। ਇਹਨਾਂ ਸਰਕਾਰੀ ਸਕੂਲਾਂ ਵਿੱਚ ਕਿਧਰੇ ਕੋਈ ਪੱਕਾ ਟੀਚਰ ਹੈ, ਕਿਧਰੇ ਮਹਿਮਾਨ ਅਧਿਆਪਕ ਹੈ, ਕਿਧਰੇ ਸਿੱਖਿਆ ਮਿੱਤਰ ਹੈ ਅਤੇ ਪੱਕੇ-ਕੱਚੇ ਅਧਿਆਪਕਾਂ ਦੀਆਂ ਤਨਖ਼ਾਹਾਂ 'ਚ ਕਈ ਹਾਲਤਾਂ ਵਿੱਚ 10 ਤੋਂ 20 ਗੁਣਾਂ ਤੱਕ ਫ਼ਰਕ ਹੈ। ਦੇਸ਼ ਦੇ ਪ੍ਰਾਇਮਰੀ/ਐਲੀਮੈਂਟਰੀ ਸਕੂਲਾਂ ਵਿੱਚ ਫਰਵਰੀ 2020 ਦੀ ਇੱਕ ਰਿਪੋਰਟ ਅਨੁਸਾਰ 10 ਲੱਖ ਤੋਂ ਵੀ ਵੱਧ ਅਧਿਆਪਕਾਂ ਦੀਆਂ ਖ਼ਾਲੀ ਅਸਾਮੀਆਂ ਹਨ।

ਅਕਤੂਬਰ 2021 ਦੀ ਯੂਨੈਸਕੋ ਦੀ ਇੱਕ ਰਿਪੋਰਟ ਅਨੁਸਾਰ ਦੇਸ਼ ਭਰ 'ਚ ਇੱਕ ਲੱਖ ਸਕੂਲ ਇਕੋ ਅਧਿਆਪਕ ਵਾਲੇ ਹਨ ਅਤੇ ਇਹਨਾਂ ਵਿਚੋਂ 89 ਫ਼ੀਸਦੀ ਪਿੰਡਾਂ 'ਚ ਹਨ। ਇੰਜ ਦੇਸ਼ ਦੇ ਉਸ ਹੇਠਲੇ ਵਰਗ ਦੇ ਲੋਕਾਂ ਦੇ ਬੱਚਿਆਂ ਨੂੰ ਪੜ੍ਹਾਉਣ ਵਾਲੇ ਸਕੂਲਾਂ ਵਿੱਚ ਟੀਚਰਾਂ ਦੀ ਅਤਿਅੰਤ ਕਮੀ ਹੈ। ਇਸੇ ਕਰਕੇ ਇਨ੍ਹਾਂ ਸਕੂਲਾਂ 'ਚ ਗਰੀਬੀ ਵਾਲੀਆਂ ਹਾਲਤਾਂ ਦੇ ਮੱਦੇਨਜ਼ਰ ਸਕੂਲ ਛੱਡਣ ਵਾਲੇ ਵਿਦਿਆਰਥੀਆਂ (ਭਾਵ ਡਰਾਪ ਆਊਟ) ਦੀ ਗਿਣਤੀ ਲਗਾਤਾਰ ਵਧੀ ਹੈ, ਕਿਉਂਕਿ ਇਹਨਾਂ ਸਕੂਲਾਂ 'ਚ ਚੰਗੀ ਸਿੱਖਿਆ ਪ੍ਰਦਾਨ ਕਰਨਾ ਤਾਂ ਇੱਕ ਸੁਫ਼ਨੇ ਜਿਹਾ ਹੈ। ਖ਼ਾਸ ਕਰਕੇ ਕਰੋਨਾ ਕਾਲ ਦੌਰਾਨ ਤਾਂ ਇਹਨਾ ਸਕੂਲਾਂ ਅਤੇ ਇਹਨਾਂ ਸਕੂਲਾਂ 'ਚ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਤਾਂ ਮੰਦਾ ਹਾਲ ਹੀ ਹੋਇਆ। ਵੱਡੀ ਗਿਣਤੀ ਇਹਨਾਂ ਸਕੂਲਾਂ ਦੇ ਵਿਦਿਆਰਥੀ ਪੜ੍ਹਾਈ ਛੱਡ ਗਏ।

ਦੇਸ਼ 'ਚ ਸਿੱਖਿਆ ਸਥਿਤੀ ਦਾ ਅਕਸ ਵਿਖਾਉਣ ਲਈ ਚਲੋ ਦੇਸ਼ ਭਾਰਤ ਦੀ ਰਾਜਧਾਨੀ ਦਿੱਲੀ ਦੀ ਸਿੱਖਿਆ ਦੀ ਗੱਲ ਕਰਦੇ ਹਾਂ। ਦਿੱਲੀ ਯੂਨੀਵਰਸਿਟੀ ਵਿੱਚ ਕੁੱਲ ਅਧਿਆਪਕਾਂ ਵਿੱਚ 60 ਫ਼ੀਸਦੀ ਕੱਚੇ ਅਧਿਆਪਕ ਹਨ। ਦਿੱਲੀ ਸਕੂਲਾਂ 'ਚ ਕੁੱਲ 64,000 ਅਧਿਆਪਕਾਂ ਦੀਆਂ ਅਸਾਮੀਆਂ 'ਚ 35,000 ਅਧਿਆਪਕ ਹੀ ਰੈਗੂਲਰ ਹਨ। 22,000 ਮਹਿਮਾਨ ਅਧਿਆਪਕ ਹਨ, ਬਾਕੀ ਸਿੱਖਿਆ ਮਿੱਤਰ, ਪੈਰਾ ਟੀਚਰ ਆਦਿ। ਕੇਂਦਰੀ ਯੂਨੀਵਰਸਿਟੀਆਂ ਵਿੱਚ ਲਗਭਗ 18,000 ਅਸਾਮੀਆਂ ਮਨਜ਼ੂਰ ਹਨ, ਜਿਹਨਾਂ ਵਿਚੋਂ 6,000 ਅਸਾਮੀਆਂ ਖ਼ਾਲੀ ਹਨ। ਇਹਨਾਂ ਯੂਨੀਵਰਸਿਟੀਆਂ, ਪਬਲਿਕ ਸਕੂਲਾਂ 'ਚ ਪੜ੍ਹਨ ਵਾਲੇ ਬਹੁਤੇ ਵਿਦਿਆਰਥੀ ਉੱਚ ਵਰਗ, ਮੱਧ ਵਰਗ ਨਾਲ ਸਬੰਧਤ ਹਨ, ਸਧਾਰਨ ਸਕੂਲਾਂ ਦੇ ਪੜ੍ਹੇ ਵਿਦਿਆਰਥੀ ਤਾਂ ਯੂਨੀਵਰਸਿਟੀਆਂ, ਕਾਲਜਾਂ 'ਚ ਉੱਚ ਸਿੱਖਿਆ ਲਈ ਪਹੁੰਚ ਹੀ ਨਹੀਂ ਪਾਉਂਦੇ।

ਦੇਸ਼ ਦੀ ਆਜ਼ਾਦੀ ਉਪਰੰਤ ਭਾਰਤ ਦੇ ਪਹਿਲੇ ਸਿੱਖਿਆ ਮੰਤਰੀ ਮੌਲਾਨਾ ਅਬੁਲ ਕਲਾਮ ਆਜ਼ਾਦ ਸਨ। ਉਹਨਾ ਦੇਸ਼ ਵਿੱਚ ਯੂਨੀਵਰਸਿਟੀਆਂ, ਤਕਨੀਕੀ ਸੰਸਥਾਵਾਂ ਅਤੇ ਸਕੂਲਾਂ ਵਿੱਚ ਧਰਮ ਨਿਰਪੱਖ ਅਤੇ ਸਮਾਜਵਾਦੀ ਚਿੰਤਨ ਨਾਲ ਪ੍ਰਭਾਵਤ ਸਿੱਖਿਆ ਦਰਸ਼ਨ ਅਤੇ ਸਿੱਖਿਆ ਸਮਾਜ ਸ਼ਾਸਤਰ ਨੂੰ ਨਵੇਂ ਸਿਰੇ ਤੋਂ ਪੜ੍ਹਾਉਣ ਉਤੇ ਜ਼ੋਰ ਦਿੱਤਾ ਸੀ। ਉਹਨਾ ਚਿਤਵਿਆ ਸੀ ਕਿ ਪੜ੍ਹਾਇਆ ਜਾਣਾ ਵਾਲਾ ਸਿਲੇਬਸ ਕਿਸੇ ਵਰਗ ਵਿਸ਼ੇਸ਼, ਜਾਤ, ਧਰਮ, ਭਾਸ਼ਾ ਵਾਲੇ ਦ੍ਰਿਸ਼ਟੀਕੋਣ ਵਾਲਾ ਨਾ ਹੋਵੇ, ਨਾ ਹੀ ਸੂਬਾਈ ਰੰਗ ਨਾਲ ਰੰਗਿਆ ਹੋਵੇ, ਸਗੋਂ ਦੇਸ਼ ਦੇ ਸਿੱਖਿਆ ਅਦਾਰੇ ਗਿਆਨ ਦਾ ਸੋਮਾ ਹੋਣ ਜੋ ਵਿਗਿਆਨਿਕ ਦ੍ਰਿਸ਼ਟੀਕੋਣ ਨਾਲ ਸਿੱਖਿਆ ਦੇਣ।

ਗਰੀਬਾਂ ਦੇ ਬੱਚਿਆਂ ਦਾ ਪਾਲਣ-ਪੋਸ਼ਣ ਸਹੀ ਨਹੀਂ ਹੁੰਦਾ। ਉਨ੍ਹਾਂ ਦੀ ਸਿੱਖਣ ਦੀ ਸਮਰੱਥਾ 'ਚ ਕਮੀ ਦਾ ਕਾਰਨ ਗਰੀਬੀ ਹੈ। ਇਹ ਕਮੀ ਸਿੱਖਿਆ ਅਤੇ ਰੁਜ਼ਗਾਰ ਤੱਕ ਉਹਨਾਂ ਦੇ ਪਹੁੰਚਣ 'ਚ ਕੋਸ਼ਿਸ਼ ਸੀਮਤ ਕਰ ਦਿੰਦੀ ਹੈ ਜਾਂ ਖ਼ਤਮ ਕਰ ਦਿੰਦੀ ਹੈ। ਅੱਜ ਵੀ 31.7 ਕਰੋੜ ਲੋਕ ਗਰੀਬੀ ਤੋਂ ਹੇਠਾਂ ਹਨ, ਉਹਨਾਂ ਦੀ ਸਿੱਖਿਆ ਦੀ ਸਥਿਤੀ ਕਿਹੋ ਜਿਹੀ ਹੋਏਗੀ, ਇਸ ਦਾ ਅੰਦਾਜ਼ਾ ਲਗਾਉਣਾ ਔਖਾ ਨਹੀਂ ਹੈ। ਆਜ਼ਾਦੀ ਦੇ 75 ਵਰ੍ਹਿਆਂ ਬਾਅਦ ਵੀ ਦੇਸ਼ 'ਚ ਸਮਾਨਤਾ ਨਹੀਂ ਹੈ। ਕੁਝ ਲੋਕ ਅੰਤਾਂ ਦੇ ਅਮੀਰ ਹਨ ਅਤੇ ਇਹਨਾ ਦੀ ਦੌਲਤ ਵਧ ਰਹੀ ਹੈ, ਪਰ ਵੱਡੀ ਗਿਣਤੀ ਲੋਕ ਅਤਿ ਗਰੀਬੀ ਦੀ ਰੇਖਾ ਤੋਂ ਹੇਠ ਹਨ। ਉਹਨਾਂ ਲਈ ਕਾਨੂੰਨ, ਸਮਾਜਿਕ ਸਮਾਨਤਾ, ਸਮਾਜਿਕ ਨਿਯਮਾਂ ਅਤੇ ਸਿੱਖਿਆ ਦੇ ਅਰਥ ਹੀ ਵੱਖਰੇ ਹਨ। ਸਭ ਲਈ ਬਰਾਬਰ ਦੀ ਸਿੱਖਿਆ ਤਾਂ ਦੂਰ ਦੀ ਗੱਲ, ਲਾਜ਼ਮੀ ਸਿੱਖਿਆ ਵੀ ਉਹਨਾਂ ਦੀ ਪਹੁੰਚ ਤੋਂ ਬਾਹਰ ਹੈ।

ਨਵੀਂ ਸਿੱਖਿਆ ਪਾਲਿਸੀ ਦੇ ਚਾਰ ਥੰਮ੍ਹ ਚਿਤਵੇ ਗਏ ਹਨ। ਪਹਿਲਾ ਪਹੁੰਚ, ਦੂਜਾ ਸਭ ਲਈ ਸਿੱਖਿਆ, ਤੀਜਾ ਗੁਣਵੱਤਾ, ਚੌਥਾ ਜਵਾਬਦੇਹੀ। ਨਵੀਂ ਪਾਲਿਸੀ ਦੇ ਤਹਿਤ ਅੰਤਰਰਾਸ਼ਟਰੀ ਸਿੱਖਿਆ ਸੰਸਥਾਵਾਂ ਅਤੇ ਯੂਨੀਵਰਸਿਟੀਆਂ ਭਾਰਤ ਵਿੱਚ ਆ ਸਕਣਗੀਆਂ। ਨਵੀਂ ਪਾਲਿਸੀ ਅਨੁਸਾਰ ਇਹ ਸੰਸਥਾਵਾਂ ਭਾਰਤ ਦੇ ਵਿਦਿਆਰਥੀਆਂ ਲਈ ਵਿਸ਼ਵ ਦੇ ਦਰਵਾਜ਼ੇ ਖੋਲ੍ਹ ਸਕਣਗੀਆਂ, ਪਰ ਇਥੇ ਸਵਾਲ ਉੱਠਦਾ ਹੈ ਕਿ ਪਿੰਡਾਂ, ਸ਼ਹਿਰੀ ਬਸਤੀਆਂ ਅਤੇ ਭਾਰਤ ਤੇ ਨਿਮਨ ਵਰਗ ਦੇ ਕਿੰਨੇ ਕੁ ਵਿਦਿਆਰਥੀਆਂ ਦੀ ਇਹਨਾਂ ਤੱਕ ਪਹੁੰਚ ਹੋਏਗੀ ਜਾਂ ਹੋਈ ਹੈ?

ਨੈਸ਼ਨਲ ਫੈਮਿਲੀ ਹੈੱਲਥ ਸਰਵੇ ਨੇ ਰਾਸ਼ਟਰੀ ਪੱਧਰ 'ਤੇ ਆਪਣੀ 5 ਵੀਂ ਰਿਪੋਰਟ ਛਾਪੀ ਹੈ, ਜੋ 2019-21 ਤੱਕ ਹੈ। ਇਹ ਰਿਪੋਰਟ ਦੱਸਦੀ ਹੈ ਕਿ ਸਕੂਲ ਪੱਧਰ ਤੇ 36 ਫ਼ੀਸਦੀ ਲੜਕੇ ਅਤੇ 21 ਫ਼ੀਸਦੀ ਲੜਕੀਆਂ ਸਕੂਲ ਛੱਡ ਜਾਂਦੀਆਂ ਹਨ। ਇਹ ਡਰਾਪ ਆਊਟ 6 ਸਾਲ ਤੋ 17 ਸਾਲ ਦੇ ਹਨ। ਇਹਨਾਂ ਵਿੱਚੋਂ ਵੱਡੀ ਗਿਣਤੀ ਵਿਦਿਆਰਥੀ ਘਰੇਲੂ ਕੰਮਾਂ ਕਾਰਨ, ਜਾਂ ਅਤਿ ਗ਼ਰੀਬੀ ਕਾਰਨ ਬਾਲ ਮਜ਼ਦੂਰੀ ਕਰਨ ਲਈ ਮਜ਼ਬੂਰ ਹੋ ਕੇ ਸਕੂਲ ਛੱਡਦੇ ਹਨ। ਡਰਾਪ ਆਊਟ ਲੜਕੀਆਂ ਵਿੱਚੋਂ 7 ਫ਼ੀਸਦੀ ਬਾਲ ਵਿਆਹ ਕਾਰਨ ਅਤੇ 0.3 ਫ਼ੀਸਦੀ ਲੜਕੇ ਵਿਆਹ ਕਾਰਨ ਸਕੂਲ ਛੱਡਦੇ ਹਨ। ਕਈ ਬੱਚੇ ਫਾਰਮ ਹਾਊਸਾਂ 'ਤੇ ਕੰਮ ਕਰਨ ਦੀ ਖ਼ਾਤਰ, ਕੁਝ ਬੱਚੇ ਆਪਣੇ ਛੋਟੇ ਭੈਣ-ਭਰਾਵਾਂ ਦੀ ਘਰ 'ਚ ਦੇਖ-ਰੇਖ ਲਈ ਅਤੇ ਕੁਝ ਕਲਾਸਾਂ ਵਿੱਚ ਵਾਰ-ਵਾਰ ਫੇਲ੍ਹ ਹੋਣ ਕਾਰਨ ਸਕੂਲ ਛੱਡਦੇ ਹਨ।

ਜਿਵੇਂ ਦੇਸ਼ ਵਿੱਚ ਹਾਸ਼ੀਏ ਪਹੁੰਚੇ ਲੋਕਾਂ ਪੱਲੇ ਗਰੀਬੀ ਹੈ, ਕੋਈ ਸਿਹਤ ਸਹੂਲਤਾਂ ਨਹੀਂ,ਖਾਣ ਲਈ ਭਰ ਪੇਟ ਭੋਜਨ ਨਹੀਂ, ਉਵੇਂ ਹੀ ਸਿੱਖਿਆ ਸਹੂਲਤਾਂ, ਉਹਨਾ ਤੋਂ ਅਸਲ ਮਾਅਨਿਆਂ 'ਚ ਕੋਹਾਂ ਦੂਰ ਹਨ।

**# ਸੰਪਰਕ : 98158-02070**

# ਹੌਸਲੇ ਦਾ ਪਰਬਤ ਜੇ ਸੀ ਪਰਿੰਦਾ

ਰਣਬੀਰ ਰਾਣਾ



ਜੇ ਸੀ ਪਰਿੰਦਾ. ......ਨਾਂਅ ਪੜ੍ਹਦਿਆਂ, ਸੁਣਦਿਆਂ ਅਫ਼ਸਰਾਨਾ ਭਾਵਬੋਧ ਦਾ ਅਹਿਸਾਸ ਹੁੰਦਾ ਹੈ। ਨਵੇਕਲੇ ਅਤੇ ਗਹਿਰੇ ਅਰਥਾਂ ਵਾਲਾ ਨਾਂਅ। ਸੂਖਮ ਭਾਵਾਂ ਦੀ ਤਰਜਮਾਨੀ ਕਰਦਾ ਨਾਂਅ। ਇਸ ਨਾਂਅ ਨੂੰ ਨੀਝ ਨਾਲ ਵੇਖਣ-ਪਰਖਣ ਤੇ ਵਿਸ਼ਾਲ ਅਰਥਾਂ ਦਾ ਪਸਾਰ ਹੁੰਦਾ ਹੈ। ਇਕੱਲਾ-ਇਕੱਲਾ ਅੱਖਰ ਅਰਥ ਭਰਪੂਰ ਹੈ। ਨਿੱਤਰੇ ਪਾਣੀ ਵਾਂਗ ਸਾਫ, ਸੁੰਦਰ ਅਤੇ ਸੁੱਚਾ। ਇਹ ਉਸ ਸ਼ਖਸੀਅਤ ਦਾ ਨਾਂਅ ਹੈ, ਜੋ ਮੁਹੱਬਤ ਦਾ ਸ਼ੁਦਾਈ ਸੀ। ਜਿਸ ਦੇ ਦਿਲ ਵਿਚ ਮੋਹ ਦਾ ਦੀਪਕ ਜਗਦਾ ਸੀ।

ਜੇ ਸੀ ਪਰਿੰਦਾ ਦਾ ਜਨਮ ਅਸਥਾਨ ਪਿੰਡ ਖੋਖਰ ਹੈ। ਮਸ਼ਹੂਰ ਪਿੰਡ ਸਰਾਏਨਾਗਾ ਦੇ ਨੇੜੇ। ਇਹ ਪਿੰਡ ਪਹਿਲਾਂ ਫਿਰੋਜ਼ਪੁਰ ਜਿਲੇ ਵਿੱਚ ਪੈਂਦਾ ਸੀ। ਹੁਣ ਸ੍ਰੀ ਮੁਕਤਸਰ ਸਾਹਿਬ ਵਿਚ ਆਉਂਦਾ ਹੈ। ਪਰਿੰਦਾ ਜੀ ਨੇ 2 ਮਾਰਚ 1954 ਨੂੰ ਅਵਤਾਰ ਧਾਰਿਆ। ਇਹਨਾ ਮੁਢਲੀ ਪੜ੍ਹਾਈ ਖੋਖਰ ਵਿੱਚ ਕਰਨ ਉਪਰੰਤ ਦਸਵੀਂ ਜਮਾਤ ਗੁਆਂਢੀ ਪਿੰਡ ਹਰੀਕੇ ਕਲਾਂ ਜ਼ਿਲ੍ਹਾ ਫਰੀਦਕੋਟ ਤੋਂ 1970 ਵਿੱਚ ਕੀਤੀ। ਇਹਨਾ ਦੇ ਪਿਤਾ ਸ੍ਰੀ ਮੋਹਨ ਲਾਲ ਰੇਲਵੇ ਵਿਭਾਗ ਵਿੱਚ ਗੈਂਗਮੈਨ ਸਨ। ਇਸ ਕਾਰਨ ਪਰਵਾਰ ਰੇਲਵੇ ਦੇ ਸਰਕਾਰੀ ਕਮਰਿਆਂ ਵਿੱਚ ਗੁਰੂ ਕੀ ਢਾਬ ਵਿਖੇ ਰਹਿੰਦਾ ਸੀ। ਇੱਥੋਂ ਹੀ ਪਰਿੰਦਾ ਰੇਲ ਗੱਡੀ ਰਾਹੀਂ ਉਚੇਰੀ ਪੜ੍ਹਾਈ ਕਰਨ ਲਈ ਸਰਕਾਰੀ ਬ੍ਰਜਿੰਦਰਾ ਕਾਲਜ ਫਰੀਦਕੋਟ ਵੱਲ ਉਡਾਨ ਭਰਦਾ ਸੀ। ਇੱਥੇ ਇਹਨਾਂ ਦੀ ਦੋਸਤੀ ਆਪਣੇ ਜਮਾਤੀ ਲਾਲ ਚੰਦ ਫਰੀਦਕੋਟੀ ਨਾਲ ਹੋ ਗਈ। ਉਹ ਵਧੀਆ ਸ਼ਾਇਰ ਸਨ। ਉਹਨਾ ਦੀ ਮਿੱਤਰਤਾ ਕਾਮਰੇਡ ਮੱਖਣ ਸਿੰਘ ਨਾਲ ਸੀ। ਇਉਂ ਪਰਿੰਦਾ ਦੀ ਮੱਖਣ ਸਿੰਘ ਨਾਲ ਜਾਣ-ਪਛਾਣ ਹੋਈ। ਜਿਹੜੀ ਆਖਰੀ ਦਮ ਤੱਕ ਨਿਭੀ। ਇਹ ਸਾਰੇ ਬਿਸਮਿਲ ਫਰੀਦਕੋਟੀ ਦੀ ਸੰਗਤ ਮਾਣਦੇ ਰਹੇ। ਉਹਨਾਂ ਨਾਲ ਵੀ ਯਰਾਨਾ ਬਣ ਗਿਆ। ਇਸ ਸਾਂਝ ਦੀ ਬਦੌਲਤ ਪਰਿੰਦਾ ਦੇ ਮਨ ਵਿਚ ਵੀ ਰੁਬਾਈ ਲਿਖਣ ਦੀ ਰੀਝ ਪੈਦਾ ਹੋਈ। ਰੁਬਾਈਆਂ ਲਿਖੀਆਂ ਵੀ, ਪਰ ਲਗਾਤਾਰਤਾ ਕਾਇਮ ਨਾ ਰੱਖ ਸਕਿਆ। ਕਾਲਜ ਪੜ੍ਹਦਿਆਂ ਹੀ ਕਵਿਤਾ ਉਚਾਰਨ ਮੁਕਾਬਲੇ, ਭਾਸ਼ਣ ਪ੍ਰਤੀਯੋਗਤਾ ਵਿੱਚ ਭਾਗ ਲੈਣ ਅਤੇ ਨਾਟਕ ਖੇਡਣ ਲੱਗਾ। ਕਾਲਜ ਮੁਕਾਬਲਿਆਂ ਵਿੱਚ ਜਿੱਤਾਂ ਪ੍ਰਾਪਤ ਕਰਕੇ ਆਪਣਾ ਅਤੇ ਕਾਲਜ ਦਾ ਨਾਂਅ ਰੌਸ਼ਨ ਕੀਤਾ। ਸਾਹਿਤਕ ਚੇਟਕ ਦੀ ਜਾਗ ਵੀ ਇੱਥੇ ਹੀ ਲੱਗੀ। ਪੰਜਾਬੀ ਦੇ ਵੱਡੇ ਲੇਖਕਾਂ ਦੀਆਂ ਲਿਖਤਾਂ ਪੜ੍ਹੀਆਂ। ਪ੍ਰੋ. ਗੁਰਦਿਆਲ ਸਿੰਘ, ਡਾ. ਟੀ.ਆਰ.ਵਿਨੋਦ, ਜਸਵੰਤ ਸਿੰਘ ਕੰਵਲ, ਜਨਾਬ ਦੀਪਕ ਜੈਤੋਈ ਅਤੇ ਸੰਪੂਰਨ ਸਿੰਘ ਝੱਲਾ ਮਸ਼ਹੂਰ ਲੇਖਕ ਸਨ। ਇਹਨਾਂ ਨੂੰ ਮਿਲਣ ਅਤੇ ਸਾਹਿਤਕ ਸੂਝ ਪ੍ਰਾਪਤ ਕਰਨ ਦੀ ਜਗਿਆਸਾ ਹੋਈ। ਇਹਨਾਂ ਤਿੰਨ-ਚਾਰ ਦੋਸਤਾਂ ਨੇ ਜਸਵੰਤ ਸਿੰਘ ਕੰਵਲ ਹੁਰਾਂ ਨੂੰ ਪੋਸਟ ਕਾਰਡ ਪਾਕੇ ਮਿਲਣ ਦੀ ਇੱਛਾ ਜ਼ਾਹਿਰ ਕੀਤੀ। ਕੰਵਲ ਸਾਹਿਬ ਨੇ ਮੁੜਦੀ ਡਾਕ ਇਹਨਾਂ ਨੂੰ ਮੋਗੇ ਕਚਹਿਰੀ ਵਿਚ ਆਪਣੇ ਵਕੀਲ ਦੋਸਤ ਦੇ ਅੱਡੇ 'ਤੇ ਆਉਣ ਦਾ ਬੁਲਾਵਾ ਭੇਜ ਦਿੱਤਾ। ਇਹ ਸਾਰੇ ਬੜੇ ਖ਼ੁਸ਼ ਹੋਏ। ਜਦੋਂ ਇਹ ਸਾਰੇ ਕੰਵਲ ਸਾਹਿਬ ਨੂੰ ਮਿਲੇ ਤਾਂ ਉਹ ਵੀ ਬੇਅੰਤ ਖ਼ੁਸ਼ ਹੋਏ। ਉਹ ਇਹਨਾਂ ਨੂੰ ਬੁੱਕਲ ਵਿੱਚ ਲੈ ਕੇ ਮਿਲੇ। 'ਆਓ, ਇਸ਼ਕ ਦੇ ਪਰਿੰਦਿਓ' ਕਹਿ ਕੇ ਮੁਖ਼ਾਤਿਬ ਹੋਏ। ਚਾਹ ਪਿਆਈ। ਗੱਲਾਂਬਾਤਾਂ ਕੀਤੀਆਂ। ਉਹਨਾਂ ਦੇ ਮੁਖਾਰਬਿੰਦ ਵਿੱਚੋਂ ਨਿਕਲੇ ਪਿਆਰੇ-ਪਿਆਰੇ ਸ਼ਬਦ ਜੈ ਚੰਦ ਦੇ ਦਿਲ ਵਿੱਚ ਘਰ ਕਰ ਗਏ। ਇਸ ਨੂੰ ਪਰਿੰਦਾ ਸ਼ਬਦ ਬਹੁਤ ਪਿਆਰਾ ਲੱਗਿਆ। ਬਸ ਫਿਰ ਇਸ ਨੇ ਪਰਿੰਦਾ ਸ਼ਬਦ ਆਪਣੇ ਨਾਂਅ ਨਾਲ ਤੁਖੱਲਸ ਵਜੋਂ ਸਦਾ ਵਾਸਤੇ ਜੋੜ ਲਿਆ। ਇਉਂ ਇਹ ਜੇ. ਸੀ.ਪਰਿੰਦਾ ਬਣ ਗਏ। ਬੀ ਏ, ਬੀ ਐੱਡ ਕਰਨ ਬਾਅਦ ਛੇਤੀ ਹੀ ਇਹਨਾ ਨੂੰ 18 ਮਈ 1978 ਨੂੰ ਸਟੇਟ ਬੈਂਕ ਆਫ ਬੀਕਾਨੇਰ ਐਂਡ ਜੈਪੁਰ ਵਿਚ ਅੰਮ੍ਰਿਤਸਰ ਵਿਖੇ ਨੌਕਰੀ ਮਿਲ ਗਈ। ਕੁਝ ਸਾਲ ਗੁਰੂ ਕੀ ਨਗਰੀ ਦਾ ਅੰਨ ਪਾਣੀ ਛਕਿਆ। ਮੁੜ ਬਠਿੰਡਾ ਵਿਖੇ ਬਦਲੀ ਹੋ ਗਈ। ਇਸ ਸਮੇਂ ਕਮਿਊਨਿਸਟ ਪਾਰਟੀ ਆਫ ਇੰਡੀਆ ਦੀ ਚੜ੍ਹਤ ਸੀ। ਪਰਿੰਦਾ ਜੀ ਵੀ ਬੈਂਕ ਮੁਲਾਜ਼ਮਾਂ ਦੀ ਯੂਨੀਅਨ ਵਿੱਚ ਸਰਗਰਮ ਹੋ ਗਏ। ਇਸ ਕਾਰਜ ਕਾਲ ਦੌਰਾਨ ਪਰਿੰਦਾ ਜੀ ਨੇ ਬੈਂਕ ਮੁਲਾਜ਼ਮਾਂ ਦੀ ਯੂਨੀਅਨ ਵਿੱਚ ਜੀ ਜਾਨ ਲਾ ਕੇ ਕੰਮ ਕੀਤਾ। ਇਹਨਾਂ ਦੀ ਕਾਰਜਸ਼ੈਲੀ, ਮਿਹਨਤ ਅਤੇ ਲਗਨ ਰੰਗ ਲਿਆਈ। ਇਹਨਾਂ ਨੂੰ ਨਾਰਦਰਨ ਜ਼ੋਨ ਬੈਂਕ ਇੰਪਲਾਈਜ਼ ਫੈਡਰੇਸ਼ਨ ਦੇ ਸੈਂਟਰਲ ਕਮੇਟੀ ਮੈਂਬਰ ਦੀ ਜ਼ਿੰਮੇਵਾਰੀ ਸੌਂਪ ਦਿੱਤੀ। ਇਸ ਸਮੇਂ ਇਹ ਪਰਵਾਰ ਸਮੇਤ ਸੀ. ਪੀ. ਆਈ. ਦੇ ਦਫਤਰ ਦੇ ਸਾਹਮਣੇ ਗਾਂਧੀ ਗਲੀ ਵਿਚ ਰਹਿੰਦੇ ਸਨ। ਮੱਖਣ ਸਿੰਘ ਦਾ ਘਰ-ਬਾਰ ਵੀ ਪਾਰਟੀ ਦਫਤਰ ਸੀ। ਪਾਰਟੀ ਦਫਤਰ ਵਿਚ ਪੂਰੀ ਚਹਿਲ-ਪਹਿਲ ਰਹਿੰਦੀ। ਮੱਖਣ ਸਿੰਘ ਦੇ ਸਾਥੀ ਆਉਂਦੇ-ਜਾਂਦੇ ਰਹਿੰਦੇ। ਪਾਰਟੀ ਲਿਟਰੇਚਰ, ਪੰਜਾਬੀ ਅਤੇ ਰੂਸੀ ਸਾਹਿਤ ਦੀਆਂ ਪੁਸਤਕਾਂ ਪੜ੍ਹਦੇ ਰਹਿੰਦੇ। ਉਸ ਸਮੇਂ ਪੰਜਾਬ ਬੁੱਕ ਸੈਂਟਰ ਪਾਰਟੀ ਦਫਤਰ ਦੇ ਵਿੱਚ ਸੀ। ਉੱਥੇ ਵੀ ਸਾਹਿਤਕਾਰਾਂ ਅਤੇ ਪਾਠਕਾਂ ਦੀ ਰੌਣਕ ਰਹਿੰਦੀ ਸੀ। ਸ਼ਾਮ ਵਕਤ ਸਾਰੇ ਆੜੀ ਮਹਿਫਲ ਸਜਾ ਲੈਂਦੇ। ਹਰਪਾਲ ਖੋਖਰ ਅਤੇ ਸਰੂਪ ਸਿੰਘ ਤਾਂ ਦਫਤਰ ਹੀ ਹੁੰਦੇ ਸਨ। ਪਰਿੰਦਾ ਜੀ ਗੁਆਂਢ ਵਿੱਚ ਬਿਰਾਜਦੇ ਸਨ। ਵਿਜੇ ਰਿਸ਼ੀ ਵੀ ਆ ਸ਼ਾਮਲ ਹੁੰਦਾ। ਮੈਂ ਅਤੇ ਜਸਪਾਲ ਮਾਨਖੇੜਾ ਵੀ ਕਦੇ-ਕਦਾਈਂ ਮਹਿਫਲ ਦਾ ਹਿੱਸਾ ਬਣ ਜਾਂਦੇ ਸਾਂ। ਮਹਿਣਾ ਚੌਕ ਵਿਚ ਅਮਰੀਕ ਦੇ ਹੋਟਲ ਉੱਤੇ ਚੁਬਾਰੇ ਵਿਚ ਸਭਾ ਸੱਜਦੀ ਅਤੇ ਅੱਧੀ ਰਾਤ ਤੱਕ ਗਿਆਨ ਗੋਸ਼ਿਟ ਚਲਦਾ ਰਹਿੰਦਾ। ਜੇ. ਸੀ. ਪਰਿੰਦਾ. ਬੈਂਕ ਇੰਪਲਾਈਜ਼ ਯੂਨੀਅਨ ਦੇ ਕਰਤਾ-ਧਰਤਾ ਸਨ। ਉਹ ਨਾਲ-ਨਾਲ ਇਪਟਾ ਦੀ ਟੀਮ ਵਿਚ ਸਰਗਰਮ ਸਨ। ਉਹ ਇਪਟਾ ਯੂਨਿਟ ਬਠਿੰਡਾ ਦੇ ਜਨਰਲ ਸਕੱਤਰ ਸਨ। ਨਾਨਕ ਨੀਰ ਪ੍ਰਧਾਨ ਸਨ। ਇਹਨਾਂ ਆਪਣੇ ਪਰਿਵਾਰਕ ਮੈਂਬਰਾਂ ਸਮੇਤ ਪਿੰਡਾਂ ਵਿਚ ਅਤੇ ਚੰਡੀਗੜ੍ਹ ਵਿਚ ਨਾਟਕ ਖੇਡੇ।

ਪਰਿੰਦਾ ਜੀ ਦੇ ਮਨ ਵਿਚ ਅਫਸਰ ਬਣਨ ਦੀ ਤਮੰਨਾ ਸੀ। ਇਹਨਾਂ ਪੀ ਸੀ ਐੱਸ ਦੇ ਇਮਤਿਹਾਨ ਦੀ ਪੂਰੀ ਮਿਹਨਤ ਨਾਲ ਪੜ੍ਹਾਈ ਕੀਤੀ। ਇਮਤਿਹਾਨ ਪਾਸ ਕਰ ਲਿਆ। ਇੰਟਰਵਿਊ ਵੀ ਹੋ ਗਈ, ਪਰ ਇਹਨਾਂ ਦੀ ਮਿਹਨਤ ਭ੍ਰਿਸ਼ਟ ਤੰਤਰ ਦੀ ਭੇਟ ਚੜ੍ਹ ਗਈ। ਇਹਨਾਂ ਨੂੰ ਲੋਕ ਦੋਖੀ ਸਿਸਟਮ ਦੀ ਸਮਝ ਸੀ। ਜਿਸ ਕਾਰਨ ਇਹ ਨਾ ਨਿਰਾਸ਼ ਹੋਏ ਨਾ ਹੀ ਹਾਰ ਮੰਨੀ। ਫਿਰ ਇਹਨਾਂ ਨੇ ਨਾਇਬ ਤਹਿਸੀਲਦਾਰ ਦੀ ਅਸਾਮੀ ਲਈ ਅਪਲਾਈ ਕਰ ਦਿੱਤਾ। ਇਹ ਨਾਇਬ ਤਹਿਸੀਲਦਾਰ ਬਣ ਗਏ। ਆਪਣੇ ਦਿਲ ਦੀ ਤਮੰਨਾ ਪੂਰੀ ਕਰਕੇ ਲੋਕਾਂ ਦੇ ਦੁੱਖਾਂ ਨੂੰ ਦੂਰ ਕਰਨ ਦਾ ਬੀੜਾ ਚੁੱਕ ਲਿਆ। ਇਸ ਖੇਤਰ ਵਿੱਚ ਵਿਚਰਦੇ ਹੋਏ ਜਿੱਥੇ ਲੋਕਾਂ ਨਾਲ ਨੇੜਤਾ ਬਣਾ ਕੇ ਉਹਨਾਂ ਦੀ ਸੇਵਾ ਕੀਤੀ, ਉੱਥੇ ਹੀ ਆਪਣੇ ਅਫਸਰ ਸਾਥੀਆਂ ਨਾਲ ਮਿਲ ਕੇ ਪੰਜਾਬ ਰੈਵੇਨਿਊ ਆਫੀਸਰਜ਼ ਐਸੋਸੀਏਸ਼ਨ ਦੇ ਜਨਰਲ ਸਕੱਤਰ ਦੇ ਅਹੁਦੇ ਦੀ ਜ਼ਿੰਮੇਵਾਰੀ ਬਾਖੂਬੀ ਨਿਭਾਈ। ਇਹਨਾਂ ਦੇ ਕਾਰਜਕਾਲ ਦੌਰਾਨ ਲਾਮਿਸਾਲ ਘੋਲ ਲੜੇ ਗਏ।

ਜੇ ਸੀ ਪਰਿੰਦਾ ਦੇ ਨੌਕਰੀ ਸਮੇਂ ਦੀਆਂ ਅਨੇਕਾਂ ਮਿਸਾਲਾਂ ਹਨ, ਜਦੋਂ ਉਹ ਰਾਜਨੇਤਾਵਾਂ ਅਤੇ ਹੰਕਾਰੀ ਅਫਸਰਾਂ ਦੇ ਗਲਤ ਹੁਕਮ ਮੰਨਣ ਤੋਂ ਆਕੀ ਹੋ ਗਿਆ ਅਤੇ ਆਮ ਲੋਕਾਂ ਦੇ ਹੱਕਾਂ ਲਈ ਅੜ ਗਿਆ।

ਸੇਵਾ-ਮੁਕਤ ਹੋ ਪਰਿੰਦਾ ਕਬੀਲਦਾਰੀ ਨਿਬੇੜ ਕੇ ਪੜ੍ਹਣ- ਲਿਖਣ ਦੇ ਕਾਰਜ ਵਿਚ ਜੁਟ ਗਿਆ। ਇਹਨਾ ਨੂੰ ਪੰਜਾਬੀ ਸਾਹਿਤ ਸਭਾ ਬਠਿੰਡਾ ਦਾ ਸਰਬਸੰਮਤੀ ਨਾਲ ਪ੍ਰਧਾਨ ਬਣਾਇਆ ਗਿਆ। ਇਹਨਾ ਦੀ ਅਗਵਾਈ ਵਿੱਚ ਪਹਿਲਾ ਸ਼ਾਨਦਾਰ ਸਮਾਗਮ ਸੰਤੋਖ ਸਿੰਘ ਧੀਰ ਦੀ ਜਨਮ ਸ਼ਤਾਬਦੀ ਸੰਬੰਧੀ ਕੀਤਾ ਗਿਆ। ਇਸ ਸਮਾਗਮ ਦੀ ਪੰਜਾਬ ਪੱਧਰ ਅਤੇ ਬਾਹਰਲੇ ਦੇਸ਼ਾਂ ਵਿਚ ਖੂਬ ਚਰਚਾ ਅਤੇ ਸ਼ਲਾਘਾ ਹੋਈ। ਇਹਨਾਂ ਦੇ ਪ੍ਰਧਾਨ ਬਣਨ ਤੋਂ ਪਹਿਲਾਂ ਸਭਾ ਵਿੱਚ ਪ੍ਰਧਾਨਗੀ ਦੀ ਚੋਣ ਨੂੰ ਲੈ ਕੇ ਰੱਫੜ ਪੈ ਗਿਆ। ਇਸ ਸੰਕਟ ਵਿੱਚ ਵੀ ਪਰਿੰਦਾ ਜੀ ਨੇ ਸੰਵਿਧਾਨਾਕ ਤਰੀਕੇ ਅਤੇ ਸਾਹਿਤਕ ਸੂਝਬੂਝ ਨਾਲ ਰੋਲ ਨਿਭਾਇਆ। ਸਭਾ ਦਾ ਇਹ ਸੰਕਟ ਜਲਦੀ ਹੀ ਨਿੱਬੜ ਗਿਆ। ਇਸ ਦੌਰਾਨ ਇਹਨਾ ਨੇ ਪੜ੍ਹਣ ਦੇ ਨਾਲ ਨਾਲ ਪੰਜਾਬੀ ਦੇ ਪ੍ਰਸਿੱਧ ਨਾਵਲਾਂ ਅਤੇ ਮੁੱਲਵਾਨ ਲਿਖਤਾਂ ਦਾ ਅੰਗਰੇਜ਼ੀ ਵਿੱਚ ਅਨੁਵਾਦ ਕਰਨ ਦਾ ਬੀੜਾ ਚੁੱਕ ਲਿਆ। ਰਾਮ ਸਿੰਘ ਪੀ. ਸੀ. ਐੱਸ. ਦੀ ਪ੍ਰਸਿੱਧ ਜੇਲ ਡਾਇਰੀ 'ਮੈਜਿਸਟ੍ਰੇਟ ਮੁਜਰਿਮ' ਦਾ ਅਨੁਵਾਦ ਵੀ ਕੀਤਾ ਅਤੇ ਲੇਖਕ ਨੂੰ ਉਸਾਰੂ ਸੁਝਾਅ ਵੀ ਦਿੱਤੇ। ਇਸ ਨਾਵਲ ਵਿਚ ਜੇਲ੍ਹ ਦੀ ਅੰਦਰੂਨੀ ਸਥਿਤੀ ਨੂੰ ਸਾਹਿਤਕ ਮਾਪਦੰਡਾਂ ਅਤੇ ਕਲਾਤਮਕ ਜੁਗਤਾਂ ਰਾਹੀਂ ਹੂਬਹੂ ਪੇਸ਼ ਕੀਤਾ ਹੈ। ਰਾਜਪਾਲ ਸਿੰਘ ਦੀ ਇਤਿਹਾਸਕ ਕਿਤਾਬ 'ਪੰਜਾਬ ਦੀ ਇਤਿਹਾਸਕ ਗਾਥਾ' ਦਾ ਅੰਗਰੇਜ਼ੀ ਵਿੱਚ ਅਨੁਵਾਦ ਕੀਤਾ। ਇਹ ਪ੍ਰੋਜੈਕਟ ਅੱਗੇ ਨਹੀਂ ਵਧ ਸਕਿਆ। ਇਹਨਾ ਨੂੰ ਇਕ ਫੇਫੜੇ ਵਿੱਚ ਕੈਂਸਰ ਦੀ ਸ਼ਿਕਾਇਤ ਹੋ ਗਈ, ਪਰ ਉਨ੍ਹਾਂ ਬੀਮਾਰੀ ਨੂੰ ਟਿੱਚ ਸਮਝਿਆ। ਹੌਸਲਾ ਨਹੀਂ ਹਾਰਿਆ। ਮੁਸ਼ਕਲ ਅੱਗੇ ਪਰਬਤ ਵਾਂਗ ਅੜਿਆ। ਹਸਪਤਾਲਾਂ ਅਤੇ ਡਾਕਟਰਾਂ ਦੇ ਵੱਲ ਚੱਕਰ ਕੱਟਣ ਲੱਗੇ, ਪਰ ਆਪਣੇ ਹੌਸਲੇ ਅਤੇ ਅੰਦਰੂਨੀ ਸ਼ਕਤੀ ਨਾਲ ਨੌਂ-ਬਰ-ਨੌਂ ਰਿਹਾ। ਭਾਵੇਂ ਸਿਹਤ ਪੱਖੋਂ ਕਮਜ਼ੋਰੀ ਜ਼ਰੂਰ ਆਈ, ਪਰ ਦਿਮਾਗੀ ਤੌਰ 'ਤੇ ਪੂਰੀ ਤਰਾਂ ਤੰਦਰੁਸਤ ਰਿਹਾ। ਬਿਮਾਰੀ ਦੀ ਹਾਲਤ ਵਿੱਚ ਵੀ ਮੈਂਬਰਾਂ ਅਤੇ ਸਾਹਿਤਕ ਦੋਸਤਾਂ ਦੀਆਂ ਲਿਖਤਾਂ ,ਖਰੜਿਆਂ ਨੂੰ ਖੁਸ਼ੀ-ਖੁਸ਼ੀ ਪੜ੍ਹਦੇ ਸਨ। ਉਸਾਰੂ ਸੁਝਾਅ ਦਿੰਦੇ ਸਨ । ਸਾਹਿਤਕ ਸਮਾਗਮਾਂ ਵਿਚ ਸ਼ਿਰਕਤ ਕਰਦੇ ਸਨ। ਦੋਸਤਾਂ ਮਿੱਤਰਾਂ ਦੇ ਦੁੱਖ-ਸੁੱਖ ਵਿੱਚ ਸ਼ਰੀਕ ਹੁੰਦੇ ਸਨ। ਆਪਣੇ ਪਰਵਾਰਕ ਰੂਪੀ ਬਾਗ ਵਿਚ ਸੁਰੀਲੇ ਪਰਿੰਦੇ ਵਾਂਗ ਚਹਿਕ ਰਹੇ ਸਨ ਕਿ 8 ਨਵੰਬਰ ਨੂੰ ਸਾਹ ਦੀ ਤਕਲੀਫ ਹੋਈ ਅਤੇ ਸਦੀਵੀ ਵਿਛੋੜਾ ਦੇ ਗਏ। 17 ਨਵੰਬਰ ਨੂੰ ਗੁਰੂ ਘਰ, ਗੁਰੂ ਨਾਨਕ ਸਕੂਲ, ਸਿਵਲ ਸਟੇਸ਼ਨ ਬਠਿੰਡਾ ਵਿਖੇ ਉਨ੍ਹਾ ਨਮਿਤ ਅੰਤਮ ਅਰਦਾਸ ਹੈ।

**# ਸੰਪਰਕ : 97800-42157**

# ਪੰਜਾਬ-ਹਰਿਆਣਾ ਜਲ ਸੰਕਟ ਤੇ ਦਰਿਆਈ ਪਾਣੀਆਂ ਦੀ ਵੰਡ ਦਾ ਮਸਲਾ (5)



ਜਸਪਾਲ ਜੱਸੀ

ਇਹ ਚਰਚਾ ਅਸੀਂ ਕੁਝ ਅੱਗੇ ਜਾ ਕੇ ਕਰਾਂਗੇ ਕਿ ਪਾਣੀ ਦੀਆਂ ਲੋੜਾਂ ਅਤੇ ਹਾਸਲ ਜਲ ਸੋਮਿਆਂ ਦਰਮਿਆਨ ਪਾੜੇ ਦੀ ਜਿਸ ਹਕੀਕਤ ਨੂੰ ਵਰਤ ਕੇ ਸੂਬਾਈ ਸਰਕਾਰਾਂ ਅਤੇ ਕੇਂਦਰ ਦੀਆਂ ਸਰਕਾਰਾਂ ਨੇ ਦਾਅ-ਲਾਊ ਵੋਟ ਸਿਆਸਤ ਖੇਡੀ ਹੈ, ਉਸ ਪਾੜੇ ਦੀਆਂ ਅਸਲ ਜੜ੍ਹਾਂ ਕਿੱਥੇ ਹਨ, ਪਰ ਇਸ ਤੋਂ ਪਹਿਲਾਂ ਕੇਂਦਰ ਸਰਕਾਰ ਵੱਲੋਂ 1981 ਦਾ ਸਮਝੌਤਾ ਠੋਸਣ ਪਿੱਛੇ ਕੰਮ ਕਰਦੀਆਂ ਖ਼ੁਦਗਰਜ਼ ਸਿਆਸੀ ਲੋੜਾਂ ਦੀ ਕੁਝ ਚਰਚਾ ਪ੍ਰਸੰਗਕ ਹੈ। ਅੱਸੀਵਿਆਂ ਦੇ ਸ਼ੁਰੂ ਦਾ ਸਮਾਂ ਉਹ ਸਮਾਂ ਸੀ, ਜਦੋਂ ਇੰਦਰਾ ਹਕੂਮਤ ਆਰਥਿਕ ਖੇਤਰ ਵਿਚ ਸਾਮਰਾਜ ਪੱਖੀ ਕਦਮਾਂ ਵਿਚ ਤੇਜ਼ੀ ਲਿਆ ਰਹੀ ਸੀ ਅਤੇ ਹਾਕਮ ਜਮਾਤੀ ਸਿਆਸਤ ਦੇ ਖੇਤਰ ਵਿਚ ਪਿਛਾਂਹਖਿੱਚੂ ਚਾਲਾਂ 'ਤੇ ਟੇਕ ਵਧਾ ਰਹੀ ਸੀ। ਗਰੀਬੀ ਹਟਾਉਣ, ਸਮਾਜਵਾਦ ਲਿਆਉਣ, ਜ਼ਮੀਨੀ ਸੁਧਾਰ ਕਰਨ ਅਤੇ ਆਤਮ-ਨਿਰਭਰ ਵਿਕਾਸ ਵਰਗੇ ਅਖੌਤੀ ਅਗਾਂਹਵਧੂ ਨਾਅਰਿਆਂ ਦਾ ਸਮਾਂ ਪਿੱਛੇ ਰਹਿ ਗਿਆ ਸੀ। ਜਮਾਤੀ ਏਕਤਾ ਨੂੰ ਚੀਰਾ ਦੇਣ ਲਈ ਪਾਟਕ-ਪਾਊ ਸਿਆਸਤ ਦੀ ਖੇਡ 'ਤੇ ਜ਼ੋਰ ਵਧ ਰਿਹਾ ਸੀ। ਵੱਖ-ਵੱਖ ਸੂਬਿਆਂ ਦੇ ਲੋਕਾਂ ਦਰਮਿਆਨ ਇਲਾਕਾਈ ਰੱਟਿਆਂ ਨੂੰ ਉਲਝਾਉਣ ਅਤੇ ਭੜਕਾਉਣ ਖਾਤਰ ਪਾਟਕ-ਪਾਊ ਸ਼ਾਤਰਾਨਾ ਕਦਮ ਵੀ ਇਹਨਾਂ ਚਾਲਾਂ ਦਾ ਹਿੱਸਾ ਸਨ।

ਦਰਿਆਈ ਪਾਣੀਆਂ ਦਾ ਲਟਕਾਇਆ ਅਤੇ ਉਲਝਾਇਆ ਹੋਇਆ ਮੁੱਦਾ ਵੀ ਉਹਨਾਂ ਮੁੱਦਿਆਂ ਵਿਚੋਂ ਇੱਕ ਹੈ, ਜਿਹਨਾਂ ਸੰਬੰਧੀ ਕਾਂਗਰਸੀ ਹਾਕਮਾਂ ਦੀ ਪੈਂਤੜੇਬਾਜ਼ੀ ਫਿਰਕੂ ਦਹਿਸ਼ਤਗਰਦੀ ਨੂੰ ਉਗਾਸਾ ਦੇਣ ਅਤੇ ਸ਼ਰੀਕ ਅਕਾਲੀ ਦਲ ਦੇ ਵੋਟ ਆਧਾਰ ਨੂੰ ਅੰਦਰੋਂ ਸੰਨ੍ਹ ਲਾਉਣ ਦੀ ਕੁਟਲ ਪੈਂਤੜੇਬਾਜ਼ੀ ਦਾ ਹਿੱਸਾ ਬਣਦੀ ਰਹੀ ਹੈ। ਦੂਜੇ ਪਾਸੇ ਕਾਂਗਰਸੀ ਹਾਕਮਾਂ ਕੋਲੋਂ ਸੂਬੇ ਅੰਦਰ ਹਕੂਮਤ ਕਰਨ ਦਾ ਕਿੰਤੂ-ਰਹਿਤ ਅਧਿਕਾਰ ਤਸਲੀਮ ਕਰਾਉਣ ਲਈ ਅਕਾਲੀ ਸਿਆਸਤਦਾਨ ਇਸ ਮੁੱਦੇ ਨੂੰ ਵਰਤਦੇ ਰਹੇ ਹਨ। ਇਉਂ ਕੁੱਲ ਮਿਲਾ ਕੇ ਇਹ ਮੁੱਦਾ ਉਹਨਾਂ ਮੁੱਦਿਆਂ ਵਿਚ ਸ਼ਾਮਲ ਰਿਹਾ ਹੈ,ਜਿਹਨਾਂ ਨੂੰ ਪੰਜਾਬ ਅੰਦਰ ਹਕੂਮਤੀ ਤਾਕਤ ਲਈ ਸ਼ਰੀਕਾ ਭੇੜ ਅਤੇ ਰਾਜਸੀ ਸੌਦੇਬਾਜ਼ੀ ਦੇ ਓਹਲੇ ਵਜੋਂ ਮੂਹਰੇ ਲਿਆਂਦਾ ਅਤੇ ਉਭਾਰ ਕੇ ਪੇਸ਼ ਕੀਤਾ ਜਾਂਦਾ ਰਿਹਾ। ਪੰਜਾਬ ਅੰਦਰ ਕਾਂਗਰਸ ਪਾਰਟੀ ਅਤੇ ਅਕਾਲੀ ਦਲ ਦਰਮਿਆਨ ਸੂਬਾਈ ਰਿਆਸਤੀ ਤਾਕਤ ਅਤੇ ਵਸੀਲਿਆਂ ਦੀ ਕੁੱਕੜਖੋਹੀ ਲਈ ਚਲਦੇ ਸ਼ਰੀਕਾਂ ਭੇੜ 'ਤੇ 'ਸਿੱਖਾਂ ਨਾਲ ਧੱਕੇ' ਅਤੇ 'ਪੰਜਾਬ ਨਾਲ ਧੱਕੇ' ਵਿਰੁੱਧ ਜੱਦੋਜਹਿਦ ਦਾ ਮੁਲੰਮਾ ਚਾੜ੍ਹਨ ਲਈ ਕਈ ਨਿਰਆਧਾਰ ਮੁੱਦੇ ਖੜ੍ਹੇ ਕੀਤੇ ਗਏ ਸਨ ਅਤੇ ਕੁਝ ਛੋਟੇ ਹਕੀਕੀ ਮੁੱਦਿਆਂ ਨੂੰ ਹਵਾ ਭਰ ਕੇ ਵਧਾਇਆ-ਫੁਲਾਇਆ ਗਿਆ ਸੀ। 'ਧਰਮ-ਯੁੱਧ' ਮੋਰਚਾ ਅਜਿਹੇ ਭਟਕਾਊ ਮੁੱਦਿਆਂ ਦੁਆਲੇ ਹੀ ਸ਼ੁਰੂ ਹੋਇਆ ਸੀ। ਮਗਰੋਂ ਕਾਂਗਰਸ ਅਤੇ ਅਕਾਲੀ ਦਲ ਦਰਮਿਆਨ ਰਾਜਸੀ ਤਾਕਤ ਦੀ ਵੰਡ ਲਈ ਰਾਜੀਵ-ਲੌਂਗੋਵਾਲ ਸਮਝੌਤੇ ਰਾਹੀਂ ਹੋਈ ਸੌਦੇਬਾਜ਼ੀ 'ਤੇ ਇਹਨਾਂ ਮੁੱਦਿਆਂ ਦੇ ਨਿਪਟਾਰੇ ਦਾ ਪਰਦਾ ਪਾਇਆ ਗਿਆ ਸੀ, ਪਰ ਕਿਉਂਕਿ ਰਾਜਸੀ ਤਾਕਤ ਲਈ ਸੌਦੇਬਾਜ਼ੀ ਆਰਜ਼ੀ ਸੀ, ਇਸ ਨਾਲ ਤਾਕਤ ਵਿਚੋਂ ਹਿੱਸਾਪੱਤੀ ਦੇ ਦਾਅਵੇਦਾਰ ਸਭਨਾਂ ਧੜਿਆਂ ਦੀ ਤਸੱਲੀ ਨਹੀਂ ਸੀ ਹੋਈ, ਸ਼ਰੀਕਾ ਭੇੜ ਦਾ ਅੰਤ ਨਹੀਂ ਸੀ ਹੋਇਆ, ਇਸ ਕਰਕੇ ਇਹਨਾਂ ਮੁੱਦਿਆਂ ਨੂੰ ਇੱਕ ਜਾਂ ਦੂਜੀ ਸ਼ਕਲ ਵਿਚ ਧੁਖਦੇ, ਸੁਲਘਦੇ ਰੱਖਣ ਦੀ ਹਾਕਮ ਜਮਾਤੀ ਲੋੜ ਖਤਮ ਨਹੀਂ ਸੀ ਹੋਈ, ਸਗੋਂ ਵੱਧ ਘੱਟ ਹੱਦ ਤੱਕ ਕਾਇਮ ਰਹੀ ਸੀ।।

ਮਗਰੋਂ ਵੀ ਕੇਂਦਰੀ ਅਤੇ ਸੂਬਾਈ ਹਾਕਮ ਜਮਾਤੀ ਧਿਰਾਂ ਵੱਲੋਂ ਸਮੇਂ-ਸਮੇਂ ਇਸ ਮੁੱਦੇ ਨੂੰ ਭਖਾਉਣ ਲਈ ਡੱਗਾ ਲਾਉਣ ਦੇ ਕਦਮ ਲਏ ਜਾਂਦੇ ਰਹੇ ਹਨ। ਛੇਤੀ ਤੋਂ ਛੇਤੀ ਲਿੰਕ ਨਹਿਰ ਕਢਾਉਣ ਦਾ ਸਿਹਰਾ ਆਪਣੇ ਸਿਰ 'ਤੇ ਸਜਾਉਣ ਲਈ ਹਰਿਆਣੇ ਦੇ ਹਾਕਮਾਂ ਵੱਲੋਂ ਸੁਪਰੀਮ ਕੋਰਟ 'ਚ ਮੁਕੱਦਮਾ ਦਾਇਰ ਕੀਤਾ ਗਿਆ ਸੀ। ਦੂਜੇ ਪਾਸੇ ਪੰਜਾਬ ਦਾ ਮੁੱਖ ਮੰਤਰੀ ਅਮਰਿੰਦਰ ਸਿੰਘ 'ਪੰਜਾਬ ਦੇ ਹਿੱਤਾਂ' ਦੀ ਪਹਿਰੇਦਾਰੀ ਦੇ ਦਾਅਵੇ ਦੀ ਗੁਰਜ ਅਕਾਲੀਆਂ ਕੋਲੋਂ ਖੋਹਣ ਲਈ ਲਗਾਤਾਰ ਪਾਪੜ ਵੇਲਦਾ ਰਿਹਾ ਹੈ। ਇਸ ਮੁੱਦੇ 'ਤੇ ਮੁਕਾਬਲੇਬਾਜ਼ੀ ਵਿਚ ਅਕਾਲੀ ਦਲ ਨਾਲੋਂ ਪਿੱਛੇ ਰਹਿਣਾ ਮਹਿੰਗਾ ਪੈ ਸਕਦਾ ਸੀ। ਖੁਦਗਰਜ ਧੜੇਬਾਜ ਸਿਆਸਤ ਦੀ ਇਸ ਮਜਬੂਰੀ 'ਚੋਂ ਹੀ ਪੰਜਾਬ ਅਸੈਂਬਲੀ ਅੰਦਰ ਦਰਿਆਈ ਪਾਣੀਆਂ ਸੰਬੰਧੀ ਸਮਝੌਤਿਆਂ ਨੂੰ ਰੱਦ ਕਰਦਾ ਮਤਾ ਪਾਸ ਹੋਇਆ ਸੀ। ਐਕਟਰਾਂ, ਡਾਇਰੈਕਟਰਾਂ ਦੀਆਂ ਅਦਲਾ ਬਦਲੀਆਂ ਦੇ ਬਾਵਜੂਦ ਦਰਿਆਈ ਪਾਣੀਆਂ ਦੇ ਮੁੱਦੇ 'ਤੇ ਪਾਟਕ-ਪਾਊ ਸਿਆਸਤ ਦਾ ਇਹ ਨਾਟਕ ਲਗਾਤਾਰ ਜਾਰੀ ਹੈ।

ਪੰਜਾਬ, ਹਰਿਆਣਾ ਅਤੇ ਰਾਜਸਥਾਨ ਦੇ ਲੋਕਾਂ ਦੇ ਹਿਤ ਮੰਗ ਕਰਦੇ ਹਨ ਕਿ ਇਸ ਮਸਲੇ 'ਤੇ ਆਪਸੀ ਵਖਰੇਵਿਆਂ ਨੂੰ ਮਿਹਨਤਕਸ਼ ਅਤੇ ਦੱਬੇ-ਕੁਚਲੇ ਲੋਕਾਂ ਦੇ ਵਡੇਰੇ ਹਿੱਤਾਂ ਦੇ ਅਧੀਨ ਰੱਖ ਕੇ ਸੰਬੋਧਤ ਹੋਇਆ ਜਾਵੇ। ਸਦਭਾਵਨਾ ਭਰੇ ਮਾਹੌਲ 'ਚ ਦੋਸਤਾਨਾ ਅਤੇ ਜਮਹੂਰੀ ਢੰਗ ਨਾਲ ਇਸ ਮਸਲੇ ਦਾ ਹੱਲ ਤਲਾਸ਼ਿਆ ਜਾਵੇ ਅਤੇ ਲੋਕ ਦੁਸ਼ਮਣ ਸਿਆਸਤਦਾਨਾਂ ਨੂੰ ਮੌਕਾ ਨਾ ਦਿੱਤਾ ਜਾਵੇ ਕਿ ਉਹ ਇਸ ਮੁੱਦੇ ਦੀ ਆੜ 'ਚ ਇਨ੍ਹਾਂ ਸੂਬਿਆਂ ਦੇ ਲੋਕਾਂ ਦੀ ਭਾਈਚਾਰਕ ਸਾਂਝ ਨੂੰ ਚੀਰਾ ਦੇ ਸਕਣ।

ਇਹ ਗੱਲ ਭੁੱਲਣ ਵਾਲੀ ਨਹੀਂ ਕਿ ਸਿੰਧ ਨਦੀ ਜਲ ਸੰਧੀ ਵੇਲੇ ਤੱਕ ਸਾਬਕਾ ਪੰਜਾਬ ਅੰਦਰ ਸਿੰਜਾਈ ਲਈ ਪਾਣੀ ਦੀ ਤੋਟ ਦੀ ਸਮੱਸਿਆ ਨਹੀਂ ਸੀ। ਸਮੱਸਿਆ ਪਾਣੀ ਨੂੰ ਸਾਂਭਣ ਦੇ ਲੋੜੀਂਦੇ ਇੰਤਜ਼ਾਮਾਂ ਦੀ ਘਾਟ ਦੇ ਰੂਪ 'ਚ ਸਾਹਮਣੇ ਆ ਰਹੀ ਸੀ। ਸਾਬਕਾ ਪੰਜਾਬ ਦੀ ਹਕੂਮਤ ਨੇ ਪਾਣੀ ਦੀਆਂ ਲੋੜਾਂ ਵੱਧ ਤੋਂ ਵੱਧ ਜ਼ੋਰ ਲਾ ਕੇ ਪੇਸ਼ ਕੀਤੀਆਂ ਸਨ। ਕੇਂਦਰੀ ਹਕੂਮਤ ਨੇ ਵੀ ਪੂਰਾ ਜੋਰ ਲਾ ਕੇ ਲੋੜਾਂ ਪੇਸ਼ ਕਰਨ ਦੀਆਂ ਨਸੀਹਤਾਂ ਕੀਤੀਆਂ ਸਨ। ਤਾਂ ਵੀ ਸਾਬਕਾ ਪੰਜਾਬ 'ਚ ਹਾਸਲ ਦਰਿਆਈ ਪਾਣੀਆਂ ਨੂੰ ਸੰਭਾਲਣ ਅਤੇ ਵਰਤਣ ਦੇ ਮਾਮਲੇ 'ਚ ਹੀ ਹੱਥ ਖੜ੍ਹੇ ਹੋ ਗਏ ਸਨ ਅਤੇ ਵਾਧੂ ਪਾਣੀ ਦੀ ਸੀਮਤ ਲੋੜ ਹੀ ਪੇਸ਼ ਕੀਤੀ ਜਾ ਸਕੀ ਸੀ। ਪਾਕਿਸਤਾਨ ਤੋਂ ਪਾਣੀ ਦਾ ਹਿੱਸਾ ਲੈਣ ਦੀ ਦਆਵੇਦਾਰੀ ਲਈ ਇਹ ਦੱਸਣਾ ਮੁਸ਼ਕਲ ਹੋ ਰਿਹਾ ਸੀ ਕਿ ਏਨੇ ਪਾਣੀ ਦਾ ਆਖਰ ਕਰਨਾ ਕੀ ਹੈ। 'ਜੇ ਧਨ ਜਾਂਦਾ ਜਾਣੀਏਂ ਅੱਧਾ ਦੇਈਏ ਵੰਡ' ਦੀ ਕਹਾਵਤ ਅਨੁਸਾਰ ਪਾਕਿਸਤਾਨ ਜਾਂਦੇ ਪਾਣੀ ਨੂੰ ਮੁਲਕ ਅੰਦਰ ਹੀ ਰਾਜਸਥਾਨ ਨੂੰ ਸੌਂਪ ਦੇਣ 'ਚ ਸਿਆਣਪ ਸਮਝੀ ਗਈ ਸੀ। ਸਮਝਣ ਦੀ ਲੋੜ ਇਹ ਹੈ ਕਿ ਅਗਲੇ ਦਹਾਕਿਆਂ 'ਚ ਰੱਜਵੇਂ ਪਾਣੀ ਦੀ ਮਾਲਕ ਧਰਤੀ ਨੂੰ "ਬੰਜਰ" ਹੋ ਜਾਣ ਦੇ ਖਤਰੇ ਦਾ ਪ੍ਰੇਤ ਕਿਉਂ ਸਤਾਉਣ ਲੱਗ ਪਿਆ।

ਦਰਅਸਲ ਹਰਾ ਇਨਕਲਾਬ ਸਾਡੀ ਧਰਤੀ ਲਈ ਖ਼ੁਸ਼ਕੀ ਦਾ ਉਲਟ ਇਨਕਲਾਬ ਸਾਬਤ ਹੋਇਆ ਹੈ। ਇਸ ਜਾਣਕਾਰੀ ਦੇ ਬਾਵਜੂਦ ਕਿ ਝੋਨਾ ਨੀਮ-ਖੁਸ਼ਕ ਇਲਾਕਿਆਂ ਦੇ ਵਾਤਾਵਰਣ ਨਾਲ ਮੇਲ ਖਾਂਦੀ ਫਸਲ ਨਹੀਂ ਹੈ, ਇਸ ਨੂੰ ਪੰਜਾਬ ਅਤੇ ਹਰਿਆਣੇ ਦੇ ਕਿਸਾਨਾਂ 'ਤੇ ਠੋਸਿਆ ਗਿਆ। ਝੋਨਾ 1200 ਮਿਲੀਮੀਟਰ ਤੋਂ ਉੱਪਰ ਉੱਚੀ ਬਰਸਾਤ ਵਾਲੇ ਖੇਤਰਾਂ 'ਚ ਬੀਜੀ ਜਾਣ ਵਾਲੀ ਫਸਲ ਹੈ, ਜਦੋਂ ਕਿ ਪੰਜਾਬ ਅਤੇ ਹਰਿਆਣਾ 'ਚ ਸਾਧਾਰਨ ਮੀਂਹ 500 ਮਿਲੀਮੀਟਰ ਦੇ ਇਰਦ-ਗਿਰਦ ਪੈਂਦਾ ਹੈ। ਏਨਾ ਹੀ ਨਹੀਂ, ਹੋਰ ਵੀ ਵੱਧ ਪਾਣੀ ਮੰਗਦੀਆਂ ਝੋਨੇ ਦੀਆਂ ਕਿਸਮਾਂ ਦੀ ਦੂਸਰੇ ਮੁਲਕਾਂ ਤੋਂ ਵਿਸ਼ੇਸ਼ ਕਰਕੇ ਦਰਾਮਦ ਕੀਤੀ ਗਈ। ਸਿੱਟੇ ਵਜੋਂ ਖੇਤੀ ਦੀ ਹਾਲਤ ਨਿੰਮ ਚੜ੍ਹੇ ਕਰੇਲੇ ਵਾਲੀ ਹੋ ਗਈ।

ਝੋਨੇ ਦੀ ਧੜਾਧੜ ਖੇਤੀ ਦਾ ਇੱਕੋ-ਇੱਕ ਕਾਰਨ ਭਾਰਤ ਦੀ ਅਨਾਜ ਸਮੱਸਿਆ ਪ੍ਰਤੀ ਚਿੰਤਾ ਨਹੀਂ ਸੀ, ਜਿਵੇਂ ਕਿ ਅਕਸਰ ਸਮਝਿਆ ਅਤੇ ਪੇਸ਼ ਕੀਤਾ ਜਾਂਦਾ ਹੈ। ਅੰਨ ਸੰਕਟ ਦੂਰ ਕਰਨ ਦੀ ਆੜ 'ਚ ਅਤੇ 'ਹਰੇ ਇਨਕਲਾਬ' ਦੇ ਨਾਂਅ ਹੇਠ ਪੰਜਾਬ-ਹਰਿਆਣਾ ਦੀ ਧਰਤੀ ਨੂੰ ਸਾਮਰਾਜੀ ਕੰਪਨੀਆਂ ਦੀਆਂ ਖੇਤੀ ਖਪਤਾਂ ਦੀ ਮੰਡੀ ਬਣਾਇਆ ਗਿਆ ਹੈ। ਬਹੁਕੌਮੀ ਕੰਪਨੀਆਂ ਦੇ ਸੇਵਾਦਾਰ ਮਾਹਰਾਂ ਨੂੰ ਉੱਚੇ ਝਾੜ ਵਾਲੀਆਂ ਕਿਸਮਾਂ ਵੱਲੋਂ ਪਾਣੀ ਦੀ ਅੰਨ੍ਹੀ ਮੰਗ ਦੀ ਚਿੰਤਾ ਨਹੀਂ ਸੀ। ਇਸ ਮੰਗ ਨੇ ਬਿਜਲੀ ਸਨਅਤ ਅਤੇ ਖੇਤੀ ਮਸ਼ੀਨਰੀ ਨਾਲ ਜੁੜੇ ਕਾਰੋਬਾਰਾਂ ਲਈ ਮੁਨਾਫਿਆਂ ਦਾ ਵੱਡਾ ਸਰੋਤ ਬਣਨਾ ਸੀ। ਇਸ ਤੋਂ ਇਲਾਵਾ ਇਨ੍ਹਾਂ ਕਿਸਮਾਂ ਨੇ ਰਸਾਇਣਕ ਖਾਦਾਂ ਅਤੇ ਖੇਤੀ ਰਸਾਇਣਾਂ ਦੀ ਭਾਰੀ ਮੰਗ ਪੈਦਾ ਕਰਨੀ ਸੀ।

ਫਸਲਾਂ ਦੀਆਂ ਵਿਸ਼ੇਸ਼ ਕਿਸਮਾਂ ਵਿਸ਼ੇਸ਼ ਬਿਮਾਰੀਆਂ ਅਤੇ ਵਿਸ਼ੇਸ਼ ਕੀਟਾਂ ਦੇ ਹੱਲਿਆਂ ਦਾ ਸ਼ਿਕਾਰ ਹੁੰਦੀਆਂ ਹਨ ਅਤੇ ਖੇਤੀ ਰਸਾਇਣਾਂ ਦੀ ਭਾਰੀ ਵਰਤੋਂ ਦੀ ਮਜਬੂਰੀ ਬਣਾਉਂਦੀਆਂ ਹਨ। ਇਹ ਮਜਬੂਰੀ ਇਨ੍ਹਾਂ ਰਸਾਇਣਾਂ ਦੇ ਵਪਾਰੀਆਂ ਦੇ ਬੋਝੇ ਭਰਨ ਦੇ ਕੰਮ ਆਉਂਦੀਆਂ ਹਨ। ਬਿਨਾਂ ਸ਼ੱਕ ਇਨ੍ਹਾਂ ਰਸਾਇਣਾਂ ਦੀ ਵਰਤੋਂ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਨਸ਼ਟ ਕਰਦੀ ਹੈ, ਪਰ ਇਸ ਦਾ ਨਤੀਜਾ ਵੀ ਰਸਾਇਣਕ ਖਾਦਾਂ ਦੀ ਵਧੇਰੇ ਵਰਤੋਂ 'ਚ ਨਿਕਲਦਾ ਹੈ। ਜ਼ਮੀਨ ਹੇਠਲਾ ਪਾਣੀ ਡੀਕਣ ਅਤੇ ਜ਼ਮੀਨ ਦੀ ਸੱਤਿਆ ਚੂਸਣ ਵਾਲਾ ਖੇਤੀ ਦਾ ਇਹ ਕੋਹਲੂ ਗੇੜ ਹੀ ਪੰਜਾਬ-ਹਰਿਆਣਾ ਦੇ ਜਲ ਸੰਕਟ ਲਈ ਵੱਡੀ ਹੱਦ ਤੱਕ ਜ਼ੁੰਮੇਵਾਰ ਹੈ।

**# ਸੰਪਰਕ : 94631-67923**

17-NOV-PAGE-5.qxd 11/16/2022 10:47 PM Page 1



## ਕਾਤਰਾਂ

### ਭਦੌੜ 'ਚ ਅੱਖਾਂ ਦਾ ਜਾਂਚ ਕੈਂਪ ਅੱਜ

**ਬਰਨਾਲਾ, (ਰਜਿੰਦਰ ਬਰਾੜ/ਅਸ਼ੋਕ ਟੋਨੀ)** ਸਿਹਤ ਵਿਭਾਗ ਵੱਲੋਂ ਮੋਤੀਆ ਬਿੰਦ ਵਿਰੁੱਧ ਵਿੱਢੀ ਮੁਹਿੰਮ ਤਹਿਤ 17 ਨਵੰਬਰ ਨੂੰ ਗਿਆਰਾਂ ਰੁਦਰ ਸ਼ਿਵ ਮੰਦਿਰ ਵਿਧਾਤਾ ਰੋਡ ਭਦੌੜ ਵਿਖੇ ਜਾਂਚ ਕੈਂਪ ਲਾਇਆ ਜਾ ਰਿਹਾ ਹੈ। ਸਿਵਲ ਸਰਜਨ ਡਾ. ਜਸਬੀਰ ਸਿੰਘ ਔਲਖ ਨੇ ਦੱਸਿਆ ਕਿ ਕੈਂਪ ਵਿੱਚ ਘੱਟ ਨਜ਼ਰ ਵਾਲੇ 50 ਸਾਲ ਤੋਂ ਵੱਧ ਉਮਰ ਦੇ ਲੋਕਾਂ ਦੀ ਜਾਂਚ ਕੀਤੀ ਜਾਵੇਗੀ ਤੇ ਮੋਤੀਆ ਬਿੰਦ ਤੋਂ ਪੀੜਤ ਵਿਅਕਤੀਆਂ ਦੇ ਸਿਵਲ ਹਸਪਤਾਲ ਵਿਖੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਮੁਫ਼ਤ ਅਪ੍ਰੇਸ਼ਨ ਕੀਤੇ ਜਾਣਗੇ। ਡਾ. ਔਲਖ ਨੇ ਕਿਹਾ ਕਿ ਇਹ ਕੈਂਪ ਨੋਡਲ ਅਫ਼ਸਰ ਡਾ. ਗੁਰਮਿੰਦਰ ਕੌਰ ਔਜਲਾ (ਡੀ.ਐਮ.ਸੀ) ਤੇ ਡਾ. ਨਵਜੋਤਪਾਲ ਸਿੰਘ ਭੁੱਲਰ (ਐੱਸ ਐਮ ਓ) ਦੀ ਅਗਵਾਈ ਹੇਠ ਅੱਖਾਂ ਦੇ ਮਾਹਿਰ ਡਾਕਟਰ ਇੰਦੂ ਬਾਂਸਲ ਤੇ ਗੁਰਵਿੰਦਰ ਸਿੰਘ ਵੱਲੋਂ ਲਾਏ ਜਾਣਗੇ। ਸਿਵਲ ਸਰਜਨ ਨੇ ਕਿਹਾ ਕਿ ਇਲਾਕੇ ਦੀਆਂ ਪੰਚਾਇਤਾਂ, ਧਾਰਮਿਕ ਸੰਸਥਾਵਾਂ, ਸਮਾਜ ਸੇਵੀ ਸੰਸਥਾਵਾਂ ਤੇ ਕਲੱਬਾਂ ਦਾ ਇਸ ਮੁਹਿੰਮ ਵਿੱਚ ਵਿਸ਼ੇਸ਼ ਯੋਗਦਾਨ ਹੈ।

### ਮੋਪੇਡ ਸਵਾਰ ਨੂੰ ਕੁਚਲਣ ਵਾਲੇ ਅਣਪਛਾਤੇ ਵਾਹਨ ਚਾਲਕ ਖਿਲਾਫ ਮਾਮਲਾ ਦਰਜ

**ਜਲਾਲਾਬਾਦ (ਦਹੂਜਾ)**-ਥਾਣਾ ਸਿਟੀ ਪੁਲਸ ਨੇ ਮੋਪੇਡ ਸਵਾਰ ਨੂੰ ਕੁਚਲਣ ਵਾਲੇ ਅਣਪਛਾਤੇ ਵਾਹਨ ਚਾਲਕ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਜਰਨੈਲ ਚੰਦ ਨੇ ਦੱਸਿਆ ਕਿ ਬਲਕਾਰ ਸਿੰਘ ਪੁੱਤਰ ਜੀਤ ਸਿੰਘ ਵਾਸੀ ਚੱਕ ਸੈਦੋਕੇ ਅਮੀਰਖਾਸ ਨੇ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਸ ਦਾ ਲੜਕਾ ਰਜਿੰਦਰ ਸਿੰਘ ਜੋ ਕਿ ਬੀ. ਏ. ਪਾਸ ਹੈ, 14 ਨਵੰਬਰ ਨੂੰ ਜਲਾਲਾਬਾਦ ਤੋਂ ਸੰਗੀਤ ਸਿੱਖ ਕੇ ਘਰ ਵਾਪਸ ਆ ਰਿਹਾ ਸੀ। ਜਦੋਂ ਉਹ 5.30 ਵਜੇ ਮੋਪੇਡ 'ਤੇ ਸਵਾਰ ਹੋ ਕੇ ਆ ਰਿਹਾ ਸੀ ਤਾਂ ਮਹਿੰਦਰਾ ਪਿਕਅੱਪ ਜਿਸ ਦਾ ਨੰਬਰ 13ਜੀਏ-9499 ਸੀ, ਦੇ ਡਰਾਈਵਰ ਨੇ ਲਾਪਰਵਾਹੀ ਨਾਲ ਉਸ ਦੇ ਲੜਕੇ ਨੂੰ ਟੱਕਰ ਮਾਰ ਦਿੱਤੀ ਜਿਸ ਤੋਂ ਬਾਅਦ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ। ਬਾਅਦ 'ਚ ਉਸਦੇ ਲੜਕੇ ਨੂੰ ਸਿਵਲ ਹਸਪਤਾਲ ਜਲਾਲਾਬਾਦ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਨੇ ਅਣਪਛਾਤੇ ਵਾਹਨ 'ਤੇ ਧਾਰਾ 304ਏ, 279 ਦੇ ਅਧੀਨ ਪਰਚਾ ਦਰਜ ਕਰ ਲਿਆ ਹੈ।

### ਬੀ ਕੇ ਯੂ ਕ੍ਰਾਂਤੀਕਾਰੀ ਨੇ ਦਾਣਾ ਮੰਡੀਆਂ ਖੁੱਲ੍ਹੀਆਂ ਰੱਖਣ ਦੀ ਮਿਆਦ ਵਧਾਈ



**ਮੋਗਾ (ਅਮਰਜੀਤ ਬੱਬਰੀ)** - ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦਾ ਵਫ਼ਦ ਜ਼ਿਲ੍ਹਾ ਸਕੱਤਰ ਪਰਮਿੰਦਰ ਸਿੰਘ ਬਰਾੜ ਦੀ ਅਗਵਾਈ ਵਿੱਚ ਮੋਗਾ ਦੇ ਡਿਪਟੀ ਕਮਿਸ਼ਨਰ ਨੂੰ ਮਿਲਿਆ, ਜਿਸ ਵਿੱਚ ਉਨ੍ਹਾਂ ਮੰਗ ਕੀਤੀ ਕਿ ਦਾਣਾ ਮੰਡੀਆਂ ਬੰਦ ਹੋ ਰਹੀਆਂ ਸਨ, ਜਦਕਿ ਕਿਸਾਨਾਂ ਦਾ ਝੋਨਾ ਹਾਲੇ ਵੇਚਣ ਤੋਂ ਰਹਿੰਦਾ ਹੈ। ਮੰਗ ਪੱਤਰ ਦੇਣ ਉਪਰੰਤ ਜਗਜੀਤ ਸਿੰਘ ਸਮਰਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਨੇ ਭਰੋਸਾ ਦਿਵਾਇਆ ਹੈ ਕਿ 20 ਨਵੰਬਰ ਤੱਕ ਮੰਡੀਆਂ ਖੋਲ੍ਹਣ ਦਾ ਸਮਾ ਵਧਾ ਦਿੱਤਾ ਜਾਵੇਗਾ। ਕਿਸਾਨ ਆਗੂਆਂ ਦੇ ਵਫ਼ਦ ਨੂੰ ਭਰੋਸਾ ਹੈ ਕਿ ਪੰਜ-ਛੇ ਦਿਨ ਵਿੱਚ ਝੋਨੇ ਦੀ ਖਰੀਦ ਨਿਪਟ ਜਾਵੇਗੀ, ਜਿਸ ਕਾਰਨ ਕਿਸਾਨਾਂ ਨੂੰ ਝੋਨਾ ਵੇਚਣ ਵਿੱਚ ਕੋਈ ਦਿੱਕਤ ਨਹੀਂ ਆਵੇਗੀ।

# ਮੁੱਖ ਮੰਤਰੀ ਦੇ ਹਲਕੇ 'ਚ ਗੱਜੇ ਪੰਜਾਬ ਦੇ ਹਜ਼ਾਰਾਂ ਪੈਨਸ਼ਨਰ



**ਧੂਰੀ (ਸੁਖਦੇਵ ਧੂਰੀ, ਬਿੰਨੀ ਗਰਗ)** ਪੰਜਾਬ ਗੌਰਮਿੰਟ ਪੈਨਸ਼ਨਰਜ ਜੁਆਇੰਟ ਫਰੰਟ ਦੇ ਫੈਸਲੇ ਅਨੁਸਾਰ ਪੈਨਸ਼ਨਰ ਮੰਗਾਂ ਬਾਰੇ ਪੰਜਾਬ ਸਰਕਾਰ ਵੱਲੋਂ ਧਾਰੀ ਚੁੱਪੀ, ਅਣਦੇਖੀ ਤੇ ਲਾਪ੍ਰਵਾਹੀ ਵਿਰੁੱਧ ਪੰਜਾਬ ਵਿੱਚ ਜ਼ੋਨ ਪੱਧਰ 'ਤੇ ਰੋਸ ਰੈਲੀਆਂ, ਮੁਜ਼ਾਹਰੇ ਕਰਨ ਦੇ ਸੰਦਰਭ ਵਿੱਚ ਪਟਿਆਲਾ ਜ਼ੋਨ ਵਿੱਚ ਸ਼ਾਮਲ ਫ਼ਤਿਹਗੜ੍ਹ ਸਾਹਿਬ, ਮੋਹਾਲੀ, ਪਟਿਆਲਾ, ਸੰਗਰੂਰ ਤੇ ਮਲੇਰਕੋਟਲਾ ਜ਼ਿਲ੍ਹਿਆਂ ਦੇ ਹਜ਼ਾਰਾਂ ਪੈਨਸ਼ਨਰਾਂ ਵੱਲੋਂ ਸੂਬਾ ਕਨਵੀਨਰਾਂ, ਠਾਕੁਰ ਸਿੰਘ, ਡਾਕਟਰ ਐਨ. ਕੇ. ਕਲਸੀ ਅਤੇ ਅਵਿਨਾਸ਼ ਸ਼ਰਮਾ ਦੀ ਅਗਵਾਈ ਵਿੱਚ ਮੁੱਖ ਮੰਤਰੀ ਦੇ ਵਿਧਾਨ ਸਭਾ ਹਲਕੇ ਵਿਖੇ ਰੋਹ ਭਰੀ ਵਿਸ਼ਾਲ ਰੈਲੀ ਤੇ ਮੁਜ਼ਾਹਰਾ ਕੀਤਾ ਗਿਆ।

ਰੈਲੀ ਦੇ ਅੰਤ ਵਿੱਚ ਮੁੱਖ ਮੰਤਰੀ ਦੇ ਸਥਾਨਕ ਦਫਤਰ ਤੱਕ ਜ਼ਬਰਦਸਤ ਮਾਰਚ ਕਰਦੇ ਹੋਏ ਨਾਅਰੇਬਾਜ਼ੀ ਕੀਤੀ ਗਈ। ਪੈਨਸ਼ਨਰ ਆਗੂਆਂ ਨੇ ਦੱਸਿਆ ਕਿ ਵਿੱਤ ਮੰਤਰੀ ਹਰਪਾਲ ਚੀਮਾ ਨਾਲ ਕਈ ਮੀਟਿੰਗਾਂ ਹੋਣ ਦੇ ਬਾਵਜੂਦ 2016 ਤੋਂ ਪਹਿਲਾਂ ਦੇ ਪੈਨਸ਼ਨਰਾਂ ਨੂੰ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ 2.59 ਦੇ ਗੁਣਾਂਕ, ਨੈਸ਼ਨਲ ਫਿਕਸ਼ੇਸ਼ਨ ਦੀਆਂ ਉਦਾਹਰਣਾਂ ਜਾਰੀ ਕਰਨ, 2016 ਤੋਂ 30 ਜੂਨ 2021 ਤੱਕ ਦੇ ਬਕਾਏ ਦੇਣ, ਕੇਂਦਰ ਅਨੁਸਾਰ 38% ਡੀ. ਏ. ਤੇ ਪਹਿਲੀ ਜੁਲਾਈ 2015 ਤੋਂ ਡੀ. ਏ. ਦੇ 190 ਮਹੀਨਿਆਂ ਦੇ ਬਕਾਏ ਨਾ ਦੇਣ ਵਿਰੁੱਧ ਪੈਨਸ਼ਨਰਾਂ ਵੱਲੋਂ ਭਾਰੀ ਰੋਸ ਦਾ ਪ੍ਰਗਟਾਵਾ ਕੀਤਾ ਗਿਆ।

ਇਸ ਮੌਕੇ ਜੁਆਇੰਟ ਫਰੰਟ ਦੇ ਕਨਵੀਨਰਾਂ ਤੋਂ ਇਲਾਵਾ ਜਗਦੀਸ਼ ਸ਼ਰਮਾ, ਸੁਰਿੰਦਰ ਸਿੰਘ ਧੌਲਾ, ਪ੍ਰੀਤਮ ਸਿੰਘ ਧੂਰਾ, ਸੁਰਿੰਦਰ ਕੁਮਾਰ ਬਾਲੀਆਂ, ਰਾਜ ਕੁਮਾਰ ਅਰੋੜਾ, ਕੁਲਵੰਤ ਸਿੰਘ ਧੂਰੀ, ਪ੍ਰੇਮ ਅਗਰਵਾਲ, ਜੀਤ ਸਿੰਘ ਬੰਗਾ, ਹਰਦੀਪ ਸਿੰਘ ਧੂਰੀ ਨੇ ਕਿਹਾ ਕਿ ਛੇਵੇਂ ਪੇ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਸਰਕਾਰ ਨੇ ਤੋੜ ਮਰੋੜ ਕੇ ਲਾਗੂ ਕੀਤਾ ਹੈ, ਜੋ ਪੈਨਸ਼ਨਰਾਂ ਨਾਲ ਸਰਾਸਰ ਧੱਕਾ ਹੈ। ਇਸ ਦੇ ਨਾਲ ਹੀ ਕਮਾਈ ਛੁੱਟੀਆਂ ਦਾ ਬਣਦਾ ਬਕਾਇਆ ਵੀ ਦੇਣ ਤੋਂ ਸਰਕਾਰ ਟਾਲ਼ਾ ਵੱਟੀ ਬੈਠੀ ਹੈ।

ਕੈਸ਼ਲੈੱਸ ਮੈਡੀਕਲ ਸੁਵਿਧਾ ਵੀ ਦੇਣ ਤੋਂ ਸਰਕਾਰ ਘੇਸਲ ਮਾਰੀ ਬੈਠੀ ਹੈ। ਆਗੂਆਂ ਨੇ ਕਿਹਾ ਕਿ ਜੇ ਸਰਕਾਰ ਨੇ ਇੱਕ ਹਫ਼ਤੇ ਵਿੱਚ ਜਾਇਜ਼ ਮੰਗਾਂ ਨਾ ਮੰਨੀਆਂ ਤਾਂ 29 ਨਵੰਬਰ ਨੂੰ ਮੋਹਾਲੀ ਵਿਖੇ ਜ਼ਬਰਦਸਤ ਐਕਸ਼ਨ ਕਰਕੇ ਸਰਕਾਰ ਦੇ ਨੱਕ ਵਿੱਚ ਦਮ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਰਜਨ ਸਿੰਘ, ਭੁਪਿੰਦਰ ਸਿੰਘ, ਜਸਵੰਤ ਸਿੰਘ, ਹੰਸ ਰਾਜ ਗਰਗ, ਜਸਪਾਲ ਸਿੰਘ ਭੱਟੀ, ਡਾਕਟਰ ਅਮਰਜੀਤ ਸਿੰਘ, ਖ਼ਜ਼ਾਨ ਚੰਦ, ਗਿਰਧਾਰੀ ਲਾਲ, ਚੇਤ ਸਿੰਘ ਆਦਿ ਪੈਨਸ਼ਨਰ ਆਗੂ ਹਾਜ਼ਰ ਸਨ।

## ਅਕਾਲੀ ਦਲ ਦੇ ਰਾਜ 'ਚ ਬੰਦੀ ਸਿੰਘਾਂ ਦੀ ਰਿਹਾਈ ਸੰਬੰਧੀ ਗੱਲ ਕਰਨ ਵਾਲਿਆਂ 'ਤੇ ਹੁੰਦੀ ਸੀ ਕਾਨੂੰਨੀ ਕਾਰਵਾਈ : ਸਹੌਲੀ

**ਨਾਭਾ (ਵਰਿੰਦਰ ਵਰਮਾ)** ਜੇਲ੍ਹਾਂ ਵਿੱਚ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਮਗਰਮੱਛ ਦੇ ਹੰਝੂ ਵਹਾਉਣ ਵਾਲੇ ਬਿਕਰਮ ਸਿੰਘ ਮਜੀਠੀਆ, ਸੁਖਬੀਰ ਸਿੰਘ ਬਾਦਲ, ਬੀਬੀ ਜਗੀਰ ਕੌਰ ਸਮੇਤ ਹੋਰ ਸੀਨੀਅਰ ਅਕਾਲੀ ਆਗੂ ਉਸ ਸਮੇਂ ਚੁੱਪ ਕਿਉਂ ਸਨ, ਜਿਸ ਸਮੇਂ ਸ਼੍ਰੋਮਣੀ ਅਕਾਲੀ ਦਲ ਸੂਬੇ ਪੰਜਾਬ ਅੰਦਰ ਸੱਤਾ ਵਿਚ ਰਾਜ ਕਰ ਰਹੀ ਸੀ ਅਤੇ ਅਕਾਲੀ ਦਲ ਦਾ ਭਾਜਪਾ ਨਾਲ ਨਹੁੰ ਮਾਸ ਦਾ ਰਿਸ਼ਤਾ ਸੀ। ਇਹ ਗੱਲਾਂ ਦਾ ਪ੍ਰਗਟਾਵਾ ਅਕਾਲੀ ਦਲ ਸੁਤੰਤਰ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਸਹੌਲੀ ਨੇ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਵਿੱਚ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਗੱਲ ਕਰਨ ਵਾਲੇ ਵਿਅਕਤੀਆਂ ਉੱਪਰ ਅਕਾਲੀ ਦਲ ਦੇ ਇਸ਼ਾਰੇ 'ਤੇ ਕਾਨੂੰਨੀ ਕਾਰਵਾਈਆਂ ਹੁੰਦੀਆਂ ਸਨ। ਸਮੁੱਚੀ ਕੌਮ ਨੂੰ ਮੂਰਖ ਬਣਾਉਣ ਲਈ ਸ਼੍ਰੋਮਣੀ ਅਕਾਲੀ ਦਲ ਲਗਾਤਾਰ ਕੁਰਸੀ ਦੀ ਭੁੱਖ ਨੂੰ ਮੁੱਖ ਰੱਖ ਬਿਆਨਬਾਜ਼ੀ ਕਰ ਰਿਹਾ ਹੈ। ਸਹੌਲੀ ਨੇ ਕਿਹਾ ਕਿ ਉਸ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਪ੍ਰਬੰਧ ਹੇਠ ਆਉਂਦਿਆਂ ਗੁਰੂ ਘਰਾਂ ਵਿੱਚ ਬੰਦੀ ਸਿੰਘਾਂ ਦੀਆਂ ਤਸਵੀਰਾਂ ਵਾਲੇ ਫਲੈਕਸ ਬੋਰਡ ਕਿਉਂ ਨਹੀਂ ਲਾਈਆਂ, ਕਿਉਂ ਬਲਾਤਕਾਰੀ ਸਾਧ ਨੂੰ ਮੁਆਫ਼ੀ ਦਿੱਤੀ ਗਈ। ਪਰਮਜੀਤ ਸਿੰਘ ਸਹੌਲੀ ਨੇ ਕਿਹਾ ਉਸ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਸੇਵਾਵਾਂ ਨਿਭਾ ਰਹੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਕਿਉਂ ਨਹੀਂ ਬੋਲੇ, ਜੋ ਅੱਜ ਪ੍ਰਧਾਨ ਹੋਣ ਨਾਤੇ ਲਗਾਤਾਰ ਬਿਆਨਬਾਜ਼ੀ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅਕਾਲੀ ਆਗੂ ਉਸ ਸਮੇਂ ਚੁੱਪ ਕਿਉਂ ਸਨ, ਜਦੋਂ ਗੁਰਦੁਆਰਾ ਅੰਬ ਸਾਹਿਬ ਵਿਖੇ ਗੁਰਬਖ਼ਸ਼ ਸਿੰਘ ਦੀ ਭੁੱਖ ਹੜਤਾਲ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਤੁੜਵਾਈ ਗਈ ਸੀ ਕਿ ਜਲਦ ਰਿਹਾਈ ਕਰਾਈ ਜਾਵੇਗੀ।

ਪ੍ਰਧਾਨ ਸਹੌਲੀ ਨੇ ਕਿਹਾ ਕਿ ਉਹ ਅੱਜ ਸਮੁੱਚੀ ਕੌਮ ਨੂੰ ਜੁਆਬ ਦੇਣ ਕਿ ਉਸ ਸਮੇਂ ਉਨ੍ਹਾਂ ਦੇ ਚੁੱਪ ਰਹਿਣ ਦਾ ਕੀ ਕਾਰਨ ਸੀ। ਇਸ ਮੌਕੇ ਉਨ੍ਹਾਂ ਨਾਲ ਹਰਬੰਸ ਸਿੰਘ ਖੱਟੜਾ, ਸੁਰਜੀਤ ਸਿੰਘ ਬਾਬਰਪੁਰ ਤੇ ਜਗਰੂਪ ਸਿੰਘ ਆਦਿ ਹਾਜ਼ਰ ਸਨ।

## ਕਲੀਨ ਐਂਡ ਗਰੀਨ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ ਲਾਇਆ ਦੰਦਾਂ ਦਾ ਚੈੱਕਅੱਪ ਕੈਂਪ



ਪੰਦਰਵਾੜੇ ਤਹਿਤ ਸਕੂਲ ਬੱਚਿਆਂ ਨੂੰ ਕੋਲਗੇਟਾਂ ਵੰਡਦੇ ਹੋਏ ਸਿਹਤ ਵਿਭਾਗ ਦੀ ਟੀਮ ਦੇ ਨਾਲ ਸੁਸਾਇਟੀ ਮੈਂਬਰ।

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)** ਸਿਵਲ ਸਰਜਨ ਡਾ. ਰੰਜੂ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਸਿਹਤ ਵਿਭਾਗ ਦੀ ਟੀਮ ਵੱਲੋਂ ਕਲੀਨ ਐਂਡ ਗਰੀਨ ਸੇਵਾ ਸੋਸਾਇਟੀ ਦੇ ਸਹਿਯੋਗ ਨਾਲ 34ਵਾਂ ਡੈਂਟਲ ਸਿਹਤ ਪੰਦਰਵਾੜਾ ਕੈਂਪ ਬਠਿੰਡਾ ਰੋਡ ਬਾਈਪਾਸ ਸਥਿਤ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਚੱਕ ਬਸਤੀ ਰਾਮਗੜ੍ਹ ਵਿਖੇ ਹੈੱਡ ਟੀਚਰ ਕਮਲਪ੍ਰੀਤ ਸਿੰਘ ਦੀ ਦੇਖ ਰੇਖ 'ਚ ਲਾਇਆ ਗਿਆ। ਕੈਂਪ ਦੌਰਾਨ ਦੰਦਾਂ ਦੇ ਰੋਗਾਂ ਦੇ ਮਾਹਿਰ ਡਾ. ਯੁਗਵੀਰ ਬੱਤਰਾ ਵੱਲੋਂ ਬੱਚਿਆਂ ਦੇ ਦੰਦਾਂ ਦਾ ਚੈੱਕਅਪ ਕੀਤਾ ਗਿਆ ਤੇ ਲੋੜਵੰਦ ਬੱਚਿਆਂ ਨੂੰ ਦਵਾਈਆਂ ਵੀ ਪ੍ਰਦਾਨ ਕੀਤੀਆਂ ਗਈਆਂ। ਇਸ ਮੌਕੇ ਡਾ. ਯੁਗਵੀਰ ਬੱਤਰਾ ਹੈਲਥ ਇੰਸਪੈਕਟਰ ਲਾਲ ਚੰਦ ਵੱਲੋਂ ਸਾਂਝੇ ਤੌਰ 'ਤੇ ਬੱਚਿਆਂ ਨੂੰ ਦੰਦਾਂ ਦੀ ਦੇਖਭਾਲ ਤੇ ਮਜ਼ਬੂਤੀ ਲਈ ਵੱਖ-ਵੱਖ ਤਰ੍ਹਾਂ ਦੇ ਨੁਖਸੇ ਦੱਸੇ, ਜਿਨ੍ਹਾਂ ਨੂੰ ਬੱਚਿਆਂ ਨੇ ਬੜੇ ਹੀ ਧਿਆਨ ਪੂਰਵਕ ਸੁਣਿਆ। ਇਸ ਮੌਕੇ ਬੱਚਿਆਂ ਦੇ ਦੰਦਾਂ ਦੀ ਦੇਖਭਾਲ ਲਈ ਸੁਸਾਇਟੀ ਦੇ ਪ੍ਰਧਾਨ ਤਰਸੇਮ ਗੋਇਲ, ਗੁਰਚਰਨ ਸਿੰਘ ਸੰਧੂ ਸਾਬਕਾ ਡੀਟੀਓ, ਰਾਜਨ ਬਾਂਸਲ ਤੇ ਕਮਰਜੀਤ ਸਿੰਘ ਕਲੇਰ ਵੱਲੋਂ ਕੋਲਗੇਟ ਵੰਡੀਆਂ ਗਈਆਂ। ਪ੍ਰਧਾਨ ਤਰਸੇਮ ਗੋਇਲ ਨੇ ਬੱਚਿਆਂ ਨੂੰ ਦੱਸਿਆ ਕਿ ਜੇਕਰ ਅਸੀਂ ਆਪਣੇ ਦੰਦਾਂ ਨੂੰ ਮਜ਼ਬੂਤ ਤੇ ਬਿਮਾਰੀਆਂ ਰਹਿਣ ਬਣਾਉਣਾ ਚਾਹੁੰਦੇ ਹਾਂ ਤਾਂ ਸਾਨੂੰ ਸਭ ਤੋਂ ਪਹਿਲਾਂ ਜ਼ਿਆਦਾ ਮਿੱਠੇ ਵਾਲੀਆਂ ਵਸਤੂਆਂ ਤੋਂ ਪ੍ਰਹੇਜ਼ ਕਰਨਾ ਪਵੇਗਾ ਤੇ ਹਰ ਰੋਜ਼ ਸਾਨੂੰ ਖਾਣਾ ਖਾਣ ਤੋਂ ਬਾਅਦ ਬੁਰਸ਼ ਕਰਨਾ ਪਵੇਗਾ। ਇਸ ਉਪਰੰਤ ਬੱਚਿਆਂ ਨੂੰ ਦੰਦਾਂ ਦੀ ਦੇਖ ਭਾਲ ਲਈ ਸਿਹਤ ਵਿਭਾਗ ਵੱਲੋਂ ਜਾਰੀ ਕੀਤੇ ਗਏ ਪੈਂਫਲੈਟ ਵੀ ਵੰਡੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਕੂਲੀ ਅਧਿਆਪਕ ਹਰਪ੍ਰੀਤ ਸਿੰਘ, ਹਰਜਿੰਦਰ ਕੌਰ ਤੇ ਹਰਭਗਵਾਨ ਕੌਰ ਵੀ ਮੌਜੂਦ ਸਨ।

## ਨੈਸ਼ਨਲ ਪ੍ਰੋਗਰਾਮਾਂ ਤੇ ਸਿਹਤ ਸਕੀਮਾਂ ਬਾਰੇ ਰੀਵਿਊ ਮੀਟਿੰਗ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)** ਵੱਖ-ਵੱਖ ਨੈਸ਼ਨਲ ਪ੍ਰੋਗਰਾਮਾਂ ਦੀ ਸਮੀਖਿਆ ਕਰਨ ਲਈ ਦਫਤਰ ਸਿਵਲ ਸਰਜਨ ਵਿਖੇ ਡਾ ਰੰਜੂ ਸਿੰਗਲਾ ਦੀ ਪ੍ਰਧਾਨਗੀ ਵਿੱਚ ਸਿਹਤ ਵਿਭਾਗ ਦੇ ਸਮੂਹ ਪ੍ਰੋਗਰਾਮ ਅਫ਼ਸਰਾਂ ਅਤੇ ਜ਼ਿਲ੍ਹੇ ਦੇ ਸਾਰੇ ਸੀਨੀਅਰ ਮੈਡੀਕਲ ਅਫਸਰਾਂ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਡਾ. ਮੇਘਾ ਪ੍ਰਕਾਸ਼ ਐਸ.ਐਮ.ਓ. ਡਬਲਯੂ.ਐਚ.ਓ., ਡਾ. ਪ੍ਰਤੀਕ ਖੰਨਾ ਤੇ ਸੰਦੀਪ ਗਰੋਵਰ ਐਚ.ਐਮ.ਆਈ.ਐਸ. ਕੋਆਰਡੀਨੇਟਰ ਨੇ ਭਾਗ ਲਿਆ। ਇਸ ਮੀਟਿੰਗ ਵਿੱਚ ਸਿਹਤ ਵਿਭਾਗ ਵੱਲੋਂ ਚਲਾਏ ਜਾ ਰਹੇ ਸਾਰੇ ਨੈਸਨਲ ਪ੍ਰੋਗ੍ਰਾਮਾਂ ਅਤੇ ਸਿਹਤ ਸਕੀਮਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਸਮੂਹ ਅਫਸਰ ਸਾਹਿਬਾਨਾਂ ਨੂੰ ਕਿਹਾ ਗਿਆ ਕਿ ਸਿਹਤ ਵਿਭਾਗ ਦੁਆਰਾ ਚਲਾਈਆਂ ਜਾ ਰਹੀਆਂ ਸਿਹਤ ਸਕੀਮਾਂ ਦਾ ਲਾਭ ਹਰੇਕ ਲਾਭਪਾਤਰੀ ਨੂੰ ਮਿਲਣਾ ਯਕੀਨੀ ਬਣਾਇਆ ਜਾਵੇ। ਇਸ ਸਮੇਂ ਜੇ.ਐਸ.ਵਾਈ., ਆਸ਼ਾ ਵਰਕਰਾਂ ਦੇ ਕੰਮ ਦੀ ਸਮੀਖਿਆ, ਟੀਕਾਕਰਣ ਪ੍ਰੋਗਰਾਮ, ਕੋਟਪਾ ਐਕਟ, ਐਨ.ਵੀ.ਬੀ.ਡੀ.ਸੀ.ਪੀ., ਪਰਿਵਾਰ ਨਿਯੋਜਨ ਪ੍ਰੋਗਰਾਮਾਂ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ।

ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ ਨੂੰ ਸਾਰੀਆਂ ਸਕੀਮਾਂ ਦੇ 100 ਪ੍ਰਤੀਸ਼ਤ ਟੀਚੇ ਪ੍ਰਾਪਤ ਕਰਨ ਦੀ ਹਦਾਇਤਾਂ ਦਿੱਤੀਆਂ ਗਈਆਂ। ਇਸ ਸਮੇਂ ਡਾ. ਪ੍ਰਭਜੀਤ ਸਿੰਘ ਸਹਾਇਕ ਸਿਵਲ ਸਰਜਨ, ਡਾ. ਬੰਦਨਾ ਬਾਂਸਲ ਡੀ.ਐਮ.ਸੀ, ਡਾ. ਕਿਰਨਦੀਪ ਕੌਰ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ, ਡਾ. ਰਸ਼ਮੀ ਚਾਵਲਾ, ਡਾ. ਸੁਨੀਲ ਬਾਂਸਲ, ਡਾ. ਜਤਿੰਦਰ ਪਾਲ ਸਿੰਘ, ਡਾ. ਦੁਪਿੰਦਰ ਕੁਮਾਰ, ਡਾ. ਜਗਦੀਪ ਚਾਵਲਾ, ਡਾ ਪਰਵਜੀਤ ਸਿੰਘ ਗੁਲਾਟੀ, ਡਾ ਦੀਪਕ ਰਾਏ, ਡਾ. ਪਵਨ ਮਿੱਤਲ, ਸ੍ਰੀ ਦੀਪਕ ਕੁਮਾਰ ਡੀ.ਪੀ.ਐਮ., ਸ਼ਿਵਪਾਲ ਸਿੰਘ ਡੀ.ਸੀ.ਐਮ., ਸੁਰਿੰਦਰਪਾਲ ਸਿੰਘ ਡੀ.ਐਮ.ਈ.ਓ., ਭਗਵਾਨ ਦਾਸ, ਸਰਬਜੀਤ ਸਿੰਘ ਕੋਲਡ ਚੇਨ ਅਫਸਰ, ਸੁਨੀਲ ਕੁਮਾਰ ਡੀ.ਐਸ.ਏ, ਰਵਿੰਦਰ ਗਰੋਵਰ ਈ.ਪੀ.ਆਈ. ਅਸਿਸਟੈਂਟ, ਭੁਪਿੰਦਰ ਸਿੰਘ ਪੀ.ਏ. ਆਦਿ ਹਾਜ਼ਰ ਸਨ।

## ਮੁੱਖ ਮੰਤਰੀ ਦਾ ਕੁੰਡਾ ਖੜਕਾਓ ਰੈਲੀ ਦੀ ਕੀਤੀ ਹਮਾਇਤ



**ਮੋਗਾ (ਅਮਰਜੀਤ ਬੱਬਰੀ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਦੀ ਪ੍ਰਧਾਨਗੀ ਹੇਠ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਨੇ ਕਿਹਾ ਕਿ ਪੰਜਾਬ ਤੇ ਕੇਂਦਰ ਸਰਕਾਰ ਵੱਲੋਂ ਨਰੇਗਾ ਮਜ਼ਦੂਰਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ, ਜਿਸ ਵਿਰੁੱਧ ਨਰੇਗਾ ਮਜ਼ਦੂਰਾਂ ਦੀ ਲਾਮਬੰਦੀ ਨੂੰ ਤੇਜ਼ ਕਰਦਿਆਂ ਨਰੇਗਾ ਵਿਰੋਧੀ ਅਫ਼ਸਰਸ਼ਾਹੀ ਅਤੇ ਸਰਕਾਰ ਦੇ ਨਰੇਗਾ ਮਜ਼ਦੂਰਾਂ ਵਿਰੋਧੀ ਰਵੱਈਏ ਨੂੰ ਨੱਥ ਪਾਈ ਜਾਵੇਗੀ।

ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਨਰੇਗਾ ਮਜ਼ਦੂਰਾਂ ਨੂੰ ਖੇਤੀਬਾੜੀ ਦੇ ਕਾਮਿਆਂ ਦੇ ਬਰਾਬਰ ਦੀ ਦਿਹਾੜੀ ਦੇਣੀ ਬਣਦੀ ਹੈ, ਜੋ ਇਸ ਵਕਤ 397 ਰੁਪਏ 46 ਪੈਸੇ ਹੈ, ਪਰ ਨਰੇਗਾ ਮਜ਼ਦੂਰਾਂ ਨੂੰ 282 ਰੁਪਏ ਦਿਹਾੜੀ ਦੇ ਕੇ ਉਨ੍ਹਾਂ ਦਾ ਹੱਕ ਮਾਰਿਆ ਜਾ ਰਿਹਾ ਹੈ। ਆਮ ਆਦਮੀ ਦਾ ਨਾਂਅ ਵਰਤ ਕੇ ਸੱਤਾ ਵਿੱਚ ਆਉਣ ਵਾਲੇ ਖਾਸ ਆਦਮੀਆਂ ਦੇ ਹੀ ਬਣ ਕੇ ਰਹਿ ਗਏ ਹਨ ਅਤੇ ਸੱਚਮੁੱਚ ਦੇ ਆਮ ਆਦਮੀਆਂ ਦੀ ਕੋਈ ਪੁੱਛਗਿੱਛ ਨਹੀਂ ਹੋ ਰਹੀ। ਬੇਰੁਜ਼ਗਾਰੀ ਅਤੇ ਨਸ਼ਿਆਂ ਵਰਗੀਆਂ ਸਮੱਸਿਆਵਾਂ ਉਸੇ ਤਰ੍ਹਾਂ ਜਵਾਨੀ ਨੂੰ ਤਬਾਹੀ ਵੱਲ ਧੱਕ ਰਹੀਆਂ ਹਨ। ਉਨ੍ਹਾਂ ਕਿਹਾ ਕਿ ਨਰੇਗਾ ਦਿਨਾਂ ਦੀ ਗਾਰੰਟੀ 200 ਦਿਨ, ਦਿਹਾੜੀ 700 ਰੁਪਏ, ਮੇਟਾਂ ਲਈ ਸਕਿਲਡ ਲੇਬਰ ਦੀ ਦਿਹਾੜੀ ਲਾਗੂ ਕਰਾਉਣ, 5 ਕਿਲੋਮੀਟਰ ਤੋਂ ਵੱਧ ਦੂਰ ਕੰਮ ਕਰਨ ਤੇ 10 ਪ੍ਰਤੀਸ਼ਤ ਵੱਧ ਦਿਹਾੜੀ ਲਾਗੂ ਕਰਾਉਣ, ਕੰਮ ਵਾਲੀ ਥਾਂ 'ਤੇ ਫਸਟ ਏਡ ਬਾਕਸ, ਨਰੇਗਾ ਕੰਮ ਦੌਰਾਨ ਮੌਤ ਜਾਂ ਨਕਾਰਾ ਹੋਣ ਦੀ ਸੂਰਤ ਵਿੱਚ ਐਕਸਗ੍ਰੇਸ਼ੀਆ ਗ੍ਰਾਂਟ ਵਧਾ ਕੇ 2 ਲੱਖ ਕਰਾਉਣ ਆਦਿ ਮੰਗਾਂ ਲਈ ਸੰਘਰਸ਼ ਤੇਜ਼ ਕੀਤਾ ਜਾਵੇਗਾ। ਮੀਟਿੰਗ ਵਿੱਚ 7 ਮਜ਼ਦੂਰ ਜਥੇਬੰਦੀਆਂ ਦੇ ਮੋਰਚੇ ਵੱਲੋਂ 30 ਨਵੰਬਰ ਨੂੰ ਸੰਗਰੂਰ ਵਿਖੇ ਮੁੱਖ ਮੰਤਰੀ ਦਾ ਕੁੰਡਾ ਖੜਕਾਓ ਰੈਲੀ ਦੀ ਹਮਾਇਤ ਕਰਨ ਦਾ ਫੈਸਲਾ ਕੀਤਾ ਗਿਆ। ਯੂਨੀਅਨ ਦੇ ਸਲਾਹਕਾਰ ਕੁਲਦੀਪ ਭੋਲਾ ਨੇ ਕਿਹਾ ਕਿ ਨਰੇਗਾ ਮਜਦੂਰਾਂ ਦੀ ਭਲਾਈ ਲਈ ਪਿੰਡ ਪਿੰਡ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਦੀਆਂ ਇਕਾਈਆਂ ਸਥਾਪਤ ਕਰਕੇ ਜਥੇਬੰਦੀ ਨੂੰ ਹੋਰ ਮਜਬੂਤ ਕੀਤਾ ਜਾਵੇਗਾ। ਮੀਟਿੰਗ ਦੌਰਾਨ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਦੀ 3 ਦਸੰਬਰ ਨੂੰ ਪਟਿਆਲਾ ਵਿਖੇ ਹੋ ਰਹੀ ਸਟੇਟ ਕਾਨਫਰੰਸ ਤੇ 16 ਤੋਂ 20 ਦਸੰਬਰ ਨੂੰ ਅਲਾਪੂਜਾ (ਕੇਰਲਾ) ਵਿਖੇ ਹੋ ਰਹੀ ਨੈਸ਼ਨਲ ਕਾਨਫਰੰਸ ਲਈ ਡੈਲੀਗੇਟਾਂ ਦੀ ਚੋਣ ਕੀਤੀ ਗਈ। ਮੀਟਿੰਗ ਨੂੰ ਹੋਰਨਾਂ ਦੇ ਇਲਾਵਾ ਬਲਕਾਰ ਦੁਧਾਲਾ, ਲਖਵਿੰਦਰ ਗੋਪਾਲਪੁਰਾ (ਅੰਮ੍ਰਿਤਸਰ) ਜੁਗਰਾਜ ਸਿੰਘ ਰਾਮਾ (ਬਰਨਾਲਾ), ਨੀਲੇ ਖਾਂ, ਭਰਪੂਰ ਬੁਲਾਪੁਰ, ਸੁਰਿੰਦਰ ਸਿੰਘ (ਸੰਗਰੂਰ), ਬੋਹੜ ਸਿੰਘ ਸੁਖਨਾ (ਮੁਕਤਸਰ) ਸ਼ੇਰ ਸਿੰਘ ਦੌਲਤਪੁਰਾ, ਗੁਰਦਿੱਤ ਸਿੰਘ ਦੀਨਾ (ਮੋਗਾ) ਗੋਰਾ ਸਿੰਘ ਪਿਪਲੀ (ਫ਼ਰੀਦਕੋਟ) ਨੇ ਵੀ ਸੰਬੋਧਨ ਕੀਤਾ।

## ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਲੋੜ : ਰਾਜਿੰਦਰ ਸਿੰਘ ਸਰਾਂ



**ਕੋਟਕਪੂਰਾ (ਰਛਪਾਲ ਭੁੱਲਰ)** ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੀ 107ਵੀਂ ਬਰਸੀ ਦੇ ਮੌਕੇ 'ਤੇ ਰਾਜਿੰਦਰ ਸਿੰਘ ਸਰਾਂ ਸੇਵਾਮੁਕਤ ਤਹਿਸੀਲਦਾਰ ਤੇ ਸਮੁੱਚੇ ਸਰਾਂ ਪਰਵਾਰ ਵੱਲੋਂ ਆਪਣੇ ਪਿਤਾ ਮਾਸਟਰ ਗੁਰਦੀਪ ਸਿੰਘ ਅਤੇ ਮਾਤਾ ਭਗਵਾਨ ਕੌਰ ਦੀ ਯਾਦ ਵਿੱਚ ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਇੱਥੋਂ ਥੋੜ੍ਹੀ ਦੂਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਾਂਦਰ ਜਟਾਣਾ ਵਿਖੇ 6ਵੀਂ ਤੋਂ 12ਵੀਂ ਜਮਾਤ ਤੱਕ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਸਨਮਾਨ ਸਮਾਰੋਹ ਕੀਤਾ ਗਿਆ।

ਮੁੱਖ ਮਹਿਮਾਨ ਰਾਜਿੰਦਰ ਸਿੰਘ ਸਰਾਂ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਲੋੜ 'ਤੇ ਜ਼ੋਰ ਦਿੱਤਾ। ਸੁਸਾਇਟੀ ਦੇ ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ, ਮੈਂਬਰ ਦਲਜਿੰਦਰ ਸਿੰਘ ਸੰਧੂ, ਸੋਮ ਨਾਥ ਅਰੋੜਾ, ਜ਼ਿਲ੍ਹਾ ਪ੍ਰੀਸ਼ਦ ਦੇ ਵਾਈਸ ਚੇਅਰਮੈਨ ਦਰਸ਼ਨ ਸਿੰਘ ਸਹੋਤਾ ਨੇ ਵਿਦਿਆਰਥੀਆਂ ਦੇ ਜੀਵਨ ਵਿੱਚ ਕੰਮ ਆਉਣ ਵਾਲੀਆਂ ਨੈਤਿਕ ਕਦਰਾਂ-ਕੀਮਤਾਂ ਦਾ ਪਾਠ ਪੜ੍ਹਾਇਆ ਤੇ ਸਕੂਲ ਦੀ ਵਾਲੀਬਾਲ ਟੀਮ ਵੱਲੋਂ ਪੰਜਾਬ ਵਿੱਚ ਪਹਿਲਾ ਸਥਾਨ ਹਾਸਲ ਕਰਨ ਦੀ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਸਕੂਲ ਦੇ ਪ੍ਰਿੰਸੀਪਲ ਮੈਡਮ ਗੁਰਮੇਲ ਕੌਰ ਨੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਸਾਖਾ ਸਿੰਘ ਸਰਾਂ ਰਿਟਾਇਰਡ ਏ.ਐਫ਼.ਐਸ.ਓ, ਬਰਜਿੰਦਰ ਸਿੰਘ ਸਰਾਂ, ਲਛਮਣ ਦਾਸ ਮਹਿਰਾ ਸੇਵਾ ਮੁਕਤ ਚੀਫ ਮੈਨੇਜਰ, ਗੁਰਦੀਪ ਸਿੰਘ ਬੈਂਕ ਮੈਨੇਜਰ, ਇਕਬਾਲ ਸਿੰਘ ਮੰਘੇੜਾ, ਪਰਮਿੰਦਰ ਸਿੰਘ, ਜਗਜੀਤ ਸਿੰਘ, ਰਣਜੀਤ ਸਿੰਘ ਪੱਪੂ, ਜਗਤਾਰ ਸਿੰਘ ਢਿੱਲੋਂ ਤੇ ਸਕੂਲ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਵਸ 'ਤੇ ਵੱਖ-ਵੱਖ ਸਕੂਲਾਂ 'ਚ ਬਾਲ ਦਿਵਸ ਮਨਾਇਆ










**ਬਾਘਾ ਪੁਰਾਣਾ (ਮਨੀ ਸਿੰਗਲਾ)** ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਵਸ ਦੇ ਬਾਲ ਦਿਵਸ ਮਨਾਇਆ ਗਿਆ। ਸਾਰੇ ਸਕੂਲ ਨੂੰ ਬੜੇ ਸੋਹਣੇ ਤਰੀਕੇ ਨਾਲ ਸਜਾਇਆ ਗਿਆ। ਇਸ ਬਾਲ ਦਿਵਸ 'ਤੇ ਸਕੂਲ ਵੱਲੋਂ ਨਰਸਰੀ ਕਲਾਸ ਤੋਂ ਤੀਜੀ ਕਲਾਸ ਦੇ ਬੱਚਿਆਂ ਲਈ ਓਪਨ ਡਾਂਸ ਆਯੋਜਿਤ ਕੀਤਾ ਗਿਆ। ਇਸ ਡਾਂਸ ਵਿਚ ਇਨ੍ਹਾਂ ਨੰਨ੍ਹੇ ਮੁੰਨੇ ਬੱਚਿਆਂ ਨੇ ਖੂਬ ਰੰਗ ਬੰਨ੍ਹਿਆ ਤੇ ਖੂਬ ਮਨੋਰੰਜਨ ਕੀਤਾ। ਇਸ ਤੋਂ ਇਲਾਵਾ ਅੱਧੀ ਛੁੱਟੀ ਤੋਂ ਬਾਅਦ ਕਲਾਸ ਚੌਥੀ ਤੋਂ ਬਾਰ੍ਹਵੀਂ ਤੱਕ ਦੇ ਬੱਚਿਆਂ ਨੇ ਆਪਣੀ ਆਪਣੀ ਕਲਾਸਾਂ ਵਿੱਚ ਰਹਿੰਦੇ ਹੋਏ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ ਅਤੇ ਬਹੁਤ ਆਨੰਦ ਮਾਣਿਆ।

ਇਸ ਮੌਕੇ ਸਕੂਲ ਦੇ ਚੇਅਰਮੈਨ ਨਵਦੀਪ ਸਿੰਘ ਬਰਾੜ ਅਤੇ ਪ੍ਰਿੰਸੀਪਲ ਮੈਡਮ ਨਿਧੀ ਬਰਾੜ ਨੇ ਬੱਚਿਆਂ ਨੂੰ ਵਧਾਈ ਦਿੰਦੇ ਹੋਏ ਕਾਮਨਾ ਕੀਤੀ।

ਇਸੇ ਤਰ੍ਹਾਂ ਲਾਰੈਂਸ ਇੰਟਰਨੈਸ਼ਨਲ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਚਿਲਡਰਨ ਡੇਅ ਦੇ ਮੌਕੇ 'ਤੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਿਖੇ ਲਿਜਾਇਆ ਗਿਆ ਸਕੂਲ ਦੇ ਚੇਅਰਮੈਨ ਸ੍ਰੀ ਤਰਸੇਮ ਲਾਲ ਗਰਗ ਨੇ ਦੱਸਿਆ ਕਿ ਇਹੋ ਜਿਹੇ ਵਿਦਿਆਰਥੀ ਟੂਰ ਬੱਚਿਆਂ ਨੂੰ ਥਿਊਰੀ ਦੇ ਨਾਲ-ਨਾਲ ਪ੍ਰੈਕਟੀਕਲ ਸਿਖਾਉਂਦੇ ਹਨ।

ਸਕੂਲ ਮੈਨੇਜਰ ਮੈਡਮ ਜੀਨਸ ਗਰਗ ਨੇ ਬੱਚਿਆਂ ਨੂੰ ਕਿਹਾ ਅੱਜ ਦੇ ਸਮੇਂ ਵਿਚ ਸਾਇੰਸ ਤੋਂ ਬਿਨਾਂ ਮਨੁੱਖ ਹੋਂਦ ਅਸੰਭਵ ਜਾਪਦੀ ਹੈ। ਇਸ ਲਈ ਸਾਇੰਸ ਦੀ ਜਾਣਕਾਰੀ ਰੱਖਣਾ ਬਹੁਤ ਜ਼ਰੂਰੀ ਹੈ। ਸਕੂਲ ਪ੍ਰਿੰਸੀਪਲ ਨੇ ਬੱਚਿਆਂ ਨੂੰ ਚਿਲਡਰਨ ਦੇ ਦੀ ਮਹੱਤਤਾ ਬਾਰੇ ਦੱਸਿਆ।

ਸਾਇੰਸ ਸਿਟੀ ਬਾਰੇ ਕਿਹਾ ਕਿ ਇਸ ਦੀ ਸਭ ਤੋਂ ਵੱਡੀ ਖਾਸੀਅਤ ਇਹ ਹੈ ਕਿ ਇਹ ਵਿਗਿਆਨ ਅਤੇ ਪ੍ਰਕਿਰਤੀ ਦੀ ਜਾਣਕਾਰੀ ਦਿੰਦੀ ਹੈ। ਫਿਜ਼ਿਕਸ ਕੈਮਿਸਟਰੀ ਬਾਇਓਲੋਜੀ ਤੇ ਗਣਿਤ ਵਿਸ਼ਿਆਂ ਵਿਸ਼ਿਆਂ ਦੀ ਜਾਣਕਾਰੀ ਬੱਚਿਆਂ ਖੇਡ ਖੇਡ ਵਿੱਚ ਬੜੀ ਆਸਾਨੀ ਨਾਲ ਸਿੱਖਦੇ ਹਨ ਅਤੇ ਸਮਝਦੇ ਹਨ। ਉਨ੍ਹਾਂ ਕਿਹਾ ਕਿ ਉਹ ਅੱਗੇ ਤੋਂ ਵੀ ਇਹੋ ਜਿਹੇ ਵਿੱਦਿਅਕ ਟੂਰ ਲੈ ਕੇ ਜਾਣਗੇ।

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਪੰਡਤ ਜਵਾਹਰ ਲਾਲ ਨਹਿਰੂ ਜੀ ਦੇ ਜਨਮ-ਦਿਨ ਨੂੰ ਸਮਰਪਤ ਬਾਲ-ਦਿਵਸ ਮੌਕੇ ਸਥਾਨਕ ਬਾਬਾ ਫਰੀਦ ਪਬਲਿਕ ਸਕੂਲ ਵਿਖੇ ਭਰਪੂਰ ਰੌਣਕਾਂ ਲੱਗੀਆਂ। ਇਸ ਮੌਕੇ ਸਕੂਲ ਵਿਖੇ ਚਾਰ-ਰੋਜ਼ਾ ਬਾਲ ਮੇਲੇ ਦਾ ਵੀ ਆਗਾਜ਼ ਕੀਤਾ ਗਿਆ। ਬਾਬਾ ਫਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਦੇ ਚੇਅਰਮੈਨ ਇੰਦਰਜੀਤ ਸਿੰਘ ਖਾਲਸਾ ਨੇ ਇਸ ਚਾਰ-ਰੋਜ਼ਾ ਬਾਲ ਮੇਲੇ ਦਾ ਸ਼ੁਭ ਆਰੰਭ ਆਪਣੇ ਕਰ ਕਮਲਾਂ ਨਾਲ ਰਿਬਨ ਕੱਟ ਕੇ ਕੀਤਾ।

ਉਨ੍ਹਾਂ ਨਾਲ ਸੰਸਥਾ ਦੇ ਪ੍ਰਿੰਸੀਪਲ ਸ੍ਰੀਮਤੀ ਕੁਲਦੀਪ ਕੌਰ ਤੇ ਕੋਆਰਡੀਨੇਟਰਜ ਵੀ ਹਾਜ਼ਰ ਸਨ। ਪ੍ਰਿੰਸੀਪਲ ਸ੍ਰੀਮਤੀ ਕੁਲਦੀਪ ਕੌਰ ਨੇ ਇਸ ਮੌਕੇ ਵਿਦਿਆਰਥੀਆਂ ਨੂੰ ਬਾਲ-ਦਿਵਸ ਦੀਆਂ ਮੁਬਾਰਕਾਂ ਦਿੰਦੇ ਹੋਏ ਕਿਹਾ ਕਿ ਪੰਡਤ ਜਵਾਹਰ ਲਾਲ ਨਹਿਰੂ ਬੱਚਿਆਂ ਦੇ ਹਰਮਨ ਪਿਆਰੇ ਨੇਤਾ ਸਨ।

ਰੰਗਾਰੰਗ ਪ੍ਰੋਗਰਾਮ ਦੌਰਾਨ ਬੱਚਿਆਂ ਨੇ ਬਾਲ-ਦਿਵਸ ਨੂੰ ਸਮਰਪਤ ਕਵਿਤਾਵਾਂ, ਗੀਤ, ਸਕਿੱਟ, ਨਾਟਕ, ਕੋਰੀਓਗ੍ਰਾਫ਼ੀਆਂ ਆਦਿ ਪੇਸ਼ ਕਰਕੇ ਹਾਜ਼ਰੀਨ ਦਾ ਭਰਪੂਰ ਮਨਪ੍ਰਚਾਵਾ ਕੀਤਾ ਅਤੇ ਇਸ ਦਿਨ ਦਾ ਆਨੰਦ ਮਾਣਿਆ। ਉਨ੍ਹਾਂ ਨੇ ਅੱਜ ਦੇ ਯੁੱਗ ਵਿੱਚ ਖਤਮ ਹੁੰਦੀਆਂ ਜਾ ਰਹੀਆਂ ਕਦਰਾਂ-ਕੀਮਤਾਂ ਨੂੰ ਦੇਖਦੇ ਹੋਏ ਵਿਦਿਆਰਥੀਆਂ ਨੂੰ ਕਿਹਾ ਕਿ ਸਵੇਰੇ ਸਭ ਤੋਂ ਪਹਿਲਾ ਉੱਠ ਕੇ ਉਨ੍ਹਾਂ ਨੂੰ ਆਪਣੇ ਦਿਨ ਦੀ ਸ਼ੁਰੂਆਤ ਵੱਡਿਆਂ ਨੂੰ ਮੱਥਾ ਟੇਕ ਕੇ ਕਰਨੀ ਚਾਹੀਦੀ ਹੈ ਤੇ ਜਿਸ ਵੀ ਪ੍ਰਮਾਤਮਾ ਨੂੰ ਉਹ ਮੰਨਦੇ ਹਨ, ਉਨ੍ਹਾਂ ਤੋਂ ਵੀ ਜ਼ਰੂਰ ਅਸ਼ੀਰਵਾਦ ਲੈਣਾ ਚਾਹੀਦਾ ਹੈ।




**ਮਹਿਲ ਕਲਾਂ, (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)** ਸੁਪਰੀਮ ਇੰਟਰਨੈਸ਼ਨਲ ਸਕੂਲ ਵਿਖੇ ਬਾਲ ਦਿਵਸ ਮੁੱਖ ਅਧਿਆਪਕਾ ਸ਼ਿਆਮਾ ਨਾਇਰ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਮੌਕੇ ਪ੍ਰੋਗਰਾਮ ਦੀ ਸ਼ੁਰੂਆਤ ਗੁਰਬਾਣੀ ਸ਼ਬਦ ਗਾਇਨ ਨਾਲ ਕੀਤੀ ਗਈ। ਅਧਿਆਪਕਾਂ ਵੱਲੋਂ ਇਸ ਖਾਸ ਮੌਕੇ ਤੇ ਗਿੱਧਾ, ਡਾਂਸ ਅਤੇ ਗੀਤ ਗਾਏ ਗਏ। ਇਸ ਤੋਂ ਬਾਅਦ ਬੱਚਿਆਂ ਦੀਆਂ ਵੱਖ-ਵੱਖ ਖੇਡਾਂ ਕਰਾਈਆਂ ਗਈਆਂ।

ਸੰਸਥਾ ਦੀ ਮੁੱਖ ਅਧਿਆਪਕਾ ਸ਼ਿਆਮਾ ਨਾਇਰ ਵੱਲੋਂ ਬੱਚਿਆਂ ਨੂੰ ਬਾਲ ਦਿਵਸ ਦੇ ਇਤਿਹਾਸ ਵਾਰੇ ਜਾਣੂ ਕਰਾਇਆ ਅਤੇ ਪੜ੍ਹਾਈ ਦੀ ਮਹੱਤਤਾ ਵਾਰੇ ਜਾਣਕਾਰੀ ਦਿੰਦਿਆਂ ਬੱਚਿਆਂ ਨੂੰ ਆਪਣੇ ਜੀਵਨ ਵਿਚ ਸਕਰਾਤਮਕ ਰਹਿੰਦੇ ਹੋਏ ਆਪਣੇ ਉਦੇਸ਼ ਨੂੰ ਪੂਰਾ ਕਰਨ ਲਈ ਉਤਸ਼ਾਹਤ ਕੀਤਾ। ਸੰਸਥਾ ਦੇ ਡਾਇਰੈਕਟਰ ਚਰਨ ਸਿੰਘ ਦੀ ਅਗਵਾਈ ਹੇਠ ਸਟਾਫ਼ ਵਲੋਂ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਅਖੀਰ ਸੁਪਰੀਮ ਇੰਟਰਨੈਸ਼ਨਲ ਦੇ ਡਾਇਰੈਕਟਰ ਚਰਨ ਸਿੰਘ, ਚੇਅਰਮੈਨ ਯੋਗਿੰਦਰ ਪ੍ਰਸ਼ਾਦ ਸ਼ਰਮਾ ਵੱਲੋਂ ਬੱਚਿਆਂ ਨੂੰ ਬਾਲ ਦਿਵਸ ਦੀਆਂ ਵਧਾਈਆਂ ਦਿੰਦਿਆਂ ਹੋਰ ਵਧੇਰੇ ਲਗਨ ਮਿਹਨਤ ਨਾਲ ਬੁਲੰਦੀਆਂ ਨੂੰ ਛੂਹਣ ਦੀ ਅਪੀਲ ਕੀਤੀ।




**ਸਮਾਣਾ (ਗੁਰਪਿਆਰ ਸਿੰਘ ਬੱਲ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਟੋਡਰਪੁਰ ਵਿਖੇ ਬਾਲ ਦਿਵਸ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਮਾਂ ਬੋਲੀ ਨੂੰ ਸਮਰਪਤ ਸੁੰਦਰ ਲਿਖਾਈ, ਲੇਖ, ਕਵਿਤਾ, ਗੀਤ ਅਤੇ ਭਾਸ਼ਣ ਮੁਕਾਬਲੇ ਵੀ ਕਰਾਏ ਗਏ।

ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ। ਇਸ ਮੌਕੇ ਐਸ ਡੀ ਐਮ ਚਰਨਜੀਤ ਸਿੰਘ, ਮਹਾਵੀਰ ਦਲ ਦੇ ਸਰਪ੍ਰਸਤ ਸ੍ਰੀ ਰਮੇਸ਼ ਕੁਮਾਰ, ਸਮਾਜ ਸੇਵੀ ਠੇਕੇਦਾਰ ਪ੍ਰਮੋਦ ਸਿੰਗਲਾ, ਬੀ ਪੀ ਓ ਗੁਰਪ੍ਰੀਤ ਗੋਲਡੀ ਵਰਮਾ, ਰਜਤ ਗੋਇਲ, ਸਰਪੰਚ ਨਛੱਤਰ ਸਿੰਘ, ਐੱਸ ਐੱਮ ਸੀ ਕਮੇਟੀ ਦੇ ਚੇਅਰਮੈਨ ਸ੍ਰੀ ਸੁਰੇਸ਼ ਕੁਮਾਰ ਤੇ ਸਕੂਲ ਇੰਚਾਰਜ ਮਿਸ ਸੀਮਾ ਮਾਨ ਆਦਿ ਵੱਲੋਂ ਸਾਂਝੇ ਤੌਰ 'ਤੇ ਸਕੂਲ ਦੇ ਮੈਗਜ਼ੀਨ 'ਸੁਨਹਿਰੀ ਸੁਪਨੇ' ਦੀ ਘੁੰਢ ਚੁਕਾਈ ਕੀਤੀ ਗਈ।

ਸ੍ਰੀ ਰਮੇਸ਼ ਕੁਮਾਰ ਜੀ ਦੀ ਅਗਵਾਈ ਵਿੱਚ ਉਨ੍ਹਾਂ ਨਾਲ ਆਏ ਮੈਂਬਰਾਂ ਦੁਆਰਾ ਵਿਦਿਆਰਥੀਆਂ ਨੂੰ ਕੋਟੀਆਂ, ਬੂਟ-ਜੁਰਾਬਾਂ ਸਟੇਸ਼ਨਰੀ ਵੀ ਦਿੱਤੀ ਗਈ। ਸਕੂਲ ਇੰਚਾਰਜ ਮਿਸ ਸੀਮਾ ਮਾਨ ਤੇ ਸਮੂਹ ਸਟਾਫ ਨੇ ਬੱਚਿਆਂ ਨੂੰ ਬਾਲ ਦਿਵਸ ਦੀਆਂ ਤੇ ਮੈਗਜ਼ੀਨ ਸੁਨਹਿਰੀ ਸੁਪਨੇ ਰਿਲੀਜ਼ ਹੋਣ ਦੀਆਂ ਵਧਾਈਆਂ ਦਿੱਤੀਆਂ ਅਤੇ ਆਏ ਹੋਏ ਪਤਵੰਤੇ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

**ਮਾਨਸਾ (ਆਤਮਾ ਸਿੰਘ ਪਮਾਰ)** ਸਰਕਾਰੀ ਪ੍ਰਾਇਮਰੀ ਸਕੂਲ ਮਾਖਾ ਵਿਖੇ ਸਮੂਹ ਸਟਾਫ਼ ਤੇ ਸਕੂਲ ਮੈਨੇਜਮੈਂਟ ਕਮੇਟੀ ਮੈਂਬਰਾਂ ਤੇ ਵਿਦਿਆਰਥੀਆਂ ਦੇ ਮਾਪਿਆਂ ਦੀ ਮੌਜੂਦਗੀ ਵਿੱਚ ਬਾਲ ਮੈਗਜ਼ੀਨ ਚਮਕਦੇ ਸਿਤਾਰੇ ਬਾਲ ਦਿਵਸ ਮੌਕੇ ਸਿੱਖਿਆ ਮਤਰੀ ਹਰਜੋਤ ਸਿੰਘ ਬੈਂਸ ਦੇ ਹੁਕਮਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰ (ਐ ਸਿ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਾਰੀ ਕੀਤਾ ਗਿਆ। ਸਮਾਗਮ ਦੌਰਾਨ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਤੇ ਮਾਪਿਆਂ ਨੇ ਵਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਬੱਚਿਆਂ ਵੱਲੋਂ ਵੱਖ-ਵੱਖ ਸੱਭਿਆਚਾਰਕ ਗਤੀਵਿਧੀਆਂ ਪੇਸ਼ ਕੀਤੀਆਂ ਗਈਆਂ। ਇਸ ਮੌਕੇ ਮੁੱਖ ਅਧਿਆਪਕ ਬਲਤੇਜ ਸਿੰਘ ਨੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਸਕੂਲ ਵਿੱਚ ਨਵੇਂ ਦਾਖਲਿਆਂ ਸਬੰਧੀ ਮਾਪਿਆਂ ਨੂੰ ਅਪੀਲ ਕਰਦਿਆਂ ਸਰਕਾਰੀ ਸਕੂਲਾਂ ਵਿੱਚ ਮਿਲਣ ਵਾਲੀਆਂ ਵੱਖ-ਵੱਖ ਸਹੂਲਤਾਂ ਬਾਰੇ ਮਾਪਿਆਂ ਨੂੰ ਜਾਣੂ ਕਰਾਇਆ।




ਇਸ ਮੌਕੇ ਬਲਜੀਤ ਸਿੰਘ, ਈਟੀਟੀ ਅਧਿਆਪਕ ਸ੍ਰੀਮਤੀ ਜਤਿੰਦਰ ਕੌਰ, ਈਟੀਟੀ ਅਧਿਆਪਕਾ ਗਗਨਦੀਪ ਸਿੰਘ, ਈਟੀਟੀ ਅਧਿਆਪਕ ਪ੍ਰਭਜੋਤ ਕੌਰ, ਈਜੀਐਸ ਵਲੰਟੀਅਰ, ਜਗਸੀਰ ਸਿੰਘ ਐੱਸ ਐੱਮ ਸੀ ਚੇਅਰਮੈਨ ਤੇ ਸਮੂਹ ਐਸਐਮਸੀ ਕਮੇਟੀ ਮੈਂਬਰ ਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ। ਸਟੇਜ ਸਕੱਤਰ ਦੀ ਭੂਮਿਕਾ ਅਮਰੀਕ ਸਿੰਘ ਈਟੀਟੀ ਅਧਿਆਪਕ ਵੱਲੋਂ ਬਾਖੂਬੀ ਨਿਭਾਈ ਗਈ।

**ਬੁਢਲਾਡਾ (ਅਸ਼ੋਕ ਲਾਕੜਾ)**-ਬਾਲ ਦਿਵਸ ਮੌਕੇ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਬਾਲ ਭਲਾਈ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ। ਇਨ੍ਹਾਂ ਸ਼ਖਸ਼ੀਅਤਾਂ 'ਚ ਸਰਕਾਰੀ ਹਸਪਤਾਲ ਦੇ ਬੱਚਿਆਂ ਦੇ ਡਾਕਟਰ ਅਮਨਦੀਪ ਗੋਇਲ ਤੇ ਜ਼ਿਲ੍ਹਾ ਮਾਨਸਾ ਦੇ ਬਾਲ ਭਲਾਈ ਕਮੇਟੀ ਦੇ ਅਹੁਦੇਦਾਰ ਮੈਡਮ ਵੀਰ ਦਵਿੰਦਰ ਕੌਰ, ਨੀਲਮ ਕੱਕੜ, ਕਮਲਦੀਪ ਸਿੰਘ, ਰਜਿੰਦਰ ਵਰਮਾ ਤੇ ਡਾ. ਬਲਦੇਵ ਕੱਕੜ ਨੂੰ ਸਨਮਾਨਤ ਕੀਤਾ ਗਿਆ।

ਮਾਸਟਰ ਕੁਲਵੰਤ ਸਿੰਘ ਨੇ ਦੱਸਿਆ ਕਿ ਡਾਕਟਰ ਅਮਨਦੀਪ ਗੋਇਲ ਸਰਕਾਰੀ ਡਿਊਟੀ ਦੌਰਾਨ ਤੇ ਉਸ ਤੋਂ ਬਾਅਦ ਵੀ ਸੰਸਥਾ ਵੱਲੋਂ ਭੇਜੇ ਅਤੇ ਹੋਰ ਲੋੜਵੰਦ ਬੱਚਿਆਂ ਦਾ ਮੁਫ਼ਤ ਇਲਾਜ ਅਤੇ ਦਵਾਈ ਮਦਦ ਕਰਦੇ ਹਨ। ਇਸੇ ਤਰ੍ਹਾਂ ਸਮੂਹ ਬਾਲ ਭਲਾਈ ਕਮੇਟੀ ਮੈਂਬਰ ਬੱਚਿਆਂ ਦੀ ਭਲਾਈ ਲਈ ਤਤਪਰ ਰਹਿੰਦੇ ਹੋਏ ਗੁੰਮ ਬੱਚਿਆਂ ਦੀ ਤਲਾਸ਼ ਕਰਨੀ ਅਤੇ ਲੱਭੇ ਬੱਚਿਆਂ ਦੇ ਵਾਰਸਾਂ ਦੀ ਤਲਾਸ਼ ਕਰਕੇ ਮਾਪਿਆਂ ਨਾਲ ਮਿਲਾਉਣਾ ਅਤੇ ਮਾਪਿਆਂ ਵਲੋਂ ਬੱਚਿਆਂ ਤੋਂ ਬਾਲ ਮਜ਼ਦੂਰੀ ਕਰਾਉਣ ਤੋਂ ਰੋਕਣ ਲਈ ਯਤਨਸ਼ੀਲ ਰਹਿੰਦੇ ਹਨ। ਇਨ੍ਹਾਂ ਸਾਰਿਆਂ ਦੀਆਂ ਵਡਮੁੱਲੀਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਸੰਸਥਾ ਵਲੋਂ ਇਨ੍ਹਾਂ ਨੂੰ ਸਨਮਾਨਤ ਕੀਤਾ ਗਿਆ।

ਇਸ ਮੌਕੇ ਉਪਰੋਕਤ ਤੋਂ ਇਲਾਵਾ ਕੁਲਦੀਪ ਸਿੰਘ ਅਨੇਜਾ, ਕੁਲਵਿੰਦਰ ਸਿੰਘ ਈ ਓ, ਚਰਨਜੀਤ ਸਿੰਘ ਝਲਬੂਟੀ, ਆੜਤੀ ਜਸਵਿੰਦਰ ਸਿੰਘ ਵਿਰਕ, ਬਲਬੀਰ ਸਿੰਘ ਕੈਂਥ, ਮਿਸਤਰੀ ਮਿੱਠੂ ਸਿੰਘ, ਡਾਕਟਰ ਪ੍ਰੇਮ ਸਾਗਰ, ਡਾਕਟਰ ਗੁਰਸੇਵਕ ਸਿੰਘ, ਨੱਥਾ ਸਿੰਘ ਤੇ ਜਸ਼ਨ ਸਿੰਘ ਸਰਾਂ ਆਦਿ ਹਾਜ਼ਰ ਸਨ।

## ਆਸ਼ੂ ਬੰਗੜ ਨੇ ਅਜਮੇਰ ਸ਼ਰੀਫ਼ ਪਹੁੰਚ ਕੀਤੀ ਅਰਦਾਸ



**ਮਮਦੋਟ, (ਜਸਬੀਰ ਸਿੰਘ ਕੰਬੋਜ)** ਹਲਕਾ ਫਿਰੋਜਪੁਰ ਦਿਹਾਤੀ ਤੋਂ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਅਮਰਦੀਪ ਸਿੰਘ (ਆਸ਼ੂ) ਬੰਗੜ ਨੇ ਆਪਣੇ ਸਾਥੀਆਂ ਸਮੇਤ ਅਜਮੇਰ ਸਰੀਫ (ਰਾਜਸਥਾਨ) ਪਹੁੰਚ ਕੇ ਪੰਜਾਬ ਦੀ ਸੁੱਖ ਸ਼ਾਂਤੀ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਹਾਲਾਤ ਦਿਨੋ ਦਿਨ ਖਰਾਬ ਹੁੰਦੇ ਜਾ ਰਹੇ ਨੇ, ਜੋ ਚਿੰਤਾ ਦਾ ਵਿਸ਼ਾ ਹੈ ਤੇ ਇਸ ਸੰਕਟ ਵਿੱਚੋਂ ਰੱਬ ਦੀ ਮੇਹਰ ਨਾਲ ਹੀ ਨਿਕਲਿਆ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਉਸ ਮਹਾਨ ਅਸਥਾਨ ਦੇ ਸੇਵਾਦਾਰ ਪੀਰ ਸਾਬ ਸਾਇਅਦ ਚਿਸ਼ਤੀ ਹਸਨ ਜੀ ਤੇ ਸ਼ਹੀਦ ਚਿਸ਼ਤੀ ਹਸਨ ਪਾਸੋਂ ਅਰਦਾਸ ਬੇਨਤੀ ਕਰਾ ਕੇ ਉਨ੍ਹਾਂ ਦੇ ਮਨ ਨੂੰ ਸ਼ਾਂਤੀ ਮਿਲੀ ਹੈ ਤੇ ਅਸੀਂ ਉਮੀਦ ਕਰਦੇ ਹਾਂ ਕਿ ਪੰਜਾਬ ਵਿੱਚ ਆਪਸੀ ਭਾਈਚਾਰਾ ਰਹਿੰਦੀ ਦੁਨੀਆ ਕਿ ਕਾਇਮ ਰਹੇਗਾ ਤੇ ਭਾਈਚਾਰੇ ਨੂੰ ਠੇਸ ਪੁਚਾਉਣ ਵਾਲਿਆਂ ਨੂੰ ਮੂੰਹ ਦੀ ਖਾਣੀ ਪਵੇਗੀ। ਇਸ ਸਮੇਂ ਉਨ੍ਹਾਂ ਨਾਲ ਡਾ. ਵਿਸਾਲ ਜਰਿਆਲ (ਦਿਲ ਦੇ ਰੋਗਾਂ ਦੇ ਮਾਹਿਰ), ਜਗਜੀਤ ਸਿੰਘ ਮੰਡਿਆਣੀ ਤੇ ਜਸਵਿੰਦਰ ਸਿੰਘ ਕੋਕਰੀ ਵੀ ਹਾਜ਼ਰ ਸਨ।

## ਦੋ ਹਫ਼ਤਿਆਂ ਦਾ ਡੇਅਰੀ ਸਿਖਲਾਈ ਕੋਰਸ 21 ਤੋਂ

**ਬਰਨਾਲਾ, (ਰਜਿੰਦਰ ਬਰਾੜ/ਰਿਸ਼ੀ ਗੋਇਲ)**- ਡਿਪਟੀ ਡਾਇਰੈਕਟਰ ਡੇਅਰੀ ਜਸਵਿੰਦਰ ਸਿੰਘ ਨੇ ਦੱਸਿਆ ਕਿ 2 ਹਫ਼ਤਿਆਂ ਦਾ ਡੇਅਰੀ ਸਿਖਲਾਈ ਕੋਰਸ ਡੇਅਰੀ ਸਿਖਲਾਈ ਤੇ ਵਿਸਥਾਰ ਸੇਵਾ ਕੇਂਦਰ ਵਿਖੇ 21 ਨਵੰਬਰ ਤੋਂ ਸ਼ੁਰੂ ਹੋਣ ਜਾ ਰਿਹਾ ਹੈ। ਚਾਹਵਾਨ ਉਮੀਦਵਾਰ, ਜਿਨ੍ਹਾਂ ਦੀ ਉਮਰ 18 ਸਾਲ ਤੋਂ ਵੱਧ ਅਤੇ 50 ਸਾਲ ਤੋਂ ਘੱਟ ਹੋਵੇ, ਯੋਗਤਾ ਘੱਟੋ-ਘੱਟ 5ਵੀਂ ਪਾਸ, ਪੇਂਡੂ ਪਿਛੋਕੜ ਨਾਲ ਸਬੰਧਤ ਹੋਵੇ, ਇਸ ਕੋਰਸ ਲਈ ਅਪਲਾਈ ਕਰ ਸਕਦੇ ਹਨ।

ਅਪਲਾਈ ਕਰਨ ਲਈ ਉਮੀਦਵਾਰ ਆਪਣੇ ਅਸਲ ਦਸਤਾਵੇਜ਼ ਜਿਵੇਂ ਯੋਗਤਾ ਸਰਟੀਫਿਕੇਟ, ਅਧਾਰ ਕਾਰਡ, ਪਾਸਪੋਰਟ ਸਾਈਜ਼ ਫੋਟੋ ,ਅਨੁਸੂਚਿਤ ਜਾਤੀ ਸਰੀਫਿਕੇਟ ਆਪਣੇ ਨਾਲ ਲੈ ਕੇ ਆਉਣ। ਚਾਹਵਾਨ ਉਮੀਦਵਾਰ 18 ਨਵੰਬਰ ਤੱਕ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ, ਬੀ.ਡੀ.ਪੀ .ਓ ਦਫ਼ਤਰ ਨੇੜੇ ਕਚਹਿਰੀ ਚੌਂਕ ਵਿਖੇ ਅਪਲਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਕੋਰਸ ਲਈ ਜਨਰਲ ਸ਼੍ਰੇਣੀ ਲਈ ਫ਼ੀਸ 1000 ਰੁਪਏ ਤੇ ਅਨੁਸੂਚਿਤ ਜਾਤੀਆਂ ਸ਼੍ਰੇਣੀਆਂ ਲਈ ਫ਼ੀਸ 750 ਰੁਪਏ ਰੱਖੀ ਗਈ ਹੈ।

## ਬਾਲ ਦਿਵਸ ਮਨਾਇਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਮਾਲਵੇ ਦੀ ਉੱਚ ਸਿੱਖਿਆ ਸੰਸਥਾ ਫਤਿਹ ਗਰੁੱਪ ਆਫ ਇੰਸਟੀਚਿਊਸ਼ਨਜ਼ ਦੇ ਕੌਮੀ ਸੇਵਾ ਯੋਜਨਾ ਵਿਭਾਗ ਵੱਲੋਂ ਪਿਛਲੇ ਦਿਨੀਂ ਬਾਲ ਦਿਵਸ ਮਨਾਇਆ ਗਿਆ। ਇਸ ਮੌਕੇ ਵਲੰਟੀਅਰਾਂ ਨੇ ਕੇਕ ਕੱਟਿਆ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜੇ ਸੰਸਥਾ ਦੇ ਸਹਾਇਕ ਡਾਇਰੈਕਟਰ ਹਰਪ੍ਰੀਤ ਸ਼ਰਮਾ ਤੇ ਰਜਿੰਦਰ ਤ੍ਰਿਪਾਠੀ ਨੇ ਵਲੰਟੀਅਰਾਂ ਨੂੰ ਇਸ ਦਿਨ ਦੀ ਮਹੱਤਤਾ ਅਤੇ ਜ਼ਿੰਦਗੀ ਵਿੱਚ ਅਨੁਸ਼ਾਸਨ ਸੰਬੰਧੀ ਕੁੰਜੀਵਤ ਗੱਲਾਂ ਸਾਂਝੀਆਂ ਕੀਤੀਆ। ਕੰਪਿਊਟਰ ਵਿਭਾਗ ਮੁਖੀ ਪ੍ਰੋ. ਚਰਨਜੀਤ ਕੌਰ ਨੇ ਵੀ ਆਪਣੇ ਨਿੱਜੀ ਤਜਰਬੇ ਸਾਂਝੇ ਕਰਦਿਆਂ ਭਵਿੱਖੀ ਯੋਜਨਾਵਾਂ ਨੂੰ ਸਫ਼ਲਤਾਪੂਰਵਕ ਅਮਲੀਜਾਮਾ ਪਹਿਨਾਉਣ ਸੰਬੰਧੀ ਲਾਭਕਾਰੀ ਗੱਲਾਂ ਦੱਸੀਆਂ।

ਕਾਲਜ ਦੇ ਚੇਅਰਮੈਨ ਐਸ.ਐਸ ਚੱਠਾ ਪ੍ਰਿੰਸੀਪਲ ਡਾ ਅਮਰਜੀਤ ਸਿੰਘ ਸਿੱਧੂ ਐਮ.ਡੀ ਮਨਜੀਤ ਕੌਰ ਚੱਠਾ ਨੇ ਬਾਲ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ। ਫੈਸ਼ਨ ਟੈਕਨਾਲੋਜੀ ਵਿਭਾਗ ਦੇ ਪ੍ਰੋ ਹਰਪ੍ਰੀਤ ਕੌਰ, ਪ੍ਰੋ ਖੁਸ਼ਪ੍ਰੀਤ ਕੌਰ ਕੰਪਿਊਟਰ ਵਿਭਾਗ ਦੇ ਪ੍ਰੋ ਸੋਨੀਆ, ਪ੍ਰੋ ਸਾਧਨਾ ਅਤੇ ਐਜੂਕੇਸ਼ਨ ਕਾਲਜ ਦੇ ਸੰਦੀਪ ਕੌਰ ਨੇ ਵੀ ਵਿਦਿਆਰਥੀਆਂ ਨੂੰ ਇਸ ਦਿਨ ਦੀਆਂ ਮੁਬਾਰਕਾਂ ਦਿੱਤੀਆਂ।



17-NOV-PAGE-7.qxd 11/16/2022 10:49 PM Page 1



# ਦੋਦਾ ਦੇ ਕਿਸਾਨਾਂ ਨੂੰ ਦਾਣਾ ਮੰਡੀ ਸੋਥਾ 'ਚ ਝੋਨਾ ਨਾ ਵੇਚਣ ਦੇਣ ਖਿਲਾਫ ਰੋਸ



**ਦੋਦਾ (ਵਕੀਲ ਬਰਾੜ)**- ਸਥਾਨ ਪਿੰਡ ਦੀਆਂ ਢਾਣੀਆਂ ਸੁਰਗਾਪੁਰੀ ਅਤੇ ਕੋਠੇ ਰਣ ਸਿੰਘ ਆਦਿ ਦੇ ਕਿਸਾਨ ਐਡਵੋਕੇਟ ਗੁਰਚਰਨ ਬਰਾੜ, ਬੋਹੜ ਸਿੰਘ ਪੰਚ, ਸੰਧੂਰਾ ਸਿੰਘ ਸਾਬਕਾ ਪੰਚ, ਗੁਰਮੀਤ ਸਿੰਘ, ਸੇਵਕ ਸਿੰਘ, ਨਿਰਮਲ ਸਿੰਘ, ਬੰਤ ਸਿੰਘ, ਕੇਵਲ ਸਿੰਘ, ਅੰਗਰੇਜ ਸਿੰਘ , ਰਾਜਾ ਸਿੰਘ, ਸੁਖਮੰਦਰ ਸਿੰਘ, ਕੁੰਦਨ ਸਿੰਘ, ਮੈਂਗਲ ਸਿੰਘ ਆਦਿ ਨੇ ਡੇਰਾ ਬਾਬਾ ਧਿਆਨ ਦਾਸ ਵਿਖੇ ਇਕੱਠ ਕਰਕੇ ਦੱਸਿਆ ਕਿ ਸਾਨੂੰ ਦੋਦਾ ਦੀ ਅਨਾਜ ਮੰਡੀ ਲਗਭਗ 10 ਕਿਲੋਮੀਟਰ ਦੂਰੀ 'ਤੇ ਪੈਂਦੀ ਹੈ, ਜਦ ਕਿ ਸਾਡੇ ਖੇਤਾਂ ਤੋਂ ਸੋਥਾ ਦੀ ਦਾਣਾ ਮੰਡੀ ਕਰੀਬ ਇੱਕ ਕਿਲੋਮੀਟਰ ਹੈ, ਜਿਥੇ ਅਸੀਂ ਆਪਣੀ ਫਸਲ ਵੇਚਦੇ ਹਾਂ, ਪਰ ਕੁਝ ਸ਼ਰਾਰਤੀ ਵਿਅਕਤੀ ਸਾਨੂੰ ਸਾਡੀ ਫਸਲ ਝੋਨਾ ਮੰਡੀ ਵਿਚ ਵੇਚਣ ਤੋਂ ਰੋਕਦੇ ਹਨ, ਜਿਸ ਦੀ ਅਸੀ ਸੂਚਨਾ ਪੁਲਸ ਅਤੇ ਡਿਪਟੀ ਕਮਿਸ਼ਨਰ ਮੁਕਤਸਰ ਨੂੰ ਦਿੱਤੀ ਹੈ, ਜਿਸ ਉਪਰ ਕੋਈ ਅਮਲ ਨਹੀ ਹੋ ਰਿਹਾ ਅਤੇ ਸਾਨੂੰ ਸਾਡਾ ਝੋਨਾ ਖਰਾਬ ਹੋਣ ਦਾ ਖਸ਼ਤਾ ਬਣਿਆ ਹੋਇਆ ਹੈ।

ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਕੱਲ੍ਹ ਤੱਕ ਸਾਡਾ ਝੋਨਾ ਢੇਰੀ ਕਰਨ ਸੰਬੰਧੀ ਕੋਈ ਫੈਸਲਾ ਨਾ ਹੋਇਆ ਤਾਂ ਉਹ ਮਜਬੂਰੀ ਵੱਸ ਮੁਕਤਸਰ - ਹਾਈਵੇ ਜਾਮ ਕਰਨਗੇ , ਜਿਸ ਦੀ ਸਮੁੱਚੀ ਜ਼ਿੰਮੇਦਾਰੀ ਮੰਡੀ ਵਿੱਚ ਝੋਨਾ ਵੇਚਣ ਤੋਂ ਰੋਕਣ ਵਾਲਿਆਂ ਅਤੇ ਪ੍ਰਸ਼ਾਸਨ ਦੀ ਹੋਵੇਗੀ। ਜਦ ਉਕਤ ਮਾਮਲੇ ਸੰਬੰਧੀ ਵਨੀਤ ਕੁਮਾਰ ਡੀ ਸੀ ਮੁਕਤਸਰ ਨਾਲ ਰਾਬਤਾ ਕੀਤਾ ਤਾਂ ਉਨ੍ਹਾ ਕਿਹਾ ਕਿ ਇਸ ਸੰਬੰਧੀ ਪੁਲਸ ਅਤੇ ਮੈਜਿਸਟ੍ਰੇਟ ਦੀ ਜ਼ਿੰਮੇਵਾਰੀ ਲਾ ਦਿੱਤੀ ਹੈ, ਜੇਕਰ ਕੋਈ ਵੀ ਕਿਸਾਨਾਂ ਨੂੰ ਮੰਡੀ ਵਿਚ ਝੋਨਾ ਢੇਰੀ ਕਰਨ ਅਤੇ ਵੇਚਣ ਤੋਂ ਰੋਕੇਗਾ ਤਾਂ ਉਨਾਂ ਖਿਲਾਫ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

# ਸਰਕਾਰੀ ਪ੍ਰਾਇਮਰੀ ਸਕੂਲ ਰਾਜਗੜ੍ਹ 'ਚ ਕੇਕ ਕੱਟ ਕੇ ਮਨਾਇਆ ਬਾਲ ਦਿਵਸ



**ਦੋਰਾਹਾ (ਹਰਮਿੰਦਰ ਸੇਠ)**-ਸਰਕਾਰੀ ਪ੍ਰਾਇਮਰੀ ਸਕੂਲ, ਰਾਜਗੜ੍ਹ ਵਿਖੇ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਮਾਨਯੋਗ ਬੀ. ਪੀ. ਈ. ਓ. ਦੋਰਾਹਾ ਆਸ਼ਾ ਰਾਣੀ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਸਕੂਲ ਮੁਖੀ ਦੇਵੀ ਦਿਆਲ ਪਹੇੜੀ ਦੀ ਯੋਗ ਅਗਵਾਈ ਅਧੀਨ ਕੇਕ ਕੱਟ ਕੇ ਬੜੀ ਹੀ ਧੂਮਧਾਮ ਨਾਲ ਮਨਾਇਆ ਗਿਆ। ਬੱਚਿਆਂ ਅੰਦਰਲੀ ਕਲਾਤਮਿਕ ਪ੍ਰਤਿਭਾ ਨੂੰ ਵਿਕਸਿਤ ਕਰਨ ਲਈ ਵਿਭਾਗ ਵੱਲੋਂ ਆਰੰਭੇ ਪ੍ਰੋਗਰਾਮ ਦੇ ਤਹਿਤ ਬਾਲ ਦਿਵਸ ਨੂੰ ਸਮਰਪਿਤ ਪ੍ਰੋਗਰਾਮ ਮੌਕੇ ਸਕੂਲ ਵੱਲੋਂ ਬਾਲ ਮੇਲਾ ਲਗਾਇਆ ਗਿਆ, ਜਿਸ ਤਹਿਤ ਬੱਚਿਆਂ ਦੇ ਨਵੇਂ ਦਾਖਲੇ ਦਾ ਆਗਾਜ਼, ਪੇਂਟਿੰਗ, ਸੁੰਦਰ ਲਿਖਾਈ, ਭਾਸ਼ਣ ਮੁਕਾਬਲੇ, ਗੀਤ/ਕਵਿਤਾ ਮੁਕਾਬਲੇ, ਫੈਂਸੀ ਡਰੈੱਸ ਮੁਕਾਬਲੇ ਕਰਵਾਏ ਗਏ, ਜਿਸ ਤਹਿਤ ਭਾਸ਼ਣ ਮੁਕਾਬਲੇ ਵਿੱਚ ਪਹਿਲਾ ਸਥਾਨ ਏਕਮਜੋਤ ਕੌਰ ਪੰਜਵੀਂ, ਦੂਜਾ ਸਥਾਨ ਏਕਜੋਤ ਸਿੰਘ ਜਮਾਤ ਪੰਜਵੀਂ, ਤੀਜਾ ਸਥਾਨ ਸੁਮਨਦੀਪ ਕੌਰ ਅਤੇ ਜਸਮੀਤ ਕੌਰ ਜਮਾਤ ਚੌਥੀ ਨੇ ਪ੍ਰਾਪਤ ਕੀਤਾ। ਪੇਂਟਿੰਗ ਮੁਕਾਬਲੇ ਵਿੱਚ ਤਨੂੰ ਪ੍ਰਿਆ ਪੰਜਵੀਂ ਨੇ ਪਹਿਲਾ ਸਥਾਨ, ਪਰਵੀਨ ਤਿਵਾੜੀ ਪੰਜਵੀਂ ਨੇ ਦੂਜਾ ਸਥਾਨ ਅਤੇ ਵਿੱਕੀ ਕੁਮਾਰ ਪੰਜਵੀਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਗੀਤ/ਕਵਿਤਾ ਮੁਕਾਬਲੇ ਵਿੱਚ ਪਹਿਲਾ ਸਥਾਨ ਅਰਸ਼ਦੀਪ ਕੌਰ ਜਮਾਤ ਦੂਜੀ, ਸਿਮਰਨ ਕੌਰ ਜਮਾਤ ਤੀਜੇ ਨੇ ਦੂਜਾ ਸਥਾਨ, ਮਾਣਕ ਸਿੰਘ ਜਮਾਤ ਪੰਜਵੀਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਉਪਰੰਤ ਹਰਭਜਨ ਸਿੰਘ ਅਤੇ ਚਰਨਜੀਤ ਕੌਰ ਵੱਲੋਂ ਸਾਂਝੇ ਤੌਰ 'ਤੇ ਬਾਲ ਮੈਗਜ਼ੀਨ 'ਬਾਲ ਉਡਾਰੀਆਂ' ਅੰਕ 9 ਰਿਲੀਜ਼ ਕਰਦਿਆਂ ਕਿਹਾ ਕਿ ਇਹ ਵਿਭਾਗ ਵੱਲੋਂ ਸ਼ੁਰੂ ਕੀਤਾ ਗਿਆ ਇੱਕ ਬਹੁਤ ਵਧੀਆ ਉਪਰਾਲਾ ਹੈ, ਜਿਸ ਅਧੀਨ ਉਹ ਪੜ੍ਹਾਈ ਦੇ ਨਾਲ਼-ਨਾਲ਼ ਸਾਹਿਤ ਨਾਲ਼ ਜੁੜ ਕੇ ਸਮਾਜ ਨੂੰ ਭਵਿੱਖ ਵਿੱਚ ਸਹੀ ਦਿਸ਼ਾ ਪ੍ਰਦਾਨ ਕਰਨਗੇ। ਮੈਗਜ਼ੀਨ ਦੇ ਪੰਜਾਬੀ ਸੈਕਸ਼ਨ ਦੀ ਸੰਪਾਦਕ ਖੁਸ਼ਪ੍ਰੀਤ ਕੌਰ ਜਮਾਤ ਪੰਜਵੀਂ, ਅੰਗਰੇਜ਼ੀ ਸੈਕਸ਼ਨ ਦੀ ਸੰਪਾਦਕ ਏਕਮਜੋਤ ਕੌਰ, ਹਿੰਦੀ ਸੈਕਸ਼ਨ ਦੀ ਇੰਚਾਰਜ ਨੈਨਾ ਜਮਾਤ ਪੰਜਵੀਂ ਅਤੇ ਆਰਟ ਐਂਡ ਕਰਾਫਟ ਦੇ ਸੰਪਾਦਕ ਏਕਜੋਤ ਸਿੰਘ ਜਮਾਤ ਪੰਜਵੀਂ ਨੇ ਮੈਗਜ਼ੀਨ ਦੇ ਅਧਿਆਪਕ ਸੰਪਾਦਕ ਕਿਰਨਜੀਤ ਕੌਰ ਈ. ਟੀ. ਟੀ. ਟੀਚਰ ਦੇ ਅਧੀਨ ਬਾਲ ਮੈਗਜ਼ੀਨ ਨੂੰ ਸੰਪੂਰਨ ਕਰਨ ਵਿੱਚ ਪੂਰਨ ਸਹਿਯੋਗ ਦਿੱਤਾ। ਜੇਤੂ ਬੱਚਿਆਂ ਨੂੰ ਸਨਮਾਨ ਚਿੰਨ੍ਹ ਨਾਲ ਸਨਮਾਨਿਤ ਕੀਤਾ ਗਿਆ ਅਤੇ ਬੱਚਿਆਂ ਵਿੱਚ ਕੱਟਿਆ ਕੇਕ ਵੰਡਿਆ ਗਿਆ। ਇਸ ਉਪਰੰਤ ਸਕੂਲ ਮੁਖੀ ਵੱਲੋਂ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਕਰਮਜੀਤ ਕੌਰ, ਜਸਵਿੰਦਰ ਕੌਰ, ਹਰਦੀਪ ਕੌਰ, ਦਿਲਪ੍ਰੀਤ ਕੌਰ, ਭੋਲੀ ਕੌਰ, ਕਿਰਨਦੀਪ ਕੌਰ, ਰਮਨਦੀਪ ਕੌਰ ਅਤੇ ਬੱਚੇ ਹਾਜ਼ਰ ਸਨ।

# 75ਵਾਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ ਸ਼ੁਰੂ

**ਸਮਾਣਾ (ਇਕਬਾਲ ਸਿੰਘ ਬੱਲ)**-75ਵੇਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ ਦਾ ਵਿਸ਼ਾਲ ਆਯੋਜਨ 16 ਨਵੰਬਰ ਤੋਂ 20 ਨਵੰਬਰ ਤੱਕ ਕਰਾਇਆ ਜਾ ਰਿਹਾ ਹੈ। ਇਸੇ ਲੜੀ ਤਹਿਤ 18 ਸਤੰਬਰ ਨੂੰ ਸੰਤ ਨਿਰੰਕਾਰੀ ਅਧਿਆਤਮਕ ਸਥਾਨ ਸਮਾਲਖਾ ਵਿਖੇ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਪਾਵਨ ਅਸ਼ੀਰਵਾਦ ਨਾਲ ਸਮਾਗਮ ਸੇਵਾਵਾਂ ਦੀ ਸ਼ੁਰੂਆਤ ਕੀਤੀ ਗਈ। ਉਸ ਦਿਨ ਤੋਂ ਹੀ ਦਿੱਲੀ ਅਤੇ ਹੋਰ ਰਾਜਾਂ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਅਤੇ ਸੇਵਾ ਦਲ ਦੇ ਮੈਂਬਰ ਰੋਜ਼ਾਨਾ ਦੇ ਆਧਾਰ 'ਤੇ ਸੇਵਾ ਵਿਚ ਯੋਗਦਾਨ ਪਾ ਰਹੇ ਹਨ। ਇਸ ਦੇ ਨਾਲ ਹੀ ਸਮੂਹ ਸੰਗਤਾਂ ਸਤਿਗੁਰੂ ਦੇ ਪਾਵਨ ਦਰਸ਼ਨਾਂ ਨੂੰ ਪ੍ਰਾਪਤ ਕਰਕੇ ਨਿਹਾਲ ਹੋ ਰਹੀਆਂ ਹਨ। ਇਸ ਬਾਰੇ ਸੰਤ ਨਿਰੰਕਾਰੀ ਅਧਿਆਤਮਿਕ ਸਥਾਨ ਸਮਾਲਖਾ (ਹਰਿਆਣਾ) ਵਿਖੇ ਸ਼੍ਰੀਮਤੀ ਰਾਜ ਕੁਮਾਰੀ ਮੇਂਬਰ ਇੰਚਾਰਜ ਪ੍ਰੈਸ ਵਿਭਾਗ ਨੇ ਕਿਹਾ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੀ ਪਾਵਨ ਹਜ਼ੂਰੀ ਵਿੱਚ ਇਸ ਸਾਲ ਦਾ '75ਵਾਂ ਸਾਲਾਨਾ ਨਿਰੰਕਾਰੀ ਸੰਤ ਸਮਾਗਮ' ਕਰਾਇਆ ਜਾ ਰਿਹਾ ਹੈ, ਜੋ ਲਗਭਗ 600 ਏਕੜ ਦੇ ਖੇਤਰ ਵਿੱਚ ਫੈਲਿਆ ਹੋਇਆ ਹੈ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੂਰੇ ਭਾਰਤ ਤੋਂ ਅਤੇ ਦੂਰ-ਦੁਰਾਡੇ ਦੇਸ਼ਾਂ ਤੋਂ ਲੱਖਾਂ ਦੀ ਗਿਣਤੀ ਵਿੱਚ ਸ਼ਰਧਾਲੂ ਸੰਤ ਸਮਾਗਮ ਵਿੱਚ ਭਾਗ ਲੈਣਗੇ ਅਤੇ ਇਸ ਮਹਾਂਕੁੰਭ ਦਾ ਆਨੰਦ ਲੈਣਗੇ। ਇਸ ਮੌਕੇ ਤੇ ਰਾਕੇਸ਼ ਮੁਟਰੇਜਾ, ਵਿਵੇਕ ਮੌਜੀ, ਪਿਰਮਲ ਸਿੰਘ ਕੋਆਰਡੀਨੇਟਰ ਪ੍ਰੈਸ ਅਤੇ ਪਬਲਿਸਿਟੀ, ਸੰਦੀਪ ਚੌਧਰੀ ਵੀ ਮੌਜੂਦ ਸਨ।

ਸੰਤ ਨਿਰੰਕਾਰੀ ਮੰਡਲ ਦੇ ਸਿਹਤ ਤੇ ਸਮਾਜ ਕਲਿਆਣ ਵਿਭਾਗ ਵਲੋਂ ਸਮਾਗਮ ਵਿੱਚ ਸਾਰੇ ਪੁਖਤਾ ਪ੍ਰਬੰਧ ਕੀਤੇ ਗਏ ਹਨ। ਸੰਤ ਨਿਰੰਕਾਰੀ ਮੰਡਲ ਹਰਿਆਣਾ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕਰਦਾ ਹੈ, ਜਿਸ ਨੇ ਇਸ ਨਿਰੰਕਾਰੀ ਸੰਤ ਸਮਾਗਮ ਲਈ ਬਿਜਲੀ, ਪਾਣੀ, ਸੀਵਰੇਜ ਅਤੇ ਅੱਗ ਬੁਝਾਊ ਯੰਤਰਾਂ ਦਾ ਵਿਆਪਕ ਪ੍ਰਬੰਧ ਕੀਤਾ ਹੈ। ਇਸ ਦੇ ਨਾਲ ਹੀ ਸੁਰੱਖਿਆ ਵਿਵਸਥਾ ਤਹਿਤ ਹਰਿਆਣਾ ਪੁਲਿਸ ਦੀਆਂ ਸਹੂਲਤਾਂ ਵੀ ਉਪਲਬਧ ਕਰਾਈਆਂ ਗਈਆਂ ਹਨ।

## ਕਾਤਰਾਂ

### ਗੈਰ-ਕਾਨੂੰਨੀ ਸਾਮਾਨ ਤੇ ਮੋਟਰਸਾਈਕਲ ਬਰਾਮਦ

**ਜਲਾਲਾਬਾਦ, (ਦਹੂਜਾ)**-ਪੰਜਾਬ ਸਰਕਾਰ ਅਤੇ ਐੱਸ. ਐੱਸ. ਪੀ ਫਾਜ਼ਿਲਕਾ ਭੁਪਿੰਦਰ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਦੇ ਚੱਲਦਿਆਂ ਸਥਾਨਕ ਡੀ. ਐੱਸ. ਪੀ. ਅਤੁਲ ਸੋਨੀ ਵਲੋਂ ਲਗਾਤਾਰ ਸਰਚ ਅਭਿਆਨ ਜਾਰੀ ਹਨ। ਉਸੇ ਤਹਿਤ ਉਨ੍ਹਾਂ ਨੇ 32 ਪਿੰਡਾਂ 'ਚ ਸ਼ੱਕੀ ਘਰਾਂ ਦੀ ਚੈਕਿੰਗ ਕੀਤੀ ਤੇ ਸ਼ਰਾਰਤੀ ਅਨਸਰਾਂ ਨੂੰ ਭਾਜੜਾਂ ਪਾ ਦਿੱਤੀਆਂ। ਸੋਨੀ ਨੇ ਦੱਸਿਆ ਕਿ ਇਸ ਅਭਿਆਨ ਦੌਰਾਨ ਕਈ ਨਸ਼ੀਲੇ ਪਦਾਰਥ 10 ਗ੍ਰਾਮ ਹੈਰੋਇਨ, 12 ਬਿਨ੍ਹਾਂ ਨੰਬਰੀ ਮੋਟਰਸਾਈਕਲ ਅਤੇ ਸ਼ੱਕੀ 7 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ। ਉਨ੍ਹਾਂ ਦੱਸਿਆ ਕਿ ਇਸ ਅਭਿਆਨ ਦੌਰਾਨ ਦੌਰਾਨ ਐੱਸ. ਐੱਚ. ਓ. ਥਾਣਾ ਅਰਨੀਵਾਲਾ, ਐੱਸ. ਐੱਚ. ਓ. ਥਾਣਾ ਸਿਟੀ ਜਲਾਲਾਬਾਦ, ਐੱਸ. ਐੱਚ. ਓ. ਥਾਣਾ ਸਦਰ ਜਲਾਲਾਬਾਦ, ਐੱਸ. ਐੱਚ. ਓ. ਥਾਣਾ ਅਮੀਰ ਖਾਸ, ਚੌਕੀ ਲਾਧੂਕਾ, ਐੱਸ. ਐੱਚ. ਓ. ਵੈਰੋਕੇ, ਘੁਬਾਇਆ ਚੌਕੀ, ਚੌਕੀ ਲੱਧੂ ਵਾਲਾ ਅਤੇ ਸਮੂਹ ਪੀ, ਐੱਸ, ਅੱਸ. ਡੀ. ਜਲਾਲਾਬਾਦ ਫੋਰਸ ਮੌਜੂਦ ਸਨ। ਇਸ ਅਭਿਆਨ ਦੌਰਾਨ ਪਿੰਡ ਉਨ੍ਹਾਂ ਕਿਹਾ ਕਿ ਅੱਗੇ ਵੀ ਉਨ੍ਹਾਂ ਵਲੋਂ ਸਰਚ ਅਭਿਆਨ ਜਾਰੀ ਰਹਿਣਗੇ।

### ਪੁਲਸ ਨੇ ਕੀਤੀ ਸ਼ੱਕੀ ਬਸਤੀ ਦੀ ਚੈਕਿੰਗ

**ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)** ਪੰਜਾਬ ਸਰਕਾਰ ਵੱਲੋਂ ਰਾਜ ਅੰਦਰ ਨਸ਼ਿਆਂ ਵਿਰੁੱਧ ਛੇੜੀ ਗਈ ਮੁਹਿਮ ਤਹਿਤ ਅੱਜ ਸ਼ਹਿਰ ਦੀ ਇੱਕ ਸ਼ੱਕੀ ਬਸਤੀ ਅੰਦਰ ਪਟਿਆਲਾ ਰੇਂਜ ਦੇ ਆਈ ਜੀ ਮੁਖਵਿੰਦਰ ਸਿੰਘ ਛੀਨਾ ਦੀ ਅਗਵਾਈ ਹੇਠ ਭਾਰੀ ਪੁਲਸ ਫੋਰਸ ਨੇ ਘਰ-ਘਰ ਦੀ ਤਲਾਸ਼ੀ ਕੀਤੀ। ਇਸ ਮੌਕੇ ਜ਼ਿਲ੍ਹਾ ਸੰਗਰੂਰ ਦੇ ਪੁਲਸ ਮੁਖੀ ਸੁਰਿੰਦਰ ਲਾਂਬਾ, ਐਸ ਪੀ ਮਨਪ੍ਰੀਤ ਸਿੰਘ, ਡੀ ਐਸ ਪੀ ਧੂਰੀ ਯੋਗੇਸ਼ ਸ਼ਰਮਾ, ਐਸ ਐਚ ਓ ਸਿਟੀ ਹਰਜਿੰਦਰ ਸਿੰਘ ਢਿੱਲੋਂ ਸਮੇਤ ਵੱਡੀ ਗਿਣਤੀ ਵਿੱਚ ਪੁਲਸ ਮੁਲਾਜ਼ਮ ਤਲਾਸ਼ੀ ਮੁਹਿਮ ਵਿੱਚ ਸ਼ਾਮਲ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਈ ਜੀ ਮੁਖਵਿੰਦਰ ਸਿੰਘ ਛੀਨਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਡੀ ਜੀ ਪੀ ਪੰਜਾਬ ਸ੍ਰੀ ਗੌਰਵ ਯਾਦਵ ਵੱਲੋਂ ਦਿੱਤੀਆਂ ਹਦਾਇਤਾਂ ਦੇ ਮੱਦੇਨਜ਼ਰ ਪੰਜਾਬ ਨੂੰ ਨਸ਼ਾ ਮੁਕਤ ਕਰਨ ਤੱਕ ਅਜਿਹੇ ਤਲਾਸ਼ੀ ਅਭਿਆਨ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਉਨ੍ਹਾਂ ਨਸ਼ੇ ਦੇ ਕਾਰੋਬਾਰ ਵਿੱਚ ਲੱਗੇ ਲੋਕਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰੀ ਖਿਲਾਫ਼ ਸਖ਼ਤੀ ਨਾਲ ਨਿਪਟਿਆ ਜਾਵੇਗਾ। ਡੀ ਐਸ ਪੀ ਧੂਰੀ ਯੋਗੇਸ਼ ਸ਼ਰਮਾ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਿਕ ਅੱਜ ਤਲਾਸ਼ੀ ਮੁਹਿਮ ਵਿੱਚ ਜਿੱਥੇ 70 ਘਰਾਂ ਦੀ ਤਲਾਸ਼ੀ ਲਈ ਗਈ, ਉਥੇ 12 ਸ਼ੱਕੀ ਵਹੀਕਲ, 6 ਮੋਬਾਇਲ ਕਬਜ਼ੇ ਵਿੱਚ ਲੈਣ ਤੋਂ ਇਲਾਵਾ 8 ਸ਼ੱਕੀ ਵਿਅਕਤੀਆਂ ਦੀ ਸ਼ਨਾਖਤ ਕੀਤੀ ਗਈ।

### ਮੀਂਹ ਨੇ ਲੋਕਾਂ ਨੂੰ ਗਰਮ ਕੱਪੜੇ ਕੱਢਣ ਲਈ ਕੀਤਾ ਮਜਬੂਰ

**ਜਲਾਲਾਬਾਦ, (ਦਹੂਜਾ)**:-ਬੀਤੀ ਦਿਨ ਤੋਂ ਰੁਕ-ਰੁਕ ਕੇ ਹੋ ਰਹੀ ਬਾਰਸ਼ ਨੇ ਲੋਕਾਂ ਨੂੰ ਗਰਮ ਕੱਪੜੇ, ਰਜਾਈਆਂ ਅਤੇ ਕੰਬਲ ਕੱਢਣ ਲਈ ਮਜਬੂਰ ਕਰ ਦਿੱਤਾ ਹੈ। ਗੱਲਬਾਤ ਦੌਰਾਨ ਲੋਕਾਂ ਨੇ ਕਿਹਾ ਕਿ ਬੀਤੀ ਰਾਤ ਤੋਂ ਹੋ ਰਹੀ ਬਾਰਸ਼ ਨੇ ਇੱਕਦਮ ਠੰਡ ਪੈਦਾ ਕਰ ਦਿੱਤੀ ਹੈ ਤੇ ਜੋ ਲੋਕ ਅਜੇ ਤੱਕ ਤਾਜ਼ੇ ਜਾਂ ਠੰਡੇ ਪਾਣੀ ਨਾਲ ਨਹਾਉਂਦੇ ਸਨ, ਉਹ ਵੀ ਅੱਜ ਪਾਣੀ ਗਰਮ ਕਰਕੇ ਨਹਾ ਰਹੇ ਹਨ। ਇਸ ਮੌਕੇ ਗੱਲਬਾਤ ਦੌਰਾਨ ਕਿਸਾਨ ਡਾ. ਅਸ਼ਵਨੀ ਮਿੱਢਾ, ਸੰਜੀਵ ਮੰਡ ਗੋਲਨੂੰ ਕੇ ਅਤੇ ਹਰਜਿੰਦਰ ਸਿੰਘ ਹੰਜਰਾ ਭੰਬਾ ਵੱਟੂ ਨੇ ਦੱਸਿਆ ਕਿ ਇੰਨਾ ਮੀਂਹ ਤਾਂ ਕਣਕ ਦੀ ਬਿਜਾਈ, ਹਰੇ ਚਾਰੇ ਅਤੇ ਸਬਜ਼ੀਆਂ ਲਈ ਠੀਕ ਹੈ, ਜੇ ਜ਼ਿਆਦਾ ਮੀਂਹ ਪੈਂਦਾ ਹੈ ਤਾਂ ਫਿਰ ਮੰਡੀ 'ਚ ਪਏ ਝੋਨੇ ਅਤੇ ਜਿਹੜਾ ਝੋਨਾ ਅਜੇ ਕੱਟਿਆ ਨਹੀਂ ਗਿਆ ਉਸਦਾ ਨੁਕਸਾਨ ਹੋਣ ਦਾ ਖਦਸ਼ਾ ਹੈ।

# ਕਿੱਕਰ ਸਿੰਘ ਵੱਲੋਂ ਨਿਭਾਈਆਂ ਸੇਵਾਵਾਂ ਨੂੰ ਯਾਦ ਕਰਦੇ ਨੇ ਲੋਕ

**ਬਾਘਾ ਪੁਰਾਣਾ, (ਮਨੀ ਸਿੰਗਲਾ)** ਪੰਜਾਬ ਪੁਲਸ ਦੇ ਇੰਸਪੈਕਟਰ ਕਿੱਕਰ ਸਿੰਘ ਵੱਲੋਂ ਜਿੱਥੇ ਵੱਖ-ਵੱਖ ਥਾਣਿਆਂ ਵਿੱਚ ਥਾਣਾ ਮੁਖੀ ਵਜੋਂ ਡਿਊਟੀ ਨਿਭਾ ਚੁੱਕੇ ਹਨ, ਉਥੇ ਹੀ ਉਨ੍ਹਾਂ ਵੱਲੋਂ ਸੀ.ਆਈ.ਏ ਸਟਾਫ਼ ਵਿੱਚ ਨਿਭਾਈਆਂ ਜਾ ਰਹੀਆਂ ਆਪਣੀਆਂ ਸੇਵਾਵਾਂ ਦੌਰਾਨ ਗੈਂਗਸਟਰਾਂ, ਸਮੱਗਲਰਾਂ, ਨਸ਼ਾ ਤਸਕਰਾਂ ਤੇ ਹੋਰ ਮਾੜੇ ਅਨਸਰਾਂ 'ਤੇ ਵੀ ਸ਼ਿਕੰਜਾ ਕੱਸਿਆ ਜਾ ਰਿਹਾ ਹੈ, ਜਿਸ ਖੇਤਰ ਵਿੱਚ ਵੀ ਇੰਸਪੈਕਟਰ ਕਿੱਕਰ ਸਿੰਘ ਦੀ ਡਿਊਟੀ ਹੁੰਦੀ ਹੈ। ਉਸ ਖੇਤਰ ਦੇ ਨਸ਼ਾ ਤਸਕਰ, ਸਮਗਲਰ, ਲੁਟੇਰੇ ਆਪਣੇ ਆਪ ਰਾਸਤਾ ਬਦਲ ਲੈਂਦੇ ਹਨ ਜਾਂ ਫਿਰ ਆਪਣਾ ਕੰਮ ਛੱਡ ਜਾਂਦੇ ਹਨ, ਜਿਸ ਕਰਕੇ ਹੀ ਕਿੱਕਰ ਸਿੰਘ ਨੂੰ ਇਕ ਵਾਰ ਨਹੀਂ, ਕਈ ਦਫ਼ਾ ਡੀ.ਜੀ.ਪੀ ਡਿਸਕ ਨਾਲ ਸਨਮਾਨਤ ਕੀਤਾ ਗਿਆ ਹੈ।

ਜ਼ਿਕਰਯੋਗ ਹੈ ਕਿ ਇੰਸਪੈਕਟਰ ਕਿੱਕਰ ਸਿੰਘ ਦੀ ਜਿਸ ਥਾਣੇ ਵਿਚ ਡਿਊਟੀ ਲੱਗੀ ਹੈ, ਉਸ ਥਾਣੇ ਦੇ ਅਧੀਨ ਪੈਂਦੇ ਖੇਤਰਾਂ ਵਿੱਚ ਕ੍ਰਾਈਮ ਦੀਆਂ ਘਟਨਾਵਾਂ ਬਹੁਤ ਘੱਟ ਵਾਪਰਦੀਆਂ ਹਨ ਤੇ ਸਮਾਜ ਵਿਰੋਧੀ ਅਨਸਰ ਆਪਣਾ ਸਾਹ ਤੱਕ ਬਾਹਰ ਨਹੀਂ ਕੱਢਦੇ, ਜਿਸ ਕਰਕੇ ਲੋਕਾਂ ਨੂੰ ਸੁੱਖ ਦਾ ਸਾਹ ਆਉਂਦਾ ਹੈ, ਜਿਨ੍ਹਾਂ ਲੋਕਾਂ ਦੀਆਂ ਬੱਚੀਆਂ ਸਕੂਲਾਂ ਵਿਚ ਪੈਦਲ ਪੜ੍ਹਨ ਜਾਂਦੀਆਂ ਹਨ, ਉਹ ਲੋਕ ਵੀ ਬੇਚਿੰਤ ਹੋ ਕੇ ਆਪਣੀਆਂ ਬੱਚੀਆਂ ਨੂੰ ਸਕੂਲਾਂ ਵਿੱਚ ਪੜ੍ਹਨ ਲਈ ਭੇਜਦੇ ਹਨ, ਜਿਸ ਕਰਕੇ ਇੰਸਪੈਕਟਰ ਕਿੱਕਰ ਸਿੰਘ ਦੀ ਕਾਰਗੁਜ਼ਾਰੀ ਤੋਂ ਖੁਸ਼ ਹੋ ਕੇ ਉਨ੍ਹਾਂ ਨੂੰ ਕਈ ਸਮਾਜ ਸੇਵੀ ਸੰਸਥਾਵਾਂ ਦੇ ਇਲਾਵਾ ਸਰਕਾਰੀ ਸਕੂਲਾਂ ਦੀ ਮੈਨੇਜਮੈਂਟ ਵੀ ਇੰਸਪੈਕਟਰ ਕਿੱਕਰ ਸਿੰਘ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕਰ ਚੁੱਕੀ ਹੈ।

# ਡੀ ਏ ਵੀ ਸਕੂਲ 'ਚ ਸੱਭਿਆਚਾਰਕ ਤੇ ਖੇਡ ਸਮਾਗਮ ਕਰਾਇਆ



**ਮਲੋਟ, (ਗੁਰਮੀਤ ਸਿੰਘ ਮੱਕੜ)** : ਸਥਾਨਕ ਡੀ.ਏ.ਵੀ. ਪਬਲਿਕ ਸਕੂਲ ਨੇ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਨ ਨੂੰ ਸਕੂਲ ਵਿੱਚ ਸੱਭਿਆਚਾਰਕ ਪ੍ਰੋਗਰਾਮ ਤੇ ਖੇਡ ਸਮਾਗਮ ਕਰਵਾ ਕੇ ਬਾਲ ਦਿਵਸ ਵਜੋਂ ਮਨਾਇਆ।

ਪ੍ਰੋਗਰਾਮ ਦੀ ਪ੍ਰਧਾਨਗੀ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਨੇ ਕੀਤੀ। ਸਭ ਤੋਂ ਪਹਿਲਾਂ ਪੰਡਿਤ ਜਵਾਹਰ ਲਾਲ ਨਹਿਰੂ ਦੀ ਤਸਵੀਰ 'ਤੇ ਫੁੱਲ ਚੜ੍ਹਾ ਕੇ ਉਨ੍ਹਾਂ ਨੂੰ ਯਾਦ ਕੀਤਾ ਗਿਆ। ਉਪਰੰਤ ਸਕੂਲ ਦੇ ਵਿਦਿਆਰਥੀਆਂ ਨੇ ਚਾਚਾ ਨਹਿਰੂ ਦੇ ਜੀਵਨ ਨਾਲ ਸਬੰਧਤ ਕਈ ਪ੍ਰੇਰਨਾਦਾਇਕ ਘਟਨਾਵਾਂ ਸੁਣਾਈਆਂ ਤੇ ਉਨ੍ਹਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਦਾ ਡਾਂਸ ਤੇ ਫੈਂਸੀ ਡ੍ਰੈੱਸ ਐਕਟੀਵਿਟੀ ਕਰਵਾਈ ਗਈ, ਜਿਸ 'ਚ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਛੋਟੇ ਵਿਦਿਆਰਥੀ ਨਹਿਰੂ ਜੀ ਦੇ ਮਨਮੋਹਕ ਪੁਸ਼ਾਕਾਂ ਵਿੱਚ ਸਜੇ ਹੋਏ ਸਨ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸੰਧਿਆ ਬਠਲਾ ਨੇ ਕਿਹਾ ਕਿ ਬੱਚੇ ਸਾਡੇ ਦੇਸ਼ ਦੀ ਵਿਰਾਸਤ ਹਨ। ਉਨ੍ਹਾ ਕਿਹਾ ਕਿ ਸਾਰੇ ਅਧਿਆਪਕਾਂ, ਮਾਪਿਆਂ, ਸਮਾਜ ਸ਼ਾਸਤਰੀਆਂ ਤੇ ਸਿੱਖਿਆ ਸ਼ਾਸਤਰੀਆਂ ਨੂੰ ਬੱਚਿਆਂ ਦੇ ਸਰਵਪੱਖੀ ਵਿਕਾਸ ਤੇ ਚਰਿੱਤਰ ਨਿਰਮਾਣ ਲਈ ਆਪਣੀ ਪੂਰੀ ਕੋਸ਼ਿਸ਼ ਕਰਨੀ ਚਾਹੀਦੀ ਹੈ ਤਾਂ ਜੋ ਇਹ ਬੱਚੇ ਭਵਿੱਖ ਵਿਚ ਇੱਕ ਸਿਹਤਮੰਦ, ਮਜ਼ਬੂਤ ਸਮਾਜ ਤੇ ਦੇਸ਼ ਦਾ ਨਿਰਮਾਣ ਕਰ ਸਕਣ।

ਇਸ ਮੌਕੇ ਸਕੂਲ ਦੇ ਚੇਅਰਮੈਨ ਰਵੀ ਛਾਬੜਾ ਨੇ ਬੱਚਿਆਂ ਨੂੰ ਬਾਲ ਦਿਵਸ ਦੀ ਵਧਾਈ ਦਿੰਦੇ ਹੋਏ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਾਨੂੰ ਬੱਚਿਆਂ ਦੇ ਸਰੀਰਕ, ਆਰਥਿਕ ਤੇ ਮਾਨਸਿਕ ਵਿਕਾਸ ਲਈ ਯਤਨਸ਼ੀਲ ਰਹਿਣਾ ਚਾਹੀਦਾ ਹੈ ਤਾਂ ਜੋ ਬੱਚੇ ਦਿਨੋਂ-ਦਿਨ ਤਰੱਕੀ ਕਰਨ। ਇਸ ਮੌਕੇ ਸਕੂਲ ਸਟਾਫ਼, ਮਾਪੇ ਅਤੇ ਬੱਚੇ ਹਾਜ਼ਰ ਸਨ।

# ਐੱਨ ਐੱਸ ਐੱਸ ਵਿਭਾਗ ਨੇ ਕਰਵਾਈਆਂ ਗਤੀਵਿਧੀਆਂ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)** ਸਰਕਾਰੀ ਕਿਰਤੀ ਕਾਲਜ ਨਿਆਲ ਪਾਤੜਾਂ ਵਿਖੇ ਪ੍ਰਿੰਸੀਪਲ ਪ੍ਰੋਫੈਸਰ ਅਮਰਜੀਤ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਐੱਨ ਐੱਸ ਐੱਸ ਕੈਲੰਡਰ ਮੁਤਾਬਕ ਨਵੰਬਰ ਮਹੀਨੇ ਦੀਆਂ ਗਤੀਵਿਧੀਆਂ ਤਹਿਤ ਕਾਲਜ ਦੀਆਂ ਵਿਦਿਆਰਥਣਾਂ ਲਈ ਸਵੈ - ਰੱਖਿਅਕ ਪ੍ਰੋਗਰਾਮ ਅਤੇ ਭਗਵਾਨ ਬਿਰਸਾ ਮੁੰਡਾ ਦੇ ਜਨਮ ਦਿਨ ਨੂੰ ਸਮਰਪਿਤ ਜਨਜਾਤੀਆਂ ਗੌਰਵ ਦਿਵਸ ਮੌਕੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ।

ਇਸ ਮੌਕੇ ਰਿਸੋਰਸਪਰਸਨ ਵਜੋਂ ਸਬ ਇੰਸਪੈਕਟਰ ਰਾਜਵਿੰਦਰ ਕੌਰ ਅਤੇ ਉਨ੍ਹਾਂ ਦੇ ਨਾਲ ਪਾਤੜਾਂ ਸਾਂਝ ਕੇਂਦਰ ਤੋਂ ਮਹਿਲਾ ਮਿੱਤਰ ਕਾਂਸਟੇਬਲ ਜਸਪ੍ਰੀਤ ਕੌਰ ਅਤੇ ਕਾਂਸਟੇਬਲ ਰਜਨੀ ਨੇ ਸ਼ਿਰਕਤ ਕੀਤੀ। ਐੱਨ ਐੱਸ ਐੱਸ ਪ੍ਰੋਗਰਾਮ ਅਫਸਰ ਪ੍ਰੋ. ਹਰਮੀਤ ਸਿੰਘ ਨੇ ਮੁੱਖ ਮਹਿਮਾਨ ਨੂੰ ਜੀ ਆਇਆਂ ਆਖਦਿਆਂ ਕਿਹਾ ਅਤੇ ਔਰਤਾਂ ਨਾਲ ਵਧ ਰਹੇ ਅਪਰਾਧਾਂ ਨੂੰ ਰੋਕਣ ਲਈ ਉਨ੍ਹਾਂ ਨੂੰ ਵੱਧ ਤੋਂ ਵੱਧ ਜਾਗਰੂਕ ਹੋਣ ਦੀ ਜ਼ਰੂਰਤ ਹੈ । ਇਸ ਮੌਕੇ ਰਿਸੋਰਸਪਰਸਨ ਦੇ ਤੌਰ 'ਤੇ ਪਹੁੰਚੇ ਸਬ ਇੰਸਪੈਕਟਰ ਰਾਜਵਿੰਦਰ ਕੌਰ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਕੁੜੀਆਂ ਨੂੰ ਘਰ ਜਾਂ ਘਰ ਤੋਂ ਬਾਹਰ ਕਿਸੇ ਵੀ ਪ੍ਰਕਾਰ ਦਾ ਉਹਨਾਂ ਨਾਲ ਸ਼ੋਸ਼ਣ ਕੀਤਾ ਜਾ ਰਿਹਾ ਹੈ ਤਾਂ ਉਹ ਪੰਜਾਬ ਸਰਕਾਰ ਦੁਆਰਾ ਜਾਰੀ ਕੀਤੇ ਹੈਲਪਲਾਈਨ ਨੰਬਰ 112 ,181 'ਤੇ ਫੋਨ ਕਰਕੇ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ । ਇਸ ਮੌਕੇ ਕਾਲਜ ਪ੍ਰਿੰਸੀਪਲ ਪ੍ਰੋ. ਅਮਰਜੀਤ ਸਿੰਘ ਨੇ ਕਿਹਾ ਕਿ ਸੋਸ਼ਲ ਮੀਡੀਆ ਦੀ ਵਧ ਰਹੀ ਵਰਤੋਂ ਕਾਰਨ ਇਸ ਨਾਲ ਬਹੁਤ ਸਾਰੇ ਜੁਰਮ ਵੀ ਵਧ ਰਹੇ ਹਨ, ਜਿਸ ਵਿੱਚ ਔਰਤਾਂ ਅਤੇ ਬੱਚਿਆਂ ਨੂੰ ਇਸ ਦਾ ਵੱਧ ਤੋਂ ਵੱਧ ਸ਼ਿਕਾਰ ਬਣਾਇਆ ਜਾ ਰਿਹਾ ਹੈ, ਜਿਸ ਲਈ ਵਿਦਿਆਰਥਣਾਂ ਨੂੰ ਵੱਧ ਤੋਂ ਵੱਧ ਜਾਗਰੂਕ ਹੋਣ ਦੀ ਜ਼ਰੂਰਤ ਹੈ। ਪੰਜਾਬੀ ਵਿਭਾਗ ਦੇ ਪ੍ਰੋਫੈਸਰ ਮਨਿੰਦਰ ਸਿੰਘ ਨੇ ਭਗਵਾਨ ਬਿਰਸਾ ਮੁੰਡਾ ਦੇ ਜਨਮ ਦਿਨ ਨੂੰ ਸਮਰਪਤ ਜਨਜਾਤੀਆਂ ਗੌਰਵ ਦਿਵਸ ਮੌਕੇ ਦੱਸਿਆ ਕਿ ਉਹ 19ਵੀਂ ਸਦੀ ਦੇ ਇੱਕ ਪ੍ਰਮੁੱਖ ਆਦਿਵਾਸੀ ਲੋਕਨਾਇਕ ਸਨ, ਜਿਨ੍ਹਾਂ ਦੀ ਅਗਵਾਈ ਵਿੱਚ ਮੁੰਡਾ ਆਦਿਵਾਸੀਆਂ ਨੇ 19ਵੀਂ ਸਦੀ ਦੇ ਆਖਰੀ ਸਾਲਾਂ ਵਿੱਚ ਭਾਰਤ ਵਿੱਚ ਅੰਗਰੇਜ਼ੀ ਰਾਜ ਖਿਲਾਫ ਮੁੰਡਾ ਲੋਕਾਂ ਦੇ ਮਹਾਨ ਅੰਦੋਲਨ ਨੂੰ ਅੰਜਾਮ ਦਿੱਤਾ ।

ਪ੍ਰੋਗਰਾਮ ਦੇ ਅੰਤ ਵਿਚ ਪ੍ਰੋ. ਰਮਨਜੀਤ ਕੌਰ ਨੇ ਧੰਨਵਾਦ ਕਰਦਿਆਂ ਕਿਹਾ ਕਿ ਕਾਲਜ ਵਿਚ ਸਮੇਂ ਸਮੇਂ 'ਤੇ ਵਿਦਿਆਰਥਣਾਂ ਨੂੰ ਜਾਗਰੂਕ ਕਰਨ ਲਈ ਇਸ ਤਰ੍ਹਾਂ ਦੇ ਪ੍ਰੋਗਰਾਮ ਉਲੀਕੇ ਜਾਂਦੇ ਰਹਿੰਦੇ ਹਨ, ਜਿਸ ਨਾਲ ਸਮਾਜ ਵਿੱਚ ਔਰਤਾਂ ਨਾਲ ਵਧ ਰਹੇ ਅਪਰਾਧਾਂ ਨੂੰ ਘਟਾਇਆ ਜਾ ਸਕਦਾ ਹੈ। ਇਸ ਮੌਕੇ ਕਾਲਜ ਸਟਾਫ ਡਾ. ਗੁਰਜੀਤ ਸਿੰਘ ,ਪ੍ਰੋ. ਵਰਿੰਦਰ ਕੌਰ ,ਪ੍ਰੋ. ਸੰਦੀਪ ਕੌਰ, ਪ੍ਰੋਫੈਸਰ ਜਗਦੀਸ਼ ਸਿੰਘ ਅਤੇ ਐੱਨ ਐੱਸ ਐੱਸ ਦੇ ਵਲੰਟੀਅਰ ਮੌਜੂਦ ਸਨ ।

# ਯਾਦਗਾਰੀ ਹੋ ਨਿੱਬੜਿਆ ਜੀ ਐੱਚ ਜੀ ਅਕੈਡਮੀ ਦਾ ਸਾਲਾਨਾ ਸਮਾਗਮ



**ਜਗਰਾਉਂ, (ਅਮਿਤ ਖੰਨਾ)**-ਚੇਅਰਮੈਨ ਸ੍ਰ. ਗੁਰਮੇਲ ਸਿੰਘ ਮੱਲ੍ਹੀ ਤੇ ਡਾਇਰੈਕਟਰ ਸ੍ਰ. ਬਲਜੀਤ ਸਿੰਘ ਮੱਲ੍ਹੀ ਦੀ ਅਗਵਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਸੰਸਥਾ ਜੀ. ਐੱਚ. ਜੀ. ਅਕੈਡਮੀ ਜਗਰਾਉਂ ਵਿਖੇ ਸਾਲਾਨਾ ਸਮਾਗਮ ਅਨਕਰਮ-2022 ਮਨਾਇਆ ਗਿਆ। ਸਮਾਗਮ ਦੀ ਆਰੰਭਤਾ ਪ੍ਰਮਾਤਮਾ ਦਾ ਓਟ ਆਸਰਾ ਲੈਂਦੇ ਹੋਏ ਅਰਦਾਸ ਕਰਕੇ ਕੀਤੀ ਗਈ। ਹਲਕਾ ਜਗਰਾਉਂ ਦੇ ਐੱਮ. ਐੱਲ. ਏ. ਸਰਬਜੀਤ ਕੌਰ ਮਾਣੂਕੇ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਸ਼ਾਹੀ ਇਮਾਮ, ਭਾਈ ਗਰੇਵਾਲ, ਜੱਸੀ ਖੰਘੂੜਾ, ਕਾਕਾ ਗਰੇਵਾਲ ਸਮੇਤ ਹੋਰ ਮਾਹਾਨ ਸ਼ਖ਼ਸੀਅਤਾਂ ਨੇ ਵੀ ਹਾਜ਼ਰੀ ਭਰੀ। ਸਕੂਲ ਦੀ ਮੈਨੇਜਮੈਂਟ ਤੇ ਮੁੱਖ ਮਹਿਮਾਨਾਂ ਵੱਲੋਂ ਜੋਤ ਜਗਾਉਣ ਦੀ ਰਸਮ ਕੀਤੀ ਗਈ। ਫਿਰ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕੀਤਾ ਗਿਆ। ਨਰਸਰੀ ਜਮਾਤ ਦੇ ਵਿਦਿਆਰਥੀਆਂ ਨੇ ਵੱਖਰੇ-ਵੱਖਰੇ ਅੰਦਾਜ਼ 'ਚ ਮਾਡਲਿੰਗ ਸ਼ੋਅ ਕੀਤਾ। ਫਿਰ ਛੇਵੀਂ ਤੇ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਕੋਰੀਓਗ੍ਰਾਫੀ ਕੀਤੀ ਗਈ। ਇਸ ਤੋਂ ਬਾਅਦ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਮਾਈਮ ਦੁਆਰਾ ਮਾਤਾ-ਪਿਤਾ ਦਾ ਸਤਿਕਾਰ ਕਰਨ ਦੀ ਸਿੱਖਿਆ ਦਿੱਤੀ। ਫਿਰ ਤੀਸਰੀ ਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਨੇ ਅੰਗਰੇਜ਼ੀ ਗੀਤ ਪੇਸ਼ ਕੀਤਾ। ਇਸ ਤੋਂ ਬਾਅਦ ਐੱਲ.ਕੇ.ਜੀ. ਦੇ ਵਿਦਿਆਰਥੀਆਂ ਦੁਆਰਾ ਰੰਗ-ਬਰੰਗੀਆਂ ਪੁਸ਼ਾਕਾਂ ਵਿੱਚ ਨਾਚ ਪੇਸ਼ ਕੀਤਾ ਗਿਆ। ਯੂ.ਕੇ.ਜੀ. ਦੇ ਦੇ ਵਿਦਿਆਰਥੀਆਂ ਦੁਆਰਾ ਸਰਕਸ ਸ਼ੋਅ ਪੇਸ਼ ਕੀਤਾ ਗਿਆ। ਫਿਰ ਨੌਵੀਂ ਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਦੁਆਰਾ ਸਮਾਜਿਕ ਬੁਰਾਈਆਂ ਨੂੰ ਦਰਸਾਉਂਦਾ ਨੁੱਕੜ ਨਾਟਕ ਪੇਸ਼ ਕੀਤਾ ਗਿਆ।

ਪੰਜਵੀਂ ਤੇ ਚੌਥੀ ਜਮਾਤ ਦੇ ਵਿਦਿਆਰਥੀਆਂ ਦੁਆਰਾ ਵੱਖਰੇ-ਵੱਖਰੇ ਰਾਜਾਂ ਦੇ ਲੋਕ ਨਾਚ ਪੇਸ਼ ਕੀਤੇ ਗਏ। ਨੌਵੀਂ ਤੇ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਚਾਰ ਸਾਹਿਬਜ਼ਾਦਿਆਂ ਦੇ ਜੀਵਨ 'ਤੇ ਅਧਾਰਤ ਵਾਰ ਪੇਸ਼ ਕੀਤੀ। ਇਸ ਤੋਂ ਬਾਅਦ ਜੀ. ਐੱਚ. ਜੀ. ਅਕੈਡਮੀ ਦੇ ਪ੍ਰਿੰਸੀਪਲ ਰਮਨਜੋਤ ਕੌਰ ਗਰੇਵਾਲ ਵੱਲੋਂ ਆਪਣੇ ਭਾਸ਼ਣ ਰਾਹੀਂ ਸਕੂਲ ਵੱਲੋਂ ਕੀਤੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ ਗਿਆ। ਸਾਲ ਭਰ 'ਚ ਬਿਹਤਰ ਕਾਰਗੁਜ਼ਾਰੀ ਕਰਨ ਵਾਲੇ ਜੁਝਾਰ ਹਾਉਸ ਦੇ ਮੁਖੀ ਚਿੰਕੀ ਗੁਪਤਾ ਤੇ ਅਧਿਆਪਕਾਂ ਅਤੇ ਬਾਰਵੀਂ ਜਮਾਤ ਵਿੱਚੋਂ ਜ਼ਿਲ੍ਹੇ 'ਚੋਂ ਅੱਵਲ ਰਹਿਣ ਵਾਲੇ ਵੀਰਇੰਦਰ ਸਿੰਘ ਤੇ ਅਨਮੋਲ ਠੁਕਰਾਲ ਨੂੰ ਵੀ ਸਨਮਾਨਤ ਕੀਤਾ ਗਿਆ।

ਅਖੀਰ ਵਿੱਚ ਜੀ.ਐੱਚ.ਜੀ. ਅਕੈਡਮੀ ਦੇ ਚੇਅਰਮੈਨ ਗੁਰਮੇਲ ਸਿੰਘ ਮੱਲ੍ਹੀ ਤੇ ਡਾਇਰੈਕਟਰ ਬਲਜੀਤ ਸਿੰਘ ਮੱਲ੍ਹੀ ਨੇ ਸਮਾਗਮ ਦੀ ਸੁਚੱਜੀ ਕਾਰਗੁਜ਼ਾਰੀ ਨੂੰ ਦੇਖਦੇ ਹੋਏ ਸਕੂਲ ਦੇ ਪ੍ਰਿੰਸੀਪਲ, ਕੋਆਰਡੀਨੇਟਰ, ਸਮੂਹ ਸਟਾਫ ਤੇ ਵਿਦਿਆਰਥੀਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਮੌਕੇ 'ਤੇ ਪਹੁੰਚੇ ਮਹਿਮਾਨਾਂ ਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਵੀ ਧੰਨਵਾਦ ਕੀਤਾ।

# ਹੈਰੋਇਨ ਸਮੇਤ 4 ਕਾਬੂ

**ਜਲਾਲਾਬਾਦ (ਦਹੂਜਾ)**-ਥਾਣਾ ਵੈਰੋਕੇ ਦੀ ਪੁਲਸ ਨੇ 10 ਗ੍ਰਾਮ ਹੈਰੋਇਨ ਸਮੇਤ 4 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਚੰਦਰਸ਼ੇਖਰ ਨੇ ਦੱਸਿਆ ਕਿ ਉਨ੍ਹਾਂ ਨੂੰ ਮੁਖਬਰ ਖਾਸ ਤੋਂ ਸੂਚਨਾ ਮਿਲੀ ਕਿ ਸੁਖਵੰਤ ਸਿੰਘ ਉਰਫ ਸੁੱਖਾ ਪੁੱਤਰ ਬਲਵੀਰ ਸਿੰਘ ਵਾਸੀ ਆਦਰਸ਼ ਨਗਰ ਜਲਾਲਾਬਾਦ, ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਤਰਸੇਮ ਸਿੰਘ ਵਾਸੀ ਲੱਲਾ ਬਸਤੀ ਦੁਕਾਨ ਨੰਬਰ 77 ਦਾਣਾ ਮੰਡੀ ਜਲਾਲਾਬਾਦ, ਚੰਨ ਸਿੰਘ ਉਰਫ ਚੰਨਾ ਪੁੱਤਰ ਗੱਜਣ ਸਿੰਘ ਵਾਸੀ ਮਨੀਸ਼ ਸੀਡ ਫੈਕਟਰੀ ਅਤੇ ਸਾਜਨ ਚੌਹਾਨ ਉਰਫ ਬਿੱਲੂ ਪੁੱਤਰ ਅਸ਼ੋਕ ਕੁਮਾਰ ਵਾਸੀ ਚਾਂਦੀ ਰਾਮ ਧਰਮਸ਼ਾਲਾ ਜਲਾਲਾਬਾਦ ਦੇ ਸਾਹਮਣੇ ਹੈਰੋਇਨ (ਚਿੱਟਾ) ਦੇ ਆਦੀ ਹਨ ਜੋ ਅਜੇ ਵੀ ਸ਼ਮਸ਼ਾਨਘਾਟ ਨੇੜੇ ਚਿੱਟਾ ਪੀ ਰਹੇ ਹਨ ਜਿਸ 'ਤੇ ਪੁਲਸ ਨੇ ਛਾਪਾ ਮਾਰ ਕੇ ਉਨ੍ਹਾਂ ਨੂੰ 10 ਗ੍ਰਾਮ ਹੈਰੋਇਨ (ਚਿੱਟਾ) ਸਮੇਤ ਕਾਬੂ ਕਰ ਲਿਆ, ਜਿਸ 'ਤੇ ਧਾਰਾ 21/61/85 ਐੱਨ. ਡੀ. ਪੀ. ਐੱਸ. ਐਕਟ ਦੇ ਅਧੀਨ ਪਰਚਾ ਦਰਜ ਕੀਤਾ ਗਿਆ ਹੈ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਫਸਟ, ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਟੈਂਡਰ ਬੋਲੀ ਅੰਤਮ ਮਿਤੀ 12.12.2022 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਅਜਿਹੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।
ਠੇਕੇਦਾਰ ਨੂੰ ਕੇਵਲ ਆਈਆਰਈਪੀਐਸ ਪੋਰਟਲ ਤੇ ਉਪਲਬਧ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੈਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਨਿਵਿਦਾ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦੇ ਲਈ ਇਸ ਨਿਵਿਦਾ ਦੇ ਲਈ ਭੁਗਤਾਨ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 15.11.2022 | 28.11.2022 | 12.12.2022 15:00 ਵਜੇ |

| | | | | |
|---|---|---|---|---|
| 1 | 268-2022-23-ADEN-II-FZR | ਸਹਾਇਕ ਮੰਡਲ ਇੰਜੀਨੀਅਰ-2 ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ JUC-FZR ਸੈਕਸ਼ਨ ਵਿਚ 52 Kg/60 Kg ਪੀਐਸਸੀ ਸਲੀਪਰਾਂ ਦੀ ਫਿਟਿੰਗ ਨਵੀਨੀਕਰਨ (71.25 Km) 20.00 Km ਤੋਂ 90.15 Km, SQR ਲਾਈਨ ਨੰਬਰ 3 (0.00 ਤੋਂ 0.600 Km) ਅਤੇ MXH ਲਾਈਨ ਨੰਬਰ 5 (0.00 ਤੋਂ 0.500Km) ਦੇ ਸਬੰਧ ਵਿਚ ਕੰਮ ਕਰਨਾ। | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 12089260.71 | 60 ਦਿਨ | 12 ਮਹੀਨੇ |
| 2 | 269-2022-23-ADEN-LDH | ਸਹਾਇਕ ਮੰਡਲ ਇੰਜੀਨੀਅਰ-ਲੁਧਿਆਣਾ ਦੇ ਅਧਿਕਾਰ ਸੈਕਸ਼ਨ ਵਿਚ LDH, PHR ਅਤੇ DDL ਵਿਚ ਆਰਜੀਐਮ/ ਟੀਟੀਐਮ ਦੇ ਸਬੰਧ ਵਿਚ ਟ੍ਰੈਕ ਨਵੀਨੀਕਰਨ ਕਰਨ ਦਾ ਕੰਮ | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 8300571.47 | 60 ਦਿਨ | 09 ਮਹੀਨੇ |
| 3 | 270-2022-23-ADEN-II-FZR | ਸਹਾਇਕ ਮੰਡਲ ਇੰਜੀਨੀਅਰ-2 ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ JUC-FZR ਸੈਕਸ਼ਨ ਵਿਚ ਵਿਭਿੰਨ ਗਡ੍ਰਰ ਪੁਲਾਂ ਤੇ ਪੁਲਾਂ ਦੇ ਦ੍ਰਿਸ਼ਟੀਕੋਣ ਤੇ ਟੀਆਰਆਰ (ਪੀ) 2.092 KM ਕਰਨ ਦਾ ਕੰਮ। | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 3049388.96 | 60 ਦਿਨ | 12 ਮਹੀਨੇ |
| 4 | 271-2022-23-ADEN-LDH | ਸਹਾਇਕ ਮੰਡਲ ਇੰਜੀਨੀਅਰ-ਲੁਧਿਆਣਾ ਦੇ ਅਧਿਕਾਰ ਖੇਤਰ ਵਿਚ 52 Kg/60 Kg ਪੀਐਸਸੀ ਸਲੀਪਰਾਂ ਦੀ ਫਿਟਿੰਗ ਨਵੀਨੀਕਰਨ (53.13 Km) PGW-NSS-JJJ ਸੈਕਸ਼ਨ ਵਿਚ (1.039 ਤੋਂ 47.69 Km) ਅਤੇ (48.266 Km ਤੋਂ 52.70 Km) ਅਤੇ 401.20 Km ਤੋਂ 403.24 Km) ਦੇ ਸਬੰਧ ਵਿਚ ਕੰਮ ਕਰਨਾ | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 9278525.30 | 60 ਦਿਨ | 10 ਮਹੀਨੇ |
| 5 | 272-2022-23-ADEN-II-FZR | ਸਹਾਇਕ ਮੰਡਲ ਇੰਜੀਨੀਅਰ-2 ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ FKA, FZR, GOD, GHS, HSQ, JBD, KXH, KBU, KHW, LDK, LNK, MXH, NRO ਅਤੇ TWB ਸਟੇਸ਼ਨ ਤੇ ਟੀਬੀਆਰ 21.056 ਕਿ.ਮੀ. ਦੇ ਸਬੰਧ ਵਿਚ ਵਿਵਿਧ ਟ੍ਰੈਕ ਦੇ ਰਖ-ਰਖਾਅ ਉਪਕਰ ਅਤੇ ਟ੍ਰੈਕ ਦੀ ਡੀਪ ਸਕ੍ਰੀਨਿੰਗ ਕਰਨ ਦਾ ਕੰਮ। | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 15174793.77 | 60 ਦਿਨ | 10 ਮਹੀਨੇ |
| 6 | 273-2022-23-ADEN-II-FZR | ਸਹਾਇਕ ਮੰਡਲ ਇੰਜੀਨੀਅਰ-2 ਫਿਰੋਜ਼ਪੁਰ ਦੇ ਤਹਿਤ ਸੀਨੀ. ਸੈਕਸ਼ਨ ਇੰਜੀਨੀਅਰ ਰੇਲ ਪਥ ਲੋਹੀਆਂ ਖਾਸ ਦੇ ਅਧਿਕਾਰ ਖੇਤਰ ਵਿਚ ਟ੍ਰੈਕ ਰਖਰਖਾਅ ਦੇ ਲਈ ਵਿਵਿਧ ਪੀ. ਵੇ ਦੇ ਸਬੰਧ ਵਿਚ ਕੰਮ ਕਰਨਾ | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 6495578.84 | 60 ਦਿਨ | 12 ਮਹੀਨੇ |
| 7 | 274-2022-23-ADEN-LDH | ਸਹਾਇਕ ਮੰਡਲ ਇੰਜੀਨੀਅਰ-ਲੁਧਿਆਣਾ ਦੇ ਤਹਿਤ ਲੁਧਿਆਣਾ ਯਾਰਡ ਅਤੇ ਪੀਐਸਈਬੀ ਸਾਈਡਿੰਗ ਦਾ ਸੀਟੀਆਰ (S) 3.966 ਕਿਮੀ ਕਰਨ ਦਾ ਕੰਮ ਅਤੇ LDH, DDL, PHR ਅਤੇ PGW ਯਾਰਡ ਵਿਚ ਟੀਆਰਆਰ (S) 6.618 Km ਅਤੇ ਸੀਟੀਆਰ (S) 16.211 ਦੇ ਸਬੰਧ ਵਿਚ ਕੰਮ ਕਰਨਾ | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 15978431.11 | 60 ਦਿਨ | 09 ਮਹੀਨੇ |
| 8 | 275-2022-23-ADEN-LDH | ਸਹਾਇਕ ਮੰਡਲ ਇੰਜੀਨੀਅਰ-ਲੁਧਿਆਣਾ ਦੇ ਅਧਿਕਾਰ ਖੇਤਰ ਵਿਚ SNL-JUC ਸੈਕਸ਼ਨ ਤੇ ਪੈਂਦੇ DDL, GRY, LDW, LDH, PGW, PHR ਅਤੇ SNL ਸਟੇਸ਼ਨ ਤੇ ਟੀਬੀਆਰ 40.043 ਕਿ.ਮੀ. ਦੇ ਸਬੰਧ ਵਿਚ ਵਿਵਿਧ ਟ੍ਰੈਕ ਦੇ ਰਖ-ਰਖਾਅ, ਉਪਕਰ ਅਤੇ ਟ੍ਰੈਕ ਦੀ ਡੀਪ ਸਕ੍ਰੀਨਿੰਗ ਕਰਨ ਦਾ ਕੰਮ। | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 29247607.57 | 60 ਦਿਨ | 12 ਮਹੀਨੇ |
| 9 | 276-2022-23-FZR | ਸਹਾਇਕ ਮੰਡਲ ਇੰਜੀਨੀਅਰ-I, II ਅਤੇ III ਦੇ ਅਧਿਕਾਰ ਖੇਤਰ ਵਿਚ SNL-JUC-ASR ਸੈਕਸ਼ਨ, JRC-HSX ਸੈਕਸ਼ਨ JRC-BES ਸੈਕਸ਼ਨ PTKJAT ਸੈਕਸ਼ਨ ਵਿਚ ਰੇਲ ਮੋਬਾਈਲ, ਫਲੈਸ਼ ਦਾ ਉਪਯੋਗ ਕਰਕੇ ਵਿਭਿੰਨ ਸਥਾਨਾਂ ਤੇ ਫਲੈਸ਼ ਬਟ ਰੇਲ ਜੋੜਾਂ ਦੀ ਵੇਲਡਿੰਗ ਕਰਨ ਦਾ ਕੰਮ। | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 66196803 | 60 ਦਿਨ | 08 ਮਹੀਨੇ |
| 10 | 279-2022-23-Sr.DEN-I/FZR | ਸੀਨੀਅਰ ਸੈਕਸ਼ਨ ਇੰਜੀਨੀਅਰ-I ਦੇ ਅਧਿਕਾਰ ਖੇਤਰ ਵਿਚ PGW-NSS-JJJ ਸੇਕਸ਼ਨ ਵਿਚ ਪੁਲ ਨੰਬਰ 69, 100 " 101 ਅਤੇ FZP-FKA ਸੈਕਸ਼ਨ ਵਿਚ ਪੁਲ ਨੰਬਰ 50 ਅਤੇ PHR-LNK ਸੈਕਸ਼ਨ ਵਿਚ ਪੁਲ ਨੰਬਰ 1 ਦਾ ਪ੍ਰਤੀਸਥਾਪਨ/ਮੁੜ ਨਿਰਮਾਣ ਕਰਨ ਦਾ ਕੰਮ। | | |
| | | ਵਿਗਿਆਪਨ ਮੁਲ (Rs.) | ਆਫਰ ਦੀ ਵੈਲੇਡਿਟੀ | ਸਮਾਪਨ ਦਾ ਸਮਾਂ |
| | | 20006452.77 | 60 ਦਿਨ | 08 ਮਹੀਨੇ |

Tender Notice No.- 770-W/169/ WA-1/FZR/268-2022-23-ADEN-II-FZR, 269-2022-23-ADEN-LDH, 270-2022-23-ADEN-II-FZR, 271-2022-23-ADEN-LDH, 272-2022-23-ADEN-II-FZR, 273-2022-23-ADEN-II/FZR, 274-2022-23-ADEN-LDH, 275-2022-23-ADEN-LDH, 276-2022-23-FZR & 279-2022-23-Sr.DEN-I/FZR 3063/2022

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਬਾਲ ਵਿਗਿਆਨ ਕਾਂਗਰਸ ਅਧੀਨ ਜ਼ਿਲ੍ਹਾ ਪੱਧਰੀ ਓਰੀਐਂਟੇਸ਼ਨ ਸੈਮੀਨਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਡਿਪਾਰਟਮੈਂਟ ਆਫ ਸਾਇੰਸ ਐਂਡ ਟੈਕਨੋਲਜੀ, ਨੈਸ਼ਨਲ ਕਾਉਂਸਿਲ ਫਾਰ ਸਾਇੰਸ ਤਕਨੀਕ ਤੇ ਸੰਚਾਰ ਭਾਰਤ ਸਰਕਾਰ, ਪੰਜਾਬ ਸਟੇਟ ਕਾਂਉਸਿਲ ਆਫ ਸਾਇੰਸ ਅਤੇ ਤਕਨੀਕ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਜ਼ਿਲ੍ਹਾ ਸਿੱਖਿਆ ਅਫਸਰ (ਸ.ਸ) ਅਤੇ ਉਪ-ਜਿਲ੍ਹਾ ਸਿੱਖਿਆ ਅਫ਼ਸਰ ਕੋਮਲ ਅਰੋੜਾ ਦੀ ਅਗਵਾਈ ਵਿੱਚ ਬਾਲ ਵਿਗਿਆਨ ਕਾਂਗਰਸ ਅਧੀਨ ਜ਼ਿਲ੍ਹਾ ਪੱਧਰੀ ਓਰੀਐਂਟੇਸ਼ਨ ਸੈਮੀਨਾਰ ਸਥਾਨਕ ਦਾਸ ਐਂਡ ਬਰਾਊਨ ਵਰਲਡ ਸਕੂਲ ਵਿੱਚ ਅਯੋਜਤ ਕੀਤਾ ਗਿਆ, ਜਿਸ ਵਿੱਚ ਜ਼ਿਲ੍ਹੇ ਦੇ 260 ਤੋਂ ਵੱਧ ਸਾਇੰਸ ਅਧਿਆਪਕਾਂ ਨੇ ਹਿੱਸਾ ਲਿਆ।

ਜ਼ਿਲ੍ਹਾ ਮੈਂਟਰ ਵਿਗਿਆਨ ਉਮੇਸ਼ ਕੁਮਾਰ ਸਟੇਟ ਅਵਾਰਡੀ ਤੇ ਕੋ-ਕੋਆਰਡੀਨੇਟਰ ਕਮਲ ਸ਼ਰਮਾ ਨੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸੈਮੀਨਾਰ ਵਿੱਚ ਜ਼ਿਲ੍ਹਾ ਸਿੱਖਿਆ ਅਫ਼ਸਰ ਚਮਕੌਰ ਸਿੰਘ ਮੁੱਖ ਮਹਿਮਾਨ ਦੇ ਰੂਪ ਵਿੱਚ ਪਹੁੰਚੇ ।ਉਨ੍ਹਾਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਵਿਗਿਆਨ ਜਿੱਥੇ ਸਾਨੂੰ ਅੰਧ ਵਿਸ਼ਵਾਸਾਂ ਤੋਂ ਦੂਰ ਕਰਕੇ ਤਰਕ ਨਾਲ ਜੋੜਦਾ ਹੈ, ਉਥੇ ਹੀ ਵਿਗਿਆਨ ਇੱਕ ਜੀਵਨ ਜਾਂਚ ਹੈ।

ਉਮੇਸ਼ ਕੁਮਾਰ ਨੇ ਦੱਸਿਆ ਕਿ ਇਸ ਵਾਰ ਬਾਲ ਵਿਗਿਆਨ ਕਾਂਗਰਸ ਦਾ ਫੋਕਲ ਥੀਮ ਸਿਹਤ ਅਤੇ ਤੰਦਰੁਸਤੀ ਲਈ ਈਕੋ ਸਿਸਟਮ ਨੂੰ ਸਮਝਣਾ ਹੈ, ਜਿਸ ਤਹਿਤ 5 ਸਬ-ਥੀਮ ਈਕੋ ਸਿਸਟਮ ਨੂੰ ਸਮਝਣਾ, ਸਿਹਤ ਪੋਸ਼ਣ ਤੇ ਤੰਦਰੁਸਤੀ, ਈਕੋ ਸਿਸਟਮ ਅਤੇ ਸਿਹਤ ਲਈ ਸਮਾਜਿਕ ਅਤੇ ਸੱਭਿਆਚਰਕ ਜੁਗਤਾਂ, ਈਕੋ ਸਿਸਟਮ ਤੇ ਨਿਰਧਾਰਤ ਸਵੈ-ਨਿਰਭਰਤਾ, ਈਕੋ ਸਿਸਟਮ ਤੇ ਸਿਹਤ ਲਈ ਤਕਨੀਕੀ ਨਵੀਨਤਾ ਰੱਖੇ ਗਏ ਹਨ, ਜਿਨ੍ਹਾਂ ਤੇ ਰਿਸੋਰਸ ਪਰਸਨ ਸਚਿਨ ਕੁਮਾਰ, ਦੀਪਤੀ ਧਵਨ, ਗੁਰਮੀਤ ਸਿੰਘ, ਰਾਕੇਸ਼ ਮਾਹਰ ਨੇ ਅਧਿਆਪਕਾਂ ਨਾਲ ਵਿਚਾਰ ਵਟਾਂਦਰਾ ਕੀਤਾ। ਸੈਮੀਨਾਰ ਦਾ ਮੰਤਵ ਜ਼ਿਲ੍ਹਾ ਪੱਧਰੀ ਬਾਲ ਵਿਗਿਆਨ ਕਾਂਗਰਸ ਵਿਚ ਭਾਗ ਲੈਣ ਲਈ ਸਾਇੰਸ ਅਧਿਆਪਕਾਂ ਨੂੰ ਪ੍ਰੇਰਿਤ ਕਰਨਾ ਹੈ।ਇਸ ਮੌਕੇ ਹੋਰਾਂ ਤੋਂ ਇਲਾਵਾ ਬੀਐੱਮ ਵਿਗਿਆਨ ਹਰਜਿੰਦਰ ਸਿੰਘ, ਸੁਮਿਤ ਗਲਹੋਤਰਾ, ਗੁਰਪ੍ਰੀਤ ਸਿੰਘ ਭੁੱਲਰ, ਅਮਿਤ ਅਨੰਦ, ਕਮਲ ਵਧਵਾ, ਗਗਨ ਗੱਖੜ, ਬਲਵਿੰਦਰ ਸਿੰਘ, ਮਨਜੀਤ ਸਿੰਘ, ਨਰੇਸ਼ ਕੁਮਾਰ, ਗੁਰਦਿੱਤਾ ਮਲਹੋਤਰਾ, ਸਾਇੰਸ ਅਧਿਆਪਕ ਰਮਨਦੀਪ ਸ਼ਰਮਾ ਤੇ ਅਰੁਣ ਕੱਕੜ ਹਾਜ਼ਰ ਸਨ।

# ਸੀਸੀਆਰਓ ਟੀਮ ਨੇ ਬਾਲ ਦਿਵਸ 'ਤੇ ਵੰਡੇ ਗਰਮ ਕੱਪੜੇ

**ਜਲਾਲਾਬਾਦ,(ਦਹੂਜਾ)**-ਹਮੇਸ਼ਾ ਹੀ ਸਮਾਜ ਭਲਾਈ ਦੇ ਕੰਮਾਂ 'ਚ ਮੋਹਰੀ ਰਹਿਣ ਵਾਲੇ ਕਰਾਈਮ ਐਂਡ ਕੁਰੱਪਸ਼ਨ ਰਿਫ਼ੋਰਮਜ਼ ਆਰਗੇਨਾਈਜੇਸ਼ਨ (ਸੀ.ਸੀ.ਆਰ.ਓ.) ਦੇ ਸੂਬਾ ਪ੍ਰਧਾਨ ਸ਼ੇਰੂ ਕੱਕੜ ਨੇ ਅੱਜ ਆਪਣੀ ਟੀਮ ਸਮੇਤ ਝੁੱਗੀਆਂ-ਝੌਂਪੜੀਆਂ 'ਚ ਰਹਿਣ ਵਾਲੇ ਪ੍ਰਵਾਸੀ ਭਾਰਤੀਆਂ ਨੂੰ ਸਰਦੀ ਦੇ ਮੌਸਮ ਨੂੰ ਵੇਖਦਿਆਂ ਗਰਮ ਕੱਪੜੇ, ਕੰਬਲ, ਬੂਟ, ਜੁਰਾਬਾਂ ਅਤੇ ਹੋਰ ਸਮੱਗਰੀ ਵੰਡੀ। ਇਸ ਮੌਕੇ ਗੱਲ ਕਰਦਿਆਂ ਸ਼ੇਰੂ ਕੱਕੜ ਨੇ ਕਿਹਾ ਕਿ ਉਹ ਸਮੇਂ-ਸਮੇਂ 'ਤੇ ਸਮਾਜ ਭਲਾਈ ਦੇ ਕੰਮ ਕਰਦੇ ਰਹਿੰਦੇ ਹਨ ਤੇ ਭਵਿੱਖ 'ਚ ਵੀ ਇਸੇ ਤਰ੍ਹਾਂ ਸਮਾਜ ਸੇਵਾ ਕਰਦੇ ਰਹਿਣਗੇ ਤੇ ਜੇ ਕੋਈ ਹੋਰ ਵੀ ਲੋੜਵੰਦ ਪਰਿਵਾਰ ਹਨ ਤਾਂ ਉਹ ਉਨ੍ਹਾਂ ਨੂੰ ਮਿਲਣ ਅਤੇ ਜਿਥੋਂ ਤੱਕ ਹੋਵੇਗਾ ਉਨ੍ਹਾਂ ਦੀ ਵੱਧ ਤੋਂ ਵੱਧ ਮੱਦਦ ਕੀਤੀ ਜਾਵੇਗੀ।


## ਉੱਤਰ ਰੇਲਵੇ

### ਈ-ਟੈਂਡਰ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ - ਟ੍ਰੈਕ, ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ 08.12.2022 ਵਕਤ 15.00 ਵਜੇ ਤਕ www.ireps.gov.in ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੈਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ |
| ਟੈਂਡਰਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨ ਦੀ ਮਿਤੀ ਅਤੇ ਸਮਾਂ |
| 15.11.2022 | 24.11.2022 | 08.12.2022 / 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ | ਟੈਂਡਰ ਦਾ ਵੇਰਵਾ | | |
|---|---|---|---|---|
| 1. | 277-2022-23-ADEN-II-PTK | ਸਹਾਇਕ ਮੰਡਲ ਇੰਜੀਨੀਅਰ ਦੂਸਰੀ / ਪਠਾਨਕੋਟ ਦੇ ਅੰਤਰਗਤ ਭਰੋਲੀ - ਜੰਮੂ ਤਵੀ ਖੰਡ (ਮਾਧੋਪੁਰ) ਸਬ ਡਿਪੋ-1 ਵਿਚ ਬੈਲਾਸਟ ਸਾਈਡਿੰਗ ਵਿਚ 80,000 ਘਨ ਮੀਟਰ 65 ਮਿਲੀਮੀਟਰ ਗੇਜ ਸਟੋਨ ਗਿਟਟੀ (ਯਾਂਤ੍ਰਿਕ ਰੂਪ ਤੋਂ ਟੁਟੀ ਹੋਈ) ਦਾ ਵਿਧੀਵਤ ਚਟਟੇ ਬਣਾਕੇ ਰੇਲਵੇ ਵੈਗਨਾਂ / ਹਾਪਰਾ ਵਿਚ ਲੋਡ ਕਰਕੇ ਆਪੂਰਤੀ ਕਰਨਾ। | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 3,59,94,400/- | 3,30,000 /- | 60 ਦਿਨ | 09 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ - ਮਸ਼ੀਨ ਦੁਵਾਰਾ ਤੋੜੀ ਗਈ ਗਿਟਟੀ ਦੀ ਰੇਲਵੇ / ਹਾਈਵੇ / ਸੜਕ ਦੇ ਕੰਮਾਂ ਦੀ ਆਪੂਰਤੀ। | | | |
| 2. | 278-2022-23-DEN-Track FZR | ਫਿਰੋਜ਼ਪੁਰ ਮੰਡਲ ਵਿਚ ਮੰਡਲ ਇੰਜੀਨੀਅਰ / ਟ੍ਰੈਕ ਦੇ ਖੰਡ ਵਿਚ ਟੀਬੀਆਰ, ਟਰਨਆਊਟ ਅਤੇ ਲੇਆਊਟ ਸੁਧਾਰ ਦੇ ਲਈ ਟੀ-28 ਮਸ਼ੀਨ ਦੇ ਪ੍ਰੀ ਅਤੇ ਪੋਸਟ ਦੇ ਸਬੰਧ ਵਿਚ ਕੰਮ ਕਰਨਾ। | | |
| | ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | 70,82,294.92/- | 1,41,700 /- | 60 ਦਿਨ | 24 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ - ਪੂਰੀ ਟ੍ਰੈਕ ਨਵੀਨੀਕਰਣ / ਪੂਰੀ ਰੇਲ ਨਵੀਨੀਕਰਣ / ਪੂਰੀ ਫਿਟਿੰਗ ਨਵੀਨੀਕਰਣ / ਪੂਰੀ ਟਰਨ ਆਊਟ ਨਵੀਨੀਕਰਣ, ਟ੍ਰੈਕ ਦੇ ਉਠਾਨ ਦੀ ਜਾਂਚ / ਛਨਾਈ, ਡਿਸ੍ਰੈਸਿੰਗ, ਟ੍ਰੈਕ ਮੇਂਟੇਨੇਂਸ ਮਸ਼ੀਨ ਦੇ ਪਹਿਲਾ ਅਤੇ ਬਾਦ ਦੇ ਕੰਮ ਅਤੇ ਟੀ-28 ਮਸ਼ੀਨ ਤੋਂ ਟਰਨ ਆਊਟ ਨਵੀਨੀਕਰਣ ਦਾ ਕੰਮ। | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। 2. ਹਿੰਦੀ ਵਿਚ ਕਿਸੀ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਟੈਂਡਰ ਸੂਚਨਾ ਪੱਤਰ ਨੰ: 770-W/169/WA/FZR/2022-23 ਮਿਤੀ : 15.11.2022 3059/22

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਖੱਤਰੀ ਸਭਾ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਸਮਾਗਮ

## ਗੁਰੂ ਨਾਨਕ ਦੇਵ ਜੀ ਸਮੁੱਚੀ ਮਾਨਵਤਾ ਦੇ ਰਹਿਬਰ ਸਨ : ਵਿਜੇ ਧੀਰ



**ਮੋਗਾ (ਅਮਰਜੀਤ ਬੱਬਰੀ)**-ਇੱਥੇ ਖੱਤਰੀ ਭਵਨ ਵਿੱਚ ਖੱਤਰੀ ਸਭਾ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 553ਵੇਂ ਜਨਮ ਦਿਨ ਨੂੰ ਸਮਰਪਤ ਇੱਕ ਸਮਾਗਮ ਖੱਤਰੀ ਸਭਾ ਚੇਅਰਮੈਨ ਵਿਜੇ ਧੀਰ ਐਡਵੋਕੇਟ ਦੀ ਪ੍ਰਧਾਨਗੀ ਵਿੱਚ ਕਰਵਾਇਆ ਗਿਆ। ਇਸ ਮੌਕੇ ਖੱਤਰੀ ਸਭਾ ਦੇ ਮੈਂਬਰਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰੂਪ 'ਤੇ ਫੁੱਲਮਾਲਾ ਅਰਪਿਤ ਕੀਤੀ ਤੇ ਨਤਮਸਤਕ ਹੋਏ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸਾਂਝੀਵਾਲਤਾ ਦੇ ਸੰਦੇਸ਼ 'ਤੇ ਚੱਲਣ ਦਾ ਸੰਕਲਪ ਲਿਆ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਖੱਤਰੀ ਸਭਾ ਦੇ ਚੇਅਰਮੈਨ ਵਿਜੇ ਧੀਰ ਐਡਵੋਕੇਟ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੇ ਵਿਚਾਰ ਚਰਚਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਕਿਸੇ ਇੱਕ ਫਿਰਕੇ ਦੇ ਨਹੀਂ, ਬਲਕਿ ਸਮੁੱਚੀ ਮਾਨਵਤਾ ਦੇ ਰਹਿਬਰ ਸਨ। ਉਹ ਇੱਕ ਮਹਾਨ ਇਨਕਲਾਬੀ ਸਨ, ਜਿਨ੍ਹਾਂ ਨੇ ਆਪਣੇ ਪ੍ਰਵਚਨਾਂ ਰਾਹੀਂ ਲੋਕਾਂ ਨੂੰ ਜਾਤ-ਪਾਤ ਤੇ ਵਹਿਮਾਂ-ਭਰਮਾਂ 'ਚੋਂ ਕੱਢਣ ਲਈ ਮਾਰਗ ਦਰਸ਼ਨ ਕੀਤਾ। ਇਸ ਮੌਕੇ ਬਲਜਿੰਦਰ ਸਿੰਘ ਸਹਿਗਲ, ਮਹਿਲਾ ਖੱਤਰੀ ਸਭਾ ਦੀ ਸੀਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਸੁਮਨ ਮਲਹੋਤਰਾ ਤੇ ਸਾਬਕਾ ਪ੍ਰਚਾਰ ਸਕੱਤਰ ਰਕੇਸ਼ ਸਿਤਾਰਾ ਨੇ ਵੀ ਗੁਰੂ ਸਾਹਿਬ ਦੀ ਵਿਚਾਰਧਾਰਾ ਤੇ ਉਪਦੇਸ਼ਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਐੱਮ ਐੱਲ ਮੋਲੜੀ, ਭਜਨ ਪ੍ਰਕਾਸ਼ ਵਰਮਾ, ਬਲਜਿੰਦਰ ਸਿੰਘ ਸਹਿਗਲ, ਸੁਮਨ ਮਲਹੋਤਰਾ, ਰਕੇਸ਼ ਵਰਮਾ, ਗੌਤਮ ਕਪੂਰ, ਸੰਜੀਵ ਕੌੜਾ, ਪਵਨ ਕਪੂਰ, ਦਿਨੇਸ਼ ਰਿਹਾਨ, ਅਮੀਸ਼ ਭੰਡਾਰੀ, ਹਰਪ੍ਰੀਤ ਸਿੰਘ ਸਹਿਗਲ, ਸੁਭਾਸ਼ ਸਹਿਗਲ, ਸਰਬਜੀਤ ਮੈਂਗੀ, ਆਦੇਸ਼ਇੰਦਰ ਸਿੰਘ ਸਹਿਗਲ, ਜਗਜੀਵ ਧੀਰ, ਗੌਰਵ ਕਪੂਰ ਆਦਿ ਹਾਜ਼ਰ ਸਨ।

17-Nov Page 8.qxd 11/16/2022 10:53 PM Page 1



# ਡਾ. ਰਾਜ ਕੁਮਾਰ ਨੇ ਵਿਕਾਸ ਕਾਰਜਾਂ 'ਚ ਲਿਆਂਦੀ ਤੇਜ਼ੀ



**ਹੁਸ਼ਿਆਰਪੁਰ (ਓ ਪੀ ਰਾਣਾ )** ਆਪਣੇ ਹਲਕਾ ਵਾਸੀਆਂ ਦੀ ਪ੍ਰੇਸ਼ਾਨੀ, ਦਿੱਕਤ ਨੂੰ ਸਮਝਦਿਆਂ, ਉਸਨੂੰ ਹੱਲ ਕਰਨ ਲਈ ਆਪਣੀ ਹਰ ਕੋਸ਼ਿਸ਼ ਕਰਨਾ ਮੇਰੀ ਫਿਤਰਤ ਚ ਸ਼ੁਮਾਰ ਰਿਹਾ ਹੈ, ਜਿਸਦੇ ਚੱਲਦਿਆਂ ਕਈ ਅਜਿਹੇ ਕੰਮ ਵੀ ਕੀਤੇ ਜੋਕਿ ਪਹਿਲਾ ਅਸੰਭਵ ਜਾਪਦੇ ਸਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਵਿਧਾਇਕ ਡਾ. ਰਾਜ ਕੁਮਾਰ ਨੇ ਪਿੰਡ ਟੋਹਲੀਆਂ ਵਿੱਚ 43 ਲੱਖ ਦੀ ਲਾਗਤ ਨਾਲ ਲਗਾਏ ਜਾ ਰਹੇ ਨਵੇਂ ਟਿਊਬਵੈੱਲ ਦੇ ਕੰਮ ਦੀ ਸ਼ੁਰੂਆਤ ਕਰਦਿਆਂ ਕੀਤਾ। ਇਸ ਮੌਕੇ 'ਤੇ ਪਿੰਡ ਦੀ ਸਰਪੰਚ ਹਰਪਾਲ ਕੌਰ ਨੇ ਵਿਧਾਇਕ ਡਾ. ਰਾਜ ਕੁਮਾਰ ਦਾ ਸਮੂਹ ਪਿੰਡ ਵਾਸੀਆਂ ਵਲੋਂ ਧੰਨਵਾਦ ਕਰਦਿਆਂ ਕਿਹਾ ਕਿ ਟੋਹਲੀਆਂ ਪਿੰਡ ਬਹੁਤ ਸਾਲਾਂ ਤੋਂ ਪੀਣ ਦੇ ਪਾਣੀ ਦੀ ਸਮੱਸਿਆ ਨਾਲ ਜੂਝ ਰਿਹਾ ਸੀ ਜਿਸਦਾ ਅੰਤ ਅੱਜ ਡਾ. ਰਾਜ ਕੁਮਾਰ ਦੇ ਹੱਥੋਂ ਹੋਣ ਜਾ ਰਿਹਾ ਹੈ। ਉਹਨਾਂ ਦੱਸਿਆ ਕਿ ਪਿੰਡ ਵਾਸੀਆਂ ਨੇ ਅਤੇ ਪਿੰਡ ਦੀ ਪੰਚਾਇਤ ਨੇ ਕਈ ਵਾਰ ਇਸ ਸੰਬੰਧ ਵਿੱਚ ਸਾਬਕਾ ਵਿਧਾਇਕ ਅਤੇ ਸਬੰਧਿਤ ਅਧਿਕਾਰੀਆਂ ਨਾਲ ਵੀ ਗੱਲ ਕੀਤੀ ਸੀ ਪਰ ਪਿੰਡ ਦੀ ਆਬਾਦੀ ਘੱਟ ਹੋਣ ਕਾਰਣ ਹਮੇਸ਼ਾ ਨਾਂਹ ਵਿੱਚ ਹੀ ਜੁਆਬ ਮਿਲਿਆ। ਪਰੰਤੂ ਡਾ. ਰਾਜ ਨੇ ਉਹਨਾਂ ਨੂੰ ਭਰੋਸਾ ਦਿੱਤਾ ਸੀ ਕਿ ਬਾਵਜੂਦ ਇਸ ਅੜਿੱਕੇ ਦੇ ਉਹ ਆਪਣੀ ਸਰਕਾਰ ਅਤੇ ਉੱਚ ਅਧਿਕਾਰੀਆਂ ਨਾਲ ਗੱਲ ਕਰਕੇ ਇਸ ਮਸਲੇ ਨੂੰ ਹੱਲ ਕਰਵਾਉਣ ਲਈ ਪੁਰਜੋਰ ਕੋਸ਼ਿਸ਼ ਕਰਨਗੇ। ਪਿੰਡ ਦੇ ਬਜ਼ੁਰਗ ਗਿਆਨ ਚੰਦ ਨੇ ਕਿਹਾ ਕਿ ਡਾ. ਰਾਜ ਕੁਮਾਰ ਨੇ ਆਪਣੇ ਬੋਲ ਪੂਰੇ ਕਰ ਦਿੱਤੇ ਅਤੇ ਆਪਣਾ ਵਾਅਦਾ ਪੂਰਾ ਕਰ ਵਿਖਾਇਆ। ਉਹਨਾਂ ਨੇ ਖੁਸ਼ੀ ਜਾਹਿਰ ਕੀਤੀ ਕਿ ਹੁਣ ਉਹਨਾਂ ਦੇ ਪਿੰਡ ਨੂੰ ਰੋਜ਼ਾਨਾ ਦੀ ਤੰਗੀ ਤੋਂ ਨਿਜ਼ਾਤ ਮਿਲ ਗਈ ਹੈ ਕਿਉਂਕਿ ਪਹਿਲਾਂ ਟੋਹਲੀਆਂ ਨੂੰ ਸ਼ੁਭਾਨਪੁਰ ਪਿੰਡ ਤੋਂ ਪਾਣੀ ਦੀ ਸਪਲਾਈ ਆਉਂਦੀ ਸੀ, ਜਿਸ ਵਿੱਚ ਕਦੇ ਪਾਈਪ ਟੁੱਟਣ ਜਾਂ ਲੀਕ ਹੋਣ ਕਾਰਨ ਤੇ ਕਦੇ ਹੋਰਨਾਂ ਕਾਰਨਾਂ ਨਾਲ ਪਾਣੀ ਨਹੀਂ ਆਉਂਦਾ ਸੀ। ਪਿੰਡ ਵਾਸੀਆਂ ਨੇ ਕਿਹਾ ਕਿ ਡਾ. ਰਾਜ ਕੁਮਾਰ ਨੇ ਪਿੰਡ ਵਾਸੀਆਂ ਦੀਆਂ ਬਹੁਤ ਮੰਗਾਂ ਪੂਰੀਆਂ ਕੀਤੀਆ ਹਨ ਪਰ ਇਸ ਬੇਨਤੀ ਨੂੰ ਸਵੀਕਾਰ ਕਰ ਨਵਾਂ ਟਿਊਬਵੈਲ ਲਗਵਾ ਕੇ ਤਾਂ ਉਹਨਾਂ ਨੇ ਇੱਕ ਅਸੰਭਵ ਕੰਮ ਵੀ ਸੰਭਵ ਕਰ ਵਿਖਾਇਆ ਹੈ, ਜਿਸ ਲਈ ਸਾਨੂੰ ਆਪਣੇ ਵਿਧਾਇਕ ਤੇ ਮਾਣ ਹੈ। ਪਿੰਡ ਦੇ ਬਜ਼ੁਰਗਾਂ ਨੇ ਇਸ ਅਵਸਰ ਤੇ ਡਾ. ਰਾਜ ਕੁਮਾਰ ਨੂੰ ਰੱਜ-ਰੱਜ ਅਸੀਸਾਂ ਦਿੱਤੀਆਂ ਅਤੇ ਅਗਾਂਹ ਲਈ ਵੀ ਆਪਣੇ ਭਰਪੂਰ ਸਾਥ ਅਤੇ ਸਮਰਥਨ ਦਾ ਵਿਸ਼ਵਾਸ ਦਿਵਾਉਂਦਿਆਂ ਕਿਹਾ ਕਿ ਉਹ ਹੋਰ ਤਰੱਕੀਆਂ ਕਰਨ। ਸਰਪੰਚ ਹਰਪਾਲ ਕੌਰ ਨੇ ਕਿਹਾ ਕਿ ਪਿੰਡ ਵਾਸੀਆਂ ਨੂੰ ਪੂਰਣ ਅਹਿਸਾਸ ਹੋ ਗਿਆ ਹੈ ਕਿ ਡਾ. ਰਾਜ ਦੀ ਤਰ੍ਹਾਂ ਕੋਈ ਵੀ ਨੇਤਾ ਸਾਡਾ ਖਿਆਲ ਨਹੀਂ ਰੱਖ ਸਕਦਾ ਅਤੇ ਆਪਣੇ ਵਾਅਦੇ ਪੂਰੇ ਕਰਨ ਲਈ ਜਾਨ ਲਗਾ ਦਿੰਦੇ ਹਨ। ਡਾ. ਰਾਜ ਕੁਮਾਰ ਨੇ ਹਾਜ਼ਰ ਇਕੱਠ ਨੂੰ, ਸਮੂਹ ਪੰਚਾਇਤ ਅਤੇ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਅਗਾਂਹ ਵੀ ਉਹ ਹਲਕੇ ਦੇ ਸਾਰੇ ਪਿੰਡਾਂ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਲਈ ਆਪਣੀ ਪੂਰੀ ਵਾਹ ਲਗਾਉਣਗੇ। ਉਨਾਂ ਦੱਸਿਆ ਕਿ ਉਹਨਾਂ ਨੇ ਅਜਿਹੇ 5 ਟਿਊਬਵੈਲਾਂ ਦੀ ਅਪ ਮਨਜੂਰੀ ਆਪਣੀ ਸਰਕਾਰ ਤੋਂ ਲਈ ਸੀ ਜੋਕਿ ਟੋਹਲੀਆਂ ਦੇ ਇਲਾਵਾ ਬਾੜੀਆਂ, ਮੁਖੋਮਜਾਰਾ, ਖਰੜ ਅਤੇ ਅਛੱਰਵਾਲ ਪਿੰਡਾਂ ਵਿੱਚ ਲਗਾਏ ਜਾਣਗੇ। ਇਸ ਮੌਕੇ 'ਤੇ ਸਰਪੰਚ ਹਰਪਾਲ ਕੌਰ, ਪੰਚ ਕਮਲਦੀਪ, ਪੰਚ ਜਗਦੀਪ ਸਿੰਘ, ਪੰਚ ਸਤਨਾਮ ਸਿੰਘ, ਪੰਚ ਰੇਸ਼ਮ ਕੌਰ, ਗਿਆਨ ਚੰਦ, ਰਾਮ ਆਸਰਾ, ਬਲਵੀਰ ਚੰਦ, ਸੁਖਦੇਵ ਸਿੰਘ, ਉਕਾਰ ਸਿੰਘ ਸੰਮਰਾ, ਪਰਮਜੀਤ ਸਿੰਘ, ਨੰਬਰਦਾਰ ਸੋਹਣ ਸਿੰਘ, ਨੰਬਰਦਾਰ ਹਰਭਜਨ ਸਿੰਘ, ਬਲਵੀਰ ਚੰਦ, ਭਜਨ ਚੰਦ, ਪ੍ਰੀਤਮ ਚੰਦ, ਮੁਖਤਿਆਰ ਸਿੰਘ, ਰਛਪਾਲ ਸਿੰਘ, ਦਵਿੰਦਰ ਸਿੰਘ, ਸੀਤਲ ਚੰਦ, ਮਨਜੀਤ ਕੌਰ, ਮੋਹਨ ਸਿੰਘ, ਜਗੀਰ ਕੌਰ, ਬਬਲਾ, ਰਾਣੀ, ਪੰਮੀ, ਮਨਦੀਪ ਕੌਰ ਆਦਿ ਮੌਜੂਦ ਸਨ।

## ਡੀ ਟੀ ਐੱਫ ਬਲਾਕ ਸ਼ਾਹਕੋਟ ਇੱਕ ਤੇ ਦੋ ਦਾ ਅਜਲਾਸ ਵੱਡੀ ਅਧਿਆਪਕ ਲਹਿਰ ਉਸਾਰਨ ਦੇ ਸੱਦੇ ਨਾਲ ਸੰਪੰਨ



**ਜਲੰਧਰ (ਕੇਸਰ)**-ਡੈਮੋਕ੍ਰੇਟਿਕ ਟੀਚਰਜ਼ ਫਰੰਟ (ਪੰਜਾਬ) ਬਲਾਕ ਸ਼ਾਹਕੋਟ ਇਕ ਤੇ ਦੋ ਦਾ ਸਰਦਾਰ ਦਰਬਾਰਾ ਸਿੰਘ ਮੈਮੋਰੀਅਲ ਸਰਕਾਰੀ (ਕੰਨਿਆ) ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਲਸੀਆਂ ਵਿਖੇ ਜ਼ਿਲ੍ਹਾ ਵਿੱਤ ਸਕੱਤਰ ਗੁਰਮੁਖ ਸਿੰਘ ਸਿੱਧੂ ਦੀ ਨਿਗਰਾਨੀ ਹੇਠ ਕਰਵਾਇਆ ਇਜਲਾਸ ਵੱਡੀ ਅਧਿਆਪਕ ਲਹਿਰ ਦੇ ਸੱਦੇ ਨਾਲ ਸਫਲਤਾ ਪੂਰਵਕ ਸੰਪੰਨ ਹੋ ਗਿਆ। ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕੋਟਲੀ ਨੇ ਅਧਿਆਪਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਹੱਲ ਅਤੇ ਸਿੱਖਿਆ ਨੂੰ ਬਚਾਉਣ ਲਈ ਡੀ.ਟੀ.ਐਫ ਨਾਲ ਜੁੜਨ ਦਾ ਸੱਦਾ ਦਿਤਾ। ਇਸ ਮੌਕੇ ਬਲਾਕ ਸ਼ਾਹਕੋਟ ਇਕ ਦੀ ਚੁਣੀ ਗਈ ਕਮੇਟੀ 'ਚ ਸੁਖਵਿੰਦਰਪ੍ਰੀਤ ਸਿੰਘ ਪ੍ਰਧਾਨ,ਨਰਿੰਦਰਪਾਲ ਮੀਤ ਪ੍ਰਧਾਨ,ਰਾਜਵਿੰਦਰਪਾਲ ਸਿੰਘ ਸਕੱਤਰ,ਗੌਰਵ ਕੁਮਾਰ ਵਿੱਤ ਸਕੱਤਰ,ਮਨਜਿੰਦਰ ਸਿੰਘ ਰੰਧਾਵਾ ਪ੍ਰੈਸ ਸਕੱਤਰ ਅਤੇ ਜਗਜੀਤ ਸਿੰਘ,ਗੁਰਚਰਨ ਸਿੰਘ ਭੋਡੀਪੁਰ,ਗੁਰਮੁਖ ਸਿੰਘ ਸਿੱਧੂ,ਸੁਖਜਿੰਦਰ ਸਿੰਘ,ਨਵਜੋਤ ਸਿੰਘ ਅਤੇ ਗੁਰਮੀਤ ਸਿੰਘ ਕੋਟਲੀ ਨੂੰ ਐਗਜੈਕਟਿਵ ਕਮੇਟੀ ਮੈਂਬਰ ਚੁਣੇ ਗਏ। ਬਲਾਕ ਸ਼ਾਹਕੋਟ ਦੋ ਦੀ ਗਠਿਤ ਕਮੇਟੀ 'ਚ ਅੰਮ੍ਰਿਤਪਾਲ ਸਿੰਘ ਪ੍ਰਧਾਨ,ਪਵਿੱਤਰ ਸਿੰਘ ਤੇ ਤਰਲੋਚਨ ਸਿੰਘ ਮੀਤ ਪ੍ਰਧਾਨ,ਅਮਨਦੀਪ ਸਿੰਘ ਸ਼ਾਹਕੋਟ ਸਕੱਤਰ,ਬਲਵਿੰਦਰ ਸਿੰਘ ਮੁਰੀਦਵਾਲ ਵਿੱਤ ਸਕੱਤਰ,ਸੁਰਿੰਦਰਜੀਤ ਸਿੰਘ ਪ੍ਰੈਸ ਸਕੱਤਰ ਅਤੇ ਮਨਜਿੰਦਰ ਸਿੰਘ ਸ਼ਾਹਕੋਟ,ਰਾਜਨ ਸੱਭਰਵਾਲ,ਕੁਲਵੰਤ ਰਾਏ,ਵਰਿੰਦਰ ਕੁਮਾਰ ਅਤੇ ਰਵਿੰਦਰ ਸਿੰਘ ਐਗਜੈਕਟਿਵ ਕਮੇਟੀ ਮੈਂਬਰ ਚੁਣੇ ਗਏ।

## ਖੇਡ ਮੰਤਰੀ ਮੀਤ ਹੇਅਰ ਨੇ 'ਵਰਸਿਟੀ ਤੇ ਐਵਾਰਡ ਜੇਤੂ ਖਿਡਾਰੀਆਂ ਨੂੰ ਦਿੱਤੀਆਂ ਮੁਬਾਰਕਾਂ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਕੇਂਦਰੀ ਖੇਡ ਮੰਤਰਾਲੇ ਵੱਲੋਂ ਸਾਲ 2022 ਲਈ ਐਲਾਨੇ ਕੌਮੀ ਖੇਡ ਪੁਰਸਕਾਰਾਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੂੰ ਮੌਲਾਨਾ ਅਬੁਲ ਕਲਾਮ ਅਜਾਦ (ਮਾਕਾ) ਟਰਾਫੀ ਲਈ ਚੁਣਿਆ ਗਿਆ ਹੈ। ਦੇਸ਼ ਦੀਆਂ ਯੂਨੀਵਰਸਿਟੀਆਂ ਵਿੱਚੋਂ ਖੇਡਾਂ ਵਿੱਚ ਸਰਵੋਤਮ ਰਹਿਣ ਵਾਲੀ ਯੂਨੀਵਰਸਿਟੀ ਨੂੰ ਦਿੱਤੀ ਜਾਂਦੀ ਮਾਕਾ ਟਰਾਫੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਨੇ ਰਿਕਾਰਡ 24ਵੀਂ ਵਾਰ ਜਿੱਤੀ ਹੈ। ਖੇਡ ਪੁਰਸਕਾਰਾਂ ਵਿੱਚ ਰਾਸਟਰਮੰਡਲ ਖੇਡਾਂ ਵਿੱਚ ਮੈਡਲ ਜਿੱਤਣ ਵਾਲੇ ਵੇਟਲਿਫਟਰ ਪੰਜਾਬ ਦੇ ਵਿਕਾਸ ਠਾਕੁਰ ਨੂੰ ਅਰਜੁਨਾ ਐਵਾਰਡ, ਤੀਰਅੰਦਾਜੀ ਕੋਚ ਜੀਵਨਜੋਤ ਸਿੰਘ ਤੇਜਾ ਨੂੰ ਦਰੋਣਾਚਾਰੀਆ ਐਵਾਰਡ ਅਤੇ ਹਾਕੀ ਓਲੰਪੀਅਨ ਧਰਮਵੀਰ ਸਿੰਘ ਨੂੰ ਧਿਆਨ ਚੰਦ ਲਾਈਫ ਟਾਈਮ ਅਚੀਵਮੈਂਟ ਐਵਾਰਡ ਲਈ ਚੁਣਿਆ ਗਿਆ ਹੈ। ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਦੀ ਅਗਵਾਈ ਹੇਠ ਸਮੁੱਚੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਖਿਡਾਰੀਆਂ ਤੇ ਕੋਚਾਂ ਨੂੰ ਇਸ ਮਾਣਮੱਤੀ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ ਹੈ ਉਨ੍ਹਾਂ ਕਿਹਾ ਕਿ ਪੰਜਾਬ ਲਈ ਮਾਣ ਵਾਲੀ ਗੱਲ ਹੈ ਕਿ ਪੰਜਾਬ ਦੀ ਵੱਕਾਰੀ ਯੂਨੀਵਰਸਿਟੀ ਨੇ ਰਿਕਾਰਡ 24ਵੀਂ ਵਾਰ ਮਾਕਾ ਟਰਾਫੀ ਜਿੱਤੀ ਹੈ। ਖੇਡ ਮੰਤਰੀ ਨੇ ਕੌਮੀ ਪੁਰਸਕਾਰ ਜਿੱਤਣ ਵਾਲੇ ਪੰਜਾਬ ਦੇ ਖਿਡਾਰੀਆਂ ਤੇ ਕੋਚ ਨੂੰ ਵੀ ਮੁਬਾਰਕਬਾਦ ਦਿੱਤੀ ਹੈ।

## ਉਡਾਰੀਆਂ ਬਾਲ ਵਿਕਾਸ ਮੇਲਾ ਮਨਾਉਣ ਦੀ ਸ਼ੁਰੂਆਤ: ਸੀ ਡੀ ਪੀ ਓ



**ਐਸ.ਏ.ਐਸ.ਨਗਰ, (ਗੁਰਜੀਤ ਬਿੱਲਾ)**-ਡਾਇਰੈਕਟਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸੀ.ਡੀ.ਪੀ.ਓ. ਖਰੜ-2 ਦੇ ਆਂਗਣਵਾੜੀ ਸੈਂਟਰਾਂ ਵਿਚ ਬਾਲ ਵਿਕਾਸ ਮੇਲੇ ਦੀ ਸ਼ੁਰੂਆਤ ਕੀਤੀ ਗਈ ਅਤੇ ਬਾਲ ਦਿਵਸ ਮਨਾਇਆ ਗਿਆ। ਆਂਗਣਵਾੜੀ ਦੇ ਬੱਚਿਆਂ ਵਲੋਂ ਕਈ ਤਰ੍ਹਾਂ ਦੀਆਂ ਗਤੀਵਿਧੀਆਂ ਕੀਤੀਆਂ ਗਈਆਂ। ਜਿਨ੍ਹਾਂ ਵਿੱਚ ਕਵਿਤਾ ਮੁਕਾਬਲਾ, ਡਾਂਸ, ਮਾਨਸਿਕ ਅਤੇ ਸਰੀਰਕ ਗਤੀਵਿਧੀਆਂ ਸਾਮਲ ਸਨ। ਇਸ ਦੌਰਾਨ ਬੱਚਿਆਂ ਵਿਚ ਕਾਫੀ ਉਤਸ਼ਾਹ ਵੇਖਣ ਨੂੰ ਮਿਲਿਆ। ਜਾਣਕਾਰੀ ਦਿੰਦੇ ਹੋਏ ਸੀ.ਡੀ.ਪੀ.ਓ ਨੇ ਦੱਸਿਆ ਕਿ ਬਾਲ ਵਿਕਾਸ ਮੇਲਾ 20 ਨਵੰਬਰ 2022 ਤੱਕ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੇਲੇ ਦੌਰਾਨ ਰੁੱਖ ਲਗਾਏ ਜਾਣਗੇ, ਸੁਪੋਸ਼ਣ ਸਬੰਧੀ ਤੇ ਮਾਪਿਆਂ ਨੂੰ ਜਾਗਰੂਕ ਕੀਤਾ ਜਾਵੇਗਾ, ਦਾਦਾ-ਦਾਦੀ, ਨਾਨਾ-ਨਾਨੀ ਦਿਵਸ, ਪਿੰਡ ਦੀ ਸਾਫ-ਸਫਾਈ, ਬੱਚਿਆਂ ਦੀ ਕਵਿਤਾ ਅਤੇ ਡਾਂਸ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਨੇ ਅੱਗੇ ਕਿਹਾ ਕਿ ਇਸ ਦੇ ਨਾਲ ਮਾਵਾਂ ਅਤੇ ਬਾਕੀ ਪਵਿਾਰਕ ਮੈਂਬਰਾਂ ਨੂੰ ਵੀ ਬਾਲ ਵਿਕਾਸ ਸਬੰਧੀ ਗਤੀਵਿਧੀਆਂ ਦੀ ਸਿਖਲਾਈ ਦਿੱਤੀ ਜਾਵੇਗੀ ਕਿਉਂਕਿ ਬੱਚਿਆਂ ਦੇ ਮੁੱਢਲੇ ਵਿਕਾਸ ਵਿੱਚ ਮਾਪਿਆਂ ਦੀ ਅਹਿਮ ਭੂਮਿਕਾ ਹੁੰਦੀ ਹੈ।

# ਮਾਨ ਸਰਕਾਰ ਅੰਮ੍ਰਿਤਸਰ ਸ਼ਹਿਰ ਦੇ ਸੁੰਦਰੀਕਰਨ ਲਈ ਖਰਚੇਗੀ 5 ਕਰੋੜ ਰੁਪਏ: ਡਾ. ਨਿੱਜਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅੰਮ੍ਰਿਤਸਰ ਸਹਿਰ ਦੇ ਸੁੰਦਰੀਕਰਨ ਲਈ 5 ਕਰੋੜ ਰੁਪਏ ਖਰਚ ਕਰੇਗੀ। ਇਸ ਸੰਬੰਧੀ ਟੈਂਡਰ ਮੰਗ ਲਏ ਗਏ ਹਨ। ਇਹ ਜਾਣਕਾਰੀ ਸਥਾਨਕ ਸਰਕਾਰਾਂ ਮੰਤਰੀ ਡਾ. ਇੰਦਰਬੀਰ ਸਿੰਘ ਨਿੱਜਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਅਤੇ ਸਾਫ ਸੁਥਰਾ ਵਾਤਾਵਰਣ ਮੁਹੱਈਆ ਕਰਵਾਉਣ ਅਤੇ ਸਕੂਲਾਂ ਦੇ ਬੱਚਿਆਂ ਨੂੰ ਪੜਾਈ ਲਈ ਵਧੀਆ ਮਾਹੌਲ ਦੇਣ ਦੇ ਉਦੇਸ ਨਾਲ ਅੰਮ੍ਰਿਤਸਰ ਸ਼ਹਿਰ ਦੇ ਪਾਰਕਾਂ ਅਤੇ ਸਕੂਲਾਂ ਦੇ ਸੁੰਦਰੀਕਰਨ 'ਤੇ 5 ਕਰੋੜ ਦਾ ਖਰਚਾ ਕਰਨ ਦਾ ਫੈਸਲਾ ਕੀਤਾ ਹੈ। ਡਾ. ਨਿੱਜਰ ਨੇ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਅੰਮ੍ਰਿਤਸਰ ਸਹਿਰ ਦੇ ਦੱਖਣੀ ਹਲਕੇ ਦੇ 6 ਵਾਰਡਾਂ ਦੇ 15 ਪਾਰਕਾਂ ਦਾ ਪੁਨਰ ਵਿਕਾਸ ਅਤੇ ਸੁੰਦਰੀਕਰਨ ਕਰਨ ਲਈ 1,51,81,000 ਰੁਪਏ ਖਰਚ ਕੀਤੇ ਜਾਣਗੇ, ਜਿਸ ਨਾਲ ਅੰਮ੍ਰਿਤਸਰ ਸ਼ਹਿਰ ਦੇ ਵਾਸੀਆਂ ਨੂੰ ਸਾਫ-ਸੁਥਰਾ ਵਾਤਾਵਰਣ ਮਿਲੇਗਾ ਅਤੇ ਲੋਕਾਂ ਨੂੰ ਆਪਣੀ ਸਿਹਤ ਠੀਕ ਰੱਖਣ ਲਈ ਸੈਰ ਕਰਨ ਲਈ ਵੀ ਵਧੀਆ ਸਹੂਲਤ ਮਿਲੇਗੀ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਅੰਮ੍ਰਿਤਸਰ ਸ਼ਹਿਰ ਦੇ ਦੱਖਣੀ ਹਲਕੇ ਦੇ 6 ਵੱਖ-ਵੱਖ ਸਕੂਲਾਂ ਦਾ ਨਵੀਨੀਕਰਨ ਅਤੇ ਸੁੰਦਰੀਕਰਨ ਕਰਨ ਲਈ 3,59,78000 ਰੁਪਏ ਦਾ ਖਰਚੇ ਜਾਣਗੇ, ਜਿਸ ਨਾਲ ਅੰਮ੍ਰਿਤਸਰ ਦੇ ਦੱਖਣੀ ਹਲਕੇ ਦੇ ਸਕੂਲ ਦੇ ਬੱਚਿਆਂ ਨੂੰ ਪੜਾਈ ਕਰਨ ਲਈ ਵਧੀਆ ਵਾਤਾਵਰਣ ਉਪਲਬਧ ਕਰਵਾਉਣ ਵਿਚ ਸਹਾਇਤਾ ਮਿਲੇਗੀ। ਉਨ੍ਹਾਂ ਅੱਗੇ ਦੱਸਿਆ ਕਿ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਇਹਨਾਂ ਪਾਰਕਾਂ ਦੇ ਪੁਨਰ ਵਿਕਾਸ ਅਤੇ ਸਕੂਲਾਂ ਦੇ ਨਵੀਨੀਕਰਨ ਲਈ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਵੈੱਬਸਾਈਟ . www.eproc.punjab.gov.in 'ਤੇ ਪਹਿਲਾਂ ਹੀ ਟੈਂਡਰ ਈ-ਪਬਲਿਸ ਕਰ ਦਿੱਤੇ ਗਏ ਹਨ। ਇਹਨਾਂ ਕੰਮਾਂ ਲਈ ਬਿੱਡ ਜਮ੍ਹਾਂ ਕਰਵਾਉਣ ਦੀ ਅੰਤਿਮ ਮਿਤੀ 22 ਨਵੰਬਰ 2022 ਬਾਅਦ ਦੁਪਹਿਰ 3 ਵਜੇ ਤੱਕ ਨਿਸਚਿਤ ਕੀਤੀ ਗਈ ਹੈ। ਪ੍ਰਾਪਤ ਬਿੱਡਜ ਇਸੇ ਮਿਤੀ ਨੂੰ ਬਾਅਦ ਦੁਪਹਿਰ 4 ਵਜੇ ਖੋਲ੍ਹੀ ਜਾਵੇਗੀ। ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਸਬੰਧਤ ਕਾਰਜਾਂ ਨੂੰ ਪੂਰੀ ਪਾਰਦਰਸ਼ਤਾ ਅਤੇ ਗੁਣਵੱਤਾ ਅਨੁਸਾਰ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ।

## ਮਾਈਨਿੰਗ ਮੰਤਰੀ ਦੇ ਇਸ਼ਾਰੇ 'ਤੇ ਸੰਘਰਸ਼ ਕਮੇਟੀ ਵਿਰੁੱਧ ਦਰਜ ਪਰਚਿਆਂ ਦੀ ਕੀਤੀ ਕਰੜੀ ਨਿੰਦਾ



**ਸ੍ਰੀ ਅਨੰਦਪੁਰ ਸਾਹਿਬ (ਸੁਰਜੀਤ ਢੇਰ)**—ਇਲਾਕੇ ਵਿੱਚ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ ਨੂੰ ਰੋਕਣ ਵਾਲੀ ਇਲਾਕਾ ਸੰਘਰਸ਼ ਕਮੇਟੀ ਦੇ ਅਹੁਦੇਦਾਰਾਂ ਉਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਇਸ਼ਾਰੇ 'ਤੇ ਨੰਗਲ ਪੁਲਸ ਵੱਲੋਂ ਕੀਤੇ ਦਰਜ ਪਰਚਿਆਂ ਦੀ ਕਰੜੇ ਸਬਦਾਂ ਵਿੱਚ ਨਿੰਦਾ ਕੀਤੀ ਗਈ। ਇੱਥੇ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਦੀ ਸਾਂਝੀ ਮੀਟਿੰਗ ਕੀਤੀ ਗਈ। ਜਿਸ ਵਿੱਚ ਸ਼ਾਮਲ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਢੇਰ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਮਾਸਟਰ ਗੁਰਨਾਇਬ ਸਿੰਘ ਜੈਤੇਵਾਲ, ਮੁਲਾਜਮਾਂ ਦੇ ਆਗੂ ਦਰਸਨ ਸਿੰਘ ਬੜਵਾ,ਖੇਤ ਮਜਦੂਰ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਬਜਿੰਦਰ ਪੰਡਤ, ਸੀਟੂ ਦੇ ਜ਼ਿਲ੍ਹਾ ਆਗੂ ਪ੍ਰੇਮ ਚੰਦ ਜੱਟ ਪੁਰ ਅਤੇ ਜਨਵਾਦੀ ਇਸਤਰੀ ਸਭਾ ਦੀ ਪ੍ਰਧਾਨ ਪ੍ਰੋਮਿਲਾ ਦੇਵੀ ਨੇ ਪ੍ਰੈਸ ਨੂੰ ਜਾਰੀ ਸਾਂਝੇ ਬਿਆਨ ਵਿੱਚ ਦੱਸਿਆ ਕਿ ਇਲਾਕੇ ਵਿੱਚ ਪਿਛਲੀਆਂ ਸਰਕਾਰਾਂ ਸਮੇਂ ਤੇ ਹੁਣ ਮੌਜੂਦਾ ਸਰਕਾਰ ਸਮੇਂ ਗੈਰ ਕਾਨੂੰਨੀ ਮਾਈਨਿੰਗ ਦਾ ਵੱਡੇ ਪੱਧਰ 'ਤੇ ਇਲਾਕਾ ਸੰਘਰਸ਼ ਕਮੇਟੀ ਵਿਰੋਧ ਕਰਦੀ ਸੀ ਤੇ ਕਰ ਰਹੀ ਹੈ। ਮਾਈਨਿੰਗ ਦਾ ਵਿਰੋਧ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਹੀ ਕੀਤਾ ਜਾਂਦਾ ਹੈ। ਹੁਣ ਵੀ ਭਲਾਣ ਪਿੰਡ ਦੀ ਪੰਚਾਇਤ ਦੀ ਬਿਨਾਂ ਕਿਸੇ ਮੰਨਜ਼ੂਰੀ ਤੋਂ ਸਰੇਆਮ ਮਾਈਨਿੰਗ ਪੁਲਸ ਦੀ ਹਾਜਰੀ ਵਿੱਚ ਕੀਤੀ ਜਾ ਰਹੀ ਸੀ। ਜਿਸ ਦਾ ਪਿੰਡ ਦੀ ਸਮੁੱਚੀ ਪੰਚਾਇਤ ਸਮੇਤ ਇਲਾਕੇ ਦੇ ਲੋਕ, ਸੰਘਰਸ਼ ਕਮੇਟੀ ਨੇ ਵਿਰੋਧ ਕੀਤਾ ਤੇ ਮਾਈਨਿੰਗ ਬੰਦ ਕਰਵਾਈ। ਪਰ ਮੰਤਰੀ ਨੂੰ ਇਹ ਗੱਲ ਹਜਮ ਨਹੀਂ ਹੋ ਸਕੀ। ਜਿਸ ਨੇ ਸਾਜ਼ਿਸ਼ ਦੇ ਤਹਿਤ ਸੰਘਰਸ਼ ਕਮੇਟੀ ਦੇ ਮੈਂਬਰਾਂ ਤੇ ਝੂਠੇ ਪਰਚੇ ਦਰਜ ਕਰਵਾ ਦਿੱਤੇ। ਆਗੂਆਂ ਨੇ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ , ਸੂਬੇ ਦੇ ਰਾਜਪਾਲ ਕੋਲੋਂ ਮੰਗ ਕੀਤੀ ਕਿ ਇਲਾਕੇ ਅੰਦਰ ਹੋ ਰਹੀ ਗੈਰ ਕਾਨੂੰਨੀ ਮਾਈਨਿੰਗ ਦੀ ਸੀਬੀਆਈ ਜਾਂ ਫਿਰ ਹਾਈਕੋਰਟ ਦੇ ਜੱਜ ਕੋਲੋਂ ਉਚ ਪੱਧਰੀ ਜਾਂਚ ਕਰਵਾਈ ਜਾਵੇ। ਇਥੇ ਇਹ ਵੀ ਮੰਗ ਕੀਤੀ ਕਿ ਵਾਇਰਲ ਹੋਈਆਂ ਆਡੀਓ ਦੀ ਜਾਂਚ ਕੀਤੀ ਜਾਵੇ। ਪੰਜਾਬ ਪੁਲਸ ਉਚ ਪੱਧਰੀ ਜਾਂਚ ਕਰਕੇ ਕਮੇਟੀ ਨੂੰ ਇਨਸਾਫ ਦੇਵੇ। ਆਗੂਆਂ ਨੇ ਕਿਹਾ ਕਿ ਸੰਘਰਸ਼ ਕਮੇਟੀ ਜੋ ਵੀ ਸੰਘਰਸ਼ ਆਰੰਭੇਗੀ ਉਸ ਦਾ ਸਮੱਰਥਨ ਕੀਤਾ ਜਾਵੇਗਾ। ਆਪਣੇ ਤੌਰ 'ਤੇ ਵੀ ਹੋਰ ਜਨਤਕ ਜਥੇਬੰਦੀਆਂ ਦੇ ਸਹਿਯੋਗ ਨਾਲ ਪਰਚੇ ਰੱਦ ਹੋਣ ਤੱਕ ਸੰਘਰਸ਼ ਕੀਤਾ ਜਾਵੇਗਾ। ਹੱਕ, ਸੱਚ, ਇਨਸਾਫ ਦੀ ਆਵਾਜ ਬੁਲੰਦ ਕੀਤੀ ਜਾਵੇਗੀ। ਆਗੂਆਂ ਨੇ ਦੱਸਿਆ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਹਰਜੋਤ ਸਿੰਘ ਬੈਂਸ ਨੇ ਲੋਕਾਂ ਨਾਲ ਵਾਅਦਾ ਕੀਤਾ ਸੀ ਕਿ ਪੰਚਾਇਤਾਂ ਦੀ ਮਰਜੀ ਤੋਂ ਬਿਨਾਂ ਇਕ ਵੀ ਪੱਥਰ ਨਹੀਂ ਚੁੱਕਿਆ ਜਾਵੇਗਾ। ਪਰ ਹੁਣ ਆਪ ਜਬਰ ਜੁਲਮ ਨਾਲ ਮਾਈਨਿੰਗ ਕਰਵਾ ਰਿਹਾ ਹੈ।

ਆਗੂਆਂ ਨੇ ਪੁਲਸ ਵੱਲੋਂ ਸਾਰੇ ਦਰਜ ਪਰਚੇ ਰੱਦ ਕਰਨ ਦੀ ਮੰਗ ਵੀ ਕੀਤੀ।

## ਅਮਨਪ੍ਰੀਤ ਕੌਰ ਐਡੀਲੇਡ 'ਚ ਕੌਂਸਲਰ ਚੁਣੀ



**ਰੋਪੜ( ਬਿੰਦਰਾ )** ਰੋਪੜ ਦੀ ਜੰਮਪਲ ਸ਼ਹਿਰ ਦੇ ਸਿਆਸੀ ਤੇ ਧਾਰਮਿਕ ਪਰਵਾਰ ਦੀ ਧੀ ਅਮਨਪ੍ਰੀਤ ਕੌਰ ਆਸਟ੍ਰੇਲੀਆ ਦੇ ਸ਼ਹਿਰ ਐਡੀਲੇਡ ਵਿੱਚ ਕੌਂਸਲਰ ਚੁਣੀ ਗਈ ਹੈ। ਮਰਹੂਮ ਅਮਰਜੀਤ ਸਿੰਘ ਸਤਿਆਲ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੋਪੜ ਦੇ ਮੁੱਖ ਸੇਵਾਦਾਰ ਸਨ। ਉਹ ਮਿਊਂਸਪਲ ਕੌਂਸਲ ਰੋਪੜ ਦੇ ਪ੍ਰਧਾਨ ਵੀ ਰਹੇ। ਅਮਨ ਦਾ ਭਰਾ ਇੰਦਰਪਾਲ ਸਿੰਘ ਰਾਜੂ ਸਤਿਆਲ ਇਸ ਸਮੇਂ ਕੌਂਸਲਰ ਹੈ। ਅਮਨ ਦੀ ਜਿੱਤਣ ਦੀ ਖਬਰ ਸੁਣ ਕੇ ਸ਼ਹਿਰ ਵਿੱਚ ਖੁਸ਼ੀ ਦੀ ਲਹਿਰ ਫੈਲ ਗਈ। ਰਾਜੂ ਸਤਿਆਲ ਨੂੰ ਵਧਾਈ ਦੇਣ ਵਾਲਿਆਂ ਦਾ ਤਾਂਤਾ ਲੱਗ ਗਿਆ। ਵਿਧਾਇਕ ਦਿਨੇਸ਼ ਚੱਢਾ ਨੇ ਵਧਾਈ ਦਿੰਦਿਆਂ ਕਿਹਾ ਕਿ ਅਮਨ ਨੇ ਰੋਪੜ ਜ਼ਿਲ੍ਹੇ ਦਾ ਮਾਣ ਵਧਾਇਆ ਹੈ। ਪ੍ਰੈਸ ਕਲੱਬ ਨੇ ਵੀ ਅਮਨ ਨੂੰ ਵਧਾਈ ਦਿੱਤੀ ਹੈ। ਜ਼ਿਲ੍ਹੇ ਦੇ ਰਾਜਸੀ, ਸਮਾਜਿਕ ਤੇ ਧਾਰਮਿਕ ਸੰਸਥਾਵਾਂ ਦੇ ਆਗੂਆਂ ਨੇ ਵੀ ਸਤਿਆਲ ਪਰਵਾਰ ਨੂੰ ਵਧਾਈ ਦਿੱਤੀ ਹੈ।

# ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦਾ ਆਗਾਜ਼



**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**-ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਇੱਥੇ ਸਪੋਰਟਸ ਕੰਪਲੈਕਸ ਸੈਕਟਰ 78 ਮੁਹਾਲੀ ਵਿਖੇ ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦਾ ਆਗਾਜ਼ ਹੋਇਆ। ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦੀ ਸ਼ੁਰੂਆਤ ਮੁੱਖ ਮਹਿਮਾਨ ਜ਼ਿਲ੍ਹਾ ਸਿੱਖਿਆ ਅਫਸਰ ਐਸਿ ਸੁਸ਼ੀਲ ਨਾਥ ਦੁਆਰਾ ਖੇਡਾਂ ਦਾ ਝੰਡਾ ਲਹਿਰਾਉਣ ਉਪਰੰਤ ਸ਼ੁਰੂ ਹੋਈ। ਇਸ ਤੋਂ ਪਹਿਲਾਂ ਮੰਚ ਤੋਂ ਬੀਪੀਈਓ ਖਰੜ-1 ਜਤਿਨ ਮਿਗਲਾਨੀ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ।

ਸਰਕਾਰੀ ਪ੍ਰਾਇਮਰੀ ਸਕੂਲ ਬੈਰੋਂਪੁਰ ਦੇ ਵਿਦਿਆਰਥੀਆਂ ਦੁਆਰਾ ਖੇਡਾਂ ਸੰਬੰਧੀ ਸਹੁੰ ਚੁਕਾਈ ਗਈ। ਇਹਨਾਂ ਖੇਡਾਂ ਵਿੱਚ ਐਥਲੈਟਿਕਸ ਵਿੱਚ ਦੌੜਾਂ 400 ਮੀਟਰ ਮੁਹੰਮਦ ਸਾਰਿਕ ਬਲਾਕ ਬਨੂੜ (ਮ), ਰਾਖੀ ਬਲਾਕ ਡੇਰਾਬੱਸੀ-1600ਮੀਟਰ ਵਿੱਚ ਸੂਰਜ ਬਲਾਕ ਕੁਰਾਲੀ (ਮ) ਮੰਨਤ ਮਾਲਿਕ ਬਲਾਕ ਖਰੜ-2 (ਕ) 100 ਮੀਟਰ ਵਿੱਚ ਦੀਪਕ ਬਲਾਕ ਖਰੜ-1(ਮ) ਸੁਪ੍ਰੀਤ ਬਲਾਕ ਖਰੜ-2(ਕ) 200 ਮੀਟਰ ਵਿੱਚ ਮੁਹੰਮਦ ਸਾਰਿਕ ਬਲਾਕ ਬਨੂੜ (ਮ), ਅਤੇ ਸੁਪ੍ਰੀਤ ਬਲਾਕ ਖਰੜ-3,ਲੰਬੀ ਛਾਲ ਵਿੱਚ ਪ੍ਰਵੀਨ ਕੁਮਾਰ ਬਲਾਕ ਖਰੜ-3(ਮ) ਆਂਚਲ ਬਲਾਕ ਡੇਰਾਬੱਸੀ-1(ਕ) ਕੁਸ਼ਤੀ 25 ਕਿਲੋ ਵਿੱਚ ਅਨੀਕੇਤ ਬਲਾਕ ਮਾਜਰੀ,28 ਕਿਲੋ ਵਿੱਚ ਮੋਹਿਤ ਬਲਾਕ ਮਾਜਰੀ ਅਤੇ 30 ਕਿਲੋ ਵਿੱਚ ਯਾਸੀਨ ਬਲਾਕ ਮਾਜਰੀ,ਯੋਗਾ ਦੀ ਕੈਟਾਗਰੀਆਂ ਗਰੁੱਪ ਯੋਗਾ ਵਿੱਚ ਬਲਾਕ ਡੇਰਾਬੱਸੀ-1, ਰਿਦਮਿਕ ਵਿੱਚ ਅਨੂ ਬਲਾਕ ਡੇਰਾਬੱਸੀ-1 ਅਤੇ ਆਰਟਿਸਟਿਕ ਵਿੱਚ ਬਾਬੁਲ ਬਲਾਕ ਡੇਰਾਬੱਸੀ-1 ਵਿੱਚ ਪਹਿਲੇ ਸਥਾਨ ਪ੍ਰਾਪਤ ਕੀਤੇ।

ਇਸ ਮੌਕੇ ਸਮੂਹ ਬਲਾਕਾਂ ਦੇ ਬੀਪੀਈਓਜ ਵਿੱਚ ਕਮਲਜੀਤ ਸਿੰਘ ਕੁਰਾਲੀ ਅਤੇ ਖਰੜ-2, ਗੁਰਮੀਤ ਕੌਰ ਖਰੜ-3, ਸਤਿੰਦਰ ਸਿੰਘ ਬਨੂੜ ਅਤੇ ਡੇਰਾਬੱਸੀ-2, ਜਸਵੀਰ ਕੌਰ ਡੇਰਾਬੱਸੀ-1,ਜਤਿਨ ਮਿਗਲਾਨੀ ਖਰੜ-1, ਜ਼ਿਲ੍ਹਾ ਕੋਆਰਡੀਨੇਟਰ ਖੇਡਾਂ ਬਲਜੀਤ ਸਿੰਘ ਸਨੇਟਾ, ਸਹਾਇਕ ਜ਼ਿਲ੍ਹਾ ਖੇਡ ਕੋਆਰਡੀਨੇਟਰ ਹਰਪ੍ਰੀਤ ਸਿੰਘ ਅਤੇ ਅਵਰਿੰਦਰ ਸਿੰਘ, ਮੰਚ ਸੰਚਾਲਕ ਰਵਿੰਦਰ ਸਿੰਘ ਪੱਪੀ, ਜਸਵਿੰਦਰ ਸਿੰਘ,ਗੁਰਪ੍ਰੀਤਪਾਲ ਸਿੰਘ,ਲਿਆਕਤ ਅਲੀ ਸਮੂਹ ਬਲਾਕਾਂ ਦੇ ਬਲਾਕ ਖੇਡ ਅਫਸਰ, ਸਮੂਹ ਕਲੱਸਟਰ ਮੁਖੀ, ਮੈਚ ਕਰਵਾਉਣ ਵਾਲੇ ਅਧਿਆਪਕ (ਮੈਚ ਰੈਫਰੀ) ਬੱਚਿਆਂ ਨਾਲ ਆਏ ਅਧਿਆਪਕ ਅਤੇ ਮਾਪੇ ਹਾਜਰ ਸਨ।

## ਸ਼ਹੀਦਾਂ ਤੇ ਸੁਤੰਤਰਤਾ ਸੰਗਰਾਮੀਆਂ ਦੇ ਨਾਂਅ 'ਤੇ ਰੱਖੇ ਜਾਣਗੇ ਸਰਕਾਰੀ ਸਕੂਲਾਂ ਦੇ ਨਾਂਅ-ਬੈਂਸ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਅਜਾਦੀ ਘੁਲਾਟੀਏ ਅਤੇ ਸ਼ਹੀਦਾਂ ਵਲੋਂ ਦਿਖਾਏ ਰਸਤੇ 'ਤੇ ਚਲਦਿਆਂ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਰਾਜ ਦੇ ਸਰਕਾਰੀ ਸਕੂਲਾਂ ਦੇ ਨਾਂਅ ਸ਼ਹੀਦਾਂ ਅਤੇ ਸੁਤੰਤਰਤਾ ਸੰਗਰਾਮੀਆਂ ਦੇ ਨਾਂਅ 'ਤੇ ਰੱਖਣ ਦਾ ਫੈਸਲਾ ਕੀਤਾ ਹੈ। ਇਹ ਜਾਣਕਾਰੀ ਪੰਜਾਬ ਰਾਜ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦਿੱਤੀ। ਉਹਨਾਂ ਕਿਹਾ ਕਿ ਦੇਸ਼ ਦੀ ਅਜ਼ਾਦੀ ਸੰਗਰਾਮ ਵਿੱਚ 80 ਫ਼ੀਸਦੀ ਤੋਂ ਜ਼ਿਆਦਾ ਪੰਜਾਬੀਆਂ ਨੇ ਕੁਰਬਾਨੀਆਂ ਦਿੱਤੀਆਂ ਹਨ। ਇਸ ਤੋਂ ਇਲਾਵਾ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਬਰਕਰਾਰ ਰੱਖਣ ਅਤੇ ਸਰਹੱਦਾਂ ਦੀ ਰਾਖੀ ਕਰਦਿਆਂ ਵੀ ਵੱਡੀ ਗਿਣਤੀ ਵਿੱਚ ਪੰਜਾਬੀਆਂ ਨੇ ਕੁਰਬਾਨੀਆਂ ਦਿੱਤੀਆਂ ਹਨ। ਬੈਂਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਅਜ਼ਾਦੀ ਦੇ 75ਵੇਂ ਵਰ੍ਹੇਗੰਢ ਦੇ ਮੌਕੇ 'ਤੇ ਰਾਜ ਦੇ ਸਰਕਾਰੀ ਸਕੂਲਾਂ ਦੇ ਨਾਮ ਸ਼ਹੀਦਾਂ ਅਤੇ ਅਜ਼ਾਦੀ ਘੁਲਾਟੀਆਂ ਦੇ ਨਾਂਅ 'ਤੇ ਰੱਖੇ ਜਾਣ ਦਾ ਫੈਸਲਾ ਕੀਤਾ ਹੈ ਤਾਂ ਜੋ ਆਉਣ ਵਾਲੀਆਂ ਨਸਲਾਂ ਨੂੰ ਸਾਡੇ ਅਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਬਾਰੇ ਪਤਾ ਲੱਗ ਸਕੇ। ਉਹਨਾਂ ਦੱਸਿਆ ਕਿ ਜਿਹਨਾਂ ਸਕੂਲਾਂ ਦੇ ਨਾਂਅ ਸ਼ਹੀਦਾਂ/ ਅਜ਼ਾਦੀ ਘੁਲਾਟੀਆਂ ਦੇ ਨਾਮ 'ਤੇ ਰੱਖੇ ਜਾਣੇ ਹਨ ਉਹਨਾਂ ਲਈ ਪਿੰਡ ਦੀ ਪੰਚਾਇਤ ਅਤੇ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਮਤਾ ਪਾਸ ਕਰਕੇ ਸਮੇਤ ਸ਼ਹੀਦ/ਅਜਾਦੀ ਘੁਲਾਟੀਏ ਸਬੰਧੀ ਜੀਵਨੀ ਸਬੰਧੀ ਨੋਟ ਅਤੇ ਸਰਕਾਰ ਵੱਲੋਂ ਉਨ੍ਹਾਂ ਦੀ ਸ਼ਹਾਦਤ ਸਬੰਧੀ ਦਿੱਤੇ ਗਏ ਤਗਮੇ ਬਾਰੇ ਸੂਚਨਾ ਸਕੂਲ ਦੇ ਪ੍ਰਿੰਸੀਪਲ ਰਾਹੀਂ ਅਗਲੇ ਇਕ ਮਹੀਨੇ ਦੇ ਵਿੱਚ ਸਟੇਟ ਹੈਡਕੁਆਰਟਰ ਨੂੰ ਭੇਜਿਆ ਜਾਵੇਗਾ। ਇਸ ਕਾਰਵਾਈ ਦੀ ਉਹ ਖੁਦ ਨਿਗਰਾਨੀ ਕਰਨਗੇ ਅਤੇ 15 ਦਿਨ ਬਾਅਦ ਇਸ ਦਾ ਖੁਦ ਮੁਲਾਂਕਣ ਕਰਨਗੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੀ ਪਹਿਲਕਦਮੀ ਨਾਲ ਸ਼ਹੀਦ/ਅਜਾਦੀ ਘੁਲਾਟੀਏ ਦੇ ਜੀਵਨ ਤੋਂ ਸਾਡੇ ਬੱਚੇ ਸੇਧ ਲੈਣ ਸਕਣਗੇ।

## ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਸੁਲਤਾਨਪੁਰ ਲੋਧੀ, ( ਹਨੀ )**ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਦੇ ਵਿਦਿਆਰਥੀਆਂ ਵੱਲੋਂ ਦੁਆਰਾ ਆਯੋਜਿਤ ਕਾਨੂੰਨੀ ਜਾਗਰੂਕਤਾ ਅਤੇ ਆਊਟਰੀਚ ਪ੍ਰੋਗਰਾਮ ਰਾਹੀਂ ਨਾਗਰਿਕਾਂ ਦੇ ਸਸ਼ਕਤੀਕਰਨ ਦੇ ਤਹਿਤ ਇੱਕ ਮੁਹਿੰਮ ਵਿੱਚ ਹਿੱਸਾ ਲਿਆ ਗਿਆ । ਇਸ ਵਿੱਚ ਸਕੂਲ ਦੇ ਪੰਜ ਵਿਦਿਆਰਥੀਆਂ ਨੇ ਲੇਖ ਲਿਖਣ, ਸਲੋਗਨ ਰਾਈਟਿੰਗ ਅਤੇ ਪੇਂਟਿੰਗ ਮੁਕਾਬਲਿਆਂ ਵਿੱਚ ਭਾਗ ਲਿਆ। ਮੁਕਾਬਲੇ ਵਿੱਚ 5 ਸਕੂਲਾਂ ਦੇ 40 ਵਿਦਿਆਰਥੀ ਸਨ। ਜਿਸ ਵਿੱਚ ਲੇਖ ਲਿਖਣ ਮੁਕਾਬਲੇ ਵਿੱਚ ਪਲਕਪ੍ਰੀਤ ਕੌਰ ਨੇ ਪਹਿਲਾ ਅਤੇ ਜਸਲੀਨ ਸਹੋਤਾ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਮੌਕੇ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਮਹੇਸ਼ ਕੁਮਾਰ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡੇ। ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ੍ਰੋਮਣੀ ਕਮੇਟੀ ਅੰਮ੍ਰਿਤਸਰ, ਡਾਇਰੈਕਟਰ ਇੰਜਨੀਅਰ ਹਰਨਿਆਮਤ ਕੌਰ, ਪ੍ਰਬੰਧਕ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਜੇਤੂਆਂ ਅਤੇ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਇਸ ਤਰ੍ਹਾਂ ਦੇ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ

## ਵਿੱਤ ਮੰਤਰੀ ਨੇ ਆਰਥਿਕ ਤੇ ਅੰਕੜਾ ਸੰਸਥਾ ਦੇ ਜਾਂਚ ਕਰਤਾਵਾਂ ਨੂੰ ਸੌਂਪੇ ਨਿਯੁਕਤੀ ਪੱਤਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਆਰਥਿਕ ਅਤੇ ਅੰਕੜਾ ਸੰਸਥਾ ਵਿੱਚ ਦੋ ਜਾਂਚਕਰਤਾਵਾਂ ਨੂੰ ਤਰਸ ਦੇ ਆਧਾਰ 'ਤੇ ਨਿਯੁਕਤੀ ਪੱਤਰ ਸੌਂਪੇ। ਇੱਥੇ ਪੰਜਾਬ ਸਿਵਲ ਸਕੱਤਰੇਤ ਵਿਖੇ ਆਪਣੇ ਦਫਤਰ ਵਿੱਚ ਨਿਯੁਕਤੀ ਪੱਤਰ ਸੌਂਪਦਿਆਂ ਵਿੱਤ ਮੰਤਰੀ ਨੇ ਨਵੇਂ ਭਰਤੀ ਹੋਏ ਮੁਲਾਜ਼ਮਾਂ ਨੂੰ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰਨ ਲਈ ਕਿਹਾ।

ਵਿੱਤ ਮੰਤਰੀ ਨੇ ਉਨ੍ਹਾਂ ਨੂੰ ਡਿਸਟੈਂਸ ਐਜੂਕੇਸ਼ਨ ਰਾਹੀਂ ਆਪਣੀ ਵਿਦਿਅਕ ਯੋਗਤਾ ਵਿੱਚ ਹੋਰ ਸੁਧਾਰ ਕਰਨ ਲਈ ਵੀ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਨਾਲ ਨਾ ਸਿਰਫ ਉਨ੍ਹਾਂ ਨੂੰ ਤਰੱਕੀਆਂ ਹਾਸਲ ਕਰਨ ਵਿੱਚ ਮਦਦ ਮਿਲੇਗੀ ਸਗੋਂ ਉਨ੍ਹਾਂ ਦੀ ਯੋਗਤਾ ਵਿੱਚ ਵਾਧੇ ਦੇ ਨਾਲ ਵਿਭਾਗ ਨੂੰ ਉਨ੍ਹਾਂ ਦੀਆਂ ਸੇਵਾਵਾਂ ਦਾ ਲਾਭ ਵੀ ਮਿਲੇਗਾ। ਇਸ ਮੌਕੇ ਵਿੱਤ ਮੰਤਰੀ ਨੇ ਸਰਕਾਰੀ ਵਿਭਾਗਾਂ ਦੇ ਮੁਖੀਆਂ ਨੂੰ ਤਰਸ ਦੇ ਆਧਾਰ 'ਤੇ ਨਿਯੁਕਤੀਆਂ ਨੂੰ ਤਰਜੀਹ ਦੇਣ ਲਈ ਕਿਹਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਮ੍ਰਿਤਕ ਮੁਲਾਜਮਾਂ ਦੇ ਪਰਵਾਰਾਂ ਨੂੰ ਉਨ੍ਹਾਂ ਦੀ ਔਖੀ ਘੜੀ ਵਿੱਚ ਮਦਦ ਮਿਲ ਸਕੇ।

## ਕਿਸਾਨੀ ਹੱਕਾਂ ਬਾਰੇ ਕਿਸੇ ਵੀ ਸੰਘਰਸ਼ ਤੋਂ ਪਿੱਛੇ ਨਹੀਂ ਹਟਾਂਗੇ : ਲਾਚੋਵਾਲ



**ਹੁਸ਼ਿਆਰਪੁਰ , (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**—ਆਜਾਦ ਕਿਸਾਨ ਸੰਘਰਸ਼ ਕਮੇਟੀ ਦੋਆਬਾ ਲਾਚੋਵਾਲ ਦੀ ਮਹੀਨਾਵਾਰ ਮੀਟਿੰਗ ਗੁਰਦੁਆਰਾ ਸ਼ਹੀਦ ਸਿੰਘਾਂ ਲਾਚੋਵਾਲ ਵਿਖੇ ਪ੍ਰਧਾਨ ਪਰਮਿੰਦਰ ਸਿੰਘ ਦੀ ਅਗਵਾਈ ਹੇਠ ਹੋਈ। ਇਸ ਸਮੇਂ ਜਥੇਬੰਦੀ ਦੀ ਪਿਛਲੇ ਸਮੇਂ ਦੀ ਕਾਰਗੁਜ਼ਾਰੀ ਬਾਰੇ ਲੇਖਾ ਜੋਖਾ ਕੀਤਾ ਗਿਆ ਅਤੇ ਕਿਸਾਨਾਂ ਨੂੰ ਆ ਰਹੀਆਂ ਸਮੱਸਿਆਵਾਂ ਤੇ ਸਮਾਜ ਨੂੰ ਹੋ ਰਹੀਆਂ ਚੁਣੌਤੀਆਂ ਬਾਰੇ ਗੰਭੀਰਤਾ ਨਾਲ ਵਿਚਾਰ ਕੀਤੀ ਗਈ। 19 ਨਵੰਬਰ ਨੂੰ ਕਿਸਾਨੀ ਸੰਘਰਸ਼ ਦੀ ਜਿੱਤ ਦੀ ਪਹਿਲੀ ਵਰ੍ਹੇਗੰਢ ਨੂੰ ਯਾਦ ਕਰਦਿਆਂ ਹੋਇਆਂ ਭਵਿੱਖ ਵਿੱਚ ਹੋਣ ਵਾਲੇ ਕਿਸਾਨੀ ਸੰਘਰਸ਼ ਵਿੱਚ ਵਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਕੇਂਦਰ ਸਰਕਾਰ ਦੁਆਰਾ ਸੁਪਰੀਮ ਕੋਰਟ ਦੇ ਹੁਕਮਾਂ ਤੇ ਰਾਜੀਵ ਗਾਂਧੀ ਦੇ ਕਾਤਲਾਂ ਨੂੰ ਤਾਂ ਰਿਹਾਅ ਕਰ ਦਿੱਤਾ ਗਿਆ ਪਰ ਸਜਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾ ਨਾ ਕਰਨਾ ਸਰਕਾਰ ਦੀ ਬਦਨੀਤੀ ਹੈ। ਉਨ੍ਹਾਂ ਬੰਦੀ ਸਿੰਘਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਅਤੇ ਕਿਹਾ ਕਿ ਕਿਸਾਨੀ ਹੱਕਾਂ ਬਾਰੇ ਭਵਿੱਖ ਵਿੱਚ ਹੋਣ ਵਾਲੇ ਕਿਸੇ ਵੀ ਸੰਘਰਸ਼ ਤੋਂ ਪਿੱਛੇ ਨਹੀ ਹਟਿਆ ਜਾਵੇਗਾ । ਇਸ ਸਮੇਂ ਗੁਰਦੀਪ ਸਿੰਘ ਖੁਣਖੁਣ , ਰਣਧੀਰ ਸਿੰਘ ਅਸਲਪੁਰ, ਪਰਮਿੰਦਰ ਸਿੰਘ ਲਾਲੀ, ਪਰਮਿੰਦਰ ਸਿੰਘ ਪੰਨੂ, ਗੁਰਨਾਮ ਸਿੰਘ ਸਿੰਗੜੀਵਾਲਾ , ਬਲਦੇਵ ਸਿੰਘ ਅਸਲਪੁਰ, ਬਿੱਕਰ ਸਿੰਘ ਸ਼ੇਰਪੁਰ, ਕਰਪਾਲ ਸਿੰਘ ਪੰਡੋਰੀ ਖਜੂਰ, ਸਤਵੰਤ ਸਿੰਘ ਮੁਰਾਦਪੁਰ,ਜਗਤ ਸਿੰਘ ਲਾਚੋਵਾਲ, ਪਰਮਜੀਤ ਸਿੰਘ ਚੱਕ ਰਾਜੂ ਸਿੰਘ, ਧਿਆਨ ਸਿੰਘ ਲਾਚੋਵਾਲ ਤੇ ਕੁਲਵੰਤ ਸਿੰਘ ਕੰਗਮਈ ਆਦਿ ਵੱਡੀ ਗਿਣਤੀ ਵਿੱਚ ਕਿਸਾਨ ਹਾਜਰ ਸਨ।

# ਵਾਲੀਬਾਲ ਖੇਡ ਮੇਲਾ 20 ਨੂੰ



**ਕੁਰਾਲੀ (ਮੋਹਨ ਅੱਗਰਵਾਲ ਜੋਗਾ)**:-ਪਿੰਡ ਕਾਦੀਮਾਜਰਾ ਵਿਖੇ ਸ਼ਹੀਦ ਭਗਤ ਸਿੰਘ ਯੂਥ ਕਲੱਬ ਵੱਲੋਂ ਵਸਨੀਕਾਂ ਦੇ ਸਹਿਯੋਗ ਨਾਲ ਚੌਥਾ ਆਲ ਓਪਨ ਸਮੈਸਿੰਗ ਵਾਲੀਬਾਲ ਖੇਡ ਮੇਲਾ 20 ਨਵੰਬਰ ਨੂੰ ਕਰਵਾਇਆ ਜਾ ਰਿਹਾ ਹੈ। ਜਿਸ ਦਾ ਪੋਸਟਰ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਦਲਵਿੰਦਰ ਸਿੰਘ ਬੈਨੀਪਾਲ ਵੱਲੋਂ ਰਿਲੀਜ ਕੀਤਾ ਗਿਆ। ਬੈਨੀਪਾਲ ਨੇ ਇਸ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਖੁਸ਼ੀ ਪ੍ਰਗਟਾਈ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਵਧੀਆ ਉਪਰਾਲੇ ਕਰ ਰਹੀ ਹੈ। ਸਰਕਾਰ ਦੀ ਨੀਤੀ ਤੇ ਨੀਅਤ ਚੰਗੀ ਹੋਣ ਸਦਕਾ ਪਿੰਡ ਪਿੰਡ ਖੇਡ ਮੇਲਿਆਂ ਦੀ ਸ਼ੁਰੂਆਤ ਪੰਜਾਬ ਦੀ ਨੌਜਵਾਨੀ ਲਈ ਸ਼ੁੱਭ ਸਗਨ ਹੈ। ਬੈਨੀਪਾਲ ਨੇ ਇਲਾਕੇ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਖੇਡ ਖੇਤਰ ਲਈ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਇਸ ਮੌਕੇ ਜਗਜੀਤ ਸਿੰਘ ਜੱਗੀ, ਜਗਦੀਸ਼ ਸਿੰਘ ਦੀਸ਼ਾ ਸਮੇਤ ਨੌਜਵਾਨ ਆਗੂ ਹੈਰੀ ਸਿੰਘ, ਤਰਨਜੀਤ ਸਿੰਘ, ਹਰਮਨ ਸਿੰਘ, ਮਨਵੀਰ ਸਿੰਘ, ਪਰਮਵੀਰ ਸਿੰਘ, ਕੀਰਤ ਸਿੰਘ, ਗੁਰਸੇਵਕ, ਗੁਰਜੋਤ ਸਿੰਘ ਤੇ ਹੋਰ ਪਤਵੰਤੇ ਹਾਜਰ ਸਨ।

# ਡੇਂਗੂ ਦੀ ਰੋਕਥਾਮ ਦੇ ਮੱਦੇਨਜ਼ਰ ਅਰਬਨ ਮੈਡੀਕਲ ਅ਼ਫਸਰਾਂ ਨਾਲ ਵਿਸ਼ੇਸ਼ ਮੀਟਿੰਗ

**ਜਲੰਧਰ -(ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਸਿਵਲ ਸਰਜਨ ਡਾ. ਰਮਨ ਸ਼ਰਮਾ ਵੱਲੋਂ ਸਮੂਹ ਅਰਬਨ ਮੈਡੀਕਲ ਅਫਸਰਜ਼ ਨਾਲ ਦਫ਼ਤਰ ਸਿਵਲ ਸਰਜਨ ਵਿਖੇ ਮੀਟਿੰਗ ਕੀਤੀ ਗਈ। ਉਨ੍ਹਾਂ ਵੱਲੋਂ ਸਮੂਹ ਐਮ.ਓਜ਼. ਵੱਲੋਂ ਕੀਤੇ ਜਾਣ ਵਾਲੇ ਕੰਮਕਾਜ ਦੀ ਸਮੀਖਿਆ ਕਰਦੇ ਹੋਏ ਉਨ੍ਹਾਂ ਨੂੰ ਜਰੂਰੀ ਹਦਾਇਤਾਂ ਦਿੱਤੀਆਂ ਗਈਆਂ ਅਤੇ ਉਨ੍ਹਾਂ ਨੂੰ ਡੇਂਗੂ, ਕੋਵਿਡ ਵੈਕਸੀਨੇਸ਼ਨ, ਰੂਟੀਨ ਇਮਊਨਾਈਜੇਸ਼ਨ, ਹਾਈ ਰਿਸਕ ਪ੍ਰੈਗਨੈਂਸੀ, 2023 ਦੇ ਅੰਤ ਤੱਕ ਮੀਜ਼ਲ ਰੂਬੇਲਾ ਅਲੀਮੀਨੇਸ਼ਨ ਪ੍ਰੋਗਰਾਮ, ਜਨਵਰੀ 2023 ਪੋਲੀਓ ਮਾਈਗ੍ਰੇਟਰੀ ਰਾਊਂਡ ਸੰਬੰਧੀ ਸਰਵੇ ਕਰਨ ਸੰਬੰਧੀ ਦਿਸ਼ਾ-ਨਿਰਦੇਸ਼ ਦਿੱਤੇ ਗਏ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣ ਲਈ ਢੁੱਕਵੇਂ ਉਪਰਾਲੇ ਕਰਨ ਲਈ ਕਿਹਾ ਗਿਆ। । ਮੀਟਿੰਗ ਵਿੱਚ ਜਿਲ੍ਹਾ ਪਰਿਵਾਰ ਭਲਾਈ ਅ਼ਫਸਰ ਡਾ. ਰਮਨ ਗੁਪਤਾਂ ਵੱਲੋਂ ਸਮੂਹ ਅਰਬਨ ਮੈਡੀਕਲ ਅ਼ਫਸਰਾਂ ਨੂੰ ਡੇਂਗੂ ਦੇ ਮੱਦੇਨਜਰ ਆਪਣੇ ਖੇਤਰ ਦਾ ਮੁਕੰਮਲ ਸਰਵੇ ਕਰਵਾਉਣ ਅਤੇ ਡੇਂਗੂ ਦੇ ਮਰੀਜ ਦਾ ਪੂਰਾ ਫਾਲੋਅਪ ਕਰਨਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਵਰਨਣਯੋਗ ਹੈ ਕਿ ਸਿਹਤ ਵਿਭਾਗ ਵੱਲੋਂ ਇਸ ਸਾਲ ਹੁਣ ਤੱਕ ਸ਼ਹਿਰੀ ਖੇਤਰ ਵਿੱਚ 65,871 ਘਰਾਂ ਦਾ ਸਰਵੇ ਕੀਤਾ ਗਿਆ। ਇਨ੍ਹਾਂ ਵਿੱਚੋਂ 1785 ਘਰਾਂ ਵਿੱਚ ਲਾਰਵਾ ਪਾਇਆ ਗਿਆ। ਜਲੰਧਰ ਵਿੱਚ ਡੇਂਗੂ ਦੇ ਸਾਹਮਣੇ ਆਏ ਕੁੱਲ 337 ਪਾਜੀਟਿਵ ਕੇਸਾਂ ਵਿੱਚੋਂ 202 ਕੇਸ ਸ਼ਹਿਰੀ ਖੇਤਰ ਨਾਲ ਸੰਬੰਧਤ ਹਨ। ਉਨ੍ਹਾਂ ਹਦਾਇਤ ਕੀਤੀ ਕਿ ਆਪਣੇ ਏਰੀਏ ਵਿੱਚ ਡੇਂਗੂ ਦਾ ਸਰਵੇ ਕਰਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। । ਡਾ. ਰਮਨ ਗੁਪਤਾ ਵੱਲੋਂ ਕਿਹਾ ਗਿਆ ਕਿ ਏ.ਐਨ.ਐਮਜ਼ ਅਤੇ ਆਸ਼ਾ ਵਰਕਰਾਂ ਦਾ ਲੋਕਾਂ ਨਾਲ ਤਾਲਮੇਲ ਵਧਾਇਆ ਜਾਵੇ। ਗਰਭਵਤੀ ਔਰਤਾਂ ਦਾ 100 ਫੀਸਦੀ ਐਂਟੀਨੇਟਲ ਚੈੱਕਅਪ ਅਤੇ ਲੋੜੀਂਦੇ ਸਾਰੇ ਮੈਡੀਕਲ ਟੈਸਟ ਕਰਨੇ ਯਕੀਨੀ ਬਣਾਏ ਜਾਣ। ਏ.ਐਨ.ਐਮਜ਼ ਅਤੇ ਆਸ਼ਾ ਵਰਕਰ ਡਿਊਟੀ ਕਰਦਿਆਂ ਆਪਣੀ ਹੋਮ ਵਿਜਿਟ ਯਕੀਨੀ ਬਣਾਉਣ ਅਤੇ ਸੰਸਥਾਗਤ ਜਣੇਪੇ ਪ੍ਰਤੀ ਲੋਕਾਂ ਨੂੰ ਵੱਧ ਤੋਂ ਵੱਧ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਸਰਕਾਰੀ ਹਸਪਤਾਲਾਂ ਵਿੱਚ ਹੀ ਗਰਭਵਤੀ ਔਰਤਾਂ ਦੀ ਡਿਲੀਵਰੀ ਕਰਵਾਈ ਜਾ ਸਕੇ। ਉਨ੍ਹਾਂ ਕਿਹਾ ਕਿ ਹਾਈ ਰਿਸਕ ਗਰਭਵਤੀ ਮਹਿਲਾ ਨੂੰ ਐਂਟੀਨੇਟਲ ਚੈਕਅਪ ਦੌਰਾਨ ਉਨ੍ਹਾਂ ਦੇ ਜਨੇਪੇ ਲਈ ਪਹਿਲਾਂ ਤੋਂ ਐਕਸ਼ਨ ਪਲਾਨ ਬਣਾਇਆ ਜਾਵੇ ਤਾਂ ਜੋ ਉਸ ਔਰਤ ਦਾ ਸੁਰੱਖਿਅਤ ਜਣੇਪਾ ਕਰਵਾਇਆ ਜਾ ਸਕੇ। । ਜਿਲ੍ਹਾ ਟੀਕਾਕਰਨ ਅ਼ਫਸਰ ਡਾ. ਰਾਕੇਸ਼ ਚੋਪੜਾ ਵੱਲੋਂ ਸਮੂਹ ਐਮ.ਓਜ਼ ਨੂੰ ਰੂਟੀਨ ਇਮਊਨਾਈਜੇਸ਼ਨ ਪ੍ਰੋਗਰਾਮ ਨੂੰ ਨੇਪਰ੍ਹੇ ਚਾੜ੍ਹਨ ਦੇ ਮੱਦੇਨਜਰ ਹਾਈ ਰਿਸਕ ਖੇਤਰਾਂ ਨੂੰ ਕਵਰ ਕਰਨ ਲਈ ਸਮੇਂ-ਸਮੇਂ @ਤੇ ਵੈਕਸੀਨੇਸ਼ਨ ਸੈਸ਼ਨ ਲਗਾ ਕੇ ਲੋਕਾਂ ਤੱਕ ਇਸਦਾ ਲਾਭ ਪਹੁੰਚਾਉਣ ਸੰਬੰਧੀ ਨਿਰਦੇਸ਼ ਦਿੱਤੇ ਗਏ।

## ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਵਿਖੇ ਕੁਇਜ਼ ਮੁਕਾਬਲਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਪ੍ਰਿੰਸੀਪਲ** ਲਲਿਤਾ ਰਾਣੀ ਦੀ ਅਗਵਾਈ ਹੇਠ ਰੇਲਵੇ ਮੰਡੀ ਸਕੂਲ ਵਿਖੇ ਸਵੀਪ ਤਹਿਤ ਕੁਇਜ ਮੁਕਾਬਲਾ ਕਰਵਾਇਆ ਗਿਆ। । ਇਸ ਮੁਕਾਬਲੇ ਵਿੱਚ 12 ਵਿਦਿਆਰਥਣਾਂ ਨੇ ਭਾਗ ਲਿਆ। ਵਿਦਿਆਰਥੀਆਂ ਨੂੰ ਚਾਰ ਟੀਮਾਂ ਵਿੱਚ ਵੰਡ ਦਿੱਤਾ ਗਿਆ। ਜਿਸ ਵਿੱਚ ਟੀਮ ਸੀ ਦੀ ਪ੍ਰੀਤੀ, ਗੋਲਡੀ ਤੇ ਸੂਫਿਆ ਨੇ ਪਹਿਲਾ ਸਥਾਨ ਹਾਸਿਲ ਕੀਤਾ। ਵਾਈਸ ਪ੍ਰਿੰਸੀਪਲ ਸ੍ਰੀਮਤੀ ਅਪਰਾਜਿਤਾ ਕਪੂਰ ਨੇ ਜੇਤੂ ਵਿਦਿਆਰਥਣਾਂ ਨੂੰ ਸ਼ਾਬਾਸ਼ੀ ਦਿੱਤੀ ਅਤੇ ਆਸ਼ੀਰਵਾਦ ਵੀ ਦਿੱਤਾ। ਇਸ ਕੁਇਜ ਮੁਕਾਬਲੇ ਨੂੰ ਸਕੂਲ ਦੇ ਸਵੀਪ ਇੰਚਾਰਜ ਸੰਜੀਵ ਅਰੋੜਾ ਅਤੇ ਪਲਵਿੰਦਰ ਕੌਰ ਵੱਲੋਂ ਕੰਡਕਟ ਕੀਤਾ ਗਿਆ। ਇਸ ਮੁਕਾਬਲੇ ਵਿੱਚ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੀਆਂ ਵਿਦਿਆਰਥਣਾਂ ਨੇ ਹਿੱਸਾ ਲਿਆ।



# 'ਮੀਰਾ ਚੱਲੀ ਸਤਿਗੁਰ ਦੇ ਧਾਮ' ਸਾਂਝੀਵਾਲਤਾ ਯਾਤਰਾ ਦਾ ਕੀਤਾ ਨਿੱਘਾ ਸਵਾਗਤ



**ਟਾਂਡਾ ਉੜਮੁੜ, ( ਉਕਾਰ ਸਿੰਘ, ਜਸਵਿੰਦਰ ਸੰਧੂ)** - ਸਵਾਮੀ ਮਾਧਵਾਨੰਦ ਬੰਗਾ, ਸੰਤ ਬਾਬਾ ਫੂਲਾ ਸਿੰਘ, ਬਾਬਾ ਸਰਬਜੀਤ ਸਿੰਘ, ਬਾਬਾ ਪਰਮਜੀਤ ਸਿੰਘ,ਬਾਬਾ ਸੁਖਦੇਵ ਸਿੰਘ ਆਦਿ ਦੀ ਹਾਜ਼ਰੀ ਵਿੱਚ ਮੇੜਤਾ (ਰਾਜਸਥਾਨ) ਤੋਂ 4 ਨਵੰਬਰ ਨੂੰ ਚੱਲੀ "ਮੀਰਾ ਚੱਲੀ ਸਤਿਗੁਰ ਦੇ ਧਾਮ" ਸਾਂਝੀਵਾਲਤਾ ਯਾਤਰਾ 2022 ਦੇ ਟਾਂਡਾ ਵਿਖੇ ਪਹੁੰਚਣ ਤੇ ਪ੍ਰਬੰਧਕ ਰਾਮਦੇਵ ਯਾਦਵ ਜ਼ਿਲ੍ਹਾ ਸੰਯੋਜਕ, ਸਮਾਜਿਕ ਸਮਰਸਤਾ ਮੰਚ ਟਾਂਡਾ ਦੇ ਸੰਜੀਵ ਸਿਆਲ ਅਤੇ ਨਗਰ ਸੰਯੋਜਕ ਅਰੁਣ ਪੁਰੀ ਦੀ ਦੇਖ ਰੇਖ ਹੇਠ ਇਲਾਕੇ ਦੀਆਂ ਸਮੂਹ ਧਾਰਮਿਕ, ਸਮਾਜਿਕ ਸੰਸਥਾਵਾਂ ਤੋਂ ਇਲਾਵਾ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਨੇ ਸਥਾਨਕ ਮਹਾਦੇਵ ਮੰਦਰ ਵਿਖੇ ਫੁੱਲਾਂ ਦੀ ਵਰਖਾ ਨਾਲ ਭਰਵਾਂ ਸਵਾਗਤ ਕੀਤਾ। ਸੰਤਾਂ ਨੇ ਦੱਸਿਆ ਕਿ ਸਾਂਝੀਵਾਲਤਾ ਯਾਤਰਾ ਦਾ ਮੁੱਖ ਉਦੇਸ਼ ਭਗਤੀ ਅੰਦੋਲਨ ਦੇ ਮਹਾਨ ਸੰਤ ਮਹਾਂਪੁਰਖਾਂ ਵਿੱਚੋਂ ਸਤਿਗੁਰੂ ਰਵਿਦਾਸ ਜੀ ,ਭਗਵਾਨ ਵਾਲਮੀਕ ਸੁਆਮੀ ਜੀ, ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ, ਸ਼ਿਵ ਸਵਰੂਪ ਭਗਵਾਨ ਸ਼੍ਰੀ ਚੰਦਰ ਜੀ, ਸੰਤ ਰਾਮਾਨੰਦ ਜੀ, ਭਗਤ ਨਾਮਦੇਵ ਜੀ, ਭਗਤ ਕਬੀਰ ਜੀ, ਗੁਰੂ ਗੋਸਵਾਮੀ ਨਾਭਾ ਦਾਸ ਜੀ, ਭਗਤ ਸੇਨ ਜੀ, ਭਗਤ ਧੰਨਾ ਜੱਟ ਜੀ ਆਦਿ ਦੀ ਸਿੱਖਿਆਵਾਂ ਨੂੰ ਘਰ ਘਰ ਪਹੁੰਚਾਉਣਾ ਹੈ। ਇਹ ਯਾਤਰਾ 4 ਦਸੰਬਰ ਨੂੰ ਕਪਾਲ ਮੋਚਨ (ਹਰਿਆਣਾ) ਪਹੁੰਚੇਗੀ। ਹੁਸ਼ਿਆਰਪੁਰ ਤੋਂ ਚੱਲੀ ਇਸ ਯਾਤਰਾ ਦਾ ਅੱਡਾ ਸਰਾਂ,ਜਾਜਾ ਬਾਈਪਾਸ ਵਿਖੇ ਖੜ੍ਹੀਆਂ ਸੰਗਤਾਂ ਨੇ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ,ਜਿੱਥੇ ਨੌਜਵਾਨ ਜੈਕਾਰਿਆਂ ਦੀ ਗੂੰਜ ਵਿਚ ਮੋਟਰਸਾਈਕਲ, ਸਕੂਟਰੀਆਂ, ਕਾਰਾਂ ਅਤੇ ਹੋਰ ਸਾਧਨਾਂ ਰਾਹੀਂ ਸਥਾਨਕ ਮਹਾਂਦੇਵ ਮੰਦਿਰ ਵਿਖੇ ਲੈ ਕੇ ਆਏ। ਸਮਾਜਿਕ ਸਮਰਸਤਾ ਮੰਚ ਟਾਂਡਾ, ਸਨਾਤਮ ਧਰਮ ਸਭਾ ਟਾਂਡਾ, ਪ੍ਰਬੰਧਕ ਕਮੇਟੀ ਸ਼੍ਰੀ ਮਹਾਦੇਵ ਮੰਦਿਰ ਤੋਂ ਇਲਾਵਾ ਇਲਾਕੇ ਦੀਆਂ ਸਮੂਹ ਧਾਰਮਕ ਸੰਸਥਾਵਾਂ ਦੇ ਸਹਿਯੋਗ ਨਾਲ ਕਰਵਾਏ ਸਮਾਗਮ ਦੌਰਾਨ ਪਹੁੰਚੀਆਂ ਧਾਰਮਿਕ ਸ਼ਖਸੀਅਤਾਂ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਦੀ ਮਹਿਮਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਹਰ ਹਰ ਮਹਾਂਦੇਵ ਅਤੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਜੈਕਾਰਿਆਂ ਦੀ ਗੂੰਜ ਵਿੱਚ ਇਸ ਯਾਤਰਾ ਨੂੰ ਬਾਬਾ ਬੂਟਾ ਭਗਤ ਮੰਦਿਰ ਲਈ ਰਵਾਨਾ ਕੀਤਾ ਗਿਆ ਜਿਥੋਂ ਆਪਣੇ ਅਗਲੇ ਪੜਾਅ ਲਈ ਜਾਵੇਗੀ। ਮਾਤਾ ਮਲੇਸ਼ਵਰੀ ਮੰਦਰ ਟੱਪਾ ਦੇ ਸੇਵਾਦਾਰ ਰਵੀ ਗਾਂਧੀ ਵੱਲੋਂ ਫੁੱਲਾਂ ਦੀ ਸੇਵਾ ਕੀਤੀ ਗਈ। ਇਸ ਮੌਕੇ ਪ੍ਰਬੰਧਕ ਮੰਨਾ ਮਹਿਰਾ, ਰਾਜਵਿੰਦਰ ਸਿੰਘ, ਸੰਦੀਪ ਭਾਗੀਆਂ, ਸਨੀ ਪੰਡਿਤ, ਪਦਮ ਬੇਦੀ, ਰਾਮੇਸ਼ਵਰ ਕੁਕਰੇਤੀ ਤੋਂ ਇਲਾਵਾ ਡਾ. ਕੇਵਲ ਸਿੰਘ ਕਾਜਲ ਰਿਟਾਇਰਡ ਡਿਪਟੀ ਡਾਇਰੈਕਟਰ ਪੰਜਾਬ, ਜ਼ਿਲ੍ਹਾ ਪਲਾਨਿੰਗ ਬੋਰਡ ਹੁਸ਼ਿਆਰਪੁਰ ਦੇ ਸਾਬਕਾ ਚੇਅਰਮੈਨ ਜਵਾਹਰ ਖੁਰਾਣਾ, ਨਗਰ ਕੌਂਸਲ ਦੇ ਪ੍ਰਧਾਨ ਗੁਰਸੇਵਕ ਮਾਰਸ਼ਲ,ਕੇਵਲ ਕ੍ਰਿਸ਼ਨ ਬਿੱਟੂ,ਆਸ਼ੂ ਵੈਦ(ਦੋਨੋਂ ਕੌਂਸਲਰ), ਸਾਬਕਾ ਕੌਂਸਲਰ ਰਾਜਨ ਸੋਂਧੀ,ਡੋਗਰਾ ਸਾਬਕਾ ਪ੍ਰਧਾਨ, ਦੀਪਕ ਬਹਿਲ, ਸੁਰਿੰਦਰ ਨਈਅਰ,ਜੀਵਨ ਕੁਮਾਰ ਬਬਲੀ,ਅਸ਼ੋਕ ਬਹਿਲ,ਦਿਲਬਾਗ ਰਾਏ,ਸੁਰਿੰਦਰ ਜਾਜਾ,ਅਨਿਲ ਗੋਰਾ,ਸੁਖਦੇਵ ਦਾਸ,ਨਿਤੇਸ਼ ਹੀਰਾ,ਬਿਮਲ ਅਰੋੜਾ,ਵੀਨੂੰ ਪੰਡਿਤ, ਰਾਜੇਸ਼ ਬਿੱਟੂ,ਬੌਬੀ ਰਾਜਪੁਰ,ਗੁਰਮੁਖ ਸਿੰਘ ਨਾਮਧਾਰੀ,ਕੀਮਤੀ ਲਾਲ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਭਾ ਟਾਂਡਾ, ਸੁਰਜੀਤ ਲਾਲ ਪਾਲ, ਸੋਢੀ ਵੱਸਣ, ਕਰਨ ਸ਼ਰਮਾ, ਹਰਪਾਲ ਸਿੰਘ ਪਾਲਾ, ਜੋਗਿੰਦਰਪਾਲ ਟਾਂਡਾ, ਅਮਰਜੀਤ ਸਿੰਘ, ਬਲਬੀਰ ਚੰਦ, ਵਿਨੋਦ ਖੋਸਲਾ ਸੁੰਦਰੀ ਪ੍ਰਧਾਨ ਵਾਲਮੀਕ ਸਭਾ, ਜਤਿੰਦਰ ਕੁਮਾਰ ਕਾਲਾ ਵਾਈਸ ਪ੍ਰਧਾਨ, ਸਰਵਣ ਕੁਮਾਰ ਸਾਬਕਾ ਪੰਚ ਮਿਆਣੀ, ਪ੍ਰਦੀਪ ਸੋਬਤੀ ਆਦਿ ਦੀ ਹਾਜ਼ਰ ਸਨ।

# ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ ਭਾਜਪਾ ਆਗੂ ਸਰਬਜੀਤ ਸਿੰਘ ਮੱਕੜ ਦਾ ਘਿਰਾਓ



**ਕਰਤਾਰਪੁਰ, (ਹਰਮੇਸ ਦੱਤ )**- ਗਰੀਬ ਕਿਸਾਨ ਦਾ ਟਰੈਕਟਰ ਟਰਾਲੀ ਖੋਹ ਕੇ ਨਜਾਇਜ ਕਬਜੇ ਵਿੱਚ ਰੱਖਣ ਵਾਲੇ ਭਾਜਪਾ ਆਗੂ ਸਰਬਜੀਤ ਸਿੰਘ ਮੱਕੜ ਵਲੋਂ ਡੀ ਐੱਸ ਪੀ ਦਫਤਰ ਵਿੱਚ ਕਿਸਾਨ-ਮਜਦੂਰ ਆਗੂਆਂ ਨਾਲ ਹੈਂਕੜਬਾਜੀ ਵਿਖਾਉਣ ਕਾਰਨ ਅਤੇ ਉਸਦੇ ਡਰਾਇਵਰ ਦੁਆਰਾ ਮਜਦੂਰ ਆਗੂ ਉੱਪਰ ਗੱਡੀ ਚੜ੍ਹਾ ਕੇ ਦਰੜਨ ਦੀ ਕੋਸ਼ਿਸ਼ ਕਰਨ ਤੇ ਪਿਸਤੌਲ ਵਿਖਾਉਣ ਦੇ ਤਿੱਖੇ ਰੋਸ ਵਜੋਂ ਕਿਸਾਨ ਮਜਦੂਰ ਜਥੇਬੰਦੀਆਂ ਵੱਲੋਂ ਭਾਜਪਾ ਆਗੂ ਦਾ ਉੱਥੇ ਹੀ ਘੇਰਾਓ ਕਰ ਲਿਆ ਗਿਆ। ਇਸ ਮੌਕੇ ਜਥੇਬੰਦੀਆਂ ਨੇ ਐਲਾਨ ਕੀਤਾ ਗਿਆ ਜਿੰਨੀਂ ਦੇਰ ਮੱਕੜ ਤੇ ਉਸਦੇ ਬੰਦਿਆ ਖਿਲਾਫ ਕੇਸ ਦਰਜ ਕਰਕੇ ਕਾਰਵਾਈ ਨਹੀਂ ਕੀਤੀ ਜਾਂਦੀ ਉਨੀ ਦੇਰ ਘੇਰਾਓ ਜਾਰੀ ਰਹੇਗਾ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ ਤੇ ਬਲਵਿੰਦਰ ਸਿੰਘ ਭੁੱਲਰ ਨੇ ਦੱਸਿਆ ਕਿ ਕਪੂਰਥਲਾ ਜ਼ਿਲ੍ਹੇ ਦੇ ਪਿੰਡ ਕਾਦੂਪੁਰ ਦੇ ਵਸਨੀਕ ਕਿਸਾਨ ਸੰਤ ਕੁਮਾਰ ਸਿੰਘ ਵਲੋਂ 9 ਨਵੰਬਰ ਨੂੰ ਆਪਣਾ ਟਰਾਲੀ ਟਰੈਕਟਰ ਮੱਕੜ ਕੋਲਡ ਸਟੋਰ ਪਿੰਡ ਵਡਾਲਾ ਥਾਣਾ ਲਾਂਬੜਾ ਵਿਖੇ ਆਲੂ ਲੈਣ ਲਈ ਕਿਰਾਏ ਉੱਤੇ ਭੇਜਿਆ ਤਾਂ ਸਟੋਰ ਦੇ ਮੈਨੇਜਰ ਵਲੋਂ ਆਲੂ ਲੋਡ ਕਰਵਾਉਣ ਉਪਰੰਤ ਸਟੋਰ ਦੇ ਮਾਲਕ, ਹਿੱਸੇਦਾਰ ਭਾਜਪਾ ਆਗੂ ਸਰਬਜੀਤ ਸਿੰਘ ਮੱਕੜ ਦੇ ਇਸਾਰੇ ਉੱਪਰ ਮੈਨੇਜਰ ਨੇ ਟਰੈਕਟਰ ਬੰਦ ਕਰਕੇ ਜਾਬੀ ਕੱਢ ਲਈ ਅਤੇ ਕਿਹਾ ਕਿ ਸਰਦਾਰ ਜੀ ਦਾ ਹੁਕਮ ਹੈ ਕਿ ਟਰੈਕਟਰ ਟਰਾਲੀ ਵੀ ਜਾਣ ਨਹੀਂ ਦੇਣੀ। ਭਾਜਪਾ ਆਗੂ ਅਤੇ ਉਸਦੇ ਮੁਲਾਜਮਾਂ ਨੇ ਗੈਰ ਕਾਨੂੰਨੀ ਢੰਗ ਨਾਲ ਟਰੈਕਟਰ ਟਰਾਲੀ ਖੋਹ ਕੇ ਨਜਾਇਜ ਤੌਰ ਉੱਤੇ ਕਬਜੇ ਵਿੱਚ ਰੱਖ ਲਿਆ। ਟਰੈਕਟਰ ਮਾਲਕ ਕਿਸਾਨ ਨੇ ਰਾਬਤਾ ਕਰਕੇ ਕਿਰਤੀ ਕਿਸਾਨ ਯੂਨੀਅਨ ਦੇ ਆਗੂਆਂ ਨੂੰ ਨਾਲ ਲੈ ਕੇ ਸਟੋਰ ਮਾਲਕ ਅਤੇ ਉਸਦੇ ਮੁਲਾਜਮਾਂ ਤੱਕ ਪਹੁੰਚ ਕਰਕੇ ਨਜਾਇਜ ਤੌਰ ਉੱਤੇ ਕਬਜੇ ਵਿੱਚ ਰੱਖਿਆ ਟਰਾਲੀ ਟਰੈਕਟਰ ਕਿਸਾਨ ਨੂੰ ਦੇਣ ਲਈ ਕਿਹਾ ਲੇਕਿਨ ਜਦੋਂ ਉਹਨਾਂ ਨੇ ਨਾ ਮੰਨੀ ਤਾਂ ਮਸਲਾ 14 ਨਵੰਬਰ ਨੂੰ ਸੀਨੀਅਰ ਪੁਲਿਸ ਕਪਤਾਨ ਜਲੰਧਰ ਦਿਹਾਤੀ ਦੇ ਧਿਆਨ ਵਿੱਚ ਲਿਖਤੀ ਤੌਰ ਉੱਤੇ ਲਿਆ ਕੇ ਕਾਰਵਾਈ ਕਰਨ ਦੀ ਮੰਗ ਕੀਤੀ ਅਤੇ 15 ਨਵੰਬਰ ਨੂੰ ਮੱਕੜ ਕੋਲਡ ਸਟੋਰ ਅੱਗੇ ਧਰਨਾ ਦੇਣ ਦਾ ਐਲਾਨ ਕੀਤਾ। ਕੱਲ੍ਹ ਤੋਂ ਪੁਲਿਸ ਅਧਿਕਾਰੀ ਭਾਜਪਾ ਆਗੂ ਦੇ ਤਰਲੇ ਕੱਢ ਰਹੇ ਹਨ। ਡੀ ਐੱਸ ਪੀ ਸੁਰਿੰਦਰਪਾਲ ਧੋਗੜੀ ਵਲੋਂ ਆਗੂਆਂ ਤੱਕ ਪਹੁੰਚ ਕਰਕੇ ਧਰਨਾ ਨਾ ਲਗਾਉਣ ਦੀ ਬੇਨਤੀ ਕੀਤੀ ਗਈ ਕਿ ਧਰਨਾ ਲਗਾਉਣ ਦੀ ਲੋੜ ਨਹੀਂ ਟਰਾਲੀ ਟਰੈਕਟਰ ਕਰਤਾਰਪੁਰ ਵਿਖੇ ਹੀ ਮੰਗਵਾ ਲਿਆ ਹੈ,ਉਹ 11 ਵਜੇ ਤੱਕ ਮਾਲਕ ਕਿਸਾਨ ਦੇ ਹਵਾਲੇ ਕਰ ਦਿੱਤਾ ਜਾਵੇਗਾ। ਸਵੇਰ ਤੋਂ ਹੀ ਆਗੂ ਡੀ ਐੱਸ ਪੀ ਦਫਤਰ ਬੈਠੇ ਖੱਜਲ ਖੁਆਰ ਹੋਏ। ਡੀ ਐੱਸ ਪੀ ਦਫਤਰ ਭਾਜਪਾ ਆਗੂ ਆਇਆ ਅਤੇ ਕਿਸਾਨ ਮਜਦੂਰ ਆਗੂਆਂ ਨਾਲ ਤੂੰ ਤੜੱਕ ਕੀਤੀ ਗਈ ਤਾਂ ਮਜਬੂਰਨ ਕਿਸਾਨ ਮਜਦੂਰ ਜਥੇਬੰਦੀਆਂ ਨੇ ਭਾਜਪਾ ਆਗੂ ਸਰਬਜੀਤ ਸਿੰਘ ਮੱਕੜ ਦਾ ਘੇਰਾਓ ਕਰਕੇ ਐਲਾਨ ਕੀਤਾ ਕਿ "ਨਾਲੇ ਚੋਰੀ ਤੇ ਉੱਪਰੋਂ ਸੀਨਾ ਜੋਰੀ"। ਅੰਤ ਭਰੇ ਇਕੱਠ ਵਿੱਚ ਭਾਜਪਾ ਆਗੂ ਸਰਬਜੀਤ ਸਿੰਘ ਮੱਕੜ ਨੂੰ ਕਬਜੇ ਵਿੱਚ ਲਿਆ ਟਰੈਕਟਰ ਟਰਾਲੀ ਮਾਲਕ ਕਿਸਾਨ ਦੇ ਹਵਾਲੇ ਕਰਨ ਅਤੇ ਸਰਬਜੀਤ ਸਿੰਘ ਮੱਕੜ ਵਲੋਂ ਕੀਤੀ ਗਲਤੀ ਦਾ ਅਹਿਸਾਸ ਕਰਨ ਉਪਰੰਤ ਦੁਪਹਿਰ 2 ਵਜੇ ਤੋਂ ਚੱਲਦਾ ਘੇਰਾਓ ਸ਼ਾਮ 5 ਵਜੇ ਖਤਮ ਕੀਤਾ ਗਿਆ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ, ਬਲਵਿੰਦਰ ਸਿੰਘ ਭੁੱਲਰ, ਤਰਸੇਮ ਸਿੰਘ ਬੰਨੇਮੱਲ,ਪੇਂਡੂ ਮਜਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਕਸਮੀਰ ਸਿੰਘ ਘੁੱਗਸੋਰ, ਸੂਬਾ ਆਗੂ ਨਿਰਮਲ ਸਿੰਘ ਸੇਰਪੁਰ ਸੱਧਾ, ਯੂਨੀਅਨ ਦੇ ਯੂਥ ਵਿੰਗ ਦੇ ਸੂਬਾ ਆਗੂ ਗੁਰਪ੍ਰੀਤ ਸਿੰਘ ਚੀਦਾ ਤੋਂ ਇਲਾਵਾ ਗੁਰਨਾਮ ਸਿੰਘ ਤੱਗੜ, ਕੁਲਵਿੰਦਰ ਸਿੰਘ,ਸਾਧੂ ਸਿੰਘ, ਗੁਰਪਾਲ ਸਿੰਘ , ਲੁਭਾਇਆ ਸਿੰਘ ਆਦਿ ਨੇ ਸੰਬੋਧਨ ਕੀਤਾ।

# ਬੌਂਗੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਅਕਾਦਮਿਕ ਉੱਤਮਤਾ ਪੁਰਸਕਾਰ ਸਮਾਰੋਹ

**ਜਲੰਧਰ -(ਸ਼ੈਲੀ ਐਲਬਰਟ)**- ਸਮਾਜਿਕ ਕਦਰਾਂ-ਕੀਮਤਾਂ ਦੀ ਪ੍ਰਣਾਲੀ ਨੂੰ ਸਮਰਥਨ ਦੇਣ ਦੇ ਯਤਨਾਂ ਵੱਜੋਂ, ਬੌਂਗੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੀ ਸਰਪ੍ਰਸਤੀ ਹੇਠ ਚਲਾਏ ਜਾ ਰਹੇ ਦਿਸ਼ਾ- ਏਕ ਪਹਿਲ ਕਦਮੀ ਤਹਿਤ ਅਕਾਦਮਿਕ ਉੱਤਮਤਾ ਪੁਰਸਕਾਰ ਸਮਾਰੋਹ ਦਾ ਆਯੋਜਨ ਕੀਤਾ ਗਿਆ । ਇਹ ਇਨਾਮ ਵੰਡ ਸਮਾਗਮ ਸ਼ਹਿਰ ਦੇ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਦੱਸਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਮਾਨਤਾ ਦੇਣ ਅਤੇ ਪ੍ਰੇਰਿਤ ਕਰਨ ਲਈ ਕਰਵਾਇਆ ਗਿਆ। । ਸੈਸ਼ਨ 2021-22 ਦੇ ਦੱਸਵੀਂ ਜਮਾਤ ਦੇ ਟਾਪਰਾਂ ਅਤੇ ਸ਼ਹਿਰ ਦੇ 60 ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਸਮਾਗਮ ਲਈ ਇੰਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼,ਲੋਹਾਰਾਂ ਵਿਖੇ ਸੱਦਾ ਦਿੱਤਾ ਗਿਆ ਸੀ। ਇਸ ਸਮਾਗਮ ਵਿੱਚ ਡਾ.ਪਲਕ ਬੌਂਗੀ (ਡਾਇਰੈਕਟਰ ਸੀ.ਐਸ.ਆਰ.) ਨੇ ਮੁੱਖ ਮਹਿਮਾਨਦੀਭੂਮਿਕਾਨਿਭਾਈ। ਜਦੋਂ ਕਿ ਡਾ. ਅਨੂਪ ਬੌਂਗੀ (ਚੇਅਰਮੈਨ ਇੰਨੋਸੈਂਟ ਹਾਰਟਸ ਗਰੁੱਪ) ਅਤੇ ਸ੍ਰੀਮਤੀ ਅਰਾਧਨਾ ਬੌਂਗੀ (ਕਾਰਜਕਾਰੀ ਡਾਇਰੈਕਟਰ,ਕਾਲਜਸ, ਇੰਨੋਸੈਂਟ ਹਾਰਟਸ ਗਰੁੱਪ) ਨੇ ਮਹਿਮਾਨ ਦੀ ਭੂਮਿਕਾ ਨਿਭਾਈ।ਇਸਦੀ ਸ਼ੁਰੂਆਤ ਸਮੂਹ ਪਤਵੰਤਿਆਂ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਇੰਨੋਸੈਂਟ ਹਾਰਟਸ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਵਿਦਿਆਰਥੀਆਂ ਨੇ ਗਣੇਸ਼ ਵੰਦਨਾ ਪੇਸ਼ ਕੀਤੀ। ਇਸ ਤੋਂ ਬਾਅਦ ਦੱਸਵੀਂ ਜਮਾਤ ਦੇ ਵਿਦਿਆਰਥੀਆਂ ਲਈ ਇਨਾਮ ਵੰਡ ਸਮਾਰੋਹ ਹੋਇਆ। ਟਰੱਸਟ ਵੱਲੋਂ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਵਿਜ਼ਨਰੀ ਪ੍ਰਿੰਸੀਪਲ ਐਵਾਰਡ ਭੇਟ ਕੀਤਾ ਗਿਆ। ਮੁੱਖ ਮਹਿਮਾਨ ਡਾ. ਪਲਕ ਬੌਂਗੀ ਨੇ ਕਿਹਾ ਕਿ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਅਤੇ ਦੱਸਵੀਂ ਜਮਾਤ ਵਿੱਚੋਂ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨਾ ਸਾਡੇ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਨੌਜਵਾਨ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਦਰਸਾਉਣ ਅਤੇ ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਉੱਚੀਆਂ ਉੱਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕਰਨ ਦਾ ਇਹ ਵਧੀਆ ਮੌਕਾ ਹੈ। ਦਿਸ਼ਾ- ਏਕ ਪਹਿਲ ਦੇ ਤਹਿਤ, ਬੌਂਗੀ ਮੈਮੋਰੀਅਲ ਟਰੱਸਟ ਸੱਚਮੁੱਚ ਸਮਝਦਾ ਹੈ ਕਿ ਸਮਾਜ ਵਿੱਚ ਭਾਗੀਦਾਰੀ ਦੇ ਸਹਿਯੋਗ ਨਾਲ ਹੀ ਸਮਾਜਿਕ ਵਿਕਾਸ ਪ੍ਰਾਪਤ ਕੀਤਾ ਜਾ ਸਕਦਾ ਹੈ ।ਉਨ੍ਹਾਂ ਨੇ ਕਿਹਾ ਕਿ ਅਸੀਂ ਬੇਟੀ ਬਚਾਓ-ਬੇਟੀ ਪੜ੍ਹਾਓ, ਗੋ ਗਰੀਨ, ਸੇ ਨੋ ਟੂ ਡਰੱਗਜ਼, ਸੇ ਨੋ ਟੂ ਪਲਾਸਟਿਕ, ਡਿਜੀਟਲਾਈਜੇਸ਼ਨ ਅਤੇ ਪੇਂਡੂ ਖੇਤਰਾਂ ਵਿੱਚ ਮੈਡੀਕਲ ਕੈਂਪ ਲਗਾਉਣ ਸਮੇਤ ਵੱਖ-ਵੱਖ ਪ੍ਰੋਗਰਾਮਾਂ ਤਹਿਤ ਸਮਾਜ ਲਈ ਹਮੇਸ਼ਾ ਆਪਣੀਆਂ ਸੇਵਾਵਾਂ ਵਿੱਚ ਯੋਗਦਾਨ ਪਾਉਂਦੇ ਹਾਂ ।

# ਮੂਨਕ ਖੁਰਦ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤੀਸਰਾ ਮਹਾਨ ਕੀਰਤਨ ਭਲਕੇ

**ਅੱਡਾ ਸਰਾਂ (ਜਸਵੀਰ ਕਾਜਲ)**-ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕ੍ਰਿਪਾ ਸਦਕਾ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਰਵਿਦਾਸ ਜੀ ਪਿੰਡ ਮੂਨਕ ਖੁਰਦ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਤੀਸਰਾ ਮਹਾਨ ਕੀਰਤਨ ਦਰਬਾਰ 18 ਨਵੰਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਕਰਵਾਇਆ ਜਾ ਰਿਹਾ ਹੈ ,ਜਿਸ ਵਿੱਚ ਪੰਥ ਦੇ ਮਹਾਨ ਕਥਾ ਵਾਚਕ ਗਿਆਨੀ ਪਿੰਦਰਪਾਲ ਸਿੰਘ ਲੁਧਿਆਣੇ ਵਾਲੇ, ਭਾਈ ਲਖਵਿੰਦਰ ਸਿੰਘ,ਭਾਈ ਦਵਿੰਦਰ ਸਿੰਘ (ਦੋਨੋਂ ਹੀ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ),ਬਾਬਾ ਕੁਲਦੀਪ ਸਿੰਘ ਟਾਹਲੀ ਸਾਹਿਬ ਵਾਲੇ, ਭਾਈ ਮਹਿਤਾਬ ਸਿੰਘ ਜਲੰਧਰ ਵਾਲੇ, ਢਾਡੀ ਜਥਾ ਭਾਈ ਸੁਖਵੀਰ ਸਿੰਘ ਚੌਹਾਨ ਬੁੱਢੀ ਪਿੰਡ, ਹੈੱਡ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਮੂਨਕਾਂ,ਭਾਈ ਮਲਕੀਤ ਸਿੰਘ ਮੂਨਕਾਂ, ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਨਗੇ।

# ਰਿਆਤ ਬਾਹਰਾ 'ਵਰਸਿਟੀ ਦੇ 10+2 ਸਕੂਲ ਵਿੰਗ ਵਿਖੇ ਧੂਮਧਾਮ ਨਾਲ ਮਨਾਇਆ ਬਾਲ ਦਿਵਸ





**ਕੁਰਾਲੀ (ਮੋਹਨ ਅੱਗਰਵਾਲ ਜੋਗਾ)**: ਰਿਆਤ ਬਾਹਰਾ ਯੂਨੀਵਰਸਿਟੀ 10+2 ਸਕੂਲ ਵਿੰਗ ਵੱਲੋਂ ਬਾਲ ਦਿਵਸ ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਵਿੱਚ ਗਿਆਰਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਬਾਲ ਦਿਵਸ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਡਾ.ਪਰਵਿੰਦਰ ਸਿੰਘ ਵਾਈਸ ਚਾਂਸਲਰ ਰਿਆਤ ਬਾਹਰਾ ਯੂਨੀਵਰਸਿਟੀ ਇਸ ਸਮਾਗਮ ਦੇ ਮੁੱਖ ਮਹਿਮਾਨ ਸਨ। ਇਸ ਦੌਰਾਨ ਸਕੂਲ ਦੇ ਵਿਦਿਆਰਥੀਆਂ ਦੇ ਕਲਾ ਅਤੇ ਕਰਾਫਟ ਮੁਕਾਬਲੇ, ਪ੍ਰਤਿਭਾ ਖੋਜ ਅਤੇ ਹੋਰ ਬਹੁਤ ਸਾਰੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਦੁਆਰਾ ਪੋਸਟਰ ਮੇਕਿੰਗ, ਰੰਗੋਲੀ, ਪੋਟ ਡੈਕੋਰੇਸ਼ਨ, ਕਲਾਸ ਡੈਕੋਰੇਸ਼ਨ ਅਤੇ ਟੇਲੈਂਟ ਹੰਟ ਆਦਿ ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਬਾਰ੍ਹਵੀਂ ਜਮਾਤ ਦੇ ਟਾਪਰ ਵਿਦਿਆਰਥੀਆਂ ਨੂੰ ਅਕਾਦਮਿਕ ਪੁਰਸਕਾਰਾਂ, ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਗਤੀਵਿਧੀਆਂ ਦੇ ਜੇਤੂਆਂ ਨੂੰ ਇਨਾਮਾਂ ਦੀ ਵੰਡ ਵੀ ਕੀਤੀ ਗਈ। ਰਵਿੰਦਰ ਕੌਰ ਬਾਰ੍ਹਵੀਂ ਜਮਾਤ ਅਤੇ ਗੁਰਨਿਹਾਲ ਸਿੰਘ ਗਿਆਰਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਸਰਵੋਤਮ ਵਿਦਿਆਰਥੀਆਂ ਦੇ ਇਨਾਮ ਵੀ ਦਿੱਤੇ ਗਏ।

ਸਮਾਗਮ ਦੇ ਅੰਤ ਵਿੱਚ ਸਕੂਲ ਦੀ ਪ੍ਰਿੰਸੀਪਲ ਮੀਨਾ ਵਰਮਾ ਨੇ ਵਿਦਿਆਰਥੀਆਂ ਨੂੰ ਬਾਲ ਦਿਵਸ ਦੀ ਵਧਾਈ ਦਿੱਤੀ ਅਤੇ ਇਸ ਵਿਸ਼ੇਸ਼ ਦਿਨ 'ਤੇ ਵਿਦਿਆਰਥੀਆਂ ਨੂੰ ਸਖਤ ਮਿਹਨਤ ਨਾਲ ਆਪਣੇ ਟੀਚੇ ਪ੍ਰਾਪਤ ਕਰਨ ਲਈ ਪ੍ਰੇਰਿਤ ਵੀ ਕੀਤਾ।

# ਪੰਜਾਬ 'ਚ ਕਾਨੂੰਨ ਵਿਵਸਥਾ ਨਾਲ ਖਿਲਵਾੜ ਬਿਲਕੁਲ ਬਰਦਾਸ਼ਤ ਨਹੀਂ ਕਰੇਗੀ ਸਰਕਾਰ : ਜਿੰਪਾ



**ਫਗਵਾੜਾ ( ਰਮਨ, ਜਸਵਿੰਦਰ ਢੱਡਾ)** ਹੈਲਪਿੰਗ ਹੈਂਡ ਸੰਸਥਾ ਅਤੇ ਪੰਜਾਬ ਰੇਡੀਓ ਲੰਡਨ ਵਲੋਂ ਫਗਵਾੜਾ ਵਿਖੇ ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਸਾਂਝੇ ਤੌਰ 'ਤੇ ਕਰਵਾਏ ਸਮੂਹਿਕ ਆਨੰਦ ਕਾਰਜ ਵਿਚ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਪੰਜਾਬ ਦੇ ਮਾਲ ਤੇ ਜਲ ਸਪਲਾਈ ਮੰਤਰੀ ਬ੍ਰਹਮਸ਼ੰਕਰ ਜਿੰਪਾ ਅਤੇ ਸੀਨੀਅਰ ਆਗੂ ਦੀਪਕ ਬਾਲੀ ਦਾ ਫਗਵਾੜਾ ਪਹੁੰਚਣ 'ਤੇ 'ਆਪ' ਆਗੂਆਂ ਨੇ ਜ਼ਿਲ੍ਹਾ ਪ੍ਰਧਾਨ ਲਲਿਤ ਸਕਲਾਨੀ ਦੀ ਅਗਵਾਈ ਹੇਠ ਭਰਵਾਂ ਸਵਾਗਤ ਕੀਤਾ। ਇਸ ਦੌਰਾਨ ਇੰਜੀ. ਅਸ਼ੋਕ ਭਾਟੀਆ ਜ਼ਿਲ੍ਹਾ ਕੈਸ਼ੀਅਰ ਅਤੇ ਹਰਜਿੰਦਰ ਸਿੰਘ ਖ਼ਾਲਸਾ ਆਦਿ 'ਆਪ' ਆਗੂਆਂ ਨੇ ਉਨ੍ਹਾਂ ਨੂੰ ਗੁਲਦਸਤੇ ਭੇਂਟ ਕੀਤੇ। ਕੈਬਨਿਟ ਮੰਤਰੀ ਬ੍ਰਹਮਸ਼ੰਕਰ ਜਿੰਪਾ ਨੇ 'ਆਪ' ਆਗੂਆਂ ਤੋਂ ਫਗਵਾੜਾ ਦੀਆਂ ਸਿਆਸੀ ਗਤੀਵਿਧੀਆਂ ਬਾਰੇ ਜਾਣਕਾਰੀ ਲੈਂਦਿਆਂ ਕਿਹਾ ਕਿ ਮਾਲ ਵਿਭਾਗ 'ਚ ਭ੍ਰਿਸ਼ਟਾਚਾਰ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਕਿਉਂਕਿ 'ਆਪ' ਦੀ ਨੀਤੀ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟੋਲਰੈਂਸ ਵਾਲੀ ਹੈ। ਉਹਨਾਂ ਦੱਸਿਆ ਕਿ ਵਿਭਾਗੀ ਕੰਮਾਂ ਵਿੱਚ ਪੂਰੀ ਪਾਰਦਰਸ਼ਤਾ ਲਿਆਉਣ ਲਈ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਹਰੇਕ ਛੋਟੇ-ਵੱਡੇ ਅਧਿਕਾਰੀ ਦੀ ਜਵਾਬਦੇਹੀ ਤੈਅ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਨੂੰ ਲੈ ਕੇ ਭਗਵੰਤ ਮਾਨ ਸਰਕਾਰ ਬਹੁਤ ਗੰਭੀਰ ਹੈ ਅਤੇ ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਸੂਬੇ ਵਿੱਚ ਨਸ਼ਿਆਂ ਅਤੇ ਗੈਂਗਸਟਰ ਕਲਚਰ ਨੂੰ ਨੱਥ ਪਾਉਣ ਲਈ ਸੰਵੇਦਨਸ਼ੀਲ ਜ਼ਿਲ੍ਹਿਆਂ ਵਿੱਚ ਸੀਨੀਅਰ ਅਤੇ ਤਜ਼ਰਬੇਕਾਰ ਪੁਲੀਸ ਅਧਿਕਾਰੀਆਂ ਨੂੰ ਤਾਇਨਾਤ ਕਰ ਦਿੱਤਾ ਗਿਆ ਹੈ। ਇਸ ਮੌਕੇ ਹਰਮਿੰਦਰ ਸਿੰਘ ਬਸਰਾ, ਮੱਖਣ ਸਿੰਘ, ਬਲਜੀਤ ਸਿੰਘ ਅਤੇ ਬਿੱਲਾ ਪ੍ਰਭਾਕਰ ਆਦਿ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਬਾਲ ਦਿਵਸ ਮੌਕੇ ਸੈਮੀਨਾਰ



**ਹੁਸ਼ਿਆਰਪੁਰ, : (ਓ ਪੀ ਰਾਣਾ )**- ਦਿਲਬਾਗ ਸਿੰਘ ਜੌਹਲ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਸ਼੍ਰੀਮਤੀ ਅਪਰਾਜਿਤਾ ਜੋਸ਼ੀ ਚੀਫ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵਲੋਂ ਬਾਲ ਦਿਵਸ ਮੌਕੇ ਸੁੰਦਰ ਨਗਰ ਸਲੱਮ ਏਰੀਆ ਹੁਸ਼ਿਆਰਪੁਰ ਵਿਖੇ ਸੈਮੀਨਾਰ ਕਰਵਾਇਆ ਗਿਆ।

ਇਸ ਮੌਕੇ ਲੋੜਵੰਦ ਬੱਚਿਆਂ ਨੂੰ ਕਾਪੀਆਂ ਤੇ ਪੈਨਸਲਾਂ ਵੰਡੀਆਂ ਗਈਆਂ ਅਤੇ ਨਾਲ ਹੀ ਉਨ੍ਹਾਂ ਦੇ ਹੱਕਾਂ ਬਾਰੇ ਜਾਣਕਾਰੀ ਵੀ ਦਿੱਤੀ ਗਈ ਅਤੇ ਮੁਫ਼ਤ ਕਾਨੂੰਨੀ ਸੇਵਾਵਾਂ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਵਲੋਂ ਚਿਲਡਰਨ ਹੋਮ ਅਤੇ ਜੁਵੇਨਾਈਲ ਹੋਮ ਦਾ ਦੌਰਾ ਕੀਤਾ ਗਿਆ ਜਿਸ ਦੌਰਾਨ ਚਿਲਡਰਨ ਹੋਮ ਦੇ ਬੱਚਿਆਂ ਨੇ ਪੇਂਟਿੰਗ ਅਤੇ ਚਾਰਟ ਮੇਕਿੰਗ ਪ੍ਰਤੀਯੋਗਤਾ ਵਿਚ ਹਿੱਸਾ ਲਿਆ ਅਤੇ ਸ਼੍ਰੀਮਤੀ ਅਪਰਾਜਿਤਾ ਜੋਸ਼ੀ ਨੇ ਕਾਪੀਆਂ ਤੇ ਪੈਨਸਲਾਂ ਦੇ ਕੇ ਬੱਚਿਆਂ ਦਾ ਹੌਸਲਾ ਵਧਾਇਆ ਅਤੇ ਉਨ੍ਹਾਂ ਨੂੰ ਆਪਣੀ ਜ਼ਿੰਦਗੀ ਵਿਚ ਚੰਗੇ ਕੰਮ ਕਰਕੇ ਅੱਗੇ ਵੱਧਣ ਲਈ ਪ੍ਰੇਰਿਤ ਕੀਤਾ। ਇਸ ਦੇ ਨਾਲ ਹੀ ਜੁਵੇਨਾਈਲ ਹੋਮ ਦੇ ਬੱਚਿਆਂ ਨੂੰ ਉਨ੍ਹਾਂ ਦੇ ਹੱਕਾਂ ਬਾਰੇ ਜਾਗਰੂਕ ਕੀਤਾ ਗਿਆ ਅਤੇ ਕਿਹਾ ਗਿਆ ਕਿ ਜ਼ਿੰਦਗੀ ਵਿਚ ਕੋਈ ਵੀ ਅਜਿਹਾ ਕੰਮ ਨਾ ਕੀਤਾ ਜਾਵੇ ਜਿਸ ਨਾਲ ਉਨ੍ਹਾਂ ਦੀ ਨਿੱਜੀ ਜ਼ਿੰਦਗੀ ਵਿਚ ਸਮੱਸਿਆਵਾਂ ਆਉਣ। ਜ਼ਿੰਦਗੀ ਨੂੰ ਖੁਸ਼ਹਾਲ ਰੱਖਣ ਲਈ ਹਮੇਸ਼ਾ ਚੰਗੇ ਕੰਮ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸੇ ਤਰ੍ਹਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਖੋਲ੍ਹੇ ਗਏ ਲੀਗਲ ਲਿਟਰੇਸੀ ਕਲੱਬਾਂ ਦੇ ਵਿਦਿਆਰਥੀਆਂ ਨੇ ਅੱਜ ਬਾਲ ਦਿਵਸ ਮੌਕੇ ਵੱਖ-ਵੱਖ ਤਰ੍ਹਾਂ ਦੀਆਂ ਪ੍ਰਤੀਯੋਗਤਾਵਾਂ ਵਿਚ ਭਾਗ ਲਿਆ, ਜਿਸ ਵਿਚ ਸਲੋਗਨ ਰਾਈਟਿੰਗ, ਚਾਰਟ ਮੇਕਿੰਗ, ਪੇਟਿੰਗ ਅਤੇ ਗਿੱਧਾ ਆਦਿ ਸ਼ਾਮਲ ਸੀ। ਇਸ ਮੌਕੇ ਸੁਪਰਡੰਟ ਓਬਜ਼ਰਵੇਸ਼ਨ ਹੋਮ ਨਰੇਸ਼ ਕੁਮਾਰ, ਸੁਪਰਡੰਟ ਚਿਲਡਰਨ ਹੋਮ ਰੀਨਾ ਰਾਣੀ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵਲੋਂ ਪਵਨ ਕੁਮਾਰ ਹਾਜ਼ਰ ਸਨ।

# ਵਿਧਾਇਕ ਚੱਢਾ ਨੇ ਗ੍ਰਾਮ ਪੰਚਾਇਤ ਗੋਪਾਲਪੁਰ ਦੇ ਕਮਿਊਨਿਟੀ ਸੈਂਟਰ ਦੇ ਕੰਮ ਦੀ ਕਰਵਾਈ ਸ਼ੁਰੂਆਤ



**ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)**- ਰੂਪਨਗਰ ਤੋਂ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਦੀ ਅਗਵਾਈ ਵਿੱਚ ਬਲਾਕ ਨੂਰਪੁਰ ਬੇਦੀ ਅਧੀਨ ਪੈਂਦੇ ਪਿੰਡ ਗੋਪਾਲਪੁਰ ਦੀ ਪੰਚਾਇਤ ਵੱਲੋਂ ਬਣਾਏ ਜਾਣ ਵਾਲੇ ਕਮਿਊਨਿਟੀ ਸੈਂਟਰ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਵਿਧਾਇਕ ਨੇ ਪਿੰਡ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਪਿੰਡ ਗੋਪਾਲਪੁਰ ਵਿੱਚ ਇੱਕ ਆਲੀਸ਼ਾਨ ਪਾਰਕ ਬਣਾਉਣਗੇ ਅਤੇ ਆਉਣ ਵਾਲੇ ਦਿਨਾਂ ਵਿੱਚ ਇੱਕ ਖੇਡ ਗਰਾਊਂਡ ਬਣਾਉਣ ਜਾ ਰਹੇ ਹਨ, ਜਿਸ ਨਾਲ ਨੂਰਪੁਰ ਬੇਦੀ ਬਲਾਕ ਨੂੰ ਕਾਫੀ ਫਾਇਦਾ ਹੋਵੇਗਾ।

ਉਨ੍ਹਾਂ ਗ੍ਰਾਮ ਪੰਚਾਇਤ ਗੋਪਾਲਪੁਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਵੀ ਕੀਤੀ, ਉਥੇ ਹੀ ਉਨ੍ਹਾਂ ਗ੍ਰਾਮ ਪੰਚਾਇਤ ਨੂੰ ਭਰੋਸਾ ਦਿੱਤਾ ਕਿ ਕਿਸੇ ਵੀ ਵੱਲੋਂ ਵਿਕਾਸ ਕਾਰਜ ਕਰਵਾਏ ਜਾਣ, ਜੇਕਰ ਫੰਡਾਂ ਦੀ ਕਮੀ ਹੈ ਤਾਂ ਉਨ੍ਹਾਂ ਦੀ ਤੁਰੰਤ ਜਾਂਚ ਕਰਵਾਈ ਜਾਵੇ, ਉਹ ਤੁਰੰਤ ਵਿਕਾਸ ਕਾਰਜਾਂ ਲਈ ਫੰਡ ਮੁਹੱਈਆ ਕਰਵਾਉਣਗੇ। ਇਸ ਮੌਕੇ ਪਰਮਿੰਦਰ ਸਿੰਘ ਨੰਬਰਦਾਰ, ਸਤਨਾਮ ਕੌਰ, ਕਸ਼ਮੀਰ ਸਿੰਘ ਪੰਚ, ਸੁਰਿੰਦਰ ਸਿੰਘ, ਮਨਦੀਪ ਸਿੰਘ, ਸੂਬੇਦਾਰ ਅਮਰੀਕ ਸਿੰਘ, ਸੁਖਵਿੰਦਰ ਸਿੰਘ, ਸੁਰਜੀਤ ਸਿੰਘ, ਰਾਮਦਾਸ ਸੈਣੀ, ਮਹਿੰਦਰ ਸਿੰਘ ਸੈਣੀ, ਨਸੀਬ ਚੰਦ, ਮਦਨ ਲਾਲ, ਕਮਲ ਦੇਵ, ਅਮਿਤ ਕੁਮਾਰ, ਪ੍ਰੇਮ ਸਿੰਘ, ਸੋਹਣ ਸਿੰਘ, ਵਰਿੰਦਰ ਸਿੰਘ, ਜਸਪਾਲ ਰਾਣਾ, ਹਰਮੇਸ਼ ਰਾਣਾ ਆਦਿ ਹਾਜਰ ਸਨ।

# ਨੌਕਰੀ ਲੱਭਣ ਵਿੱਚ ਅਸਫਲ ਰਹੇ ਵਰਿੰਦਰ ਸਿੰਘ ਦੀ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਨੇ ਕਰਵਾਈ ਪਲੇਸਮੈਂਟ



**ਐ ਸ .ਏ .ਐ ਸ ਨਗਰ ( ਗੁਰਜੀਤ ਬਿੱਲਾ )**-ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਐਸ.ਏ.ਐਸ. ਨਗਰ ਬੇਰੁਜ਼ਗਾਰ ਲੜਕੇ ਅਤੇ ਲੜਕੀਆਂ ਨੂੰ ਰੋਜਗਾਰ ਮੁਹੱਈਆ ਕਰਾਉਣ ਵਿੱਚ ਵਰਦਾਨ ਸਾਬਿਤ ਹੋ ਰਿਹਾ ਹੈ। ਜਿੱਥੇ ਬੇਰੁਜਗਾਰ ਪ੍ਰਾਰਥੀ ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਐਸ.ਏ.ਐਸ. ਨਗਰ ਰਾਹੀਂ ਨੌਕਰੀ/ਸਵੈਰੋਜਗਾਰ ਪ੍ਰਾਪਤ ਕਰਕੇ ਆਪਣੇ ਜੀਵਨ ਨੂੰ ਸੁਖਾਲਾ ਬਣਾ ਰਹੇ ਹਨ। ਇਸ ਯੋਜਨਾ ਅਧੀਨ ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਐਸ.ਏ.ਐਸ ਨਗਰ ਵੱਲੋਂ ਵਰਿੰਦਰ ਸਿੰਘ ਦੀ ਸਿਲੈਕਸ਼ਨ ਡੀ-ਮਾਰਟ ਕੰਪਨੀ ਵਿੱਚ ਬਤੌਰ ਕੈਸ਼ੀਅਰ ਕਰਵਾਈ ਗਈ ਹੈ। ਜਿਸ ਦਾ ਸਲਾਨਾ ਪੈਕੇਜ 1.5 ਲੱਖ ਤੋਂ 2 ਲੱਖ ਪ੍ਰਤੀ ਸਾਲ ਹੈ। ਵਰਿੰਦਰ ਸਿੰਘ ਮੋਹਾਲੀ ਦਾ ਰਹਿਣ ਵਾਲਾ ਹੈ ਅਤੇ ਉਸਨੇ ਕੰਪਿਊਟਰ ਸਾਇੰਸ ਵਿੱਚ ਗ੍ਰੈਜੂਏਸ਼ਨ ਕੀਤੀ ਹੋਈ ਹੈ। ਉਸਨੂੰ ਨੌਕਰੀ ਦੀ ਤਲਾਸ਼ ਕਰਨ ਵਿੱਚ ਬਹੁਤ ਦਿੱਕਤ ਆ ਰਹੀ ਸੀ। ਉਸਦੀ ਰਜਿਸਟ੍ਰੇਸ਼ਨ ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਐਸ.ਏ.ਐਸ ਨਗਰ ਵਿਖੇ ਹੋਈ ਸੀ ਅਤੇ ਉਸ ਨੂੰ ਰੋਜ਼ਗਾਰ ਦਫਤਰ ਵਲੋਂ ਡੀ-ਮਾਰਟ ਕੰਪਨੀ ਵਿੱਚ ਇੰਟਰਵਿਊ ਲਈ ਭੇਜਿਆ ਗਿਆ। ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਐਸ.ਏ.ਐਸ ਨਗਰ ਵਿਖੇ ਆਉਣ 'ਤੇ ਉਸਦੀ ਮੁਲਾਕਾਤ ਪਲੇਸਮੈਂਟ ਅਫਸਰ ਨਾਲ ਹੋਈ। ਵਰਿੰਦਰ ਸਿੰਘ ਨੂੰ ਉਸ ਦੀ ਪੜ੍ਹਾਈ ਅਤੇ ਕੋਰਸ ਅਨੁਸਾਰ, ਪਲੇਸਮੈਂਟ ਅਫਸਰ ਵੱਲੋਂ ਇੰਟਰਵਿਊ ਸਬੰਧੀ ਸਾਰੇ ਦਸਤਾਵੇਜ਼ ਚੈੱਕ ਕਰਕੇ ਡੀ-ਮਾਰਟ ਕੰਪਨੀ ਵਿੱਚ ਇੰਟਰਵਿਊ ਲਈ ਭੇਜਿਆ ਗਿਆ। ਡੀ-ਮਾਰਟ ਕੰਪਨੀ ਵੱਲੋਂ ਇੰਟਰਵਿਊ ਤੋਂ ਬਾਅਦ ਵਰਿੰਦਰ ਸਿੰਘ ਨੂੰ ਮੌਕੇ 'ਤੇ ਹੀ ਬਤੌਰ ਕੈਸ਼ੀਅਰ ਲਈ ਸਿਲੈਕਟ ਕਰ ਲਿਆ ਗਿਆ। ਸਿਲੈਕਸ਼ਨ ਤੋਂ ਬਾਅਦ ਵਰਿੰਦਰ ਸਿੰਘ ਨੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਐਸ.ਏ.ਐਸ ਨਗਰ ਦੇ ਸਾਰੇ ਅਧਿਕਾਰੀਆਂ ਦਾ ਧੰਨਵਾਦ ਕਰਦੇ ਹੋਏ ਨੌਕਰੀ ਦਿਵਾਉਣ ਲਈ ਪੰਜਾਬ ਸਰਕਾਰ ਦੇ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਐਸ.ਏ.ਐਸ ਨਗਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਦੀ ਜਾਣਕਾਰੀ ਆਪਣੇ ਦੋਸਤਾਂ ਅਤੇ ਰਿਸ਼ਤੇਦਾਰਾਂ ਨਾਲ ਸਾਂਝੀ ਕਰਨ ਦਾ ਵਾਅਦਾ ਕੀਤਾ ।

# ਬੀ ਐੱਸ ਐੱਨ ਐੱਲ ਕੰਪਨੀ ਦੀ ਮਾੜੀ ਸਰਵਿਸ ਤੋਂ ਪ੍ਰੇਸ਼ਾਨ ਹਨ ਪਿੰਡਾਂ ਦੇ ਲੋਕ




**ਅੱਡਾ ਸਰਾਂ (ਜਸਵੀਰ ਕਾਜਲ)**-ਭਾਰਤ ਦੀ ਸਰਵ ਉੱਤਮ ਇਕਮਾਤਰ ਕੰਪਨੀ ਬੀ ਐਸ ਐਨ ਐਲ ਦੀ ਟਾਂਡਾ ਐਕਸਚੇਂਜ ਦੀ ਸੱਬ ਅਕਸਚੇਂਜ ਜੋ ਅੱਡਾ ਸਰਾਂ ਕੰਧਾਲਾ ਜੱਟਾਂ ਵਿਚ ਬਣੀ ਹੋਈ ਹੈ ਦੀ ਮਾੜੀ ਸਰਵਿਸ ਤੋਂ ਪ੍ਰੇਸ਼ਾਨ ਹਨ ਅੱਡਾ ਸਰਾਂ, ਪਿੰਡ ਕੰਧਾਲਾ ਜੱਟਾਂ,ਅਤੇ ਨੇੜਲੇ ਪੈਂਦੇ ਪਿੰਡਾਂ ਦੇ ਲੋਕ ।

ਜਦ ਹੀ ਬਿਜਲੀ ਲਾਈਟ ਦਾ ਕੱਟ ਲੱਗਦਾ ਹੈ, ਨਾਲ ਹੀ ਮੋਬਾਇਲ ਦੀ ਰੇਂਜ ਜਾਂ ਟਾਵਰ ਵੀ ਚਲੇ ਜਾਂਦੇ ਹਨ । ਇਸ ਨਾਲ ਨਾ ਹੀ ਫੋਨ ਕਾਲ ਕਿਸੇ ਨੂੰ ਲੱਗਦੀ ਹੈ, ਨਾ ਹੀ ਕਿਸੇ ਦੀ ਆਉਂਦੀ ਹੈ ਅਤੇ ਨਾ ਹੀ ਇੰਟਰਨੈੱਟ ਚਲਦਾ ਹੈ ।ਕੁਝ ਹੀ ਸਮੇਂ ਪਹਿਲਾਂ ਸ਼ੁਰੂ ਕੀਤੀ ਸਰਵਿਸ ਬੀਐਸਐਨਐਲ ਫਾਈਬਰ ਜੋ ਇੰਟਰਨੈੱਟ ਦੀ ਸਪੀਡ ਜ਼ਿਆਦਾ ਅਤੇ ਵਧੀਆ ਦਿੰਦੀ ਹੈ ।ਉਹ ਵੀ ਲਾਈਟ ਜਾਣ 'ਤੇ ਬੰਦ ਹੋ ਜਾਂਦਾ ਹੈ । ਉਸ ਦਾ ਕਾਰਨ ਇਹ ਹੈ ਕਿ ਬੀਐਸਐਨਐਲ ਐਕਸਚੇਂਜ ਜੋ ਬਣੀਆਂ ਹਨ ਉਸ ਦੀਆਂ ਬੈਟਰੀਆਂ ਕੰਮ ਹੀ ਨਹੀਂ ਕਰਦੀਆਂ, ਬਹੁਤ ਸਮੇਂ ਪਹਿਲਾਂ ਜੋ ਬੈਟਰੀਆਂ ਮਹਿਕਮੇ ਵੱਲੋਂ ਲਗਾਈਆਂ ਗਈਆਂ ਹਨ, ਉਨ੍ਹਾਂ ਦੀ ਮਿਆਦ ਖਤਮ ਹੋ ਚੁੱਕੀ ਹੈ ਅਤੇ ਉਹ ਚਾਰਜ ਨਹੀਂ ਹੁੰਦੀਆਂ ਹਨ। ਬਹੁਤ ਸਾਰੇ ਲੋਕਾਂ ਨੇ ਬੀ.ਐਸ.ਐਨ.ਐਲ ਜਾਂ ਸੈਲਵਨ ਦੀਆ ਸਿਮਾਂ ਵਾਲੇ ਨੰਬਰ ਲਏ ਹੋਏ ਹਨ ਜੋ ਕਿ ਬਹੁਤ ਹੀ ਪੁਰਾਣੇ ਸਮੇਂ ਤੋਂ ਚਲਦੇ ਆ ਰਹੇ ਹਨ ।ਪਰ ਇਸ ਮਾੜੀ ਸਰਵਿਸ ਕਾਰਨ ਉਹ ਆਪਣੇ ਨੰਬਰ ਕਿਸੇ ਹੋਰ ਕੰਪਨੀ ਵਿੱਚ ਬਦਲੀ (ਪੋਰਟ) ਕਰਨ ਲਈ ਮਜਬੂਰ ਹਨ ।ਪਰ ਜਿਨ੍ਹਾਂ ਨੇ ਇੰਟਰਨੈੱਟ ਫਾਈਬਰ ਜਾਂ ਬਰੌਡਬੈਂਡ ਲਗਵਾਏ ਹਨ ਉਨ੍ਹਾਂ ਲਈ ਕੋਈ ਵੀ ਹੋਰ ਆਪਸ਼ਨ ਨਹੀਂ ਹੈ ਕਿ ਉਹ ਕਿਸੇ ਹੋਰ ਕੰਪਨੀ ਵਿੱਚ ਜਾ ਸਕਣ ।ਕਿਉਂਕਿ ਕੁਨੈਕਸ਼ਨ ਲੈਣ ਵਾਸਤੇ 3 ਤੋਂ 4 ਹਜਾਰ ਰੁਪਏ ਗਾਹਕ ਨੇ ਖਰਚੇ ਹੋਏ ਹਨ। ਇਸ ਪ੍ਰੇਸ਼ਾਨੀ ਨੂੰ ਦੇਖਦਿਆਂ ਮਹਿਕਮੇ ਨੂੰ ਗੌਰ ਕਰਨ ਦੀ ਲੋੜ ਹੈ।

# ਕਿਰਤੀਆਂ ਨੂੰ ਬੋਰਡ ਦੀਆਂ ਭਲਾਈ ਸਕੀਮਾਂ ਦਾ ਲਾਭ ਲੈਣ ਲਈ ਰਜਿਸਟ੍ਰੇਸ਼ਨ ਕਰਵਾਉਣ ਦੀ ਅਪੀਲ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਦੇ ਰਜਿਸਟਰਡ ਲਾਭਪਾਤਰੀਆਂ ਨੂੰ ਬੋਰਡ ਦੀਆਂ ਵੱਖ-ਵੱਖ ਸਕੀਮਾਂ ਦਾ ਲਾਭ ਦੇਣ ਤਹਿਤ 64.39 ਲੱਖ ਰੁਪਏ ਦੀ ਰਾਸ਼ੀ ਪ੍ਰਵਾਨ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ ਦੀਆਂ ਹਦਾਇਤਾਂ 'ਤੇ ਪੰਜਾਬ ਕੰਸਟਰਕਸ਼ਨ ਵਰਕਰਜ਼ ਵੈੱਲਫੇਅਰ ਬੋਰਡ ਦੀ ਸਬ ਡਵੀਜ਼ਨਲ ਕਮੇਟੀ ਸ਼ਾਹਕੋਟ ਦੀ ਇਕ ਮੀਟਿੰਗ ਐਸ.ਡੀ.ਐਮ. ਅਮਨਪਾਲ ਸਿੰਘ ਅਤੇ ਸਹਾਇਕ ਕਿਰਤ ਕਮਿਸ਼ਨਰ ਬਲਜੀਤ ਸਿੰਘ ਦੀ ਅਗਵਾਈ ਵਿੱਚ ਹੋਈ। ਮੀਟਿੰਗ ਦੌਰਾਨ 342 ਲਾਭਪਾਤਰੀਆਂ ਦੀਆਂ 64,39000 ਰੁਪਏ ਦੀ ਵਿੱਤੀ ਸਹਾਇਤਾ ਨਾਲ ਸਬੰਧਤ ਅਰਜ਼ੀਆਂ ਮੌਕੇ 'ਤੇ ਮਨਜ਼ੂਰ ਕੀਤੀਆਂ ਗਈਆਂ। ਸਹਾਇਕ ਕਿਰਤ ਕਮਿਸ਼ਨਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਬੰਧਤ ਬੋਰਡ ਦੇ ਪੋਰਟਲ ਤੋਂ ਸਬ ਡਵੀਜ਼ਨ, ਸ਼ਾਹਕੋਟ ਨਾਲ ਸਬੰਧਤ ਆਨਲਾਈਨ ਪ੍ਰਾਪਤ ਵੱਖ-ਵੱਖ ਭਲਾਈ ਸਕੀਮਾਂ ਸਬੰਧੀ ਅਰਜ਼ੀਆਂ ਨੂੰ ਕਮੇਟੀ ਮੈਂਬਰਾਂ ਦੀ ਮਨਜ਼ੂਰੀ ਉਪਰੰਤ ਵੱਖ-ਵੱਖ ਸਕੀਮਾਂ ਤਹਿਤ ਲਾਭ ਦੇਣ ਲਈ ਪ੍ਰਵਾਨ ਕੀਤਾ ਗਿਆ ਹੈ। ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਵਜ਼ੀਫਾ ਸਕੀਮ ਅਧੀਨ 425 ਕੇਸਾਂ ਲਈ 45,04,000 ਰੁਪਏ, ਸ਼ਗਨ ਸਕੀਮ ਲਈ ਪ੍ਰਾਪਤ 5 ਅਰਜ਼ੀਆਂ ਲਈ 1,55,000, ਐਕਸਗ੍ਰੇਸ਼ੀਆ ਲਈ 8 ਕੇਸਾਂ ਅਧੀਨ 17,00,000 ਅਤੇ ਦਾਹ-ਸੰਸਕਾਰ ਸਬੰਧੀ 4 ਕੇਸਾਂ ਲਈ 80,000 ਰੁਪਏ ਦੀ ਰਾਸ਼ੀ ਮਨਜ਼ੂਰ ਕੀਤੀ ਗਈ ਹੈ। ਸਹਾਇਕ ਕਿਰਤ ਕਮਿਸ਼ਨਰ ਨੇ ਕਿਰਤੀ-ਕਾਮਿਆਂ ਨੂੰ ਬੋਰਡ ਨਾਲ ਜੁੜ ਕੇ ਵੱਧ ਤੋਂ ਵੱਧ ਕਿਰਤ ਭਲਾਈ ਸਕੀਮਾਂ ਦਾ ਲਾਭ ਹਾਸਲ ਕਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਰਾਜਮਿਸਤਰੀ, ਇਟਾਂ/ਸੀਮਿੰਟ ਫੜਾਉਣ ਵਾਲੇ ਮਜ਼ਦੂਰ, ਪਲੰਬਰ, ਤਰਖਾਣ, ਵੈਲਡਰ, ਇਲੈਕਟ੍ਰੀਸ਼ਨ ਦਾ ਕੰਮ ਕਰਨ ਵਾਲੇ ਬੋਰਡ ਅਧੀਨ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਕਿਸੇ ਸਰਕਾਰੀ, ਅਰਧ ਸਰਕਾਰੀ ਜਾਂ ਪ੍ਰਾਈਵੇਟ ਅਦਾਰੇ ਵਿੱਚ ਇਮਾਰਤਾਂ, ਸੜਕਾਂ, ਨਹਿਰਾਂ, ਬਿਜਲੀ ਦੇ ਉਤਪਾਦਨ ਜਾਂ ਵੰਡ, ਟੈਲੀਫੋਨ, ਤਾਰ, ਰੇਡੀਓ, ਰੇਲ, ਹਵਾਈ ਅੱਡੇ ਆਦਿ ਵਿਖੇ ਉਸਾਰੀ, ਮੁਰੰਮਤ, ਰੱਖ-ਰਖਾਅ ਜਾਂ ਤੋੜ ਫੋੜ ਦੇ ਕੰਮ ਲਈ ਕੁਸ਼ਲ/ਅਰਧਕੁਸ਼ਲ, ਕਾਰੀਗਰ ਜਾਂ ਸੁਪਰਵਾਈਜ਼ਰ ਦੇ ਤੌਰ 'ਤੇ ਤਨਖਾਹ ਜਾਂ ਮਿਹਨਤਾਨਾ ਲੈ ਕੇ ਕੰਮ ਕਰਨ ਵਾਲਾ ਵਿਅਕਤੀ ਵੀ ਰਜਿਸਟ੍ਰੇਸ਼ਨ ਯੋਗ ਹੈ। ਰਜਿਸਟ੍ਰੇਸ਼ਨ ਲਈ ਯੋਗਤਾ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਲਾਭਪਾਤਰੀ ਦੀ ਉਮਰ 18 ਤੋਂ 60 ਸਾਲ ਵਿਚਕਾਰ ਹੋਣੀ ਚਾਹੀਦੀ ਹੈ ਅਤੇ ਪਿਛਲੇ 12 ਮਹੀਨਿਆਂ ਦੌਰਾਨ ਪੰਜਾਬ ਵਿੱਚ 90 ਦਿਨ ਬਤੌਰ ਉਸਾਰੀ ਕਿਰਤੀ ਕੰਮ ਕੀਤਾ ਹੋਵੇ, ਬੋਰਡ ਦੇ ਲਾਭਪਾਤਰੀ ਵਜੋਂ ਰਜਿਸਟਰ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਕਿਰਤੀ ਆਪਣੇ ਅਤੇ ਪਰਿਵਾਰਕ ਮੈਂਬਰਾਂ ਦੇ ਆਧਾਰ ਕਾਰਡ, ਬੈਂਕ ਖਾਤੇ ਦੀ ਕਾਪੀ, ਜਨਮ ਮਿਤੀ ਦਾ ਸਬੂਤ, ਪਰਿਵਾਰ ਦੀ ਫੋਟੋ ਤੇ ਹੋਰ ਲੋੜੀਂਦੇ ਦਸਤਾਵੇਜ਼ਾਂ ਸਮੇਤ ਆਪਣੇ ਨੇੜਲੇ ਸੇਵਾ ਕੇਂਦਰ ਵਿੱਚ ਜਾ ਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ 19 ਨਵੰਬਰ ਨੂੰ ਇਸ ਸਕੀਮ ਤਹਿਤ ਯੋਗ ਲਾਭਪਾਤਰੀਆਂ ਦੀ ਰਜਿਸਟ੍ਰੇਸ਼ਨ ਲਈ ਬਲਾਕ ਪੱਧਰੀ ਕੈਂਪ ਬੀ.ਡੀ.ਪੀ.ਓ. ਦਫਤਰਾਂ ਵਿੱਚ ਲਗਾਏ ਜਾ ਰਹੇ ਹਨ

# ਜਨਤਕ ਤੇ ਧਾਰਮਕ ਥਾਵਾਂ ਅਤੇ ਵਿਆਹਾਂ ਤੇ ਪਾਰਟੀਆਂ ਮੌਕੇ ਹਥਿਆਰ ਲੈ ਕੇ ਜਾਣ ਤੇ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ

**ਜਲੰਧਰ, (ਸੁਰਿੰਦਰ ਕੁਮਾਰ)** ਡਿਪਟੀ ਕਮਿਸ਼ਨਰ ਪੁਲਸ (ਲਾਅ ਐਂਡ ਆਰਡਰ) ਅੰਕੁਰ ਗੁਪਤਾ ਵਲੋਂ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਅਤੇ ਅਸਲਾ ਨਿਯਮਾਂਵਲੀ 2016 ਦੀ ਧਾਰਾ 32 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੁਲਿਸ ਕਮਿਸ਼ਨਰੇਟ ਜਲੰਧਰ ਦੇ ਇਲਾਕੇ ਵਿੱਚ ਹਥਿਆਰਾਂ ਦੇ ਪ੍ਰਦਰਸ਼ਨ 'ਤੇ ਰੋਕ ਲਾਈ ਹੈ। ਜਾਰੀ ਹੁਕਮਾਂ ਅਨੁਸਾਰ ਕਿਸੇ ਵੀ ਵਿਅਕਤੀ ਵਲੋਂ ਜਨਤਕ ਅਤੇ ਧਾਰਮਿਕ ਥਾਂਵਾਂ, ਵਿਆਹਾਂ-ਸ਼ਾਦੀਆਂ/ਪਾਰਟੀਆਂ ਦੇ ਮੌਕੇ 'ਤੇ ਮੈਰਿਜ ਪੈਲਸਾਂ/ਹੋਟਲਾਂ/ਹਾਲਾਂ ਆਦਿ ਵਿੱਚ ਅਤੇ ਹੋਰ ਇਕੱਠ ਵਾਲੀਆਂ ਥਾਂਵਾਂ ਵਿੱਚ ਹਥਿਆਰ ਲੈ ਕੇ ਜਾਣ ਅਤੇ ਹਥਿਆਰਾਂ ਨੂੰ ਪ੍ਰਦਰਸ਼ਨ ਕਰਨ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਕੋਈ ਵੀ ਵਿਅਕਤੀ ਹਥਿਆਰਾਂ ਨੂੰ ਪ੍ਰਮੋਟ ਕਰਨ ਵਾਲੇ ਗੀਤਾਂ ਨੂੰ ਅਤੇ ਹਿੰਸਾ/ਲੜਾਈਆਂ-ਝਗੜਿਆਂ ਦੀ ਵਡਿਆਈ ਕਰਨ ਵਾਲੇ ਗੀਤਾਂ ਅਤੇ ਹਥਿਆਰਾਂ ਨੂੰ ਲੈ ਕੇ ਫੋਟੋ ਆਦਿ ਖਿਚਵਾ ਕੇ ਜਾਂ ਵੀਡੀਓ ਕਲਿਪ ਆਦਿ ਬਣਾ ਕੇ ਸ਼ੋਸ਼ਲ ਮੀਡੀਆ/ਫੇਸਬੁੱਕ/ਵਟਸਐਪ ਆਦਿ 'ਤੇ ਅਪਲੋਡ ਕਰਨ 'ਤੇ ਪੂਰਨ ਪਾਬੰਦੀ ਹੈ। ਇਸ ਤੋਂ ਇਲਾਵਾ ਕੋਈ ਵੀ ਵਿਅਕਤੀ ਕਿਸੇ ਵੀ ਭਾਈਚਾਰੇ ਵਿਰੁੱਧ ਨਫ਼ਰਤ ਭਰਿਆ ਭਾਸ਼ਣ ਨਹੀਂ ਦੇਵੇਗਾ। ਇਹ ਹੁਕਮ 16.11.2022 ਤੋਂ 15.01.2023 ਤੱਕ ਲਾਗੂ ਰਹੇਗਾ।

# ਗੰਨ ਕਲਚਰ 'ਤੇ ਨਕੇਲ ਕੱਸ ਕੇ ਮੁੱਖ ਮੰਤਰੀ ਨੇ ਉਠਾਇਆ ਬੇਹੱਦ ਸ਼ਲਾਘਾਯੋਗ ਕਦਮ : ਜਿੰਪਾ



**ਹੁਸ਼ਿਆਰਪੁਰ, (ਓ ਪੀ ਰਾਣਾ )**ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਗੰਨ ਕਲਚਰ 'ਤੇ ਨਕੇਲ ਕੱਸਣ ਲਈ ਮੁੱਖ ਮੰਤਰੀ ਨੇ ਬੀਤੇ ਦਿਨ ਜਿਹੜਾ ਕਦਮ ਚੁੱਕਿਆ ਹੈ, ਉਹ ਬੇਹੱਦ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਸਖਤ ਕਦਮ ਉਠਾਉਣ ਨਾਲ ਰਾਜ ਵਿਚ ਅਮਨ-ਸ਼ਾਂਤੀ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ ਨੂੰ ਬਰਕਰਾਰ ਰੱਖਣ ਵਿਚ ਮਦਦ ਮਿਲੇਗੀ। ਉਹ ਵਾਰਡ ਨੰਬਰ 16 ਦੀ ਆਕਾਸ਼ ਕਲੋਨੀ ਵਿਚ 23 ਲੱਖ ਰੁਪਏ ਦੀ ਲਾਗਤ ਨਾਲ ਬਣੇ ਟਿਊਬਵੈਲ ਨੂੰ ਜਨਤਾ ਨੂੰ ਸਮਰਪਿਤ ਕਰਨ ਦੌਰਾਨ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਨਵ-ਨਿਯੁਕਤ ਚੇਅਰਮੈਨ ਨਗਰ ਸੁਧਾਰ ਟਰੱਸਟ ਹਰਮੀਤ ਸਿੰਘ ਔਲਖ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕਾਂ ਦੀ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਦੇ ਹੋਏ ਉਨ੍ਹਾਂ ਨੂੰ ਪੀਣ ਵਾਲੇ ਸਾਫ਼ ਪਾਣੀ ਨਿਰਵਿਘਨ ਮੁਹੱਈਆ ਕਰਵਾਉਣ ਲਈ ਆਕਾਸ਼ ਕਲੋਨੀ ਵਿਚ ਟਿਊਬਵੈਲ ਲਗਾਇਆ ਗਿਆ ਹੈ।

ਉਨ੍ਹਾਂ ਕਿਹਾ ਕਿ ਸ਼ਹਿਰ ਵਿਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕੰਮ ਕਰਵਾਏ ਜਾ ਰਹੇ ਹਨ ਅਤੇ ਮੁੱਖ ਮੰਤਰੀ ਸ਼੍ਰੀ ਭਗਵੰਤ ਮਾਨ ਦੀ ਅਗਵਾਈ ਵਿਚ ਸੂਬੇ ਦੇ ਸਾਰੇ ਹਲਕਿਆਂ ਵਿਚ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਿਰਫ਼ ਅੱਠ ਮਹੀਨਿਆਂ ਵਿਚ ਹੀ ਪੰਜਾਬ ਸਰਕਾਰ ਨੇ ਸੂਬੇ ਵਿਚ ਵੱਡੀ ਪੱਧਰ 'ਤੇ ਵਿਕਾਸ ਕਰਵਾਇਆ ਹੈ ਅਤੇ ਲੋਕ ਹਿਤ ਵਿਚ ਫੈਸਲੇ ਲਏ ਹਨ। ਇਸ ਮੌਕੇ ਕੌਂਸਲਰ ਨਰਿੰਦਰ ਕੌਰ, ਕੌਂਸਲਰ ਮੁਖੀ ਰਾਮ, ਸੰਦੀਪ ਚੇਚੀ, ਜਸਪਾਲ ਸੁਮਨ, ਰਜਿੰਦਰ ਤੋਂ ਇਲਾਵਾ ਹੋਰ ਪਤਵੰਤੇ ਵੀ ਮੌਜੂਦ ਸਨ।

# ਡਿਪਟੀ ਕਮਿਸ਼ਨਰ ਨੇ ਸ਼ਹਿਰੀ ਵਿਕਾਸ ਕਾਰਜਾਂ ਸੰਬੰਧੀ ਅਧਿਕਾਰੀਆਂ ਨਾਲ ਕੀਤੀ ਸਮੀਖਿਆ ਮੀਟਿੰਗ

**ਐਸ ਏ ਐਸ ਨਗਰ, ( ਗੁਰਜੀਤ ਬਿੱਲਾ )** ਡਿਪਟੀ ਕਮਿਸ਼ਨਰ ਅਮਿਤ ਤਲਵਾੜ ਵੱਲੋਂ ਅੱਜ ਜ਼ਿਲ੍ਹੇ ਦੇ ਸ਼ਹਿਰੀ ਵਿਕਾਸ ਕਾਰਜਾਂ ਸੰਬੰਧੀ ਵੱਖ- ਵੱਖ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਅਧਿਕਾਰੀਆਂ ਤੋਂ ਪਿਛਲੇ ਮਹੀਨੇ ਦੀ ਕਾਰਗੁਜ਼ਾਰੀ ਬਾਰੇ ਪ੍ਰਗਤੀ ਰਿਪੋਰਟ ਹਾਸਲ ਕੀਤੀ ਅਤੇ ਅਤੇ ਚੱਲ ਰਹੇ ਵੱਖ ਵੱਖ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਚੱਲ ਰਹੇ ਕੰਮਾਂ ਵਿੱਚ ਹੋਰ ਤੇਜ਼ੀ ਲਿਆਉਣ ਲਈ ਕਿਹਾ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੀਆਂ ਨਗਰ ਕੌਂਸਲਾਂ ਦੇ ਕਾਰਜ ਸਾਧਕ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਕਿ ਆਪਣੇ-ਆਪਣੇ ਖੇਤਰ ਵਿੱਚ ਸੀਵਰੇਜ ਨਿਕਾਸੀ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਵੱਲ ਖ਼ਾਸ ਧਿਆਨ ਦੇਣ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਤੋਂ ਇਲਾਵਾ ਉਨ੍ਹਾਂ ਨੇ ਡੇਂਗੂ ਅਤੇ ਮਲੇਰੀਏ ਦੇ ਬਚਾਅ ਸੰਬੰਧੀ ਲੋੜੀਂਦੇ ਪ੍ਰਬੰਧ ਕਰਨ ਜਿਵੇਂ ਕਿ ਫੋਗਿੰਗ ਕਰਾਉਣਾ, ਮੱਛਰ ਮਾਰਨ ਵਾਲੀ ਸਪਰੇਅ ਕਰਨ ਦੀ ਹਦਾਇਤ ਕੀਤੀ ਤਾਂ ਜੋ ਇਨ੍ਹਾਂ ਰਾਹੀਂ ਫੈਲਣ ਵਾਲੀ ਬਿਮਾਰੀ ਤੋਂ ਬਚਾਇਆ ਜਾ ਸਕੇ। ਉਨ੍ਹਾਂ ਨੇ ਅੱਗੇ ਕਿਹਾ ਕਿ ਸਰਦੀ ਦਾ ਮੌਸਮ ਆਉਣ ਕਾਰਨ ਬੂਟਿਆਂ ਨੂੰ ਸਰਦੀ ਤੋਂ ਬਚਾਉਣ ਲਈ ਚੰਗੇ ਢੰਗ ਨਾਲ ਦੇਖ ਭਾਲ ਕੀਤੀ ਜਾਵੇ। ਉਨ੍ਹਾਂ ਨੇ ਪੈਂਡਿੰਗ ਪਏ ਕੰਮਾਂ ਨੂੰ ਮਿੱਥੇ ਸਮੇਂ ਵਿਚ ਨਿਪਟਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਉਨ੍ਹਾਂ ਸੰਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਜੇਕਰ ਕੰਮ ਕਰਨ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਆ ਰਹੀ ਹੈ ਤਾਂ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਜਾਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਪੂਜਾ ਐਸ ਗਰੇਵਾਲ, ਐਸ.ਡੀ.ਐਮ, ਐਸ.ਏ.ਐਸ ਨਗਰ ਸਰਬਜੀਤ ਕੌਰ, ਐਸ.ਡੀ.ਐਮ, ਖਰੜ ਰਵਿੰਦਰ ਸਿੰਘ, ਐਸ.ਡੀ.ਐਮ ਡੇਰਾਬਸੀ ਹਿਮਾਂਸ਼ੂ ਗੁਪਤਾ ਅਤੇ ਹੋਰ ਅਧਿਕਾਰੀ ਵਿਸ਼ੇਸ ਤੌਰ 'ਤੇ ਹਾਜ਼ਰ ਸਨ

# ਪੁਲਸ ਵੱਲੋਂ ਗੰਨਾ ਪਿੰਡ 'ਚ ਸਰਚ ਅਪ੍ਰੇਸ਼ਨ



**ਫਿਲੌਰ (ਕੈਨੇਡੀ)** ਸਥਾਨਕ ਪੁਲਸ ਵੱਲੋਂ ਡੀ ਐਸ ਪੀ ਦਿਹਾਤੀ ਜ਼ਿਲ੍ਹਾ ਜਲੰਧਰ ਦੀ ਅਗਵਾਈ ਵਿੱਚ ਗੰਨਾ ਪਿੰਡ ਵਿਖੇ ਸਰਚ ਅਪ੍ਰੇਸ਼ਨ ਕੀਤਾ ਗਿਆ। ਗੰਨਾ ਪਿੰਡ ਦੇ 50 ਘਰਾਂ ਵਿੱਚ ਜਾ ਕੇ ਇਹ ਤਲਾਸ਼ੀ ਕੀਤੀ ਗਈ ਤੇ ਘਰ ਵਿਚ ਮੌਜੂਦ ਸਮਾਨ ਦੀ ਜਾਂਚ ਕੀਤੀ ਗਈ ਪਰ ਕੋਈ ਵੀ ਗੈਰ ਕਾਨੂੰਨੀ ਸਮਾਨ ਜਾਂ ਨਸ਼ੀਲਾ ਪਦਾਰਥ ਬਰਾਮਦ ਨਹੀਂ ਹੋਇਆ। ਇਸ ਮੌਕੇ ਡੀ ਐਸ ਪੀ ਦਿਹਾਤੀ ਜਸਤਿੰਦਰ ਸਿੰਘ ਨੇ ਕਿਹਾ ਕਿ ਪੁਲਸ ਵਲੋਂ ਸਮੇਂ ਤੇ ਨਸ਼ਾ ਪ੍ਰਭਾਵਿਤ ਇਲਾਕਿਆਂ ਵਿਚ ਸਰਚ ਅਪ੍ਰੇਸ਼ਨ ਕੀਤਾ ਜਾਂਦਾ ਹੈ। ਇਸੇ ਤਹਿਤ ਇਹ ਸਰਚ ਅਪ੍ਰੇਸ਼ਨ ਕੀਤਾ ਜਾ ਰਿਹਾ ਹੈ।

# ਵੱਖ- ਵੱਖ ਜਨਹਿੱਤ ਭਲਾਈ ਸਕੀਮਾਂ ਸੰਬੰਧੀ ਜਾਗਰੂਕਤਾ ਕੈਂਪ 19 ਨੂੰ

**ਫਿਲੌਰ (ਨਿਰਮਲ)** ਜ਼ਿਲ੍ਹਾ ਜਲੰਧਰ ਦੇ 11ਬਲਾਕਾਂ ਫਿਲੌਰ,ਰੁੜਕਾ ਕਲਾਂ, ਨੂਰਮਹਿਲ,ਨਕੋਦਰ, ਸ਼ਾਹਕੋਟ,ਮਹਿਤਪੁਰ, ਲੋਹੀਆਂ,ਜਲੰਧਰ (ਈਸਟ),ਜਲੰਧਰ (ਵੈਸਟ), ਆਦਮਪੁਰ ਅਤੇ ਭੋਗਪੁਰ ਦੇ ਬੀ.ਡੀ.ਪੀ.ਓ. ਦਫਤਰਾਂ 19 ਨਵੰਬਰ ਦਿਨ ਸ਼ਨੀਵਾਰ ਨੂੰ ਕੇਂਦਰ ਅਤੇ ਰਾਜ ਸਰਕਾਰ ਦੀਆਂ ਵੱਖ ਵੱਖ ਜਨਹਿੱਤ ਭਲਾਈ ਸਕੀਮਾਂ ਸੰਬੰਧੀ ਜਾਗਰੂਕਤਾ ਕੈਂਪ ਲਗਾਏ ਜਾ ਰਹੇ। ਡਿਪਟੀ ਕਮਿਸ਼ਨਰ ਜਲੰਧਰ ਜਸਪ੍ਰੀਤ ਸਿੰਘ ਆਈ ਏ ਐੱਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲਗਾਏ ਜਾ ਰਹੇ ਇਨ੍ਹਾਂ ਜਾਗਰੂਕਤਾ ਕੈਂਪਾਂ ਵਿੱਚ ਪੰਜਾਬ ਉਸਾਰੀ ਕਿਰਤੀ ਭਲਾਈ ਬੋਰਡ ਚੰਡੀਗੜ੍ਹ ਦੀਆਂ ਭਲਾਈ ਸਕੀਮਾਂ ਅਤੇ ਉਸਾਰੀ ਕਿਰਤੀਆਂ ਦੀ ਰਜਿਸਟ੍ਰੇਸ਼ਨ, ਬੁਢਾਪਾ, ਵਿਧਵਾ ਅਤੇ ਆਸ਼ਰਿਤ ਪੈਨਸ਼ਨਾਂ, ਮਨਰੇਗਾ ਮਜ਼ਦੂਰਾਂ ਦੇ ਰੋਜ਼ਗਾਰ ਅਤੇ ਭਲਾਈ ਤੋਂ ਇਲਾਵਾ ਹੋਰ ਵੱਖ ਵੱਖ ਵਿਭਾਗਾਂ ਨਾਲ ਸੰਬੰਧਿਤ ਭਲਾਈ ਸਕੀਮਾਂ ਸੰਬੰਧੀ ਜਾਣਕਾਰੀ ਦਿੱਤੀ ਜਾਵੇਗੀ। ਇਨ੍ਹਾਂ ਜਾਗਰੂਕਤਾ ਕੈਂਪਾਂ ਦਾ ਲਾਭ ਜਨ ਜਨ ਤੱਕ ਪਹੁੰਚਾਉਣ ਲਈ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਲੋਂ ਗ੍ਰਾਮ ਪੰਚਾਇਤਾਂ ਦੇ ਭਰਵੇਂ ਸਹਿਯੋਗ ਲਈ ਆਸ ਕੀਤੀ ਜਾ ਰਹੀ ਹੈ। ਇਨ੍ਹਾਂ ਕੈਂਪਾਂ ਲਈ ਆਪਣੀ ਟੀਮ ਸਮੇਤ ਮੁਹਿੰਮ ਚਲਾ ਰਹੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਪੈਰਾ ਲੀਗਲ ਵਲੰਟੀਅਰ ਅਤੇ ਨੈਸ਼ਨਲ ਲੇਬਰ ਆਰਗੇਨਾਈਜੇਸ਼ਨ (ਐੱਨ.ਐੱਲ.ਓ.) ਦੇ ਕਨਵੀਨਰ ਬਲਦੇਵ ਭਾਰਤੀ ਸਟੇਟ ਐਵਾਰਡੀ ਨੇ ਲੋੜਵੰਦਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਵਿੱਚ ਸ਼ਮੂਲੀਅਤ ਕਰਕੇ ਜਾਗਰੂਕ ਹੋਣ ਅਤੇ ਲਾਭ ਲੈਣ।

# ਹਰਗੁਰਸ਼ੇਰ ਸਿੰਘ ਕਾਲਰਾ ਬਣੇ ਲੇਬਰ ਯੂਨੀਅਨ ਇਟਲੀ ਦੇ ਮੈਂਬਰ



**ਆਦਮਪੁਰ, ( ਪਰਮਜੀਤ ਸਿੰਘ)**- : ਹਲਕਾ ਆਦਮਪੁਰ ਵਿੱਚ ਉਸ ਸਮੇਂ ਖ਼ੁਸ਼ੀ ਦੀ ਲਹਿਰ ਬਣ ਗਈ ਜਦੋਂ ਆਦਮਪੁਰ ਦੇ ਨੇੜਲੇ ਪਿੰਡ ਕਾਲਰਾ ਦੇ ਰਹਿਣ ਵਾਲੇ ਹਰ ਗੁਰਸ਼ੇਰ ਸਿੰਘ ਕਾਲਰਾ ਨੂੰ ਉਨ੍ਹਾਂ ਦੀ ਈਮਾਨਦਾਰੀ ਦੇ ਨਾਲ ਕੀਤੇ ਗਏ ਕੰਮਾਂ ਨੂੰ ਦੇਖਦੇ ਹੋਏ ਲੇਬਰ ਯੂਨੀਅਨ ਮੈਨਜਮੈਂਟ ਕਮੇਟੀ ਇਟਲੀ ਦੇ ਮੈਂਬਰ ਅਤੇ ਨੈਸ਼ਨਲ ਮੈਨੇਜਮੈਂਟ ਯੂਨੀਅਨ ਦਾ ਡੈਲੀਗੇਟ ਚੁਣਿਆ ਗਿਆ। ਕੁਲਦੀਪ ਸਿੰਘ ਦੀਪਾ ਅਡਵਾਈਜ਼ਰ ਡਰੋਲੀ ਨੇ ਕਿਹਾ ਹਰ ਗੁਰਸ਼ੇਰ ਸਿੰਘ ਕਾਲਰਾ ਇਸ ਮੌਕੇ ਵਧਾਈ ਦਿੰਦਿਆਂ ਹੋਇਆ ਕਿਹਾ ਕਿ ਉਨ੍ਹਾਂ ਦਾ ਇਸ ਅਹੁਦੇ ਲਈ ਚੁਣਿਆ ਜਾਣਾ ਪੂਰੇ ਇਲਾਕੇ ਦੇ ਨਾਲ-ਨਾਲ ਰਾਜਪੂਤ ਭਾਈਚਾਰੇ ਲਈ ਵੀ ਬਹੁਤ ਹੀ ਵੱਡੇ ਮਾਣ ਦੀ ਗੱਲ ਹੈ। ਇਸ ਮੌਕੇ ਉਨ੍ਹਾਂ ਨਾਲ ਕੁਲਵਿੰਦਰ ਸਿੰਘ, ਭੁਪਿੰਦਰ ਸਿੰਘ ਰੌਕੀ, ਰਾਜਾ ਪਾਂਸ਼ਟਾ, ਸੋਨੀ ਪਾਂਸ਼ਟਾ, ਚਰਨਜੀਤ ਸਿੰਘ, ਗੁਰਨਾਮ ਸਿੰਘ, ਮਹਿੰਦਰ ਸਿੰਘ, ਦਲਜੀਤ ਸਿੰਘ, ਅਮਰਜੀਤ ਸਿੰਘ, ਨਿਰਮਲ ਸਿੰਘ, ਨਰਿੰਦਰ ਸਿੰਘ, ਜਸਵੀਰ ਸਿੰਘ, ਸੁਰਿੰਦਰ ਸਿੰਘ ਭੱਟੀ ਅਤੇ ਹੋਰਨਾਂ ਵੱਲੋਂ ਵੀ ਹਰ ਗੁਰਸ਼ੇਰ ਸਿੰਘ ਨੂੰ ਵਧਾਈਆਂ ਦਿੱਤੀਆਂ ਗਈਆਂ।

# ਕਰੀਮਪੁਰੀ ਨੂੰ ਬਸਪਾ ਪੰਜਾਬ ਇੰਚਾਰਜ ਲਗਾਉਣ 'ਤੇ ਪੰਜਾਬ ਦੀ ਸਿਆਸਤ ਗਰਮਾਈ

**ਹੁਸ਼ਿਆਰਪੁਰ (ਓ ਪੀ ਰਾਣਾ )** ਸਾਬਕਾ ਮੈਂਬਰ ਰਾਜ ਸਭਾ, ਸਾਬਕਾ ਪੰਜਾਬ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੂੰ ਪੰਜਾਬ ਮਾਮਲਿਆਂ ਦਾ ਇੰਚਾਰਜ ਲਗਾਉਣ ਦੀ ਖਬਰ ਨਾਲ ਪੰਜਾਬ ਦੀ ਸਿਆਸਤ ਵਿਚ ਇਕ ਵਾਰ ਫੇਰ ਗਰਮਾ ਗਈ ਹੈ। ਇਕ ਨਵੀਂ ਚਰਚਾ ਸ਼ੁਰੂ ਹੋ ਗਈ, ਸ਼ੋਸ਼ਲ ਮੀਡੀਏ 'ਤੇ ਕਰੀਮਪੁਰੀ ਨੂੰ ਪੰਜਾਬ ਮਾਮਲਿਆਂ ਦਾ ਇੰਚਾਰਜ ਲਗਾਉਣ 'ਤੇ ਉਨ੍ਹਾਂ ਦੇ ਚਾਹੁਣ ਵਾਲਿਆਂ ਅਤੇ ਬਸਪਾ ਦੇ ਟਕਸਾਲੀ ਆਗੂਆਂ ਅਤੇ ਵਰਕਰਾਂ ਨੇ ਨਿੱਘਾ ਸਵਾਗਤ ਕਰਨ ਅਤੇ ਬਸਪਾ ਸੁਪਰੀਮੋ ਮਾਇਆਵਤੀ ਦਾ ਧੰਨਵਾਦ ਕਰਨ ਦੀਆਂ ਪੋਸਟਾਂ ਪਾ ਕੇ ਹੜ ਲਿਆਂਦਾ ਹੋਇਆ ਹੈ। ਕਰੀਮਪੁਰੀ ਸਿਆਸਤ ਦੀ ਸ਼ਤਰੰਜ ਦੇ ਇਕ ਮਾਹਿਰ ਤੇ ਦਲੇਰ ਖਿਡਾਰੀ ਮੰਨੇ ਜਾਂਦੇ ਹਨ । ਭਾਵੇਂ ਕਿ ਸਮੇਂ ਸਮੇਂ 'ਤੇ ਕਰੀਮਪੁਰੀ ਦੇ ਵਿਰੋਧੀਆਂ ਨੇ ਤਰ੍ਹਾਂ ਤਰ੍ਹਾਂ ਦੇ ਦੋਸ਼ ਲਗਾ ਕੇ ਚਿੱਕੜ ਉਛਾਲਣ ਤੇ ਬਦਨਾਮ ਕਰਨ ਵਿਚ ਕੋਈ ਕਮੀ ਨਹੀਂ ਛੱਡੀ, ਪਰ ਸਿਆਣੇ ਕਹਿੰਦੇ ਕਿ ਹੀਰੇ ਦੀ ਪਰਖ ਜੌਹਰੀ ਹੀ ਕਰ ਸਕਦਾ ਅਤੇ ਅਜਿਹੇ ਫੈਸਲੇ ਸਿਆਸਤ ਦੀਆਂ ਗੋਟੀਆਂ ਫਿੱਟ ਕਰਨ ਵਾਲੇ ਸਹੀ ਸਮੇਂ 'ਤੇ ਲੈਂਦੇ ਹਨ। ਇਹ ਚਰਚਾ ਹੈ ਕਿ ਕਰੀਮਪੁਰੀ ਵਿਚ ਵਿਰੋਧੀਆਂ ਦੀਆਂ ਦੀਆਂ ਚਾਲਾਂ ਸਮਝਣ ਤੇ ਉਸ ਨਾਲ ਨਿਪਟਣ ਦੀ ਇਕ ਕਲਾ ਇਕ ਮੁਹਾਰਤ ਹੈ।

ਕਰੀਮਪੁਰੀ ਨੂੰ ਪੰਜਾਬ ਲਿਆਉਣ ਤੇ ਅਕਾਲੀ, ਭਾਜਪਾ, ਕਾਂਗਰਸ ਤੇ ਆਪ ਵਾਲਿਆਂ ਅੰਦਰ ਵੀ ਘੁਸਰ ਮੁਸਰ ਤੇਜ਼ ਹੋ ਗਈ ਹੈ। ਜਿਸ ਤਰ੍ਹਾਂ ਕਰੀਮਪੁਰੀ ਨੇ ਪਿਛਲੇ ਕਰੀਬ ਇਕ ਦਹਾਕੇ ਤੋਂ ਵੱਧ ਸਮਾਂ ਪੰਜਾਬ ਤੋਂ ਬਾਹਰ ਰਹਿ ਕੇ ਕੇਂਦਰੀ ਲੀਡਰਸ਼ਿਪ ਵਿਚ ਆਪਣਾ ਵਿਸ਼ਵਾਸ ਬਣਾਈ ਰੱਖਿਆ ਤੇ ਸਵਰ, ਸਿਦਕ, ਭਰੋਸੇ ਵਾਲੀ ਉਮੀਦ ਤੇ ਚੱਲ ਕੇ ਹਮੇਸ਼ਾ ਸ੍ਰੀ ਕਾਂਸ਼ੀ ਰਾਮ ਦੇ ਅੰਦੋਲਨ ਨੂੰ ਅੱਗੇ ਲਿਜਾਣ ਵਿਚ ਆਪਣਾ ਯੋਗਦਾਨ ਪਾਇਆ ਇਸ ਤੋਂ ਬਸਪਾ ਕੇਡਰ ਨੂੰ ਇਕ ਚੰਗਾ ਸੁਨੇਹਾ ਜਾਂਦਾ ਹੈ ਕਿ ਬਸਪਾ ਪਾਰਟੀ ਸੁਪਰੀਮੋ ਦੇ ਇਸ ਫੈਸਲੇ ਨਾਲ ਬਸਪਾ ਮੁੜ ਗਰਾਊਂਡ ਪੱਧਰ'ਤੇ ਮਜ਼ਬੂਤ ਹੋਵੇਗੀ ਅਤੇ ਸ੍ਰੀ ਕਾਂਸ਼ੀ ਰਾਮ ਅੰਦੋਲਨ ਦੇ ਦੁਆਰਾ ਅੱਛੇ ਦਿਨ ਆਉਣ ਵਾਲੇ ਹਨ।

# ਪੰਜਾਬੀ ਗਾਇਕ ਨਛੱਤਰ ਗਿੱਲ ਨੂੰ ਸਦਮਾ , ਪਤਨੀ ਦਾ ਦੇਹਾਂਤ



**ਬਹਿਰਾਮ (ਅਵਤਾਰ ਕਲੇਰ)** ਪੰਜਾਬੀ ਗਾਇਕ ਨਛੱਤਰ ਗਿੱਲ ਨੂੰ ਸਦਮਾ ਲੱਗਾ ਹੈ। ਉਹਨਾਂ ਦੀ ਹਮਸਫਰ ਬੀਬੀ ਦਲਵਿੰਦਰ ਕੌਰ ਦਾ ਦੇਹਾਂਤ ਹੋ ਗਿਆ ਹੈ। ਉਹ ਕੁਝ ਸਮੇਂ ਤੋਂ ਬਿਮਾਰ ਸਨ । ਇਸ ਦੁੱਖਦਾਈ ਘਟਨਾ 'ਤੇ ਬੂਟਾ ਮੁਹੰਮਦ , ਦੇਬੀ ਮਖਸੂਸਪੁਰੀ , ਮਕਬੂਲ , ਫਿਰੋਜ ਖਾਨ , ਬਲਰਾਜ ਬਿਲਗਾ , ਅਮਰ ਅਰਸੀ - ਨਰਿੰਦਰ ਜੋਤ , ਰਣਜੀਤ ਰਾਣਾ , ਲੱਖਾ - ਨਾਜ , ਗੁਰਮੇਜ ਮੇਹਲੀ , ਸੱਤੀ ਖੋਖੇਵਾਲੀਆ , ਮਨਮੀਤ ਮੇਵੀ , ਘੁੱਲਾ ਸਰਹਾਲੇ ਵਾਲਾ , ਜਸਵੀਰ ਮਾਹੀ , ਬਲਵਿੰਦਰ ਬਿੰਦਾ , ਕਮਲ ਕਟਾਣੀਆ , ਜਮੀਲ ਅਖਤਰ , ਰਾਜੂ ਮਾਹੀ , ਰਾਜਨ ਮੱਟੂ , ਮੁਖਤਿਆਰ ਪਲਾਹੀ , ਸੁਲਤਾਨ ਮੁਹੰਮਦ , ਦੇਵੀ ਦਾਸ , ਅਵਤਾਰ ਕਲੇਰ , ਬਲਜੀਤ ਜੱਸੀ , ਪੰਮਾ ਮੱਲੀ , ਹਰਵਿੰਦਰ ਜੱਸੀ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ।

# ਖਾਲਸਾ ਕਾਲਜ ਦਾ ਐੱਮ ਐੱਸ ਸੀ ਫਿਜ਼ਿਕਸ ਚੌਥਾ ਸਮੈਸਟਰ ਦਾ ਨਤੀਜਾ ਸ਼ਾਨਦਾਰ



**ਮਾਹਿਲਪੁਰ, (ਸਫਰੀ)**- ਪੰਜਾਬ ਯੂਨੀਵਰਸਿਟੀ ਵੱਲੋਂ ਐਲਾਨੇ ਨਤੀਜਿਆਂ ਵਿੱਚ ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਚੱਲਦੇ ਐਮਐਸਸੀ ਫਿਜਿਕਸ ਕੋਰਸ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਇਸ ਬਾਰੇ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਅਤੇ ਫਿਜਿਕਸ ਵਿਭਾਗ ਦੇ ਮੁੱਖੀ ਪ੍ਰੋ ਆਰਤੀ ਸ਼ਰਮਾ ਨੇ ਦੱਸਿਆ ਕਿ ਐਮਐਸਸੀ ਫਿਜਿਕਸ ਦੇ ਚੌਥਾ ਸਮੈਸਟਰ ਦੇ ਨਤੀਜੇ ਵਿੱਚ ਵਿਦਿਆਰਥਣ ਯਸ਼ਵਨੀ ਸ਼ੁਕਲਾ ਨੇ 85.1 ਫੀਸਦੀ ਅੰਕਾਂ ਨਾਲ ਪਹਿਲਾ, ਪ੍ਰਤਿਭਾ ਠਾਕੁਰ ਨੇ 84.2 ਫੀਸਦੀ ਅੰਕਾਂ ਨਾਲ ਦੂਜਾ ਅਤੇ ਛਵੀ ਜਸਵਾਲ ਨੇ 81.7 ਫੀਸਦੀ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸ ਮੌਕੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਸਮੇਤ ਫਿਜਿਕਸ ਵਿਭਾਗ ਦੇ ਸਮੂਹ ਅਧਿਆਪਕਾਂ ਨੇ ਇਨ੍ਹਾਂ ਵਿਦਿਆਰਥੀਆਂ ਨੂੰ ਇਸ ਪ੍ਰਾਪਤੀ 'ਤੇ ਸ਼ੁੱਭ ਕਾਮਨਾਵਾਂ ਦਿੱਤੀਆਂ।

# ਬੱਡਲਾ ਵਿਖੇ ਭਗਵਤੀ ਜਾਗਰਣ 19 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਬੱਡਲਾ ਵਿਖੇ ਰਾਧਾ ਕ੍ਰਿਸ਼ਨ ਮੰਦਰ ਕੁੱਟੀਆ ਬੱਡਲਾ (ਹੁਸ਼ਿਆਰਪੁਰ) ਵਿਖੇ ਮੰਦਰ ਦੇ ਸਥਾਪਨਾ ਦਿਵਸ ਮੌਕੇ ਅਤੇ ਮਾਤਾ ਜੀ ਦਾ ਵਿਸਾਲ ਭਗਵਤੀ ਜਾਗਰਣ 19 ਨਵੰਬਰ ਨੂੰ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਮੰਦਰ ਦੇ ਮਹੰਤ ਅਜੈ ਰਾਮ ਦਾਸ ਨੇ ਦੱਸਿਆ ਕਿ 19 ਨਵੰਬਰ ਨੂੰ ਮਾਤਾ ਜਵਾਲਾ ਜੀ ਤੋਂ ਲਿਆਂਦੀ ਜੋਤ ਦੀ ਪੂਰੇ ਪਿੰਡ ਦੀ ਪਰਕਰਮਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵਿਸ਼ਾਲ ਭਗਵਤੀ ਜਾਗਰਣ ਵਿੱਚ ਸ੍ਰੀ ਸ੍ਰੀ 108 ਮਹੰਤ ਚਤਰਭੁਜ ਦਾਸ ਨਡਾਲੋਂ, ਸਾਈਂ ਮਦਨ ਸਾਹ ਬੱਡਲਾ, ਸਾਈਂ ਰਾਜੂ ਸਾਹ ਬੱਡਲਾ, ਬਾਬਾ ਸੋਨੂੰ ਸਾਹ ਬੱਡਲਾ, ਜਸਪਾਲ ਸਿੰਘ ਏ ਐਸ ਆਈ, ਬਾਬੂ ਰਾਮ ਬਿੰਜੋ, ਗੋਪੀ ਪਰਮਾਰ ਬਿੰਜੋ ਆਦਿ ਪੁੱਜ ਰਹੇ ਹਨ। ਉਨ੍ਹਾਂ ਦੱਸਿਆ ਕਿ ਭਗਵਤੀ ਜਾਗਰਣ ਦੌਰਾਨ ਸਰਬਜੀਤ ਸਰਬ ਇੰਟਰਨੈਸ਼ਨਲ ਕਲਾਕਾਰ, ਰੋਹਿਤ ਕੁਮਾਰ ਪਾਸਟਾਂ, ਹੈਪੀ ਭਗਤ ਸਾਹਨੀ ਆਦਿ ਕਲਾਕਾਰ ਸਾਰੀ ਰਾਤ ਮਹਾਂਮਾਈ ਦੇ ਗੁਣਗਾਨ ਕਰਨਗੇ।

ਇਸ ਮੌਕੇ ਮਾਤਾ ਜੀ ਦਾ ਲੰਗਰ ਭੰਡਾਰਾ ਅੱਟੁਟ ਵਰਤਾਇਆ ਜਾਵੇਗਾ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਕਿਸਾਨੀ ਮੰਗਾਂ ਸੰਬੰਧੀ ਮੀਟਿੰਗ



**ਮੋਗਾ (ਅਮਰਜੀਤ ਬੱਬਰੀ)**-ਸੰਯੁਕਤ ਕਿਸਾਨ ਮੋਰਚੇ ਵੱਲੋਂ 26 ਨਵੰਬਰ ਨੂੰ ਕਿਸਾਨੀ ਮੰਗਾਂ ਨੂੰ ਲੈ ਕੇ ਚੰਡੀਗੜ੍ਹ ਵਿਖੇ ਪੰਜਾਬ ਭਵਨ ਵੱਲ ਕੀਤੇ ਜਾ ਰਹੇ ਮਾਰਚ ਦੀਆਂ ਤਿਆਰੀਆਂ ਸਬੰਧੀ ਕਿਰਤੀ ਕਿਸਾਨ ਯੂਨੀਅਨ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਮੋਗਾ ਵਿਖੇ ਜਥੇਬੰਦੀ ਦੇ ਦਫ਼ਤਰ ਵਿਖੇ ਕੀਤੀ ਗਈ।

ਇਹ ਮੀਟਿੰਗ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੌਰਾਨ ਪੰਜਾਬ ਦੀਆਂ 31 ਕਿਸਾਨ ਜਥੇਬੰਦੀਆਂ ਵੱਲੋਂ ਕੀਤੇ ਗਏ ਫੈਸਲਿਆਂ ਬਾਰੇ ਕੇਂਦਰ ਤੇ ਪੰਜਾਬ ਸਰਕਾਰ ਨਾਲ ਸਬੰਧਿਤ ਮੰਗਾਂ 'ਤੇ ਵਿਚਾਰ ਚਰਚਾ ਕੀਤੀ ਗਈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਫੂਵਾਲਾ, ਜ਼ਿਲ੍ਹਾ ਮੀਤ ਪ੍ਰਧਾਨ ਚਮਕੌਰ ਸਿੰਘ ਰੋਡੇ ਖੁਰਦ ਨੇ ਕਿਹਾ ਕਿ ਦਿੱਲੀ ਦੇ ਕਿਸਾਨੀ ਘੋਲ ਦੌਰਾਨ ਕੇਂਦਰ ਸਰਕਾਰ ਵੱਲੋਂ ਮੰਨੀਆਂ ਮੰਗਾਂ ਲਾਗੂ ਨਹੀਂ ਕੀਤੀਆਂ।

ਇਸੇ ਤਰ੍ਹਾਂ ਪੰਜਾਬ ਸਰਕਾਰ ਵੀ ਕਿਸਾਨੀ ਮੰਗਾਂ ਪ੍ਰਤੀ ਗੰਭੀਰ ਨਹੀਂ ਹੈ। ਕਿਸਾਨੀ ਦੇ ਕਰਜ਼ਾ ਮੁਆਫੀ ਉੱਤੇ ਸਰਕਾਰ ਨੇ ਚੁੱਪੀ ਧਾਰੀ ਹੈ, ਪਸ਼ੂਆਂ ਦੀ ਲੰਪੀ ਸਕਿੰਨ ਬਿਮਾਰੀ, ਦਰਿਆਈ ਪਾਣੀਆਂ ਦੇ ਮੁੱਦੇ, ਮੂੰਗੀ ਦੀ ਫ਼ਸਲ ਦੀ ਐਮ ਐੱਸ ਪੀ ਉੱਤੇ ਅਦਾਇਗੀ, ਫ਼ਸਲਾਂ ਦੇ ਖ਼ੁਰਾਬੇ ਦੇ ਨੁਕਸਾਨ ਦੇ ਮੁਆਵਜ਼ੇ ਆਦਿ ਬਾਰੇ ਪੰਜਾਬ ਸਰਕਾਰ ਦੀ ਕਿਸਾਨੀ ਪ੍ਰਤੀ ਸਰਕਾਰ ਦੀ ਨੀਅਤ ਤੇ ਸੁਆਲ ਖੜੇ ਕਰਦੀ ਹੈ।

ਉਨ੍ਹਾਂ ਕਿਹਾ ਕਿ 26 ਨਵੰਬਰ ਨੂੰ ਮਾਰਚ ਕਰਨ ਤੋਂ ਪਹਿਲਾਂ ਚੰਡੀਗੜ੍ਹ ਦੇ ਗੁਰਦੁਆਰਾ ਅੰਬ ਸਾਹਿਬ ਵਿਖੇ ਕਿਸਾਨਾਂ ਦਾ ਇਕੱਠ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੌ ਤਹਿਤ ਜੋ ਦਿੱਲੀ ਵਿਖੇ ਸਾਲ ਪਹਿਲਾਂ ਜੋ ਕੇਂਦਰ ਸਰਕਾਰ ਵੱਲੋਂ ਲਿਆਂਦੇ ਤਿੰਨ ਖੇਤੀ ਕਾਨੂੰਨ ਕਿਸਾਨ ਮੋਰਚੇ ਵੱਲੋਂ ਰੱਦ ਕਰਾਏ ਗਏ ਸਨ, ਜਿਸ ਦੀ ਜਿੱਤ ਦੀ ਖ਼ੁਸ਼ੀ ਵਜੋਂ ਪਹਿਲੀ ਵਰ੍ਹੇਗੰਢ 19 ਨਵੰਬਰ ਨੂੰ ਮਨਾਈ ਜਾਵੇਗੀ ਤੇ ਸਾਰੇ ਪੰਜਾਬ ਵਿੱਚ ਦੀਪਮਾਲਾ ਕੀਤੀ ਜਾਵੇਗੀ, ਜਿਸਦੇ ਸਬੰਧ ਵਿੱਚ 19 ਨਵੰਬਰ ਨੂੰ ਲੋਕਾਂ ਨੂੰ ਦੀਪਮਾਲਾ ਕਰਨ ਦੀ ਅਪੀਲ ਵੀ ਕੀਤੀ।

ਸਕੱਤਰ ਜਸਮੇਲ ਸਿੰਘ ਰਾਜਿਆਣਾ ਨੇ ਦੱਸਿਆ ਕਿ ਕੇਂਦਰ ਦੀ ਬੀਜੇਪੀ ਸਰਕਾਰ ਲਗਾਤਾਰ ਸਟੇਟਾਂ ਦੇ ਵੱਧ ਅਧਿਕਾਰਾਂ ਨੂੰ ਖਤਮ ਕਰ ਰਹੀ ਹੈ ਤੇ ਆਪਣੇ ਫਾਸ਼ੀਵਾਦੀ ਏਜੰਡਾ ਲਾਗੂ ਕਰ ਰਹੀ ਹੈ, ਡੰਡੇ ਦੇ ਜ਼ੋਰ ਨਾਲ ਇਸ ਦੇਸ਼ ਦਾ ਜਲ, ਜੰਗਲ, ਜ਼ਮੀਨ ਕੌਡੀਆਂ ਦੇ ਭਾਅ ਕਾਰਪੋਰੇਟ ਨੂੰ ਵੇਚਣਾ ਚਾਹੁੰਦੀ ਹੈ ਤੇ ਦੇਸ਼ ਕਰੋੜਾਂ ਲੋਕਾਂ ਨੂੰ ਭੁੱਖਮਰੀ ਵੱਲ ਧੱਕਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਇਸ ਕਨੂੰਨ ਨੂੰ ਜਲਦੀ ਵਾਪਸ ਲਵੇ ਨਹੀ ਤਾਂ ਕਰੋੜਾਂ ਲੋਕਾਂ ਦੇ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹੇ। ਇਸ ਲਈ ਕਿਰਤੀ ਕਿਸਾਨ ਯੂਨੀਅਨ ਵੱਲੋਂ ਇਨ੍ਹਾਂ ਕਾਨੂੰਨਾਂ ਦੀਆਂ ਕਾਪੀਆਂ ਵੀ ਸਾੜੀਆਂ ਗਈਆਂ।

## ਬਾਇਓਟੈਕਨਾਲੌਜੀ ਤੇ ਫੂਡ ਟੈਕਨਾਲੋਜੀ ਵਿਭਾਗ ਵੱਲੋਂ ਜਾਗਰੂਕਤਾ ਕੈਂਪ




**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** -ਮਾਤਾ ਗੁਜਰੀ ਕਾਲਜ ਦੇ ਬਾਇਓਟੈਕਨਾਲੋਜੀ ਤੇ ਫੂਡ ਟੈਕਨਾਲੋਜੀ ਵਿਭਾਗ ਵੱਲੋਂ ਨੰਦਪੁਰ ਕਲੌੜ ਵਿਖੇ ਪਾਣੀ ਅਤੇ ਦੁੱਧ ਦੀ ਜਾਂਚ ਸਬੰਧੀ ਇਕ ਰੋਜ਼ਾ ਜਾਗਰੂਕਤਾ ਕੈਂਪ ਲਾਇਆ ਗਿਆ, ਜਿਸ ਵਿੱਚ ਐਮ.ਐਸ.ਸੀ. ਬਾਇਓਟੈਕਨਾਲੋਜੀ ਅਤੇ ਐਮ.ਐਸ.ਸੀ. ਫੂਡ ਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ। ਕੈਂਪ ਦੌਰਾਨ ਪਾਣੀ ਅਤੇ ਦੁੱਧ ਦੇ ਵੱਖ-ਵੱਖ ਸੈਂਪਲਾਂ ਦੀ ਗੁਣਵੱਤਾ ਦੀ ਜਾਂਚ ਕੀਤੀ ਗਈ ਅਤੇ ਪਾਣੀ ਦੇ ਨਮੂਨਿਆਂ ਲਈ ਵੱਖ-ਵੱਖ ਮਾਪਦੰਡ ਜਿਵੇਂ ਪੀਐਚ, ਕੁੱਲ ਘੁਲਣਸ਼ੀਲ ਠੋਸ, ਕਲੋਰਾਈਡ, ਫਲੋਰਾਈਡ ਤੇ ਕਠੋਰਤਾ ਦੀ ਜਾਂਚ ਕੀਤੀ ਗਈ ਅਤੇ ਦੁੱਧ ਦੇ ਨਮੂਨਿਆਂ ਲਈ ਯੂਰੀਆ, ਛੱਪੜ ਦਾ ਪਾਣੀ, ਸੋਡੀਅਮ ਕਲੋਰਾਈਡ, ਹਾਈਡ੍ਰੋਜਨ ਪੈਰਾਕਸਾਈਡ, ਸ਼ੂਗਰ, ਡਿਟਰਜੈਂਟ ਆਦਿ ਦੀ ਵੀ ਜਾਂਚ ਕੀਤੀ ਗਈ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਵਿਭਾਗਾਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਹੋਰ ਗਤੀਵਿਧੀਆਂ ਉਲੀਕਣ ਲਈ ਉਤਸ਼ਾਹਤ ਕੀਤਾ। ਕੈਂਪ ਦੇ ਕਨਵੀਨਰ ਬਾਇਓਟੈਕਨਾਲੋਜੀ ਵਿਭਾਗ ਦੇ ਡਾ. ਸਿੰਮੀ ਗੋਇਲ ਅਤੇ ਪ੍ਰੋ. ਪ੍ਰਿਅੰਕਾ ਤੇ ਫੂਡ ਟੈਕਨਾਲੋਜੀ ਵਿਭਾਗ ਦੇ ਪ੍ਰੋ. ਗੀਨਾ ਵੀ ਵਿਦਿਆਰਥੀਆਂ ਨਾਲ ਕੈਂਪ ਦੌਰਾਨ ਹਾਜ਼ਰ ਸਨ।

# ਮਾਲਵਾ ਸਾਹਿਤ ਸਭਾ ਵੱਲੋਂ ਕਹਾਣੀਕਾਰ ਗੁਰਮੀਤ ਕੜਿਆਲਵੀ ਦਾ ਸਨਮਾਨ




**ਬਰਨਾਲਾ (ਪੱਤਰ ਪ੍ਰੇਰਕ)** ਪੰਜਾਬ ਆਈ.ਟੀ.ਆਈ ਵਿਖੇ ਮਾਲਵਾ ਸਾਹਿਤ ਸਭਾ ਵੱਲੋਂ ਆਪਣਾ ਮਾਸਿਕ ਸਾਹਿਤਕ ਸਮਾਗਮ ਕਰਾਇਆ ਗਿਆ, ਜਿਸ ਵਿੱਚ ਸਭਾ ਦੇ ਪ੍ਰਧਾਨ ਡਾ. ਸੰਪੂਰਨ ਸਿੰਘ ਟੱਲੇਵਾਲੀਆ ਤੇ ਪਰਵਾਰ ਵਲੋਂ ਬੇਬੇ ਗੁਰਦਿਆਲ ਕੌਰ ਅਤੇ ਬਾਪੂ ਹਰਚੰਦ ਸਿੰਘ ਟੱਲੇਵਾਲੀਆ ਦੀ ਨਿੱਘੀ ਯਾਦ ਵਿੱਚ ਛੇਵਾਂ ਪੁਰਸਕਾਰ ਪ੍ਰਸਿੱਧ ਕਹਾਣੀਕਾਰ ਗੁਰਮੀਤ ਕੜਿਆਲਵੀ ਨੂੰ ਦਿੱਤਾ ਗਿਆ।

ਕਹਾਣੀਕਾਰ ਜਸਵੀਰ ਸਿੰਘ ਕਲਸੀ ਨੇ ਕਿਹਾ ਕਿ ਲੇਖਕਾਂ ਦੀ ਹੌਸਲਾ ਅਫ਼ਜ਼ਾਈ ਕਰਨਾ ਸਭਾਵਾਂ ਦਾ ਫ਼ਰਜ਼ ਹੈ। ਮਾਲਵਾ ਸਾਹਿਤ ਸਭਾ ਵੱਲੋਂ ਆਪਣੇ ਵਡੇਰਿਆਂ ਨੂੰ ਯਾਦ ਕਰਦਿਆਂ ਸਾਹਿਤਕਾਰਾਂ ਨੂੰ ਸਨਮਾਨਤ ਕਰਨ ਦੀ ਪਾਈ ਪਿਰਤ ਬਹੁਤ ਸ਼ਲਾਘਾਯੋਗ ਹੈ। ਕਹਾਣੀਕਾਰ ਪਵਨ ਪਰਿੰਦਾ ਨੇ ਕਿਹਾ ਕਿ ਇਹ ਸਨਮਾਨ ਗੁਰਮੀਤ ਕੜਿਆਲਵੀ ਨੂੰ ਉਸ ਦੀਆਂ ਕਿਰਤੀਆਂ ਹਾਸ਼ੀਏ ਤੇ ਧੱਕੇ ਲੋਕਾਂ ਅਤੇ ਦੱਬੇ ਕੁਚਲੇ ਲੋਕਾਂ ਦੀ ਆਵਾਜ਼ ਨੂੰ ਆਪਣੀਆਂ ਲਿਖਤਾਂ ਰਾਹੀਂ ਬੁਲੰਦ ਕਰਨ ਕਰਕੇ ਲੋਕਾਂ ਦੀ ਕਚਹਿਰੀ ਵਿੱਚ ਦਿੱਤਾ ਗਿਆ ਸਨਮਾਨ ਹੈ, ਜੋ ਕਿਸੇ ਵੀ ਸਰਕਾਰੀ ਸਨਮਾਨ ਤੋਂ ਜ਼ਿਆਦਾ ਮਹੱਤਵ ਰੱਖਦਾ ਹੈ।

ਸਮਾਗਮ ਦੇ ਦੂਜੇ ਪੜਾਅ ਵਿੱਚ ਪੰਜਾਬੀ ਕਵਿੱਤਰੀ ਰਜਨੀਸ਼ ਕੌਰ ਬੱਬਲੀ ਦੇ ਪਲੇਠੇ ਕਾਵਿ ਸੰਗ੍ਰਹਿ 'ਪ੍ਰਥਮ ਪੁਲਾਂਘ' ਉਪਰ ਗੋਸ਼ਟੀ ਕਰਾਈ ਗਈ, ਜਿਸ ਬਾਰੇ ਪੇਪਰ ਪੜ੍ਹਦਿਆਂ ਤੇਜਾ ਸਿੰਘ ਤਿਲਕ ਨੇ ਕਿਹਾ ਕਿ ਇਸ ਪੁਸਤਕ ਵਿਚ ਬੱਬਲੀ ਨੇ ਨਾਰੀ ਮਨ ਦੀ ਸੰਵੇਦਨਾ ਨੂੰ ਬਹੁਤ ਢੁਕਵੇਂ ਲਫ਼ਜ਼ਾਂ ਵਿਚ ਬਿਆਨ ਕੀਤਾ ਹੈ। ਡਾ. ਭੁਪਿੰਦਰ ਸਿੰਘ ਬੇਦੀ ਨੇ ਕਿਹਾ ਕਿ ਕਵਿੱਤਰੀ ਦੀਆਂ ਕਵਿਤਾਵਾਂ ਸਮਾਜਿਕ ਸਰੋਕਾਰਾਂ ਨੂੰ ਨਵੇਂ ਰੂਪ ਵਿਚ ਬਿਆਨ ਕਰਦੀ ਹੈ। ਇਨ੍ਹਾਂ ਤੋਂ ਇਲਾਵਾ ਜੁਗਰਾਜ ਧੌਲਾ, ਦਰਸ਼ਨ ਸਿੰਘ ਗੁਰੂ, ਕੰਵਰਜੀਤ ਭੱਠਲ, ਸਾਗਰ ਸਿੰਘ ਸਾਗਰ ਜ਼ਿਲ੍ਹਾ ਖੋਜ ਅਫ਼ਸਰ ਬਿੰਦਰ ਸਿੰਘ ਖੁੱਡੀਕਲਾਂ, ਡਾ. ਅਮਨਦੀਪ ਸਿੰਘ ਟੱਲੇਵਾਲੀਆ ਅਤੇ ਗੁਰਜੰਟ ਸਿੰਘ ਪੰਜਾਬੀ ਨੇ ਵੀ ਆਪਣੇ ਆਪਣੇ ਵਿਚਾਰ ਰੱਖੇ।

ਕਵੀ ਦਰਬਾਰ ਵਿੱਚ ਸੁਰਜੀਤ ਸਿੰਘ ਦਿਹੜ, ਰਾਮ ਸਰੂਪ ਸ਼ਰਮਾ, ਸੁਖਵਿੰਦਰ ਸਿੰਘ ਸਨੇਹ, ਹਾਕਮ ਸਿੰਘ, ਰੂੜਕੇ ਪਾਲ ਸਿੰਘ ਲਹਿਰੀ, ਤੇਜਿੰਦਰ ਚੰਡਿਹੋਕ, ਮਾਲਵਿੰਦਰ ਸ਼ਾਇਰ, ਸ਼ਿੰਦਰ ਧੌਲਾ, ਦੀਪਕ ਸਿੰਗਲਾ, ਮਮਤਾ ਸੇਖਾ ਸੇਤੀਆ, ਡਾ. ਹਰਪ੍ਰੀਤ ਰੂਬੀ, ਅੰਜਨਾ ਮੈਨਨ, ਮਨਦੀਪ ਕੌਰ ਭਦੌੜ, ਜਸਪਾਲ ਸਿੰਘ ਪਾਲੀ, ਮੇਜਰ ਸਿੰਘ ਰਾਜਗੜ੍ਹ, ਸੁਦਾਗਰ ਸਿੰਘ ਟੱਲੇਵਾਲੀਆ, ਜਗਜੀਤ ਗੁਰਮ, ਸਰੂਪ ਚੰਦ ਹਰੀਗੜ੍ਹ, ਪ੍ਰਗਟ ਸਿੰਘ ਕਾਲੇਕੇ, ਦਲਵਾਰ ਸਿੰਘ ਧਨੌਲਾ, ਸੁਖਵਿੰਦਰ ਸਿੰਘ ਆਜ਼ਾਦ, ਜਗਜੀਤ ਕੌਰ ਢਿੱਲਵਾਂ, ਰਜਿੰਦਰ ਸ਼ੌਕੀ, ਗੁਰਮੀਤ ਰਾਮਪੁਰੀ, ਗੁਰਚਰਨ ਸਿੰਘ ਭੋਤਨਾ, ਜਸਵਿੰਦਰ ਧਰਮਕੋਟ, ਹਾਕਮ ਸਿੰਘ ਨੂਰ, ਨਵਗੁਲਸ਼ਨ ਸਿੰਘ, ਬੂਟਾ ਖਾਨ, ਸੁੱਖੀ ਜਗਰਾਜ ਚੰਦ ਰਾਏਸਰ, ਰਾਮ ਸਿੰਘ ਹਠੂਰ, ਮਨਜੀਤ ਸਿੰਘ ਸਾਗਰ ਅਤੇ ਗਘਬੀਰ ਸਿੰਘ ਗਿੱਲ ਕੱਟੂ ਆਦਿ ਨੇ ਕਵਿਤਾਵਾਂ, ਗ਼ਜ਼ਲਾਂ ਆਦਿ ਪੇਸ਼ ਕੀਤੀਆਂ।

## ਕਾਤਰਾਂ

### 6 ਗੋਲਡ ਜਿੱਤ ਕੇ ਕੁਸ਼ਲਦੀਪ ਸਿੰਘ ਤੇ ਕਮਲਪ੍ਰੀਤ ਕੌਰ ਬਣੇ ਜ਼ਿਲ੍ਹਾ ਬੈਸਟ ਅਥਲੀਟ

**ਸਰਦੂਲਗੜ੍ਹ (ਅਵਤਾਰ ਜਟਾਣਾ)** ਪੰਜਾਬ ਸਰਕਾਰ ਦੁਆਰਾ ਆਯੋਜਿਤ ਜ਼ਿਲ੍ਹਾ ਪੱਧਰੀ ਐਥਲੈਟਿਕਸ ਜਿਸ ਦੇ ਮਾਨਸਾ ਵਿਖੇ ਦਿਲਚਸਪ ਅਤੇ ਫਸਵੇਂ ਮੁਕਾਬਲੇ ਹੋਏ, ਜਿਨ੍ਹਾਂ ਵਿੱਚੋਂ ਦਸਮੇਸ਼ ਕਾਨਵੈਂਟ ਸੀਨੀ: ਸੈਕੰ: ਸਕੂਲ ਦੇ ਖਿਡਾਰੀਆਂ ਵੱਲੋਂ ਵੱਡੀ ਗਿਣਤੀ ਵਿੱਚ ਹਿੱਸਾ ਲੈਂਦਿਆਂ ਅਲੱਗ-ਅਲੱਗ ਖੇਡ ਵਰਗਾਂ ਵਿੱਚੋਂ 15 ਮੁਕਾਬਲਿਆਂ 'ਚੋਂ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ, ਅਤੇ 9 ਮੁਕਾਬਲਿਆਂ ਵਿੱਚ ਦੂਸਰੇ ਨੰਬਰ ਤੇ ਰਹਿੰਦਿਆਂ ਸਿਲਵਰ ਮੈਡਲ ਅਤੇ 3 ਮੁਕਾਬਲਿਆਂ ਵਿੱਚੋਂ ਕਾਂਸੇ ਦੇ ਮੈਡਲ ਹਾਸਿਲ ਕਰਕੇ ਜ਼ਿਲ੍ਹਾ ਚੈਂਪੀਅਨ ਬਣਨ ਦਾ ਮਾਣ ਹਾਸਿਲ ਕੀਤਾ ਅਤੇ ਕੁਸ਼ਲਦੀਪ ਸਿੰਘ ਨੇ 100 ਮੀ. ਰੇਸ, ਲੰਬੀ ਛਾਲ ਤੇ 4 100 ਮੀ. ਰਿਲੇਅ ਰੇਸ ਵਿੱਚ 3 ਗੋਲਡ ਹਾਸਲ ਕਰਕੇ ਜ਼ਿਲ੍ਹਾ ਬੈਸਟ ਐਥਲੀਟ ਬਣਿਆ ਤੇ ਕਮਲਪ੍ਰੀਤ ਕੌਰ ਨੇ 100 ਮੀ.ਰੇਸ, 200 ਮੀ. ਰੇਸ ਅਤੇ 4100 ਰਿਲੇਅ ਰੇਸ ਵਿੱਚ 3 ਗੋਲਡ ਹਾਸਿਲ ਕਰਕੇ ਜ਼ਿਲ੍ਹਾ ਬੈਸਟ ਐਥਲੀਟ ਬਨਣ ਦਾ ਮਾਣ ਹਾਸਲ ਕੀਤਾ।

### ਫਰਜ਼ੀ ਖਾਤੇ ਬਣਾ ਕੇ 207629 ਰੁਪਏ ਦੀ ਮਾਰੀ ਠੱਗੀ

**ਜਲਾਲਾਬਾਦ (ਦਰੂਜਾ)**-ਫਰਜ਼ੀ ਖਾਤੇ ਬਣਾ ਕੇ 207629 ਰੁਪਏ ਦੀ ਠੱਗੀ ਮਾਰਨ ਵਾਲੇ ਆਰੋਪੀ ਖਿਲਾਫ ਥਾਣਾ ਅਮੀਰਖਾਸ ਦੀ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਜਾਂਚ ਅਧਿਕਾਰੀ ਹੌਲਦਾਰ ਚੰਦਰ ਸ਼ੇਖਰ ਨੇ ਦੱਸਿਆ ਕਿ ਉਨ੍ਹਾਂ ਨੂੰ ਸੁਪਨੀਤ ਗਰੋਵਰ ਪੁੱਤਰ ਅਮਰੀਕ ਸਿੰਘ ਵਾਸੀ ਢਾਬ ਖ਼ੁਸ਼ਹਾਲ ਜੋਈਆਂ ਵੱਲੋਂ ਸ਼ਿਕਾਇਤ ਦਰਜ ਕਰਵਾਈ ਗਈ ਸੀ ਕਿ ਲਗਭਗ 8-9 ਸਾਲ ਪਹਿਲਾਂ ਚਮਕੌਰ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਢਾਬ ਖ਼ੁਸ਼ਹਾਲ ਜੋਈਆਂ ਉਨ੍ਹਾਂ ਦੀ ਧਾਗਾ ਫੈਕਟਰੀ ਵਿੱਚ ਕਲਰਕ ਵਜੋਂ ਕੰਮ ਕਰਦਾ ਸੀ ਜਿਸ ਨੇ ਫਰਜ਼ੀ ਖਾਤੇ ਬਣਾ ਕੇ ਉਨ੍ਹਾਂ ਦੇ ਖਾਤੇ 'ਚ ਤਨਖਾਹ ਪਾ ਦਿੱਤੀ ਅਤੇ ਕੰਪਨੀ ਨਾਲ ਕਰੀਬ 207629 ਰੁਪਏ ਦੀ ਠੱਗੀ ਮਾਰ ਕੇ ਫਰਾਰ ਹੋ ਗਿਆ ਜਿਸ 'ਤੇ ਉਕਤ ਦਰਖਾਸਤ ਤੋਂ ਬਾਅਦ ਲੀਗਲ ਰਾਏ ਡੀ. ਏ. ਲੀਗਲ ਫਾਜ਼ਿਲਕਾ ਅਤੇ ਐੱਸ. ਐੱਸ. ਪੀ. ਫਾਜ਼ਿਲਕਾ ਦੀ ਪ੍ਰਵਾਨਗੀ ਤੋਂ ਬਾਅਦ ਪੁਲਸ ਨੇ ਮੁਲਜ਼ਮ ਖਿਲਾਫ ਧਾਰਾ 408 ਦੇ ਅਧੀਨ ਮਾਮਲਾ ਦਰਜ ਕਰ ਲਿਆ ਹੈ।

### ਸਵ. ਨਿਹਾਲ ਚੰਦ ਨਮਿੱਤ ਭੋਗ 20 ਨੂੰ

**ਲੌਂਗੋਵਾਲ, (ਪ੍ਰਦੀਪ ਸੱਪਲ ਕੁਲਦੀਪ ਅੱਤਰੀ)** - ਅਗਰਵਾਲ ਸਭਾ ਸੁਨਾਮ ਦੇ ਪ੍ਰਧਾਨ ਪ੍ਰੇਮ ਚੰਦ ਗੁਪਤਾ ਅਤੇ ਰੋਟਰੀ ਕਲੱਬ ਸੁਨਾਮ ਦੇ ਸਾ. ਪ੍ਰਧਾਨ ਰਮੇਸ਼ ਪੱਪੀ ਸ਼ੇਰੋਂ ਦੇ ਪਿਤਾ ਨਿਹਾਲ ਚੰਦ ਸ਼ੇਰੋਂ ਵਾਲੇ ਅਕਾਲ ਚਲਾਣਾ ਕਰ ਗਏ । ਉਨ੍ਹਾ ਦੇ ਅਕਾਲ ਚਲਾਣੇ 'ਤੇ ਕੈਬਨਿਟ ਮੰਤਰੀ ਅਮਨ ਅਰੋੜਾ, ਸਾਬਕਾ ਕੈਬਨਿਟ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਭਾਈ ਗੋਬਿੰਦ ਸਿੰਘ ਲੌਂਗੋਵਾਲ, ਚੇਅਰਮੈਨ ਮਹਿੰਦਰ ਸਿੰਘ ਸਿੱਧੂ, ਦਾਮਨ ਥਿੰਦ ਬਾਜਵਾ, ਵਿਨਰਜੀਤ ਗੋਲਡੀ, ਕੇਵਲ ਸਿੰਘ ਸ਼ੇਰੋਂ, ਸ. ਸਰਪੰਚ ਗੁਰਦਿਆਲ ਸਿੰਘ, ਬਲਵਿੰਦਰ ਸਿੰਘ, ਸਰਪੰਚ ਪਰਗਟ ਸਿੰਘ ਡਾ. ਰੂਪ ਸਿੰਘ ਸ਼ੇਰੋਂ, ਭਰਪੂਰ ਸਿੰਘ, ਮੁਖਤਿਆਰ ਸਿੰਘ ਸਿੱਧੂ, ਰਾਮ ਸਿੰਘ ਸਿੱਧੂ, ਕੁਲਵਿੰਦਰ ਸਿੰਘ, ਚਮਕੌਰ ਸਿੰਘ, ਜਥੇ. ਸੁਖਦੇਵ ਸਿੰਘ, ਨਿਹਾਲ ਸਿੰਘ ਸਾ. ਸਰਪੰਚ, ਬਿੱਕਰ ਸਿੰਘ, ਹੈਪੀ ਜਨਾਲ, ਬੀਟਾ ਕੁਮਾਰ, ਡਾ. ਸੁਭਾਸ਼ ਚੰਦ, ਲਾਡੀ ਚੰਦ, ਭੱਠਾ ਐਸੋਸੀਏਸ਼ਨ ਅਤੇ ਸ਼ੇਰੋਂ ਦੀਆਂ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ । ਸਵ. ਨਿਹਾਲ ਚੰਦ ਨਮਿਤ ਰੱਖੇ ਗਏ ਪਾਠ ਦੇ ਭੋਗ 20 ਨਵੰਬਰ (ਐਤਵਾਰ) ਨੂੰ ਦੁਪਹਿਰ 12.30 ਵਜੇ ਮਹਾਰਾਜਾ ਪੈਲੇਸ ਸੁਨਾਮ ਵਿਖੇ ਪਾਏ ਜਾਣਗੇ।

### ਪੁਰਾਣੀ ਰੰਜਸ਼ ਦੇ ਚੱਲਦਿਆਂ ਨੌਜਵਾਨ 'ਤੇ ਜਾਨਲੇਵਾ ਹਮਲਾ

**ਜਲਾਲਾਬਾਦ, (ਦਰੂਜਾ)** -ਉਪਮੰਡਲ ਅਧੀਨ ਪੈਂਦੇ ਪਿੰਡ ਪ੍ਰਭਾਤ ਸਿੰਘ ਵਾਲਾ ਦੇ ਇੱਕ ਨੌਜਵਾਨ ਨੂੰ ਗਲੇ 'ਚ ਰੱਸੀ ਪਾ ਕੇ ਚਾਰ ਵਿਅਕਤੀਆਂ ਨੇ ਜਾਨੋਂ ਮਾਰਨ ਦੀ ਕੋਸ਼ਿਸ਼ ਕੀਤੀ। ਸਥਾਨਕ ਸਰਕਾਰੀ ਹਸਪਤਾਨ 'ਚ ਜ਼ੇਰੇ ਇਲਾਜ ਜ਼ਖ਼ਮੀ ਵਿਅਕਤੀ ਅਮਰੀਕ ਸਿੰਘ ਪੁੱਤਰ ਬਲਵੀਰ ਸਿੰਘ ਤੇ ਉਸਦੇ ਪਿਤਾ ਨੇ ਦੱਸਿਆ ਕਿ ਬੀਤੀ ਰਾਤ ਉਹ ਆਪਣੇ ਖੇਤਾਂ 'ਚ ਸੌਂ ਰਿਹਾ ਸੀ ਤੇ ਰਾਤ 10 ਵਜੇ ਦੇ ਕਰੀਬ 4 ਵਿਅਕਤੀ ਆਏ ਜਿਨ੍ਹਾਂ ਵਿਚੋਂ ਇੱਕ ਨੂੰ ਉਹ ਜਾਣਦਾ ਸੀ, ਜੋ ਉਸ ਨਾਲ ਪੁਰਾਣੀ ਰੰਜਿਸ਼ ਰੱਖਦਾ ਸੀ। ਉਸ ਨੇ ਆਪਣੇ ਸਾਥੀਆਂ ਨਾਲ ਆ ਕੇ ਮੇਰੇ ਗਲੇ 'ਚ ਰੱਸੀ ਪਾ ਕੇ ਮੇਰਾ ਗਲਾ ਘੁੱਟ ਦਿੱਤਾ ਤੇ ਮੇਰੇ ਰੌਲਾ ਪਾਉਣ 'ਤੇ ਉਹ ਮੇਰੇ ਚਿਹਰੇ 'ਤੇ ਪਤਾ ਨਹੀ ਤੇਜ਼ਾਬ ਜਾਂ ਗਰਮ ਪਾਣੀ ਪਾ ਕੇ ਮੌਕੇ ਤੋਂ ਫਰਾਰ ਹੋ ਗਏ ਤੇ ਬਾਅਦ 'ਚ ਮੈਂ ਘਰ ਆਇਆ ਤੇ ਘਰ ਵਾਲਿਆਂ ਨੇ ਮੈਨੂੰ ਹਸਪਤਾਲ ਦਾਖਲ ਕਰਵਾਇਆ। ਪੀੜਤ ਨੇ ਪੁਲਸ ਪ੍ਰਸ਼ਾਸਨ ਅੱਗੇ ਮੰਗ ਕੀਤੀ ਹੈ ਕਿ ਉਕਤ ਹਮਲਾਵਰਾਂ 'ਤੇ ਬਣਦੀ ਕਾਰਵਾਈ ਕੀਤੀ ।

## ਲੋੜਵੰਦ ਪਰਵਾਰ ਦੀ ਲੜਕੀ ਦਾ ਆਨੰਦ ਕਾਰਜ ਕਰਵਾਇਆ



**ਜਲਾਲਾਬਾਦ, (ਦਰੂਜਾ)**-ਮਨੁੱਖਤਾ ਦੀ ਸੇਵਾ ਸਰਬੱਤ ਦਾ ਭਲਾ ਸੰਸਥਾ ਵੱਲੋਂ ਇੱਕ ਲੋੜਵੰਦ ਪਰਿਵਾਰ ਦੀ ਲੜਕੀ ਦਾ ਵਿਆਹ ਕਰਵਾਇਆ ਗਿਆ। ਇਸ ਤੋਂ ਇਲਾਵਾ ਗੁਰਦੁਆਰਾ ਸ਼ਹੀਦ ਭਾਈ ਮਤੀ ਦਾਸ ਜੀ ਜਲਾਲਾਬਾਦ ਦੇ ਸਹਿਯੋਗ ਨਾਲ ਸੰਸਥਾ ਵੱਲੋਂ ਲੋੜਵੰਦ ਪਰਿਵਾਰ ਨੂੰ ਵਿਆਹ ਦਾ ਸਾਮਾਨ ਵੀ ਮੁਹੱਈਆ ਕਰਵਾਇਆ ਗਿਆ। ਜਾਣਕਾਰੀ ਦਿੰਦਿਆਂ ਸੰਸਥਾ ਦੇ ਚੇਅਰਮੈਨ ਡਾ: ਰਾਜ ਮਹਿਰੋਕ ਨੇ ਦੱਸਿਆ ਕਿ ਉਨ੍ਹਾਂ ਨੂੰ ਇੱਕ ਲੋੜਵੰਦ ਪਰਿਵਾਰ ਨੇ ਬਾਹਮਣੀ ਵਾਲਾ ਨੂੰ ਮਦਦ ਲਈ ਬੇਨਤੀ ਕੀਤੀ ਸੀ ਜਿਸ ਤੋਂ ਬਾਅਦ ਉਕਤ ਪਰਿਵਾਰ ਦੀ ਭੈਣ ਦਾ ਆਨੰਦ ਕਾਰਜ ਸੰਸਥਾ ਦੇ ਸੇਵਾਦਾਰਾਂ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਿਲ ਕੇ ਕੀਤਾ ਗਿਆ ਅਤੇ ਵੱਖ-ਵੱਖ ਦਾਨੀ ਸੱਜਣਾਂ ਵੱਲੋਂ ਚਾਹ, ਪਾਣੀ, ਰਾਸ਼ਨ, ਦੁੱਧ, ਆਟਾ, ਬਾਲਣ, ਦਹੀਂ, ਮਠਿਆਈਆਂ ਅਤੇ ਪੈਸੇ ਦੀ ਸੇਵਾ ਨਿਭਾਈ ਗਈ। ਇਸ ਮੌਕੇ ਚੰਡੀਗੜ੍ਹ ਤੋਂ ਸੋਨੂੰ ਖੁਰਾਣਾ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਸ਼ਾਮਲ ਹੋਏ ਜਦੋਂਕਿ ਉਕਤ ਪੁੰਨ ਕਾਰਜ ਵਿੱਚ ਮੁੱਖ ਸੇਵਾਦਾਰ ਸਤਨਾਮ ਸਿੰਘ ਥਿੰਦ, ਜਸਵਿੰਦਰ ਸਿੰਘ ਆਈ. ਟੀ. ਆਈ. ਵਾਲੇ, ਰਾਜੂ ਕਾਲੜਾ, ਸੁਮਨ ਕਾਲੜਾ, ਲਾਡੀ ਧਮੀਜਾ, ਕਮਲਜੀਤ, ਤੇਜਿੰਦਰ ਪਾਲ ਪਿੰਕੂ, ਮਿੰਟੂ ਛਾਬੜਾ, ਰਾਹਤ ਸ਼ਰਮਾ, ਰਾਜਨ, ਪੱਪੂ ਐਮ. ਸੀ., ਭਗਵਾਨ ਸੱਗੂ, ਬਲਵਿੰਦਰ ਕਪੂਰ ਐਮ. ਸੀ. ਤੋਂ ਇਲਾਵਾ ਗੁਰਦੁਆਰਾ ਸ਼ਹੀਦ ਭਾਈ ਮਤੀਦਾਸ ਜੀ ਜਲਾਲਾਬਾਦ ਦੇ ਸਕੱਤਰ ਗੁਰਮੇਲ ਸਿੰਘ, ਪ੍ਰਧਾਨ ਹਰਪ੍ਰੀਤ ਸਿੰਘ ਧਮੀਜਾ, ਜਸਪਾਲ ਸਿੰਘ ਗੁੰਬਰ, ਡਾ: ਰਾਜਾ, ਸੋਨਾ ਸਿੰਘ, ਬਲਵੰਤ ਸਿੰਘ, ਭਾਈ ਮਨਜੀਤ ਸਿੰਘ ਨੇ ਸਹਿਯੋਗ ਦਿੱਤਾ।

ਕੈਪਸ਼ਨ 16ਐਫ.ਜ਼ੈਡ.ਆਰ-ਦਰੂਜਾ04-

## ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਵਿੱਦਿਅਕ ਮੁਕਾਬਲੇ ਕਰਾਏ

**ਸੰਗਰੂਰ (ਪ੍ਰਵੀਨ ਸਿੰਘ)** ਡਾ. ਦੇਵ ਰਾਜ ਡੀ.ਏ.ਵੀ. ਪਬਲਿਕ ਸਕੂਲ ਵਿੱਚ ਅਮਰ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਵਸ ਬੜੇ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮੇਂ ਸਕੂਲ ਦੀ ਪ੍ਰਧਾਨ ਮੈਡਮ ਉਰਮਲਾ ਰਾਣੀ ਉਪ ਪ੍ਰਧਾਨ ਲਕਸ਼ਮੀਕਾਂਤ ਲੱਕੀ ਖੋਖਰ, ਐਮ.ਡੀ. ਪੀ.ਕੇ. ਖੋਖਰ, ਕਾਨੂੰਨੀ ਸਲਾਹਕਾਰ ਐਡਵੋਕੇਟ ਅਨਿਰੁੱਧ ਕੌਸ਼ਲ ਸਮੇਤ ਹੋਰਨਾਂ ਨੇ ਸ਼ਹੀਦ ਸਰਾਭਾ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਉਨ੍ਹਾਂ ਵੱਲੋਂ ਦੇਸ਼ ਦੀ ਆਜ਼ਾਦੀ ਲਈ ਦਿੱਤੀ ਅਥਾਹ ਕੁਰਬਾਨੀ ਬਾਰੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਸਾਨੂੰ ਸ਼ਹੀਦਾਂ ਦੀ ਸੋਚ 'ਤੇ ਪਹਿਰਾ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਅਧੂਰੇ ਕਾਰਜ ਨੂੰ ਨੇਪਰੇ ਚੜ੍ਹਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ, ਇਸ ਸਮੇਂ ਸਕੂਲੀ ਵਿਦਿਆਰਥੀਆਂ ਦੇ ਵਿੱਦਿਅਕ ਮੁਕਾਬਲੇ ਵੀ ਕਰਾਏ ਗਏ, ਜਿਸ ਦੇ ਲੇਖ ਲੇਖਣੀ ਮੁਕਾਬਲੇ ਦੇ ਜੂਨੀਅਰ ਵਰਗ ਵਿੱਚੋਂ ਜਸਪ੍ਰੀਤ ਕੌਰ ਤੇ ਜੈਸਮੀਨ ਕੌਰ ਨੇ ਪਹਿਲਾ, ਕੋਮਲਪ੍ਰੀਤ ਕੌਰ ਤੇ ਐਸ਼ਪ੍ਰੀਤ ਕੌਰ ਨੇ ਦੂਜਾ, ਅਭਿਜੋਤ ਸਿੰਘ ਅਤੇ ਰੰਕਿਤਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।



ਮਿਡਲ ਵਰਗ ਵਿੱਚੋਂ ਜੈਸਵੀਨ ਕੌਰ ਨੇ ਪਹਿਲਾ, ਹਰਮਨ ਕੌਰ ਨੇ ਦੂਜਾ ਅਤੇ ਮੋਹਨਦੀਪ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਸੀਨੀਅਰ ਵਰਗ ਵਿੱਚੋਂ ਰੋਹਿਤ ਸ਼ਰਮਾ ਤੇ ਰੰਕਿਤਾ ਰਾਣੀ ਨੇ ਪਹਿਲਾ, ਹਰਮਨਦੀਪ ਕੌਰ ਤੇ ਮਹਿਕਦੀਪ ਕੌਰ ਨੇ ਦੂਜਾ ਅਤੇ ਖੁਸ਼ਪ੍ਰੀਤ ਕੌਰ ਤੇ ਗੁਰਸੇਵਕ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸੁੰਦਰ ਅਤੇ ਸ਼ੁੱਧ ਲਿਖਾਈ ਮੁਕਾਬਲੇ ਵਿੱਚੋਂ ਮਨੀਸ਼ ਕੁਮਾਰ, ਅਕਸ਼ਰਾ ਤੇ ਤਰਨਦੀਪ ਨੇ ਪਹਿਲਾ, ਜਸਪ੍ਰੀਤ, ਪਰਨੀਤ ਕੌਰ ਤੇ ਧਰੁਵ ਨੇ ਦੂਸਰਾ ਅਤੇ ਅੰਸ਼ਪ੍ਰੀਤ ਕੌਰ, ਹੁਸਨਪ੍ਰੀਤ ਕੌਰ ਤੇ ਜਸਮੀਨ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਵਿਤਾ ਉਚਾਰਨ ਮੁਕਾਬਲੇ ਵਿੱਚੋਂ ਕਰਨਵੀਰ ਸਿੰਘ ਨੇ ਪਹਿਲਾ, ਵਿਸ਼ਵਜੀਤ ਸਿੰਘ ਨੇ ਦੂਜਾ, ਅੰਸ਼ ਕੁਮਾਰ ਤੇ ਅਭਿਜੋਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਸਮੇਂ ਮੈਡਮ ਸੋਨੀਆ ਰਾਣੀ ਤੋਂ ਇਲਾਵਾ ਮੈਡਮ ਕੁਸੁਮ ਸ਼ਰਮਾ ਆਦਿ ਵੀ ਹਾਜ਼ਰ ਸਨ।

## ਬਲੌਜ਼ਮਜ਼ ਕਾਨਵੈਂਟ ਸਕੂਲ ਦਾ ਪ੍ਰਿਆਂਸ਼ਪ੍ਰੀਤ ਸਿੰਘ ਬਣਿਆ ਨੈਸ਼ਨਲ ਮੈਡਲਿਸਟ

**ਜਗਰਾਉਂ, ( ਅਮਿਤ ਖੰਨਾ )** ਬਲੌਜ਼ਮਜ਼ ਕਾਨਵੈਂਟ ਸਕੂਲ ਦਾ ਬਾਰ੍ਹਵੀਂ ਜਮਾਤ ਦਾ ਦ੍ਰਿੜ੍ਹ ਇਰਾਦੇ ਰੱਖਣ ਵਾਲੇ ਪ੍ਰਿਆਂਸ਼ਪ੍ਰੀਤ ਸਿੰਘ ਨੇ ਆਪਣੀ ਅਣਥੱਕ ਮਿਹਨਤ ਸਦਕਾ ਪਿਛਲੇ ਕਈ ਸਾਲਾਂ ਤੋਂ ਆਪਣੀ ਰੋਇੰਗ ਦੀ ਖੇਡ ਵਿਚ ਸੋਨ ਤਗਮੇ ਜਿੱਤ ਕੇ ਆਪਣੀ ਇੱਕ ਅਲੱਗ ਪਹਿਚਾਣ ਬਣਾਈ ਹੋਈ ਹੈ। ਉੱਥੇ ਹੀ ਉਸ ਨੇ ਪਿਛਲੇ ਦਿਨੀਂ ਨੈਸ਼ਨਲ ਪੱਧਰ ਦੀ ਪ੍ਰਤੀਯੋਗਤਾ ਜੋ ਚੰਡੀਗੜ੍ਹ ਵਿਖੇ ਹੋਈ, ਵਿਚ ਦੂਜਾ ਸਥਾਨ ਪ੍ਰਾਪਤ ਕਰਕੇ ਨੈਸ਼ਨਲ ਸਿਲਵਰ ਮੈਡਲਿਸਟ ਦਾ ਖਿਤਾਬ ਆਪਣੇ ਨਾਂਅ ਕਰਵਾਇਆ ਅਤੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਬੱਚੇ ਦੀ ਵੱਖਰੀ ਖੇਡ ਵਿਚ ਦਿਲਚਸਪੀ ਅਤੇ ਹਮੇਸ਼ਾ ਤੋਂ ਅੱਗੇ ਵਧਣ ਲਈ ਕੀਤੀ ਮਿਹਨਤ ਦੀ ਹਰ ਪਾਸੇ ਵਾਹ-ਵਾਹ ਹੋ ਰਹੀ ਹੈ।

ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼ ਨੇ ਬੱਚੇ ਦੇ ਪਿਤਾ ਸੁਰਜੀਤ ਸਿੰਘ (ਪੁਲਸ ਅਫ਼ਸਰ) ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਹਰ ਇੱਕ ਮਾਪਾ ਇੱਕ ਹੋਣਹਾਰ ਬੱਚੇ ਦੀ ਕਾਮਨਾ ਕਰਦਾ ਹੈ, ਤੁਸੀਂ ਆਪਣੇ ਬੱਚੇ ਨੂੰ ਦਿੱਤੇ ਗੁਣਾਂ ਦੀ ਮਿਹਨਤੀ ਮਹਿਕ ਇਸ ਦੀ ਸਫ਼ਲਤਾ ਦੇ ਰਸਤਿਆਂ ਵਿਚੋਂ ਖਾਸ ਝਲਕ ਦੇ ਕੇ ਇਸ ਨੂੰ ਬੁਲੰਦ ਉਚਾਈਆਂ 'ਤੇ ਪਹੁੰਚਾ ਰਹੀ ਹੈ। ਇਹ ਬੱਚਾ ਸਾਡੇ ਸਕੂਲ ਲਈ ਖੇਡ-ਜਗਤ ਦਾ ਚਮਕਦਾ ਸਿਤਾਰਾ ਹੈ, ਜਿਸ ਨੇ ਹਰ ਵਾਰ ਆਪਣੇ ਗਲੇ ਵਿਚ ਤਗਮੇ ਪਾ ਕੇ ਨਾਂਅ ਰੌਸ਼ਨ ਕੀਤਾ ਹੈ। ਉਹਨਾ ਬਾਕੀ ਵਿਦਿਆਰਥੀਆਂ ਨੂੰ ਪ੍ਰਿਆਂਸ਼ਪ੍ਰੀਤ ਤੋਂ ਪ੍ਰੇਰਿਤ ਹੋ ਕੇ ਨਾਮਣਾ ਖੱਟਣ ਦੀ ਤਾਗੀਦ ਕੀਤੀ ਤੇ ਨਾਲ ਬੱਚੇ ਲਈ ਸ਼ੁੱਭ-ਇੱਛਾਵਾਂ ਦਿੱਤੀਆਂ ਕਿ ਅਸੀਂ ਉਸ ਦਿਨ ਦੀ ਉਡੀਕ ਵਿਚ ਹਾਂ ਕਿ ਇਹ ਵਿਦਿਆਰਥੀ ਹੋਰ ਅੱਗੇ ਵਧਦਾ ਹੋਇਆ ਅੰਤਰਰਾਸ਼ਟਰੀ ਪੱਧਰ ਦੀਆਂ ਖੇਡਾਂ ਵਿਚ ਗੋਲਡ ਮੈਡਲ ਲੈ ਕੇ ਸਾਡੇ ਸਾਹਮਣੇ ਆਵੇ ਤੇ ਆਪਣੇ ਜੀਵਨ ਦੇ ਮਿੱਥੇ ਟੀਚੇ ਨੂੰ ਫ਼ਤਹਿ ਕਰਕੇ ਸਾਡੇ ਪੰਜਾਬ ਅਤੇ ਭਾਰਤ ਦੇਸ਼ ਦਾ ਨਾਂਅ ਰੌਸ਼ਨ ਕਰੇ। ਇਸ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਅਜਮੇਰ ਸਿੰਘ ਰੱਤੀਆਂ ਅਤੇ ਸਤਵੀਰ ਸਿੰਘ ਨੇ ਵੀ ਪ੍ਰਿਆਂਸ਼ਪ੍ਰੀਤ ਸਿੰਘ ਨੂੰ ਵਧਾਈ ਦਿੱਤੀ।

## ਖਾਲਸਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ 'ਚ ਪੇਂਟਿੰਗ ਮੁਕਾਬਲੇ

**ਦੋਰਾਹਾ (ਹਰਮਿੰਦਰ ਸੇਠ)**—ਅੱਜ ਨਗਰ ਕੌਂਸਲ ਦੋਰਾਹਾ ਵਲੋ ਸਵੱਛ ਭਾਰਤ ਅਭਿਆਨ ਤਹਿਤ ਕਾਰਜ ਸਾਧਕ ਅਫਸਰ ਪੁਸਪਿੰਦਰ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੁਪਰਡੈਂਟ ਵਿਸ਼ਨੂੰ ਦੱਤ ਇੰਸਪੈਕਟਰ ਅਜੇ ਕੁਮਾਰ, ਸੈਨੇਟਰੀ ਮੇਟ ਅਨਿਲ ਨਾਹਰ ਦੀ ਹਾਜ਼ਰੀ ਵਿੱਚ ਖਾਲਸਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਵਿਖੇ ਵੱਖ-ਵੱਖ ਕਲਾਸ ਦੇ ਬੱਚਿਆਂ ਵਿਚਕਾਰ ਪੇਂਟਿੰਗ ਮੁਕਾਬਲੇ ਕਰਵਾਏ ਗਏ। 23 ਬੱਚਿਆਂ ਨੇ ਭਾਗ ਲਿਆ।

ਸਕੂਲ ਦੀ ਪ੍ਰਿੰਸੀਪਲ ਮੈਡਮ ਪਰਦੀਪ ਕੌਰ ਅਤੇ ਡਰਾਇੰਗ ਟੀਚਰ, ਮਨਿੰਦਰ ਕੌਰ ਦੀ ਅਗਵਾਈ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੇ ਨਾਮ ਸਿਮਰਨਜੀਤ ਕੌਰ, ਕਿਰਨਦੀਪ ਕੌਰ, ਪੱਲਵੀ, ਅਰਸ਼ਪ੍ਰੀਤ ਕੌਰ, ਮੁਸਕਾਨ, ਪੂਜਾ, ਖੁਸ਼ਬੂ, ਹਰਜੋਤ ਕੌਰ, ਗਗਨਦੀਪ ਕੌਰ, ਜਸਮੀਨ ਅੰਜੂ, ਗੁਪਤਾ, ਖੁਸ਼ੀ ਦੇਵੀ, ਮੁਸਕਾਨ, ਰੋਜ਼ੀ, ਖੁਸ਼ੀ, ਗੁਸੈਣ, ਸ਼ਾਲਿਨੀ, ਜਾਨਵੀ, ਪਲਕ, ਖੁਸ਼ੀ, ਜਸ਼ਨਪ੍ਰੀਤ, ਮੋਨਿਕਾ, ਲਛਮੀ ਆਦਿ ਬਚਿਆਂ ਨੇ ਭਾਗ ਲਿਆ ਅਤੇ ਇਨ੍ਹਾਂ ਵਿੱਚੋਂ ਸੱਭ ਤੋਂ ਵਧੀਆ ਪੇਂਟਿੰਗ ਪੰਜ ਬੱਚਿਆਂ ਹਰਜੀਤ ਕੌਰ ਨੇ ਪਹਿਲਾ, ਗਗਨਦੀਪ ਨੇ ਦੂਜਾ, ਖੁਸ਼ੀ ਦੇਵੀ ਨੇ ਤੀਜਾ ਅਤੇ ਗੁਸੇਣ ਨੇ ਚੌਥਾ ਅਤੇ ਸ਼ਾਲਿਨੀ ਨੇ ਪੰਜਵਾਂ ਸਥਾਨ ਹਾਸਲ ਕੀਤਾ। ਇਸ ਸਮੇਂ ਸਵੱਛ ਭਾਰਤ ਦੀ ਟੀਮ ਵੱਲੋਂ ਸੀ. ਐੱਫ. ਮੈਡਮ ਨਵਦੀਪ ਕੌਰ, ਮੋਟੀਵੇਟਰ ਅਨਾਮਿਕਾ ਸ਼ਰਮਾ, ਮੋਟੀਵੇਟਰ ਰੋਹਿਤ ਆਦਿ ਹਾਜ਼ਰ ਸਨ। ਇੱਥੇ ਬਚਿਆਂ ਨੂੰ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾਲ ਹੋਣ ਵਾਲੇ ਸਰੀਰਕ ਨੁਕਸਾਨ ਬਾਰੇ ਵੀ ਜਾਣਕਾਰੀ ਦਿੱਤੀ ਗਈ। ਬੱਚਿਆਂ ਵਲੋਂ ਇਹ ਵਾਅਦਾ ਵੀ ਕੀਤਾ ਗਿਆ ਕਿ ਅਸੀਂ ਸਿੰਗਲ ਯੂਜ਼ ਪਲਾਸਟਿਕ ਦੀ ਵਰਤੋਂ ਨਾ ਕਰਕੇ ਸਗੋਂ ਆਪਣੇ ਆਲੇ-ਦੁਆਲੇ ਵੀ ਲੋਕਾਂ ਨੂੰ ਜਾਗਰੂਕ ਕਰਨ ਵਿੱਚ ਸਰਕਾਰ ਦਾ ਅਤੇ ਨਗਰ ਕੌਂਸਲ ਦੋਰਾਹਾ ਦਾ ਸਾਥ ਦੇਵਾਂਗੇ ਅਤੇ ਆਪਣੇ ਘਰ ਵਿੱਚ ਦੋ ਡਸਟਬਿਨ ਰੱਖਾਂਗੇ। ਇਕ ਵਿੱਚ ਸੁੱਕਾ ਅਤੇ ਦੂਜੇ ਵਿੱਚ ਗਿੱਲਾ ਕੂੜਾ ਰੱਖਾਂਗੇ। ਮੋਟੀਵੇਟਰਾਂ ਨੇ ਦੱਸਿਆ ਕਿ ਗਿੱਲੇ ਕੂੜੇ ਤੋਂ ਅਸੀਂ ਖਾਦ ਤਿਆਰ ਕਰਕੇ ਆਪਣੇ ਘਰ ਵਿੱਚ ਰੱਖੇ ਗਮਲੇ ਅਤੇ ਬੂਟਿਆਂ ਵਿੱਚ ਪਾ ਕੇ ਉਨ੍ਹਾਂ ਨੂੰ ਜਲਦੀ ਵਧਾ ਸਕਦੇ ਹਾਂ ।

## ਕੇਂਦਰ ਨਾਲ ਰਾਬਤਾ ਕਰਕੇ ਗਤਕਾ ਖੇਡ ਸਾਈ ਸੈਂਟਰ ਮਸਤੂਆਣਾ ਸਾਹਿਬ ਵਿਖੇ ਲਿਆਂਦੀ ਜਾਵੇਗੀ : ਢੀਂਡਸਾ

**ਸੰਗਰੂਰ, (ਪ੍ਰਵੀਨ ਸਿੰਘ)**-ਸੂਬੇ ਦੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਕੇਂਦਰ ਸਰਕਾਰ ਨਾਲ ਰਾਬਤਾ ਕਰਕੇ ਹੋਰਨਾਂ ਖੇਡਾਂ ਵਾਂਗ ਗੱਤਕਾ ਖੇਡ ਵੀ ਸਪੋਰਟਸ ਅਥਾਰਟੀ ਆਫ ਇੰਡੀਆ (ਸਾਈ) ਦੇ ਮਸਤੂਆਣਾ ਸਾਹਿਬ ਵਿਖੇ ਚੱਲ ਰਹੇ ਸੈਂਟਰ ਵਿੱਚ ਲਿਆਂਦੀ ਜਾਵੇਗੀ ਤਾਂ ਜੁ ਗੱਤਕਾ ਖਿਡਾਰੀ ਵੀ ਉੱਚ ਪੱਧਰ ਦੀਆਂ ਖੇਡ ਤਕਨੀਕਾਂ ਤੇ ਵਧੀਆ ਕੋਚਿੰਗ ਹਾਸਲ ਕਰ ਸਕਣ। ਅਕਾਲ ਕਾਲਜ ਆਫ਼ ਫਿਜ਼ੀਕਲ ਐਜੂਕੇਸ਼ਨ ਮਸਤੂਆਣਾ ਸਾਹਿਬ ਵਿਖੇ ਚੱਲ ਰਹੀ ਚਾਰ ਰੋਜ਼ਾ ਗੱਤਕਾ ਚੈਂਪੀਅਨਸ਼ਿਪ ਦੇ ਫਾਈਨਲ ਮੁਕਾਬਲਿਆਂ ਦੀ ਸ਼ੁਰੂਆਤ ਕਰਾਉਣ ਆਏ ਹਨ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਵੱਲੋਂ ਵਰੋਸਾਈ ਇਸ ਮਾਣਮੱਤੀ ਕਲਾ ਨੂੰ ਬਤੌਰ ਮੁਕਾਬਲੇ ਵਾਲੀ ਖੇਡ ਤੇ ਸਵੈ ਰੱਖਿਆ ਦੀ ਕਲਾ ਵਜੋਂ ਹੋਰ ਵਿਕਸਤ ਕਰਨ ਦੀ ਲੋੜ ਹੈ। ਫਾਈਨਲ ਮੁਕਾਬਲਿਆਂ ਦੌਰਾਨ ਅੰਡਰ-19 ਸਾਲ ਗੱਤਕਾ ਮੁਕਾਬਲਿਆਂ ਦੌਰਾਨ ਫ਼ਿਰੋਜ਼ਪੁਰ ਦੀ ਟੀਮ ਵੱਲੋਂ ਓਵਰਆਲ ਚੈਂਪੀਅਨਸ਼ਿਪ 'ਤੇ ਕਬਜ਼ਾ ਕੀਤਾ ਗਿਆ, ਜਦੋਂ ਕਿ ਬਠਿੰਡਾ ਤੇ ਮੋਗਾ ਦੀਆਂ ਟੀਮਾਂ ਕ੍ਰਮਵਾਰ ਦੂਜੇ ਅਤੇ ਤੀਜੇ ਸਥਾਨ 'ਤੇ ਰਹੀਆਂ। ਇਸ ਮੌਕੇ ਗੱਤਕਾ ਸੋਟੀ ਵਿਅਕਤੀਗਤ ਮੁਕਾਬਲਿਆਂ ਵਿੱਚ ਫ਼ਿਰੋਜ਼ਪੁਰ ਨੇ ਪਹਿਲਾ ਸਥਾਨ, ਹੁਸ਼ਿਆਰਪੁਰ ਨੇ ਦੂਜਾ, ਨਵਾਂਸ਼ਹਿਰ ਅਤੇ ਲੁਧਿਆਣਾ ਨੇ ਤੀਜਾ ਸਥਾਨ ਹਾਸਲ ਕੀਤਾ। ਗੱਤਕਾ ਸੋਟੀ ਟੀਮ ਈਵੈਂਟ ਵਿੱਚ ਫਿਰੋਜ਼ਪੁਰ ਨੇ ਪਹਿਲਾ, ਬਠਿੰਡਾ ਨੇ ਦੂਜਾ, ਜਦਕਿ ਫਰੀਦਕੋਟ ਅਤੇ ਪਟਿਆਲਾ ਨੇ ਤੀਜਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਫਰੀ-ਸੋਟੀ ਵਿਅਕਤੀਗਤ ਮੁਕਾਬਲਿਆਂ ਵਿੱਚ ਪਟਿਆਲਾ ਨੇ ਪਹਿਲਾ, ਬਠਿੰਡਾ ਨੇ ਦੂਜਾ, ਜਦਕਿ ਮੋਗਾ ਅਤੇ ਅੰਮ੍ਰਿਤਸਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਫਰੀ ਸੋਟੀ ਟੀਮ ਈਵੈਂਟ ਮੁਕਾਬਲੇ ਵਿਚ ਫ਼ਿਰੋਜ਼ਪੁਰ ਨੇ ਪਹਿਲਾ ਸਥਾਨ, ਮੋਗਾ ਦੀ ਟੀਮ ਨੇ ਦੂਜਾ, ਪਟਿਆਲਾ ਤੇ ਬਠਿੰਡਾ ਨੇ ਤੀਜਾ ਸਥਾਨ ਹਾਸਲ ਕੀਤਾ। ਗੱਤਕਾ ਚੈਂਪੀਅਨਸ਼ਿਪ ਦੇ ਤੀਜੇ ਦਿਨ ਦੇ ਸੈਸ਼ਨ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤਾ, ਜਦੋਂ ਕਿ ਵਿਸ਼ੇਸ਼ ਮਹਿਮਾਨ ਵਜੋਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਸਮੇਤ ਹੋਰ ਮੋਹਤਬਰ ਸ਼ਖ਼ਸੀਅਤਾਂ ਮੌਜੂਦ ਸਨ। ਇਸ ਮੌਕੇ ਅਕਾਲ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਤੇ ਹਾਜ਼ਰ ਖਿਡਾਰੀਆਂ ਕੋਚਾਂ ਅਤੇ ਕੌਂਸਲ ਮੈਂਬਰਾਂ ਵੱਲੋਂ ਸ਼੍ਰੋਮਣੀ ਕਮੇਟੀ ਦੇ ਇਸ ਉੱਦਮ ਦੀ ਭਰਪੂਰ ਸ਼ਲਾਘਾ ਕੀਤੀ ਗਈ ਤੇ ਜੇਤੂ ਟੀਮਾਂ ਨੂੰ ਸਨਮਾਨਤ ਕੀਤਾ ਗਿਆ।



## ਫੀਲਖਾਨਾ ਸਕੂਲ 'ਚ ਧੂਮਧਾਮ ਨਾਲ ਮਨਾਇਆ ਬਾਲ ਮੇਲਾ ਤੇ ਸਾਲਾਨਾ ਸਮਾਰੋਹ




**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਫੀਲਖਾਨਾ, ਪਟਿਆਲਾ ਵਿਖੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਬਾਲ ਮੇਲਾ ਤੇ ਸਾਲਾਨਾ ਸਮਾਰੋਹ ਆਯੋਜਤ ਕੀਤਾ ਗਿਆ। ਇਸ ਸਮਾਰੋਹ ਵਿੱਚ ਸ੍ਰੀਮਤੀ ਸਿਮਰਤ ਕੌਰ ਕੋਹਲੀ (ਸੁਪਤਨੀ ਅਜੀਤਪਾਲ ਸਿੰਘ ਕੋਹਲੀ ਐੱਮ. ਐੱਲ. ਏ ਪਟਿਆਲਾ ਸ਼ਹਿਰੀ) ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ।

ਇਸ ਮੌਕੇ ਡਿਪਟੀ ਡੀ. ਈ.ਓ ਸ੍ਰੀ ਰਵਿੰਦਰ ਪਾਲ ਸ਼ਰਮਾ, ਡਾ. ਰਾਜਦੀਪ ਸਿੰਘ ਡਾਇਰੈਕਟਰ ਪਲੇ ਵੇਜ ਸਕੂਲਜ, ਮਿਸ ਵੀਰਪਾਲ ਕੌਰ ਚਹਿਲ ਜ਼ਿਲ੍ਹਾ ਪ੍ਰਧਾਨ, ਇਸਤਰੀ ਵਿੰਗ ਆਮ ਆਦਮੀ ਪਾਰਟੀ ਆਦਿ ਪਤਵੰਤੇ ਸੱਜਣ ਵੀ ਹਾਜ਼ਰ ਰਹੇ। ਇਸ ਮੌਕੇ ਸਕੂਲ ਦਾ ਸਾਲਾਨਾ ਮੈਗਜ਼ੀਨ 10 ਸਾਲ ਦੇ ਲੰਬੇ ਵਕਫ਼ੇ ਬਾਅਦ 'ਹੱਸਦੇ ਫੁੱਲ' ਲੋਕ ਅਰਪਣ ਕੀਤਾ ਗਿਆ। ਇਸ ਮੌਕੇ ਸਕੂਲ ਦੇ ਸਟੇਟ ਐਵਾਰਡੀ ਪ੍ਰਿੰਸੀਪਲ ਡਾ. ਰਜਨੀਸ਼ ਗੁਪਤਾ ਨੇ ਦੱਸਿਆ ਕਿ ਸਕੂਲ ਦਾ ਸਾਲਾਨਾ ਮੈਗਜ਼ੀਨ ਦਸ ਸਾਲ ਬਾਅਦ ਪੁਨਰ-ਸੁਰਜੀਤ ਕਰਕੇ ਜਾਰੀ ਕੀਤਾ ਗਿਆ। ਇਹ ਮੈਗਜ਼ੀਨ ਵਿਦਿਆਰਥੀਆਂ ਦੀ ਸਾਹਿਤਕ ਪ੍ਰਤਿਭਾ ਨੂੰ ਪ੍ਰਗਟ ਕਰਨ ਦਾ ਇੱਕ ਵਧੀਆ ਉਪਰਾਲਾ ਹੈ। ਇਸ ਦੇ ਨਾਲ ਹੀ ਸੈਸ਼ਨ 2023-24 ਲਈ ਦਾਖਲਾ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਸਕੂਲ ਵਿੱਚ ਪੁਸਤਕ ਪ੍ਰਦਰਸ਼ਨੀ, ਖਾਣ-ਪੀਣ ਦੀ ਸਟਾਲ, ਵਿਦਿਆਰਥੀਆਂ ਲਈ ਝੂਲੇ, ਪੰਜਾਬੀ ਸੱਭਿਆਚਾਰ ਨਾਲ ਸੰਬੰਧਤ ਸਟਾਲਾਂ, ਕਰੀਅਰ ਗਾਇਡੈਂਸ ਸਟਾਲ ਅਤੇ ਵਿਸ਼ੇਸ਼ ਤੌਰ 'ਤੇ ਵੋਟਰ ਜਾਗਰੂਕਤਾ ਸਟਾਲ ਦਾ ਵੀ ਪ੍ਰਬੰਧ ਕੀਤਾ ਗਿਆ। ਇਨਾਮ ਵੰਡ ਸਮਾਰੋਹ ਸਮੇਂ ਸ੍ਰੀ ਅਸ਼ਵਨੀ ਅਰੋੜਾ ਅਸਿਸਟੈਂਟ ਕਮਿਸ਼ਨਰ ਗ੍ਰੀਵੈਂਸਿਜ ਵੱਲੋਂ ਵਿੱਦਿਅਕ ਤੇ ਖੇਡ ਮੁਕਾਬਲਿਆਂ ਵਿੱਚ ਅੱਵਲ ਰਹੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ। ਸਕੂਲ ਦੇ ਸਮੂਹ ਸਟਾਫ਼ ਮੈਂਬਰਾਨ, ਵਿਦਿਆਰਥੀਆਂ ਦੇ ਮਾਪਿਆਂ ਤੇ ਵਿਦਿਆਰਥੀਆਂ ਨੇ ਭਰਪੂਰ ਆਨੰਦ ਮਾਣਿਆ। ਇਸ ਮੌਕੇ 'ਤੇ ਐਡਵੋਕੇਟ ਸ਼੍ਰੀ ਰਾਜੀਵ ਲੋਹਟਬੱਧੀ, ਸ਼੍ਰੀ ਰਾਮ ਕੁਮਾਰ ਢਕੜੱਬਾ (ਤਰਕਸ਼ੀਲ ਸੁਸਾਇਟੀ, ਪਟਿਆਲਾ), ਸ਼੍ਰੀ ਸੁਰਿੰਦਰ ਪਾਲ ਗੋਇਲ, ਐਡਵੋਕੇਟ ਸ਼੍ਰੀ ਅਨਮੋਲ ਰਤਨ ਆਦਿ ਸਮਾਜ ਸੇਵੀ ਸ਼ਖ਼ਸੀਅਤਾਂ ਵੱਲੋਂ ਹਾਜ਼ਰੀ ਲਵਾਈ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ ਗਈ।

## ਹਰ ਕੈਟਾਗਿਰੀ ਦੇ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਕਰਾਉਣ ਤੱਕ ਸੰਘਰਸ਼ ਜਾਰੀ ਰੱਖਣ ਦਾ ਐਲਾਨ

**ਜਲਾਲਾਬਾਦ, (ਜੀਤ ਕੁਮਾਰ)** 'ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ' ਦੇ ਪਲੇਟਫਾਰਮ ਤੋਂ ਦੋ ਦਿਨ ਦੀ ਸਮੂਹਿਕ ਛੁੱਟੀ ਲੈ ਕੇ ਉਲੀਕੇ ਸੰਘਰਸ਼ ਦੇ ਦੌਰਾਨ ਦੂਜੇ ਦਿਨ ਵੀ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਅਗਵਾਈ ਹੇਠ ਵਿਭਾਗ ਦੇ ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਵੱਲੋਂ ਵਿਭਾਗ ਦੇ ਸਬ ਡਵੀਜ਼ਨ ਦਫ਼ਤਰ ਗੁੰਮਾਨੀਵਾਲਾ (ਵਾਟਰ ਵਰਕਸ) 'ਚ ਰੋਸ ਧਰਨੇ ਦਿੱਤਾ ਗਿਆ ਅਤੇ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।

ਇਹ ਧਰਨਾ ਲਗਾਤਾਰ ਰਾਤ ਵੀ ਕਹਿਰ ਦੀ ਠੰਡ 'ਚ ਵੀ ਜਾਰੀ ਰਿਹਾ। ਜਲ ਸਪਲਾਈ ਠੇਕਾ ਮੁਲਾਜ਼ਮਾਂ ਨੇ ਸ਼ਹਿਰ 'ਚ ਰੋਸ ਮਾਰਚ ਕੀਤਾ ਅਤੇ ਜਲਾਲਾਬਾਦ ਦੇ ਵਿਧਾਇਕ ਰਾਹੀਂ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਮੰਗ ਪੱਤਰ ਭੇਜਿਆ ਗਿਆ।

ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਸਿੰਘ ਚੱਕ ਜਾਨੀਸਰ, ਬ੍ਰਾਂਚ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਦਫਤਰੀ ਸਟਾਫ਼ ਪ੍ਰਧਾਨ ਸੁਖਚੈਨ ਸਿੰਘ ਸੋਢੀ, ਕੁੰਦਨ ਸਿੰਘ ਆਦਿ ਆਗੂਆਂ ਨੇ ਕਿਹਾ ਕਿ ਸਮੂਹ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵਲੋਂ ਸਮੂਹਿਕ ਛੁੱਟੀ 'ਤੇ ਜਾਣ ਦਾ ਫੈਸਲਾ ਇਸ ਕਰਕੇ ਲਿਆ ਗਿਆ ਹੈ, ਕਿਉਕਿ ਅਸੀਂ ਪਿਛਲੇ ਸਾਲਾਂਬੱਧੀ ਅਰਸੇ ਤੋਂ ਵੱਖ-ਵੱਖ ਸਰਕਾਰੀ ਵਿਭਾਗਾਂ 'ਚ ਇਨਲਿਸਟਮੈਂਟ/ਆਊਟਸੋਰਸ ਦੇ ਰੂਪ 'ਚ ਕੰਮ ਕਰਦੇ ਆ ਰਹੇ ਹਾਂ, ਵਿਭਾਗਾਂ ਦਾ ਕੰਮ ਪੱਕਾ ਹੋਣ ਕਾਰਨ ਕਾਨੂੰਨ ਮੁਤਾਬਕ ਪੱਕਾ ਰੁਜ਼ਗਾਰ ਦੇਣਾ ਬਣਦਾ ਹੈ, ਪਰ ਸਰਕਾਰਾਂ ਨੇ ਨਿੱਜੀਕਰਨ ਦੀ ਨੀਤੀ ਨੂੰ ਲਾਗੂ ਕਰਨ ਦੀ ਲੋੜ 'ਚੋਂ ਆਊਟਸੋਰਸਡ ਤੇ ਇਨਲਿਸਟਮੈਂਟ ਠੇਕਾ ਪ੍ਰਣਾਲੀ ਲਾਗੂ ਕੀਤੀ ਗਈ ਹੈ, ਜਿਸ ਨੂੰ ਲਾਗੂ ਕਰਕੇ ਸਾਰੇ ਵਿਭਾਗਾਂ 'ਚ ਕੰਮ ਕਰਦੇ ਠੇਕਾ ਮੁਲਾਜ਼ਮਾਂ ਨੂੰ ਪੱਕਾ ਰੁਜ਼ਗਾਰ ਦੇਣ ਤੋਂ ਇਨਕਾਰੀ ਹੈ। ਠੇਕਾ ਨੀਤੀ ਨੂੰ ਲਾਗੂ ਕਰਕੇ ਸਰਕਾਰ ਨੇ ਇਨ੍ਹਾਂ ਅਦਾਰਿਆਂ ਦੀ ਸੇਵਾ ਸੰਭਾਲ ਦੀ ਜ਼ਿੰਮੇਵਾਰੀ ਠੇਕਾ ਮੁਲਾਜ਼ਮਾਂ ਨੂੰ ਦਿੱਤੀ ਗਈ ਹੈ ਅਤੇ ਠੇਕਾ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦੀ ਜ਼ਿੰਮੇਵਾਰੀ ਤੋਂ ਆਪਣੇ ਆਪ ਨੂੰ ਮੁਕਤ ਕਰ ਲਿਆ ਹੈ। ਹੁਣ ਠੇਕਾ ਮੁਲਾਜ਼ਮਾਂ ਦੇ ਕੱਚੇ ਪਿੱਲੇ-ਰੁਜ਼ਗਾਰ ਨੂੰ ਖੋਹਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੋਰਚੇ ਦੇ ਬੈਨਰ ਹੇਠ ਪੂਰ ਅਮਨ ਸੰਘਰਸ਼ ਦੇ ਦੌਰਾਨ ਮੁੱਖ ਮੰਤਰੀ ਪੰਜਾਬ ਸਰਕਾਰ ਨਾਲ ਅਸੀਂ 'ਮੰਗਾਂ-ਮਸਲਿਆਂ' ਦਾ ਹੱਲ ਗੱਲਬਾਤ ਰਾਹੀਂ ਕਰਨ ਦੇ ਯਤਨ ਕੀਤੇ ਗਏ, ਪਰ ਅੱਜ ਤੱਕ 6 ਵਾਰ ਮੀਟਿੰਗਾਂ ਦਾ ਸਮਾਂ ਦੇ ਕੇ ਵੀ ਗੱਲਬਾਤ ਨਹੀਂ ਕੀਤੀ ਗਈ ਹੈ। ਇਸ ਮਜਬੂਰੀ 'ਚੋਂ ਸਾਰੇ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ ਸਮੂਹਿਕ ਛੁੱਟ ਲੈ ਕੇ ਦੋ ਦਿਨ ਦਾ ਸੰਘਰਸ਼ ਤੈਅ ਕੀਤਾ ਗਿਆ ਹੈ, ਕਿਉਂਕਿ ਬਦਲਾਅ ਦੇ ਨਾਂਅ ਹੇਠ ਸੱਤਾ 'ਤੇ ਕਾਬਜ਼ ਮੌਜੂਦਾ ਸਰਕਾਰ ਲੰਮੇ ਸਮੇਂ ਤੋਂ ਸੇਵਾ ਕਰਦੇ ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਨੂੰ ਨਜ਼ਰਅੰਦਾਜ਼ ਕਰਕੇ ਬਾਹਰੋਂ ਪੱਕੀ ਭਰਤੀ ਕਰਕੇ, ਪੱਕੀਆਂ ਅਸਾਮੀਆਂ ਤੇ ਸਾਲਾਂਬੱਧੀ ਅਰਸੇ ਤੋਂ ਕੰਮ ਕਰਦੇ ਕਾਮਿਆਂ ਦੀ ਛਾਂਟੀ ਕਰ ਰਹੀ ਹੈ।

ਇਸ ਕਰਕੇ ਠੇਕਾ ਮੁਲਾਜਮ ਇਨ੍ਹਾਂ ਸੇਵਾ ਦੇ ਅਦਾਰਿਆਂ ਦਾ ਨਿੱਜੀਕਰਨ ਹੋਣ ਤੋਂ ਰੋਕਣ, ਆਪਣੇ ਕੱਚੇ ਰੁਜਗਾਰ ਨੂੰ ਬਚਾਉਣ ਦੇ ਨਾਲ ਪੱਕੇ ਰੁਜ਼ਗਾਰ ਕਰਾਉਣ ਦੀ ਪ੍ਰਾਪਤੀ ਲਈ ਸੰਘਰਸ਼ ਕਰਦੇ ਆ ਰਹੇ ਸਨ। ਮੋਰਚੇ ਵਲੋਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਜੇਕਰ ਸਰਕਾਰ ਨੇ ਹੁਣ ਵੀ ਠੇਕਾ ਮੁਲਾਜ਼ਮਾਂ ਦੀਆਂ ਮੰਗਾਂ ਦਾ ਹੱਲ ਕਰਨ ਲਈ ਯਤਨ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾ ਸਕਦਾ ਹੈ।

## ਡੀ ਏ ਵੀ ਸਕੂਲ 'ਚ ਇੱਕ ਰੋਜ਼ਾ ਮੈਡੀਕਲ ਚੈੱਕਅਪ ਕੈਂਪ



**ਮਲੋਟ, (ਗੁਰਮੀਤ ਸਿੰਘ ਮੱਕੜ)**:-ਸਥਾਨਕ ਡੀ ਏ ਵੀ ਪਬਲਿਕ ਸਕੂਲ ਵਿਖੇ ਮਹਾਤਮਾ ਹੰਸਰਾਜ ਦੀ ਬਰਸੀ 'ਤੇ ਸਕੂਲ ਦੇ ਬੱਚਿਆਂ ਦਾ ਇੱਕ ਰੋਜ਼ਾ ਮੈਡੀਕਲ ਚੈਕਅੱਪ ਕੈਂਪ ਸਕੂਲ ਪ੍ਰਿੰਸੀਪਲ ਸੰਧਿਆ ਬਠਲਾ ਦੀ ਅਗਵਾਈ ਹੇਠ ਲਗਾਇਆ ਗਿਆ। ਡੀ ਏ ਵੀ ਐਡਵਰਡਗੰਜ ਹਸਪਤਾਲ ਮਲੋਟ ਦੇ ਕਾਰਜਕਾਰੀ ਪ੍ਰਬੰਧਕ ਜੀ ਸੀ ਸ਼ਰਮਾ ਦੀ ਅਗਵਾਈ ਹੇਠ ਹਸਪਤਾਲ ਦੇ ਮਾਹਰ ਡਾ. ਪੂਜਾ ਪ੍ਰਤੀਕ ਵਲੋਂ ਮੈਡੀਕਲ ਚੈਕਅੱਪ ਕੈਂਪ ਲਗਾਇਆ ਗਿਆ। ਪ੍ਰਿੰਸੀਪਲ ਸੰਧਿਆ ਬਠਲਾ ਨੇ ਦੱਸਿਆ ਕਿ ਤੰਦਰੁਸਤ ਸਰੀਰ ਵਿਚ ਹੀ ਤੰਦਰੁਸਤ ਮਨ ਦਾ ਵਾਸ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਇਹ ਹੈ ਕਿ ਬੱਚੇ ਸਿਹਤਮੰਦ ਰਹਿਣ ਅਤੇ ਆਪਣੀ ਪੜ੍ਹਾਈ ਵਿਚ ਵਧੀਆ ਪ੍ਰਦਰਸ਼ਨ ਕਰਨ। ਇਸ ਮੈਡੀਕਲ ਚੈਕਅੱਪ ਕੈਂਪ ਵਿਚ ਸਕੂਲ ਦੇ 100 ਦੇ ਕਰੀਬ ਬੱਚਿਆਂ ਦਾ ਚੈਕਅੱਪ ਕੀਤਾ ਗਿਆ, ਜਿਸ ਵਿਚ ਬਦਲਦੇ ਮੌਸਮ ਵਿਚ ਹੋਣ ਵਾਲੀਆਂ ਸਰੀਰਕ ਸਮੱਸਿਆਵਾਂ ਬਾਰੇ ਦੱਸਿਆ ਗਿਆ ਅਤੇ ਬੱਚਿਆਂ ਨੂੰ ਇਨ੍ਹਾਂ ਬਿਮਾਰੀਆਂ ਤੋਂ ਕਿਵੇਂ ਬਚਾਇਆ ਜਾ ਸਕਦਾ ਹੈ ਬਾਰੇ ਦੱਸਿਆ। ਇਸ ਮੌਕੇ 'ਤੇ ਸਕੂਲ ਦੇ ਚੇਅਰਮੈਨ ਰਵੀ ਛਾਬੜਾ ਨੇ ਆਪਣੇ ਸੰਦੇਸ਼ ਵਿਚ ਕਿਹਾ ਕਿ ਸਾਡਾ ਉਦੇਸ਼ ਬੱਚਿਆਂ ਨੂੰ ਬਿਮਾਰੀਆਂ ਤੋਂ ਬਚਾਉਣਾ ਹੈ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਵੀ ਸਕੂਲ ਵਿਚ ਅਜਿਹੇ ਚੈਕਅੱਪ ਕੈਂਪ ਲਗਦੇ ਰਹਿਣਗੇ ਤਾਂ ਜੋ ਸਕੂਲ ਦੇ ਬੱਚੇ ਤੰਦਰੁਸਤ ਰਹਿਣ।

## ਕ੍ਰਿਸ਼ਨਾ ਵੰਤੀ ਸੇਵਾ ਸੁਸਾਇਟੀ ਨੇ ਮਨਾਇਆ ਪੰਡਤ ਨਹਿਰੂ ਦਾ ਜਨਮ ਦਿਨ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਕ੍ਰਿਸ਼ਨਾ ਵੰਤੀ ਸੇਵਾ ਸੁਸਾਇਟੀ ਰਜਿ: ਵੱਲੋਂ ਮਰਹੂਮ ਪੰਡਿਤ ਜਵਾਹਰ ਲਾਲ ਨਹਿਰੂ ਦਾ ਜਨਮ ਦਿਨ ਸੁਸਾਇਟੀ ਦੇ ਪ੍ਰਧਾਨ ਪ੍ਰਿੰਸੀਪਲ ਸੁਰੇਸ਼ ਅਰੋੜਾ ਦੀ ਅਗਵਾਈ ਵਿੱਚ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਬਾਜ਼ੀਗਰ ਬਸਤੀ ਵਿਖੇ ਮਨਾਇਆ ਗਿਆ। ਸਮਾਗਮ ਦੇ ਮੁੱਖ ਮਹਿਮਾਨ ਸ੍ਰੀ ਪਵਨ ਕੁਮਾਰ ਉਪ ਜ਼ਿਲ੍ਹਾ ਸਿੱਖਿਆ ਅਫਸਰ (ਐ: ਸ:), ਜਦਕਿ ਪ੍ਰਧਾਨਗੀ ਸਾਬਕਾ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਸੁਰੇਸ਼ ਅਰੋੜਾ ਨੇ ਕੀਤੀ।



ਜਸਕਰਨ ਸਿੰਘ ਬਲਾਕ ਸਿੱਖਿਆ ਅਫ਼ਸਰ ਵਿਸ਼ੇਸ਼ ਮਹਿਮਾਨ ਵਜੋਂ ਸਾਮਲ ਹੋਏ। ਸਕੂਲ ਇੰਚਾਰਜ ਸ੍ਰੀਮਤੀ ਪਰਮਿੰਦਰ ਕੌਰ ਨੇ ਸਭਨਾ ਨੂੰ ਜੀ ਆਇਆਂ ਨੂੰ ਕਿਹਾ ਅਤੇ ਸਕੂਲ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਇਸ ਸਕੂਲ ਦੇ ਬੱਚੇ ਹਰ ਖੇਤਰ ਵਿੱਚ ਭਾਵੇਂ ਪੜ੍ਹਾਈ ਹੋਵੇ ਜਾਂ ਖੇਡਾਂ ਮੱਲਾਂ ਮਾਰ ਰਹੇ ਹਨ। ਸਮਾਗਮ ਦੇ ਮੁੱਖ ਮਹਿਮਾਨ ਸ੍ਰੀ ਪਵਨ ਕੁਮਾਰ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਕਿਹਾ ਕਿ ਬੱਚਿਆਂ ਨੂੰ ਆਪਣੇ ਅਧਿਆਪਕਾਂ ਅਤੇ ਮਾਪਿਆਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਬੱਚੇ ਸਾਡੇ ਦੇਸ ਦਾ ਭਵਿੱਖ ਹਨ ਤੇ ਇੱਕ ਅਧਿਆਪਕ ਹੀ ਇਨ੍ਹਾਂ ਨੂੰ ਸਹੀ ਸੇਧ ਦੇ ਸਕਦਾ ਹੈ। ਇਸ ਮੌਕੇ ਸ੍ਰੀ ਸੁਰੇਸ਼ ਅਰੋੜਾ ਨੇ ਪੰਡਤ ਜਵਾਹਰ ਲਾਲ ਨਹਿਰੂ ਦੀ ਜੀਵਨੀ 'ਤੇ ਚਾਨਣਾ ਪਾਉਂਦੇ ਹੋਏ ਕਿਹਾ ਕਿ ਪੰਡਤ ਜਵਾਹਰ ਲਾਲ ਨਹਿਰੂ ਦਾ ਫ਼ਰੀਦਕੋਟ ਨਾਲ ਗੂੜ੍ਹਾ ਸਬੰਧ ਹੈ, ਉਹ ਦੇਸ ਦੀ ਆਜ਼ਾਦੀ ਦੀ ਲੜਾਈ ਵੇਲੇ ਫ਼ਰੀਦਕੋਟ ਵਿਖੇ ਆਏ ਸਨ। ਫ਼ਰੀਦਕੋਟ ਦੀ ਪੁਰਾਣੀ ਦਾਣਾ ਮੰਡੀ ਵਿਖੇ ਨਿਮ ਦੇ ਹੇਠਾਂ ਰਾਸ਼ਟਰੀ ਝੰਡਾ ਲਹਿਰਾਇਆ ਸੀ। ਉਨ੍ਹਾਂ ਦੀ ਆਮਦ 'ਤੇ ਯਾਦ ਵਿੱਚ ਰੇਲਵੇ ਸਟੇਸ਼ਨ ਦੇ ਸਾਹਮਣੇ ਨਹਿਰੂ ਗੇਟ ਬਣਾਇਆ ਗਿਆ ਸੀ। ਉਨ੍ਹਾਂ ਦੱਸਿਆ ਕਿ ਜਵਾਹਰ ਲਾਲ ਨਹਿਰੂ ਜੀ ਨੂੰ ਮੌਜੂਦਾ ਫ਼ਰੀਦਕੋਟ ਜ਼ਿਲ੍ਹੇ ਦੀ ਤਹਿਸੀਲ ਜੈਤੋ ਵਿਖੇ ਕੈਦ ਕਰਕੇ ਰੱਖਿਆ ਗਿਆ ਸੀ। ਸੁਸਾਇਟੀ ਵੱਲੋਂ ਸਾਰੇ ਬੱਚਿਆਂ ਨੂੰ ਲੱਡੂ ਵੰਡੇ ਗਏ। ਵੱਖ-ਵੱਖ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਕ੍ਰਿਸ਼ਨਾ ਵੰਤੀ ਸੁਸਾਇਟੀ ਵੱਲੋਂ ਸਨਮਾਨਤ ਕੀਤਾ ਗਿਆ। ਜਿਨ੍ਹਾਂ ਵਿੱਚ ਪ੍ਰਭਵੀਰ ਸਿੰਘ, ਚੰਦਨ ਕੁਮਾਰ, ਪ੍ਰਥਮ, ਮੁਹੰਮਦ ਆਤਿਫ਼ ਅਲੀ, ਹਨੀ ਸਿੰਘ, ਪੰਕਜ, ਵਿਸਾਲ ਭਵਿਆ, ਰੋਮਦੀਪ ਕੌਰ ਸ਼ਾਮਲ ਸਨ। ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਪਵਨ ਕੁਮਾਰ ਵੱਲੋਂ ਸਕੂਲ ਦਾ ਮੈਗ਼ਜ਼ੀਨ ਰਿਲੀਜ਼ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡਵੋਕੇਟ ਨਾਇਬ ਸਿੰਘ ਸੰਘਾ, ਜੀਤ ਸਿੰਘ ਸਿੱਧੂ, ਰਾਜਵੰਤ ਸਿੰਘ, ਲਛਮਣ ਦਾਸ ਅਰੋੜਾ, ਸੇਵਾ ਮੁਕਤ ਪ੍ਰਿੰਸੀਪਲ ਕ੍ਰਿਸ਼ਨ ਲਾਲ, ਸੰਦੀਪ ਕੁਮਾਰ, ਮਨੀਸ਼ਾ ਰਾਣੀ, ਗੁਰਸਰਨ ਪ੍ਰੀਤ ਕੌਰ, ਸਤਵਿੰਦਰ ਕੌਰ, ਸੰਦੀਪ ਕੌਰ, ਮਨਪ੍ਰੀਤ ਕੌਰ, ਜਸਵਿੰਦਰ ਕੌਰ,ਸਤਵਿੰਦਰ,ਬਖਸੀਸ ਸਿੰਘ ਹਾਜਰ ਸਨ। ਮੰਚ ਸੰਚਾਲਨ ਦੀ ਭੂਮਿਕਾ ਸਰਦੂਲ ਸਿੰਘ ਨੇ ਬਾਖੂਬੀ ਨਿਭਾਈ। ਅੰਤ ਵਿੱਚ ਜੀਤ ਸਿੰਘ ਸਿੱਧੂ ਨੇ ਸਭਨਾਂ ਦਾ ਧੰਨਵਾਦ ਕੀਤਾ।

## ਬਾਲ ਦਿਵਸ ਮੌਕੇ ਬਾਲ ਮੈਗਜ਼ੀਨ ਰਿਲੀਜ਼



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਸਰਕਾਰੀ ਪ੍ਰਾਇਮਰੀ ਸਕੂਲ ਦੁਗਾਲ ਖੁਰਦ ਵਿਖੇ ਬਾਲ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।

ਇਸ ਦੌਰਾਨ ਬਾਲ ਮੈਗਜ਼ੀਨ 'ਨੰਨ੍ਹੀ ਪਰਵਾਜ਼' ਰਿਲੀਜ਼ ਕੀਤਾ ਗਿਆ ਅਤੇ ਪ੍ਰਦਰਸ਼ਨੀ ਲਗਾਈ ਗਈ। ਇਸ ਤੋਂ ਇਲਾਵਾ ਸੁੰਦਰ ਲਿਖਾਈ, ਪੰਜਾਬੀ ਪੜ੍ਹਨ ਮੁਕਾਬਲੇ ਅਤੇ ਕਵਿਤਾ ਗਾਇਨ ਮੁਕਾਬਲੇ ਕਰਵਾਏ ਗਏ। ਬਾਲ ਮੈਗਜ਼ੀਨ ਦੇ ਸੰਪਾਦਕ ਅਤੇ ਸਕੂਲ ਇੰਚਾਰਜ ਹਰਮਨਦੀਪ ਸਿੱਧੂ ਨੇ ਬਾਲ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਭਵਿੱਖ ਵਿੱਚ ਸਕੂਲ ਦੀ ਬਿਹਤਰੀ ਲਈ ਇਸ ਤਰ੍ਹਾਂ ਦੇ ਪ੍ਰੋਗਰਾਮ ਅਤੇ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਰਹਿਣਗੀਆਂ। ਉਥੇ ਬਾਲ ਸਾਹਿਤਕਾਰ ਬਾਜ ਸਿੰਘ ਮਹਿਲੀਆ ਨੇ ਬਾਲ ਦਿਵਸ ਬਾਰੇ ਜਾਣਕਾਰੀ ਦਿੱਤੀ। ਆਪਣੀਆਂ ਰਚਨਾਵਾਂ ਸੁਣਾਉਂਦੇ ਹੋਏ ਬੱਚਿਆਂ ਨੂੰ ਸਕੂਲ ਰੈਗੂਲਰ ਆਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ 'ਤੇ ਰਮਨਦੀਪ ਕੌਰ, ਕਰਮਜੀਤ ਕੌਰ, ਪ੍ਰਕਾਸ਼ ਕੌਰ, ਜਸਵੀਰ ਕੌਰ ਅਤੇ ਬੱਚਿਆਂ ਦੇ ਮਾਤਾ ਪਿਤਾ ਮੌਜੂਦ ਸਨ।

CMYK

17-Nov-PAGE-11.qxd 11/16/2022 11:03 PM Page 1



# ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਤਿੱਖਾ ਸੰਘਰਸ਼ ਵਿੱਢਣ ਦੀ ਚੇਤਾਵਨੀ

## ਧਰਨੇ ਦੌਰਾਨ ਲਾਲਜੀਤ ਸਿੰਘ ਭੁੱਲਰ ਤੇ ਐੱਸ ਡੀ ਐੱਮ ਪੱਟੀ ਦਾ ਫੂਕਿਆ ਪੁਤਲਾ

**ਪੱਟੀ (ਸ਼ਮਸ਼ੇਰ ਸਿੰਘ ਯੋਧਾ, ਬਲਦੇਵ ਸਿੰਘ ਸੰਧੂ)**-ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਦੇ ਪੱਟੀ ਜ਼ੋਨ ਵੱਲੋਂ ਐੱਸਡੀਐੱਮ ਦਫਤਰ ਪੱਟੀ ਅੱਗੇ ਅਣਮਿੱਥੇ ਸਮੇਂ ਲਈ ਲੱਗਾ ਮੋਰਚਾ 98ਵੇਂ ਦਿਨ ਵਿੱਚ ਦਾਖਲ ਹੋ ਗਿਆ ਅਤੇ ਧਰਨੇ ਵਿੱਚ ਵਾਰੀ ਅਨੁਸਾਰ ਸਾਰੇ ਪਿੰਡ ਸ਼ਮੂਲੀਅਤ ਕਰ ਰਹੇ ਹਨ। ਧਰਨੇ ਦੀ ਰੂਪ ਰੇਖਾ ਬਦਲਣ ਲਈ ਪਿੰਡ ਭੱਗੂਪੁਰ ਦੇ ਗੁਰਦੁਆਰਾ ਸਾਹਿਬ ਵਿੱਚ ਪੱਟੀ ਜ਼ੋਨ ਦੀ ਮੀਟਿੰਗ ਸੱਦੀ ਗਈ। ਮੀਟਿੰਗ ਤੋਂ ਬਾਅਦ ਪਿੰਡ ਭੱਗੂਪੁਰ ਸੰਗਵਾਂ ਸੜਕ ਜਾਮ ਕਰਕੇ ਕਿਸਾਨਾਂ ਵੱਲੋਂ ਐੱਸਡੀਐੱਮ ਪੱਟੀ ਅਤੇ ਹਲਕਾ ਵਿਧਾਇਕ ਪੱਟੀ ਲਾਲਜੀਤ ਸਿੰਘ ਭੁੱਲਰ ਦਾ ਪੁਤਲਾ ਫੂਕਿਆ ਗਿਆ ਅਤੇ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਗੁਰਬੇਜ ਸਿੰਘ ਧਾਰੀਵਾਲ, ਸਵਰਣ ਸਿੰਘ ਹਰੀਕੇ, ਤਰਸੇਮ ਸਿੰਘ ਧਾਰੀਵਾਲ, ਰੂਪ ਸਿੰਘ ਸੈਦੋਂ ਨੇ ਕਿਹਾ ਕਿ ਧਰਨੇ ਲੱਗੇ ਨੂੰ ਲੰਮਾ ਸਮਾਂ ਬੀਤਣ ਤੇ ਵੀ ਸਾਰੇ ਮਸਲੇ ਉਸੇ ਤਰ੍ਹਾਂ ਲਟਕਦੇ ਆ ਰਹੇ ਹਨ ਅਤੇ ਕੰਮ ਕਰਨ ਵਾਲੇ ਅਧਿਕਾਰੀਆਂ ਦੀ ਵਿਧਾਇਕ ਦੇ ਇਸ਼ਾਰੇ 'ਤੇ ਬਦਲੀਆਂ ਕੀਤੀਆਂ ਜਾ ਰਹੀਆਂ ਹਨ। ਮਸਲਿਆਂ ਨੂੰ ਹੱਲ ਕਰਨ ਲਈ ਟਰਾਂਸਪੋਰਟ ਮੰਤਰੀ ਅਤੇ ਹਲਕਾ ਵਿਧਾਇਕ ਪੱਟੀ ਅਤੇ ਡੀ. ਸੀ. ਤਰਨਤਾਰਨ ਵੱਲੋਂ ਕੰਮ ਸ਼ੁਰੂ ਕਰਨ ਦਾ ਵਿਸ਼ਵਾਸ



ਦਿਵਾਇਆ ਗਿਆ ਸੀ ਪਰ ਸਾਰੇ ਕੰਮ ਉਸੇ ਤਰ੍ਹਾਂ ਲਟਕਦੇ ਆ ਰਹੇ ਹਨ। ਪਿੰਡ ਸੀਤੋ ਨੌਂ ਅਬਾਦ ਰੋਹੀ ਕਾਰਨ ਲੋਕ ਪ੍ਰੇਸ਼ਾਨ ਹਨ ਅਤੇ ਆਰ-ਪਾਰ ਲੰਘਣ ਲਈ ਲੱਕੜ ਦੇ ਪੁਲ ਦਾ ਸਹਾਰਾ ਲੈ ਰਹੇ ਹਨ। ਇਸੇ ਤਰ੍ਹਾਂ ਪਿੰਡ ਭੱਗੂਪੁਰ ਸੰਗਵਾਂ ਵਾਲੀ ਸੜਕ ਦੀ ਹਾਲਤ ਤਰਸਯੋਗ ਬਣੀ ਹੋਈ ਹੈ ਅਤੇ ਰੋਜ਼ਾਨਾ ਐਕਸੀਡੈਂਟ ਹੋ ਰਹੇ ਹਨ ਅਤੇ ਵਿਧਾਇਕ ਦੇ ਕੀਤੇ ਵਿਕਾਸ ਦੀ ਸੜਕ ਵਿਚ ਟੋਏ ਅਤੇ ਰੁੱਖ ਵਿਕਾਸ ਦੀ ਪੋਲ ਖੋਲ੍ਹ ਰਹੇ ਹਨ। ਇਸ ਦੇ ਨਾਲ ਕਿਸਾਨ ਆਗੂਆਂ ਨੇ ਮਾਈਨਿੰਗ ਵਿਭਾਗ ਵੱਲੋਂ ਕਿਸਾਨ ਆਗੂਆਂ 'ਤੇ ਕੀਤੇ ਪਰਚਿਆਂ ਨੂੰ ਰੱਦ ਕਰਨ ਦੀ ਮੰਗ ਕੀਤੀ। ਕਿਸਾਨ ਆਗੂਆਂ ਨੇ ਕਿਹਾ ਕਿ ਨਵੇਂ ਨਿਯੁਕਤ ਕੀਤੇ ਐੱਸਡੀਐੱਮ ਪੱਟੀ ਰੋਜ਼ਾਨਾ ਧਰਨੇ ਕੋਲੋਂ ਲੰਘਦੇ ਹਨ ਪਰ ਉਨ੍ਹਾਂ ਨੂੰ ਲੱਗਾ ਧਰਨਾ ਦਿਖਾਈ ਨਹੀਂ ਦੇ ਰਿਹਾ ਜਿਸ ਦੇ ਰੋਸ ਵਿਚ ਕਿਸਾਨ ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਮਸਲੇ ਹੱਲ ਨਾ ਕੀਤੇ ਤਾਂ ਜ਼ਿਲ੍ਹਾ ਮੀਟਿੰਗ ਲਗਾ ਕੇ ਸੰਘਰਸ਼ ਦੀ ਰੂਪ-ਰੇਖਾ ਹੋਰ ਤਿੱਖੀ ਕੀਤੀ ਜਾਵੇਗੀ। ਇਸ ਮੌਕੇ ਕਿਸਾਨ ਆਗੂ ਹਰਵਿੰਦਰ ਸਿੰਘ ਆਸਲ, ਗੁਰੰਜਟ ਸਿੰਘ ਭੱਗੂਪੁਰ, ਨਿਸ਼ਾਨ ਸਿੰਘ ਪੱਟੀ, ਕੁਲਵਿੰਦਰ ਸਿੰਘ ਭੱਗੂਪੁਰ, ਬਲਕਾਰ ਸਿੰਘ ਸਭਰਾ, ਬਾਜ ਸਿੰਘ ਤੁੰਗ, ਸਰਬਜੀਤ ਸਿੰਘ ਪ੍ਰਿੰਗੜੀ, ਅਮਰਜੀਤ ਸਿੰਘ, ਧਰਮ ਸਿੰਘ ਜੌਣੇਕੇ, ਸੁਖਵੰਤ ਸਿੰਘ ਪੱਟੀ, ਸੁਖਬੀਰ ਸਿੰਘ ਢਿੱਲੋਂ, ਬਲਜਿੰਦਰ ਸਿੰਘ ਬਿੱਲਾ, ਜਰਨੈਲ ਸਿੰਘ ਠੱਕਰਪੁਰਾ, ਗੁਰਤੇਜ ਸਿੰਘ ਬੰਗਲਾ ਰਾਏ, ਮਹਿਤਾਬ ਸਿੰਘ ਸੰਗਵਾਂ, ਬਿੱਕਰ ਸਿੰਘ, ਜਰਨੈਲ ਸਿੰਘ ਧਾਰੀਵਾਲ, ਰੇਸ਼ਮ ਸਿੰਘ ਸੈਦੋਂ, ਖਜ਼ਾਨ ਸਿੰਘ ਕਿਰਤੋਵਾਲ, ਬੀਬੀ ਨਸੀਬ ਕੌਰ, ਬੀਬੀ ਸਰਬਜੀਤ ਕੌਰ ਅਤੇ ਬੀਬੀ ਕੁਲਵੰਤ ਕੌਰ ਧਾਰੀਵਾਲ ਆਦਿ ਹਾਜ਼ਰ ਸਨ।

# ਨਹਿਰ ਅੱਪਰਬਾਰੀ ਦੁਆਬ ਦੀਆਂ ਸੋਲਰ ਲਾਈਟਾਂ ਬੰਦ ਹੋਣ ਨਾਲ ਨਿੱਤ ਵਾਪਰਦੇ ਹਾਦਸੇ

**ਗੁਰਦਾਸਪੁਰ (ਜਨਕ ਮਹਾਜਨ)**-ਗੁਰਦਾਸਪੁਰ ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੀ ਨਹਿਰ ਅੱਪਰਬਾਰੀ ਦੁਆਬ ਅਤੇ ਕਸੂਰ ਬ੍ਰਾਂਚ 'ਤੇ ਸੋਲਰ ਲਾਈਟਾਂ ਬੰਦ ਹੋਣ ਕਰਕੇ ਨਿਤ ਹਾਦਸੇ ਵਾਪਰ ਰਹੇ ਹਨ ਅਤੇ ਲੋਕ ਨਿਰਮਾਣ ਵਿਭਾਗ ਸਭ ਕੁਝ ਜਾਣਦਾ ਹੋਇਆ ਲਾਹਪ੍ਰਵਾਹੀ ਵਰਤ ਰਿਹਾ ਹੈ ਜਿਸ ਕਰਕੇ ਇਲਾਕੇ ਦੇ ਲੋਕਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸੰਬਧੀ ਜਾਣਕਾਰੀ ਦਿੰਦੇ ਹੋਏ ਇਲਾਕੇ ਦੇ ਲੋਕਾਂ ਨੇ ਦੱਸਿਆ ਕਿ ਪੁਲਾਂ ਤੇ ਸੋਲਰ ਲਾਈਟਾਂ ਬੰਦ ਪਈਆਂ ਨੂੰ ਇਕ ਦਹਾਕਾ ਗੁਜ਼ਰ ਗਿਆ ਹੈ ਅਤੇ ਸਰਦੀਆਂ ਦੇ ਮੌਸਮ ਵਿਚ ਰਾਤ ਨੂੰ ਧੂੜ ਆਦਿ ਪੈਣੀ ਸ਼ੁਰੂ ਹੋ ਜਾਂਦੀ ਹੈ ਅਤੇ ਲਾਈਟਾਂ ਦੀ ਘਾਟ ਨਾਲ ਵਹੀਕਲਾਂ ਦੀ ਆਪਸੀ ਟੱਕਰ ਨਾਲ ਲੋਕਾਂ ਦਾ ਭਾਰੀ ਨੁਕਸਾਨ ਹੋ ਜਾਂਦਾ ਹੈ। ਲੋਕਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਪਾਸੋਂ ਮੰਗ ਕੀਤੀ ਹੈ ਕਿ ਆਵਾਜਾਈ ਦੀ ਸਮੱਸਿਆ ਨੂੰ ਮੁੱਖ ਰੱਖਦੇ ਹੋਏ ਖਾਸ ਕਰਕੇ ਗੰਨੇ ਦੇ ਸੀਜ਼ਨ ਨੂੰ ਲੈ ਕੇ ਗੁਰਦਾਸਪੁਰ-ਮੁਕੇਰੀਆਂ ਪੁਲਾਂ 'ਤੇ ਜੋ ਸੋਲਰ ਲਾਈਟਾਂ ਬੰਦ ਪਈਆਂ ਹਨ ਉਨ੍ਹਾਂ ਨੂੰ ਚਲਾਉਣ ਦੇ ਹੁਕਮ ਮਹਿਕਮੇ ਨੂੰ ਦਿੱਤੇ ਜਾਣ ਜਿਸ ਨਾਲ ਲੋਕਾਂ ਦਾ ਜਾਨੀ-ਮਾਲੀ ਨੁਕਸਾਨ ਹੋਣ ਤੋਂ ਬਚ ਸਕੇ।

# ਅਗਨੀਵੀਰ ਵਾਯੂ ਦੀ ਭਰਤੀ ਲਈ ਅਪਲਾਈ ਕਰਨ ਦੀ ਆਖਰੀ ਤਰੀਕ 23 ਨਵੰਬਰ : ਏ ਡੀ ਸੀ (ਜ)

**ਪਠਾਨਕੋਟ, (ਦਵਿੰਦਰ ਸਿੰਘ)**

ਭਾਰਤੀ ਹਵਾਈ ਸੈਨਾ ਵੱਲੋਂ ਅਗਨੀਪੱਥ ਸਕੀਮ ਦੇ ਤਹਿਤ ਅਗਨੀਵੀਰ (ਵਾਯੂ) ਦੀ ਚਾਰ ਸਾਲਾਂ ਲਈ ਭਰਤੀ ਕੀਤੀ ਜਾ ਰਹੀ ਹੈ। ਅਗਨੀਵੀਰ ਵਾਯੂ ਵਿੱਚ ਭਰਤੀ ਹੋਣ ਦੇ ਚਾਹਵਾਨ ਉਮੀਦਵਾਰ 23 ਨਵੰਬਰ ਤੱਕ ਆਨਲਾਈਨ ਮਾਧਿਅਮ ਰਾਹੀਂ ਅਪਲਾਈ ਕਰ ਸਕਦੇ ਹਨ। ਇਹ ਜਾਣਕਾਰੀ ਅੰਕੁਰਜੀਤ ਸਿੰਘ ਆਈ. ਏ. ਐਸ. ਵਧੀਕ ਡਿਪਟੀ ਕਮਿਸ਼ਨਰ (ਜ) ਪਠਾਨਕੋਟ ਵੱਲੋਂ ਦਿੱਤੀ ਗਈ।



ਇਸ ਸੰਬਧੀ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਨੇ ਦੱਸਿਆ ਕਿ ਅਗਨੀਪੱਥ ਸਕੀਮ ਦੇ ਤਹਿਤ ਅਗਨੀਵੀਰ ਵਾਯੂ ਦੀ ਚਾਰ ਸਾਲਾਂ ਲਈ ਭਰਤੀ ਦੀ ਰਜਿਸਟਰੇਸ਼ਨ ਲਈ ਬਿਨੈਕਾਰ ਵੈਬਾਈਟ ਤੇ ਲਾਗ ਇਨ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਭਾਰਤੀ ਹਵਾਈ ਸੈਨਾ ਵਲੋਂ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਇਹ ਭਰਤੀ ਟੈਸਟ ਕਮਿਸ਼ਨਡ ਅਫਸਰ/ਪਾਈਲਟ ਅਤੇ ਨੈਵੀਗੇਟਰ ਵਾਸਤੇ ਨਹੀਂ ਹੈ। ਬਿਨੈਕਾਰ ਅਗਨਵੀਰ ਵਾਯੂ ਦੀ ਭਰਤੀ ਹੋਣ ਲਈ ਆਪਣਾ ਬਿਨੈਕਾਰ ਕੇਵਲ ਆਨਲਾਈਨ ਮਾਧਿਅਮ ਰਾਹੀਂ ਹੀ ਭੇਜਣ।

ਉਨ੍ਹਾਂ ਕਿਹਾ ਕਿ ਹਦਾਇਤਾਂ ਅਨੁਸਾਰ ਰਜਿਸਟਰੇਸ਼ਨ ਦੀ ਮਿਤੀ ਵਿੱਚ ਵਾਧਾ ਨਹੀਂ ਕੀਤਾ ਜਾਵੇਗਾ, ਜਿਨ੍ਹਾਂ ਉਮੀਦਵਾਰਾਂ ਦੀ ਜਨਮ ਮਿਤੀ 27 ਜੂਨ 2002 ਜਾਂ 27 ਨਵੰਬਰ 2005 ਵਿਚਕਾਰ (ਦੋਵੇਂ ਤਰੀਕਾਂ ਮਿਲਾ ਕੇ) ਹੋਵੇ, ਉਹ ਅਪਲਾਈ ਕਰ ਸਕਦਾ ਹੈ। ਇਸ ਭਰਤੀ ਲਈ ਕੇਵਲ ਅਣਵਿਆਹੇ ਲੜਕੇ ਜਾਂ ਲੜਕੀਆਂ ਹੀ ਅਪਲਾਈ ਕਰ ਸਕਦੇ ਹਨ ਤੇ ਬਿਨੈਕਾਰ ਨੂੰ ਭਰਤੀ ਸਮੇਂ ਅਣਵਿਆਹੇ ਦਾ ਸਰਟੀਫਿਕੇਟ ਵੀ ਦੇਣਾ ਹੋਵੇਗਾ। ਵਧੇਰੇ ਜਾਣਕਾਰੀ ਲਈ ਬਿਨੈਕਾਰ ਭਾਰਤੀ ਵਾਯੂ ਸੈਨਾ ਦੀ ਵੈੱਬਸਾਈਟ 'ਤੇ ਹਾਸਲ ਕਰ ਸਕਦਾ ਹੈ। ਉਨ੍ਹਾਂ ਜ਼ਿਲ੍ਹਾ ਪਠਾਨਕੋਟ ਦੇ ਨੌਜਵਾਨਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਰਜਿਸਟ੍ਰੇਸ਼ਨ ਦੀ ਮਿਤੀ 7 ਨਵੰਬਰ 2022 ਤੋਂ ਲੈ ਕੇ 23 ਨਵੰਬਰ 2022 ਤੱਕ ਆਪਣੀ ਆਨਲਾਈਨ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾ ਕੇ ਭਰਤੀ ਵਿੱਚ ਹਿੱਸਾ ਲੈ ਸਕਦੇ ਹਨ ਅਤੇ ਉਕਤ ਦਿੱਤੀ ਵੈਬ ਸਾਈਟ ਤੋਂ ਵਧੇਰੇ ਜਾਣਕਾਰੀ ਵੀ ਪ੍ਰਾਪਤ ਕਰ ਸਕਦੇ ਹਨ।

# ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਵੱਲੋਂ ਮੁਲਾਜ਼ਮ ਮਸਲਿਆਂ 'ਤੇ ਵਿਚਾਰ-ਚਰਚਾ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਵਰਕਿੰਗ ਕਮੇਟੀ ਦੀ ਮੀਟਿੰਗ ਧਾਰੀਵਾਲ ਵਿਖੇ ਸਰਕਲ ਪ੍ਰਧਾਨ ਬਲਵਿੰਦਰ ਉਦੀਪੁਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਸਕੱਤਰ ਰਣਧੀਰ ਸਿੰਘ ਕਾਹਲੋਂ ਨੇ ਦੱਸਿਆ ਕਿ ਮੀਟਿੰਗ ਵਿਚ ਮੁਲਾਜ਼ਮ ਮਸਲਿਆਂ 'ਤੇ ਵਿਚਾਰ ਚਰਚਾ ਕੀਤੀ। ਜਥੇਬੰਦਕ ਤਾਕਤ ਨੂੰ ਮਜ਼ਬੂਤ ਕਰਨ ਦਾ ਫੈਸਲਾ ਕੀਤਾ। ਸਾਥੀ ਬਲਵਿੰਦਰ ਉਦੀਪੁਰ ਨੇ ਦੱਸਿਆ ਕਿ ਜਥੇਬੰਦੀ ਦੀ ਸੂਬਾ ਜਥੇਬੰਦਕ ਕਾਨਫਰੰਸ 25 ਅਤੇ 26 ਨਵੰਬਰ ਸਨਅਤੀ ਕੇਂਦਰ ਲੁਧਿਆਣਾ ਵਿਖੇ ਹੋ ਰਹੀ ਹੈ ਜਿਸ ਵਿੱਚ ਪੰਜਾਬ ਭਰ ਵਿਚੋਂ 200 ਦੇ ਕਰੀਬ ਡੈਲੀਗੇਟ ਪਹੁੰਚਣਗੇ। ਪਿਛਲੇ ਸੰਘਰਸ਼ਾਂ ਦਾ ਰੀਵਿਊ ਕਰਕੇ ਅਗਲੇ ਸੰਘਰਸ਼ ਦੀ ਰਣਨੀਤੀ ਤਹਿ ਕਰਕੇ ਸੂਬਾ ਕਮੇਟੀ ਦੀ ਚੋਣ ਕੀਤੀ ਜਾਵੇਗੀ। ਮੁਲਾਜ਼ਮ ਆਗੂਆਂ ਨੇ ਪਾਵਰਕਾਮ ਦੀ ਮੈਨੇਜਮੈਂਟ ਨੂੰ ਕਿਹਾ ਕਿ ਸਰਕਾਰ ਦੀ ਤਰਜ਼ 'ਤੇ ਬਿਜਲੀ ਕਾਮਿਆਂ ਦਾ ਮੋਬਾਇਲ ਭੱਤਾ 500 ਰੁਪਏ ਦਾ ਪੱਤਰ ਜਾਰੀ ਕੀਤਾ ਜਾਵੇ, ਮੀਟਿੰਗ ਵਿਚ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ 2004 ਤੋਂ ਬਾਅਦ ਭਰਤੀ ਹੋਏ ਕਮਰਚਾਰੀਆਂ ਨੂੰ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਨੋਟੀਫਿਕੇਸ਼ਨ ਤੁਰੰਤ ਜਾਰੀ ਕੀਤਾ ਜਾਵੇ. ਪੇਂਡੂ ਅਤੇ ਬਾਰਡਰ ਅਲਾਊਂਸ ਬਹਾਲ ਕੀਤਾ ਜਾਵੇ, ਪਰਵੀਜ਼ਨਲ ਪੀਰੀਅਡ ਦੇ ਸਮੇਂ ਦੌਰਾਨ ਪੂਰੀ ਤਨਖਾਹ ਸਕੇਲਾਂ ਮੁਤਾਬਿਕ ਦਿੱਤੀ ਜਾਵੇ, ਠੇਕੇਦਾਰੀ ਸਿਸਟਮ ਖਤਮ ਕਰਕੇ ਪੱਕੀ ਭਰਤੀ ਕੀਤੀ ਜਾਵੇ, ਜੁਲਾਈ 2022 ਤੋਂ ਕੇਂਦਰ ਦੀ ਤਰਜ਼ 'ਤੇ ਮਹਿੰਗਾਈ ਭੱਤੇ ਦੀ ਕਿਸ਼ਤ ਜਾਰੀ ਕੀਤੀ ਜਾਵੇ ਅਤੇ ਤਨਖਾਹ ਸਕੇਲ ਦੇ ਬਕਾਇਆ ਏਰੀਅਰ ਦੀ ਅਦਾਇਗੀ ਦਾ ਪੱਤਰ ਜਾਰੀ ਕੀਤਾ ਜਾਵੇ ਤਾਂ ਜੋ ਕਮਰਚਾਰੀਆਂ ਵਿਚ ਰੋਸ ਖਤਮ ਹੋ ਸਕੇ। ਮੀਟਿੰਗ ਵਿਚ ਸਾਥੀ ਪਿਆਰਾ ਸਿੰਘ ਭਾਮੜੀ, ਲਖਵੀਰ ਸਿੰਘ, ਮਨੋਜ ਸ਼ਰਮਾ, ਕੁਲਦੀਪ ਸਿੰਘ ਅਠਵਾਲ, ਰਾਮ ਲਭਾਇਆ, ਬਲਵਿੰਦਰ ਸਿੰਘ ਸੋਹਲ, ਨਿਸ਼ਾਨ ਸਿੰਘ ਸੋਹਲ, ਵਿਕਟਰ ਮਸੀਹ, ਬੂਟਾ ਸਿੰਘ, ਕੁਲਵਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

# ਪੰਜਾਬ ਕਿਸਾਨ ਯੂਨੀਅਨ ਦਾ ਵਫਦ ਐੱਸ ਡੀ ਐੱਮ ਨੂੰ ਮਿਲਿਆ



**ਬਟਾਲਾ (ਤਰਲੋਕ ਬੱਗਾ)**

ਮਜ਼ਦੂਰਾਂ ਅਤੇ ਕਿਸਾਨਾਂ ਦੀ ਯੂਨੀਅਨ ਦੇ ਆਗੂ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਦੀ ਅਗਵਾਈ ਵਿਚ ਪੰਜਾਬ ਕਿਸਾਨ ਯੂਨੀਅਨ ਦੇ ਇਕ ਵਫਦ ਨੇ ਐੱਸਡੀਐੱਮ ਬਟਾਲਾ/ਡੇਰਾ ਬਾਬਾ ਨਾਨਕ ਨੂੰ ਮਿਲ ਕੇ ਮੰਗ ਕੀਤੀ ਕਿ ਖੰਨਾ ਚਮਾਰਾਂ ਅਤੇ ਰਾਮ ਦੀਵਾਲੀ ਦੇ ਵਸਨੀਕ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਜਾਰੇ ਕਿਸਾਨਾਂ ਦੇ ਠੇਕੇ ਸਰਕਾਰੀ ਖਜ਼ਾਨੇ ਵਿਚ ਜਮਾਂ ਕਰਵਾਏ ਜਾਣ ਕਿਉਂਕਿ ਐੱਸਜੀਪੀਸੀ ਦੇ ਅਧਿਕਾਰੀ ਠੇਕੇ ਲੈਣ ਤੋਂ ਇਨਕਾਰੀ ਹਨ। ਵਫਦ ਵਿਚ ਸ਼ਾਮਿਲ ਅਰਜਨ ਸਿੰਘ, ਕੁਲਵੰਤ ਸਿੰਘ, ਜਸਬੀਰ ਸਿੰਘ ਅਤੇ ਰਾਜਬੀਰ ਸਿੰਘ ਨੇ ਦੱਸਿਆ ਕਿ ਇਹ ਮਸਲਾ ਮੁਜਾਰਿਆਂ ਦੀ ਵੱਡੀ ਪਰੇਸ਼ਾਨੀ ਬਣੀਂ ਹੋਈ ਹੈ। ਬੱਖਤਪੁਰਾ ਨੇ ਕਿਹਾ ਕਿ ਡੇਰਾ ਬਾਬਾ ਨਾਨਕ ਵਿਖੇ ਆਪ ਸਰਕਾਰ ਬਣਨ ਦੇ ਸਮੇਂ ਤੋਂ ਕੋਈ ਸਥਾਈ ਐੱਸਡੀਐੱਮ ਨਹੀਂ ਲਾਇਆ ਗਿਆ ਜਿਸ ਕਾਰਨ ਤਹਿਸੀਲ ਡੇਰਾ ਬਾਬਾ ਨਾਨਕ ਦੇ ਲੋਕ ਆਪਣੇ ਆਪ ਨੂੰ ਲਾਵਾਰਿਸ ਮਹਿਸੂਸ ਕਰ ਰਹੇ ਹਨ। ਕਰੀਬ ਦਰਜਨ ਪਿੰਡਾਂ ਵਿਚ ਬੀਤੇ ਸਾਲ ਗੜੇਮਾਰੀ ਨਾਲ 100% ਬਾਸਮਤੀ ਦੀ ਖਰਾਬ ਹੋਈ ਫਸਲ ਦਾ ਮੁਆਵਜ਼ਾ ਅਜੇ ਤਕ ਨਹੀਂ ਦਿੱਤਾ ਗਿਆ ਹਾਲਾਂਕਿ ਕਿ ਇਸ ਸਬੰਧੀ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਵੀ ਕਈ ਵਾਰ ਮਿਲਿਆ ਜਾ ਚੁੱਕਾ ਹੈ। ਬੱਖਤਪੁਰਾ ਨੇ ਆਪ ਸਰਕਾਰ ਉਪਰ ਦੋਸ਼ ਲਾਇਆ ਕਿ ਸਰਕਾਰ ਦਾ ਪ੍ਰਸ਼ਾਸਨ ਉਪਰ ਕੋਈ ਕੰਟਰੋਲ ਨਹੀਂ ਦਿਸ ਰਿਹਾ ਜਿਸ ਕਾਰਨ ਜਨਤਾ ਆਪਣੇ ਆਪ ਨੂੰ ਲੁੱਟਿਆ ਹੋਇਆ ਮਹਿਸੂਸ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਮੁਜਾਰੇ ਕਿਸਾਨਾਂ ਦਾ ਲਗਾਨ ਅਤੇ ਖਰਾਬੇ ਦੇ ਮੁਆਵਜ਼ੇ ਦੇ ਹੱਲ ਦਾ ਇੱਕ ਹਫਤੇ ਵਿੱਚ ਨਿਪਟਾਰਾ ਨਾ ਕੀਤਾ ਤਾਂ ਪੰਜਾਬ ਕਿਸਾਨ ਯੂਨੀਅਨ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਫਤਰ ਮੋਹਰੇ ਧਰਨਾ ਲਾਵੇਗੀ।

# ਐਡਵੋਕੇਟ ਧਾਮੀ ਨੇ ਹਰਿਆਣਾ 'ਚ ਬੰਦੀ ਸਿੰਘਾਂ ਦੀ ਰਿਹਾਈ ਵਾਲੇ ਪੋਸਟਰਾਂ ਦੀ ਵਿਰੋਧਤਾ ਦਾ ਲਿਆ ਨੋਟਿਸ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਰਿਆਣਾ ਦੇ ਚਰਖੀ ਦਾਦਰੀ 'ਚ ਇੱਕ ਗੁਰਦੁਆਰਾ ਸਾਹਿਬ ਵਿਖੇ ਬੰਦੀ ਸਿੰਘਾਂ ਦੀ ਰਿਹਾਈ ਮੰਗਦੇ ਹੋਰਡਿੰਗ ਬੋਰਡ ਲਗਾਉਣ 'ਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੂੰ ਸ਼ੋਸ਼ਲ ਮੀਡੀਆ ਤੇ ਫੋਨ ਰਾਹੀਂ ਦਿੱਤੀਆਂ ਧਮਕੀਆਂ ਦਾ ਸਖ਼ਤ ਨੋਟਿਸ ਲੈਂਦਿਆਂ ਗੁਰਦੁਆਰਾ ਪ੍ਰਬੰਧਕਾਂ ਨਾਲ ਖੜਨ ਦੀ ਵਚਨਬੱਧਤਾ ਪ੍ਰਗਟਾਈ ਹੈ।

ਚਰਖੀ ਦਾਦਰੀ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਨੀਰਜ ਸਿੰਘ ਨੇ ਸਥਾਨਕ ਪੁਲਿਸ ਥਾਣੇ ਵਿਚ ਲਿਖਤੀ ਸ਼ਿਕਾਇਤ ਦਰਜ ਕਰਵਾਉਂਦਿਆਂ ਕਿਹਾ ਹੈ ਕਿ ਉਨ੍ਹਾਂ ਨੂੰ ਬੰਦੀ ਸਿੰਘਾਂ ਦੀ ਰਿਹਾਈ ਨਾਲ ਸਬੰਧਤ ਪੋਸਟਰ ਲਗਾਉਣ 'ਤੇ ਕੁਝ ਲੋਕ ਪ੍ਰੇਸ਼ਾਨ ਕਰ ਰਹੇ ਹਨ ਪਰ ਉਹ ਆਪਣੇ ਲੋਕਤੰਤਰੀ ਤਰੀਕੇ ਨਾਲ ਰਿਹਾਈ ਦੀ ਮੰਗ ਕਰਦੇ ਰਹਿਣਗੇ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਬੰਦੀ ਸਿੰਘਾਂ ਨੂੰ ਰਿਹਾਅ ਨਾ ਕੀਤੇ ਜਾਣ ਕਰਕੇ ਪੂਰੇ ਦੇਸ਼ ਵਿਚ ਸਿੱਖਾਂ ਅੰਦਰ ਰੋਸ ਹੈ ਕਿਉਂਕਿ ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਤਿੰਨ-ਤਿੰਨ ਦਹਾਕਿਆਂ ਤੋਂ ਦੇਸ਼ ਦੀਆਂ ਜੇਲ੍ਹਾਂ ਵਿਚ ਬੰਦ ਸਿੱਖਾਂ ਨਾਲ ਅਨਿਆਂ ਕੀਤਾ ਜਾ ਰਿਹਾ ਹੈ ਤੇ ਦੂਸਰੇ ਪਾਸੇ ਬਲਾਤਕਾਰੀਆਂ ਤੇ ਕਾਤਲਾਂ ਨੂੰ ਬਿਨਾਂ ਸ਼ਰਤ ਰਿਹਾਅ ਇਹ ਕਹਿ ਕੇ ਕੀਤਾ ਜਾ ਰਿਹਾ ਹੈ ਕਿ ਉਨ੍ਹਾਂ ਦਾ ਵਿਵਹਾਰ ਬਹੁਤ ਵਧੀਆ ਹੈ ਪਰ ਸਿੱਖਾਂ ਨਾਲ ਵਿਤਕਰਾ ਕਰਨਾ ਦਰਸਾਉਂਦਾ ਹੈ ਕਿ ਭਾਜਪਾ ਸਿੱਖਾਂ ਨੂੰ ਦੂਜੇ ਦਰਜੇ ਦੇ ਸ਼ਹਿਰੀ ਸਮਝ ਦੀ ਹੈ। ਹਰਿਆਣਾ ਦੇ ਚਰਖੀ ਦਾਦਰੀ ਵਿਚ ਗੁਰਦੁਆਰਾ ਸਾਹਿਬ 'ਤੇ ਪੋਸਟਰ ਲਗਾਉਣੇ ਸਿੱਖ ਕੌਮ ਦੀ ਮੰਗ ਦਾ ਹੀ ਇੱਕ ਹਿੱਸਾ ਹੈ। ਇਸ 'ਤੇ ਇਤਰਾਜ਼ ਕਰਨ ਵਾਲੇ ਲੋਕ ਸਿੱਖਾਂ ਦੀ ਹੱਕੀ ਮੰਗ ਨੂੰ ਜਾਣਬੁਝ ਕੇ ਫਿਰਕੂ ਰੰਗਤ ਦੇਣਾ ਚਾਹੁੰਦੇ ਹਨ ਜੋ ਸੰਵਿਧਾਨਕ ਤੌਰ ਤੇ ਪੂਰੀ ਤਰ੍ਹਾਂ ਗਲਤ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਹ ਮੰਗ ਅਗਲੇ ਦਿਨਾਂ ਵਿਚ ਹੋਰ ਵੀ ਜ਼ੋਰਦਾਰ ਤਰੀਕੇ ਨਾਲ ਉਠਾਉਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਨੂੰ ਲੈ ਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ ਦੌਰਾਨ ਪਾਸ ਕੀਤੇ ਮਤੇ ਅਨੁਸਾਰ 1 ਦਸੰਬਰ 2022 ਤੋਂ ਦਸਤਖ਼ਤੀ ਮੁਹਿੰਮ ਵੀ ਆਰੰਭੀ ਜਾ ਰਹੀ ਹੈ। ਸ਼੍ਰੋਮਣੀ ਕਮੇਟੀ ਹਰਿਆਣਾ ਦੇ ਦਾਦਰੀ 'ਚ ਬੰਦੀ ਸਿੰਘਾਂ ਦੀ ਰਿਹਾਈ ਲਈ ਸੰਘਰਸ਼ ਦਾ ਹਿੱਸਾ ਬਣਨ ਵਾਲੇ ਗੁਰਦੁਆਰਾ ਪ੍ਰਬੰਧਕਾਂ ਦੇ ਨਾਲ ਖੜੀ ਹੈ ਅਤੇ ਉਨ੍ਹਾਂ ਨੂੰ ਚਿੰਤਾ ਦੀ ਲੋੜ ਨਹੀਂ ਹੈ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਬੁਲਾਰੇ ਹਰਭਜਨ ਸਿੰਘ ਵਕਤਾ ਨੇ ਦੱਸਿਆ ਕਿ ਟੈਲੀਫੋਨ 'ਤੇ ਹੋਈ ਗੱਲਬਾਤ ਵਿਚ ਚਰਖੀ ਦਾਦਰੀ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਨੀਰਜ ਸਿੰਘ ਨੇ ਕੌਮੀ ਮਸਲੇ 'ਤੇ ਦ੍ਰਿੜ੍ਹ ਰਹਿਣ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਨੀਰਜ ਸਿੰਘ ਅਨੁਸਾਰ ਉਨ੍ਹਾਂ ਪਾਸ ਸ਼ਿਕਾਇਤ ਦੇਣ ਮਗਰੋਂ ਪੁਲਸ ਵੀ ਪੁੱਜੀ ਸੀ। ਇਹ ਕਾਰਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਅਨੁਸਾਰ ਕੀਤਾ ਗਿਆ ਹੈ। ਨੀਰਜ ਸਿੰਘ ਨੇ ਦੱਸਿਆ ਹੈ ਕਿ ਧਮਕਾਉਣ ਵਾਲੇ ਲੋਕਾਂ ਦੀ ਤਰਫੋਂ ਕੁਝ ਵਿਅਕਤੀਆਂ ਨੇ ਮਾਮਲਾ ਖਤਮ ਕਰਨ ਦੀ ਗੱਲ ਵੀ ਆਖੀ ਹੈ।

# ਸਰਕਾਰ ਗੁਰੂ ਨਗਰੀ 'ਚ ਵਧ ਰਹੀ ਟ੍ਰੈਫਿਕ ਸਮੱਸਿਆ ਵੱਲ ਧਿਆਨ ਦੇਵੇ: ਸੰਜੈ ਮਲਿਕ

**ਅੰਮ੍ਰਿਤਸਰ (ਅਰੋੜਾ)**

ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਸਹਾਇਕ ਗਵਰਨਰ, ਰੋਟਰੀ ਡਿਸਟ੍ਰਿਕਟ 3070 ਦੇ ਸਾਬਕਾ ਜ਼ਿਲਾ ਸਕੱਤਰ ਸਮਾਜ ਸੇਵਕ ਸੰਜੇ ਮਲਿਕ ਨੇ ਅੰਮ੍ਰਿਤਸਰ ਗੁਰੂ ਦੀ ਨਗਰੀ ਵਿੱਚ ਦਿਨ-ਵ-ਦਿਨ ਵੱਧ ਰਹੀ ਟ੍ਰੈਫਿਕ 'ਤੇ ਚਿੰਤਾ ਜ਼ਾਹਿਰ ਕਰਦੇ ਹੋਏ ਕਿਹਾ ਕਿ ਅੰਮ੍ਰਿਤਸਰ ਇੱਕ ਧਾਰਮਿਕ ਨਗਰ ਦੇ ਰੂਪ ਵਜੋਂ ਜਾਣਿਆ ਜਾਂਦਾ ਹੈ। ਭਾਰਤ ਤੋਂ ਹੀ ਨਹੀ ਸਗੋਂ ਵਿਦੇਸ਼ਾਂ ਤੋਂ ਵੀ ਨਾਗਰਿਕ ਸ੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਤੀਰਥ, ਸ਼ਹੀਦਾਂ ਦੀ ਧਰਤੀ ਜਲ੍ਹਿਆਂਵਾਲਾ ਬਾਗ, ਸ਼ਿਵਾਲਾ ਬਾਗ ਭਾਈਆਂ, ਮੰਦਿਰ ਮਾਤਾ ਲਾਲ ਦੇਵੀ, ਮਰਿਆਦਾ ਪ੍ਰਸ਼ੋਤਮ ਭਗਵਾਨ ਰਾਮ ਜੀ ਦੇ ਪੁੱਤਰ ਲਵ-ਕੁਸ਼ ਦੀ ਜਨਮ ਭੂਮੀ ਰਾਮ ਤੀਰਥ ਭਗਵਾਨ ਵਾਲਮੀਕ ਤੀਰਥ ਵਿਖੇ ਖਾਸ ਤੌਰ 'ਤੇ ਦਰਸ਼ਨ ਕਰਨ ਲਈ ਆਉਂਦੇ ਹਨ ਪਰ ਅੰਮ੍ਰਿਤਸਰ ਵਿਖੇ ਪ੍ਰਵੇਸ਼ ਕਰਦੇ ਹੀ ਟ੍ਰੈਫਿਕ ਸਮੱਸਿਆ ਦੀ ਵਿਗੜਦੀ ਦਿਸ਼ਾ ਨੂੰ ਦੇਖਦੇ ਉਨ੍ਹਾਂ ਨੂੰ ਬਹੁਤ ਦੁੱਖ ਹੁੰਦਾ ਹੈ। ਕਈ ਤੀਰਥ ਯਾਤਰੀ ਤਾਂ ਆਪਣੀ ਯਾਤਰਾ ਅੱਧ ਵਿੱਚ ਛੱਡ ਕੇ ਹੀ ਵਾਪਿਸ ਚਲੇ ਜਾਂਦੇ ਹਨ ਜੋ ਅੰਮ੍ਰਿਤਸਰ ਨਿਵਾਸੀਆਂ ਨੂੰ ਸ਼ਰਮਿੰਦਗੀ ਵਾਲੀ ਗੱਲ ਦੇ ਸਨਮਾਨ ਹੈ। ਸੰਜੇ ਮਲਿਕ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਪਹਿਲ ਦੇ ਅਧਾਰ 'ਤੇ ਅੰਮ੍ਰਿਤਸਰ ਦੀ ਟ੍ਰੈਫਿਕ ਸਮੱਸਿਆ ਨੂੰ ਗੰਭੀਰਤਾ ਨਾਲ ਲੈ ਕੇ ਇਸਦਾ ਸਮਾਧਾਨ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਟ੍ਰੈਫਿਕ ਸਮੱਸਿਆ ਦੇ ਕਾਰਨ ਅੰਮ੍ਰਿਤਸਰ ਦੇ ਭੀੜ-ਭੜੱਕੇ ਵਾਲੇ ਬਜ਼ਾਰਾਂ ਦੇ ਦੁਕਾਨਦਾਰਾਂ ਦੇ ਕਾਰੋਬਾਰ ਵੀ ਬੰਦ ਹੋਣ ਦੇ ਕਗਾਰ 'ਤੇ ਹਨ। ਰੋਜ਼ਾਨਾ ਸੜਕ ਹਾਦਸੇ ਦੇ ਕਾਰਨ ਕਈ ਲੋਕ ਜ਼ਖਮੀ ਹੋ ਕੇ ਹਸਪਤਾਲਾ ਵਿੱਚ ਪਏ ਹੁੰਦੇ ਹਨ। ਕਈ ਆਪਣੀਆਂ ਜਾਨਾਂ ਗੁਆ ਚੁੱਕੇ ਹੁੰਦੇ ਹਨ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਉਹ ਹੋਰ ਸਮੱਸਿਆਵਾਂ ਦੇ ਨਾਲ-ਨਾਲ ਟ੍ਰੈਫਿਕ ਦੀ ਸਮੱਸਿਆ ਵੱਲ ਵੀ ਧਿਆਨ ਦੇਣ। ਇਸ ਮੌਕੇ ਉਨ੍ਹਾਂ ਦੇ ਨਾਲ ਰਮੇਸ਼ ਮਹਾਜਨ, ਯਸ਼ਪਾਲ ਅਰੋੜਾ, ਰਮੇਸ਼ ਕੱਕੜ ਅਤੇ ਆਰ. ਐੱਸ. ਚੱਠਾ ਵੀ ਮੌਜੂਦ ਸਨ।



# ਏਐੱਸਸੀਆਈ ਵੱਲੋਂ 2022 ਲਈ ਛਿਮਾਹੀ ਸ਼ਿਕਾਇਤ ਰਿਪੋਰਟ ਜਾਰੀ

**ਚੰਡੀਗੜ੍ਹ** : ਭਾਰਤੀ ਇਸ਼ਤਿਹਾਰ ਮਾਨਕ ਕੌਂਸਲ (ਏਐੱਸਸੀਆਈ) ਨੇ ਆਪਣੀ ਛਿਮਾਹੀ ਸ਼ਿਕਾਇਤ ਰਿਪੋਰਟ (ਅਪਰੈਲ ਤੋਂ ਸਤੰਬਰ 2022) ਜਾਰੀ ਕੀਤੀ। ਇਸ ਮਿਆਦ ਦੌਰਾਨ, ਇਸ ਏਐੱਸਸੀਆਈ ਕੋਡ ਦੇ ਸੰਭਾਵਿਤ ਉਲੰਘਣਾਂ ਵਾਲੇ 2764 ਇਸ਼ਤਿਹਾਰਾਂ ਵਿਰੁੱਧ 3,340 ਸ਼ਿਕਾਇਤਾਂ 'ਤੇ ਕਾਰਵਾਈ ਕੀਤੀ। ਇਨ੍ਹਾਂ ਵਿੱਚੋਂ ਲਗਭਗ 55% ਇਸ਼ਤਿਹਾਰ ਡਿਜੀਟਲ ਡੋਮੇਨ 'ਤੇ ਦੇਖੇ ਗਏ, ਇਸ ਤੋਂ ਬਾਅਦ 39% ਪਰਿੰਟ ਵਿੱਚ ਅਤੇ 5% ਟੈਲੀਵਿਜ਼ਨ 'ਤੇ ਦੇਖੇ ਗਏ। 2021-22 ਦੀ ਤੁਲਨਾ ਵਿੱਚ ਏਐੱਸਸੀਆਈ ਨੇ ਸ਼ਿਕਾਇਤਾਂ ਦੀ ਸੰਖਿਆ ਵਿੱਚ 14% ਦਾ ਵਾਧਾ ਦੇਖਿਆ, ਜਦਕਿ ਪ੍ਰਕਿਰਿਆਰਤ ਇਸ਼ਤਿਹਾਰਾਂ ਦੀ ਸੰਖਿਆ ਵਿੱਚ 35% ਦਾ ਵਾਧਾ ਦੇਖਿਆ ਗਿਆ। 27% ਸ਼ਿਕਾਇਤਾਂ ਦੇ ਨਾਲ ਸਿੱਖਿਆ ਸਭ ਤੋਂ ਵੱਧ ਉਲੰਘਣਾਕਾਰੀ ਖੇਤਰ ਰਿਹਾ 22% ਸ਼ਾਸਤਰੀ ਸਿੱਖਿਆ ਵਰਗ ਨਾਲ ਸਬੰਧਿਤ ਸਨ ਜਦਕਿ 5% ਐਡ ਟੈਕ ਖੇਤਰ ਤੋਂ ਸਨ। ਇਸ ਤੋਂ ਬਾਅਦ ਨਿੱਜੀ ਦੇਖਭਾਲ, (14%) ਭੋਜਨ ਅਤੇ ਪੀਣ ਵਾਲੇ ਪਦਾਰਥ (13%) , ਸਿਹਤ ਦੇਖਭਾਲ (13%) ਅਤੇ ਗੇਮਿੰਗ (4%) ਦਾ ਨੰਬਰ ਆਉਂਦਾ ਹੈ। ਏਐੱਸਸੀਆਈ ਦੀ ਨਿਗਰਾਨੀ ਮਜ਼ਬੂਤ ਬਣੀ ਹੈ, 65% ਇਸ਼ਤਿਹਾਰ ਖੁਦ-ਪ੍ਰਕਿਰਿਆਰਤ ਹੁੰਦੇ ਹਨ। ਉਪਭੋਗਤਾਵਾਂ ਦੀਆਂ 98% ਸ਼ਿਕਾਇਤਾਂ ਬਨਾਉਟੀ-ਬੁੱਧੀਮਤਾ-ਆਧਾਰਿਤ ਸ਼ਿਕਿਆਤ ਪ੍ਰਬੰਧਨ ਪ੍ਰਣਾਲੀ ਟੀਏਆਰਏ ਦੁਆਰਾ ਹਾਸਲ ਕੀਤੀਆਂ ਗਈਆਂ। ਏਐੱਸਸੀਆਈ ਦੀ ਸੀਈਓ ਅਤੇ ਸਕੱਤਰ-ਜਨਰਲ ਮਨੀਸ਼ਾ ਕਪੂਰ ਨੇ ਕਿਹਾ, "ਡਿਜੀਟਲ ਇਸ਼ਤਿਹਾਰ ਦੇ ਤੇਜ਼ੀ ਨਾਲ ਵਿਕਾਸ ਨੂੰ ਦੇਖਦੇ ਹੋਏ ਅਸੀਂ ਇਸ਼ਤਿਹਾਰ ਨਿਗਰਾਨੀ ਤਕਨੀਕ ਵਿੱਚ ਭਾਰੀ ਨਿਵੇਸ਼ ਕੀਤਾ ਹੈ। ਅਸੀਂ ਉਪਭੋਗਤਾਵਾਂ, ਬਰਾਂਡਾਂ ਅਤੇ ਸਰਕਾਰੀ ਬਾਡੀਆਂ ਸਮੇਤ ਸਾਰੇ ਹਿੱਤਧਾਰਕਾਂ ਨੂੰ ਇਕ ਵਧੇਰੇ ਪ੍ਰਤੀਕਿਰਿਆਸ਼ੀਲ ਮੰਚ ਪ੍ਰਦਾਨ ਕਰਨ ਲਈ ਆਪਣੀ ਪ੍ਰਕਿਰਿਆਵਾਂ ਨੂੰ ਅੱਪਗਰੇਡ ਅਤੇ ਸੁਵਿਵਸਥਿਤ ਕਰਨਾ ਜਾਰੀ ਰੱਖਾਂਗੇ। ਪਾਰਦਰਸ਼ਿਤਾ ਦੇ ਆਪਣੇ ਨਿਰੰਤਰ ਯਤਨ ਵਿੱਚ, ਅਸੀਂ ਵਿੱਤੀ ਸਾਲ ਦੇ ਪਹਿਲੇ ਛੇ ਮਹੀਨਿਆਂ ਦੇ ਦੌਰਾਨ ਏਐੱਸਸੀਆਈਨੂੰ ਕੀਤੀਆਂ ਗਈਆਂ ਸ਼ਿਕਾਇਤਾਂ ਅਤੇ ਨਤੀਜਿਆਂ ਬਾਰੇ ਇਕ ਵਿਆਪਕ ਰਿਪੋਰਟ ਜਾਰੀ ਕੀਤੀ ਹੈ।

# ਸੇਂਟ ਸੋਲਜਰ ਕਾਨਵੈਂਟ ਸਕੂਲ 'ਚ ਏਟੀਐੱਲ ਲੈਬ ਦਾ ਉਦਘਾਟਨ

**ਜੰਡਿਆਲਾ ਗੁਰੂ (ਹਰਿੰਦਰਪਾਲ ਸਿੰਘ)**-ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਸੀ. ਬੀ. ਐੱਸ. ਈ. ਨਵੀਂ ਦਿੱਲੀ ਦੀ ਸਹਾਇਤਾ ਨਾਲ ਏਟੀਐੱਲ ਲੈਬ ਸਥਾਪਤ ਕੀਤੀ ਗਈ। ਇਹ ਸੈਂਟਰਲ ਗੌਰਮਿੰਟ ਦਾ ਟੈਕਨਾਲੋਜੀ ਨੂੰ ਉਤਸ਼ਾਹਿਤ ਕਰਨ ਦਾ ਉਪਰਾਲਾ ਹੈ ਜਿਸ ਨੂੰ ਪੂਰਾ ਕਰਨ ਲਈ ਐੱਸ. ਐੱਸ. ਈ. ਸੀ. ਜੰਡਿਆਲਾ ਗੁਰੂ ਵਿੱਚ ਸ਼ਾਨਦਾਰ ਲੈਬ ਤਿਆਰ ਕੀਤੀ ਗਈ। ਉਦਘਾਟਨ ਸੰਤ ਬਾਬਾ ਪਰਮਾਨੰਦ ਮੁੱਖ ਸੇਵਾਦਾਰ ਬਾਬਾ ਹੁੰਦਾਲ, ਰਾਸਾ ਦੇ ਪ੍ਰਧਾਨ ਹਰਪਾਲ ਸਿੰਘ ਯੂਕੇ, ਚੀਫ ਖਾਲਸਾ ਦੀਵਾਨ ਦੇ ਡਾਇਰੈਕਟਰ ਧਰਮਵੀਰ ਸਿੰਘ, ਡੀਪੀਐੱਸ ਦੇ ਪ੍ਰਿੰ. ਕਮਲ ਕੁਮਾਰ, ਮਨੋਹਰ ਵਾਟਿਕਾ ਦੇ ਪ੍ਰਿੰਸੀਪਲ ਸੁਰੇਸ਼ ਕੁਮਾਰ, ਸਕੂਲ ਦੇ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਸਕੂਲ ਦੀ ਪ੍ਰਿੰ. ਅਮਰਪ੍ਰੀਤ ਕੌਰ, ਵਾਈਸ ਪ੍ਰਿੰ. ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ਼ਿਲਪਾ ਸ਼ਰਮਾ, ਨੀਲਾਕਸ਼ੀ ਗੁਪਤਾ, ਮਮਤਾ ਅਰੋੜਾ ਤੇ ਸਾਇੰਸ ਵਿਭਾਗ ਦੇ ਸਾਰੇ ਟੀਚਰ ਤੇ ਬੱਚੇ ਹਾਜ਼ਰ ਸਨ। ਬਾਬਾ ਜੀ ਨੇ ਫਾਊਂਡੇਸ਼ਨ ਸਟੋਨ ਦਾ ਉਦਘਾਟਨ ਰੱਖਿਆ ਤੇ ਰੀਬਨ ਕੱਟ ਕੇ ਲੈਬ ਦਾ ਉਦਘਾਟਨ ਕੀਤਾ।

# ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖੂਨਦਾਨ ਕੈਂਪ ਅੱਜ

**ਪੱਟੀ, (ਬਲਦੇਵ ਸਿੰਘ ਸੰਧੂ/ ਸ਼ਮਸ਼ੇਰ ਸਿੰਘ ਯੋਧਾ)**



ਸ਼ਹੀਦ ਕਰਤਾਰ ਸਿੰਘ ਸਰਾਭਾ ਨੇ 19 ਸਾਲ ਦੀ ਛੋਟੀ ਉਮਰ ਵਿੱਚ ਸ਼ਹੀਦੀ ਦੇ ਕੇ ਭਾਰਤ ਦੇਸ਼ ਨੂੰ ਆਜ਼ਾਦ ਕਰਵਾਉਣ ਵਿਚ ਆਪਣਾ ਵਡਮੁੱਲਾ ਯੋਗਦਾਨ ਪਾਇਆ ਅਤੇ ਨੌਜਵਾਨ ਪੀੜ੍ਹੀ ਨੂੰ ਦੇਸ਼ ਭਗਤੀ ਦੇ ਜਜ਼ਬੇ ਨਾਲ ਵੀ ਜੋੜਿਆ। ਅੱਜ ਸਾਰਾ ਦੇਸ਼ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਸ਼ਹੀਦੀ ਦਿਹਾੜਾ ਮਨਾ ਰਿਹਾ ਹੈ। ਸਾਨੂੰ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਣਾ ਚਾਹੀਦਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਪਨਗੋਟਾ ਨੇ ਪਿੰਡ ਪਨਗੋਟਾ ਵਿਖੇ ਸਥਾਪਿਤ ਸ਼ਹੀਦ ਕਰਤਾਰ ਸਿੰਘ ਸਰਾਭਾ ਯਾਦਗਾਰੀ ਪਾਰਕ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਬੁੱਤ 'ਤੇ ਹਾਰ ਪਾ ਕੇ ਸ਼ਰਧਾਂਜਲੀ ਦੇਣ ਮੌਕੇ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਗਦਰ ਪਾਰਟੀ ਲਈ ਕੰਮ ਕਰਦਿਆਂ ਸਰਾਭਾ ਨੇ ਵਿਦੇਸ਼ ਰਹਿੰਦਿਆਂ ਆਪਣੀ ਸੁਖੀ ਜ਼ਿੰਦਗੀ ਛੱਡ ਕੇ ਭਾਰਤ ਨੂੰ ਆਜ਼ਾਦ ਕਰਵਾਉਣ ਦਾ ਸੁਪਨਾ ਵੇਖਿਆ ਅਤੇ ਇਸ ਸੁਪਨੇ ਨੂੰ ਹਕੀਕੀ ਰੂਪ ਦੇਣ ਲਈ ਆਪਣੀ ਜਾਨ ਦਾ ਬਲੀਦਾਨ ਦੇ ਦਿੱਤਾ। ਸਾਨੂੰ ਆਪਣੇ ਸ਼ਹੀਦਾਂ ਦੇ ਬਲੀਦਾਨ 'ਤੇ ਫਖਰ ਹੈ ਅਤੇ ਸਾਨੂੰ ਸਾਰਿਆਂ ਨੂੰ ਰਲ ਕੇ ਇਹ ਕੋਸ਼ਿਸ਼ ਕਰਨੀ ਚਾਹੀਦੀ ਹੈ ਕਿ ਅਸੀਂ ਉਨ੍ਹਾਂ ਦੇ ਸੁਪਨਿਆਂ ਦਾ ਭਾਰਤ ਸਿਰਜ ਸਕੀਏ। ਹੈਲਪਿੰਗ ਹੈਂਡ ਸੁਸਾਇਟੀ ਸਮੇਂ ਸਮੇਂ 'ਤੇ ਸਮਾਜ ਸੇਵਾ ਦੇ ਕਾਰਜਾਂ ਵਿੱਚ ਆਪਣਾ ਯੋਗਦਾਨ ਪਾ ਰਹੀ ਹੈ। ਸ਼ਹੀਦ ਕਰਤਾਰ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖੂਨਦਾਨ ਕੈਂਪ 17 ਨਵੰਬਰ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਕੈਂਪਸ ਪੱਟੀ ਵਿਖੇ ਲਗਾਇਆ ਜਾ ਰਿਹਾ ਹੈ। ਇਲਾਕੇ ਦੇ ਨੌਜਵਾਨਾਂ ਨੂੰ ਬੇਨਤੀ ਹੈ ਕਿ ਉਹ ਵੱਧ-ਚੜ੍ਹ ਕੇ ਇਸ ਕੈਂਪ ਵਿੱਚ ਖੂਨਦਾਨ ਕਰ ਕੇ ਆਪਣੇ ਲਸਾਨੀ ਸ਼ਹੀਦ ਨੂੰ ਸ਼ਰਧਾਂਜਲੀ ਭੇਟ ਕਰਨ। ਇਸ ਮੌਕੇ ਭੁਪਿੰਦਰ ਸਿੰਘ, ਅਮਨਦੀਪ ਸਿੰਘ ਪਨਗੋਟਾ, ਨਿਰਮਲ ਸਿੰਘ ਟਰਾਂਸਪੋਰਟਰ, ਗੀਤਕਾਰ ਸਾਬ ਪਨਗੋਟਾ, ਸਾਧੂ ਸਿੰਘ, ਪਰਮਜੀਤ ਸਿੰਘ, ਅਜੀਤ ਸਿੰਘ ਪ੍ਰਧਾਨ, ਮਾਸਟਰ ਪਰਮਿੰਦਰ ਸਿੰਘ, ਸੁਖਦੇਵ ਸਿੰਘ, ਗੁਰਦਿਆਲ ਸਿੰਘ, ਕੁਲਵੰਤ ਸਿੰਘ ਪਟਵਾਰੀ, ਤਰਸੇਮ ਸਿੰਘ, ਡਾਕਟਰ ਗੁਰਵੰਤ ਸਿੰਘ, ਰਣਜੀਤ ਸਿੰਘ, ਰਾਜਪਾਲ ਸਿੰਘ ਅਤੇ ਬੋਹੜ ਸਿੰਘ ਹਾਜ਼ਰ ਸਨ।

# ਜਲੰਧਰ ਕਨਵੈਨਸ਼ਨ ਲਈ ਆਰ ਐੱਮ ਪੀ ਆਈ ਦੇ ਜਥੇ ਰਵਾਨਾ



**ਪਠਾਨਕੋਟ/ਗੁਰਦਾਸਪੁਰ (ਦਵਿੰਦਰ ਸਿੰਘ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ. ਐਮ. ਪੀ. ਆਈ.) ਦੇ ਆਗੂਆਂ ਕਾਮਰੇਡ ਨੱਥਾ ਸਿੰਘ ਢਡਵਾਲ, ਸ਼ਿਵ ਕੁਮਾਰ ਧਿਆਨ ਸਿੰਘ, ਮਾਸਟਰ ਸੁਭਾਸ਼ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਗਦਰੀ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਸਾਥੀ ਸ਼ਹੀਦਾਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਆਰਐੱਮਪੀਆਈ ਦੀ ਸੂਬਾਈ ਕਨਵੈਨਸ਼ਨ ਵਿਚ ਪਠਾਨਕੋਟ ਜ਼ਿਲ੍ਹੇ ਤੋਂ ਆਗੂਆਂ ਦਾ ਜੱਥਾ ਰਵਾਨਾ ਹੋਇਆ। ਆਗੂਆਂ ਨੇ ਪ੍ਰੈੱਸ ਬਿਆਨ ਵਿਚ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਲੋਕਾਂ ਦੇ ਜੀਵਨ ਨਾਲ ਜੁੜੇ ਮੁੱਦਿਆਂ ਮਹਿੰਗਾਈ, ਬੇਰੁਜ਼ਗਾਰੀ, ਭਰਿਸ਼ਟਾਚਾਰ ਨੂੰ ਰੋਕਣ, ਵਿੱਦਿਆ ਤੇ ਸੇਹਤ ਸਹੂਲਤਾਂ ਦੇਣ, ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਦੀ ਥਾਂ ਗਲਤ ਮਾਈਨਿੰਗ ਪਾਲਸੀ ਕਰਕੇ ਰੇਤਾ ਬੱਜਰੀ ਦੀਆਂ ਅਸਮਾਨੀ ਚੜ੍ਹੀਆਂ ਹੋਣ ਕਰਕੇ ਪੰਜਾਬ ਦੇ ਲੱਖਾਂ ਲੋਕਾਂ ਨੂੰ ਰੁਜ਼ਗਾਰ ਤੋਂ ਵਾਂਝਿਆਂ ਕਰ ਦਿੱਤਾ ਹੈ ਅਤੇ ਚੋਣਾਂ ਦੌਰਾਨ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਬਜਾਏ ਲੋਕਾਂ ਨੂੰ ਧਰਮ, ਜਾਤਪਾਤ ਤੇ ਇਲਾਕਿਆਂ ਅਦਿ ਵੰਡਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਅੱਜ ਦੀ ਸੂਬਾਈ ਕਨਵੈਨਸ਼ਨ ਵਿਚ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਪਾਣੀ ਤੇ ਵਾਤਾਵਰਨ ਨੂੰ ਬਚਾਉਣ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ, ਪੰਜਾਬ ਅੰਦਰ ਦਿਨੋਂ ਦਿਨ ਵਿਗੜ ਰਹੀ ਲਾ ਐਂਡ ਆਰਡਰ ਦੀ ਸਥਿਤੀ ਉਪਰ ਵਿਚਾਰ ਚਰਚਾ ਕਰਨ ਅਤੇ ਪੰਜਾਬ ਸਮੇਤ ਦੇਸ਼ ਦੇ ਸਾਰੇ ਸੂਬਿਆਂ ਦੇ ਵੱਧ ਅਧਿਕਾਰਾਂ ਦੀ ਰਾਖੀ ਲਈ ਜਮਹੂਰੀਅਤ ਦੀ ਮਜਬੂਤੀ ਅਤੇ ਹੋਰ ਰਾਜਨੀਤਕ ਮੱਸਲਿਆਂ ਨੂੰ ਲੈ ਕੇ ਵਿਸਥਾਰ ਨਾਲ ਚਰਚਾ ਹੋਵੇਗੀ ਅਤੇ ਅਗਲੇ ਸੰਘਰਸ਼ ਦੀ ਰੂਪ ਰੇਖਾ ਦਾ ਐਲਾਨ ਹੋਵੇਗਾ। ਉਪਰੋਕਤ ਤੋਂ ਇਲਾਵਾ ਕਾਮਰੇਡ ਬਲਵੰਤ ਸਿੰਘ ਘੋਹ, ਕਪੂਰ ਸਿੰਘ ਘੁੰਮਣ, ਬਲਦੇਵ ਰਾਜ ਭੋਆ, ਅਜੀਤ ਸਿੰਘ ਹੁੰਦਲ, ਜਗੀਰ ਸਿੰਘ ਸਲਾਚ, ਰਘਬੀਰ ਸਿੰਘ ਧਲੌਰੀਆਂ, ਬਲਕਾਰ ਚੰਦ ਭਰਿਆਲ ਲਾਹੜੀ, ਹਰਭਜਨ ਸਿੰਘ ਦੀਨਾਨਗਰ, ਸਕੱਤਰ ਸਿੰਘ, ਗੁਰਮੀਤ ਸਿੰਘ ਥਾਣੇਵਾਲ, ਤਿਲਕ ਰਾਜ ਜਿਆਣੀ, ਪਰਵੀਨ ਕੁਮਾਰ, ਯਸਪਾਲ, ਅਸ਼ਵਨੀ ਕੁਮਾਰ, ਦਰਸ਼ਨ ਸਿੰਘ ਅਤੇ ਹੋਰ ਸਾਥੀਆਂ ਨੇ ਅਗਵਾਈ ਕੀਤੀ।

# ਮੁੱਢਲੇ ਸਿਹਤ ਕੇਂਦਰਾਂ 'ਚ ਈਟੀਪੀ ਪਲਾਂਟਾਂ 'ਤੇ ਖਰਚੇ ਜਾਣਗੇ ਡੇਢ ਕਰੋੜ ਰੁਪਏ : ਐੱਸ ਡੀ ਓ

**ਗੁਰਦਾਸਪੁਰ (ਜਨਕ ਮਹਾਜਨ)**-ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਵਲੋਂ ਗੁਰਦਾਸਪੁਰ ਜਿਲੇ ਅੰਦਰ ਡੇਢ ਕਰੋੜ ਰੁਪਏ ਦੀ ਲਾਗਤ ਨਾਲ ਮੁੱਢਲੇ ਸਿਹਤ ਕੇਂਦਰਾਂ ਵਿਚ ਈਟੀਪੀ ਪਲਾਂਟ ਲਗਾਏ ਜਾ ਰਹੇ ਹਨ ਅਤੇ ਇਹ ਜਲਦੀ ਕੰਮ ਕਰਨਾ ਸ਼ੁਰੂ ਕਰ ਦੇਣਗੇ। ਇਸ ਦਾ ਪਾਣੀ ਕਿਸਾਨਾਂ ਦੀ ਵਰਤੋਂ ਅਤੇ ਹਸਪਤਾਲਾਂ ਵਿਚ ਲੱਗੇ ਫਲ ਬੂਟਿਆਂ ਦੇ ਕੰਮ ਆਵੇਗਾ। ਗੁਰਦਾਸਪੁਰ ਜ਼ਿਲੇ ਅੰਦਰ ਅਜਿਹੇ 6 ਪਲਾਂਟ ਲਗਾਏ ਜਾ ਰਹੇ ਹਨ। ਇਸ ਸੰਬਧੀ ਜਾਣਕਾਰੀ ਦਿੰਦੇ ਹੋਏ ਐੱਸਡੀਓ ਸੁਸ਼ੀਲ ਕੁਮਾਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਨੇ ਪੁਰਾਣਾ ਸ਼ਾਲਾ ਜਗਤਪੁਰ ਹਸਪਤਾਲ ਦਾ ਦੌਰਾ ਕਰਨ ਉਪਰੰਤ ਦੱਸਿਆ ਕਿ ਹਰੇਕ ਪਲਾਂਟ 'ਤੇ 24 ਲੱਖ ਰੁਪਏ ਤੋਂ ਵੱਧ ਲਾਗਤ ਆਵੇਗੀ ਅਤੇ ਗੰਦੇ ਪਾਣੀ ਦੀ ਸਫਾਈ ਕਰਕੇ ਇਸ ਨੂੰ ਵਰਤੋਂ ਵਿਚ ਲਿਆਂਦਾ ਜਾਵੇਗਾ ਅਤੇ ਇਸ ਦੀ ਵਰਤੋਂ ਹਸਪਤਾਲਾਂ ਵਿਚ ਲੱਗੇ ਬੂਟੇ ਅਤੇ ਕਿਸਾਨਾਂ ਦੇ ਖੇਤਾਂ ਵਿਚ ਵੀ ਕੀਤੀ ਜਾ ਸਕਦੀ ਹੈ। ਇਸ ਸੰਬਧੀ ਜਦੋਂ ਮਹਿਕਮੇ ਦੇ ਸਿਵਲ ਸਰਜਨ ਡਾ. ਮਾਂਡੀ ਤੇ ਉਪ ਸਿਵਲ ਸਰਜਨ ਡਾ. ਭਾਰਤ ਭੂਸ਼ਣ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਸਰਕਾਰ ਦਾ ਇਹ ਬਹੁਤ ਵਧੀਆ ਉਪਰਾਲਾ ਹੈ ਅਤੇ ਇਸ ਨਾਲ ਗੰਦਾ ਪਾਣੀ ਸ਼ੁੱਧ ਹੋਣ ਨਾਲ ਵਾਤਾਵਰਣ ਵੀ ਸ਼ੁੱਧ ਹੋਵੇਗਾ।

# ਬੀਬੀ ਕੌਲਾਂ ਜੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ 'ਚ ਕੁਇਜ਼ ਕੰਪੀਟੀਸ਼ਨ ਕਰਵਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਦੀ ਸਰਪ੍ਰਸਤੀ ਹੇਠ ਚੱਲ ਰਹੇ ਬੀਬੀ ਕੌਲਾਂ ਜੀ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਨੇੜੇ ਗੁਰਦੁਆਰਾ ਟਾਹਲਾ ਸਾਹਿਬ ਤਰਨ ਤਾਰਨ ਰੋਡ ਵਿਖੇ ਮਾਈਂਡ ਵਾਰਸ ਦੇ ਮੈਂਬਰ ਸ਼ਿਵਮ ਰਾਏ ਲੂਥਰਾ ਦੁਆਰਾ ਕੁਇਜ਼ ਪ੍ਰਤੀਯੋਗਤਾ ਕਰਵਾਈ ਗਈ ਜਿਸ ਵਿੱਚ ਛੇਵੀਂ ਤੋਂ ਲੈ ਕੇ ਨੌਂਵੀਂ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਸਧਾਰਨ ਗਿਆਨ ਹੋਣਾ ਹਰ ਇੱਕ ਵਿਅਕਤੀ ਲਈ ਬਹੁਤ ਜਰੂਰੀ ਹੈ। ਮਾਈਂਡ ਵਾਰਸ ਇੱਕ ਮਲਟੀਚੈਨਲ ਨਾਲੇਜ ਈਕੋਸਿਸਟਮ ਸੰਸਥਾ ਹੈ ਜਿਸ ਦਾ ਉਦੇਸ਼ ਪੂਰੇ ਭਾਰਤ ਦੇ ਵਿਦਿਆਰਥੀਆਂ ਤੱਕ ਸਧਾਰਨ ਗਿਆਨ ਨੂੰ ਪਹੁੰਚਾਉਣਾ ਹੈ। ਕਿਸੇ ਵੀ ਪ੍ਰਤੀਯੋਗੀ ਪ੍ਰੀਖਿਆ ਦੇ ਲਈ ਸਧਾਰਨ ਗਿਆਨ ਦਾ ਹੋਣਾ ਇੱਕ ਮਹੱਤਵਪੂਰਨ ਹਿੱਸਾ ਹੈ। ਇਸ ਕੁਇਜ਼ ਪ੍ਰਤੀਯੋਗਤਾ ਵਿੱਚ ਸਾਰੇ ਵਿਦਿਆਰਥੀਆਂ ਨੇ ਬਹੁਤ ਵੱਧੀਆ ਪ੍ਰਦਰਸ਼ਨ ਕੀਤਾ। ਆਏ ਹੋਏ ਮੁੱਖ ਮਹਿਮਾਨ ਸ਼ਿਵਮ ਰਾਏ ਲੂਥਰਾ ਦਾ ਸਕੂਲ ਦੇ ਪ੍ਰਿੰਸੀਪਲ ਇੰਦਰਪ੍ਰੀਤ ਕੌਰ ਨੇ ਤਹਿ ਦਿਲੋਂ ਧੰਨਵਾਦ ਕੀਤਾ।

# ਐੱਚ ਡੀ ਐੱਫ ਸੀ ਬੈਂਕ ਨੇ ਮਨਾਇਆ 'ਅੰਤਰਰਾਸ਼ਟਰੀ ਧੋਖਾਧੜੀ ਜਾਗਰੂਕਤਾ ਹਫਤਾ-2022'

**ਅੰਮ੍ਰਿਤਸਰ** : ਐੱਚ. ਡੀ. ਐੱਫ. ਸੀ. ਬੈਂਕ ਨੇ ਸਾਈਬਰ ਧੋਖਾਧੜੀ ਦੇ ਹਮਲਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਲੋਕਾਂ ਵਿੱਚ ਸੁਰੱਖਿਅਤ ਬੈਂਕਿੰਗ ਆਦਤਾਂ ਨੂੰ ਉਤਸ਼ਾਹਿਤ ਕਰਨ ਲਈ ਕਈ ਪਹਿਲਕਦਮੀਆਂ ਦੀ ਸ਼ੁਰੂਆਤ ਕਰਕੇ ਅੰਤਰਰਾਸ਼ਟਰੀ ਧੋਖਾਧੜੀ ਜਾਗਰੂਕਤਾ ਹਫਤਾ-2022 ਮਨਾਇਆ। ਬੈਂਕ ਨਾਗਰਿਕਾਂ ਨੂੰ ਡਿਜੀਟਲ ਲੈਣ-ਦੇਣ ਕਰਦੇ ਸਮੇਂ ਸੁਰੱਖਿਅਤ ਬੈਂਕਿੰਗ ਆਦਤਾਂ ਨੂੰ ਅਪਨਾਉਣ ਅਤੇ ਆਪਣੀ ਗੁਪਤ ਬੈਂਕਿੰਗ ਜਾਣਕਾਰੀ ਨੂੰ ਕਿਸੇ ਨਾਲ ਸਾਂਝਾ ਕਰਨ ਤੋਂ ਬਚਣ ਲਈ ਉਤਸ਼ਾਹਿਤ ਕਰ ਰਿਹਾ ਹੈ। ਨਾਗਰਿਕਾਂ ਨੂੰ ਇਹ ਵੀ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਟੈਕਸਟ ਜਾਂ ਵਟਸਐਪ ਸੁਨੇਹਿਆਂ ਰਾਹੀਂ ਭੇਜੇ ਗਏ ਅਣ-ਪ੍ਰਮਾਣਿਤ ਲਿੰਕਾਂ 'ਤੇ ਕਲਿੱਕ ਕਰਨ ਤੋਂ ਗੁਰੇਜ਼ ਕਰਨ, ਹੈਲਪਲਾਈਨ/ਕਸਟਮਰ ਕੇਅਰ ਨੰਬਰ ਪ੍ਰਾਪਤ ਕਰਨ ਲਈ ਸਿਰਫ ਅਧਿਕਾਰਤ ਵੈੱਬਸਾਈਟਾਂ 'ਤੇ ਜਾਣ ਅਤੇ 1930 'ਤੇ ਕਾਲ ਕਰਕੇ ਬੈਂਕ ਅਤੇ ਨੈਸ਼ਨਲ ਸਾਈਬਰ ਕ੍ਰਾਈਮ ਹੈਲਪਲਾਈਨ ਨੂੰ ਅਣਅਧਿਕਾਰਤ ਲੈਣ-ਦੇਣ ਦੀ ਰਿਪੋਰਟ ਕਰਨ। ਜਿੰਮੀ ਟਾਟਾ, ਚੀਫ ਕ੍ਰੈਡਿਟ ਅਫਸਰ, ਐੱਚ. ਡੀ. ਐੱਫ. ਸੀ. ਬੈਂਕ ਨੇ ਕਿਹਾ ਕਿ ਅਸੀਂ ਸੁਰੱਖਿਅਤ ਬੈਂਕਿੰਗ ਅਭਿਆਸਾਂ ਬਾਰੇ ਖਪਤਕਾਰਾਂ ਨੂੰ ਜਾਗਰੂਕ ਕਰਨ ਅਤੇ ਵਧਾਉਣ ਦੇ ਉਦੇਸ਼ ਨਾਲ ਕਈ ਪਹਿਲਕਦਮੀਆਂ ਕਰਕੇ ਅੰਤਰਰਾਸ਼ਟਰੀ ਧੋਖਾਧੜੀ ਜਾਗਰੂਕਤਾ ਹਫਤਾ -2022 ਮਨਾ ਰਹੇ ਹਾਂ। ਸੁਰੱਖਿਅਤ ਬੈਂਕਿੰਗ ਅਭਿਆਸ ਹਰ ਨਾਗਰਿਕ ਲਈ ਜੀਵਨ ਢੰਗ ਬਣ ਜਾਣਾ ਚਾਹੀਦਾ ਹੈ। ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੇ ਵਧੀਕ ਸਕੱਤਰ ਚੰਦਰਕਰ ਭਾਰਤੀ ਆਈ. ਏ. ਐੱਸ. ਨੇ ਕਿਹਾ ਕਿ ਬੈਂਕਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਗਾਹਕਾਂ ਨੂੰ ਜਾਗਰੂਕ ਕਰਨ ਤਾਂ ਜੋ ਉਹ ਸਾਈਬਰ ਧੋਖਾਧੜੀ ਦੇ ਹਮਲਿਆਂ ਤੋਂ ਆਪਣੇ ਆਪ ਨੂੰ ਬਚਾ ਸਕਣ। ਵਰਕਸ਼ਾਪਾਂ ਤੋਂ ਇਲਾਵਾ ਬੈਂਕ ਨੇ ਆਪਣੇ ਸਾਰੇ ਕਰਮਚਾਰੀਆਂ ਲਈ ਇੱਕ ਲਾਜ਼ਮੀ ਈ-ਲਰਨਿੰਗ ਸਾਈਬਰ ਸੁਰੱਖਿਆ ਕੋਰਸ, 'ਫਰਾਡ ਨਾਲੇਜ ਸੀਰੀਜ਼' ਵੀ ਸ਼ੁਰੂ ਕੀਤਾ ਹੈ। ਐੱਚ. ਡੀ. ਐੱਫ. ਸੀ. ਨੇ ਹਰ ਮਹੀਨੇ ਦੇ ਪਹਿਲੇ ਬੁੱਧਵਾਰ ਨੂੰ 'ਸਾਈਬਰ ਜਾਗਰੂਕਤਾ' ਵਜੋਂ ਮਨਾਉਣ ਦਾ ਫੈਸਲਾ ਕੀਤਾ ਹੈ।

# ਮਾਊਂਟ ਲਿਟਰਾ ਜ਼ੀ ਸਕੂਲ ਦੀ ਪ੍ਰਿੰਸੀਪਲ ਡਾਇਨਾਮਿਕ ਐਵਾਰਡ ਨਾਲ ਸਨਮਾਨਿਤ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਮਾਊਂਟ ਲਿਟਰਾ ਜ਼ੀ ਸਕੂਲ ਤਰਨਤਾਰਨ ਹਮੇਸ਼ਾ ਹੀ ਆਪਣੀਆਂ ਪ੍ਰਾਪਤੀਆਂ ਕਰਕੇ ਸੁਰਖੀਆਂ ਵਿੱਚ ਰਿਹਾ ਹੈ। ਬੀਤੇ ਦਿਨੀਂ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਫ਼ੈਡਰੇਸ਼ਨ ਆਫ਼ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਆਫ਼ ਪੰਜਾਬ ਵਲੋਂ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਕਰਵਾਏ ਗਏ ਨੈਸ਼ਨਲ ਐਵਾਰਡ 2022 ਦੀ ਅਗਵਾਈ ਪ੍ਰਧਾਨ ਜਗਜੀਤ ਸਿੰਘ ਧੂਰੀ ਵਲੋਂ ਕੀਤੀ ਗਈ। ਇਸ ਦੌਰਾਨ ਮਾਊਂਟ ਲਿਟਰਾ ਜ਼ੀ ਸਕੂਲ ਦੇ ਪ੍ਰਿੰਸੀਪਲ ਗਗਨਦੀਪ ਸ਼ਰਮਾ ਨੂੰ ਡਾਇਨਾਮਿਕ ਪ੍ਰਿੰਸੀਪਲ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਸ ਦੋ ਦਿਨਾ ਇਨਾਮ ਵੰਡ ਸਮਾਰੋਹ ਵਿੱਚ 21 ਸਟੇਟਾਂ ਤੋਂ ਲਗਭਗ ਇਕ ਹਜ਼ਾਰ ਸਕੂਲ ਪ੍ਰਿੰਸੀਪਲਾਂ ਨੇ ਭਾਗ ਲਿਆ ਜਿਸ ਵਿੱਚ ਯੋਗ ਪ੍ਰਿੰਸੀਪਲਾਂ ਨੂੰ ਹੀ ਇਸ ਐਵਾਰਡ ਲਈ ਚੁਣਿਆ ਗਿਆ। ਇਸ ਮੌਕੇ ਸਕੂਲ ਅਧਿਆਪਕਾਂ ਅਤੇ ਮੈਨੇਜਮੈਂਟ ਨੇ ਐਵਾਰਡ ਪ੍ਰਾਪਤੀ 'ਤੇ ਪ੍ਰਿੰਸੀਪਲ ਨੂੰ ਵਧਾਈ ਦਿੱਤੀ ਤੇ ਖ਼ੁਸ਼ੀ ਜ਼ਾਹਰ ਕੀਤੀ। ਇਸ ਮੌਕੇ ਸਕੂਲ ਦੀ ਮੈਨੇਜਮੈਂਟ ਟੀਮ ਨੇ ਪ੍ਰਧਾਨ ਜਗਜੀਤ ਸਿੰਘ ਧੂਰੀ ਦਾ ਸਾਰਾ ਪ੍ਰਬੰਧ ਕਰਨ ਅਤੇ ਐਵਾਰਡ ਸਮਾਰੋਹ ਰਾਹੀਂ ਯੋਗ ਅਧਿਆਪਕਾਂ ਦੀ ਹੌਸਲਾ ਅਫਜ਼ਾਈ ਕਰਨ 'ਤੇ ਧੰਨਵਾਦ ਕੀਤਾ ਅਤੇ ਸਫਲਤਾ ਦੀ ਪ੍ਰਸ਼ੰਸਾ ਕੀਤੀ।



# 'ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ' 'ਚ ਭਾਗ ਲੈਣ ਵਾਲੇ ਬੱਚਿਆਂ ਦਾ ਸਨਮਾਨ



**ਅੰਮ੍ਰਿਤਸਰ (ਜਸਬੀਰ ਪੱਟੀ)**

ਤਰਕਸ਼ੀਲ ਸੁਸਾਇਟੀ ਪੰਜਾਬ ਦੀ ਅੰਮ੍ਰਿਤਸਰ ਇਕਾਈ ਵਲੋਂ ਕੁਝ ਹਫਤੇ ਪਹਿਲਾਂ ਸੂਬਾਈ ਪੱਧਰ 'ਤੇ ਆਯੋਜਿਤ ਕੀਤੀ ਗਈ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿਚ ਭਾਗ ਲੈਣ ਵਾਲੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਛੇਹਰਟਾ, ਅੰਮ੍ਰਿਤਸਰ ਦੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਤਰਕਸ਼ੀਲ ਆਗੂ ਸੁਮੀਤ ਸਿੰਘ ਅਤੇ ਪ੍ਰਿੰਸੀਪਲ ਮੈਡਮ ਮਨਮੀਤ ਕੌਰ ਨੇ ਕਿਹਾ ਕਿ ਇਸ ਚੇਤਨਾ ਪਰਖ ਪ੍ਰੀਖਿਆ ਦਾ ਮਕਸਦ ਭਾਰਤੀ ਸੰਵਿਧਾਨ ਦੀ ਧਾਰਾ 51-ਏ(ਐੱਚ) ਅਨੁਸਾਰ ਵਿਦਿਆਰਥੀਆਂ ਵਿਚ ਵਿਗਿਆਨਕ ਸੋਚ ਦਾ ਪ੍ਰਚਾਰ ਪ੍ਰਸਾਰ ਕਰਕੇ ਉਨ੍ਹਾਂ ਵਿਚ ਸਵੈ-ਵਿਸ਼ਵਾਸ ਅਤੇ ਸੰਘਰਸ਼ ਦੀ ਭਾਵਨਾ ਪ੍ਰਫੁੱਲਤ ਕਰਨ ਦੇ ਇਲਾਵਾ ਉਨ੍ਹਾਂ ਨੂੰ ਸ਼ਾਨਾਮੱਤੇ ਭਾਰਤੀ ਇਤਿਹਾਸ ਬਾਰੇ ਜਾਣੂ ਕਰਵਾਉਣਾ ਹੈ ਤਾਂ ਕਿ ਉਹ ਜਾਦੂ-ਟੂਣਿਆਂ, ਧਾਗੇ-ਤਵੀਤਾਂ, ਨਗਾਂ, ਹੱਥ ਰੇਖਾਵਾਂ, ਜਨਮ ਟੇਵਿਆਂ, ਭੂਤਾਂ ਪ੍ਰੇਤਾਂ, ਵਹਿਮਾਂ-ਭਰਮਾਂ ਤੇ ਰੂੜੀਵਾਦੀ ਰਵਾਇਤਾਂ ਦੇ ਅੰਧਵਿਸ਼ਵਾਸਾਂ ਅਤੇ ਪਾਖੰਡੀ ਬਾਬਿਆਂ, ਜੋਤਸ਼ੀਆਂ ਅਤੇ ਤਾਂਤਰਿਕਾਂ ਦੇ ਝਾਂਸੇ ਵਿਚ ਫਸ ਕੇ ਆਪਣਾ ਕੀਮਤੀ ਸਮਾਂ, ਪੈਸਾ ਅਤੇ ਊਰਜਾ ਗਵਾਉਣ ਤੋਂ ਬਚ ਸਕਣ ਅਤੇ ਫ਼ਿਲਮੀ ਕਾਲਪਨਿਕ ਨਾਇਕਾਂ ਦੀ ਥਾਂ ਸਮਾਜ ਦੇ ਅਸਲ ਨਾਇਕਾਂ, ਵਿਗਿਆਨੀਆਂ, ਲੋਕਪੱਖੀ ਦਾਰਸ਼ਨਿਕਾਂ ਅਤੇ ਇਨਕਲਾਬੀ ਦੇਸ਼ ਭਗਤਾਂ ਦੀਆਂ ਜ਼ਿੰਦਗੀਆਂ ਤੋਂ ਪ੍ਰੇਰਨਾ ਲੈ ਸਕਣ। ਇਸ ਮੌਕੇ ਤਰਕਸ਼ੀਲ ਸੁਸਾਇਟੀ ਵਲੋਂ ਪ੍ਰੀਖਿਆ ਦੇ ਸੁਚਾਰੂ ਪ੍ਰਬੰਧਾਂ ਅਤੇ ਸਹਿਯੋਗ ਲਈ ਪ੍ਰਿੰਸੀਪਲ ਮਨਮੀਤ ਕੌਰ ਨੂੰ ਵਿਸ਼ੇਸ਼ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਰਟ ਸਕੂਲ ਦੀਆਂ ਸਾਲਾਨਾ ਪ੍ਰਾਪਤੀਆਂ ਅਤੇ ਗਤੀਵਿਧੀਆਂ ਨੂੰ ਉਜਾਗਰ ਕਰਦਾ ਸਾਲਾਨਾ ਮੈਗਜ਼ੀਨ 'ਰਿਸ਼ਮਾਂ' ਵੀ ਰਿਲੀਜ਼ ਕੀਤਾ ਗਿਆ। ਇਕਾਈ ਮੁੱਖੀ ਜਸਪਾਲ ਬਾਸਰਕੇ ਨੇ ਇਸ ਚੇਤਨਾ ਪ੍ਰੀਖਿਆ ਲਈ ਸਹਿਯੋਗ ਦੇਣ ਲਈ ਪ੍ਰਿੰਸੀਪਲ ਅਤੇ ਅਧਿਆਪਕਾਂ ਦਾ ਧੰਨਵਾਦ ਕੀਤਾ ਅਤੇ ਤਰਕਸ਼ੀਲ ਮੈਗਜ਼ੀਨ ਅਤੇ ਸਾਹਿਤ ਪੜ੍ਹਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਅਧਿਆਪਕ ਆਗੂ ਜਸਵੰਤ ਰਾਏ ਅਤੇ ਮੈਡਮ ਕਰਮਜੀਤ ਕੌਰ ਨੇ ਕਿਹਾ ਕਿ ਅੱਜ ਦੇ ਮੋਬਾਈਲ ਦੇ ਯੁੱਗ ਦੇ ਬਾਵਜੂਦ ਤਰਕਸ਼ੀਲ ਸੁਸਾਇਟੀ ਵਲੋਂ ਵਿਦਿਆਰਥੀਆਂ ਨੂੰ ਤਰਕਸ਼ੀਲ ਸਾਹਿਤ ਅਤੇ ਚੇਤਨਾ ਪ੍ਰੀਖਿਆ ਨਾਲ ਜੋੜ ਕੇ ਉਨ੍ਹਾਂ ਵਿਚ ਵਿਗਿਆਨਕ ਅਤੇ ਸਮਾਜਿਕ ਚੇਤਨਾ ਪ੍ਰਫੁੱਲਤ ਕਰਨਾ ਪ੍ਰਸੰਸਾਯੋਗ ਕਾਰਜ ਹੈ ਅਤੇ ਇਕ ਸਿਹਤਮੰਦ ਸਮਾਜ ਅਤੇ ਸਭਿਆਚਾਰ ਦੀ ਸਥਾਪਨਾ ਲਈ ਹਰੇਕ ਨਾਗਰਿਕ ਅਤੇ ਖਾਸ ਕਰਕੇ ਵਿਦਿਆਰਥੀਆਂ, ਅਧਿਆਪਕਾਂ, ਨੌਜਵਾਨਾਂ ਅਤੇ ਔਰਤਾਂ ਦਾ ਵਿਗਿਆਨਕ ਸੋਚ ਨਾਲ ਲੈਸ ਹੋਣਾ ਬੇਹੱਦ ਜ਼ਰੂਰੀ ਹੈ। ਇਸ ਮੌਕੇ ਤਰਕਸ਼ੀਲ ਆਗੂ ਅਸ਼ਵਨੀ ਕੁਮਾਰ, ਸ਼ਕਤੀ ਕੁਮਾਰ ਤੋਂ ਇਲਾਵਾ ਅਧਿਆਪਕ ਵਰਿੰਦਰ ਕੌਰ, ਹਰਮਨਪ੍ਰੀਤ ਸਿੰਘ, ਸੁਖਪਾਲ ਸਿੰਘ, ਨਵਦੀਪ ਕੌਰ, ਅਮਨਦੀਪ ਕੌਰ, ਲਾਲ ਸਿੰਘ, ਦਲੀਪ ਕੁਮਾਰ, ਰਾਜਿੰਦਰ ਕੌਰ ਅਤੇ ਪ੍ਰਭਦੀਪ ਕੌਰ ਆਦਿ ਹਾਜ਼ਰ ਸਨ।

# ਵਧੀਕ ਐਕਸੀਅਨ ਤਰਨ ਤਾਰਨ ਨੂੰ ਅਹੁਦਾ ਸੰਭਾਲਣ ਮੌਕੇ ਵਧਾਈ



**ਮਜੀਠਾ (ਮਨਮੋਹਨ ਸਿੰਘ ਢਿੱਲੋਂ)**

ਸਮਾਜਿਕ ਨਿਆਂ, ਅਧਿਕਾਰਤਾ ਵੈੱਲਫੇਅਰ ਐਸੋਸੀਏਸ਼ਨ ਦੇ ਸੂਬਾ ਚੇਅਰਮੈਨ ਬਲਕਾਰ ਸਿੰਘ ਸਫਰੀ, ਚੀਫ ਆਰਗੇਨਾਈਜ਼ਰ ਕਰਨਰਾਜ ਸਿੰਘ ਗਿੱਲ ਅਤੇ ਮੁੱਖ ਸਲਾਹਕਾਰ ਮਨਜੀਤ ਸਿੰਘ ਵਿਰਕ ਵੱਲੋਂ ਸੁਰਜੀਤ ਸਿੰਘ ਵਧੀਕ ਐਕਸੀਅਨ ਸਬ ਅਰਬਨ, ਤਰਨਤਾਰਨ ਨੂੰ ਆਪਣਾ ਕਾਰਜਭਾਰ ਸੰਭਾਲਣ ਮੌਕੇ ਵਧਾਈ ਦਿੰਦੇ ਹੋਏ ਖੁਸ਼ਆਮਦੀਦ ਆਖਿਆ। ਇਸ ਮੌਕੇ ਸੁਰਜੀਤ ਸਿੰਘ ਨੂੰ ਵਧਾਈ ਦੇਣ ਵਾਲਿਆਂ ਵਿੱਚ ਸੂਬਾ ਪ੍ਰੈੱਸ ਸਕੱਤਰ ਹਰਵਿੰਦਰ ਸਿੰਘ ਰਾਣਾ (ਖੁਸ਼ੀਪੁਰ) ਜ਼ਿਲ੍ਹਾ ਪ੍ਰਧਾਨ ਸਤਿੰਦਰ ਸਿੰਘ ਜਹਾਂਗੀਰ ਅੰਮ੍ਰਿਤਸਰ, ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਤਰਨਤਾਰਨ, ਦਰਸ਼ਨ ਲਾਲ ਕਲੋਤਰਾ, ਵਧੀਕ ਐੱਸਡੀਓ ਬਲਜੀਤ ਸਿੰਘ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਮੀਤ ਪ੍ਰਧਾਨ ਮਨਜੀਤ ਸਿੰਘ ਸੋਹੀਆਂ ਖੁਰਦ, ਸ਼ਰਨਜੀਤ ਸਿੰਘ ਸੋਹੀਆਂ, ਸਰਪੰਚ ਜਸਵੰਤ ਸਿੰਘ ਲੁਧੜ, ਪ੍ਰੇਮ ਕੁਮਾਰ ਵੇਰਕਾ, ਜ਼ਿਲ੍ਹਾ ਜਰਨਲ ਸਕੱਤਰ ਬਾਬਾ ਕਸ਼ਮੀਰ ਸਿੰਘ ਆਦਿ ਆਗੂ ਹਾਜ਼ਰ ਸਨ।

# ਆਮ ਆਦਮੀ ਕਲੀਨਿਕ ਚਾਰ ਮਹੀਨਿਆਂ ਦੌਰਾਨ ਪੰਜ ਲੱਖ ਤੋਂ ਵੱਧ ਲੋਕਾਂ ਲਈ ਵਰਦਾਨ ਸਾਬਤ ਹੋਏ-ਜੌੜਾਮਾਜਰਾ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਭਗਵੰਤ ਮਾਨ ਸਰਕਾਰ ਵੱਲੋਂ ਸਿਹਤ ਦੇ ਖੇਤਰ 'ਚ ਸ਼ੁਰੂ ਵਿਲੱਖਣ ਪਹਿਲ 'ਆਮ ਆਦਮੀ ਕਲੀਨਿਕਾਂ' 'ਤੇ ਬੀਤੇ ਚਾਰ ਮਹੀਨਿਆਂ ਦੌਰਾਨ ਪੰਜ ਲੱਖ ਤੋਂ ਵੱਧ ਲੋਕਾਂ ਨੇ ਪਹੁੰਚ ਕੀਤੀ। ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਿਹਤ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਦੱਸਿਆ ਕਿ ਸੂਬੇ ਭਰ ਵਿੱਚ ਆਮ ਆਦਮੀ ਕਲੀਨਿਕਾਂ ਨੂੰ ਆਮ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਹੈ ਅਤੇ ਕਲੀਨਿਕਾਂ 'ਤੇ ਰੋਜ਼ਾਨਾ ਆਉਣ ਵਾਲੇ ਮਰੀਜ਼ਾਂ ਦਾ ਅੰਕੜਾ ਅੱਠ ਹਜ਼ਾਰ ਤੋਂ ਟੱਪ ਗਿਆ ਹੈ। ਜੌੜਾਮਾਜਰਾ ਨੇ ਦੱਸਿਆ ਕਿ ਪੰਜਾਬ ਦੇ ਵਾਸੀ ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਸ਼ੁਰੂ ਕੀਤੀਆਂ ਮੁਫ਼ਤ ਗੁਣਾਤਮਕ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਲਈ ਸਿਹਤ ਸਕੀਮਾਂ ਦਾ ਲਾਭ ਉਠਾ ਰਹੀ ਹੈ। ਉਨ੍ਹਾਂ ਦੱਸਿਆ ਕਿ ਹਰੇਕ ਜ਼ਿਲ੍ਹੇ ਦੇ ਆਮ ਲੋਕ ਆਪਣੀ ਸਿਹਤ ਦੇ ਇਲਾਜ਼ ਲਈ ਆਮ ਆਦਮੀ ਕਲੀਨਿਕਾਂ ਤੱਕ ਆਸਾਨੀ ਨਾਲ ਪਹੁੰਚ ਕੇ ਇਨ੍ਹਾਂ ਦੀ ਵਰਤੋਂ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ 5,35,487 ਆਮ ਲੋਕ ਕਲੀਨਿਕਾਂ 'ਤੇ ਆਪਣੀ ਸਿਹਤ ਦਾ ਇਲਾਜ ਅਤੇ 69,870 ਲੋਕ ਵੱਖ-ਵੱਖ ਲੈਬਾਰਟਰੀ ਟੈਸਟ ਕਰਵਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਸਭ ਤੋਂ ਵੱਧ ਮਰੀਜ਼ਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਵਿੱਚ ਐਸ.ਏ.ਐਸ. ਨਗਰ ਜ਼ਿਲ੍ਹਿਆਂ ਵਿੱਚੋਂ ਅੱਗੇ ਹੈ ਅਤੇ ਅੰਕੜਿਆਂ ਅਨੁਸਾਰ 14 ਨਵੰਬਰ ਤੱਕ ਐਸ.ਏ.ਐਸ. ਨਗਰ ਵਿੱਚ 80406 ਮਰੀਜ਼ਾਂ ਦਾ ਇਲਾਜ ਕੀਤਾ ਜਾ ਚੁੱਕਾ ਹੈ ਅਤੇ 11045 ਲੈਬਾਰਟਰੀ ਟੈਸਟ ਕੀਤੇ ਜਾ ਚੁੱਕੇ ਹਨ, ਜਦਕਿ ਜ਼ਿਲ੍ਹਾ ਲੁਧਿਆਣਾ ਵਿੱਚ 65861 ਮਰੀਜ਼ਾਂ ਦੇ ਇਲਾਜ ਅਤੇ 5603 ਕਲੀਨਿਕਲ ਟੈਸਟਾਂ ਨਾਲ ਦੂਜੇ ਸਥਾਨ 'ਤੇ ਹੈ। ਇਸੇ ਤਰ੍ਹਾਂ ਜ਼ਿਲ੍ਹਾ ਬਠਿੰਡਾ ਨੇ 44223 ਮਰੀਜ਼ਾਂ ਅਤੇ 5922 ਕਲੀਨਿਕਲ ਟੈਸਟਾਂ ਨਾਲ ਤੀਜਾ ਸਥਾਨ 'ਤੇ ਹੈ। ਸਿਹਤ ਮੰਤਰੀ ਨੇ ਦੱਸਿਆ ਕਿ ਅਜਿਹੇ ਕਲੀਨਿਕਾਂ ਦਾ ਨੈੱਟਵਰਕ ਸਥਾਪਤ ਕਰਨ ਅਤੇ ਮੁਫਤ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਲਈ ਪੰਜਾਬ ਸਰਕਾਰ ਦੀ ਲੋਕਾਂ ਪ੍ਰਤੀ ਵਚਨਬੱਧਤਾ ਅਨੁਸਾਰ, ਹੁਣ ਤੱਕ 100 ਕਲੀਨਿਕ (65 ਸ਼ਹਿਰੀ ਖੇਤਰਾਂ ਵਿੱਚ ਅਤੇ 35 ਪੇਂਡੂ ਖੇਤਰਾਂ ਵਿੱਚ) ਲੋਕਾਂ ਨੂੰ ਸਮਰਪਿਤ ਕੀਤੇ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਜਲਦੀ ਹੀ ਅਜਿਹੇ ਹੋਰ ਕਲੀਨਿਕ ਸੂਬੇ ਭਰ 'ਚ ਸਥਾਪਿਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਦੀ ਇਹ ਅਹਿਮ ਪਹਿਲਕਦਮੀ ਸੂਬੇ ਦੀ ਸਮੁੱਚੀ ਸਿਹਤ ਸੰਭਾਲ ਪ੍ਰਣਾਲੀ ਨੂੰ ਮੁੜ ਸੁਰਜੀਤ ਕਰ ਰਹੀ ਹੈ ਅਤੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜਲੀਆਂ ਥਾਵਾਂ 'ਤੇ ਮਿਆਰੀ ਸਿਹਤ ਸੇਵਾਵਾਂ ਮੁਫ਼ਤ ਮਿਲ ਰਹੀਆਂ ਹਨ। ਜੌੜਾਮਾਜਰਾ ਨੇ ਅੱਗੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਇਸ ਉਪਰਾਲੇ ਨਾਲ ਸਿਹਤ ਸੰਭਾਲ ਖੇਤਰ ਵਿੱਚ ਕ੍ਰਾਂਤੀ ਆਈ ਹੈ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਰਾਹੀਂ 90 ਫੀਸਦੀ ਮਰੀਜ਼ਾਂ ਨੂੰ ਇਲਾਜ ਦੀ ਸਹੂਲਤ ਮਿਲ ਰਹੀ ਹੈ, ਜਿਸ ਕਾਰਨ ਸਰਕਾਰੀ ਹਸਪਤਾਲਾਂ ਵਿੱਚ ਆਮ ਓ.ਪੀ.ਡੀ ਮਰੀਜ਼ਾਂ ਦੀ ਗਿਣਤੀ ਘਟ ਗਈ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕਲੀਨਿਕਾਂ ਰਾਹੀਂ ਲੋਕਾਂ ਨੂੰ 98 ਕਿਸਮਾਂ ਦੀਆਂ ਦਵਾਈਆਂ ਅਤੇ 41 ਵੱਖ-ਵੱਖ ਡਾਇਗਨੌਸਟਿਕ ਟੈਸਟ ਮੁਫ਼ਤ ਕੀਤੇ ਜਾ ਰਹੇ ਹਨ।

# ਇਲਾਕਾ ਸੰਘਰਸ਼ ਕਮੇਟੀ ਵੱਲੋਂ ਨਜਾਇਜ਼ ਪਰਚੇ ਰੱਦ ਕਰਨ ਦੀ ਮੰਗ



**ਭਲਾਣ ( ਹਰਭਜਨ ਢਿੱਲੋਂ)** ਪਿੰਡ ਭਲਾਣ ਵਿਖੇ ਇਲਾਕਾ ਸੰਘਰਸ਼ ਕਮੇਟੀ ਨੇ ਪ੍ਰੈੱਸ ਕਾਨਫਰੰਸ ਕੀਤੀ, ਜਿਸ ਵਿੱਚ ਵੱਖ ਵੱਖ ਪਿੰਡਾਂ ਦੇ ਮੋਹਤਵਰ ਪਹੁੰਚੇ। ਇਨ੍ਹਾਂ ਸਾਰਿਆਂ ਨੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਭਲਾਣ ਦੀ ਸਵਾਂ ਨਦੀ ਵਿੱਚ ਸਰਕਾਰ ਵਲੋਂ ਡੀਸਿਲਟਿੰਗ ਦੇ ਨਾਂਅ 'ਤੇ ਮਾਇਨਿੰਗ ਧੱਕੇ ਨਾਲ ਕੀਤੀ ਗਈ ਜੋ ਕਿ ਨਹੀ ਹੋਣੀ ਚਾਹੀਦੀ ਸੀ। ਉਨ੍ਹਾਂ ਕਿਹਾ ਕਿ ਜਦੋਂ ਪਿੰਡਾਂ ਦੇ ਲੋਕਾਂ ਅਤੇ ਇਲਾਕਾ ਸੰਘਰਸ਼ ਕਮੇਟੀ ਨੇ ਇਸਦਾ ਵਿਰੋਧ ਕੀਤਾ ਤਾਂ ਕਮੇਟੀ ਦੇ ਕੁਝ ਮੈਂਬਰਾਂ ਉੱਤੇ ਕਿਸੇ ਆਡੀਓ ਨੂੰ ਲੈ ਕੇ ਪੁਲਸ ਵਲੋਂ ਪਰਚਾ ਕੀਤਾ ਗਿਆ, ਜਿਸ ਨੂੰ ਰੱਦ ਕਰਵਾਉਣ ਲਈ ਲੋਕਾਂ ਦਾ ਵੱਡਾ ਇਕੱਠ ਕੀਤਾ ਗਿਆ। ਇਸ ਮੌਕੇ ਸਰਪੰਚ ਅਮਨਦੀਪ ਸੰਜੂ ਭਲਾਣ ਨੇ ਕਿਹਾ ਕਿ ਡੀਸਿਲਟਿੰਗ ਬਾਰੇ ਕਿਸੇ ਪ੍ਰਸ਼ਾਸਨਿਕ ਅਧਿਕਾਰੀ ਨੇ ਕੋਈ ਚਿੱਠੀ ਨਹੀਂ ਦਿੱਤੀ। ਸਰਪੰਚ ਸੰਜੂ ਨੇ ਕਿਹਾ ਕਿ ਸਰਕਾਰ ਦੀ ਤਾਨਾਸ਼ਾਹੀ ਕਰਕੇ ਮਾਇਨਿੰਗ ਹੋਈ ਹੈ। ਅਸੀਂ ਸਾਰੇ ਹਾਈਕੋਰਟ ਦਾ ਧੰਨਵਾਦ ਕਰਦੇ ਹਾਂ ਜਿਸ ਨੇ ਮਾਇਨਿੰਗ ਬੰਦ ਕਰਵਾਈ ਹੈ। ਉਹਨਾਂ ਕਿਹਾ ਕਿ ਨਜਾਇਜ ਮਾਇਨਿੰਗ ਬਿਲਕੁਲ ਨਹੀ ਹੋਣ ਦਿੱਤੀ ਜਾਵੇਗੀ ਅਤੇ ਇਨਸਾਫ ਦੀ ਲੜਾਈ ਹਰ ਹਾਲਤ ਵਿੱਚ ਲੜੀ ਜਾਵੇਗੀ। ਇਸ ਮੌਕੇ ਕਾਮਰੇਡ ਤਰਸੇਮ ਸਿੰਘ ਭੱਲੜੀ, ਨਿਤਨ ਨੰਦਾ, ਅਮਰੀਕ ਸਿੰਘ ਨਾਨਗਰਾਂ ਆਦਿ ਨੇ ਅਪਣੇ ਵਿਚਾਰ ਰੱਖੇ ਅਤੇ ਕਿਹਾ ਕਿ ਸੰਘਰਸ਼ ਲਈ ਤਿਆਰ ਰਹੋ। ਇਸ ਮੌਕੇ ਸਰਪੰਚ ਰਘਵੀਰ ਸਿੰਘ, ਸਰਪੰਚ ਹਰਪਾਲ ਸਿੰਘ ਭੱਲੜੀ, ਜਸਵੀਰ ਸਿੰਘ, ਜਸਵਿੰਦਰ ਸਿੰਘ ਅਤੇ ਲੋਕਾਂ ਦਾ ਵੱਡਾ ਇਕੱਠ ਸੀ।

# ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੇ ਸਮੂਹਿਕ ਛੁੱਟੀ ਲੈ ਕੇ ਦਿੱਤਾ ਧਰਨਾ



**ਅੱਡਾ ਸਰਾਂ ( ਜਸਵੀਰ ਕਾਜਲ )** - ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਵਲੋਂ 2 ਦਿਨ ਦੀ ਸਮੂਹਿਕ ਛੁੱਟੀ 'ਤੇ ਜਾਣ ਦੇ ਉਲੀਕੇ ਸੰਘਰਸ਼ ਦੇ ਸੱਦੇ ਮੁਤਾਬਕ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਇਨਲਿਸਟਮੈਂਟ / ਆਊਟਸੋਰਸ ਅਧੀਨ ਸੇਵਾਵਾਂ ਦੇ ਰਹੇ ਠੇਕਾ ਮੁਲਾਜ਼ਮਾਂ ਨੂੰ ਸਬੰਧਤ ਵਿਭਾਗ 'ਚ ਲੈਣ ਲਈ ਵਿਭਾਗੀ ਅਧਿਕਾਰੀਆਂ ਵਲੋਂ ਸਰਕਾਰੀ ਵਿਊਂਤਬੰਦੀ ਅਨੁਸਾਰ ਤਿਆਰ ਕੀਤੀ ਪ੍ਰੋਪੋਜਲ ਨੂੰ ਲਾਗੂ ਕਰਕੇ ਪੱਕੇ ਰੁਜਗਾਰ ਦਾ ਪ੍ਰਬੰਧ ਕਰਨ ਦੀ ਮੰਗ ਲਈ ਇਥੇ ਜ਼ਿਲ੍ਹਾ ਹੁਸ਼ਿਆਰਪੁਰ ਸਬ ਡਵੀਜਨ. ਨੰ,1 ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਅਗਵਾਈ ਹੇਠ ਜਲ ਸਪਲਾਈ ਮਹਿਕਮੇ ਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਵੱਲੋਂ ਦੋ ਦਿਨ ਦੀ ਸਮੂਹਿਕ ਛੁੱਟੀ ਲੈ ਕੇ ਰੋਹ ਭਰਪੂਰ ਧਰਨਾ ਦਿੱਤਾ ਗਿਆ ਅਤੇ ਪੰਜਾਬ ਸਰਕਾਰ ਦੇ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਹ ਧਰਨਾ ਲਗਾਤਰ 2 ਦਿਨ ਲਗਾਤਾਰ (ਦਿਨ-ਰਾਤ) ਜਾਰੀ ਰਹੇਗਾ।

ਇਸ ਮੌਕੇ ਜਥੇਬੰਦੀ ਦੇ ਸੂਬਾ ਆਗੂ ਉਂਕਾਰ ਸਿੰਘ ਢਾਡਾ ਜ਼ਿਲ੍ਹਾ ਪ੍ਰਧਾਨ ਜਤਿੰਦਰ ਸਿੰਘ ਬੱਧਣ ਅਤੇ ਜ਼ਿਲ੍ਹਾ ਖਜਾਨਚੀ ਮਨਦੀਪ ਸਿੰਘ ਸੈਣੀ ਅਤੇ ਵਰਕਰਾਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਤਰ੍ਹਾਂ ਆਮ ਲੋਕਾਂ ਦੀ ਹਿਤੈਸ਼ੀ ਕਹਿਲਾਉਣ ਵਾਲੀ ਮੌਜੂਦਾ ਸਰਕਾਰ ਵੀ ਸਮੂਹ ਸਰਕਾਰੀ ਵਿਭਾਗਾਂ ਦਾ ਨਿੱਜੀਕਰਨ/ਪੰਚਾਇਤੀਕਰਨ ਕਰਨ ਲਈ ਨੀਤੀਆਂ ਲਾਗੂ ਕਰਨ ਲਈ ਬਜਿੱਦ ਹੈ ਅਤੇ ਇਹ ਨੀਤੀਆਂ ਲੋਕ ਦੀ ਅੰਨ੍ਹੀ ਲੁੱਟ ਕਰਵਾਉਣ ਲਈ ਅਤੇ ਕਾਰਪੋਰੇਟਰਾਂ ਦੇ ਮੁਨਾਫੇ ਦੀਆਂ ਲੋੜਾਂ ਪੂਰੀਆਂ ਕਰਨ ਲਈ ਲਾਗੂ ਕੀਤੀਆਂ ਜਾ ਰਹੀਆਂ ਹੈ। ਇਸੇ ਤਰ੍ਹਾਂ ਹੀ ਪੇਂਡੂ ਇਲਾਕੇ ਦੇ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਸੇਵਾ ਮੁਹੱਈਆ ਕਰਵਾ ਰਹੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦਾ ਨਿੱਜੀ ਹੱਥਾਂ 'ਚ ਦੇਣ ਲਈ ਪੰਜਾਬ ਸਰਕਾਰ ਦੇ ਅਧੀਨ ਚੱਲ ਰਹੇ ਪੇਂਡੂ ਜਲ ਘਰਾਂ ਦਾ ਨਿੱਜੀਕਰਨ/ਪੰਚਾਇਤੀਕਰਨ ਕਰਨ ਲਈ ਨਹਿਰੀ ਪਾਣੀ ਸਪਲਾਈ ਲਈ ਸਾਰੇ ਪੰਜਾਬ ਵਿਚ ਬਲਾਕ ਪੱਧਰੀ ਵੱਡੇ ਮੈਗਾਪ੍ਰੋਜੈਕਟ ਨਿੱਜੀ ਕੰਪਨੀਆਂ ਨੂੰ ਲਗਾਉਣ ਦੇ ਕੀਤੇ ਸਮਝੌਤੇ ਕੀਤੇ ਗਏ ਹਨ। ਜਿਸ ਨਾਲ ਜਿੱਥੇ ਇਹ ਮਹਿਕਮਾ ਨਿੱਜੀ ਹੱਥਾਂ ਵਿਚ ਚਲਾ ਜਾਵੇਗਾ ਉਥੇ ਸਾਲਾਬੱਧੀ ਅਰਸ਼ੇ ਤੋਂ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦਾ ਰੁਜਗਾਰ ਖੋਹ ਕੇ ਬੇਰੁਜਗਾਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵੱਖ-ਵੱਖ ਵਿਭਾਗਾਂ 'ਚ ਬਤੌਰ ਇਨਲਿਸਟਮੈਂਟ/ਆਊਟਸੋਰਸ ਅਧੀਨ ਕੰਮ ਕਰਦੇ ਨੂੰ ਉਨ੍ਹਾਂ ਦੇ ਪਿੱਤੀ ਵਿਭਾਗਾਂ 'ਚ ਲੈ ਕੇ ਰੈਗੂਲਰ ਕਰਨ ਦੀ ਮੰਗ ਲਈ ਠੇਕਾ ਮੁਲਾਜਮ ਸੰਘਰਸ਼ ਮੋਰਚਾ ਦੇ ਬੈਨਰ ਹੇਠ ਸੰਘਰਸ਼ ਚੱਲ ਰਿਹਾ ਹੈ ਅਤੇ ਮੁੱਖ ਮੰਤਰੀ ਪੰਜਾਬ ਸਰਕਾਰ ਕੋਲੋ ਮੰਗਾਂ-ਮਸਲਿਆਂ ਦਾ ਹੱਲ ਕਰਨ ਲਈ ਮੀਟਿੰਗ ਦੀ ਮੰਗ ਕੀਤੀ ਜਾ ਰਹੀ ਹੈ ਪਰ ਪਿਛਲੇ 4-5 ਮਹੀਨਿਆਂ ਤੋਂ ਮੁੱਖ ਮੰਤਰੀ ਪੰਜਾਬ ਮੀਟਿੰਗ ਕਰਨ ਤੋਂ ਭੱਜ ਰਹੇ ਹਨ, ਜਿਸਦੇ ਕਾਰਨ ਪੰਜਾਬ ਸਰਕਾਰ ਵਲੋਂ ਪੈਦਾ ਕੀਤੀ ਗਈ ਮਜਬੂਰੀ ਕਾਰਨ ਹੀ ਠੇਕਾ ਮੁਲਾਜਮਾਂ ਵਲੋਂ ਸਮੂਹਿਕ ਛੁੱਟੀ 'ਤੇ ਜਾ ਕੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰੀ ਵਿਭਾਗਾਂ 'ਚ ਕੰਮ ਕਰਦੇ ਆਊਟਸੋਰਸਡ/ਇੰਨਲਿਸਟਮੈਂਟ ਮੁਲਾਜਮਾਂ ਨੂੰ ਨਜਰਅੰਦਾਜ ਕਰਕੇ ਬਾਹਰੋ ਪੱਕੀ ਭਰਤੀ ਕਰਨ ਦੇ ਫੈਸਲੇ ਨੂੰ ਰੱਦ ਕਰਕੇ ਆਊਟਸੋਰਸ ਅਤੇ ਇੰਨਲਿਸਟਮੈਂਟ ਮੁਲਾਜਮਾਂ ਨੂੰ ਪਹਿਲ ਦੇ ਅਧਾਰ 'ਤੇ ਰੈਗੂਲਰ ਕੀਤਾ ਜਾਵੇ। ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀ ਸਰਕਾਰੀ ਵਿਊਂਤਬੰਦੀ ਅਨੁਸਾਰ ਵਿਭਾਗੀ ਅਧਿਕਾਰੀਆਂ ਵਲੋਂ ਇੰਨਲਿਸਟਮੈਂਟ/ਆਊਟਸੋਰਸ ਮੁਲਾਜਮਾਂ ਨੂੰ ਵਿਭਾਗ 'ਚ ਸ਼ਾਮਿਲ ਕਰਨ ਲਈ ਤਿਆਰ ਕੀਤੀ (ਪੱਤਰ ਨੰ. ਜਸਸ/ਅਨਗ(7) 39 ਮਿਤੀ 11-01-2018) ਤਜਵੀਜ ਨੂੰ ਲਾਗੂ ਕੀਤੀ ਜਾਵੇ। ਆਊਟਸੋਰਸਡ/ਇੰਨਲਿਸਟਮੈਂਟ ਮੁਲਾਜਮਾਂ ਲਈ ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਮੁਤਾਬਕ ਤਨਖਾਹ ਪ੍ਰਤੀ ਮਹੀਨਾ 25100 ਰੁਪਏ ਅਤੇ ਭੱਤਿਆਂ ਦੀ ਅਦਾਇਗੀ ਕੀਤੀ ਜਾਵੇ। ਵੱਖ-ਵੱਖ ਸਰਕਾਰੀ ਵਿਭਾਗਾਂ ਵਿਚੋਂ ਛਾਂਟੀ ਕੀਤੇ ਕਾਮਿਆਂ ਨੂੰ ਬਿਨਾਂ ਸ਼ਰਤ ਬਹਾਲ ਕੀਤਾ ਜਾਵੇ। ਸੇਵਾ ਕਾਲ ਦੌਰਾਨ ਹੋਣ ਵਾਲੇ ਘਾਤਕ ਜਾਂ ਗੈਰ ਘਾਤਕ ਹਾਦਸਿਆਂ ਨਾਲ ਪੀੜਤ ਪਰਵਾਰਾਂ ਲਈ ਮੁਫਤ ਇਲਾਜ, ਮੌਤ ਦੇ ਇਵਜਾਨੇ, ਪਰਵਾਰ ਦੇ ਇਕ ਜੀਅ ਨੂੰ ਪੱਕੀ ਨੌਕਰੀ ਅਤੇ ਪੈਨਸ਼ਨ ਲਾਗੂ ਕੀਤੀ ਜਾਵੇ। ਹਰ ਇਕ ਮੁਲਾਜਮ ਲਈ ਓਵਰ ਟਾਇਮ, ਪੈਟਰੋਲ ਭੱਤਾ ਅਤੇ ਬਰਾਬਰ ਛੁੱਟੀਆਂ ਦਾ ਨਿਯਮ ਲਾਗੂ ਕੀਤਾ ਜਾਵੇ।

# ਸਰਕਾਰੀ ਸਕੂਲ ਬਾਗਪੁਰ-ਸਤੌਰ ਵਿਖੇ ਮਨਾਇਆ ਕੌਮੀ ਬਾਲ ਦਿਵਸ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਗਪੁਰ-ਸਤੌਰ ਵਿਖੇ ਕੌਮੀ ਬਾਲ ਦਿਵਸ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਸੰਤੋਸ਼ ਕੁਮਾਰੀ ਨੇ ਬੱਚਿਆਂ ਨੂੰ ਬਾਲ ਦਿਵਸ ਦੀ ਵਧਾਈ ਦਿੰਦੇ ਹੋਏ ਬਾਲ ਦਿਵਸ ਦੀ ਮਹੱਤਤਾ ਬਾਰੇ ਦੱਸਿਆ। ਇਸ ਮੌਕੇ ਸੁੰਦਰ ਲਿਖਾਈ ਦੇ ਮੁਕਾਬਲੇ, ਭਾਸ਼ਣ ਮੁਕਾਬਲੇ, ਕਵਿਤਾ ਉਚਾਰਣ ਮੁਕਾਬਲੇ, ਕੈਲੀਗਰਾਫੀ ਮੁਕਾਬਲੇ, ਪੰਜਾਬੀ ਦੇ ਸਾਹਿਤ ਸਭਿਆਚਾਰ ਜਾਣਕਾਰੀ ਦੇ ਮੁਕਾਬਲੇ ਲੇਖ ਪੰਜਾਬੀ ਦੇ ਅਲੋਪ ਹੋ ਰਹੇ ਸ਼ਬਦਾਂ ਦੇ ਮੁਕਾਬਲੇ, ਅਖਾਣਾਂ ਦੇ ਅਰਥ ਦੱਸਣ ਦੇ ਮੁਕਾਬਲੇ ਕਰਵਾਏ ਗਏ। ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਇਸ ਮੌਕੇ ਸਕੂਲ ਮੈਗਜੀਨ ਸਮੇਂ ਦੇ ਹਾਣੀ ਰਿਲੀਜ ਕੀਤਾ ਗਿਆ। ਇਸ ਮੌਕੇ ਬੱਚਿਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਦਲਜੀਤ ਕੌਰ ਨੇ ਬਾਖੂਬੀ ਨਿਭਾਈ। ਇਸ ਮੌਕੇ ਪ੍ਰਿਤਪਾਲ ਸਿੰਘ, ਪਰਮਜੀਤ, ਜਸਵਿੰਦਰ ਸਿੰਘ ਸਹੋਤਾ, ਜਗਤਾਰ ਸਿੰਘ, ਸੰਦੀਪ ਕੁਮਾਰ, ਬਲਵਿੰਦਰ ਸਿੰਘ, ਮਨਿੰਦਰ ਸਿੰਘ, ਹਰੀਸ਼ ਭੱਟੀ, ਵਰਿੰਦਰ ਸਿੰਘ, ਸੁਖਵਿੰਦਰ ਸਿੰਘ, ਰਣਵੀਰ ਸਿੰਘ, ਹਰਜਿੰਦਰ ਸਿੰਘ, ਹਰਮਿੰਦਰ ਪਾਲ, ਰਵਿੰਦਰ ਸਿੰਘ, ਜੋਗਿੰਦਰ ਸਿੰਘ, ਲਵ ਕੁਮਾਰ, ਰਣਜੀਤ ਸਿੰਘ, ਸੀਮਾ ਰਾਣੀ, ਰਾਜ ਰਾਣੀ, ਗੁਰਦੀਪ ਕੌਰ, ਰੀਟਾ ਰਾਣੀ, ਅਮਰਜੀਤ ਕੌਰ, ਸਰਬਜੀਤ ਕੌਰ, ਕੁਲਵਿੰਦਰ ਕੌਰ, ਗੁਰਪ੍ਰੀਤ ਕੌਰ, ਮੀਨਾ ਕੁਮਾਰੀ, ਰਾਜੇਸ਼ ਕੁਮਾਰੀ, ਮੀਨਾ ਰਾਣੀ, ਪੂਜਾ ਰਾਣੀ, ਅਮਨਦੀਪ ਕੌਰ ਆਦਿ ਸਮੇਤ ਸਮੂਹ ਵਿਦਿਆਰਥੀ, ਮਾਪੇ ਅਤੇ ਇਲਾਕੇ ਦੇ ਪਤਵੰਤੇ ਹਾਜਰ ਸਨ।

# ਵਾਰਸ ਸ਼ਾਹ ਦੇ 300 ਸਾਲਾ ਜਨਮ ਦਿਨ ਨੂੰ ਸਮਰਪਤ ਰਾਜ ਪੱਧਰੀ ਸਮਾਗਮ 'ਹੀਰ ਗਾਇਨ' ਕਰਵਾਇਆ



**ਐਸ ਏ ਐਸ ਨਗਰ (ਗੁਰਜੀਤ ਬਿੱਲਾ)** ਭਾਸ਼ਾ ਵਿਭਾਗ, ਪੰਜਾਬ ਦੇ ਦਫ਼ਤਰ ਜ਼ਿਲ੍ਹਾ ਭਾਸ਼ਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵੱਲੋਂ ਉਚੇਰੀ ਸਿੱਖਿਆ, ਖੇਡਾਂ ਅਤੇ ਭਾਸ਼ਾਵਾਂ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਦੀ ਰਹਿਨੁਮਾਈ ਅਤੇ ਪ੍ਰਮੁੱਖ ਸਕੱਤਰ ਜਸਪ੍ਰੀਤ ਤਲਵਾੜ (ਆਈ.ਏ.ਐਸ) ਦੀ ਅਗਵਾਈ ਹੇਠ ਵਾਰਸ ਸ਼ਾਹ ਦੀ ਤੀਸਰੀ ਜਨਮ ਸ਼ਤਾਬਦੀ ਨੂੰ ਸਮਰਪਿਤ ਰਾਜ ਪੱਧਰੀ 'ਹੀਰ ਗਾਇਨ' ਸਮਾਗਮ ਸ਼ਿਵਾਲਿਕ ਸਕੂਲ, ਫੇਜ਼-6, ਮੋਹਾਲੀ ਵਿਖੇ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਸ਼੍ਰੋਮਣੀ ਆਲੋਚਕ ਡਾ. ਸੁਖਦੇਵ ਸਿੰਘ ਸਿਰਸਾ ਵੱਲੋਂ ਕੀਤੀ ਗਈ। ਇਸ ਤੋਂ ਇਲਾਵਾ ਵੱਖ-ਵੱਖ ਕਲਾਕਾਰਾਂ ਵੱਲੋਂ ਹੀਰ ਗਾਇਨ ਕੀਤਾ ਗਿਆ। ਇਸ ਸਬੰਧ ਵਿੱਚ ਮੋਹਾਲੀ, ਚੰਡੀਗੜ੍ਹ ਦੀਆਂ ਸਮੂਹ ਸਾਹਿਤ ਸਭਾਵਾਂ, ਲੇਖਕਾਂ ਤੇ ਪਾਠਕਾਂ ਤੋਂ ਇਲਾਵਾ ਬਾਕੀ ਜ਼ਿਲ੍ਹਿਆਂ ਦੇ ਸਾਹਿਤ ਰਸੀਆਂ ਵੱਲੋਂ ਵੀ ਭਰਵੀਂ ਸ਼ਮੂਲੀਅਤ ਕੀਤੀ ਗਈ। ਸਮਾਗਮ ਦੀ ਸ਼ੁਰੂਆਤ ਡਾ. ਸੁਖਦੇਵ ਸਿੰਘ ਸਿਰਸਾ ਡਾ. ਵੀਰਪਾਲ ਕੌਰ ਅਤੇ ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਸ਼ਮ੍ਹਾ ਰੌਸ਼ਨ ਕਰਨ ਉਪਰੰਤ ਭਾਸ਼ਾ ਵਿਭਾਗ ਪੰਜਾਬ ਦੀ ਵਿਭਾਗੀ ਧੁਨੀ 'ਧਨੁ ਲਿਖਾਰੀ ਨਾਨਕਾ' ਨਾਲ ਕੀਤੀ ਗਈ। ਡਾ. ਵੀਰਪਾਲ ਕੌਰ ਜੁਆਇੰਟ ਡਾਇਰੈਕਟਰ, ਭਾਸ਼ਾ ਵਿਭਾਗ ਪੰਜਾਬ ਵੱਲੋਂ ਸ਼ਿਰਕਤ ਕਰਨ ਲਈ ਪਹੁੰਚੇ ਮਹਿਮਾਨਾਂ ਅਤੇ ਸ੍ਰੋਤਿਆਂ ਨੂੰ 'ਜੀ ਆਇਆਂ ਨੂੰ' ਕਹਿੰਦਿਆਂ ਕਿਹਾ ਗਿਆ ਕਿ ਵਾਰਸ ਦੀ ਹੀਰ ਪੰਜਾਬੀ ਭਾਸ਼ਾ ਦਾ ਮਾਡਲ ਹੈ। ਡਾ. ਸੁਖਦੇਵ ਸਿੰਘ ਸਿਰਸਾ ਵੱਲੋਂ ਪ੍ਰਧਾਨਗੀ ਭਾਸ਼ਣ ਦੌਰਾਨ ਭਾਸ਼ਾ ਵਿਭਾਗ ਮੋਹਾਲੀ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਅੱਜ ਇਸ ਮੰਚ 'ਤੇ ਇਕੋ ਹੀਰ ਦੇ ਵੱਖ-ਵੱਖ ਰੰਗ ਵੇਖਣ ਨੂੰ ਮਿਲੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਵਾਰਸ ਸ਼ਾਹ ਨੇ ਹੀਰ ਦੇ ਕਿੱਸੇ ਰਾਹੀਂ ਸਿਰਫ਼ ਹੀਰ-ਰਾਂਝੇ ਦੀ ਪ੍ਰੇਮ ਕਹਾਣੀ ਨਹੀਂ ਬਲਕਿ ਪੰਜਾਬ ਦੇ ਸਮੁੱਚੇ ਹਾਲਾਤ ਦਾ ਨਕਸ਼ਾ ਉਲੀਕਿਆ ਹੈ। ਇਸ ਮੌਕੇ ਜ਼ਿਲ੍ਹਾ ਭਾਸ਼ਾ ਦਫ਼ਤਰ ਮੋਹਾਲੀ ਦੀ ਵੱਲੋਂ ਆਪਣੀ ਵਿਸਥਾਰਤ ਕਾਰਗੁਜ਼ਾਰੀ ਨੂੰ ਦਰਸਾਉਂਦਾ ਕਿਤਾਬਚਾ 'ਪੈੜ' ਵੀ ਜਾਰੀ ਕੀਤਾ ਗਿਆ। ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਦਵਿੰਦਰ ਸਿੰਘ ਬੋਹਾ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਵਾਰਸ ਦੀ ਹੀਰ ਤਤਕਾਲੀਨ ਸਮਾਜ ਦੀ ਸਮਾਜਿਕ ਅਤੇ ਸਭਿਆਚਾਰਕ ਤਸਵੀਰਕਸ਼ੀ ਕਰਦੀ ਹੈ। ਹੀਰ ਦਾ ਕਲਾਮ ਪੇਸ਼ ਕਰਨ ਵਾਲੇ ਕਲਾਕਾਰਾਂ ਅਤੇ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਖੋਜ ਅਫ਼ਸਰ ਦਰਸ਼ਨ ਕੌਰ ਵੱਲੋਂ ਜ਼ਿਲ੍ਹਾ ਭਾਸ਼ਾ ਦਫ਼ਤਰ ਮੋਹਾਲੀ ਦੀਆਂ ਸਾਲ ਭਰ ਦੀਆਂ ਸਰਗਰਮੀਆਂ ਅਤੇ ਪ੍ਰਾਪਤੀਆਂ ਸੰਬੰਧੀ ਸਲਾਨਾ ਰਿਪੋਰਟ ਪੜ੍ਹੀ ਗਈ। ਵੱਖ-ਵੱਖ ਸੁਰੀਲੇ ਕਲਾਕਾਰਾਂ ਨੇ ਹੀਰ ਗਾਇਨ ਦੀਆਂ ਪੇਸ਼ਕਾਰੀਆਂ ਨਾਲ ਮਾਹੌਲ ਨੂੰ ਖ਼ੁਸ਼ਨੁਮਾ ਬਣਾਇਆ ਜਿਨ੍ਹਾਂ ਵਿਚ ਦੇਸ ਰਾਜ ਛਾਜਲੀ ਅਤੇ ਟੀਮ, ਜੁਗਰਾਜ ਧੌਲਾ ਅਤੇ ਟੀਮ, ਭੁਪਿੰਦਰ ਸਿੰਘ ਉੱਡਤ ਅਤੇ ਟੀਮ, ਪ੍ਰਗਟ ਸਿੰਘ ਅਤੇ ਟੀਮ, ਸੁਹੇਲ ਲਾਲੜੂ ਅਤੇ ਟੀਮ, ਬਲਵਿੰਦਰ ਸਿੰਘ ਢਿੱਲੋਂ, ਦਵਿੰਦਰ ਕੌਰ ਢਿੱਲੋਂ, ਪ੍ਰਿ. ਹਰਦਿਆਲ ਸਿੰਘ, ਅਨਮੋਲ ਰੁਪੋਵਾਲੀ, ਸਤਵਿੰਦਰ ਧੜਾਕ, ਗੀਨਾ ਦੇਵੀ ਮੋਹਾਲੀ, ਇਬਾਦਤ ਅਤੇ ਅਨੀਸ਼ਾ ਪਾਂਡੇ ਸ਼ਾਮਲ ਸਨ। ਸਾਰੇ ਹੀ ਕਲਾਕਾਰਾਂ ਨੇ ਆਪਣੇ ਫ਼ਨ ਦਾ ਮੁਜਾਹਰਾ ਕਰਦਿਆਂ ਸਮਾਂ ਬੰਨ੍ਹ ਦਿੱਤਾ ਅਤੇ ਸ੍ਰੋਤਿਆਂ ਨੂੰ ਝੂਮਣ ਲਾ ਦਿੱਤਾ। ਮੰਚ ਸੰਚਾਲਨ ਸਤਨਾਮ ਪੰਜਾਬੀ ਵੱਲੋਂ ਕੀਤਾ ਗਿਆ। ਇਨ੍ਹਾਂ ਤੋਂ ਇਲਾਵਾ ਸਮਾਗਮ ਵਿੱਚ ਡਾ. ਲਾਭ ਸਿੰਘ ਖੀਵਾ, ਜਸਪਾਲ ਮਾਨਖੇੜਾ, ਮਨਜੀਤ ਇੰਦਰਾ, ਅਨੀਤਾ ਸ਼ਬਦੀਸ਼, ਡਾ. ਸ਼ਿੰਦਰਪਾਲ ਸਿੰਘ, ਸੰਜੀਵਨ ਸਿੰਘ, ਬਲਜਿੰਦਰ ਸਿੰਘ (ਜਿ.ਸਿ.ਅ.) ਸ਼੍ਰੀਮਤੀ ਕੰਚਨ ਸ਼ਰਮਾ, ਸ਼੍ਰੀਮਤੀ ਸੁਰਜੀਤ ਕੌਰ, ਡਾ. ਸਤਨਾਮ ਸਿੰਘ, ਡਾ. ਪਰਵੀਨ ਕੁਮਾਰ, ਮਨਦੀਪ ਸਿੰਘ, ਤਜਿੰਦਰ ਕੌਰ, ਬਲਕਾਰ ਸਿੰਘ ਸਿੱਧੂ, ਗੁਰਨਾਮ ਕੰਵਰ, ਜਗਦੀਪ ਸਿੰਘ ਸਿੱਧੂ, ਪ੍ਰਵੀਨ ਸੰਧੂ, ਭੋਲਾ ਕਲਹਿਰੀ, ਜਗਰੂਪ ਝੁਨੀਰ, ਕੁਲਵੰਤ ਸਿੰਘ ਬੁੱਢਲਾਡਾ, ਡਾ. ਗੁਰਦਰਪਾਲ ਸਿੰਘ, ਗੁਰਦਰਸ਼ਨ ਮਾਵੀ, ਪਰਸਰਾਮ ਬੱਧਣ, ਬਾਬੂ ਰਾਮ ਦੀਵਾਨਾ, ਮਨਜੀਤ ਮੀਤ, ਭਗਤ ਰਾਮ ਰੰਗਾੜਾ, ਗੁਰਪ੍ਰੀਤ ਸਿੰਘ ਨਿਆਮੀਆਂ, ਕੇਵਲ ਰਾਣਾ, ਆਰ.ਕੇ ਭਗਤ, ਰਣਜੋਧ ਸਿੰਘ, ਸੁਰਜੀਤ ਸੁਮਨ, ਸਰਦਾਰਾ ਸਿੰਘ ਚੀਮਾ, ਸੁਨੀਲਮ ਮੰਡ, ਸੁਧਾ ਜੈਨ, ਡਾ. ਬਲਜੀਤ ਕੌਰ, ਪਾਲ ਅਜਨਬੀ, ਮਨਦੀਪ ਸਿੰਘ, ਡਾ. ਸੁਰਿੰਦਰ ਕੌਰ, ਮਲਕੀਅਤ ਬਸਰਾ,ਨਵਦੀਪ ਗਿੱਲ, ਪ੍ਰੋ. ਜਸਪਾਲ ਸਿੰਘ, ਪ੍ਰੋ. ਦਿਲਬਾਗ ਸਿੰਘ, ਪ੍ਰੀਤਮ ਕੁਮਾਰ, ਪਵਨ ਕੁਮਾਰ, ਡਾ. ਸੰਤੋਖ ਸਿੰਘ ਸੁੱਖੀ, ਸਤਪਾਲ ਸਿੰਘ, ਮਨਜਿੰਦਰ ਸਿੰਘ, ਸ਼ਾਇਰ ਭੱਟੀ, ਪ੍ਰੋ. ਸੁਨੀਤਾ ਰਾਣੀ, ਜਤਿੰਦਰਪਾਲ ਸਿੰਘ, ਮਨਜੀਤ ਸਿੰਘ ਅਤੇ ਸਾਹਿਤ ਜਗਤ ਦੀਆਂ ਹੋਰ ਉੱਘੀਆਂ ਸ਼ਖਸੀਅਤਾਂ ਹਾਜ਼ਰ ਸਨ। ਇਸ ਸਮਾਗਮ ਵਿੱਚ ਸਾਹਿਤਕ, ਸੱਭਿਆਚਾਰਕ ਅਤੇ ਅੱਖਰਕਾਰੀ ਪ੍ਰਦਰਸ਼ਨੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਬਣੀਆਂ ਰਹੀਆਂ।

# ਆਰਮੀ, ਨੇਵੀ ਤੇ ਏਅਰ ਫੋਰਸ 'ਚ ਭਰਤੀ ਹੋਣ ਦੇ ਚਾਹਵਾਨ ਰੱਖਿਆ ਸੇਵਾਵਾਂ ਭਲਾਈ ਦਫ਼ਤਰ 'ਚ ਕਰ ਸਕਦੇ ਹਨ ਪਹੁੰਚ

**ਜਲੰਧਰ (ਸੁਰਿੰਦਰ ਕੁਮਾਰ)**- ਰੱਖਿਆ ਸੇਵਾਵਾਂ ਭਲਾਈ ਦਫ਼ਤਰ ਵਿਖੇ ਆਰਮੀ, ਨੇਵੀ ਅਤੇ ਏਅਰ ਫੋਰਸ ਵਿੱਚ ਭਰਤੀ ਲਈ ਸੈਨਿਕਾਂ, ਅਰਧ ਸੈਨਿਕ ਅਤੇ ਪੁਲਿਸ ਬਲਾਂ ਦੀ ਭਰਤੀ ਦੀ ਤਿਆਰ ਲਈ ਯੋਗ ਉਮੀਦਵਾਰਾਂ ਲਈ ਪ੍ਰੀ-ਰਿਕਰੂਟਮੈਂਟ ਟ੍ਰੇਨਿੰਗ ਦਾ ਕੇਡਰ 6 ਨਵੰਬਰ ਤੋਂ ਜਾਰੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਦੇ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਆਰਮੀ, ਨੇਵੀ ਅਤੇ ਏਅਰ ਫੋਰਸ ਵਿੱਚ ਭਰਤੀ ਲਈ ਟ੍ਰੇਨਿੰਗ ਲੈਣ ਦੇ ਚਾਹਵਾਨ ਪੁਰਸ ਉਮੀਦਵਾਰ ਆਪਣੀ ਮੁੱਢਲੀ ਜਾਂਚ ਪੜਤਾਲ ਅਤੇ ਸਕਰੀਨਿੰਗ ਲਈ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ, ਸ਼ਾਸ਼ਤਰੀ ਮਾਰਕਿਟ ਜਲੰਧਰ ਵਿੱਚ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਚਾਹਵਾਨ ਉਮੀਦਵਾਰ ਲੋੜੀਂਦੇ ਦਸਤਾਵੇਜਾਂ ਦੀ ਅਸਲ ਅਤੇ ਫੋਟੋ ਕਾਪੀ ਨਾਲ ਲੈ ਕੇ ਆਉਣ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਪੰਜਾਬ ਸਰਕਾਰ ਵਲੋਂ ਜਾਰੀ ਕੋਵਿਡ-19 ਦੀਆਂ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਅੱਗੇ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਮੋਬਾਇਲ ਨੰਬਰ 73409-82774 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# 57ਵੀਆਂ ਪੰਜਾਬ ਪੁਲਸ ਖੇਡਾਂ ਅਤੇ ਅਥਲੈਟਿਕ ਮੀਟ ਸੰਪੰਨ, ਡੀ.ਜੀ.ਪੀ. ਗੌਰਵ ਯਾਦਵ ਵਲੋਂ ਜੇਤੂਆਂ ਦਾ ਸਨਮਾਨ



**ਜਲੰਧਰ, ( ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** 57ਵੀਆਂ ਪੰਜਾਬ ਪੁਲਸ ਖੇਡਾਂ ਅਤੇ ਐਥਲੈਟਿਕ ਮੀਟ ਸਥਾਨਕ ਪੀ.ਏ.ਪੀ.ਗਰਾਊਂਡ ਵਿੱਚ ਸੰਪਨ ਹੋਈ,ਜਿਥੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ ਨੇ ਜੇਤੂ ਟੀਮਾਂ ਅਤੇ ਖਿਡਾਰੀਆਂ ਦਾ ਸਨਮਾਨ ਕਰਦਿਆਂ ਪੰਜਾਬ ਪੁਲਸ ਦੀਆਂ ਖੇਡਾਂ ਦੇ ਖੇਤਰ ਵਿੱਚ ਲਾਮਿਸਾਲ ਪ੍ਰਾਪਤੀਆਂ ਨੂੰ ਹੋਰ ਬੁਲੰਦੀਆਂ 'ਤੇ ਲਿਜਾਣ ਦਾ ਸੱਦਾ ਦਿੱਤਾ। ਖੇਡ ਮੁਕਾਬਲਿਆਂ ਦੇ ਪ੍ਰਬੰਧਕਾਂ ਨੂੰ ਸਫ਼ਲ ਇੰਤਜ਼ਾਮਾਂ ਅਤੇ ਖੇਡ ਭਾਵਨਾ ਨਾਲ ਮੁਕਾਬਲੇ ਕਰਵਾਉਣ ਲਈ ਵਧਾਈ ਦਿੰਦਿਆਂ ਡੀ.ਜੀ.ਪੀ. ਗੌਰਵ ਯਾਦਵ ਨੇ ਕਿਹਾ ਕਿ ਵੱਖ-ਵੱਖ ਰੇਂਜਾ ਤੋਂ ਆਏ ਖਿਡਾਰੀਆਂ, ਟੀਮ ਮੈਨੇਜਰਾਂ ਅਤੇ ਹੋਰਨਾਂ ਭਾਗੀਦਾਰਾਂ ਨੇ ਅਨੁਸ਼ਾਸਨ ਦੀ ਮਿਸਾਲ ਦਿੰਦਿਆਂ ਸ਼ਲਾਘਾਯੋਗ ਯੋਗਦਾਨ ਪਾਇਆ ਹੈ। ਉਨ੍ਹਾਂ ਨੇ ਖਿਡਾਰੀਆਂ ਅਤੇ ਕੋਚਾਂ ਨੂੰ ਸੱਦਾ ਦਿੱਤਾ ਕਿ ਖੇਡਾਂ ਦੇ ਖੇਤਰ ਵਿੱਚ ਪੰਜਾਬ ਪੁਲਸ ਵਲੋਂ ਸਥਾਪਿਤ ਕੀਤੀ ਸ਼ਾਨਦਾਰ ਵਿਰਾਸਤ ਨੂੰ ਅੱਗੇ ਤੋਰਦਿਆਂ ਦੇਸ਼ਾਂ-ਵਿਦੇਸ਼ਾਂ ਅੰਦਰ ਵੱਖ-ਵੱਖ ਮੁਕਾਬਲਿਆਂ ਵਿੱਚ ਜਿੱਤ ਦਾ ਝੰਡਾ ਲਹਿਰਾਇਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਖਿਡਾਰੀਆਂ ਦੇ ਸਮੁੱਚੇ ਵਿਕਾਸ ਅਤੇ ਵਿਸ਼ਵ ਪੱਧਰੀ ਬੁਨਿਆਦੀ ਢਾਂਚੇ ਦੀ ਉਪਲਬੱਧਤਾ ਲਈ ਹਮੇਸ਼ਾਂ ਤੱਤਪਰ ਰਹੀ ਹੈ ਜਿਸ ਦੇ ਸਿੱਟੇ ਵਜੋਂ ਪੰਜਾਬ ਪੁਲਿਸ ਨੇ ਦੇਸ਼ ਦੀ ਝੋਲੀ ਵਿੱਚ ਕਈ ਨਾਮੀ ਖਿਡਾਰੀ ਪਾਏ ਹਨ। ਡੀ.ਜੀ.ਪੀ. ਗੌਰਵ ਯਾਦਵ ਦੀ ਮੌਜੂਦਗੀ ਵਿੱਚ ਪੰਜਾਬ ਪੁਲਸ ਦੇ ਐਥਲੀਟਾਂ ਦੇ 100 ਮੀਟਰ, 4100 ਰਿਲੇਅ (ਲੜਕੇ ਅਤੇ ਲੜਕੀਆਂ) ਅਤੇ ਰੱਸਾ ਕੱਸੀ ਦੇ ਮੁਕਾਬਲੇ ਵੀ ਕਰਵਾਏ ਗਏ। ਏ.ਡੀ.ਜੀ.ਪੀ. ਸਟੇਟ ਆਰਮਡ ਪੁਲਿਸ ਐਮ.ਐਫ.ਫ਼ਾਰੂਕੀ ਨੇ ਡੀ.ਜੀ.ਪੀ. ਗੌਰਵ ਯਾਦਵ ਦਾ ਧੰਨਵਾਦ ਕਰਦਿਆਂ ਖਿਡਾਰੀਆਂ ਅਤੇ ਪ੍ਰਬੰਧਕਾਂ ਨੂੰ ਸਫ਼ਲ ਸੰਪੰਨਤਾ 'ਤੇ ਵਧਾਈ ਦਿੱਤੀ। ਸਾਬਕਾ ਡੀ.ਜੀ.ਪੀ. ਮਹਿਲ ਸਿੰਘ ਭੁੱਲਰ, ਸਾਬਕਾ ਡੀ.ਜੀ.ਪੀ. ਰਾਜਨ ਗੁਪਤਾ ਅਤੇ ਸੇਵਾ ਮੁਕਤ ਆਈ.ਪੀ.ਐਸ. ਕਰਤਾਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਪੁਲਸ ਡੀ.ਏ.ਵੀ.ਸਕੂਲ ਦੇ ਵਿਦਿਆਰਥੀਆਂ ਵਲੋਂ ਲੋਕ ਨਾਚ ਭੰਗੜਾ ਪੇਸ਼ ਕੀਤਾ ਗਿਆ। ਇਸ ਮੌਕੇ ਡੀ.ਆਈ.ਜੀ. ਇੰਦਰਬੀਰ ਸਿੰਘ, ਕਮਾਂਡੈਂਟ ਹਰਮਨਬੀਰ ਸਿੰਘ ਗਿੱਲ, ਕਮਾਂਡੈਂਟ ਨਵਜੋਤ ਸਿੰਘ ਮਾਹਲ, ਏ.ਆਈ.ਜੀ.ਪਰਮਪਾਲ ਸਿੰਘ, ਏ.ਆਈ.ਜੀ.ਨਰੇਸ਼ ਡੋਗਰਾ, ਕਮਾਂਡੈਂਟ ਮਨਜੀਤ ਸਿੰਘ, ਕਮਾਂਡੈਂਟ ਰਣਬੀਰ ਸਿੰਘ, ਕਮਾਂਡੈਂਟ ਆਰ.ਟੀ.ਸੀ., ਮਨਦੀਪ ਸਿੰਘ, ਸਪੋਰਟਸ ਸਕੱਤਰ ਬਹਾਦਰ ਸਿੰਘ, ਕਮਾਂਡੈਂਟ ਬਲਜੀਤ ਸਿੰਘ ਢਿੱਲੋਂ, ਏ.ਆਈ.ਜੀ. ਸੀਆਈਡੀ ਦਲਜਿੰਦਰ ਸਿੰਘ ਢਿੱਲੋਂ, ਏ.ਡੀ.ਸੀ.ਪੀ. ਜਗਜੀਤ ਸਿੰਘ ਸਰੋਆ ਵੀ ਮੌਜੂਦ ਸਨ। ਇਨ੍ਹਾਂ ਖੇਡਾਂ ਦੌਰਾਨ 29 ਮੈਡਲ ਜਿੱਤਦਿਆਂ ਆਰਮਡ ਰੇਂਜ ਸਰਵੋਤਮ ਰਹੀ। ਇਸੇ ਤਰ੍ਹਾਂ ਜਲੰਧਰ ਰੇਂਜ ਨੇ 21 ਮੈਡਲ, ਲੁਧਿਆਣਾ ਰੇਂਜ ਨੇ 18, ਬਠਿੰਡਾ ਰੇਂਜ ਨੇ 10, ਪਟਿਆਲਾ ਰੇਂਜ ਨੇ 10, ਬਾਰਡਰ ਰੇਂਜ ਨੇ 6, ਰੂਪਨਗਰ ਰੇਂਜ ਨੇ 5, ਫਿਰੋਜ਼ਪੁਰ ਰੇਂਜ ਨੇ 4 ਅਤੇ ਫਰੀਦਕੋਟ ਤੇ ਕੰਬਾਈਂਡ ਰੇਂਜਾਂ ਨੇ 3-3 ਮੈਡਲ ਹਾਸਿਲ ਕੀਤੇ। ਪੁਰਸ਼ ਦੇ ਮੁਕਾਬਲਿਆਂ ਵਿੱਚ ਬਠਿੰਡਾ ਰੇਂਜ ਦੇ ਕਾਂਸਟੇਬਲ ਜਗਤਾਰ ਸਿੰਘ ਨੂੰ ਬੈਸਟ ਐਥਲੀਟ ਅਤੇ ਮਹਿਲਾਵਾਂ ਵਿੱਚ ਫ਼ਰੀਦਕੋਟ ਰੇਂਜ ਦੀ ਕਾਂਸਟੇਬਲ ਮਨਪ੍ਰੀਤ ਕੌਰ ਨੂੰ ਬੈਸਟ ਐਥਲੀਟ ਐਲਾਨਿਆ ਗਿਆ। ਮਹਿਲਾਵਾਂ ਦੀ 100 ਮੀਟਰ ਦੌੜ ਵਿੱਚ ਲੁਧਿਆਣਾ ਰੇਂਜ ਦੀ ਹੈਡ ਕਾਂਸਟੇਬਲ ਨੈਨੀ ਬਾਲਾ ਪਹਿਲੇ, ਬਠਿੰਡਾ ਰੇਂਜ ਦੀ ਹੈਡਕਾਂਸਟੇਬਲ ਬੀਰਪਾਲ ਕੌਰ ਦੂਜੇ ਅਤੇ ਲੁਧਿਆਣਾ ਰੇਂਜ ਦੀ ਹੈਡ ਕਾਂਸਟੇਬਲ ਰਮਨਦੀਪ ਕੌਰ ਤੀਜੇ ਸਥਾਨ 'ਤੇ ਰਹੀ। ਪੁਰਸ਼ਾਂ ਦੀ 100 ਮੀਟਰ ਦੌੜ ਵਿੱਚ ਆਰਮਡ ਰੇਂਜ ਦੇ ਕਾਂਸਟੇਬਲ ਹਰਮਨਪ੍ਰੀਤ ਸਿੰਘ ਪਹਿਲੇ, ਰੂਪਨਗਰ ਰੇਂਜ ਦੇ ਹੈਡ ਕਾਂਸਟੇਬਲ ਨਰਿੰਦਰ ਸਿੰਘ ਦੂਜੇ ਅਤੇ ਪਟਿਆਲਾ ਰੇਂਜ ਦੇ ਹੈਡ ਕਾਂਸਟੇਬਲ ਅਕਾਸ਼ਦੀਪ ਸਿੰਘ ਤੀਜੇ ਸਥਾਨ 'ਤੇ ਰਹੇ। ਪੁਰਸ਼ਾਂ ਦੀ 400 ਮੀਟਰ ਰੀਲੇਅ ਵਿੱਚ ਆਰਮਡ ਰੇਂਜ ਪਹਿਲੇ, ਪਟਿਆਲਾ ਰੇਂਜ ਦੂਜੇ ਅਤੇ ਲੁਧਿਆਣਾ ਰੇਂਜ ਤੀਜੇ ਸਥਾਨ 'ਤੇ ਰਹੀ। ਰੱਸਾ-ਕਸ਼ੀ ਵਿੱਚ ਪਟਿਆਲਾ ਰੇਂਜ ਜੇਤੂ ਰਹੀ। ਵਾਲੀਬਾਲ ਦੇ ਫਾਈਨਲ ਮੁਕਾਬਲੇ ਵਿੱਚ ਆਰਮਡ ਰੇਂਜ ਨੇ ਬਾਰਡਰ ਰੇਂਜ ਨੂੰ ਹਰਾਇਆ। ਬਾਸਕਟ ਬਾਲ ਵਿੱਚ ਆਰਮਡ ਰੇਂਜ ਨੇ ਕੰਬਾਈਂਡ ਰੇਂਜ ਨੂੰ ਹਰਾਇਆ। ਫੁੱਟਬਾਲ ਵਿੱਚ ਵੀ ਆਰਮਡ ਰੇਂਜ ਜੇਤੂ ਰਹੀ।

# ਖੇਡਾਂ ਵਿਦਿਆਰਥੀਆਂ ਦੇ ਜੀਵਨ 'ਚ ਅਨੁਸ਼ਾਸਨ ਦੀ ਭਾਵਨਾ ਪੈਦਾ ਕਰਦੀਆਂ-ਬੈਂਸ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ )**-ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਜਲ ਸਰੋਤ, ਖਾਣਾਂ ਅਤੇ ਭੂ-ਵਿਗਿਆਨ, ਜੇਲਾਂ ਅਤੇ ਸਕੂਲ ਸਿੱਖਿਆ ਵਿਭਾਗ ਪੰਜਾਬ ਨੇ ਕਿਹਾ ਹੈ ਕਿ ਵਿਦਿਆਰਥੀਆਂ ਨੂੰ ਸਿੱਖਿਆ ਸੰਸਥਾਵਾਂ ਵਿਚ ਵਿੱਦਿਆ ਦੇ ਨਾਲ ਨਾਲ ਖੇਡਾਂ ਤੇ ਹੋਰ ਗਤੀਵਿਧੀਆਂ ਵਿਚ ਵੀ ਵੱਧ ਚੜ੍ਹ ਕੇ ਭਾਗ ਲੈਣਾ ਚਾਹੀਦਾ ਹੈ। ਖੇਡਾਂ ਵਿਦਿਆਰਥੀਆਂ ਵਿਚ ਅਨੁਸ਼ਾਸ਼ਨ ਦੀ ਭਾਵਨਾ ਪੈਦਾ ਕਰਦੀਆਂ ਹਨ। ਸਾਡੇ ਸੂਬੇ ਦੇ ਖਿਡਾਰੀਆਂ ਨੇ ਸੰਸਾਰ ਭਰ ਵਿਚ ਵੱਡੇ ਮੁਕਾਮ ਹਾਸਲ ਕੀਤੇ ਹਨ ਅਤੇ ਪੰਜਾਬ ਦਾ ਨਾਂਅ ਰੋਸ਼ਨ ਕੀਤਾ ਹੈ। ਸਿੱਖਿਆ ਮੰਤਰੀ ਹਰਜੋਤ ਬੈਂਸ ਵੱਲੋ ਸ੍ਰੀ ਦਸਮੇਸ਼ ਮਾਰਸ਼ਲ ਅਕੈਡਮੀ ਵਿਖੇ ਤਿੰਨ ਰੋਜ਼ਾ ਜਿਲ੍ਹਾ ਪ੍ਰਾਇਮਰੀ ਸਕੂਲ ਖੇਡਾ ਦੀ ਸ਼ਾਨੋ ਸ਼ੌਕਤ ਨਾਲ ਸੁਰੂਆਤ ਕੀਤੀ ਗਈ। ਇਸ ਮੌਕੇ ਆਪਣੇ ਸੰਬੋਧਨ ਵਿਚ ਉਨ੍ਹਾਂ ਕਿਹਾ ਕਿ ਖੇਡਾਂ ਹੀ ਤੰਦਰੁਸਤ ਸਮਾਜ ਦੀ ਸਿਰਜਣਾ ਕਰ ਸਕਦੀਆਂ ਹਨ। ਇਸ ਲਈ ਅਜਿਹੇ ਖੇਡ ਮੁਕਾਬਲੇ ਕਰਵਾਉਣੇ ਬਹੁਤ ਜਰੂਰੀ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਯਤਨ ਕਰ ਰਹੀ ਹੈ। ਇਨ੍ਹਾਂ ਖੇਡ ਮੁਕਾਬਲਿਆ ਨਾਲ ਨਵੀ ਪਨੀਰੀ ਨੂੰ ਨਸ਼ਿਆ ਤੋ ਦੂਰ ਕਰ ਸਕਦੇ ਹਾਂ। ਉਨ੍ਹਾਂ ਖੇਡਾਂ ਮੌਕੇ ਪਹੁੰਚੇ ਜਿਲ੍ਹੇ ਦੇ ਸਮੂਹ ਅਧਿਆਪਕਾ ਤੇ ਖਿਡਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਕਰਵਾਉਣ ਨਾਲ ਵਿਦਿਆਰਥੀਆਂ ਵਿਚ ਖੇਡਾਂ ਤੋ ਇਲਾਵਾ ਹੋਰ ਗਤੀਵਿਧੀਆਂ ਵਿਚ ਰੁਝਾਨ ਪੈਦਾ ਹੁੰਦਾ ਹੈ, ਜੋ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਬੁਨਿਆਦ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਦਾ ਆਯੋਜਨ ਵੀ ਇਸੇ ਦਿਸ਼ਾਂ ਵਿਚ ਕੀਤਾ ਇੱਕ ਸ਼ਲਾਘਾਯੋਗ ਉਪਰਾਲਾ ਸੀ, ਜਿਸ ਦੇ ਬਹੁਤ ਹੀ ਸਾਰਥਕ ਤੇ ਸ਼ਲਾਘਾਯੋਗ ਨਤੀਜੇ ਸਾਹਮਣੇ ਆਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਨਰੋਏ ਸਮਾਜ ਦੀ ਸਿਰਜਣਾ ਲਈ ਨਿਰੰਤਰ ਉਪਰਾਲੇ ਕਰ ਰਹੀ ਹੈ। ਇਸ ਤੋ ਪਹਿਲਾ ਜਿਲ੍ਹਾ ਸਿੱਖਿਆ ਅਫਸਰ ਜਰਨੈਲ ਸਿੰਘ ਨੇ ਖੇਡ ਮੇਲੇ ਸੰਬੰਧੀ ਮੁਕੰਮਲ ਰਿਪੋਰਟ ਪੇਸ਼ ਕੀਤੀ, ਉਨ੍ਹਾ ਕਿਹਾ ਕਿ ਇਸ ਖੇਡ ਮੇਲੇ ਵਿਚ ਜਿਲ੍ਹਾ ਰੂਪਨਗਰ ਦੇ 10 ਪ੍ਰਾਇਮਰੀ ਸਕੂਲ ਬਲਾਕਾ ਦੇ ਖਿਡਾਰੀ ਭਾਗ ਲੈ ਰਹੇ ਹਨ, ਜੋ ਲਗਭਗ 23 ਤਰਾਂ ਦੀਆਂ ਖੇਡਾਂ ਵਿਚ ਭਾਗ ਲੈਣਗੇ। ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਮਨਜੀਤ ਸਿੰਘ ਮਾਵੀ ਨੇ ਪਹਿਲੇ ਦਿਨ ਦੇ ਨਤੀਜੇ ਜਾਰੀ ਕਰਦੇ ਹੋਏ ਦੱਸਿਆ ਕਿ 11 ਸਾਲ 400 ਮੀਟਰ ਦੌੜ (ਲੜਕੇ) ਵਿਚ ਸਹਿਬਾਗ ਸ੍ਰੀ ਅਨੰਦਪੁਰ ਸਾਹਿਬ ਨੇ ਪਹਿਲਾ, ਰੂਪਨਗਰ ਗਗਨਪ੍ਰੀਤ ਸਿੰਘ ਨੇ ਦੂਜਾ ਤੇ ਚਮਕੌਰ ਸਾਹਿਬ ਦੇ ਵਰਿੰਦਰ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ। ਲੜਕੀਆਂ ਵਿਚ ਸਲੋਰਾ ਦੀ ਜਿਆਂ ਨੇ ਪਹਿਲਾ, ਚਮਕੌਰ ਸਾਹਿਬ ਦੀ ਜਸਮੀਨ ਨੇ ਦੂਜਾ ਤੇ ਸ੍ਰੀ ਅਨੰਦਪੁਰ ਸਾਹਿਬ ਦੀ ਅਨੰਨੀਆਂ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਤੋ ਪਹਿਲਾ ਸਿੱਖਿਆ ਮੰਤਰੀ ਨੇ ਮਾਰਚ ਪਾਸਟ ਤੋ ਸਲਾਮੀ ਲਈ ਅਤੇ ਸਿੱਖਿਆ ਮੰਤਰੀ ਬੈਂਸ ਵੱਲੋ ਛੋਟੇ ਛੋਟੇ ਬੱਚਿਆਂ ਵਿਚ ਜਾ ਕੇ ਜਾਣ ਪਹਿਚਾਣ ਕੀਤੀ ਗਈ, ਇਨ੍ਹਾਂ ਬੱਚਿਆ ਨੇ ਸਿੱਖਿਆ ਮੰਤਰੀ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਵਧਾਈ ਦਿੱਤੀ। ਇਸ ਮੌਕੇ ਉਪ ਜਿਲ੍ਹਾ ਸਿੱਖਿਆ ਅਫਸਰ ਰੰਜਨਾ ਕਟਿਆਲ, ਡਾ ਸੰਜੀਵ ਗੌਤਮ, ਜਸਵੀਰ ਸਿੰਘ ਅਰੋੜਾ, ਸ਼੍ਰੀਮੀ ਬਰਾਰੀ, ਬਲਵਿੰਦਰ ਕੌਰ ਬੈਂਸ, ਬਚਿੱਤਰ ਸਿੰਘ ਬੈਂਸ, ਜਸਪ੍ਰੀਤ ਸਿੰਘ, ਬਖਤਾਵਰ ਸਿੰਘ ਰਾਣਾ, ਰਕੇਸ਼ ਕੁਮਾਰ ਰੋੜੀ, ਕੁਲਦੀਪ ਪ੍ਰਮਾਰ, ਮਨਿੰਦਰ ਰਾਣਾ, ਪਵਨ ਕੁਮਾਰ, ਰਾਜ ਕੁਮਾਰ, ਇੰਦਰਦੀਪ ਸਿੰਘ, ਹਰਪ੍ਰੀਤ ਸਿੰਘ, ਹਰਜੀਤ ਸਿੰਘ ਸੈਣੀ, ਅਮਰਜੀਤ ਸਿੰਘ, ਬਲਵਿੰਦਰ ਸਿੰਘ, ਗੁਰਿੰਦਰਪਾਲ ਸਿੰਘ, ਤਾਰਾ ਰਾਣੀ, ਸ਼ਿਵਜੀਤ ਸਿੰਘ, ਮਲਕੀਤ ਸਿੰਘ ਆਦਿ ਹਾਜਰ ਸਨ।

## ਜਨਮ ਦਿਨ ਮੁਬਾਰਕ



ਅਮਾਨਤ ਛਾਜਲਾ



ਪ੍ਰਨੀਤ ਕੌਰ (ਜਲੰਧਰ)

## ਵਰ੍ਹੇਗੰਢ ਮੁਬਾਰਕ



ਹੇਮਰਾਜ ਫਰਡ ਅਤੇ ਨੇਹਾ ਫਰਡ ਨੇ ਵਿਆਹ ਦੀ 15ਵੀਂ ਵਰ੍ਹੇਗੰਢ ਮਨਾਈ।



ਸੁਖਵਿੰਦਰ ਸਿੰਘ ਭੁੱਲਰ ਅਤੇ ਜਸਵੀਰ ਕੌਰ ਵਾਸੀ ਪਿੰਡ ਕੋਟੜਾ ਕੌੜਿਆਂ ਵਾਲਾ (ਬਠਿੰਡਾ) ਨੇ ਵਿਆਹ ਦੀ 13ਵੀਂ ਵਰ੍ਹੇਗੰਢ ਮਨਾਈ।

# ਐੱਲ ਪੀ ਯੂ ਵੱਲੋਂ 12 ਦੇਸ਼ਾਂ ਦੇ 50 ਅੰਤਰਰਾਸ਼ਟਰੀ ਡੈਲੀਗੇਟਾਂ ਨਾਲ 5 ਦਿਨਾ ਗਲੋਬਲ ਸਮਿਟ ਸ਼ੁਰੂ



**ਜਲੰਧਰ -(ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਆਪਣੇ ਸ਼ਾਂਤੀ ਦੇਵੀ ਮਿੱਤਲ ਆਡੀਟੋਰੀਅਮ ਵਿਖੇ ਪਹਿਲੀ 5-ਦਿਨਾ ਲੰਬੀ ਸਾਲਾਨਾ ਅੰਤਰਰਾਸ਼ਟਰੀ ਕਾਨਫਰੰਸ ਅਤੇ ਗਲੋਬਲ ਸੰਮੇਲਨ -2022 ਦਾ ਉਦਘਾਟਨ ਕੀਤਾ। ਮੰਥਨ ਅਤੇ ਵਿਚਾਰ-ਵਟਾਂਦਰੇ ਉੱਚ ਸਿੱਖਿਆ ਵਿੱਚ ਅੰਤਰਰਾਸ਼ਟਰੀ ਕਰਨ ਵਿਸ਼ੇ ਤੇ ਹੋਣਗੇ। ਕਾਨਫਰੰਸ ਵਿੱਚ 50 ਤੋਂ ਵੱਧ ਅੰਤਰਰਾਸ਼ਟਰੀ ਡੈਲੀਗੇਟਾਂ ਦੀ ਉਚੇਚੇ ਤੌਰ 'ਤੇ ਮੌਜੂਦਗੀ ਦੇਖੀ ਜਾ ਰਹੀ ਹੈ ਜੋ ਅਮਰੀਕਾ, ਯੂਕੇ, ਕੈਨੇਡਾ, ਰੂਸ, ਆਸਟ੍ਰੇਲੀਆ, ਫਰਾਂਸ, ਜਰਮਨੀ, ਪੋਲੈਂਡ ਅਤੇ ਹੋਰ ਬਹੁਤ ਸਾਰੀਆਂ ਚੋਟੀ ਦੀਆਂ ਸੰਸਥਾਵਾਂ ਦੇ ਵੀਸੀ, ਪ੍ਰੈਜ਼ੀਡੈਂਟ ਅਤੇ ਨਿਰਦੇਸ਼ਕ ਹਨ । ਕਾਨਫਰੰਸ ਦੀ ਸ਼ੁਰੂਆਤ ਕਰਦੇ ਹੋਏ, ਐਲਪੀਯੂ ਦੇ ਵਾਈਸ ਪ੍ਰੈਜ਼ੀਡੈਂਟ ਡਾ: ਅਮਨ ਮਿੱਤਲ, ਜੋ ਕਿ ਯੂਨੀਵਰਸਿਟੀ ਦੇ ਅੰਤਰਰਾਸ਼ਟਰੀ ਮਾਮਲਿਆਂ ਦੇ ਮੁਖੀ ਵੀ ਹਨ, ਨੇ ਜ਼ਿਕਰ ਕੀਤਾ ਕਿ ਐਲ.ਪੀ.ਯੂ ਵਿਖੇ ਗਲੋਬਲ ਸਮਿਟ ਅੰਤਰਰਾਸ਼ਟਰੀ ਮੌਕਿਆਂ ਨੂੰ ਉਤਸ਼ਾਹਿਤ ਕਰਨ ਲਈ ਯੂਨੀਵਰਸਿਟੀ ਦੀ ਇੱਕ ਵਿਲੱਖਣ ਪਹਿਲਕਦਮੀ ਤੇ ਹੈ, ਜੋ ਐਲਪੀਯੂ ਵਿਲੱਖਣ ਕ੍ਰੈਡਿਟ ਟ੍ਰਾਂਸਫਰ ਪ੍ਰੋਗਰਾਮ ਅਤੇ ਸਾਂਝੇ ਅੰਤਰਰਾਸ਼ਟਰੀ ਖੋਜ ਸਹਿਯੋਗ, ਵਿਦਿਆਰਥੀਆਂ ਅਤੇ ਫੈਕਲਟੀ ਐਕਸਚੇਂਜਾਂ ਰਾਹੀਂ ਆਪਣੇ ਵਿਦਿਆਰਥੀਆਂ ਲਈ ਲਿਆਉਂਦਾ ਹੈ । ਉਨ੍ਹਾਂ ਇਹ ਵੀ ਸਾਂਝਾ ਕੀਤਾ ਕਿ ਭਾਰਤ ਸਰਕਾਰ ਨੇ ਰਾਸ਼ਟਰੀ ਸਿੱਖਿਆ ਨੀਤੀ 2020 ਜਾਰੀ ਕੀਤੀ ਹੈ, ਜਿਸ ਨੇ ਭਾਰਤੀ ਅਤੇ ਵਿਦੇਸ਼ੀ ਯੂਨੀਵਰਸਿਟੀਆਂ ਲਈ ਸਹਿਯੋਗ ਦੀ ਪ੍ਰਕਿਰਿਆ ਨੂੰ ਬਹੁਤ ਆਸਾਨ ਬਣਾਉਣ ਲਈ ਇੱਕ ਸਪੱਸ਼ਟ ਨੀਤੀ ਵਿੱਚ ਤਬਦੀਲੀ ਕੀਤੀ ਹੈ। ਇਹ ਭਾਰਤੀ ਅਤੇ ਵਿਦੇਸ਼ੀ ਸੰਸਥਾਵਾਂ ਲਈ ਆਪਣੇ ਸਬੰਧਾਂ ਨੂੰ ਮਜ਼ਬੂਤ ਕਰਨ ਦਾ ਸਹੀ ਸਮਾਂ ਦਰਸਾਉਂਦਾ ਹੈ। । ਐਲਪੀਯੂ ਦੇ ਚਾਂਸਲਰ ਡਾ ਅਸ਼ੋਕ ਕੁਮਾਰ ਮਿੱਤਲ ਨੇ ਕਾਨਫਰੰਸ ਦੀ ਪ੍ਰਧਾਨਗੀ ਕੀਤੀ ਅਤੇ ਸਾਰੇ ਡੈਲੀਗੇਟਾਂ ਨੂੰ ਗਿਆਨ ਦੇ ਪ੍ਰਸਾਰ ਲਈ ਨਵੇਂ ਤਰੀਕਿਆਂ ਲਈ ਕੰਮ ਕਰਨ ਦਾ ਸੁਝਾਅ ਦਿੱਤਾ, ਖਾਸ ਤੌਰ ਤੇ ਕੋਵਿਡ-19 ਮਹਾਂਮਾਰੀ ਦੇ ਕਾਰਨ ਸਿੱਖਿਆ ਦੇ ਹਾਲਾਤ ਦੇ ਬਾਅਦ। ਯੂਕੇ ਵਿੱਚ ਆਕਸਫੋਰਡ ਯੂਨੀਵਰਸਿਟੀ ਦਾ ਦੌਰਾ ਕਰਨ ਤੋਂ ਬਾਅਦ ਯੂਨੀਵਰਸਿਟੀ ਵਿੱਚ ਸ਼ਾਮਲ ਹੋਏ, ਡਾ: ਮਿੱਤਲ ਨੇ ਸਲਾਹ ਦਿੱਤੀ ਕਿ ਕਿਸੇ ਵਿਦੇਸ਼ੀ ਯੂਨੀਵਰਸਿਟੀ ਤੋਂ ਸਿਰਫ਼ ਅਕਾਦਮਿਕ ਟ੍ਰਾਂਸਫਰ ਕਰਵਾਉਣਾ ਹੀ ਕਾਫ਼ੀ ਨਹੀਂ ਹੈ। । ਡਾ: ਮਿੱਤਲ ਨੇ ਸਲਾਹ ਦਿੱਤੀ ਕਿ ਕ੍ਰੈਡਿਟ ਟ੍ਰਾਂਸਫਰ ਦੌਰਾਨ ਅਸਲ ਉਦੇਸ਼ ਵੀ ਸੱਭਿਆਚਾਰਕ ਤਬਾਦਲੇ ਤੇ ਅਧਾਰਤ ਹੋਣਾ ਚਾਹੀਦਾ ਹੈ। ਭਾਰਤੀ ਵਿਦਿਆਰਥੀਆਂ ਨੂੰ ਵਿਦੇਸ਼ੀ ਸੱਭਿਆਚਾਰ ਨੂੰ ਗ੍ਰਹਿਣ ਕਰਨਾ ਚਾਹੀਦਾ ਹੈ, ਅਤੇ ਇੱਕ ਵਿਦੇਸ਼ੀ ਨੂੰ ਭਾਰਤ ਦਾ। ਇਸੇ ਤਰ੍ਹਾਂ, ਸਿੱਖਿਆ ਦੇ ਅੰਤਰਰਾਸ਼ਟਰੀਕਰਨ ਨੂੰ ਸਮਾਯੋਜਨ ਦੇ ਨਵੇਂ ਰਵੱਈਏ ਦੇ ਵਿਕਾਸ ਦੀ ਪੁਸ਼ਟੀ ਕਰਨੀ ਚਾਹੀਦੀ ਹੈ; ਵਿਭਿੰਨਤਾ ਨੂੰ ਗ੍ਰਹਿਣ ਕਰਨਾ; ਅਨੁਕੂਲਤਾ ਅਤੇ ਹੋਰ ਸਭਿਆਚਾਰਾਂ ਦੇ ਅਨੁਕੂਲਤਾ ਆਦਿ । ਪੈਨਲ ਚਰਚਾ ਦੌਰਾਨ, ਦੋ ਵਿਸ਼ਿਆਂ ਤੇ ਵਿਆਪਕ ਤੌਰ 'ਤੇ ਚਰਚਾ ਕੀਤੀ ਗਈ। ਅੰਤਰਰਾਸ਼ਟਰੀ ਸਹਿਯੋਗ ਮਾਡਲ ਇਨ ਹਾਇਰ ਐਜੂਕੇਸ਼ਨ: ਰਾਈਟ ਰੈਸਿਪੀ ਫਾਰ ਸਕਸੈਸ ਡਾ ਅਮਨ ਮਿੱਤਲ ਦੁਆਰਾ ਸੰਚਾਲਿਤ ਕੀਤਾ ਗਿਆ। ਉਨ੍ਹਾਂ ਸਾਰਿਆਂ ਨੂੰ ਦੱਸਿਆ ਕਿ ਦੇਸ਼ ਦੀ ਨਵੀਂ ਸਿੱਖਿਆ ਨੀਤੀ ਆਪਸੀ ਤਰੱਕੀ ਅਤੇ ਖੁਸ਼ਹਾਲੀ ਲਈ ਵਿਦੇਸ਼ੀ ਯੂਨੀਵਰਸਿਟੀਆਂ ਦੇ ਕੈਂਪਸ ਨੂੰ ਹੋਰ ਦੇਸ਼ਾਂ ਵਿੱਚ ਵੇਖਣ ਦੀ ਉਦਾਹਰਣ ਦਿੰਦੀ ਹੈ। ਦੂਸਰਾ- ਪੋਸਟ ਕੋਵਿਡ ਯੁੱਗ ਵਿੱਚ ਅੰਤਰਰਾਸ਼ਟਰੀਕਰਨ ਦੀਆਂ ਸੰਭਾਵਨਾਵਾਂ ਅਤੇ ਚੁਣੌਤੀਆਂ ਦਾ ਸੰਚਾਲਨ ਐਲ.ਪੀ.ਯੂ ਦੇ ਪ੍ਰੋ ਵਾਈਸ-ਚਾਂਸਲਰ, ਡਾ ਸੰਜੇ ਮੋਦੀ ਦੁਆਰਾ ਕੀਤਾ ਗਿਆ। ਭਾਗ ਲੈਣ ਵਾਲੇ ਡੈਲੀਗੇਟਾਂ ਨੇ ਸਾਂਝੇ ਤੌਰ ਤੇ ਦੱਸਿਆ ਕਿ ਮੌਜੂਦਾ ਸਥਿਤੀ ਵਿੱਚ ਸਿੱਖਿਆ ਦਾ ਅੰਤਰਰਾਸ਼ਟਰੀਕਰਨ ਮੁੱਖ ਤੌਰ ਤੇ ਅੰਤਰ-ਸੱਭਿਆਚਾਰਕ ਜਾਗਰੂਕਤਾ, ਚੰਗੇ ਸ਼ਾਸਨ, ਸੂਝ-ਬੂਝ ਅਤੇ ਅੰਦਰਲੀ ਪ੍ਰਤਿਭਾ ਦੇ ਅਨੁਸਾਰ ਵਿਸ਼ਵ ਮੌਕਿਆਂ ਦਾ ਲਾਭ ਉਠਾਉਣ ਲਈ ਜ਼ਰੂਰੀ ਹੈ। । ਕੁਝ ਭਾਗ ਲੈਣ ਵਾਲੀਆਂ ਯੂਨੀਵਰਸਿਟੀਆਂ ਜੋ ਕਿ ਗਲੋਬਲ ਸੰਮੇਲਨ ਦਾ ਹਿੱਸਾ ਹ ਵਿੱਚ ਸ਼ਾਮਲ ਹਨ: ਯੂਨੀਵਰਸਿਟੀ ਆਫ ਵਿਸਕਾਨਸਿਨ-ਮਦੀਸੋਂ, ਯੂਐਸਏ; ਲਾ ਟਰੋਬ ਯੂਨੀਵਰਸਿਟੀ, ਆਸਟ੍ਰੇਲੀਆ; ਲੌਰੇਂਟਿਅਨ ਯੂਨੀਵਰਸਿਟੀ, ਕੈਨੇਡਾ; ਐਚ ਐਸ ਈ ਯੂਨੀਵਰਸਿਟੀ, ਰੂਸ; ਵੇਂਡਾ ਯੂਨੀਵਰਸਿਟੀ, ਦੱਖਣੀ ਅਫਰੀਕਾ; ਫਰਾਂਸ ਕੈਂਪਸ, ਫਰਾਂਸੀਸੀ ਦੂਤਾਵਾਸ; ਜਰਮਨ ਯੂਨੀਵਰਸਿਟੀ, ਜਰਮਨੀ; ਲੋਡਜ਼ ਯੂਨੀਵਰਸਿਟੀ, ਪੋਲੈਂਡ; ਅਤੇ ਹੋਰ । ਅਸਲ ਵਿੱਚ, ਭਾਰਤ ਅਤੇ ਦੁਨੀਆ ਭਰ ਵਿੱਚ ਇੱਕ ਮਜ਼ਬੂਤ ਉੱਚ ਸਿੱਖਿਆ ਨੈੱਟਵਰਕ ਵਿਕਸਿਤ ਕਰਕੇ, ਐਲ.ਪੀ.ਯੂ ਵਿਦਿਆਰਥੀਆਂ, ਫੈਕਲਟੀ, ਅਤੇ ਜੁੜੇ ਹੋਏ ਭਾਈਚਾਰੇ ਲਈ ਅਣਗਿਣਤ ਮੌਕੇ ਲਿਆਉਂਦਾ ਹੈ। ਵਰਤਮਾਨ ਵਿੱਚ ਇਹ ਦੁਨੀਆ ਭਰ ਵਿੱਚ 300 ਤੋਂ ਵੱਧ ਯੂਨੀਵਰਸਿਟੀਆਂ ਨਾਲ ਕੰਮ ਕਰ ਰਿਹਾ ਹੈ।

# ਅਜਨੋਹਾ ਸਕੂਲ ਵਿਖੇ ਕਰਵਾਇਆ ਸਵੀਪ ਕੁਇਜ਼ ਮੁਕਾਬਲਾ



**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ ਵਿਖੇ ਚੋਣ ਕਮਿਸ਼ਨ ਅਤੇ ਜਿਲ੍ਹਾ ਚੋਣਕਾਰ ਅਫਸਰ ਦੀਆਂ ਹਦਾਇਤਾਂ ਮੁਤਾਬਕ ਅਤੇ ਸਕੂਲ ਇੰਚਾਰਜ ਮੈਡਮ ਰਾਜਵਿੰਦਰ ਕੌਰ ਦੀ ਦੇਖ ਰੇਖ ਹੇਠ ਸਵੀਪ ਸਬੰਧੀ ਕੁਇਜ਼ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਵਲੋਂ ਵੱਧ ਚੜ੍ਹਕੇ ਭਾਗ ਲਿਆ ਗਿਆ। ਹਰਮਨੋਜ ਕੁਮਾਰ, ਧਰਮਿੰਦਰ ਸਿੰਘ ਅਤੇ ਦੀਪਕ ਕੁਮਾਰ ਵਲੋਂ ਵਿਦਿਆਰਥੀਆਂ ਨੂੰ ਸਵੀਪ ਸਬੰਧੀ ਗਤੀਵਿਧੀਆਂ ਨਾਲ ਰੂਬਰੂ ਕਰਵਾਇਆ ਗਿਆ।

# ਪੀ ਸੀ ਐੱਮ ਐੱਸ ਡੀ ਕਾਲਜ ਵੱਲੋਂ 'ਮਾਈਕਰੋ ਟੀਚਿੰਗ' ਮੁਕਾਬਲੇ

**ਜਲੰਧਰ ( ਇਕਬਾਲ ਸਿੰਘ ਉੱਭੀ )** ਪੀ.ਸੀ.ਐਮ.ਐਸ.ਡੀ ਕਾਲਜ ਫਾਰ ਵੂਮੈਨ ਵਿਖੇ ਬੀ.ਏ , ਬੀ.ਐਡ ਵਿਭਾਗ ਸਮੈਸਟਰ ਸੱਤਵੇਂ ਵੱਲੋਂ 'ਮਾਈਕਰੋ ਟੀਚਿੰਗ' 'ਤੇ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਦੇ ਆਯੋਜਨ ਦਾ ਮੁੱਖ ਮੰਤਵ ਵਿਦਿਆਰਥਣਾਂ ਵਿੱਚ ਵੱਖ-ਵੱਖ ਅਧਿਆਪਨ ਦੇ ਹੁਨਰ ਨੂੰ ਵਿਕਸਿਤ ਕਰਨਾ ਸੀ। ਇਸ ਮੁਕਾਬਲੇ ਵਿੱਚ ਬੀ.ਏ ਬੀ.ਐਡ ਸਮੈਸਟਰ ਸੱਤਵੇਂ ਦੀ ਅਰਸਪ੍ਰੀਤ ਕੌਰ ਨੇ ਪਹਿਲਾ, ਕੁਮਾਰੀ ਆਸਿਮਾ ਨੇ ਦੂਜਾ ਅਤੇ ਕੁਮਾਰੀ ਫਿਰਦੌਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਤੇ ਪ੍ਰਧਾਨ ਨਰੇਸ਼ ਕੁਮਾਰ ਬੁਧੀਆ , ਪ੍ਰਬੰਧਕ ਕਮੇਟੀ ਦੇ ਹੋਰ ਮੈਂਬਰਾਂ ਅਤੇ ਪ੍ਰਿੰਸੀਪਲ ਡਾ. ਪੂਜਾ ਪਰਾਸ਼ਰ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਅਤੇ ਸਰਵਪੱਖੀ ਵਿਕਾਸ ਲਈ ਅਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਅਜਿਹੀਆਂ ਗਤੀਵਿਧੀਆਂ ਕਰਵਾਉਣ ਲਈ ਵਿਭਾਗ ਦੀ ਵੀ ਸ਼ਲਾਘਾ ਕੀਤੀ।

# ਐੱਸ ਜੀ ਐੱਲ ਹਸਪਤਾਲ ਵਿਖੇ ਰੀੜ੍ਹ ਦੀ ਟੇਡੀ ਹੱਡੀ ਨੂੰ ਠੀਕ ਕਰਨ ਦਾ ਕੈਂਪ ਸ਼ੁਰੂ



**ਜਲੰਧਰ ( ਇਕਬਾਲ ਸਿੰਘ ਉੱਭੀ)** ਬਾਬਾ ਕਸ਼ਮੀਰਾ ਸਿੰਘ ਜਨ ਸੇਵਾ ਟ੍ਰਸਟ ਵਲੋਂ ਚਲਾਏ ਜਾ ਰਹੇ ਐੱਸ.ਜੀ.ਐੱਲ. ਸੁਪਰ ਸਪੈਸ਼ਲਿਟੀ ਚੈਰੀਟੇਬਲ ਹਸਪਤਾਲ ਜਲੰਧਰ ਵਿੱਖੇ ਸਟੈਂਡਿੰਗ ਸਟ੍ਰੇਟ ਇਨਕਾਰਪੋਰੇਸ਼ਨ ਅਮਰੀਕਾ ਦੇ ਮਾਹਿਰ ਡਾਕਟਰਾਂ ਦੀ ਟੀਮ ਦੇ ਸਹਿਯੋਗ ਨਾਲ ਰੀੜ੍ਹ ਦੀ ਹੱਡੀ ਦੀਆਂ ਅਸਾਧਾਰਨ ਸਮੱਸਿਆ ਤੋਂ ਪੀੜਤ ਮਰੀਜਾਂ ਲਈ ਮੁਫ਼ਤ ਚੈਕਅੱਪ ਅਤੇ ਅਪ੍ਰੇਸ਼ਨ ਕੈਂਪ ਸ਼ੁਰੂ ਕੀਤਾ ਗਿਆ ਜੋ 19 ਨਵੰਬਰ ਤੱਕ ਜਾਰੀ ਰਹੇਗਾ। ਜਿਸ ਦਾ ਉਦਘਾਟਨ ਹਸਪਤਾਲ ਦੇ ਚੇਅਰਮੈਨ ਸੁਆਮੀ ਬਾਬਾ ਕਸ਼ਮੀਰਾ ਸਿੰਘ ਵਲੋਂ ਕੀਤਾ ਗਿਆ। ਸੁਆਮੀ ਨੇ ਸਟੈਂਡਿੰਗ ਸਟ੍ਰੇਟ ਦੇ ਸੀ.ਈ.ਓ ਡਾ. ਰਵੀ ਬੈਂਸ ਅਤੇ ਉਹਨਾਂ ਨਾਲ ਆਈ 21 ਮੈਂਬਰੀ ਟੀਮ ਜਿਸ ਵਿੱਚ ਡਾਕਟਰ ਅਤੇ ਪੈਰਾਮੈਡੀਕਲ ਸਟਾਫ ਸ਼ਾਮਿਲ ਹੈ ਨੂੰ ਜੀ ਆਇਆਂ ਕਰਦਿਆਂ ਉਹਨਾਂ ਵਲੋਂ ਲੋੜਵੰਦ ਲੋਕਾਂ ਦੀ ਕੀਤੀ ਜਾ ਰਹੀ ਸੇਵਾ ਦੀ ਸ਼ਲਾਘਾ ਕੀਤੀ। ਇਸ ਮੌਕੇ +ਤੇ ਹਸਪਤਾਲ ਦੇ ਸੀ.ਈ.ਓ ਮਨਿੰਦਰ ਪਾਲ ਸਿੰਘ ਰਿਆੜ ਵੀ ਉਪਸਥਿਤ ਸਨ। ਉਹਨਾਂ ਨੇ ਦੱਸਿਆ ਕਿ ਅਜਿਹੇ ਕੈਂਪਾਂ ਦੀ ਲੜੀ ਤਹਿਤ ਇਹ ਨੌਵਾਂ ਕੈਂਪ ਹੈ। ਪਿਛਲੇ ਕੈਂਪਾਂ ਵਿਚ ਕੀਤੇ ਗਏ ਅਪਰੇਸ਼ਨਾਂ ਦਾ ਚੰਗਾ ਪ੍ਰਭਾਵ ਗਿਆ ਹੈ। ਜਿਸ ਦੇ ਨਤੀਜੇ ਵਜੋਂ ਦੂਰ ਦੁਰਾਡੇ ਤੋਂ 32 ਤੋਂ ਵੱਧ ਮਰੀਜਾਂ ਨੇ ਆਪਣੇ ਨਾਂਅ ਦਰਜ ਕਰਵਾਏ ਹਨ। ਇਹਨਾਂ ਵਿੱਚੋਂ ਜੋ ਜਿਆਦਾ ਤਕਲੀਫ ਵਿਚ ਹੋਣਗੇ ਅਤੇ ਜਿਹਨਾਂ ਦੇ ਅਪ੍ਰੇਸ਼ਨ ਆਮ ਹਸਪਤਾਲਾਂ ਵਿੱਚ ਨਹੀਂ ਹੋ ਸਕਦੇ ਉਹਨਾਂ ਦੇ ਅਪ੍ਰੇਸ਼ਨ ਇਸ ਕੈਂਪ ਵਿੱਚ ਮੁਫ਼ਤ ਕੀਤੇ ਜਾਣਗੇ। ਇਸ ਮੌਕੇ 'ਤੇ ਹਸਪਤਾਲ ਦੇ ਜਨਰਲ ਸੈਕਟਰੀ ਬਲਦੇਵ ਸਿੰਘ, ਮੈਡੀਕਲ ਸੁਪ੍ਰਿਟੈਂਡੈਂਟ ਡਾ. ਗੋਮਤੀ ਮਹਾਜਨ ਅਤੇ ਹੋਰ ਡਾਕਟਰ ਵੀ ਉਪਸਥਿਤ ਸਨ।

# ਸਿਲਵਰ ਓਕ ਸਕੂਲ 'ਚ ਕਰਵਾਇਆ ਸਾਇੰਸ ਮੇਲਾ



**ਟਾਂਡਾ ਉੜਮੁੜ ( ਉਕਾਰ ਸਿੰਘ, ਜਸਵਿੰਦਰ ਸੰਧੂ )**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸਾਹਬਾਜ਼ਪੁਰ ਖੇਡਾਂ ਦੇ ਨਾਲ ਨਾਲ ਪੜ੍ਹਾਈ ਵਿਚ ਵੀ ਵਿਦਿਆਰਥੀਆਂ ਦਾ ਚੰਗੇ ਢੰਗ ਨਾਲ ਮਾਰਗ ਦਰਸ਼ਨ ਕਰਦਾ ਰਹਿੰਦਾ ਹੈ। ਇਸ ਦੇ ਅਧੀਨ ਸਕੂਲ ਵਿੱਚ ਸਾਇੰਸ ਮੇਲੇ ਦਾ ਆਯੋਜਨ ਕੀਤਾ ਗਿਆ। ਸੰਸਥਾ ਦੇ ਚੈਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮਨੀਸ਼ਾ ਸੰਘਰ ਦੀ ਅਗਵਾਈ ਵਿੱਚ ਇਹ ਸਾਇੰਸ ਮੇਲੇ ਦਾ ਸਮੁੱਚਾ ਪ੍ਰੋਗਰਾਮ ਉਲੀਕਿਆ ਗਿਆ। ਬੱਚਿਆਂ ਨੇ ਸਕੂਲ ਦੇ ਸਾਇੰਸ ਵਿਭਾਗ ਦੇ ਅਧਿਆਪਕਾਂ ਨਾਲ ਮਿਲਕੇ ਵਧੀਆ ਤੋਂ ਵਧੀਆ ਪ੍ਰੋਜੈਕਟ ਅਤੇ ਵਰਕਿੰਗ ਮਾਡਲ ਤਿਆਰ ਕਰਕੇ ਪ੍ਰਦਰਸ਼ਨੀ ਲਗਾਈ। ਤਰਲੋਚਨ ਸਿੰਘ ਅਤੇ ਵਾਈਸ ਚੇਅਰਪਰਸਨ ਮੈਡਮ ਕਮਲੇਸ਼ ਕੌਰ ਨੇ ਇਨ੍ਹਾਂ ਪ੍ਰਾਜੈਕਟਾਂ ਦਾ ਬੜੇ ਹੀ ਸੁਚੱਜੇ ਢੰਗ ਨਾਲ ਅਧਿਅਨ ਕੀਤਾ ਅਤੇ ਬੱਚਿਆਂ ਨੇ ਇਨ੍ਹਾਂ ਪ੍ਰਾਜੈਕਟਾਂ ਅਤੇ ਮਾਡਲਾਂ ਦੀ ਬੜੇ ਹੀ ਵਧੀਆ ਢੰਗ ਨਾਲ ਸਮੀਖਿਆ ਕੀਤੀ ਅਤੇ ਕਾਰਜ ਕਰਦੇ ਹੋਏ ਵੀ ਦਰਸਾਇਆ। ਤਰਲੋਚਨ ਸਿੰਘ ਨੇ ਬੱਚਿਆਂ ਦੀ ਹੌਸਲਾ ਅਫਜਾਈ ਕੀਤੀ ਉਨ੍ਹਾਂ ਬੱਚਿਆਂ ਦੀ ਅਤੇ ਅਧਿਆਪਕਾਂ ਦੀ ਮਿਹਨਤ ਨੂੰ ਕਾਫੀ ਸਰਾਹਿਆ ਅਤੇ ਦੱਸਿਆ ਕਿ ਬੱਚਿਆਂ ਦੀਆਂ ਛੋਟੀਆਂ ਛੋਟੀਆਂ ਕੋਸ਼ਿਸ਼ਾਂ ਵਧੀਆ ਨਤੀਜੇ ਲੈ ਕੇ ਸਾਡੇ ਸਾਹਮਣੇ ਆਉਣਗੀਆਂ। ਪ੍ਰਿੰਸੀਪਲ ਨੇ ਦੱਸਿਆ ਕਿ ਚੌਥੀ ਕਲਾਸ ਤੋਂ ਲੈ ਕੇ ਨੌਵੀਂ ਕਲਾਸ ਤੱਕ ਦੇ ਬੱਚਿਆਂ ਲਈ ਅਲੱਗ-ਅਲੱਗ ਵਿਸ਼ਿਆਂ ਦੇ ਉੱਤੇ ਇਹ ਮਾਡਲ ਤਿਆਰ ਕੀਤੇ ਹਨ। ਇਹ ਮਾਡਲ ਬਣਾਉਣ ਵਾਲੇ ਬੱਚਿਆਂ ਨੂੰ ਸਰਟੀਫਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ 'ਤੇ ਬਿਕਰਮਜੀਤ ਸਿੰਘ ਭੇਲਾ, ਗਜਿੰਦਰ ਪਾਲ ਸਿੰਘ, ਸੰਜੀਵ ਕੁਮਾਰ ਸ਼ਰਮਾ, ਰਾਜਵਿੰਦਰ ਕੌਰ, ਰਾਜਵੀਰ ਕੌਰ, ਅਮਰਜੀਤ ਕੌਰ ਸੈਣੀ, ਕੰਚਨ, ਅਰਾਧਿਕਾ, ਸੁਮਿਤ , ਬਲਜੀਤ , ਗੁਰਪ੍ਰੀਤ, ਰਜਮੀਤ, ਪਰਮਜੀਤ, ਅਮਨ, ਬਲਜਿੰਦਰ, ਪ੍ਰਿਯਾ, ਰੁਪਿੰਦਰ, ਪਰਮਿੰਦਰ ਅਤੇ ਹੋਰ ਸਟਾਫ ਮੌਜੂਦ ਸੀ।

# ਐੱਮ ਐੱਲ ਡੀ ਦਇਆਨੰਦ ਪਬਲਿਕ ਸਕੂਲ 'ਚ 14ਵਾਂ ਸਾਲਾਨਾ ਸਮਾਰੋਹ



**ਜਲੰਧਰ (ਨ ਜ਼ ਸ)**-ਵਿੱਦਿਆ ਦੇ ਖੇਤਰ 'ਚ ਮੋਹਰੀ ਐੱਮ. ਐੱਲ. ਡੀ. ਦਇਆਨੰਦ ਪਬਲਿਕ ਸਕੂਲ 'ਚ 14ਵਾਂ ਸਾਲਾਨਾ ਸਮਾਰੋਹ ਕਰਵਾਇਆ ਗਿਆ। ਬੱਚਿਆਂ ਦੇ ਲੁਕਵੇਂ ਹੁਨਰ ਨੂੰ ਤਰਾਸ਼ਣ ਲਈ ਗਿੱਧਾ, ਭੰਗੜਾ, ਫੈਂਸੀ, ਸੋਲੋ ਡਾਂਸ ਅਤੇ ਡਰੈੱਸ ਦੀਆਂ ਵੱਖ-ਵੱਖ ਵੰਨਗੀਆਂ ਕਰਵਾਈਆਂ ਗਈਆਂ ਜਿਨ੍ਹਾਂ ਦਾ ਦਰਸ਼ਕਾਂ ਨੇ ਰੱਜ ਕੇ ਆਨੰਦ ਮਾਣਿਆ। ਦੇਸ਼ ਭਗਤੀ ਦੇ ਜਜ਼ਬੇ ਨੂੰ ਦਰਸਾਉਂਦੀ ਬੱਚਿਆਂ ਦੀ ਫੌਜੀਆਂ ਦੇ ਰੂਪ 'ਚ ਪੇਸ਼ਕਾਰੀ ਨੇ ਸਭ ਦੇ ਮਨਾਂ ਨੂੰ ਟੁੰਬਿਆ। ਇਸ ਮੌਕੇ ਸਕੂਲ ਡਾਇਰੈਕਟਰ ਪੀ. ਕੇ. ਮਹਿੰਦਰੂ ਨੇ ਸਕੂਲ ਦੀਆਂ ਸ਼ਾਨਦਾਰ ਗਤੀਵਿਧੀਆਂ ਦਾ ਵਰਨਣ ਕਰਦਿਆਂ ਬੱਚਿਆਂ ਅਤੇ ਸਟਾਫ ਮੈਂਬਰਾਂ ਨੂੰ ਸਮਾਰੋਹ ਦੀ ਵਧਾਈ ਦਿੱਤੀ। ਉਨ੍ਹਾਂ ਬੱਚਿਆਂ ਨੂੰ ਸੰਦੇਸ਼ ਦਿੱਤਾ ਕਿ ਪੜ੍ਹਾਈ ਦੇ ਨਾਲ-ਨਾਲ ਐਕਸਟਰਾ ਕਰੀਕੂਲਰ ਐਕਟੀਵਿਟੀਜ਼ 'ਚ ਸਦਾ ਵਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਤਾਂ ਕਿ ਇਨ੍ਹਾਂ ਕਿਰਿਆਵਾਂ ਤੋਂ ਹਾਸਲ ਕੀਤੇ ਆਤਮਵਿਸ਼ਵਾਸ ਨੂੰ ਅਮਲੀ ਜੀਵਨ 'ਚ ਸੋਨੇ 'ਤੇ ਸੁਹਾਗੇ ਵਾਂਗ ਵਰਤਿਆ ਜਾ ਸਕੇ। ਬੱਚਿਆਂ ਦੀ ਸਟੇਜ ਪਰਫਾਰਮੈਂਸ ਦੀ ਸ਼ਲਾਘਾ ਕਰਦਿਆਂ ਸਕੂਲ ਪ੍ਰਿੰ. ਰਜਨੀ ਬਾਲਾ ਨੇ ਸਮੇਂ-ਸਮੇਂ 'ਤੇ ਸਕੂਲ ਨੂੰ ਸਹਿਯੋਗ ਦੇਣ ਲਈ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕਾਤਾ। ਆਰਗੇਨਾਈਜ਼ਰ ਅਨੁ ਮਹਿੰਦਰੂ ਨੇ ਸਮੁੱਚੇ ਪ੍ਰੋਗਰਾਮ ਨੂੰ ਸੁਚਾਰੂ ਰੂਪ ਦੇਣ ਲਈ ਜੀਅਤੋੜ ਯਤਨ ਕੀਤੇ। ਅੰਤ 'ਚ ਸਾਰੇ ਸਟਾਫ ਮੈਂਬਰਾਂ ਦੇ ਸਹਿਯੋਗ ਨਾਲ ਨੇਪਰੇ ਚੜ੍ਹਿਆ ਇਹ ਸਾਲਾਨਾ ਸਕੂਲ ਸਮਾਰੋਹ ਸੱਚਮੁੱਚ ਯਾਦਗਾਰੀ ਹੋ ਨਿੱਬੜਿਆ।